ਬੁੱਧਵਾਰ, 29 ਅਪ੍ਰੈਲ, 2026

16 ਵਿਸਾਖ { ਨਾਨਕਸ਼ਾਹੀ 558 / ਬਿਕਰਮੀ 2083 }

ਜਿਲਦ/VOL. : 74

ਅੰਕ/NO. : 328

ਰੋਜ਼ਾਨਾ

# ਨਵਾਂ ਜ਼ਮਾਨਾ

DAILY NAWAN ZAMANA • WEDNESDAY, 29 APRIL, 2026

ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

YouTube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12


# ਐ ਲਓ ਸਬੂਤ !

## ਭੈਣ ਦਾ ਪਿੰਜਰ ਲੈ ਕੇ ਬੈਂਕ ਪਹੁੰਚਿਆ



**ਭੁਬਨੇਸ਼ਵਰ** : ਸੋਮਵਾਰ ਓਡੀਸ਼ਾ ਦੇ ਕਿਓਂਝਰ ਜ਼ਿਲ੍ਹੇ 'ਚ ਦਿਲ ਦਹਿਲਾ ਦੇਣ ਵਾਲੇ ਦ੍ਰਿਸ਼ ਨੇ ਮਨੁੱਖਤਾ 'ਤੇ ਸਵਾਲ ਖੜ੍ਹੇ ਕਰ ਦਿੱਤੇ। 42 ਸਾਲਾ ਆਦਿਵਾਸੀ ਜੀਤੂ ਮੁੰਡਾ ਆਪਣੀ ਭੈਣ ਦੇ ਪਿੰਜਰ ਨੂੰ ਮੋਢੇ 'ਤੇ ਚੁੱਕ ਕੇ, ਤੇਜ਼ ਧੁੱਪ ਹੇਠ ਲਗਭਗ ਤਿੰਨ ਕਿੱਲੋਮੀਟਰ ਤੁਰਿਆ, ਇਸ ਉਮੀਦ ਵਿੱਚ ਕਿ ਇਹ ਉਸ ਨੂੰ ਉਸ ਦੇ ਬੈਂਕ ਖਾਤੇ ਵਿੱਚੋਂ ਲਗਭਗ 19,300 ਰੁਪਏ ਕਢਵਾਉਣ ਵਿੱਚ ਮਦਦ ਕਰੇਗਾ।

ਜੀਤੂ ਦੀ ਭੈਣ ਕਾਕੜਾ ਮੁੰਡਾ ਪਹਿਲਾਂ ਹੀ ਡੂੰਘਾ ਨਿੱਜੀ ਨੁਕਸਾਨ ਝੱਲ ਚੁੱਕੀ ਸੀ। ਆਪਣੀ ਮੌਤ ਤੋਂ ਪਹਿਲਾਂ ਉਸ ਨੇ ਪਤੀ ਅਤੇ ਇਕਲੌਤੇ ਪੁੱਤਰ ਨੂੰ ਗੁਆ ਦਿੱਤਾ ਸੀ। ਜੀਤੂ ਨੇ ਭੈਣ ਦਾ ਅੰਤਮ ਸੰਸਕਾਰ ਕਰਨ ਤੋਂ ਬਾਅਦ ਵਾਰ-ਵਾਰ ਉਸ ਛੋਟੀ ਜਿਹੀ ਬੱਚਤ ਤੱਕ ਪਹੁੰਚਣ ਦੀ ਕੋਸ਼ਿਸ਼ ਕੀਤੀ, ਜੋ ਉਹ ਪਿੱਛੇ ਛੱਡ ਗਈ ਸੀ, ਪਰ ਬੈਂਕ ਦੀ ਹਰ ਫੇਰੀ ਰਿਜੈਕਟ ਹੋਣ 'ਤੇ ਖਤਮ ਹੁੰਦੀ ਸੀ। ਬੈਂਕ ਅਧਿਕਾਰੀਆਂ ਨੇ ਉਸ ਨੂੰ ਜਾਂ ਤਾਂ ਖਾਤਾ ਧਾਰਕ ਨੂੰ ਨਿੱਜੀ ਤੌਰ 'ਤੇ ਲਿਆਉਣ ਜਾਂ ਕਾਨੂੰਨੀ ਵਾਰਸ ਦਸਤਾਵੇਜ਼ ਪੇਸ਼ ਕਰਨ ਲਈ ਕਿਹਾ ਸੀ। ਦੁੱਖ ਅਤੇ ਬੇਵੱਸੀ ਦੇ ਮਾਰੇ ਜੀਤੂ ਨੇ ਆਪਣੀ ਭੈਣ ਦੇ ਪਿੰਜਰ ਨੂੰ ਕਬਰ ਵਿੱਚੋਂ ਕੱਢਿਆ, ਕੱਪੜੇ ਵਿੱਚ ਲਪੇਟਿਆ ਅਤੇ ਪਿੰਡ ਤੋਂ ਤਿੰਨ ਕਿੱਲੋਮੀਟਰ ਦੂਰ ਮੱਲੀਪਸੀ 'ਚ ਓਡੀਸ਼ਾ ਗ੍ਰਾਮੀਣ ਬੈਂਕ ਦੀ ਸ਼ਾਖਾ ਵਿੱਚ ਲੈ ਗਿਆ—ਇਹ ਮੰਨਦੇ ਹੋਏ ਕਿ ਭੈਣ ਦੀ ਸਰੀਰਕ ਮੌਜੂਦਗੀ ਨਾਲ ਹੀ ਉਸ ਦੀ ਗੱਲ ਸੁਣੀ ਜਾਵੇਗੀ।

ਪੁਲਸ ਇੰਸਪੈਕਟਰ ਕਿਰਨ ਪ੍ਰਸਾਦ ਸਾਹੂ ਨੇ ਦੱਸਿਆ ਕਿ ਜੀਤੂ ਤਾਂ ਅਣਜਾਣ ਸੀ, ਪਰ ਬੈਂਕ ਵਾਲਿਆਂ ਨੇ ਵੀ ਉਸ ਨੂੰ ਚੰਗੀ ਤਰ੍ਹਾਂ ਨਹੀਂ ਸਮਝਾਇਆ। ਉਨ੍ਹਾਂ ਵੱਲੋਂ ਮਦਦ ਦਾ ਭਰੋਸਾ ਦਿਵਾਉਣ 'ਤੇ ਜੀਤੂ ਭੈਣ ਦਾ ਪਿੰਜਰ ਵਾਪਸ ਲੈ ਗਿਆ ਤੇ ਮੁੜ ਦਫਨਾ ਦਿੱਤਾ।

ਇਸ ਬਾਰੇ ਵਾਇਰਲ ਵੀਡੀਓ ਤੋਂ ਹੈਰਾਨ ਹੋ ਕੇ ਇੱਕ ਵਿਅਕਤੀ ਨੇ ਟਿੱਪਣੀ ਕੀਤੀ—ਬੈਂਕ ਨੇ ਇੱਕ ਆਦਮੀ ਨੂੰ ਆਪਣੀ ਮਰੀ ਹੋਈ ਭੈਣ ਨੂੰ ਸਿਰਫ ਇਹ ਸਾਬਤ ਕਰਨ ਲਈ ਕਬਰ 'ਚੋਂ ਕੱਢਣ ਲਈ ਮਜਬੂਰ ਕੀਤਾ ਕਿ ਉਹ ਮਰ ਗਈ ਹੈ। ਸਿਸਟਮ ਵਿੱਚ ਮਨੁੱਖਤਾ ਨਹੀਂ ਰਹੀ। ਇੱਕ ਹੋਰ ਯੂਜ਼ਰ ਨੇ ਲਿਖਿਆ, 'ਇਹ ਬਹੁਤ ਹੀ ਅਜੀਬ ਹੈ। ਭਰਾ ਨੂੰ ਆਪਣੀ ਭੈਣ ਦਾ ਪਿੰਜਰ ਕੱਢ ਕੇ ਬੈਂਕ ਲਿਜਾਣਾ ਪਿਆ ਤਾਂ ਜੋ ਉਹ 20 ਹਜ਼ਾਰ ਕਢਵਾ ਸਕੇ, ਕਿਉਂਕਿ ਸਟਾਫ ਨੇ ਉਸ ਦੀ ਗੱਲ ਨਹੀਂ ਸੁਣੀ।

ਭਾਰਤੀ ਨੌਕਰਸ਼ਾਹੀ ਜੋਕਰਸ਼ਾਹੀ ਦੇ ਨਵੇਂ ਪੱਧਰ ਨੂੰ ਛੂਹ ਰਹੀ ਹੈ।' ਇੱਕ ਹੋਰ ਵਿਅਕਤੀ ਨੇ ਪੋਸਟ ਕੀਤਾ : ਮਨੁੱਖਤਾ ਉਸ ਕਬਰ ਦੇ ਖੁੱਲ੍ਹਣ ਤੋਂ ਬਹੁਤ ਪਹਿਲਾਂ ਹੀ ਦਫਨ ਹੋ ਗਈ।

# ਅੱਤ ਦੀ ਗਰਮੀ ਤੋਂ ਕੁਝ ਰਾਹਤ ਮਿਲਣ ਦੀ ਉਮੀਦ

**ਨਵੀਂ ਦਿੱਲੀ** : ਪੰਜਾਬ ਤੇ ਹਰਿਆਣਾ ਵਿੱਚ ਆਉਣ ਵਾਲੇ ਦਿਨਾਂ ਵਿੱਚ ਗਰਜ-ਚਮਕ ਨਾਲ ਮੀਂਹ ਪੈ ਸਕਦਾ ਹੈ ਤੇ ਝੱਖੜ ਆਉਣ ਦੀ ਸੰਭਾਵਨਾ ਹੈ। ਇਸ ਕਾਰਨ ਤਾਪਮਾਨ 2 ਤੋਂ 4 ਡਿਗਰੀ ਸੈਲਸੀਅਸ ਤੱਕ ਡਿੱਗ ਸਕਦਾ ਹੈ। ਭਾਰਤੀ ਮੌਸਮ ਵਿਭਾਗ ਦੇ ਵਿਗਿਆਨੀ ਅਖਿਲ ਸ੍ਰੀਵਾਸਤਵ ਨੇ ਦੱਸਿਆ ਕਿ ਪੰਜਾਬ ਅਤੇ ਹਰਿਆਣਾ ਵਿੱਚ 60 ਕਿੱਲੋਮੀਟਰ ਪ੍ਰਤੀ ਘੰਟਾ ਦੀ ਰਫਤਾਰ ਨਾਲ ਤੇਜ਼ ਹਵਾਵਾਂ ਚੱਲ ਸਕਦੀਆਂ ਹਨ ਅਤੇ ਅਗਲੇ ਤਿੰਨ ਦਿਨਾਂ ਵਿੱਚ ਵੱਧ ਤੋਂ ਵੱਧ ਤਾਪਮਾਨ ਵਿੱਚ ਗਿਰਾਵਟ ਆਉਣ ਨਾਲ ਲੋਕਾਂ ਨੂੰ ਗਰਮੀ ਤੋਂ ਕੁਝ ਰਾਹਤ ਮਿਲੇਗੀ।

ਉੱਤਰੀ ਭਾਰਤ ਵਿੱਚ ਪਿਛਲੇ 15 ਦਿਨਾਂ ਤੋਂ ਲਗਾਤਾਰ ਲੂ ਚੱਲ ਰਹੀ ਸੀ, ਪਰ ਸੋਮਵਾਰ ਰਾਤ ਵੇਲੇ ਮੀਂਹ ਪੈਣ ਕਾਰਨ ਅੱਜ ਕੁਝ ਰਾਹਤ ਮਿਲੀ। ਹੁਣ ਇੱਕ ਨਵੀਂ ਪੱਛਮੀ ਗੜਬੜੀ ਕਾਰਨ ਪੱਛਮੀ ਹਿਮਾਲਿਆ ਅਤੇ ਇਸ ਦੇ ਨਾਲ ਲੱਗਦੇ ਮੈਦਾਨੀ ਇਲਾਕਿਆਂ ਵਿੱਚ ਮੌਸਮ ਬਦਲਣ ਵਾਲਾ ਹੈ। ਜੰਮੂ-ਕਸ਼ਮੀਰ, ਹਿਮਾਚਲ ਪ੍ਰਦੇਸ਼ ਅਤੇ ਉੱਤਰਾਖੰਡ ਲਈ ਗਰਜ-ਚਮਕ ਨਾਲ ਗੜੇਮਾਰੀ ਦਾ ਅਲਰਟ ਜਾਰੀ ਕੀਤਾ ਗਿਆ ਹੈ। ਦਿੱਲੀ ਅਤੇ ਆਲੇ-ਦੁਆਲੇ ਵੀ ਹਲਕੀ ਬਾਰਿਸ਼ ਅਤੇ 50 ਕਿੱਲੋਮੀਟਰ ਦੀ ਰਫਤਾਰ ਨਾਲ ਹਵਾਵਾਂ ਚੱਲਣ ਦੀ ਉਮੀਦ ਹੈ, ਜਿਸ ਨਾਲ ਤਾਪਮਾਨ 38 ਡਿਗਰੀ ਸੈਲਸ਼ੀਅਸ ਦੇ ਆਸ-ਪਾਸ ਆ ਸਕਦਾ ਹੈ।

ਦੇਸ਼ ਦੇ ਪੂਰਬੀ ਹਿੱਸਿਆਂ ਬਿਹਾਰ, ਗੰਗਾ ਦੇ ਨਾਲ ਲੱਗਦੇ ਪੱਛਮੀ ਬੰਗਾਲ, ਓਡੀਸ਼ਾ ਅਤੇ ਝਾਰਖੰਡ ਵਿੱਚ ਭਾਰੀ ਤੂਫਾਨ ਦਾ ਓਰੈਂਜ ਅਲਰਟ ਜਾਰੀ ਕੀਤਾ ਗਿਆ ਹੈ। ਉੱਤਰ-ਪੂਰਬੀ ਭਾਰਤ ਦੇ ਰਾਜਾਂ ਅਸਾਮ, ਮੇਘਾਲਿਆ, ਨਾਗਾਲੈਂਡ, ਮਨੀਪੁਰ, ਮਿਜ਼ੋਰਮ ਅਤੇ ਤ੍ਰਿਪੁਰਾ ਲਈ ਰੈੱਡ ਅਲਰਟ ਜਾਰੀ ਕੀਤਾ ਗਿਆ ਹੈ, ਕਿਉਂਕਿ ਉੱਥੇ ਅਗਲੇ ਇੱਕ ਹਫਤੇ ਦੌਰਾਨ ਬਹੁਤ ਭਾਰੀ ਬਾਰਿਸ਼ ਹੋਣ ਦੀ ਸੰਭਾਵਨਾ ਹੈ।

ਰਾਜਸਥਾਨ, ਮੱਧ ਪ੍ਰਦੇਸ਼, ਵਿਦਰਭ ਅਤੇ ਮਰਾਠਵਾੜਾ ਦੇ ਕੁਝ ਹਿੱਸਿਆਂ ਵਿੱਚ ਲੂ ਦੀ ਸਥਿਤੀ ਬਣੀ ਰਹੇਗੀ, ਪਰ ਜਲਦੀ ਹੀ ਉਥੇ ਵੀ ਹਾਲਾਤ ਸੁਧਰਨ ਦੀ ਉਮੀਦ ਹੈ। ਇਸ ਦੌਰਾਨ ਕੇਂਦਰੀ ਸਿਹਤ ਸਕੱਤਰ ਨੇ ਸਾਰੇ ਰਾਜਾਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਨੂੰ ਗਰਮੀ ਨਾਲ ਨਜਿੱਠਣ ਲਈ ਤਿਆਰ ਰਹਿਣ ਲਈ ਕਿਹਾ ਹੈ। ਹਸਪਤਾਲਾਂ ਨੂੰ ਗਰਮੀ (ਹੀਟ ਸਟਰੋਕ) ਦੇ ਮਰੀਜ਼ਾਂ ਲਈ ਵਿਸ਼ੇਸ਼ ਯੂਨਿਟ ਬਣਾਉਣ, ਐਂਬੂਲੈਂਸਾਂ ਨੂੰ ਤਿਆਰ ਰੱਖਣ ਅਤੇ ਲੋਕਾਂ ਨੂੰ ਸਮੇਂ ਸਿਰ ਚੇਤਾਵਨੀ ਦੇਣ ਦੀ ਹਦਾਇਤ ਦਿੱਤੀ ਗਈ ਹੈ, ਤਾਂ ਜੋ ਕਿਸੇ ਵੀ ਅਣਸੁਖਾਵੀਂ ਘਟਨਾ ਤੋਂ ਬਚਿਆ ਜਾ ਸਕੇ।

ਪੰਜਾਬ ਨੂੰ ਕਰੀਬ ਪੰਜ ਵਰ੍ਹਿਆਂ ਮਗਰੋਂ ਬਿਜਲੀ ਕੱਟ ਝੱਲਣੇ ਪੈ ਰਹੇ ਹਨ। 25 ਅਪਰੈਲ ਨੂੰ ਕਈ ਖਿੱਤਿਆਂ 'ਚ 8.30 ਘੰਟਿਆਂ ਤੱਕ ਵੀ ਬਿਜਲੀ ਗੁੱਲ ਰਹੀ। 'ਆਪ' ਸਰਕਾਰ ਦੇ ਕਾਰਜਕਾਲ ਦੇ ਆਖਰੀ ਵਰ੍ਹੇ 'ਚ ਸੂਬੇ ਨੂੰ ਬਿਜਲੀ ਕੱਟਾਂ ਦਾ ਸਾਹਮਣੇ ਕਰਨਾ ਪਿਆ ਹੈ। ਆਖਰੀ ਵਾਰ ਪੰਜਾਬ 'ਚ ਝੋਨੇ ਦੇ ਸੀਜ਼ਨ ਮੌਕੇ ਸਾਲ 2021 'ਚ ਬਿਜਲੀ ਕੱਟ ਲੱਗੇ ਸਨ ਅਤੇ ਉਸ ਵੇਲੇ ਵੀ ਪਾਵਰਕਾਮ ਦੀ ਵਾਗਡੋਰ ਪ੍ਰਸ਼ਾਸਕੀ ਅਧਿਕਾਰੀ ਦੇ ਹੱਥ ਸੀ। ਇਸ ਵੇਲੇ ਵੀ ਪਾਵਰਕਾਮ ਦੀ ਅਗਵਾਈ ਉੱਚ ਅਧਿਕਾਰੀ ਕਰ ਰਹੇ ਹਨ। ਇਨ੍ਹਾਂ ਕੱਟਾਂ ਕਾਰਨ ਕਿਸਾਨ ਫਿਕਰਮੰਦ ਹਨ।

ਪੰਜਾਬ ਦੇ ਲੋਕ ਬਿਜਲੀ ਸਪਲਾਈ ਤੋਂ ਤਸੱਲੀ 'ਚ ਰਹੇ ਹਨ, ਪਰ ਅਪਰੈਲ ਮਹੀਨੇ 'ਚ ਬਿਜਲੀ ਸਪਲਾਈ ਦਾ ਗਣਿਤ ਵਿਗੜਿਆ ਹੈ। ਅਪਰੈਲ ਮਹੀਨੇ 'ਚ 26 ਅਪਰੈਲ ਤੱਕ ਪਾਵਰਕਾਮ ਨੇ 42930 ਲੱਖ ਯੂਨਿਟ ਸਪਲਾਈ ਦਿੱਤੀ ਹੈ; ਪਿਛਲੇ ਸਾਲ ਅਪਰੈਲ ਮਹੀਨੇ 'ਚ ਇਹੀ ਸਪਲਾਈ 44220 ਲੱਖ ਯੂਨਿਟ ਸੀ। ਭਾਵ ਪਿਛਲੇ ਅਪਰੈਲ ਦੇ ਮੁਕਾਬਲੇ ਐਤਕੀਂ ਅਪਰੈਲ 'ਚ 3 ਫੀਸਦੀ ਬਿਜਲੀ ਯੂਨਿਟ ਘੱਟ ਸਪਲਾਈ ਦਿੱਤੀ ਗਈ ਹੈ।

ਵੇਰਵਿਆਂ ਅਨੁਸਾਰ ਪਾਵਰਕਾਮ ਨੇ 26 ਅਪਰੈਲ ਨੂੰ ਸੂਬੇ 'ਚ 116 ਲੱਖ ਯੂਨਿਟ ਦਾ ਬਿਜਲੀ ਕੱਟ ਲਾਇਆ; 25 ਅਪਰੈਲ ਨੂੰ ਇਹੀ ਕੱਟ 197 ਲੱਖ ਯੂਨਿਟ ਦਾ ਲੱਗਿਆ। ਐਤਵਾਰ ਹੋਣ ਕਰ ਕੇ ਬਿਜਲੀ ਸਪਲਾਈ 'ਚ ਸੁਧਾਰ ਹੋਇਆ ਸੀ। ਐਤਵਾਰ ਨੂੰ ਬਿਜਲੀ ਦੀ ਮੰਗ ਵੀ 11,381 ਮੈਗਾਵਾਟ ਰਹੀ। ਤੱਥਾਂ ਅਨੁਸਾਰ 26 ਅਪਰੈਲ ਨੂੰ ਕੰਡੀ ਖੇਤਰ 'ਚ 4.30 ਘੰਟੇ ਦਾ ਕੱਟ ਲੱਗਿਆ। ਬਰਨਾਲਾ, ਪਟਿਆਲਾ, ਅੰਮ੍ਰਿਤਸਰ ਅਤੇ ਗੁਰਦਾਸਪੁਰ ਦੇ ਵੱਧ ਬਿਜਲੀ ਚੋਰੀ ਵਾਲੇ ਗਰਿੱਡਾਂ 'ਤੇ ਵੀ ਚਾਰ ਘੰਟੇ ਬਿਜਲੀ ਨਹੀਂ ਆਈ। ਇਸੇ ਤਰ੍ਹਾਂ 26 ਅਪਰੈਲ ਨੂੰ ਸੰਗਰੂਰ, ਫਿਰੋਜ਼ਪੁਰ ਆਦਿ ਜ਼ਿਲ੍ਹਿਆਂ 'ਚ ਪੰਜ ਘੰਟੇ ਦਾ ਬਿਜਲੀ ਕੱਟ ਲੱਗਿਆ। ਪਾਵਰਕਾਮ ਨੇ ਸੂਬੇ ਦੇ ਪ੍ਰਮੁੱਖ ਸ਼ਹਿਰਾਂ 'ਚ ਬਿਜਲੀ ਪ੍ਰਬੰਧਾਂ ਦੇ ਤਕਨੀਕੀ ਕੰਮਾਂ ਦੇ ਮੱਦੇਨਜ਼ਰ ਬਿਜਲੀ ਕੱਟਾਂ ਦੀ ਅਗੇਤੀ ਸੂਚਨਾ ਵੀ ਜਾਰੀ ਕੀਤੀ ਸੀ।

ਸੂਤਰਾਂ ਅਨੁਸਾਰ ਪਾਵਰਕਾਮ ਵੱਲੋਂ ਬਿਜਲੀ ਸਪਲਾਈ ਲਈ ਅਗੇਤੇ ਪ੍ਰਬੰਧਾਂ ਦੀ ਕਮੀ ਰਹੀ ਹੈ। ਮਾਹਰ ਦੱਸਦੇ ਹਨ ਕਿ ਹਰ ਸਾਲ ਪੰਜ ਫੀਸਦੀ ਬਿਜਲੀ ਦੀ ਖਪਤ ਦੇ ਵਾਧੇ ਦੇ ਅਨੁਮਾਨ ਨਾਲ ਅਗੇਤੇ ਪ੍ਰਬੰਧ ਕੀਤੇ ਜਾਂਦੇ ਰਹੇ ਹਨ। ਰੋਪੜ ਤਾਪ ਬਿਜਲੀ ਦਾ ਯੂਨਿਟ ਨੰਬਰ ਚਾਰ ਇਸ ਵੇਲੇ ਬੰਦ ਪਿਆ ਹੈ; ਕਈ ਹਾਈਡਲ ਪ੍ਰੋਜੈਕਟਾਂ ਤੋਂ ਵੀ ਬਿਜਲੀ ਸਪਲਾਈ ਨਹੀਂ ਹੋ ਰਹੀ। ਇਨ੍ਹਾਂ 'ਚ ਮੁਕੇਰੀਆਂ ਹਾਈਡਲ ਪ੍ਰੋਜੈਕਟ ਵੀ ਸ਼ਾਮਲ ਹੈ। ਭਾਰਤੀ ਕਿਸਾਨ

• ਬਾਕੀ ਸਫਾ 2 'ਤੇ

# ਯੂਰਪ ਫੇਰੀ ਨੇ ਕਿਸਾਨਾਂ, ਉਦਯੋਗ ਤੇ ਨੌਜਵਾਨਾਂ ਲਈ ਨਵੇਂ ਦਰਵਾਜ਼ੇ ਖੋਲ੍ਹੇ : ਮਾਨ

**ਚੰਡੀਗੜ੍ਹ (ਗੁਰਜੀਤ ਬਿੱਲਾ, ਸੁਰਜੀਤ ਸੁਮਨ, ਕ੍ਰਿਸ਼ਨ ਗਰਗ)**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਮੰਗਲਵਾਰ ਆਪਣੇ ਨੀਦਰਲੈਂਡ-ਫਿਨਲੈਂਡ ਦੌਰੇ ਦਾ ਵਿਆਪਕ ਰਿਪੋਰਟ ਕਾਰਡ ਪੇਸ਼ ਕੀਤਾ, ਜਿਸ ਵਿੱਚ ਕਿਹਾ ਗਿਆ ਕਿ ਪੰਜਾਬ ਸਰਕਾਰ ਨੇ ਖੇਤੀਬਾੜੀ, ਉਦਯੋਗ ਅਤੇ ਨਵੀਨਤਾ ਵਿੱਚ ਵਿਸ਼ਵ ਭਰ ਤੋਂ ਮਜ਼ਬੂਤ ਸਹਿਯੋਗ ਹਾਸਲ ਕੀਤਾ ਹੈ, ਜਿਸ ਨਾਲ ਕਿਸਾਨਾਂ, ਨੌਜਵਾਨਾਂ ਅਤੇ ਸੂਬੇ ਦੀ ਆਰਥਿਕਤਾ ਨੂੰ ਸਿੱਧਾ ਲਾਭ ਹੋਵੇਗਾ।

ਜ਼ਾਇਕਾ ਕੰਪਨੀ ਦੇ 1300 ਕਰੋੜ ਰੁਪਏ ਦੇ ਨਿਵੇਸ਼, ਵਿਸ਼ਵ-ਵਿਆਪੀ ਕੰਪਨੀਆਂ ਦੀ ਦਿਲਚਸਪੀ ਅਤੇ ਕੇਉਕੇਨਹੌਫ ਤੋਂ ਫਿਨਲੈਂਡ ਤੱਕ ਉਨਤ ਖੇਤੀਬਾੜੀ-ਤਕਨੀਕੀ ਸਹਿਯੋਗ ਬਾਰੇ ਮੁੱਖ ਮੰਤਰੀ ਮਾਨ ਨੇ ਕਿਹਾ ਕਿ ਇਹ ਰਣਨੀਤਕ ਗੱਠਜੋੜ ਫਸਲੀ ਵਿਭਿੰਨਤਾ ਨੂੰ ਤੇਜ਼ ਕਰਨਗੇ, ਨਿਵੇਸ਼ ਨੂੰ ਆਕਰਸ਼ਿਤ ਕਰਨਗੇ ਅਤੇ ਪੰਜਾਬ ਨੂੰ ਨਵੀਨਤਾ, ਖੋਜ ਅਤੇ ਵਿਕਾਸ ਤੇ ਉਚ ਗੁਣਵੱਤਾ ਵਾਲੀ ਖੇਤੀ ਲਈ ਵਿਸ਼ਵ-ਵਿਆਪੀ ਕੇਂਦਰ ਵਜੋਂ ਮਜ਼ਬੂਤੀ ਨਾਲ ਸਥਾਪਤ ਕਰਨਗੇ।



ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਵਿਸ਼ਵ-ਪ੍ਰਸਿੱਧ ਬਾਗਬਾਨੀ ਮਾਡਲ ਕੇਉਕੇਨਹੌਫ ਦੇ ਦੌਰੇ ਦੌਰਾਨ ਪੰਜਾਬ ਤੋਂ ਗੁਲਾਬ ਦੀ ਬਰਾਮਦ ਦੀ ਸੰਭਾਵਨਾ ਦਾ ਪਤਾ ਲਾਇਆ ਗਿਆ। ਉਨ੍ਹਾ ਕਿਹਾ—ਜ਼ਾਇਕਾ ਵੱਲੋਂ ਕੀਤੇ ਜਾ ਰਹੇ 1300 ਕਰੋੜ ਰੁਪਏ ਦੇ ਨਿਵੇਸ਼ ਤੋਂ ਇਲਾਵਾ ਇਹ ਸਮਝੌਤਾ ਫਸਲੀ ਵਿਭਿੰਨਤਾ ਨੂੰ ਵੱਡਾ ਹੁਲਾਰਾ ਦੇਣ ਵਿੱਚ ਮੁੱਖ ਭੂਮਿਕਾ ਨਿਭਾਏਗਾ।

ਉਹਨਾ ਕਿ ਕਿਹਾ ਕਿ ਵਿਸ਼ਵ ਬਾਗਬਾਨੀ ਕੇਂਦਰ ਦਾ ਦੌਰਾ ਕੀਤਾ ਅਤੇ ਨੀਦਰਲੈਂਡਜ਼ ਇੰਡੀਆ ਚੈਂਬਰ ਆਫ਼ ਕਾਮਰਸ ਐਂਡ ਟਰੇਡ ਦੇ ਨੁਮਾਇੰਦਿਆਂ ਨਾਲ ਮੁਲਾਕਾਤ ਕੀਤੀ ਅਤੇ ਪੰਜਾਬੀ ਭਾਈਚਾਰੇ ਨਾਲ ਗੱਲਬਾਤ ਕੀਤੀ।

ਵਫ਼ਦ ਨੂੰ ਦੱਸਿਆ ਗਿਆ ਕਿ ਸਾਡੇ ਵਾਂਗ ਖੁੱਲ੍ਹੇ ਵਿੱਚ ਖੇਤੀ ਕਰਨ ਨਾਲ ਇਕ ਵਰਗ ਮੀਟਰ ਵਿੱਚ ਛੇ ਕਿਲੋ ਟਮਾਟਰ ਪੈਦਾ ਹੁੰਦੇ ਹਨ, ਜਦੋਂ ਕਿ ਉੱਥੇ ਪੌਲੀ ਹਾਊਸ ਵਿੱਚ ਇਕ ਵਰਗ ਮੀਟਰ ਵਿੱਚ ਟਮਾਟਰ ਦਾ ਉਤਪਾਦਨ 100 ਕਿਲੋ ਹੈ।

ਮੁੱਖ ਮੰਤਰੀ ਮਾਨ ਨੇ ਕਿਹਾ, 'ਪੰਜਾਬ ਸਰਕਾਰ ਦੇ ਯਤਨਾਂ ਨੇ ਲੋੜੀਂਦੇ ਨਤੀਜੇ ਦਿੱਤੇ ਹਨ, ਕਿਉਂਕਿ ਮੁਹਾਲੀ ਵਿੱਚ ਇਕ ਖੋਜ ਅਤੇ ਵਿਕਾਸ ਕੇਂਦਰ ਤੇ ਨਵੀਨਤਾ ਹੱਬ ਦਾ ਪ੍ਰਸਤਾਵ ਪੇਸ਼ ਕੀਤਾ ਗਿਆ ਸੀ। ਉਨ੍ਹਾ ਕਿਹਾ, 'ਪੰਜਾਬ ਵਿੱਚ ਇਕ ਬਾਗਬਾਨੀ ਅਨੁਭਵ ਅਤੇ ਸਿਖਲਾਈ ਕੇਂਦਰ ਸਥਾਪਤ ਕਰਨ ਦੀ ਯੋਜਨਾ ਨੂੰ ਵੀ ਪ੍ਰਵਾਨਗੀ ਦੇ ਦਿੱਤੀ ਗਈ ਹੈ, ਨਾਲ ਹੀ ਕਿਹਾ ਕਿ ਪਰਵਾਸੀ ਪੰਜਾਬੀ ਬੇਅਦਬੀ ਵਿਰੋਧੀ ਕਾਨੂੰਨ ਬਣਾਉਣ ਅਤੇ ਪਹਿਲੀ ਵਾਰ ਕਿਸੇ ਪੰਜਾਬੀ ਵਫ਼ਦ ਵੱਲੋਂ ਨੀਦਰਲੈਂਡ ਦਾ ਦੌਰਾ ਕਰਨ ਨਾਲ ਬਹੁਤ ਖ਼ੁਸ਼

• ਬਾਕੀ ਸਫਾ 2 'ਤੇ

## ਅਨਿਲ ਅੰਬਾਨੀ ਦੀ 3035 ਕਰੋੜ ਦੀ ਜਾਇਦਾਦ ਜ਼ਬਤ

**ਨਵੀਂ ਦਿੱਲੀ** : ਈ ਡੀ ਨੇ ਮੈਸਰਜ਼ ਰਿਲਾਇੰਸ ਕਮਿਊਨੀਕੇਸ਼ਨਜ਼ ਲਿਮਟਿਡ (ਆਰ ਸੀ ਓ ਐੱਮ) ਦੇ ਕਥਿਤ ਬੈਂਕ ਧੋਖਾਧੜੀ ਮਾਮਲੇ ਵਿੱਚ 3,034.90 ਕਰੋੜ ਰੁਪਏ ਦੀਆਂ ਜਾਇਦਾਦਾਂ ਨੂੰ ਅਸਥਾਈ ਤੌਰ 'ਤੇ ਜ਼ਬਤ ਕਰ ਲਿਆ ਹੈ। ਸੂਤਰਾਂ ਮੁਤਾਬਕ ਜ਼ਬਤੀ ਜਾਇਦਾਦਾਂ ਦੇ ਖੁਰਦ-ਬੁਰਦ ਹੋਣ ਨੂੰ ਰੋਕਣ ਅਤੇ ਬੈਂਕਾਂ ਤੇ ਜਨਤਾ ਦੇ ਹਿੱਤਾਂ ਦੀ ਰਾਖੀ ਲਈ ਕੀਤੀ ਗਈ ਹੈ। ਇਹ ਜਾਂਚ ਸਟੇਟ ਬੈਂਕ ਆਫ ਇੰਡੀਆ, ਪੰਜਾਬ ਨੈਸ਼ਨਲ ਬੈਂਕ, ਬੈਂਕ ਆਫ ਬੜੌਦਾ ਅਤੇ ਲਾਈਫ ਇੰਸ਼ੋਰੈਂਸ ਕਾਰਪੋਰੇਸ਼ਨ ਆਫ਼ ਇੰਡੀਆ ਦੀਆਂ ਸ਼ਿਕਾਇਤਾਂ 'ਤੇ ਆਰ ਸੀ ਓ ਐੱਮ, ਅਨਿਲ ਡੀ ਅੰਬਾਨੀ ਅਤੇ ਹੋਰਾਂ ਵਿਰੁੱਧ ਦਰਜ ਕੀਤੀਆਂ ਗਈਆਂ ਕਈ ਸੀ ਬੀ ਆਈ ਐੱਫ ਆਈ ਆਰ ਦੇ ਆਧਾਰ 'ਤੇ ਸ਼ੁਰੂ ਕੀਤੀ ਗਈ ਸੀ। ਆਰ ਸੀ ਓ ਐੱਮ ਅਤੇ ਇਸ ਦੀਆਂ ਗਰੁੱਪ ਕੰਪਨੀਆਂ ਨੇ ਦੇਸ਼ ਅਤੇ ਵਿਦੇਸ਼ੀ ਕਰਜ਼ਦਾਤਿਆਂ ਤੋਂ ਕਰਜ਼ੇ ਲਏ ਸਨ, ਜਿਨ੍ਹਾਂ ਵਿੱਚੋਂ ਕੁੱਲ 40,185 ਕਰੋੜ ਰੁਪਏ ਦੀ ਰਕਮ ਬਕਾਇਆ ਹੈ। ਈ ਡੀ ਦੀ ਜਾਂਚ ਵਿੱਚ ਪ੍ਰਮੋਟਰ ਗਰੁੱਪ ਦੀਆਂ ਕੁਝ ਜਾਇਦਾਦਾਂ ਦਾ ਖੁਲਾਸਾ ਹੋਇਆ ਹੈ, ਜਿਸ ਵਿੱਚ ਮੁੰਬਈ ਦੀ ਊਸ਼ਾ ਕਿਰਨ ਬਿਲਡਿੰਗ ਵਿੱਚ ਇੱਕ ਫਲੈਟ, ਖੰਡਾਲਾ (ਪੁਣੇ) ਵਿੱਚ ਇੱਕ ਫਾਰਮ ਹਾਊਸ ਅਤੇ ਸਾਣੰਦ (ਅਹਿਮਦਾਬਾਦ) ਵਿੱਚ ਜ਼ਮੀਨ ਦਾ ਇੱਕ ਹਿੱਸਾ ਸ਼ਾਮਲ ਹੈ। ਇਨ੍ਹਾਂ ਤੋਂ ਇਲਾਵਾ ਰਿਲਾਇੰਸ ਇਨਫਰਾਸਟ੍ਰਕਚਰ ਲਿਮਟਿਡ ਦੇ 7.71 ਕਰੋੜ ਦੇ ਸ਼ੇਅਰ, ਜੋ ਕਿ ਮੈਸਰਜ਼ ਰਾਈਜ਼ ਇਨਫਿਨਿਟੀ ਪ੍ਰਾਈਵੇਟ ਲਿਮਟਿਡ (ਅਨਿਲ ਅੰਬਾਨੀ ਦੇ ਪਰਵਾਰਕ ਮੈਂਬਰਾਂ ਦੇ ਇੱਕ ਨਿੱਜੀ ਫੈਮਿਲੀ ਟਰੱਸਟ 'ਰਾਈਜ਼ ਈ ਟਰਸਟ' ਦੇ ਅਧੀਨ ਇੱਕ ਗਰੁੱਪ ਇਕਾਈ) ਕੋਲ ਸਨ, ਨੂੰ ਵੀ ਜ਼ਬਤ ਕਰ ਲਿਆ ਗਿਆ ਹੈ। ਜ਼ਿਕਰਯੋਗ ਹੈ ਕਿ ਸੁਪਰੀਮ ਕੋਰਟ ਦੇ ਨਿਰਦੇਸ਼ਾਂ 'ਤੇ ਗਠਿਤ ਕੀਤੀ ਗਈ ਸਿੱਟ ਰਿਲਾਇੰਸ ਅਨਿਲ ਅੰਬਾਨੀ ਗਰੁੱਪ ਦੇ ਮਾਮਲਿਆਂ ਦੀ ਜਾਂਚ ਕਰ ਰਹੀ ਹੈ, ਜਿਸ ਵਿੱਚ ਬੈਂਕ/ ਜਨਤਕ ਫੰਡਾਂ ਦੀ ਹੇਰਾਫੇਰੀ ਅਤੇ ਲਾਂਡਰਿੰਗ ਸ਼ਾਮਲ ਹੈ।



# ਟਰੰਪ ਦੀ ਅੜੀ ਜਾਰੀ

**ਵਾਸ਼ਿੰਗਟਨ** : ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਦੋ ਮਹੀਨਿਆਂ ਤੋਂ ਜਾਰੀ ਜੰਗ ਨੂੰ ਖਤਮ ਕਰਨ ਲਈ ਈਰਾਨ ਵੱਲੋਂ ਭੇਜੀ ਗਈ ਤਾਜ਼ਾ ਤਜਵੀਜ਼ ਨੂੰ ਖਾਰਜ ਕਰ ਦਿੱਤਾ ਹੈ।

ਇੱਕ ਸੀਨੀਅਰ ਅਮਰੀਕੀ ਅਧਿਕਾਰੀ ਮੁਤਾਬਕ ਟਰੰਪ ਇਸ ਗੱਲ ਤੋਂ ਨਾਰਾਜ਼ ਹਨ ਕਿ ਈਰਾਨ ਨੇ ਪ੍ਰਮਾਣੂ ਮੁੱਦੇ 'ਤੇ ਚਰਚਾ ਨੂੰ ਜੰਗ ਖਤਮ ਹੋਣ ਤੱਕ ਟਾਲਣ ਦੀ ਗੱਲ ਕਹੀ ਹੈ। ਇਸ ਘਟਨਾਕ੍ਰਮ ਨਾਲ ਉਨ੍ਹਾ ਨੂੰ ਵੱਡਾ ਝਟਕਾ ਲੱਗਾ ਹੈ, ਜੋ ਵਿਸ਼ਵ ਪੱਧਰ 'ਤੇ ਮਹਿੰਗਾਈ ਅਤੇ ਤੇਲ ਦੀ ਸਪਲਾਈ ਵਿੱਚ ਆ ਰਹੀਆਂ ਰੁਕਾਵਟਾਂ ਨੂੰ ਦੂਰ ਹੁੰਦੀਆਂ ਦੇਖਣਾ ਚਾਹੁੰਦੇ ਸਨ। ਈਰਾਨ ਦੀ ਨਵੀਂ ਪੇਸ਼ਕਸ਼ ਵਿੱਚ ਕਿਹਾ ਗਿਆ ਸੀ ਕਿ ਅਮਰੀਕਾ ਉਸ ਦੀ ਸਮੁੰਦਰੀ ਘੇਰਾਬੰਦੀ ਖਤਮ ਕਰੇ ਅਤੇ ਪ੍ਰਮਾਣੂ ਪ੍ਰੋਗਰਾਮ ਬਾਰੇ ਗੱਲਬਾਤ ਉਦੋਂ ਹੀ ਸ਼ੁਰੂ ਹੋਵੇਗੀ, ਜਦੋਂ ਜੰਗ ਪੂਰੀ ਤਰ੍ਹਾਂ ਰੁਕ ਜਾਵੇਗੀ ਅਤੇ ਖਾੜੀ ਦੇਸ਼ਾਂ ਵਿੱਚ ਸਮੁੰਦਰੀ ਵਪਾਰ ਨਾਲ ਸੰਬੰਧਤ ਵਿਵਾਦ ਸੁਲਝ ਜਾਣਗੇ।

ਹਾਲਾਂਕਿ, ਵ੍ਹਾਈਟ ਹਾਊਸ ਦੀ ਤਰਜਮਾਨ ਓਲੀਵੀਆ ਵੇਲਜ਼ ਨੇ ਸਪੱਸ਼ਟ ਕੀਤਾ ਹੈ ਕਿ ਅਮਰੀਕਾ ਆਪਣੀਆਂ ਹੱਦਾਂ ਬਾਰੇ ਸਪੱਸ਼ਟ ਹੈ ਅਤੇ ਪ੍ਰਮਾਣੂ ਮੁੱਦੇ ਨੂੰ ਸ਼ੁਰੂਆਤ ਤੋਂ ਹੀ ਗੱਲਬਾਤ ਦਾ ਹਿੱਸਾ ਬਣਾਉਣਾ ਚਾਹੁੰਦਾ ਹੈ। ਫਰਵਰੀ ਵਿੱਚ ਇਜ਼ਰਾਈਲ ਨਾਲ ਮਿਲ ਕੇ ਸ਼ੁਰੂ ਕੀਤੀ ਗਈ ਇਸ ਜੰਗ ਵਿੱਚ ਹੁਣ ਤੱਕ ਹਜ਼ਾਰਾਂ ਲੋਕ ਮਾਰੇ ਜਾ ਚੁੱਕੇ ਹਨ। ਜੰਗ ਦੇ ਹੱਲ ਵਿੱਚ ਆਈ ਖੜੋਤ ਕਾਰਨ ਮੰਗਲਵਾਰ ਏਸ਼ੀਆਈ ਬਾਜ਼ਾਰਾਂ ਵਿੱਚ ਤੇਲ ਦੀਆਂ ਕੀਮਤਾਂ ਮੁੜ ਵਧ ਗਈਆਂ।

## ਹਨੀਮੂਨ ਦੌਰਾਨ ਪਤੀ ਦੇ ਕਤਲ ਮਾਮਲੇ 'ਚ ਜ਼ਮਾਨਤ

**ਸ਼ਿਲਾਂਗ** : ਮੇਘਾਲਿਆ ਦੀ ਇੱਕ ਅਦਾਲਤ ਨੇ ਮੰਗਲਵਾਰ ਨੂੰ ਇੰਦੌਰ ਦੀ ਰਹਿਣ ਵਾਲੀ ਸੋਨਮ ਰਘੂਵੰਸ਼ੀ ਨੂੰ ਜ਼ਮਾਨਤ ਦੇ ਦਿੱਤੀ ਹੈ, ਜਿਸ ਨੇ ਕਥਿਤ ਤੌਰ 'ਤੇ 2025 ਵਿੱਚ ਉੱਤਰ-ਪੂਰਬੀ ਰਾਜ ਵਿੱਚ ਹਨੀਮੂਨ ਦੌਰਾਨ ਆਪਣੇ ਪਤੀ ਦਾ ਕਤਲ ਕਰਵਾ ਦਿੱਤਾ ਸੀ।

ਸੋਨਮ ਦਾ ਪਤੀ ਰਾਜਾ ਰਘੂਵੰਸ਼ੀ 23 ਮਈ ਨੂੰ ਹਨੀਮੂਨ ਦੌਰਾਨ ਲਾਪਤਾ ਹੋ ਗਿਆ ਸੀ, ਅਤੇ ਉਸ ਦੀ ਵੱਢੀ-ਟੁੱਕੀ ਲਾਸ਼ 2 ਜੂਨ ਨੂੰ ਪੂਰਬੀ ਖਾਸੀ ਹਿਲਜ਼ ਜ਼ਿਲ੍ਹੇ ਦੇ ਸੋਹਰਾ ਇਲਾਕੇ ਵਿੱਚ ਇੱਕ ਝਰਨੇ ਦੇ ਕੋਲੋਂ ਮਿਲੀ ਸੀ। ਇਸ ਮਾਮਲੇ ਵਿੱਚ ਸੋਨਮ ਅਤੇ ਉਸ ਦੇ ਕਥਿਤ ਪ੍ਰੇਮੀ ਸਮੇਤ ਕਈ ਹੋਰਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਸੀ।

## ਕੇਜਰੀਵਾਲ ਤੇ ਸਿਸੋਦੀਆ ਨੇ ਗਾਂਧੀ ਸਮਾਧੀ 'ਤੇ ਟੇਕਿਆ ਮੱਥਾ



**ਨਵੀਂ ਦਿੱਲੀ** : ਦਿੱਲੀ ਹਾਈ ਕੋਰਟ ਦੀ ਜੱਜ ਸਵਰਨ ਕਾਂਤਾ ਸ਼ਰਮਾ ਅੱਗੇ ਨਾ ਪੇਸ਼ ਹੋਣ ਦਾ ਐਲਾਨ ਕਰ ਚੁੱਕੇ ਆਮ ਆਦਮੀ ਪਾਰਟੀ ਦੇ ਰਾਸ਼ਟਰੀ ਕਨਵੀਨਰ ਅਰਵਿੰਦ ਕੇਜਰੀਵਾਲ ਤੇ ਸੀਨੀਅਰ ਆਗੂ ਤੇ ਪੰਜਾਬ ਇੰਚਾਰਜ ਮਨੀਸ਼ ਸਿਸੋਦੀਆ ਮੰਗਲਵਾਰ ਰਾਜਘਾਟ ਪਹੁੰਚ ਕੇ ਮਹਾਤਮਾ ਗਾਂਧੀ ਦੀ ਸਮਾਧੀ 'ਤੇ ਨਤਮਸਤਕ ਹੋਏ।ਉਨ੍ਹਾ ਨਾਲ ਪਾਰਟੀ ਦੇ ਵਿਧਾਇਕ ਅਤੇ ਵੱਡੀ ਗਿਣਤੀ ਵਿੱਚ ਵਰਕਰ ਵੀ ਮੌਜੂਦ ਸਨ।ਉਨ੍ਹਾ ਵਰਕਰਾਂ ਦੇ ਨਾਲ ਸੱਤਿਆਗ੍ਰਹਿ ਦੀ ਰਾਹ ਦਿਖਾਉਣ ਵਾਲੇ ਰਾਸ਼ਟਰਪਿਤਾ ਮਹਾਤਮਾ ਗਾਂਧੀ ਨੂੰ ਨਮਨ ਕਰਦਿਆਂ ਸੱਤਿਆਗ੍ਰਹਿ ਦੇ ਮਾਰਗ 'ਤੇ ਚੱਲਣ ਦਾ ਸੰਕਲਪ ਦੁਹਰਾਇਆ।ਇਸ ਦੌਰਾਨ ਕੇਜਰੀਵਾਲ ਨੇ ਕਿਹਾ ਕਿ ਅਸੀਂ ਨਿਆਂਪਾਲਿਕਾ ਦਾ ਬਹੁਤ ਸਤਿਕਾਰ ਕਰਦੇ ਹਾਂ, ਪਰ ਕੁਝ ਅਜਿਹੀਆਂ ਸਥਿਤੀਆਂ ਪੈਦਾ ਹੋਈਆਂ ਹਨ ਕਿ ਸਾਨੂੰ ਇਹ ਸੱਤਿਆਗ੍ਰਹਿ ਕਰਨਾ ਪੈ ਰਿਹਾ ਹੈ। ਮੇਰਾ ਅਟੁੱਟ ਵਿਸ਼ਵਾਸ ਹੈ ਕਿ ਬਾਪੂ ਦੇ ਅਸ਼ੀਰਵਾਦ ਨਾਲ ਸੱਤਿਆਗ੍ਰਹਿ ਦੇ ਇਸ ਔਖੇ ਪੈਂਡੇ 'ਤੇ ਅਸੀਂ ਪੂਰੀ ਨਿਸ਼ਠਾ ਨਾਲ ਅਡੋਲ ਰਹਾਂਗੇ।

## ਪਾਲੀ ਦੇਤਵਾਲੀਆ ਦੇ ਬੇਟੇ ਮਨਜੋਤ ਦੀ ਮੌਤ

**ਚੌਂਕੀਮਾਨ (ਇੰਜੀ ਬਲਬੀਰ ਸਿੰਘ ਮਾਨ)**-ਸ਼੍ਰੋਮਣੀ ਗਾਇਕ ਪਾਲੀ ਦੇਤਵਾਲੀਆ ਦੇ ਲਾਡਲੇ ਸਪੁੱਤਰ ਮਨਜੋਤ ਸਿੰਘ ਦੀ ਸੰਖੇਪ ਬਿਮਾਰੀ ਕਾਰਨ ਅਚਾਨਕ ਬੇਵਕਤੀ ਮੌਤ ਹੋਣ ਨਾਲ ਪਰਿਵਾਰ 'ਤੇ ਦੁੱਖਾਂ ਦਾ ਪਹਾੜ ਟੁੱਟ ਪਿਆ ਹੈ। ਮਨਜੋਤ ਸਿੰਘ ਦਾ ਅੰਤਿਮ ਸਸਕਾਰ ਪਿੰਡ ਦੇਤਵਾਲ (ਲੁਧਿਆਣਾ) ਵਿਖੇ 29 ਅਪ੍ਰੈਲ ਬੁੱਧਵਾਰ ਨੂੰ ਸਵੇਰੇ 10 ਵਜੇ ਕੀਤਾ ਜਾਵੇਗਾ।



# 8 ਦੀ ਥਾਂ 10-11 ਘੰਟੇ ਕੰਮ ਲੈਣ ਵਿਰੁੱਧ ਧਰਨਾ

**ਪਾਇਲ** : ਨੇੜਲੇ ਪਿੰਡ ਕੋਟ ਸੇਖੋਂ ਵਿਖੇ ਗੰਗਾ ਐਕਰੋਵੂਲ ਲਿਮਟਿਡ ਫੈਕਟਰੀ ਦੇ ਸੈਂਕੜੇ ਮਜ਼ਦੂਰਾਂ ਨੇ ਆਪਣੀਆਂ ਮੰਗਾਂ ਨੂੰ ਲੈ ਕੇ ਸੜਕ ਜਾਮ ਕਰ ਦਿੱਤੀ। ਇਹ ਰੋਸ ਧਰਨਾ ਮੰਜੀ ਸਾਹਿਬ ਦੇ ਨੇੜੇ ਫੈਕਟਰੀ ਦੇ ਬਾਹਰ ਲਗਾਇਆ ਗਿਆ, ਜਿਸ ਕਾਰਨ ਆਵਾਜਾਈ ਵੀ ਕਾਫੀ ਪ੍ਰਭਾਵਤ ਰਹੀ।

ਫੈਕਟਰੀ ਇਲਾਕੇ ਦੀਆਂ ਸਭ ਤੋਂ ਵੱਡੀਆਂ ਉਦਯੋਗਿਕ ਇਕਾਈਆਂ ਵਿੱਚੋਂ ਇੱਕ ਮੰਨੀ ਜਾਂਦੀ ਹੈ, ਜਿੱਥੇ ਹਜ਼ਾਰਾਂ ਮਜ਼ਦੂਰ ਕੰਮ ਕਰਦੇ ਹਨ। ਫੈਕਟਰੀ ਦੇ ਮਜ਼ਦੂਰ ਸੰਤੋਖ ਸਿੰਘ ਤੇ ਹੋਰ ਮਹਿਲਾਵਾਂ ਨੇ ਦੋਸ਼ ਲਾਇਆ ਕਿ ਫੈਕਟਰੀ ਪ੍ਰਬੰਧਨ ਵੱਲੋਂ ਉਨ੍ਹਾਂ ਨਾਲ ਨਿਆਂ ਨਹੀਂ ਕੀਤਾ ਜਾ ਰਿਹਾ। ਨਿਯਮਾਂ ਅਨੁਸਾਰ 8 ਘੰਟੇ ਦੀ ਡਿਊਟੀ ਹੋਣੀ ਚਾਹੀਦੀ ਹੈ, ਪਰ ਜ਼ਬਰਦਸਤੀ 10 ਤੋਂ 11 ਘੰਟੇ ਤੱਕ ਕੰਮ ਕਰਵਾਇਆ ਜਾਂਦਾ ਹੈ, ਪਰ ਤਨਖਾਹ 8 ਘੰਟੇ ਦੀ ਹੀ ਦਿੱਤੀ ਜਾਂਦੀ ਹੈ। ਮਜ਼ਦੂਰਾਂ ਨੇ ਬਦਸਲੂਕੀ ਕਰਨ ਦੇ ਵੀ ਗੰਭੀਰ ਇਲਜ਼ਾਮ ਲਗਾਏ ਹਨ। ਧਰਨੇ ਵਿੱਚ ਵੱਡੀ ਗਿਣਤੀ ਵਿੱਚ ਮਹਿਲਾ ਮਜ਼ਦੂਰ ਸ਼ਾਮਲ ਹੋਈਆਂ, ਜਿਨ੍ਹਾਂ ਆਪਣੇ ਹੱਕਾਂ ਲਈ ਜ਼ੋਰਦਾਰ ਨਾਅਰੇਬਾਜ਼ੀ ਕੀਤੀ। ਮਜ਼ਦੂਰਾਂ ਦਾ ਕਹਿਣਾ ਹੈ ਕਿ ਜੇ ਉਨ੍ਹਾਂ ਦੀਆਂ ਮੰਗਾਂ ਨਹੀਂ ਮੰਨੀਆਂ ਗਈਆਂ ਤਾਂ ਉਹ ਆਪਣਾ ਸੰਘਰਸ਼ ਹੋਰ ਤੇਜ਼ ਕਰਨਗੇ। ਲੰਮੇ ਸਮੇਂ ਤੋਂ ਉਨ੍ਹਾਂ ਦੀ ਕੋਈ ਸੁਣਵਾਈ ਨਹੀਂ ਹੋ ਰਹੀ। ਮੌਕੇ 'ਤੇ ਪਹੁੰਚੇ ਪ੍ਰਬੰਧਕਾਂ ਨੇ ਕਿਹਾ ਕਿ ਮਾਮਲੇ ਨੂੰ ਬੈਠ ਕੇ ਸੁਲਝਾਇਆ ਜਾ ਸਕਦਾ ਹੈ, ਪਰ ਮਜ਼ਦੂਰ ਆਪਣੀਆਂ ਮੰਗਾਂ 'ਤੇ ਅੜੇ ਰਹੇ ਅਤੇ ਜਾਮ ਖੋਲ੍ਹਣ ਤੋਂ ਇਨਕਾਰ ਕਰ ਦਿੱਤਾ। ਇਸੇ ਦੌਰਾਨ ਡੀ ਐੱਸ ਪੀ ਵਿਨੋਦ ਕੁਮਾਰ ਅਤੇ ਐੱਸ ਐੱਚ ਓ ਸੰਦੀਪ ਕੁਮਾਰ ਨੇ ਦੱਸਿਆ ਕਿ ਗੱਲਬਾਤ ਤੋਂ ਬਾਅਦ ਫੈਕਟਰੀ ਮਾਲਕਾਂ ਵੱਲੋਂ ਮਜ਼ਦੂਰਾਂ ਦੀਆਂ ਮੰਗਾਂ ਮੰਨ ਲਈਆਂ ਗਈਆਂ ਹਨ ਤੇ ਧਰਨਾ ਸਮਾਪਤ ਕਰਵਾ ਦਿੱਤਾ ਗਿਆ ਹੈ।



## ਜੱਸਾ ਪੱਟੀ ਆਮ ਆਦਮੀ ਪਾਰਟੀ 'ਚ ਸ਼ਾਮਲ

**ਚੰਡੀਗੜ੍ਹ (ਗੁਰਜੀਤ ਬਿੱਲਾ)**

'ਜੱਸਾ ਪੱਟੀ' ਦੇ ਨਾਂਅ ਨਾਲ ਮਸ਼ਹੂਰ ਰੁਸਤਮ-ਏ-ਹਿੰਦ ਜਸਕੰਵਰ ਸਿੰਘ ਪੱਟੀ ਮੰਗਲਵਾਰ ਨੂੰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਆਪਣੀ ਪੂਰੀ ਟੀਮ ਸਮੇਤ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋ ਗਏ। ਉਨ੍ਹਾ ਦਾ ਸਵਾਗਤ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਜੱਸਾ ਪੱਟੀ ਨੇ ਕੁਸ਼ਤੀ ਦੇ ਮੈਦਾਨ ਵਿੱਚ ਨਾ ਸਿਰਫ਼ ਪੰਜਾਬ, ਸਗੋਂ ਪੂਰੇ ਦੇਸ਼ ਦਾ ਨਾਂਅ ਅੰਤਰਰਾਸ਼ਟਰੀ ਪੱਧਰ 'ਤੇ ਰੌਸ਼ਨ ਕੀਤਾ ਹੈ। ਖੇਡ ਜਗਤ ਦੀਆਂ ਅਜਿਹੀਆਂ ਨਾਮਵਰ ਹਸਤੀਆਂ ਦੇ ਰਾਜਨੀਤੀ ਵਿੱਚ ਆਉਣ ਨਾਲ ਨੌਜਵਾਨਾਂ ਨੂੰ ਸਕਾਰਾਤਮਕ ਪ੍ਰੇਰਨਾ ਮਿਲੇਗੀ।ਮੁੱਖ ਮੰਤਰੀ ਨੇ ਭਰੋਸਾ ਜਤਾਉਂਦਿਆਂ ਕਿਹਾ ਕਿ ਜਿਸ ਤਰ੍ਹਾਂ ਜੱਸਾ ਪੱਟੀ ਨੇ ਖੇਡ ਦੇ ਮੈਦਾਨ ਵਿੱਚ ਆਪਣੀ ਮਿਹਨਤ ਅਤੇ ਲਗਨ ਦਾ ਲੋਹਾ ਮਨਵਾਇਆ ਹੈ, ਉਸੇ ਤਨਦੇਹੀ ਅਤੇ ਸਮਰਪਣ ਨਾਲ ਉਹ ਪਾਰਟੀ ਨਾਲ ਜੁੜ ਕੇ ਭਵਿੱਖ ਵਿੱਚ ਦੇਸ਼ ਅਤੇ ਸਮਾਜ ਦੀ ਸੇਵਾ ਕਰਦੇ ਰਹਿਣਗੇ। ਜੱਸਾ ਪੱਟੀ ਨੇ ਮੁੱਖ ਮੰਤਰੀ ਦੀਆਂ ਨੀਤੀਆਂ 'ਤੇ ਭਰੋਸਾ ਪ੍ਰਗਟਾਉਂਦੇ ਹੋਏ ਪਾਰਟੀ ਦੀ ਮਜ਼ਬੂਤੀ ਲਈ ਕੰਮ ਕਰਨ ਦਾ ਅਹਿਦ ਲਿਆ।



## ਅੱਜ-ਨਾਮਾ

ਬੰਦੇ ਤੋੜਨ-ਤੁੜਾਉਣ ਦਾ ਦੌਰ ਛਿੜਿਆ,
ਏਹੀ ਖਬਰ ਪਲ-ਪਲ ਚਲੀ ਆਏ ਬੇਲੀ।
ਚੈਨਲ ਟੀ ਵੀ ਦਾ ਬਦਲਦੇ ਲੋਕ ਜਦ ਵੀ,
ਹਰ ਕੋਈ ਏਹੋ ਤਾਂ ਖਬਰ ਦਿਖਾਏ ਬੇਲੀ।
ਜਿਹੜੇ ਹੋਰਨਾਂ ਦੇ ਤੋੜਦੇ ਫਿਰਨ ਲੀਡਰ,
ਫਿਕਰ ਉਨ੍ਹਾਂ ਨੂੰ ਵਿੱਚੋਂ ਬੱਸ ਖਾਏ ਬੇਲੀ।
ਖਿੱਚੇ ਹੋਰਨਾਂ ਦੇ ਜਿਵੇਂ ਕਈ ਤੋੜ ਆਪਾਂ,
ਕੋਈ ਨਾ ਸਾਡਾ ਵੀ ਖਿੱਚ ਲਿਜਾਏ ਬੇਲੀ।
ਇੱਕੋ ਵਕਤ ਦੁਪਾਸੜ ਹੈ ਧਿਆਨ ਲੱਗਾ,
ਵਧ ਜਾਏ ਜਿਵੇਂ ਵੀ ਟੋਲਾ ਵਧਾਵਣੇ ਦਾ।
ਨਹੀਂ ਜੇ ਵਧਦਾ, ਵਧੇ ਨਹੀਂ ਲੱਖ ਵਾਰੀ,
ਅਗਨ ਦੀ ਮਾਰ ਤੋਂ ਕੁੱਲੇ ਬਚਾਵਣੇ ਦਾ।

-ਤੀਸ ਮਾਰ ਖਾਂ

# ਰੇਲ ਪਟੜੀ ਉਡਾਉਣ ਦੀ ਕੋਸ਼ਿਸ਼ ਕਰਨ ਵਾਲੇ 12 ਘੰਟਿਆਂ 'ਚ ਕਾਬੂ

**ਪਟਿਆਲਾ/ਰਾਜਪੁਰਾ (ਰਾਜਿੰਦਰ ਸਿੰਘ ਥਿੰਦ, ਰਮੇਸ਼ ਕਟਾਰੀਆ)**

ਪਟਿਆਲਾ ਪੁਲਸ ਨੇ 12 ਘੰਟਿਆਂ ਦੇ ਅੰਦਰ ਹੀ ਸ਼ੰਭੂ-ਅੰਬਾਲਾ ਰੇਲਵੇ ਮਾਰਗ 'ਤੇ ਹੋਏ ਬੰਬ ਧਮਾਕੇ ਦੀ ਗੁੱਥੀ ਸੁਲਝਾਉਣ ਦਾ ਦਾਅਵਾ ਕੀਤਾ ਹੈ। ਪਟਿਆਲਾ ਰੇਂਜ ਦੇ ਡੀ ਆਈ ਜੀ ਕੁਲਦੀਪ ਸਿੰਘ ਚਾਹਲ ਅਤੇ ਐੱਸ ਐੱਸ ਪੀ ਵਰੁਣ ਸ਼ਰਮਾ ਨੇ ਮੰਗਲਵਾਰ ਪ੍ਰੈੱਸ ਕਾਨਫਰੰਸ ਦੌਰਾਨ ਦੱਸਿਆ ਕਿ ਪੁਲਸ ਦੀਆਂ ਟੀਮਾਂ ਨੇ ਬਹੁਤ ਹੀ ਪੇਸ਼ੇਵਰ ਪਹੁੰਚ ਅਪਣਾਉਂਦੇ ਹੋਏ ਪਰਦੀਪ ਸਿੰਘ ਖ਼ਾਲਸਾ ਵਾਸੀ ਵਾਰਡ ਨੰਬਰ 1 ਡਾਕਟਰ ਨਿਸ਼ਾਨ ਸਿੰਘ ਵਾਲੀ ਗਲੀ, ਬੈਕਸਾਈਡ ਸਿੱਧੂ ਹਸਪਤਾਲ ਮਾਨਸਾ, ਕੁਲਵਿੰਦਰ ਸਿੰਘ ਬੱਗਾ ਵਾਸੀ ਬੱਪੀਆਣਾ ਜ਼ਿਲ੍ਹਾ ਮਾਨਸਾ, ਸਤਨਾਮ ਸਿੰਘ ਸੱਤਾ ਵਾਸੀ ਪੰਜਵੜ ਜ਼ਿਲ੍ਹਾ ਤਰਨ ਤਾਰਨ ਅਤੇ ਗੁਰਪ੍ਰੀਤ ਸਿੰਘ ਉਰਫ ਗੋਪੀ ਵਾਸੀ ਬਾਬਾ ਬਿਧੀ ਚੰਦ ਨਗਰ ਮੁਰਾਦਪੁਰ ਖੁਰਦ ਗੋਇੰਦਵਾਲ, ਬਾਈਪਾਸ ਥਾਣਾ ਸਿਟੀ ਤਰਨ ਤਾਰਨ ਨੂੰ ਗ੍ਰਿਫ਼ਤਾਰ ਕੀਤਾ ਹੈ।



ਇਨ੍ਹਾਂ ਮੁਲਜ਼ਮਾਂ ਕੋਲੋਂ ਕਾਫੀ ਜੰਗੀ ਅਸਲਾ ਬਰਾਮਦ ਕੀਤਾ ਗਿਆ ਹੈ, ਜੋ ਕਿ ਇਨ੍ਹਾਂ ਨੇ ਸਰਹੱਦ ਪਾਰ ਬੈਠੇ ਆਪਣੇ ਅੱਤਵਾਦੀ ਹੈਂਡਲਰਾਂ ਦੀ ਮਦਦ ਨਾਲ ਹਾਸਲ ਕੀਤਾ ਹੈ, ਜਿਸ ਵਿੱਚ ਇਕ ਬੰਬ, 2 ਪਿਸਟਲ ਸਮੇਤ ਜ਼ਿੰਦਾ ਰੌਂਦ, ਆਈ ਈ ਡੀ ਦੀ ਵਰਤੋਂ ਵਿੱਚ ਆਉਣ ਵਾਲਾ ਸਮਾਨ ਅਤੇ ਮਲੇਸ਼ੀਆ ਬੈਠੇ ਹੈਂਡਲਰਾਂ ਨਾਲ ਗੱਲਬਾਤ ਕਰਨ ਲਈ ਵਰਤਿਆ ਜਾਣ ਵਾਲਾ ਲੈਪਟਾਪ ਅਤੇ ਹੋਰ ਤਕਨੀਕੀ ਸਮੱਗਰੀ ਸ਼ਾਮਲ ਹੈ।

ਮੁਢਲੀ ਪੁੱਛਗਿੱਛ ਤੋਂ ਇਹ ਗੱਲ ਸਾਹਮਣੇ ਆਈ ਹੈ ਕਿ ਇਸ ਅੱਤਵਾਦੀ ਮਡਿਊਲ ਦਾ ਮੁੱਖ ਸਰਗਣਾ ਪਰਦੀਪ ਸਿੰਘ ਖ਼ਾਲਸਾ ਹੈ, ਜਿਸ ਨੇ ਖਾਲਿਸਤਾਨੀ ਵਿਚਾਰਧਾਰਾ ਤੋਂ ਪ੍ਰਭਾਵਤ ਹੋ ਕੇ ਚੱਲਦਾ ਵਹੀਰ ਚੱਕਰਵਰਤੀ ਅਟਾਰੀਏ ਜਥੇਬੰਦੀ ਬਣਾਈ ਹੋਈ ਸੀ ਅਤੇ ਇਹ ਮਲੇਸ਼ੀਆ ਵਿੱਚ ਬੈਠੇ ਖਾਲਿਸਤਾਨੀ ਰੈਡੀਕਲ ਗਰੁੱਪਾਂ ਤੇ ਪਾਕਿਸਤਾਨ ਵਿੱਚ ਬੈਠੇ ਖਾਲਿਸਤਾਨੀ ਹੈਂਡਲਰਾਂ ਦੇ ਲਗਾਤਾਰ ਸੰਪਰਕ ਵਿੱਚ ਸੀ। ਡੀ ਆਈ ਜੀ ਚਾਹਲ ਨੇ ਦੱਸਿਆ ਕਿ ਚੌਹਾਂ ਨੂੰ ਮੰਗਲਵਾਰ ਵੱਡੀ ਨਦੀ ਬੰਨ੍ਹਾ ਰੋਡ ਨੇੜੇ ਕੂੜੇ ਦੇ ਢੇਰ ਨੇੜਿਓਂ ਗ੍ਰਿਫ਼ਤਾਰ ਕੀਤਾ ਗਿਆ ।ਕੁਲਦੀਪ ਸਿੰਘ ਚਾਹਲ ਨੇ ਦੱਸਿਆ ਕਿ ਦੋਸ਼ੀਆਂ ਤੋਂ ਡੂੰਘਾਈ ਨਾਲ ਪੁੱਛਗਿੱਛ ਕੀਤੀ ਜਾ ਰਹੀ ਹੈ, ਜਿਨ੍ਹਾਂ ਨੂੰ ਅਦਾਲਤ ਵਿੱਚ ਪੇਸ਼ ਕਰਕੇ ਪੁਲਸ ਰਿਮਾਂਡ ਹਾਸਲ ਕਰਕੇ ਇਹਨਾ ਦੇ ਵਿਦੇਸ਼ਾਂ ਵਿੱਚ ਬੈਠੇ ਖਾਲਿਸਤਾਨੀ ਸਮਰਥਕਾਂ ਦੇ ਲਿੰਕਾਂ ਬਾਰੇ ਅਤੇ ਵਿਦੇਸ਼ਾਂ ਤੋਂ ਆਏ ਫੰਡਾਂ ਬਾਰੇ ਡੂੰਘਾਈ ਨਾਲ ਜਾਂਚ ਕੀਤੀ ਜਾਵੇਗੀ।ਐੱਸ ਐੱਸ ਪੀ ਵਰੁਣ ਸ਼ਰਮਾ ਨੇ ਕਿਹਾ ਕਿ ਇਸ ਅੱਤਵਾਦੀ ਮਡਿਊਲ ਦੇ ਗ੍ਰਿਫਤਾਰ ਹੋਣ ਨਾਲ ਪੰਜਾਬ ਵਿੱਚ ਹੋਣ ਵਾਲੀਆਂ ਵਾਰਦਾਤਾਂ ਨੂੰ ਰੋਕਿਆ ਗਿਆ ਹੈ, ਜਿਹਨਾਂ ਵਿੱਚ ਜਾਨੀ ਵਾ ਮਾਲੀ ਨੁਕਸਾਨ ਹੋ ਸਕਦਾ ਸੀ।

### ਧਮਾਕੇ ਦੌਰਾਨ ਮਾਰਿਆ ਗਿਆ ਜਗਰੂਪ ਪਿੰਡ ਪੰਜਵੜ ਦਾ

**ਪਟਿਆਲਾ** : ਸ਼ੰਭੂ-ਅੰਬਾਲਾ ਰੇਲ ਮਾਰਗ 'ਤੇ ਸੋਮਵਾਰ ਰਾਤੀਂ ਧਮਾਕੇ ਤੋਂ ਬਾਅਦ ਨੇੜੇ ਮਿਲੇ ਮਨੁੱਖੀ ਧੜ ਦੀ ਪਛਾਣ ਤਰਨ ਤਾਰਨ ਜ਼ਿਲ੍ਹੇ ਨਾਲ ਸੰਬੰਧਤ ਜਗਰੂਪ ਸਿੰਘ ਦੇ ਧੜ ਵਜੋਂ ਹੋਈ ਹੈ। ਉਹ ਤਰਨ ਤਾਰਨ ਦੇ ਪ੍ਰਸਿੱਧ ਪਿੰਡ ਪੰਜਵੜ ਦਾ ਵਸਨੀਕ ਸੀ। ਉਸ ਦਾ ਮੂੰਹ, ਸਿਰ ਅਤੇ ਲੱਤਾਂ ਉੱਡ ਗਈਆਂ ਤੇ ਸਿਰਫ ਢਿੱਡ ਤੇ ਛਾਤੀ ਵਾਲਾ ਹਿੱਸਾ ਹੀ ਬਚਿਆ।

ਇਸ ਦੌਰਾਨ ਉਸ ਦਾ ਮੋਬਾਇਲ ਫੋਨ ਟੁੱਟਣੋਂ ਬਚ ਗਿਆ, ਜਿਸ ਤੋਂ ਹੀ ਉਸ ਦੀ ਪਛਾਣ ਹੋਈ ਦੱਸੀ ਜਾ ਰਹੀ ਹੈ। ਜਿਨ੍ਹਾਂ ਚਾਰ ਜਣਿਆਂ ਨੂੰ ਗ੍ਰਿਫਤਾਰ ਕੀਤਾ ਗਿਆ ਹੈ, ਉਨ੍ਹਾਂ ਵਿੱਚ ਸਤਨਾਮ ਸਿੰਘ ਜਗਰੂਪ ਸਿੰਘ ਦਾ ਭਰਾ ਹੈ।

## ਬੇਅਦਬੀ ਰੋਕੂ ਕਾਨੂੰਨ 'ਤੇ ਚਰਚਾ ਲਈ ਜਥੇਦਾਰ ਨੇ 3 ਨੂੰ ਮੀਟਿੰਗ ਸੱਦੀ

**ਅੰਮ੍ਰਿਤਸਰ** : ਅਕਾਲ ਤਖਤ ਦੇ ਕਾਰਜਕਾਰੀ ਜਥੇਦਾਰ ਕੁਲਦੀਪ ਸਿੰਘ ਗੜਗੱਜ ਨੇ ਨਿਊ ਜ਼ੀਲੈਂਡ ਤੋਂ ਵਾਪਸ ਆਉਣ ਤੋਂ ਬਾਅਦ 3 ਮਈ ਨੂੰ ਸ੍ਰੀ ਹਰਿਮੰਦਰ ਸਾਹਿਬ ਦੇ ਨੇੜੇ ਸਥਿਤ ਭਾਈ ਗੁਰਦਾਸ ਹਾਲ ਵਿੱਚ 'ਜਾਗਤ ਜੋਤਿ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧ) ਐਕਟ, 2026' ਬਾਰੇ ਚਰਚਾ ਕਰਨ ਲਈ ਸਿੱਖ ਵਿਦਵਾਨਾਂ ਦੀ ਮੀਟਿੰਗ ਸੱਦੀ ਹੈ। ਇਸ ਲਈ ਸਿੱਖ ਜਥੇਬੰਦੀਆਂ, ਵਿਦਵਾਨਾਂ ਅਤੇ ਵਕੀਲਾਂ ਨੂੰ ਸੱਦਾ ਪੱਤਰ ਭੇਜੇ ਗਏ ਹਨ।

ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ 'ਆਪ' ਸਰਕਾਰ ਵੱਲੋਂ ਇਸ ਐਕਟ ਨੂੰ ਪਾਸ ਕੀਤੇ ਜਾਣ 'ਤੇ ਸਿੱਖ ਸੰਸਥਾਵਾਂ ਅਤੇ ਵਿਦਵਾਨਾਂ ਵੱਲੋਂ ਵੱਖ-ਵੱਖ ਰਾਇ ਦਿੱਤੀ ਗਈ ਹੈ। ਸਿੱਖ ਅਕਾਦਮਕ ਮਾਹਰਾਂ ਦੇ ਇੱਕ ਹਿੱਸੇ ਨੇ ਪਹਿਲਾਂ ਹੀ ਇਸ ਕਦਮ ਨੂੰ ਰੱਦ ਕਰ ਦਿੱਤਾ ਹੈ, ਕਿਉਂਕਿ ਪੰਜਾਬ

• ਬਾਕੀ ਸਫਾ 2 'ਤੇ

## ਪੀ ਏ ਯੂ ਇੰਪਲਾਈਜ਼ ਯੂਨੀਅਨ ਦੀ ਨਵੀਂ ਚੁਣੀ ਗਈ ਐਗਜ਼ੈਕਟਿਵ ਕੌਂਸਲ ਦੀ ਜਾਣ-ਪਛਾਣ ਕਰਵਾਈ



**ਲੁਧਿਆਣਾ (ਰੈਕਟਰ ਕਥੂਰੀਆ)**-ਪੀ.ਏ.ਯੂ. ਇੰਪਲਾਈਜ਼ ਯੂਨੀਅਨ ਦੀ ਨਵੀਂ ਚੁਣੀ ਗਈ ਐਗਜੈਕਟਿਵ ਕੌਂਸਲ ਵੱਲੋਂ ਉਦਘਾਟਨੀ ਸਮਾਰੋਹ ਕਰਵਾਇਆ ਗਿਆ। ਇਹ ਸਮਾਰੋਹ ਬਲਦੇਵ ਸਿੰਘ ਵਾਲੀਆ ਅਤੇ ਮਨਮੋਹਨ ਸਿੰਘ ਦੀ ਅਗਵਾਈ ਵਿੱਚ ਹੋਇਆ। ਇਸ ਪ੍ਰੋਗਰਾਮ ਵਿੱਚ ਪੀ.ਏ.ਯੂ. ਦੇ ਉਪ-ਕੁਲਪਤੀ ਡਾ: ਸਤਿਬੀਰ ਸਿੰਘ ਗੋਸਲ ਮੁੱਖ ਮਹਿਮਾਨ ਵੱਜੋ ਸ਼ਾਮਲ ਹੋਏ।ਇਸ ਤੋਂ ਇਲਾਵਾ ਪੀ.ਏ.ਯੂ ਦੇ ਰਜਿਸਟਰਾਰ ਡਾ: ਰਿਸ਼ੀਪਾਲ ਸਿੰਘ (ਆਈ.ਏ.ਐਸ.), ਅਤੇ ਡਾ: ਚਰਨਜੀਤ ਸਿੰਘ ਔਲਖ ਡੀਨ ਖੇਤੀਬਾੜੀ ਕਾਲਜ ਵਿਸ਼ੇਸ਼ ਮਹਿਮਾਨ ਵੱਜੋ ਸ਼ਾਮਲ ਹੋਏ। ਪੀ.ਏ.ਯੂ. ਇੰਪਲਾਈਜ਼ ਯੂਨੀਅਨ ਦੇ ਜਨਰਲ ਸਕੱਤਰ ਮਨਮੋਹਨ ਸਿੰਘ ਨੇ ਆਏ ਮਹਿਮਾਨਾਂ ਅਤੇ ਮੁਲਾਜ਼ਮਾਂ ਨੂੰ ਜੀ ਆਇਆਂ ਕਿਹਾ ਅਤੇ ਨਵੀਂ ਚੁਣੀ ਗਈ ਐਗਜੈਕਟਿਵ ਕੌਂਸਲ ਦੀ ਮੁੱਖ ਮਹਿਮਾਨ ਅਤੇ ਮੁਲਾਜ਼ਮਾਂ ਨਾਲ ਜਾਣ ਪਹਿਚਾਣ ਕਰਵਾਈ।ਯੂਨੀਅਨ ਦੇ ਪ੍ਰਧਾਨ ਬਲਦੇਵ ਸਿੰਘ ਵਾਲੀਆ ਨੇ ਸਮੂਹ ਮੁਲਾਜ਼ਮਾਂ ਦਾ ਧੰਨਵਾਦ ਕੀਤਾ ਜਿਹਨਾਂ ਨੇ ਵੱਡੇ ਫਰਕ ਨਾਲ ਜਿੱਤਾ ਕੇ ਲਗਾਤਾਰ ਛੇਵੀਂ ਵਾਰ ਯੂਨੀਅਨ ਦੀ ਵਾਗਡੋਰ ਉਹਨਾਂ ਦੀ ਟੀਮ ਨੂੰ ਸੌਂਪੀ।ਮੁੱਖ ਮਹਿਮਾਨ ਡਾ: ਸਤਿਬੀਰ ਸਿੰਘ ਗੋਸਲ ਵੱਲੋਂ ਨਵੀਂ ਚੁਣੀ ਗਈ ਟੀਮ ਨੂੰ ਵਧਾਈ ਦਿੱਤੀ ਗਈ। ਚੁਣੀ ਗਈ ਅਗਜੈਕਟਿਵ ਵਿੱਚ ਪ੍ਰਧਾਨ ਬਲਦੇਵ ਸਿੰਘ ਵਾਲੀਆ ਅਤੇ ਜਨਰਲ ਸਕੱਤਰ ਮਨਮੋਹਨ ਸਿੰਘ ਦੇ ਨਾਲ ਨਵਨੀਤ ਸ਼ਰਮਾ, ਨਰਿੰਦਰ ਸਿੰਘ ਸੇਖੋਂ, ਰਣਜੀਤ ਸਿੰਘ ਖੋਸਾ, ਧਰਮਿੰਦਰ ਸਿੰਘ ਸਿੱਧੂ, ਭੁਪਿੰਦਰ ਸਿੰਘ, ਗੁਰਇਕਬਾਲ ਸਿੰਘ, ਸਤਵਿੰਦਰ ਸਿੰਘ, ਹਰਮਿੰਦਰ ਸਿੰਘ, ਸੁਰਿੰਦਰ ਸਿੰਘ, ਬਰਿੰਦਰ ਸਿੰਘ ਪੰਡੋਰੀ, ਸੁਰਜੀਤ ਸਿੰਘ, ਕਰਨੈਲ ਸਿੰਘ, ਜਗਦੀਪ, ਸਿੰਘ ਸ਼ਾਮਲ ਹਨ।

## ਕਾਂਗੜਾ ਵਿਖੇ ਕਾਂਗਰਸ ਦੇ ਜ਼ਿਲ੍ਹਾ ਪ੍ਰਧਾਨਾਂ ਲਈ ਵਿਸ਼ੇਸ਼ ਸਿਖਲਾਈ ਕੈਂਪ



**ਸਮਾਣਾ (ਗੁਰਪਿਆਰ ਸਿੰਘ ਬੱਲ)**-ਪੰਜਾਬ ਵਿੱਚ 2027 ਦੀਆਂ ਵਿਧਾਨ ਸਭਾ ਚੋਣਾਂ ਨੂੰ ਮੁੱਖ ਰੱਖਦਿਆਂ ਕਾਂਗਰਸ ਪਾਰਟੀ ਨੇ ਜਿੱਥੇ ਕਮਰ ਕੱਸੇ ਕਰ ਲਏ ਹਨ ਉਥੇ ਹੀ ਪੰਜਾਬ ਤੋਂ ਦੂਰ ਪਹਾੜੀ ਇਲਾਕੇ ਕਾਂਗੜਾ ਵਿੱਚ ਪੰਜਾਬ ਕਾਂਗਰਸ ਦੇ ਜਿਲ੍ਹਾ ਪ੍ਰਧਾਨਾਂ ਨੂੰ ਇੱਕ ਕੈਂਪ ਵਿੱਚ ਮਿਸ਼ਨ 2027 ਲਈ 10 ਰੋਜ਼ਾ ਟ੍ਰੇਨਿੰਗ ਦੇ ਕੇ ਤਿਆਰ ਕੀਤਾ ਜਾ ਰਿਹਾ ਹੈ। ਇਸ ਕੈਂਪ ਵਿੱਚ ਪੰਜਾਬ ਦੇ ਵੱਖ-ਵੱਖ ਜਿਲਿਆਂ ਤੋਂ ਕਾਂਗਰਸ ਪਾਰਟੀ ਦੇ ਪ੍ਰਧਾਨਾਂ ਸਮੇਤ ਜ਼ਿਲ੍ਹਾ ਕਾਂਗਰਸ ਕਮੇਟੀ ਪਟਿਆਲਾ ਦੇ ਪ੍ਰਧਾਨ ਗੁਰਸ਼ਰਨ ਕੌਰ ਰੰਧਾਵਾ ਵੀ ਸ਼ਾਮਿਲ ਹਨ।ਦੱਸ ਦਈਏ ਕਿ ਆਲ ਇੰਡੀਆ ਕਾਂਗਰਸ ਕਮੇਟੀ ਦੇ ਪ੍ਰਧਾਨ ਮਲਿਕ ਅਰਜੁਨ ਖੜਗੇ ਅਤੇ ਲੋਕ ਸਭਾ 'ਚ ਵਿਰੋਧੀ ਧਿਰ ਦੇ ਨੇਤਾ ਸ੍ਰੀ ਰਾਹੁਲ ਗਾਂਧੀ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਕਾਂਗਰਸ ਪਾਰਟੀ ਵੱਲੋਂ ਸੰਗਠਨ ਸਿਰਜਣ ਅਭਿਆਨ ਚਲਾਇਆ ਗਿਆ ਹੈ, ਜਿਸ ਤਹਿਤ ਕਾਂਗਰਸ ਪਾਰਟੀ ਦੇ ਨੇਤਾਵਾਂ ਨੂੰ ਮਜ਼ਬੂਤ ਬਨਾਉਣ ਲਈ ਸਿਆਸਤ ਦੇ ਨਵੇਂ ਗੁਰ ਸਿਖਾਏ ਜਾ ਰਹੇ ਹਨ ਤਾਂ ਜੋ ਵੱਧ ਤੋਂ ਵੱਧ ਲੋਕਾਂ ਨੂੰ ਕਾਂਗਰਸ ਪਾਰਟੀ ਦੀਆਂ ਲੋਕ ਪੱਖੀ ਨੀਤੀਆਂ ਪ੍ਰਤੀ ਲਾਮਬੱਧ ਕਰਕੇ ਕਾਂਗਰਸ ਪਾਰਟੀ ਨਾਲ ਜੋੜਕੇ ਪਾਰਟੀ ਨੂੰ ਮਜਬੂਤ ਬਣਾਇਆ ਜਾ ਸਕੇ।ਪ੍ਰੋਗਰਾਮ ਵਿੱਚ ਆਲ ਇੰਡੀਆ ਕਾਂਗਰਸ ਕਮੇਟੀ ਦੇ ਜਨਰਲ ਸਕੱਤਰ ਤੇ ਪੰਜਾਬ ਮਾਮਲਿਆਂ ਦੇ ਇੰਚਾਰਜ ਭੁਪੇਸ਼ ਬਘੇਲ ਅਤੇ ਪੰਜਾਬ ਕਾਂਗਰਸ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਸਮੇਤ ਕੇਂਦਰ ਤੇ ਪੰਜਾਬ ਸੀਨੀਅਰ ਲੀਡਰ ਉਚੇਚੇ ਤੌਰ 'ਤੇ ਮਾਰਗਦਰਸ਼ਨ ਕਰਨ ਲਈ ਪਹੁੰਚੇ ਹੋਏ ਹਨ ਅਤੇ ਜਿਲ੍ਹਾ ਪ੍ਰਧਾਨਾਂ ਨੂੰ ਮਜਬੂਤ ਫੈਸਲੇ ਲੈਣ ਲਈ ਵੀ ਦ੍ਰਿੜ ਕੀਤਾ ਜਾ ਰਿਹਾ ਹੈ।ਬੀਬੀ ਰੰਧਾਵਾ ਨੇ ਕਿਹਾ ਕਿ ਰਾਹੁਲ ਗਾਂਧੀ ਦਾ ਸੁਪਨਾ ਹੈ ਕੇ ਸਿਆਸਤ ਵਿੱਚ ਔਰਤਾਂ ਅਤੇ ਨੌਜਵਾਨ ਚਿਹਰਿਆਂ ਨੂੰ ਵੱਧ ਤੋਂ ਵੱਧ ਨੁਮਾਇੰਦਗੀ ਦਿੱਤੀ ਜਾਵੇ। ਬੀਤੇ ਕੱਲ੍ਹ ਆਲ ਇੰਡੀਆ ਕਾਂਗਰਸ ਕਮੇਟੀ ਦੇ ਜਨਰਲ ਸਕੱਤਰ ਸ੍ਰੀ ਕੇਸੀ ਵੇਨੂ ਗੋਪਾਲ ਵੀ ਪਹੁੰਚੇ ਹੋਏ ਸਨ।ਇਸ ਕੈਂਪ ਵਿੱਚ ਜਿਲਾ ਕਾਂਗਰਸ ਪਟਿਆਲਾ ਸ਼ਹਿਰੀ ਦੇ ਪ੍ਰਧਾਨ ਨਰੇਸ਼ ਦੁਗਲ ਵੀ ਸ਼ਾਮਿਲ ਹਨ।

## ਸੀਨੀਅਰ ਅਕਾਲੀ ਆਗੂ ਸਰਾਓ ਭਾਜਪਾ 'ਚ ਹੋਏ ਸ਼ਾਮਲ



**ਭਵਾਨੀਗੜ੍ਹ (ਰਾਜ ਖੁਰਮੀ)**-ਸ਼੍ਰੋਮਣੀ ਅਕਾਲੀ ਦਲ (ਪੁਨਰ ਸੁਰਜੀਤ) ਦੇ ਸੀਨੀਅਰ ਉਪ ਪ੍ਰਧਾਨ ਸੁਖਵੰਤ ਸਿੰਘ ਸਰਾਓ ਪਾਰਟੀ ਨੂੰ ਅਲਵਿਦਾ ਆਖ ਕੇ ਆਪਣੇ ਸਮਰਥਕਾਂ ਸਮੇਤ ਭਾਰਤੀ ਜਨਤਾ ਪਾਰਟੀ ਵਿੱਚ ਸ਼ਾਮਲ ਹੋ ਗਏ। ਚੰਡੀਗੜ੍ਹ ਵਿੱਚ ਬੀਤੇ ਦਿਨ ਹੋਏ ਇੱਕ ਸਮਾਗਮ ਦੌਰਾਨ ਭਾਜਪਾ ਦੇ ਸੂਬਾ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਅਸ਼ਵਨੀ ਕੁਮਾਰ ਦੀ ਹਾਜ਼ਰੀ ਵਿੱਚ ਉਨ੍ਹਾਂ ਨੇ ਪਾਰਟੀ ਦੀ ਮੈਂਬਰਸ਼ਿਪ ਪ੍ਰਾਪਤ ਕੀਤੀ। ਇਸ ਮੌਕੇ ਸਾਬਕਾ ਜ਼ਿਲ੍ਹਾ ਵਿਕਾਸ ਅਤੇ ਪੰਚਾਇਤ ਅਧਿਕਾਰੀ (ਡੀ ਡੀ ਪੀ ਓ) ਸਾਬਕਾ ਵਧੀਕ ਡਿਪਟੀ ਕਮਿਸ਼ਨਰ ( ਵਿਕਾਸ ) ਗੁਰਵਿੰਦਰ ਸਿੰਘ ਭੁਟਾਲ ਵੀ ਭਾਜਪਾ ਵਿੱਚ ਸ਼ਾਮਲ ਹੋ ਗਏ। ਸਰਾਓ ਦੀ ਰਾਜਨੀਤਿਕ ਯਾਤਰਾ ਸਾਬਕਾ ਅਕਾਲੀ ਆਗੂ ਸੁਖਦੇਵ ਸਿੰਘ ਢੀਂਡਸਾ ਨਾਲ ਬਹੁਤ ਲੰਬਾ ਸਮਾਂ ਜੁੜੀ ਰਹੀ।ਉਨ੍ਹਾਂ ਨੂੰ ਢੀਂਡਸਾ ਦੇ ਸਭ ਤੋਂ ਵਿਸ਼ਵਾਸਪਾਤਰ ਸਾਥੀਆਂ ਵਿੱਚ ਗਿਣਿਆ ਜਾਂਦਾ ਰਿਹਾ ਹੈ।ਜਦੋਂ ਢੀਂਡਸਾ ਨੇ ਵੱਖ ਹੋ ਕੇ ਸ਼੍ਰੋਮਣੀ ਅਕਾਲੀ ਦਲ (ਸੰਯੁਕਤ) ਦੀ ਸਥਾਪਨਾ ਕੀਤੀ ਤਾਂ ਸਰਾਓ ਵੀ ਉਨ੍ਹਾਂ ਦੇ ਨਾਲ ਹੀ ਚਲੇ ਗਏ।ਬਾਅਦ ਵਿੱਚ ਜਦੋਂ ਢੀਂਡਸਾ ਦੇ ਪੁੱਤਰ ਅਤੇ ਸਾਬਕਾ ਕੈਬਿਨਟ ਮੰਤਰੀ ਪਰਮਿੰਦਰ ਸਿੰਘ ਢੀਂਡਸਾ ਨੇ ਸੁਨਾਮ ਹਲਕਾ ਛੱਡ ਕੇ ਲਹਿਰਾ ਤੋਂ ਚੋਣ ਲੜਨ ਦਾ ਫ਼ੈਸਲਾ ਕੀਤਾ ਤਾਂ ਸਰਾਓ ਨੇ ਆਪਣੀ ਦਾਵੇਦਾਰੀ ਖੁਦ ਹੀ ਵਾਪਸ ਲੈ ਲਈ। ਸਾਲ 2020 ਵਿੱਚ ਸਰਾਓ ਨੇ ਢੀਂਡਸਾ ਦੇ ਨਾਲ ਹੀ ਸ਼੍ਰੋਮਣੀ ਅਕਾਲੀ ਦਲ (ਪੁਨਰ ਸੁਰਜੀਤ) ਵਿੱਚ ਸ਼ਾਮਲ ਹੋ ਕੇ ਸੀਨੀਅਰ ਉਪ ਪ੍ਰਧਾਨ ਵਜੋਂ ਜ਼ਿੰਮੇਵਾਰੀ ਨਿਭਾਈ ।

## ਅਗਰਵਾਲ ਧਰਮਸ਼ਾਲਾ ਤੇ ਸਕੂਲ ਪ੍ਰਬੰਧਕ ਕਮੇਟੀ ਦੇ ਦਰਸ਼ਨ ਮਿੱਤਲ ਪ੍ਰਧਾਨ ਚੁਣੇ ਗਏ



**ਸਮਾਣਾ (ਗੁਰੂ ਪਿਆਰ ਸਿੰਘ ਬੱਲ, ਇਕਬਾਲ ਸਿੰਘ ਬੱਲ)**-ਸ੍ਰੀ ਅਗਰਵਾਲ ਧਰਮਸ਼ਾਲਾ ਅਤੇ ਸਕੂਲ ਪ੍ਰਬੰਧਕ ਕਮੇਟੀ ਦੀਆਂ ਚੋਣਾਂ ਅਬਜ਼ਰਵਰ ਐਸ.ਡੀ.ਐਮ. ਰਿਚਾ ਗੋਇਲ ਦੀ ਨਿਗਰਾਨੀ ਹੇਠ ਅਮਨ-ਅਮਾਨ ਨਾਲ ਨੇਪਰੇ ਚੜ੍ਹੀਆਂ।ਇਸ ਚੋਣ ਵਿੱਚ ਦਰਸ਼ਨ ਮਿੱਤਲ (ਸਾਦੀਪੁਰ ਵਾਲੇ) ਨੇ ਸ਼ਾਨਦਾਰ ਜਿੱਤ ਪ੍ਰਾਪਤ ਕਰਦਿਆਂ ਪ੍ਰਧਾਨਗੀ ਦਾ ਅਹੁਦਾ ਸੰਭਾਲਿਆ ਹੈ ਚੋਣ ਕਮੇਟੀ ਦੇ ਚੇਅਰਮੈਨ ਰਾਮ ਬਾਂਸਲ ਅਤੇ ਵਾਈਸ ਚੇਅਰਮੈਨ ਵਿਜੇ ਮਿੱਤਲ ਨੇ ਨਤੀਜਿਆਂ ਦਾ ਐਲਾਨ ਕਰਦਿਆਂ ਦੱਸਿਆ ਕਿ ਕੁੱਲ 3566 ਵੋਟਰਾਂ ਵਿੱਚੋਂ 3130 ਵੋਟਾਂ ਪੋਲ ਹੋਈਆਂ।ਦਰਸ਼ਨ ਮਿੱਤਲ ਨੂੰ 1748 ਵੋਟਾਂ ਮਿਲੀਆਂ।ਉਨ੍ਹਾਂ ਦੇ ਵਿਰੋਧੀ ਉਮੀਦਵਾਰ ਦੇਵਕੀ ਨੰਦਨ ਸਿੰਗਲਾ ਨੂੰ 1355 ਵੋਟਾਂ ਪ੍ਰਾਪਤ ਹੋਈਆਂ।ਦਰਸ਼ਨ ਮਿੱਤਲ ਨੇ ਆਪਣੇ ਵਿਰੋਧੀ ਨੂੰ 393 ਵੋਟਾਂ ਦੇ ਫਰਕ ਨਾਲ ਮਾਤ ਦਿੱਤੀ।ਪ੍ਰਧਾਨ ਦੇ ਨਾਲ-ਨਾਲ ਵੱਖ-ਵੱਖ ਜ਼ੋਨਾਂ ਤੋਂ 14 ਮੈਂਬਰਾਂ ਦੀ ਚੋਣ ਕੀਤੀ ਗਈ, ਜਿਨ੍ਹਾਂ ਵਿੱਚੋਂ ਕਈ ਬਿਨਾਂ ਮੁਕਾਬਲਾ ਅਤੇ ਕਈ ਵੋਟਿੰਗ ਰਾਹੀਂ ਜਿੱਤੇ:ਜ਼ੋਨ ਏ: ਪ੍ਰਵੇਸ਼ ਕੁਮਾਰ ਗਰਗ, ਜ਼ੋਨ ਡੀ: ਸਾਜਨ ਕੁਮਾਰ ਜਿੰਦਲ, ਜ਼ੋਨ ਈ: ਸੰਦੀਪ ਬਾਂਸਲ, ਜ਼ੋਨ ਐਫ: ਮਨੀਸ਼ ਕੁਮਾਰ, ਜ਼ੋਨ ਜੇ: ਨਵੀਨ ਕੁਮਾਰ ਗੋਇਲ, ਜ਼ੋਨ ਬੀ: ਗੌਰਵ ਜਿੰਦਲ (18 ਵੋਟਾਂ ਨਾਲ ਜੇਤੂ), ਜ਼ੋਨ ਸੀ: ਸੰਜੀਵ ਮਿੱਤਲ (53 ਵੋਟਾਂ ਨਾਲ ਜੇਤੂ), ਜ਼ੋਨ ਜੀ: ਰਵੀ ਕੁਮਾਰ ਟੀਮਾਂ (9 ਵੋਟਾਂ ਨਾਲ ਜੇਤੂ), ਜ਼ੋਨ ਐਚ: ਵਿਕਾਸ ਸਿੰਗਲਾ (50 ਵੋਟਾਂ ਨਾਲ ਜੇਤੂ), ਜ਼ੋਨ ਆਈ: ਰਾਕੇਸ਼ ਕੁਮਾਰ (8 ਵੋਟਾਂ ਨਾਲ ਜੇਤੂ), ਜ਼ੋਨ ਕੇ: ਨਿਸ਼ਾਂਤ ਸਿੰਗਲਾ (56 ਵੋਟਾਂ ਨਾਲ ਜੇਤੂ),ਜ਼ੋਨ ਐਲ: ਤਜਿੰਦਰ ਕੁਮਾਰ ਸੋਨੂੰ (9 ਵੋਟਾਂ ਨਾਲ ਜੇਤੂ),ਜ਼ੋਨ ਐਮ: ਰਿਸ਼ੂ ਸਿੰਗਲਾ (171 ਵੋਟਾਂ ਨਾਲ) ਜੇਤੂਲ ਰਹੇ। ?ਚੋਣਾਂ ਦੌਰਾਨ ਪੁਲਿਸ ਨੇ ਸਖਤ ਸੁਰੱਖਿਆ ਪ੍ਰਬੰਧ ਕੀਤੇ ਗਏ ਸਨ।

## ਬਿਊਟੀ ਐਂਡ ਵੈਲਨੈੱਸ ਤੇ ਸਕਿਲ ਡਿਵੈੱਲਪਮੈਂਟ 'ਤੇ ਸੈਮੀਨਾਰ




**ਜਗਰਾਉਂ (ਸੰਜੀਵ ਅਰੋੜਾ)**-ਸਵਾਮੀ ਰੂਪ ਚੰਦ ਜੈਨ ਸੀਨੀਅਰ ਸੈਕੰਡਰੀ ਪਬਲਿਕ ਸਕੂਲ ਵਿੱਚ ਪ੍ਰਿੰਸੀਪਲ ਰਾਜਪਾਲ ਕੌਰ ਦੀ ਅਗਵਾਈ ਤੇ ਸਮੂਹ ਮੈਨਜਮੈਂਟ ਦੇ ਸਹਿਯੋਗ ਸਦਕਾ ਕਲਾਸ 11 ਤੇ 12 ਦੀਆਂ ਵਿਦਿਆਰਥਣਾਂ ਲਈ ਬਿਊਟੀ ਐਂਡ ਵੈਲਨੈੱਸ ਖੇਤਰ ਵਿੱਚ ਸਕਿਲ ਡਿਵੈਲਪਮੈਂਟ ਵਿਸ਼ੇ 'ਤੇ ਇੱਕ ਸੈਮੀਨਾਰ ਦਾ ਸਫ਼ਲ ਆਯੋਜਨ ਕੀਤਾ ਗਿਆ। ਇਹ ਸੈਮੀਨਾਰ ਐਨਆਈਆਈਬੀ ਇੰਸਟੀਚਿਊਟ ਤੋਂ ਮੈਮ ਮਨਦੀਪ ਤੇ ਮੈਮ ਹਰਸ਼ ਵੱਲੋਂ ਕਰਾਇਆ ਗਿਆ। ਉਨ੍ਹਾਂ ਵਿਦਿਆਰਥਣਾਂ ਨੂੰ ਬਿਊਟੀ ਅਤੇ ਵੈਲਨੈੱਸ ਇੰਡਸਟਰੀ ਵਿੱਚ ਕਰੀਅਰ ਦੇ ਮੌਕਿਆਂ ਬਾਰੇ ਜਾਣਕਾਰੀ ਦਿੱਤੀ। ਇਸ ਦੇ ਨਾਲ ਹੀ ਉਨ੍ਹਾਂ ਨੇ ਵੱਖ-ਵੱਖ ਪ੍ਰੋਫੈਸ਼ਨਲ ਕੋਰਸਾਂ, ਪ੍ਰੈਕਟੀਕਲ ਸਕਿਲਾਂ ਅਤੇ ਪਰਸਨੈਲਿਟੀ ਡਿਵੈਲਪਮੈਂਟ ਤੇ ਗਰੂਮਿੰਗ ਦੀ ਮਹੱਤਤਾ ਬਾਰੇ ਵੀ ਜਾਣਕਾਰੀ ਸਾਂਝੀ ਕੀਤੀ। ਇਹ ਸੈਸ਼ਨ ਜਾਣਕਾਰੀ ਭਰਪੂਰ ਰਿਹਾ, ਜਿਸ ਵਿੱਚ ਵਿਦਿਆਰਥਣਾਂ ਨੇ ਬੜੇ ਉਤਸ਼ਾਹ ਨਾਲ ਭਾਗ ਲਿਆ। ਸਪੀਕਰਾਂ ਨੇ ਵਿਦਿਆਰਥਣਾਂ ਨੂੰ ਆਤਮਨਿਰਭਰ ਬਣਨ ਤੇ ਵੱਖ-ਵੱਖ ਕਰੀਅਰ ਮੌਕਿਆਂ ਦੀ ਖੋਜ ਕਰਨ ਲਈ ਪ੍ਰੇਰਿਤ ਕੀਤਾ। ਸਕੂਲ ਦੀ ਪ੍ਰਿੰਸੀਪਲ ਰਾਜਪਾਲ ਕੌਰ ਦਾ ਇਹ ਉਪਰਾਲਾ ਬਹੁਤ ਹੀ ਸ਼ਲਾਘਾਯੋਗ ਹੈ। ਉਨ੍ਹਾਂ ਨੇ ਵਿਦਿਆਰਥੀਆਂ ਲਈ ਸਕਿਲ-ਅਧਾਰਿਤ ਸਿੱਖਿਆ ਦੀ ਮਹੱਤਤਾ 'ਤੇ ਜ਼ੋਰ ਦਿੱਤਾ। ਉਨ੍ਹਾਂ ਨੇ ਵਿਦਿਆਰਥਣਾਂ ਨੂੰ ਐਸੀ ਮੌਕਿਆਂ ਦਾ ਲਾਭ ਚੁੱਕਣ ਲਈ ਪ੍ਰੇਰਤ ਕੀਤਾ।

# ਮਾਨ ਸਰਕਾਰ ਦੇ ਇਤਿਹਾਸਕ ਫ਼ੈਸਲਿਆਂ ਨਾਲ ਪੰਜਾਬ 'ਚ ਆਇਆ ਖੁਸ਼ਹਾਲੀ ਦਾ ਦੌਰ : ਮਿੰਕੂ ਜਵੰਧਾ



**ਭਵਾਨੀਗੜ (ਰਾਜ ਖੁਰਮੀ)**

ਪੰਜਾਬ ਇਨਫੋਟੈਕ ਦੇ ਚੇਅਰਮੈਨ ਡਾ. ਗੁਨਿੰਦਰਜੀਤ ਸਿੰਘ ਮਿੰਕੂ ਜਵੰਧਾ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਲੋਕ ਭਲਾਈ ਲਈ ਲਏ ਗਏ ਇਤਿਹਾਸਕ ਫੈਸਲਿਆਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਨ੍ਹਾਂ ਕਦਮਾਂ ਨਾਲ ਪੰਜਾਬ ਵਿੱਚ ਖੁਸ਼ਹਾਲੀ ਦਾ ਨਵਾਂ ਦੌਰ ਸ਼ੁਰੂ ਹੋਇਆ ਹੈ।ਉਨ੍ਹਾਂ ਕਿਹਾ ਕਿ ਸਿਹਤ, ਸਿੱਖਿਆ, ਰੁਜ਼ਗਾਰ, ਬਿਜਲੀ ਤੇ ਬੁਨਿਆਦੀ ਢਾਂਚੇ ਵਰਗੇ ਖੇਤਰਾਂ ਵਿੱਚ ਕੀਤੇ ਗਏ ਸੁਧਾਰਾਂ ਦਾ ਸਿੱਧਾ ਲਾਭ ਆਮ ਲੋਕਾਂ ਤੱਕ ਪਹੁੰਚ ਰਿਹਾ ਹੈ।

ਡਾ. ਜਵੰਧਾ ਨੇ ਕਿਹਾ ਕਿ ਸਿਹਤ ਖੇਤਰ ਵਿੱਚ ਪੰਜਾਬ ਸਰਕਾਰ ਨੇ ਵੱਡੀ ਕ੍ਰਾਂਤੀ ਲਿਆਉਂਦਿਆਂ ਸੂਬੇ ਭਰ ਵਿੱਚ 985 ਆਮ ਆਦਮੀ ਕਲੀਨਿਕ ਸਥਾਪਤ ਕੀਤੇ ਹਨ, ਜਿੱਥੇ ਲੋਕਾਂ ਨੂੰ ਮੁਫ਼ਤ ਦਵਾਈਆਂ ਤੇ ਟੈਸਟਾਂ ਦੀ ਸਹੂਲਤ ਮਿਲ ਰਹੀ ਹੈ।ਇਸ ਤੋਂ ਇਲਾਵਾ ਹਰ ਪਰਵਾਰ ਨੂੰ 10 ਲੱਖ ਰੁਪਏ ਤੱਕ ਦੇ ਮੁਫ਼ਤ ਇਲਾਜ ਦੀ ਸਹੂਲਤ ਵਾਲਾ ਕਾਰਡ ਜਾਰੀ ਕਰਕੇ ਵੱਡੀ ਰਾਹਤ ਦਿੱਤੀ ਗਈ ਹੈ।ਬਿਜਲੀ ਖੇਤਰ ਵਿੱਚ ਸਰਕਾਰ ਦੀਆਂ ਉਪਲਬਧੀਆਂ ਦਾ ਜ਼ਿਕਰ ਕਰਦਿਆਂ ਉਨ੍ਹਾਂ ਕਿਹਾ ਕਿ 600 ਯੂਨਿਟ ਮੁਫ਼ਤ ਬਿਜਲੀ ਦੀ ਸਹੂਲਤ ਨਾਲ ਲਗਭਗ 90 ਫੀਸਦੀ ਘਰਾਂ ਦੇ ਬਿਜਲੀ ਬਿੱਲ ਜ਼ੀਰੋ ਹੋ ਗਏ ਹਨ।ਖੇਤੀਬਾੜੀ ਲਈ ਦਿਨ ਵੇਲੇ ਨਿਰਵਿਘਨ ਬਿਜਲੀ ਸਪਲਾਈ ਯਕੀਨੀ ਬਣਾਉਣਾ ਕਿਸਾਨਾਂ ਲਈ ਵਰਦਾਨ ਸਾਬਤ ਹੋ ਰਿਹਾ ਹੈ।ਰੁਜ਼ਗਾਰ ਦੇ ਮੁੱਦੇ 'ਤੇ ਗੱਲ ਕਰਦਿਆਂ ਡਾ. ਜਵੰਧਾ ਨੇ ਦੱਸਿਆ ਕਿ ਮਾਨ ਸਰਕਾਰ ਨੇ ਹੁਣ ਤੱਕ 65,264 ਨੌਜਵਾਨਾਂ ਨੂੰ ਪੂਰੀ ਪਾਰਦਰਸ਼ਤਾ ਨਾਲ ਸਰਕਾਰੀ ਨੌਕਰੀਆਂ ਦਿੱਤੀਆਂ ਹਨ।ਖੇਤੀਬਾੜੀ ਤੇ ਵਾਤਾਵਰਣ ਦੀ ਸੁਰੱਖਿਆ ਲਈ ਨਹਿਰੀ ਪਾਣੀ ਦੀ ਵਰਤੋਂ ਵਿੱਚ 78 ਫੀਸਦੀ ਵਾਧਾ ਕੀਤਾ ਗਿਆ ਹੈ, ਜਿਸ ਨਾਲ ਧਰਤੀ ਹੇਠਲੇ ਪਾਣੀ ਦੀ ਬਚਤ ਸੰਭਵ ਹੋ ਰਹੀ ਹੈ।ਉਨ੍ਹਾਂ ਕਿਹਾ ਕਿ ਸੂਬੇ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ 44 ਹਜ਼ਾਰ ਕਿਲੋਮੀਟਰ ਦੇ ਸੜਕੀ ਪ੍ਰਾਜੈਕਟਾਂ 'ਤੇ ਤੇਜ਼ੀ ਨਾਲ ਕੰਮ ਚੱਲ ਰਿਹਾ ਹੈ, ਜਿਸ ਨਾਲ ਵਪਾਰ ਅਤੇ ਆਵਾਜਾਈ ਨੂੰ ਨਵੀਂ ਰਫ਼ਤਾਰ ਮਿਲੇਗੀ।ਸੜਕੀ ਹਾਦਸਿਆਂ ਵਿੱਚ ਕੀਮਤੀ ਜਾਨਾਂ ਬਚਾਉਣ ਲਈ ਦੇਸ਼ ਦੀ ਪਹਿਲੀ 'ਸੜਕ ਸੁਰੱਖਿਆ ਫੋਰਸ' ਦੀ ਸਥਾਪਨਾ ਵੀ ਸਰਕਾਰ ਦਾ ਇਤਿਹਾਸਕ ਕਦਮ ਹੈ।ਅੰਤ ਡਾ. ਮਿੰਕੂ ਜਵੰਧਾ ਨੇ ਕਿਹਾ ਕਿ ਪੰਜਾਬ ਸਰਕਾਰ ਦਾ ਮੁੱਖ ਮਨੋਰਥ ਸਿਹਤਮੰਦ ਪੰਜਾਬ, ਖੁਸ਼ਹਾਲ ਪੰਜਾਬ ਦੇ ਸੰਕਲਪ ਨੂੰ ਹਰ ਘਰ ਤੱਕ ਪੁਚਾਉਣਾ ਹੈ ਅਤੇ ਆਉਣ ਵਾਲੇ ਸਮੇਂ ਵਿੱਚ ਵਿਕਾਸ ਦੀ ਇਹ ਰਫ਼ਤਾਰ ਹੋਰ ਵੀ ਤੇਜ਼ ਹੋਵੇਗੀ।

## ਫੌਜ, ਨੀਮ ਫੌਜੀ ਬਲਾਂ ਤੇ ਪੁਲਸ 'ਚ ਭਰਤੀ ਹੋਣ ਲਈ ਸਿਖਲਾਈ ਕੋਰਸ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)** ਜ਼ਿਲ੍ਹਾ ਰੱਖਿਆ ਸੇਵਾਵਾਂ ਭਲਾਈ ਅਫ਼ਸਰ ਕਮਾਂਡਰ ਬਲਜਿੰਦਰ ਵਿਰਕ (ਰਿਟਾ.) ਨੇ ਦੱਸਿਆ ਕਿ ਵਿਭਾਗ ਦੇ ਪ੍ਰੀ-ਰਿਕਰੂਟਮੈਂਟ ਸੈਂਟਰ ਵਿਖੇ ਫੌਜ ਤੇ ਨੀਮ ਫੌਜੀ ਬਲਾਂ ਵਿੱਚ ਭਰਤੀ ਹੋਣ ਲਈ ਕੇਵਲ ਪੰਜਾਬ ਦੇ ਬੱਚਿਆਂ ਲਈ ਪ੍ਰੀ-ਰਿਕਰੂਟਮੈਂਟ ਟ੍ਰੇਨਿੰਗ ਕੋਰਸ 4 ਮਈ ਤੋਂ ਸ਼ੁਰੂ ਕੀਤਾ ਜਾ ਰਿਹਾ ਹੈ, ਜਿਸ ਦਾ ਮੰਤਵ ਸੈਨਾ ਵਿੱਚ ਸੇਵਾ ਕਰ ਰਹੇ ਸੈਨਿਕਾਂ, ਸਾਬਕਾ ਸੈਨਿਕਾਂ ਤੇ ਬਾਕੀ ਸ੍ਰੇਣੀਆਂ ਦੇ ਬੱਚਿਆਂ ਨੂੰ ਫੌਜ, ਨੀਮ ਫੌਜੀ ਬਲਾਂ ਤੇ ਪੁਲਸ ਵਿੱਚ ਭਰਤੀ ਹੋਣ ਲਈ ਯੋਗ ਬਣਾਉਣਾ ਹੈ।ਇਹ ਕੋਰਸ 45 ਦਿਨ ਦਾ ਹੋਵੇਗਾ, ਜਿਸ ਦੌਰਾਨ ਵਿਦਿਆਰਥੀਆਂ ਨੂੰ ਸਰੀਰਕ ਤੌਰ 'ਤੇ ਭਰਤੀ ਹੋਣ ਲਈ ਲੋੜੀਂਦੇ ਮਿਆਰ ਲਈ ਤਿਆਰ ਕੀਤਾ ਜਾਵੇਗਾ। ਇਸ ਤੋਂ ਇਲਾਵਾ ਉਨ੍ਹਾਂ ਨੂੰ ਲਿਖਤੀ ਇਮਤਿਹਾਨ ਦੀ ਤਿਆਰੀ ਵੀ ਕਰਵਾਈ ਜਾਵੇਗੀ।ਫੌਜ ਵਿੱਚ ਸਿਪਾਹੀ ਦੀ ਭਰਤੀ ਲਈ ਉਮੀਦਵਾਰ ਦੀ ਉਮਰ 17-1/2 ਤੋਂ 22 ਸਾਲ, ਕੱਦ 170 ਸੈਂਟੀਮੀਟਰ, ਛਾਤੀ 77 ਤੋਂ 82 ਸੈਂਟੀਮਿਟਰ ਅਤੇ ਵਜਨ 50 ਕਿੱਲੋ ਹੋਣਾ ਚਾਹੀਦਾ ਹੈ ਤੇ ਉਮੀਦਵਾਰ ਦਸਵੀਂ ਕਲਾਸ ਵਿੱਚ ਕੁੱਲ 45% ਤੇ ਹਰੇਕ ਵਿਸ਼ੇ ਵਿੱਚ 33% ਨੰਬਰਾਂ ਨਾਲ ਪਾਸ ਹੋਣ ਜ਼ਰੂਰੀ ਹੈ।ਕਲਰਕ/ਐਸ.ਕੇ.ਟੀ ਦੀ ਭਰਤੀ ਲਈ ਉਮੀਦਵਾਰਾਂ ਦੀ ਉਮਰ 17-1/2 ਤੋਂ 22 ਸਾਲ ਦੇ ਵਿਚਕਾਰ ਤੇ ਕੱਦ ਘੱਟੋ-ਘੱਟ 162 ਸੈਂਟੀਮੀਟਰ ਹੋਣਾ ਜ਼ਰੂਰੀ ਹੈ। ਅੰਗਰੇਜ਼ੀ ਤੇ ਗਣਿਤ/ਅਕਾਉਂਟਿੰਗ/ਬੁੱਕ ਕੀਪਿੰਗ ਵਿਸ਼ਿਆਂ ਵਿੱਚ 50% ਨੰਬਰਾਂ ਨਾਲ ਪਾਸ ਹੋਣਾ ਜ਼ਰੂਰੀ ਹੈ।

## 'ਆਪ' ਛੱਡ ਭਾਜਪਾ 'ਚ ਜਾਣ ਵਾਲਿਆਂ ਦੀ ਸੀਟੂ ਵੱਲੋਂ ਤਿੱਖੀ ਨਿਖੇਧੀ



**ਲੁਧਿਆਣਾ (ਰੈਕਟਰ ਕਥੂਰੀਆ)**-ਸੀਟੂ ਦੇ ਸੂਬਾਈ ਪ੍ਰਧਾਨ ਕਾਮਰੇਡ ਚੰਦਰ ਸ਼ੇਖਰ ਜਨਰਲ ਸਕੱਤਰ ਸਾਥੀ ਮਹਾਂ ਸਿੰਘ ਰੌੜੀ, ਵਿੱਤ ਸਕੱਤਰ ਸਾਥੀ ਸੁਖਮਿੰਦਰ ਸਿੰਘ ਲੋਟੇ, ਸੂਬਾਈ ਸਕੱਤਰ ਅਮਰਨਾਥ ਕੂੰਮਕਲਾਂ ਨੇ 'ਆਪ' ਦੇ 7 ਸੰਸਦ ਮੈਂਬਰਾਂ ਵੱਲੋਂ ਭਾਜਪਾ ਵਿੱਚ ਸ਼ਾਮਲ ਹੋਣ ਬਾਰੇ ਅਪਣਾ ਪ੍ਰਤੀਕਰਮ ਦਿੰਦੇ ਹੋਏ ਕਿਹਾ ਕਿ ਉਨ੍ਹਾਂ ਨੂੰ ਭਾਜਪਾ ਵਿੱਚ ਸ਼ਮੂਲੀਅਤ ਕਰਨ ਤੋਂ ਪਹਿਲਾਂ ਅਪਣੀ ਸੰਸਦ ਦੀ ਮੈਂਬਰਸ਼ਿਪ ਤੋਂ ਅਸਤੀਫੇ ਦੇਣੇ ਚਾਹੀਦੇ ਸਨ।ਸੀਟੂ ਆਗੂਆਂ ਨੇ ਕਿਹਾ ਕਿ ਠੀਕ ਹੈ ਕਿਸੇ ਵੀ ਕਾਰਨ ਕਰਕੇ ਉਨ੍ਹਾਂ ਦਾ ਆਪ ਪਾਰਟੀ ਤੋਂ ਜੇਕਰ ਮੋਹ ਭੰਗ ਹੋ ਗਿਆ ਸੀ ਤਾਂ ਉਹ ਕਿਸੇ ਵੀ ਹੋਰ ਪਾਰਟੀ ਵਿੱਚ ਜਾਣ ਲਈ ਹੱਕਦਾਰ ਹਨ, ਪ੍ਰੰਤੂ ਜਿਨ੍ਹਾਂ ਭਾਜਪਾ ਵਿਰੋਧੀ ਲੋਕਾਂ ਜਾਂ ਵਿਧਾਇਕਾਂ ਨੇ ਉਨ੍ਹਾਂ ਨੂੰ ਚੁਣਿਆ ਸੀ, ਉਨ੍ਹਾਂ ਦੀਆਂ ਭਾਵਨਾਵਾਂ ਦੀ ਕਦਰ ਕਰਨਾ ਤੇ ਸੰਸਦ ਮੈਂਬਰੀਆਂ 'ਤੇ ਬੈਠੇ ਰਹਿਣਾ ਤਾਂ ਲੋਕ ਪ੍ਰਤੀਨਿਧਤਾ ਨਹੀਂ ਰਹਿ ਜਾਂਦੀ।

## ਵਿਦਿਆਰਥੀਆਂ ਨੂੰ ਟ੍ਰੈਫਿਕ ਨਿਯਮਾਂ ਸੰਬੰਧੀ ਕਰਾਇਆ ਜਾਣੂ



**ਜਗਰਾਉਂ (ਸੰਜੀਵ ਅਰੋੜਾ)**-ਸੰਤ ਰਾਮ ਗੁਰੂਕੁਲ ਹਾਈ ਸਕੂਲ ਪਿੰਡ ਬਜ਼ੁਰਗ ਵਿਖੇ ਟ੍ਰੈਫਿਕ ਪੁਲਿਸ ਵੱਲੋਂ ਵਿਦਿਆਰਥੀਆਂ ਨੂੰ ਟ੍ਰੈਫਿਕ ਨਿਯਮਾਂ ਸੰਬੰਧੀ ਜਾਣੂ ਕਰਾਇਆ ਗਿਆ। ਐਸਐਸਪੀ ਡਾ. ਅੰਕੁਰ ਗੁਪਤਾ ਤੇ ਡੀ.ਐਸ.ਪੀ. ਟ੍ਰੈਫਿਕ ਕੁਲਵੰਤ ਸਿੰਘ ਦੇ ਦਿਸ਼ਾ ਨਿਰਦੇਸ਼ ਤਹਿਤ ਕੁਮਾਰ ਸਿੰਘ ਇੰਚਾਰਜ ਟ੍ਰੈਫਿਕ ਦੀ ਅਗਵਾਈ ਹੇਠ ਟ੍ਰੈਫਿਕ ਐਜੂਕੇਸ਼ਨ ਸੈੱਲ ਏ.ਐਸ.ਆਈ.ਹਰਪਾਲ ਸਿੰਘ ਵੱਲੋਂ ਸੇਂਟ ਸੰਤ ਰਾਮ ਗੁਰੂਕੁਲ ਹਾਈ ਸਕੂਲ ਪਿੰਡ ਬਜ਼ੁਰਗ ਵਿਖੇ ਸਕੂਲ ਚੇਅਰਮੈਨ ਰਾਜਵਿੰਦਰ ਸਿੰਘ ਦੀ ਹਾਜ਼ਰੀ ਵਿੱਚ ਸਕੂਲ ਵਿਦਿਆਰਥੀਆਂ ਨੂੰ ਟ੍ਰੈਫਿਕ ਨਿਯਮਾਂ ਸਬੰਧੀ ਜਾਣਕਾਰੀ ਦੇਣ ਲਈ ਸੈਮੀਨਾਰ ਕਰਾਇਆ ਗਿਆ, ਜਿਸ ਵਿੱਚ ਏ. ਐਸ.ਆਈ. ਹਰਪਾਲ ਸਿੰਘ ਵੱਲੋਂ ਵਿਦਿਆਰਥੀਆਂ ਨੂੰ ਜਾਣਕਾਰੀ ਦਿੰਦਿਆ ਦੱਸਿਆ ਕਿ 18 ਸਾਲ ਤੋਂ ਘੱਟ ਉਮਰ ਦੇ ਬੱਚੇ ਕਿਸੇ ਵੀ ਕਿਸਮ ਦਾ ਦੋ ਪਹੀਆ ਵਹੀਕਲ ਜਾਂ ਚਾਰ ਪਹੀਆ ਵਹੀਕਲ ਨਾ ਚਲਾਉਣ, ਜੇਕਰ ਕੋਈ ਬੱਚਾ ਵਹੀਕਲ ਚਲਾਉਂਦਾ ਚੈਕਿੰਗ ਦੌਰਾਨ ਮਿਲ ਗਿਆ ਤਾਂ ਬੱਚੇ ਦੇ ਮਾਤਾ ਪਿਤਾ ਜੁਰਮਾਨੇ ਦੇ ਜਿੰਮੇਵਾਰ ਹੋਣਗੇ। ਬੱਚਿਆਂ ਨੂੰ ਪੰਜਾਬ ਸਰਕਾਰ, ਪੰਜਾਬ ਪੁਲਸ ਦੇ ਹੈਲਪ ਲਾਈਨ ਨੰਬਰਾਂ ਬਾਰੇ ਵੀ ਜਾਗਰੂਕ ਕੀਤਾ ਗਿਆ। ਬੱਚਿਆਂ ਦੇ ਮਾਤਾ-ਪਿਤਾ ਨੂੰ ਵੀ ਅਪੀਲ ਕੀਤੀ ਗਈ ਕਿ ਆਪਣੇ ਨਾਬਾਲਕ ਬੱਚਿਆਂ ਨੂੰ ਵਹੀਕਲ ਚਲਾਉਣ ਲਈ ਨਾ ਦੇਣ ਅਤੇ ਨਾ ਹੀ ਕਿਸੇ ਅਣਸਿੱਖਿਅਤ ਵਿਅਕਤੀ ਨੂੰ ਆਪਣਾ ਵਹੀਕਲ ਮੰਗਿਆ ਚਲਾਉਣ ਲਈ ਦੇਣ ਤਾਂ ਜੁ ਸੜਕੀ ਹਾਦਸਿਆਂ ਤੋਂ ਬਚਿਆ ਜਾ ਸਕੇ।

## ਦਰੱਖਤ ਵੱਢ ਕੇ ਚੋਰੀ ਕਰਨ ਦੇ ਮਾਮਲੇ 'ਚ 7 ਖਿਲਾਫ਼ ਮਾਮਲਾ ਦਰਜ

**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ,ਜਗਦੀਸ਼ ਰਾਏ)**-ਸਥਾਨਕ ਪੁਲਸ ਵਲੋਂ ਸਮਰਾਲਾ ਰੋਡ 'ਤੇ ਸੜਕ ਕਿਨਾਰੇ ਲੱਗੇ ਦਰੱਖਤ ਵੱਢ ਕੇ ਚੋਰੀ ਕਰਨ ਦੇ ਮਾਮਲੇ ਵਿਚ 7 ਵਿਅਕਤੀਆਂ ਮਲਕੀਤ ਸਿੰਘ, ਛੋਟੂ ਰਾਮ ਤੇ ਸਤਿੰਦਰਪਾਲ ਸਿੰਘ ਵਾਸੀਆਨ ਮਾਛੀਵਾੜਾ ਅਤੇ 4 ਅਣਪਛਾਤਿਆਂ ਖਿਲਾਫ਼ ਮਾਮਲਾ ਦਰਜ ਕੀਤਾ ਹੈ। ਹੌਲਦਾਰ ਹਰਬੰਸ ਸਿੰਘ ਵਲੋਂ ਬਿਆਨ ਦਰਜ ਕੀਤੇ ਕਿ ਉਹ 112 ਨੰਬਰ ਗੱਡੀ 'ਤੇ ਡਿਊਟੀ ਕਰ ਰਿਹਾ ਹੈ ਅਤੇ 25-26 ਅਪ੍ਰੈਲ ਦੀ ਦਰਮਿਆਨੀ ਰਾਤ ਨੂੰ ਉਸ ਨੂੰ ਫੋਨ ਆਇਆ ਕਿ ਇੱਕ ਇਮਾਰਤ ਦਾ ਕੰਮ ਚੱਲ ਰਿਹਾ ਹੈ ਅਤੇ ਨਾਲ ਹੀ ਮੇਨ ਰੋਡ 'ਤੇ ਲੱਗੇ ਦਰੱਖਤ ਪੁੱਟੇ ਜਾ ਰਹੇ ਹਨ ਜਿਸ 'ਤੇ ਉਹ ਤੁਰੰਤ ਮੌਕੇ 'ਤੇ ਪੁੱਜੇ। ਉਨ੍ਹਾਂ ਬਿਆਨ ਕੀਤਾ ਕਿ ਪੁਲਸ ਵਾਹਨ ਦੀਆਂ ਲਾਈਟਾਂ ਦੇਖ ਕੇ ਦਰੱਖਤ ਵੱਢਣ ਵਾਲੇ ਵਿਅਕਤੀ ਹਨ੍ਹੇਰੇ ਦਾ ਫਾਇਦਾ ਉਠਾ ਕੇ ਫ਼ਰਾਰ ਹੋ ਗਏ। ਮੌਕੇ 'ਤੇ ਜਾ ਕੇ ਦੇਖਿਆ ਤਾਂ 7 ਦਰੱਖਤ ਕਿਸੇ ਮਸ਼ੀਨ ਨਾਲ ਪੁੱਟੇ ਹੋਏ ਸਨ ਅਤੇ ਟੋਇਆਂ ਵਿਚ ਮਿੱਟੀ ਭਰੀ ਹੋਈ ਸੀ। ਦਰੱਖਤ ਕੱਟਣ ਵਾਲੀ ਮਸ਼ੀਨਰੀ ਤਾਂ ਮੌਕੇ 'ਤੇ ਮੌਜੂਦ ਨਹੀਂ ਸੀ ਪਰ ਇੱਕ ਟ੍ਰੈਕਟਰ-ਟਰਾਲੀ ਖੜਾ ਸੀ ਜਿਸ ਵਿਚ ਕੱਟੇ ਹੋਏ ਦਰੱਖਤ ਅਤੇ ਉਨ੍ਹਾਂ ਦੀਆਂ ਟਾਹਣੀਆਂ ਭਰੀਆਂ ਸਨ ਜੋ ਚੋਰੀ ਕਰਕੇ ਲਿਜਾਈਆਂ ਜਾ ਰਹੀਆਂ ਸਨ। ਪੁਲਸ ਵਲੋਂ ਟ੍ਰੈਕਟਰ-ਟਰਾਲੀ ਕਬਜੇ ਵਿਚ ਲੈ ਲਿਆ ਗਿਆ ਅਤੇ ਜਾਂਚ ਦੌਰਾਨ ਪਤਾ ਲੱਗਾ ਕਿ ਉਸਾਰੀ ਵਾਲੀ ਜਮੀਨ ਦੇ ਮਾਲਕ ਦਾ ਨਾਮ ਸਤਿੰਦਰਪਾਲ ਸਿੰਘ ਹੈ। ਥਾਣਾ ਮੁਖੀ ਪਵਿੱਤਰ ਸਿੰਘ ਨੇ ਦੱਸਿਆ ਕਿ ਇਸ ਮਾਮਲੇ ਵਿਚ ਜਲਦ ਸਾਰਿਆਂ ਨੂੰ ਗ੍ਰਿਫ਼ਤਾਰ ਕਰ ਲਿਆ ਜਾਵੇਗਾ।

## ਸ਼ਹਿਰ ਦੀ ਫਿਰਨੀ ਨਾਲ ਲੱਗਦਾ ਪਿੰਡ ਕੌੜੀ ਬਣਿਆ ਕਬਾੜੀਆਂ ਦੇ ਸਟੋਰਾਂ ਦਾ ਗੜ੍ਹ



**ਖੰਨਾ (ਸੁਖਵਿੰਦਰ ਸਿੰਘ ਭਾਦਲਾ)**-ਸਮਰਾਲਾ ਰੋਡ ਉੱਪਰ ਸਥਿਤ ਇੱਕ ਸ਼ੋਅਰੂਮ, ਜੀ.ਟੀ.ਰੋਡ ਖੰਨਾ ਤੇ ਮੰਜਾ ਮਾਰਕੀਟ, ਪਿੰਡ ਮਾਲਕਪੁਰ ਦੇ ਵਾਟਰ ਟਾਵਰ 'ਤੇ ਕਬਜ਼ਾ ਫੈਕਟਰੀ ਰੋਡ ਖੰਨਾ ਇੱਕ ਪਲਾਸਟਿਕ ਦਾ ਦਾਣਾ ਬਣਾਉਣ ਵਾਲੀ ਫੈਕਟਰੀ ਦੇ ਬਾਹਰ ਪਏ ਕਬਾੜ ਨੂੰ ਲੱਗੀ ਅੱਗ ਭਿਆਨਕ ਅੱਗ ਕਾਰਨ ਲੋਕਾਂ ਵਿੱਚ ਹਫੜਾ ਦਫੜੀ ਦਾ ਮਾਹੌਲ ਪੈਦਾ ਹੋ ਗਿਆ।ਅਜਿਹੇ ਕਬਾੜ ਦੇ ਸਟੋਰ ਸਮਰਾਲਾ ਰੋਡ ਰੇਲਵੇ ਓਵਰ ਬ੍ਰਿਜ ਦੇ ਹੇਠ ਰਿਹਾਇਸ਼ੀ ਇਲਾਕੇ ਵਿੱਚ, ਰੇਲਵੇ ਰਹਿਣ ਦੇ ਨਾਲ, ਪਿੰਡ ਭੱਟੀਆਂ ਦੀ ਸੂਆ ਪੁਲੀ ਜੋ ਨੈਸ਼ਨਲ ਹਾਈਵੇ ਉੱਪਰ ਸਥਿਤ ਹੈ, ਦੇ ਬਿਲਕੁਲ ਨੇੜੇ ਬਹੁਤ ਵੱਡਾ ਪੀ ਵੀ ਸੀ ਕਬਾੜ ਦਾ ਸਟੋਰ ਹੈ।ਇਸ ਤੋਂ ਇਲਾਵਾ ਨੈਸ਼ਨਲ ਹਾਈਵੇ ਉੱਪਰ ਸਥਿਤ ਪਿੰਡ ਕੌੜੀ ਜਿਹੜਾ ਕਿ ਸੰਘਣੀ ਆਬਾਦੀ ਵਾਲਾ ਪਿੰਡ ਹੈ।ਇਸ ਪਿੰਡ ਦੇ ਆਲੇ ਦੁਆਲੇ 100 ਦੇ ਕਰੀਬ ਕਬਾੜੀਆਂ ਵੱਲੋਂ ਕਬਾੜ ਦੇ ਵੱਡੇ ਵੱਡੇ ਸਟੋਰ ਬਣਾਏ ਹੋਏ ਹਨ।ਪੱਤਰਕਾਰਾਂ ਵੱਲੋਂ ਜਾ ਕੇ ਕਬਾੜ ਦਾ ਸਟੋਰ ਚਲਾ ਰਹੇ ਵਿਅਕਤੀਆਂ ਨਾਲ ਸਟੋਰ ਵਿੱਚ ਪਏ ਸਮਾਨ ਦੇ ਬਚਾਅ ਦੇ ਤੁਹਾਡੇ ਕੋਲ ਕੀ ਕੀ ਸਾਧਨ ਹਨ, ਪੁੱਛਿਆ ਗਿਆ। ਕੋਈ ਵੀ ਫਾਇਰ ਸੇਫਟੀ ਦੀਆਂ ਸ਼ਰਤਾਂ ਪੂਰੀਆਂ ਨਹੀਂ ਸੀ ਕਰਦਾ।ਨਾ ਜਾਣੇ ਪੈ ਰਹੀ ਅੱਤ ਦਰਜੇ ਦੀ ਗਰਮੀ ਕਾਰਨ ਕੋਈ ਅਜਿਹੀ ਘਟਨਾ ਵਾਪਰ ਜਾਵੇ ਤਾਂ ਕਿਸ ਤਰ੍ਹਾਂ ਬਚਾਅ ਕੀਤਾ ਜਾ ਸਕੇਗਾ, ਇਹ ਤਾਂ ਰੱਬ ਹੀ ਜਾਣੇ। ਸਰਪੰਚ ਜਗਦੀਪ ਕੌਰ ਨਾਲ ਗੱਲ ਕੀਤੀ ਤਾਂ ਉਨ੍ਹਾਂ ਕਿਹਾ ਕਿ ਮੇਰੇ ਪਿੰਡ ਦੀ ਹਦੂਦ ਵਿੱਚ ਕਬਾੜੀਆਂ ਵੱਲੋਂ ਬਹੁਤ ਜ਼ਿਆਦਾ ਸਟੋਰ ਬਣਾਏ ਹੋਏ ਹਨ, ਜਿਸ ਕਾਰਨ ਮੇਰੇ ਪਿੰਡ ਦਾ ਵਾਤਾਵਰਨ ਅਤੇ ਪਾਣੀ ਵਿੱਚ ਪ੍ਰਦੂਸ਼ਣ ਫੈਲ ਗਿਆ ਹੈ।ਪਿਛਲੇ ਸਮੇਂ ਦੌਰਾਨ ਮੇਰੇ ਪਿੰਡ ਵਿੱਚ ਕੈਂਸਰ ਚੈੱਕਅਪ ਦੇ ਇੱਕ ਲੱਗੇ ਕੈਂਪ ਦੌਰਾਨ ਮੇਰੇ ਪਿੰਡ ਵਿੱਚ ਕੈਂਸਰ ਤੋਂ ਪੀੜਤ ਬਹੁਤ ਜ਼ਿਆਦਾ ਰੋਗੀ ਪਾਏ ਗਏ ਹਨ।ਐਸਡੀਐਮਲ ਮੈਡਮ ਸਿਵਾਤੀ ਟਿਵਾਣਾ ਨੇ ਕਿਹਾ ਕਿ ਮੇਰੇ ਵੱਲੋਂ ਪ੍ਰਦੂਸ਼ਣ ਬੋਰਡ, ਫਾਇਰ ਅਫਸਰ ਖੰਨਾ, ਹਲਕਾ ਪਟਵਾਰੀ ਤੇ ਸਬੰਧਿਤ ਥਾਣੇ ਦੇ ਐਸ ਐਚ ਓ ਆਦਿ ਅਧਿਕਾਰੀਆਂ ਦੀ ਇੱਕ ਟੀਮ ਬਣਾ ਕੇ ਵੱਖ-ਵੱਖ ਪਿੰਡਾਂ, ਸ਼ਹਿਰਾਂ ਦੇ ਮੁਹੱਲਿਆਂ ਵਿੱਚ ਲੱਗੀਆਂ ਫੈਕਟਰੀਆਂ ਕਬਾੜ ਦੀਆਂ ਦੁਕਾਨਾਂ, ਸਟੋਰ ਤੇ ਫੈਕਟਰੀਆਂ ਜਿੱਥੇ ਜਲਣਸ਼ੀਲ ਪਦਾਰਥ ਪਿਆ ਹੈ, ਦੀ ਜਾਂਚ ਕਰਵਾਈ ਜਾਵੇਗੀ ਤੇ ਇਨ੍ਹਾਂ ਵੱਲੋਂ ਕੀਤੇ ਜਾ ਰਹੇ ਸੇਫਟੀ ਪ੍ਰਬੰਧਾਂ ਦਾ ਵੀ ਜਾਇਜ਼ਾ ਲਿਆ ਜਾਵੇਗਾ।

## ਸਫ਼ਾਈ ਮੁਹਿੰਮ ਤਹਿਤ ਕਾਲਜ ਅੱਗੇ ਲੱਗੇ ਕੂੜੇ ਦੇ ਡੰਪ ਨੂੰ ਚੁਕਵਾਇਆ



**ਨਾਭਾ (ਵਰਿੰਦਰ ਵਰਮਾ)**-ਨਗਰ ਕੌਂਸਲ ਚੋਣਾਂ ਦਾ ਐਲਾਨ ਕਿਸੇ ਵੀ ਸਮੇਂ ਹੋ ਸਕਦਾ ਹੈ, ਜਿਸ ਦੇ ਚੱਲਦਿਆਂ ਚੋਣ ਲੜਨ ਦੇ ਉਮੀਦਵਾਰਾਂ ਨੂੰ ਵੱਲੋਂ ਵੀ ਜੋੜ-ਤੋੜ ਦੀਆਂ ਸਰਗਰਮੀਆਂ ਵਿੱਢ ਦਿੱਤੀਆਂ ਗਈਆਂ ਹਨ, ਜਿਸ ਦੇ ਤਹਿਤ ਕੌਂਸਲਰ ਰੋਜ਼ੀ ਨਾਗਪਾਲ ਦੇ ਪਤੀ ਉੱਘੇ ਸਮਾਜ ਸੇਵੀ ਦੀਪਕ ਨਾਗਪਾਲ ਵੱਲੋਂ ਰਿਆਸਤੀ ਸਹਿਰ ਦੇ ਵਾਰਡ ਨੰਬਰ 19 'ਚ ਆਪਣੀਆਂ ਸਰਗਰਮੀਆਂ 'ਚ ਤੇਜ਼ੀ ਲਿਆਉਂਦੇ ਹੋਏ ਸਫ਼ਾਈ ਮੁਹਿੰਮ ਸ਼ੁਰੂ ਕਰ ਦਿੱਤੀ ਗਈ ਹੈ।ਉਨ੍ਹਾਂ ਵੱਲੋਂ ਵਾਰਡ ਨੰਬਰ 19 'ਚ ਐਲ.ਬੀ.ਐਮ. ਗਰਲਜ਼ ਕਾਲਜ ਨਿਵਾਸੀਆਂ ਦੀ ਮੁੱਖ ਤੌਰ 'ਤੇ ਸਫ਼ਾਈ ਦੀ ਮੰਗ ਤੇ ਪੂਰੇ ਇੱਕ ਮਹੀਨੇ ਤੋਂ ਕੂੜੇ ਦਾ ਡੰਪ ਦੀ ਲੱਗਿਆ ਹੋਇਆ ਸੀ, ਉਸ ਦੀ ਪੂਰਨ ਤੌਰ 'ਤੇ ਸਫ਼ਾਈ ਕਰਾਈ ਗਈ ਅਤੇ ਸੀਵਰੇਜ ਦੇ ਨਾਲ-ਨਾਲ ਸੜਕ ਤੇ ਆਲੇ-ਦੁਆਲੇ ਇੰਟਰਲਾਕਿੰਗ ਟਾਈਲਾਂ ਲਾਈਆਂ ਗਈਆਂ।ਸਮਾਜ ਸੇਵੀ ਦੀਪਕ ਨਾਗਪਾਲ ਨੇ ਕਿਹਾ ਕਿ ਆਮ ਆਦਮੀ ਪਾਰਟੀ ਅਤੇ ਹਲਕਾ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਵਲੋਂ ਵਾਰਡ ਨੰਬਰ 19 ਦੀ ਕਾਇਆ ਕਲਪ ਕਰਨ ਲਈ ਮੈਨੂੰ ਵਾਰਡ ਵਾਸੀਆਂ ਦੀ ਸੇਵਾ 'ਚ ਲਾਇਆ ਗਿਆ ਹੈ, ਜਿਸ ਕਰਕੇ ਉਹ ਹਰ ਸਮੇਂ ਵਾਰਡ ਵਾਸੀਆਂ ਦੀ ਸੇਵਾ 'ਚ ਹਾਜ਼ਰ ਰਹਿਣਗੇ।

## ਸ਼ਹੀਦ ਜਗਸੀਰ ਸਿੰਘ ਸਕੂਲ ਆਫ ਐਮੀਨੈਂਸ 'ਚ ਵਿਸ਼ਵ ਧਰਤੀ ਦਿਵਸ ਮਨਾਇਆ



**ਮਾਨਸਾ (ਆਤਮਾ ਸਿੰਘ ਪਮਾਰ)**-ਜ਼ਿਲ੍ਹਾ ਸਿੱਖਿਆ ਅਫ਼ਸਰ ਸੈ. ਸਿੱਖਿਆ ਨੀਲਮ ਰਾਣੀ, ਉਪ ਜ਼ਿਲ੍ਹਾ ਸਿੱਖਿਆ ਅਫ਼ਸਰ ਪਰਮਜੀਤ ਸਿੰਘ ਭੋਗਲ ਤੇ ਪ੍ਰਿੰਸੀਪਲ ਹਰਿੰਦਰ ਸਿੰਘ ਭੁੱਲਰ ਦੀ ਅਗਵਾਈ ਹੇਠ ਸਕੂਲ ਆਫ਼ ਐਮੀਨੈਂਸ ਬੋਹਾ ਵਿਖੇ ਵਿਸ਼ਵ ਧਰਤੀ ਦਿਵਸ ਮਨਾਇਆ ਗਿਆ। ਪ੍ਰਿੰਸੀਪਲ ਹਰਿੰਦਰ ਸਿੰਘ ਭੁੱਲਰ ਨੇ ਪਾਣੀ ਨੂੰ ਬਚਾਉਣ ਲਈ ਵਿਦਿਆਰਥੀਆ ਨੂੰ ਪ੍ਰੇਰਿਤ ਕੀਤਾ।ਸਕੂਲ 'ਚ ਵਿਦਿਆਰਥੀਆਂ ਦੇ ਪੋਸਟਰ ਮੇਕਿੰਗ ਮੁਕਾਬਲੇ ਵੀ ਕਰਾਏ ਗਏ।ਇਸ ਤੋਂ ਇਲਾਵਾ ਵਿਦਿਆਰਥੀਆਂ ਨੂੰ ਸਕੂਲ ਈਕੋ ਕਲੱਬ ਨੋਡਲ ਅਫ਼ਸਰ ਅਮਰੀਕ ਸਿੰਘ ਨੇ ਸਵੇਰ ਦੀ ਸਭਾ ਵਿੱਚ ਧਰਤੀ ਨੂੰ ਬਚਾਉਣ ਲਈ ਪ੍ਰੇਰਿਤ ਕੀਤਾ।ਅਮਰੀਕ ਸਿੰਘ ਨੇ ਸੂਤੀ ਕੱਪੜੇ ਦੇ ਬੈਗ ਦੀ ਵਰਤੋਂ ਕਰਨ ਲਈ ਵੀ ਪ੍ਰੇਰਿਤ ਕੀਤਾ।ਵਾਈਸ ਪ੍ਰਿੰਸੀਪਲ ਗਗਨਦੀਪ ਵਰਮਾ ਵੀ ਹਾਜ਼ਰ ਸਨ।

## ਖੱਤਰੀ ਮਹਾਂਸਭਾ ਦਾ ਗਠਨ; ਨਰੋਤਮ ਪੁਰੀ ਜ਼ਿਲ੍ਹਾ ਪ੍ਰਧਾਨ ਤੇ ਵਿਕਾਸ ਕਪੂਰ ਬਣੇ ਜ਼ਿਲ੍ਹਾ ਜਨਰਲ ਸਕੱਤਰ




**ਮੋਗਾ (ਇਕਬਾਲ ਸਿੰਘ ਖਹਿਰਾ)** ਅਸ਼ੋਕ ਥਾਪਰ ਤੇ ਮਜ਼ਦੂਰ ਆਗੂ ਵਿਜੇ ਧੀਰ ਐਡਵੋਕੇਟ ਦੀ ਅਗਵਾਈ ਵਿੱਚ ਉਸ ਸਮੇਂ ਇੱਕ ਵੱਡਾ ਹੁਲਾਰਾ ਮਿਲਿਆ, ਜਦੋਂ ਜ਼ਿਲ੍ਹਾ ਪ੍ਰਧਾਨ ਟਰਾਂਸਪੋਰਟ ਨਰੋਤਮ ਪੁਰੀ ਤੇ ਜਨਰਲ ਸਕੱਤਰ ਗਊ ਸੇਵਕ ਵਿਕਾਸ ਕਪੂਰ ਦੀ ਪ੍ਰਧਾਨਗੀ ਵਿੱਚ ਜ਼ਿਲ੍ਹਾ ਭਰ ਦੀਆਂ ਸਥਾਨਕ ਖੱਤਰੀ ਸਭਾਵਾਂ ਦੇ ਪ੍ਰਤੀਨਿਧਾਂ ਦੀ ਸ਼ਮੂਲੀਅਤ ਨਾਲ ਖੱਤਰੀ ਮਹਾਂ ਸਭਾ ਪੰਜਾਬ ਜ਼ਿਲ੍ਹਾ ਮੋਗਾ ਇਕਾਈ ਦਾ ਵਿਧੀਵਤ ਤੌਰ 'ਤੇ ਗਠਨ ਕੀਤਾ ਗਿਆ। ਮੀਟਿੰਗ ਦੇ ਮੁੱਖ ਮਹਿਮਾਨ ਖੱਤਰੀ ਮਹਾਂ ਸਭਾ ਪੰਜਾਬ ਦੇ ਪ੍ਰਦੇਸ਼ ਚੀਫ ਪੈਟਰਨ ਸਾਬਕਾ ਚੇਅਰਮੈਨ ਮਾਰਕੀਟ ਕਮੇਟੀ ਵਿਜੇ ਧੀਰ ਕੋਟ ਈਸੇ ਖਾਂ, ਪ੍ਰਦੇਸ਼ ਪ੍ਰਧਾਨ ਵਿਜੇ ਧੀਰ ਐਡਵੋਕੇਟ, ਪ੍ਰਦੇਸ਼ ਮੁੱਖ ਬੁਲਾਰਾ ਸੰਜੀਵ ਕੋਛੜ, ਪ੍ਰਦੇਸ਼ ਮੀਤ ਪ੍ਰਧਾਨ ਸਾਬਕਾ ਕਾਰਜਕਾਰੀ ਮਜਿਸਟਰੇਟ ਜਸਵੰਤ ਦਾਨੀ, ਪ੍ਰਦੇਸ਼ ਵਿੱਤ ਸਕੱਤਰ ਨਰੇਸ਼ ਜੈਦਕਾ ਅਤੇ ਪ੍ਰਦੇਸ਼ ਆਫਿਸ ਸਕੱਤਰ ਬਲਜਿੰਦਰ ਸਿੰਘ ਸਹਿਗਲ ਬਤੌਰ ਮੁੱਖ ਮਹਿਮਾਨ ਸ਼ਾਮਲ ਹੋਏ।ਮੀਟਿੰਗ ਦੀ ਮੇਜ਼ਬਾਨੀ ਖੱਤਰੀ ਸਭਾ ਮੋਗਾ ਦੇ ਪ੍ਰਧਾਨ ਡਾ. ਐਮ ਐਲ ਜੈਦਕਾ, ਜਨਰਲ ਸਕੱਤਰ ਬਲਜਿੰਦਰ ਸਿੰਘ ਸਹਿਗਲ, ਸਕੱਤਰ ਸੰਜੀਵ ਕੌੜਾ ਜੀ ਐਸ ਟੀ, ਵਿੱਤ ਸਕੱਤਰ ਸਰਬਜੀਤ ਮੈਂਗੀ, ਖੱਤਰੀ ਮੈਰਿਜ ਬਿਊਰੋ ਕਨਵੀਨਰ ਸੁਸ਼ੀਲ ਸਿਆਲ, ਮਹਿਲਾ ਖੱਤਰੀ ਸਭਾ ਮੋਗਾ ਪ੍ਰਧਾਨ ਸਾਬਕਾ ਪ੍ਰਿੰਸੀਪਲ ਸੁਮਨ ਮਲਹੋਤਰਾ, ਜ਼ਿਲ੍ਹਾ ਪ੍ਰਧਾਨ ਯੁਵਾ ਖੱਤਰੀ ਮਹਾਂ ਸਭਾ ਪੰਜਾਬ ਦੀਪਕ ਕੌੜਾ ਅਤੇ ਯੁਵਾ ਖੱਤਰੀ ਸਭਾ ਮੋਗਾ ਦੇ ਚੇਅਰਮੈਨ ਜਗਜੀਵ ਧੀਰ ਨੇ ਕੀਤੀ।

ਮੰਚ ਸੰਚਾਲਨ ਜਿਲਾ ਜਨਰਲ ਸਕੱਤਰ ਵਿਕਾਸ ਕਪੂਰ ਤੇ ਖੱਤਰੀ ਸਭਾ ਪ੍ਰਧਾਨ ਡਾਕਟਰ ਐਮ ਐਲ ਜੈਤਕਾ ਨੇ ਕੀਤਾ। ਮੀਟਿੰਗ ਵਿੱਚ ਖੱਤਰੀ ਸਭਾ ਕੋਟ ਈਸੇ ਖਾਂ ਦੇ ਪ੍ਰਧਾਨ ਸੁਮਿਤ ਬਿੱਟੂ ਮਲਹੋਤਰਾ, ਬਾਘਾ ਪੁਰਾਣਾ ਤੋਂ ਪ੍ਰਧਾਨ ਤਿਲਕ ਰਾਜ ਸੋਨੀ ਅਤੇ ਸੰਦੀਪ ਮਹਿਤਾ, ਨਰੇਸ਼ ਜੈਦਕਾ, ਬਧਨੀ ਕਲਾਂ ਤੋਂ ਪ੍ਰਧਾਨ ਮਹਿੰਦਰ ਕੁਮਾਰ ਸਭਰਵਾਲ, ਜਨਰਲ ਸਕੱਤਰ ਕ੍ਰਿਸ਼ਨ ਗੋਪਾਲ ਕੋਛੜ, ਤਰਸੇਮ ਚੋਪੜਾ, ਧਰਮਕੋਟ ਤੋਂ ਰਾਉ ਵਰਿੰਦਰ ਸਿੰਘ ਬਿੱਟਾ ਪੱਬੀ, ਸੰਜੀਵ ਕੋਛੜ, ਪ੍ਰਦੀਪ ਧਵਨ ਅਤੇ ਯੁਵਾ ਅਭਿਨੰਦਨ ਪੱਬੀ, ਖੱਤਰੀ ਮਹਾਂ ਸਭਾ ਦੌਲਤਪੁਰਾ ਨੀਵਾਂ ਦੇ ਪ੍ਰਧਾਨ ਨਰਿੰਦਰ ਪਾਲ ਉਪਲ, ਅਤੇ ਪ੍ਰੈਸ ਸਕੱਤਰ ਰਮੇਸ਼ ਪੁਰੀ ਅਤੇ ਖੱਤਰੀ ਸਭਾ ਮੋਗਾ ਤੋਂ ਪ੍ਰਧਾਨ ਡਾਕਟਰ ਐਮ ਐਲ ਜੈਦਕਾ, ਸੀਨੀਅਰ ਮੀਤ ਪ੍ਰਧਾਨ ਡਾਕਟਰ ਮਹਿੰਦਰ ਪਾਲ ਸੱਭਰਵਾਲ ਜਨਰਲ ਸਕੱਤਰ ਬਲਜਿੰਦਰ ਸਿੰਘ ਸਹਿਗਲ, ਸਕੱਤਰ ਸੰਜੀਵ ਕੌੜਾ ਜੀ ਐਸ ਟੀ, ਵਿੱਤ ਸਕੱਤਰ ਸਰਬਜੀਤ ਮੈਂਗੀ, ਖੱਤਰੀ ਮੈਰਿਜ ਬਿਊਰੋ ਕਨਵੀਨਰ ਸੁਸ਼ੀਲ ਸਿਆਲ, ਮਹਿਲਾ ਖੱਤਰੀ ਸਭਾ ਪ੍ਰਧਾਨ ਸੁਮਨ ਮਲਹੋਤਰਾ ਅਤੇ ਯੁਵਾ ਖੱਤਰੀ ਸਭਾ ਚੇਅਰਮੈਨ ਜਗਜੀਵ ਧੀਰ ਸ਼ਾਮਿਲ ਹੋਏ ਤੇ ਆਪਣੇ ਵਿਚਾਰ ਪੇਸ਼ ਕੀਤੇ।ਵਿਜੇ ਧੀਰ ਐਡਵੋਕੇਟ ਨੇ ਕਿਹਾ ਕਿ ਮੋਗਾ ਇਕਾਈ ਦੇ ਜ਼ਿਲ੍ਹਾ ਪ੍ਰਧਾਨ ਨਰੋਤਮ ਪੁਰੀ ਅਤੇ ਜਨਰਲ ਸਕੱਤਰ ਵਿਕਾਸ ਕਪੂਰ ਤੇ ਮਜਬੂਤ ਹੱਥਾਂ ਵਿੱਚ ਸਿਰਮੌਰ ਇਕਾਈ ਬਣੇਗੀ।

## ‘ਆਸ਼ਾ ਦਿਵਸ’ ਮੌਕੇ ਬਿਹਤਰੀਨ ਕਾਰਗੁਜ਼ਾਰੀ ਵਾਲੀਆਂ ਆਸ਼ਾ ਵਰਕਰਾਂ ਸਨਮਾਨਤ



**ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)**-ਸਿਹਤ ਤੇ ਪਰਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਤੇ ਡਾਇਰੈਕਟਰ ਸਿਹਤ ਤੇ ਪਰਿਵਾਰ ਭਲਾਈ ਵਿਭਾਗ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਸਿਵਲ ਸਰਜਨ ਡਾ. ਅਮਰਜੀਤ ਕੌਰ ਦੀ ਅਗਵਾਈ ਵਿੱਚ ਦਫਤਰ ਸਿਵਲ ਸਰਜਨ ਵਿਖੇ 'ਆਸ਼ਾ ਦਿਵਸ' ਮਨਾਇਆ ਗਿਆ, ਜਿਸ ਵਿੱਚ ਸਿਹਤ ਖੇਤਰ ਵਿੱਚ ਸ਼ਲਾਘਾਯੋਗ ਸੇਵਾਵਾਂ ਨਿਭਾਉਣ ਵਾਲੀਆਂ ਆਸ਼ਾ ਵਰਕਰਾਂ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ। ਡਾ. ਅਮਰਜੀਤ ਕੌਰ ਨੇ ਹਾਜ਼ਰ ਸਟਾਫ਼ ਤੇ ਆਸ਼ਾ ਵਰਕਰਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਆਸ਼ਾ ਵਰਕਰ ਸਿਹਤ ਵਿਭਾਗ ਦੀ ਰੀੜ੍ਹ ਦੀ ਹੱਡੀ ਹਨ, ਜੋ ਜ਼ਮੀਨੀ ਪੱਧਰ 'ਤੇ ਲੋਕਾਂ ਨੂੰ ਸਿਹਤ ਸਹੂਲਤਾਂ ਨਾਲ ਜੋੜਨ ਵਿੱਚ ਅਹਿਮ ਭੂਮਿਕਾ ਨਿਭਾਉਂਦੀਆਂ ਹਨ।ਉਨ੍ਹਾਂ ਕਿਹਾ ਕਿ ਗਰਭਵਤੀ ਔਰਤਾਂ ਦੀ ਦੇਖਭਾਲ, ਬੱਚਿਆਂ ਦਾ ਸੰਪੂਰਨ ਟੀਕਾਕਰਨ ਤੇ ਸਰਕਾਰੀ ਸਕੀਮਾਂ ਬਾਰੇ ਘਰ-ਘਰ ਜਾ ਕੇ ਜਾਗਰੂਕਤਾ ਫੈਲਾਉਣ ਵਿੱਚ ਇਨ੍ਹਾਂ ਦਾ ਯੋਗਦਾਨ ਬੇਮਿਸਾਲ ਹੈ।ਉਨ੍ਹਾਂ ਵਿਸ਼ੇਸ਼ ਤੌਰ 'ਤੇ ਕਿਹਾ ਕਿ ਸੰਸਥਾਗਤ ਜਣੇਪੇ ਦੀ ਦਰ ਵਧਾਉਣ ਅਤੇ ਮਾਤਰੀ-ਮੌਤ ਦਰ ਨੂੰ ਘਟਾਉਣ 'ਚ ਆਸ਼ਾ ਵਰਕਰਾਂ ਦਿਨ-ਰਾਤ ਮਿਹਨਤ ਕਰ ਰਹੀਆਂ ਹਨ।ਸਹਾਇਕ ਸਿਵਲ ਸਰਜਨ ਡਾ. ਪ੍ਰਤਿਮਾ ਸਿੰਗਲਾ ਛਾਬੜਾ ਨੇ ਦੱਸਿਆ ਕਿ ਪਿਛਲੇ ਵਿੱਤੀ ਵਰ੍ਹੇ ਵਿੱਚ ਸਭ ਤੋਂ ਬਿਹਤਰੀਨ ਕੰਮ ਕਰਨ ਵਾਲੀਆਂ ਆਸ਼ਾ ਸੁਖਵਿੰਦਰ ਕੌਰ ਦਿੜ੍ਹਬਾ ਤੇ ਪੂਜਾ ਰਾਣੀ ਧੂਰੀ ਨੂੰ ਪ੍ਰਸ਼ੰਸਾ ਪੱਤਰ ਦਿੱਤੇ ਗਏ।

## ਸਫ਼ਾ 1 ਦੇ ਬਾਕੀ...

### ਯੂਰਪ ਫੇਰੀ ਨੇ ਕਿਸਾਨਾਂ...

ਹਨ।' ਮੁੱਖ ਮੰਤਰੀ ਨੇ ਕਿਹਾ, 'ਦਾਵਤ ਰਾਈਸ ਬ੍ਰਾਂਡ ਨਾਮੀ ਐਲਟੀ ਫੂਡਜ਼ ਨੇ ਵੀ ਰਾਜਪੁਰਾ ਵਿੱਚ ਨਿਵੇਸ਼ ਕਰਨ ਲਈ ਸਹਿਮਤੀ ਦਿੱਤੀ ਹੈ।' ਉਨ੍ਹਾ ਕਿਹਾ-ਕੰਪਨੀ ਦੁਨੀਆ ਭਰ ਦੇ 80 ਦੇਸ਼ਾਂ ਨੂੰ ਚੌਲ ਨਿਰਯਾਤ ਕਰਦੀ ਹੈ ਅਤੇ ਇਹ ਸੂਬੇ ਦੀ ਆਰਥਿਕਤਾ ਨੂੰ ਹੁਲਾਰਾ ਦੇਣ ਵੱਲ ਇੱਕ ਵੱਡਾ ਕਦਮ ਹੋਵੇਗਾ। ਉਨ੍ਹਾ ਕਿਹਾ ਕਿ ਚੌਲਾਂ ਲਈ ਵਰਤੀ ਜਾਣ ਵਾਲੀ ਤਕਨਾਲੋਜੀ ਵਿਸ਼ਵ ਭਰ ਵਿੱਚ ਸ਼ਲਾਘਾਯੋਗ ਰਹੀ ਅਤੇ ਇਸ ਨਾਲ ਸੂਬੇ ਨੂੰ ਵੱਡਾ ਹੁਲਾਰਾ ਮਿਲੇਗਾ। ਉਨ੍ਹਾ ਫਲਾਵਰ ਆਕਸ਼ਨ ਦਾ ਵੀ ਦੌਰਾ ਕੀਤਾ, ਜਿੱਥੇ ਇਕ ਸੁਚੱਜੀ ਪ੍ਰਣਾਲੀ ਰਾਹੀਂ ਰੋਜ਼ਾਨਾ 4 ਕਰੋੜ ਤੋਂ ਵੱਧ ਫੁੱਲਾਂ ਦਾ ਵਪਾਰ ਕੀਤਾ ਜਾਂਦਾ ਹੈ।

ਮੁੱਖ ਮੰਤਰੀ ਮਾਨ ਨੇ ਕਿਹਾ-ਇਸ ਦੌਰਾਨ 22 ਅਪ੍ਰੈਲ ਨੂੰ ਵਫ਼ਦ ਫਿਨਲੈਂਡ ਦੌਰੇ 'ਤੇ ਗਿਆ, ਜਿੱਥੇ ਵਫ਼ਦ ਨੇ ਪੰਜਾਬੀ ਭਾਈਚਾਰੇ ਨਾਲ ਗੱਲਬਾਤ ਕੀਤੀ ਅਤੇ ਫਿਨਲੈਂਡ ਦੇ ਰਾਜਦੂਤ ਹੇਮੰਤ ਐਚ. ਕੋਟਲਵਾੜ ਨਾਲ ਮੁਲਾਕਾਤ ਕੀਤੀ। ਉਨ੍ਹਾ ਕਿਹਾ, 'ਇਸ ਦੌਰੇ ਦਾ ਉਦੇਸ਼ ਪਰਵਾਸੀ ਪੰਜਾਬੀਆਂ ਨਾਲ ਜੁੜਨਾ, ਲੋਕਾਂ ਦਰਮਿਆਨ ਸੰਪਰਕ ਨੂੰ ਮਜ਼ਬੂਤ ਕਰਨਾ, ਸਿੱਖਿਆ, ਹੁਨਰ ਵਿਕਾਸ ਅਤੇ ਉਦਮਤਾ ਵਿੱਚ ਪਰਵਾਸੀਆਂ ਦੀ ਭੂਮਿਕਾ ਬਾਰੇ ਚਰਚਾ ਕਰਨਾ, ਨਿਵੇਸ਼, ਨਵੀਨਤਾ ਅਤੇ ਸਟਾਰਟ-ਅੱਪ ਲਈ ਮੌਕਿਆਂ ਦੀ ਪੜਚੋਲ ਕਰਨਾ ਅਤੇ ਪੰਜਾਬ ਸਰਕਾਰ ਦੀਆਂ ਲੋਕ-ਪੱਖੀ ਨੀਤੀਆਂ ਬਾਰੇ ਜਾਣਕਾਰੀ ਸਾਂਝੀ ਕਰਨਾ ਸੀ।'

ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਪੰਜਾਬ ਦੇ ਪ੍ਰਾਇਮਰੀ ਅਧਿਆਪਕਾਂ ਦਾ ਚੌਥਾ ਬੈਚ ਜਲਦੀ ਹੀ ਮਈ ਵਿੱਚ ਤੁਰਕੂ ਯੂਨੀਵਰਸਿਟੀ ਜਾ ਰਿਹਾ ਹੈ। ਉਨ੍ਹਾ ਇਹ ਵੀ ਜਾਣਕਾਰੀ ਦਿੱਤੀ ਕਿ ਪੰਜਾਬੀ ਯੂਨੀਵਰਸਿਟੀ, ਬਹੁਤ ਜਲਦੀ, ਤੁਰਕੂ ਵਿੱਚ ਸਿੱਖਿਆ ਦੇ ਪੰਜਾਬ ਦੇ ਅਧਿਆਪਕਾਂ ਅਤੇ ਵਿਦਿਆਰਥੀਆਂ 'ਤੇ ਪੈਣ ਵਾਲੇ ਪ੍ਰਭਾਵਾਂ ਬਾਰੇ ਇੱਕ ਰਿਪੋਰਟ ਸੌਂਪੇਗੀ। ਮੰਤਰੀ ਸੰਜੀਵ ਅਰੋੜਾ ਨੇ ਕਿਹਾ ਕਿ ਰਾਜ ਸਰਕਾਰ ਵੱਲੋਂ ਪਹਿਲੀ ਵਾਰ ਸੰਪਰਕ ਕੀਤੇ ਜਾਣ 'ਤੇ ਉਦਯੋਗਪਤੀਆਂ ਨੇ ਵੱਖ-ਵੱਖ ਮਾਰਗਾਂ ਦੀ ਖੋਜ ਕੀਤੀ ਹੈ, ਜਿਨ੍ਹਾਂ ਵਿੱਚ ਉਹ ਨਿਵੇਸ਼ ਕਰ ਸਕਦੇ ਹਨ। ਉਨ੍ਹਾਂ ਵਿੱਚੋਂ ਕੁਝ ਪਹਿਲਾਂ ਹੀ ਨਿਵੇਸ਼ ਲਈ ਵਚਨਬੱਧਤਾ ਜਤਾ ਚੁੱਕੇ ਹਨ। ਨਿਰਧਾਰਤ ਸਮੇਂ ਤੋਂ ਲਗਭਗ ਦੋ ਘੰਟੇ ਦੇਰੀ ਨਾਲ ਸ਼ੁਰੂ ਹੋਈ ਕਾਨਫਰੰਸ ਵਿੱਚ ਮੁੱਖ ਮੰਤਰੀ ਮਾਨ ਨੇ ਕਿਹਾ ਕਿ ਉਹ ਭਲਕੇ ਸੂਬੇ ਦੇ ਮਾਮਲਿਆਂ ਅਤੇ ਰਾਜਨੀਤੀ ਨਾਲ ਸੰਬੰਧਤ ਸਾਰੇ ਪੜਤਾਲੀਆ ਸਵਾਲਾਂ ਦੇ ਜਵਾਬ ਦੇ ਕੇ ਇਸ ਦੀ ਭਰਪਾਈ ਕਰਨਗੇ।

### ਅੱਤ ਦੀ ਗਰਮੀ...

ਯੂਨੀਅਨ (ਏਕਤਾ)-ਉਗਰਾਹਾਂ ਦੇ ਆਗੂ ਸ਼ਿੰਗਾਰਾ ਸਿੰਘ ਮਾਨ ਨੇ ਕਿਹਾ ਕਿ ਕਿਸਾਨਾਂ ਨੂੰ ਝੋਨੇ ਦੇ ਸੀਜ਼ਨ 'ਚ ਬਿਜਲੀ ਸਪਲਾਈ ਨਾ ਮਿਲਣ ਦਾ ਡਰ ਹੈ। ਪਾਵਰਕਾਮ ਮੈਨੇਜਮੈਂਟ ਨੂੰ ਬਿਜਲੀ ਖਰੀਦ ਦੇ ਅਗੇਤੇ ਪ੍ਰਬੰਧ ਕਰਨੇ ਚਾਹੀਦੇ ਸਨ।

ਬਿਜਲੀ ਮੰਤਰੀ ਸੰਜੀਵ ਅਰੋੜਾ ਨੇ ਭਰੋਸਾ ਦਿੱਤਾ ਹੈ ਕਿ ਪਹਿਲੀ ਮਈ ਤੋਂ ਸੂਬੇ ਵਿੱਚ ਕੋਈ ਬਿਜਲੀ ਕੱਟ ਨਹੀਂ ਲੱਗੇਗਾ। ਸਰਕਾਰ ਹਾਲਾਤ ਨਾਲ ਨਜਿੱਠਣ ਲਈ ਪੂਰੀ ਤਰ੍ਹਾਂ ਤਿਆਰ ਹੈ। ਹੋਰਨਾਂ ਰਾਜਾਂ ਨਾਲ ਬੈਂਕਿੰਗ ਪ੍ਰਬੰਧਾਂ ਰਾਹੀਂ 1500 ਤੋਂ 2000 ਮੈਗਾਵਾਟ, ਕੇਂਦਰੀ ਪੂਲ ਤੋਂ 2000 ਮੈਗਾਵਾਟ ਅਤੇ ਨਿੱਜੀ ਸਰੋਤਾਂ ਤੋਂ 1500 ਮੈਗਾਵਾਟ ਵਾਧੂ ਬਿਜਲੀ ਖਰੀਦਣ ਦੇ ਪ੍ਰਬੰਧ ਕੀਤੇ ਜਾ ਰਹੇ ਹਨ। ਹਾਈਡਲ ਪਲਾਂਟਾਂ ਦੇ ਚਾਲੂ ਹੋਣ ਨਾਲ ਵੀ 300 ਮੈਗਾਵਾਟ ਵਾਧੂ ਬਿਜਲੀ ਮਿਲੇਗੀ। ਭਾਰਤ ਵਿੱਚ ਬਿਜਲੀ ਦੀ ਵੱਧ ਤੋਂ ਵੱਧ (ਪੀਕ) ਮੰਗ ਸੋਮਵਾਰ ਲਗਾਤਾਰ ਦੂਜੀ ਵਾਰ ਰਿਕਾਰਡ ਪੱਧਰ ਦੇ ਨੇੜੇ ਪਹੁੰਚ ਗਈ। ਭਿਆਨਕ ਗਰਮੀ ਕਾਰਨ ਏਅਰ ਕੰਡੀਸ਼ਨਰ ਅਤੇ ਕੂਲਰਾਂ ਦੀ ਭਾਰੀ ਵਰਤੋਂ ਕਾਰਨ ਇਹ ਮੰਗ 255.85 ਗੀਗਾਵਾਟ ਤੱਕ ਜਾ ਪਹੁੰਚੀ ਹੈ।

ਉੱਤਰੀ, ਮੱਧ ਅਤੇ ਪੱਛਮੀ ਭਾਰਤ ਵਿੱਚ ਪੈ ਰਹੀ ਗਰਮੀ ਕਾਰਨ ਬਿਜਲੀ ਦੀ ਖਪਤ ਵਿੱਚ ਭਾਰੀ ਉਛਾਲ ਦੇਖਿਆ ਗਿਆ ਹੈ। ਬਿਜਲੀ ਮੰਤਰਾਲੇ ਦੇ ਅੰਕੜਿਆਂ ਅਨੁਸਾਰ 27 ਅਪਰੈਲ ਨੂੰ ਬਿਜਲੀ ਦੀ ਮੰਗ ਲਗਭਗ 256 ਗੀਗਾਵਾਟ ਦਰਜ ਕੀਤੀ ਗਈ। ਇਸ ਮਹੀਨੇ ਦੇ ਦੂਜੇ ਅੱਧ ਵਿੱਚ ਮੰਗ ਤੇਜ਼ੀ ਨਾਲ ਵਧਣੀ ਸ਼ੁਰੂ ਹੋਈ ਸੀ, ਜੋ ਸ਼ੁੱਕਰਵਾਰ ਨੂੰ 252.07 ਗੀਗਾਵਾਟ ਅਤੇ ਸਨਿੱਚਰਵਾਰ ਨੂੰ 256.11 ਗੀਗਾਵਾਟ ਤੱਕ ਪਹੁੰਚ ਗਈ ਸੀ। ਹਾਲਾਂਕਿ ਐਤਵਾਰ ਨੂੰ ਵਪਾਰਕ ਅਦਾਰੇ ਅਤੇ ਉਦਯੋਗ ਬੰਦ ਹੋਣ ਕਾਰਨ ਇਹ ਮੰਗ ਘਟ ਕੇ 238.15 ਗੀਗਾਵਾਟ ਰਹਿ ਗਈ ਸੀ। ਕੁਝ ਇਲਾਕਿਆਂ ਵਿੱਚ ਧੂੜ ਭਰੀਆਂ ਹਵਾਵਾਂ ਅਤੇ ਮੀਂਹ ਨੇ ਵੀ ਬਿਜਲੀ ਦੀ ਖਪਤ ਨੂੰ ਕੁਝ ਹੱਦ ਤੱਕ ਕਾਬੂ ਵਿੱਚ ਰੱਖਿਆ। ਜੂਨ 2025 'ਚ ਸਭ ਤੋਂ ਵੱਧ ਮੰਗ 242.77 ਗੀਗਾਵਾਟ ਸੀ। ਮਈ 2024 'ਚ 250 ਗੀਗਾਵਾਟ ਦਾ ਰਿਕਾਰਡ ਬਣਿਆ ਸੀ। ਸਤੰਬਰ 2023 'ਚ ਮੰਗ 243.27 ਗੀਗਾਵਾਟ ਰਹੀ ਸੀ। ਭਾਰਤੀ ਮੌਸਮ ਵਿਭਾਗ ਨੇ ਇਸ ਸਾਲ ਸਖਤ ਗਰਮੀ ਪੈਣ ਦੀ ਭਵਿੱਖਬਾਣੀ ਕੀਤੀ ਹੈ। ਇਸ ਦੇ ਮੱਦੇਨਜ਼ਰ ਕੇਂਦਰ ਸਰਕਾਰ ਨੇ ਸੂਬਿਆਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਨੂੰ ਸਾਰੇ ਸਿਹਤ ਕੇਂਦਰਾਂ ਵਿੱਚ 'ਹੀਟ ਸਟਰੋਕ ਮੈਨੇਜਮੈਂਟ ਯੂਨਿਟ' ਚਾਲੂ ਕਰਨ ਅਤੇ ਐਂਬੂਲੈਂਸ ਸੇਵਾਵਾਂ ਨੂੰ ਤਿਆਰ ਰੱਖਣ ਲਈ ਕਿਹਾ ਹੈ। ਮਾਹਰਾਂ ਦਾ ਮੰਨਣਾ ਹੈ ਕਿ ਮਈ ਅਤੇ ਜੂਨ ਵਿੱਚ ਬਿਜਲੀ ਦੀ ਮੰਗ ਹੋਰ ਵਧੇਗੀ ਅਤੇ ਇਹ ਮੰਤਰਾਲੇ ਦੇ 270 ਗੀਗਾਵਾਟ ਦੇ ਅਨੁਮਾਨ ਨੂੰ ਵੀ ਪਾਰ ਕਰ ਸਕਦੀ ਹੈ। ਅਪਰੈਲ ਦੇ ਪਹਿਲੇ ਪੰਦਰਵਾੜੇ ਵਿੱਚ ਮੰਗ ਪਿਛਲੇ ਸਾਲ ਦੇ ਮੁਕਾਬਲੇ ਘੱਟ ਸੀ, ਪਰ ਤਾਪਮਾਨ ਵਧਣ ਨਾਲ ਹੁਣ ਇਸ ਵਿੱਚ ਲਗਾਤਾਰ ਵਾਧਾ ਹੋ ਰਿਹਾ ਹੈ।

## ਸਫ਼ਾਈ ਸੇਵਕ ਯੂਨੀਅਨ ਦੀ ਮੀਟਿੰਗ ਹੋਈ

**ਨਿਹਾਲ ਸਿੰਘ ਵਾਲਾ (ਲਵਲੀ ਕੁਮਾਰ)** ਨਗਰ ਪੰਚਾਇਤ ਦਫਤਰ ਵਿਖੇ ਸਫ਼ਾਈ ਸੇਵਕ ਯੂਨੀਅਨ ਦੀ ਮੀਟਿੰਗ ਆਯੋਜਤ ਕੀਤੀ ਗਈ, ਜਿਸ ਵਿੱਚ ਕ੍ਰਮਚਾਰੀਆਂ ਨੇ ਲੰਮੇ ਸਮੇਂ ਤੋਂ ਲਟਕ ਰਹੀਆਂ ਮੰਗਾਂ ਨੂੰ ਲੈ ਕੇ ਗੰਭੀਰ ਚਰਚਾ ਕੀਤੀ।ਯੂਨੀਅਨ ਆਗੂਆਂ ਨੇ ਦੱਸਿਆ ਕਿ ਵਾਰ-ਵਾਰ ਪ੍ਰਸ਼ਾਸਨ ਨੂੰ ਮੰਗਾਂ ਬਾਰੇ ਅਗਾਹ ਕਰਨ ਦੇ ਬਾਵਜੂਦ ਕੋਈ ਸੰਤੋਸ਼ਜਨਕ ਹੱਲ ਨਹੀਂ ਨਿਕਲਿਆ।ਇਸ ਕਾਰਨ ਸਫਾਈ ਕ੍ਰਮਚਾਰੀਆਂ ਵਿੱਚ ਰੋਸ ਪਾਇਆ ਜਾ ਰਿਹਾ ਹੈ।ਉਨ੍ਹਾਂ ਐਲਾਨ ਕੀਤਾ ਕਿ ਜੇਕਰ ਮੰਗਾਂ ਦਾ ਜਲਦੀ ਨਿਪਟਾਰਾ ਨਾ ਕੀਤਾ ਗਿਆ ਤਾਂ ਸਫ਼ਾਈ ਸੇਵਕ ਯੂਨੀਅਨ ਵੱਲੋਂ 6 ਮਈ ਤੋਂ ਕੰਮ ਛੱਡ ਹੜਤਾਲ ਸ਼ੁਰੂ ਕੀਤੀ ਜਾਵੇਗੀ।ਹੜਤਾਲ ਦੌਰਾਨ ਸਾਰੇ ਕ੍ਰਮਚਾਰੀ ਆਪਣੀਆਂ ਡਿਊਟੀਆਂ ਤੋਂ ਦੂਰ ਰਹਿ ਕੇ ਧਰਨੇ ਤੇ ਪ੍ਰਦਰਸ਼ਨ ਕਰਨਗੇ। ਯੂਨੀਅਨ ਨੇ ਸਰਕਾਰ ਤੇ ਪ੍ਰਸ਼ਾਸਨ ਨੂੰ ਚੇਤਾਵਨੀ ਦਿੰਦੇ ਕਿਹਾ ਕਿ ਜੇਕਰ ਮੰਗਾਂ ਨੂੰ ਨਜ਼ਰਅੰਦਾਜ਼ ਕੀਤਾ ਗਿਆ ਤਾਂ ਸੰਘਰਸ਼ ਨੂੰ ਹੋਰ ਤੀਵਰ ਕੀਤਾ ਜਾਵੇਗਾ।ਇਸ ਮੌਕੇ ਉਨ੍ਹਾਂ ਨੇ ਸਾਰੇ ਕ੍ਰਮਚਾਰੀਆਂ ਨੂੰ ਇਕਜੁਟ ਰਹਿਣ ਦੀ ਅਪੀਲ ਵੀ ਕੀਤੀ।

### ਬੇਅਦਬੀ ਰੋਕੂ ਕਾਨੂੰਨ...

ਵਿਧਾਨ ਸਭਾ ਵੱਲੋਂ ਐਕਟ ਪਾਸ ਕੀਤੇ ਜਾਣ ਤੋਂ ਬਾਅਦ ਰਾਜ ਸਿੱਖ ਧਰਮ ਦੇ ਖੇਤਰ ਵਿੱਚ ਦਖਲ ਦੇ ਰਿਹਾ ਹੈ।

ਇਸ ਘਟਨਾਕ੍ਰਮ ਨੂੰ ਸ਼੍ਰੋਮਣੀ ਅਕਾਲੀ ਦਲ (ਬਾਦਲ) ਦੀ ਹਮਾਇਤ ਪ੍ਰਾਪਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਅਕਾਲ ਤਖਤ ਵੱਲੋਂ ਪੰਥਕ ਮਾਮਲਿਆਂ ਵਿੱਚ 'ਆਪ' ਦੀ ਕਥਿਤ ਘੁਸਪੈਠ ਨੂੰ ਰੋਕਣ ਦੀ ਇੱਕ ਹੋਰ ਕੋਸ਼ਿਸ਼ ਵਜੋਂ ਵੀ ਦੇਖਿਆ ਜਾ ਰਿਹਾ ਹੈ। ਸ਼੍ਰੋਮਣੀ ਕਮੇਟੀ ਅਤੇ ਅਕਾਲ ਤਖਤ ਪਹਿਲਾਂ ਹੀ ਸਰਕਾਰ ਵੱਲੋਂ ਐਕਟ ਵਿੱਚ ਸੋਧਾਂ ਪਾਸ ਕਰਨ ਵੇਲੇ ਪੰਥਕ ਸੰਸਥਾਵਾਂ ਨੂੰ ਕਥਿਤ ਤੌਰ 'ਤੇ ਅਣਗੌਲਿਆ ਕਰਨ ਕਾਰਨ ਗੁੱਸੇ ਵਿੱਚ ਹਨ। ਇਸ ਤੋਂ ਪਹਿਲਾਂ 6 ਅਪਰੈਲ ਨੂੰ ਜਥੇਦਾਰ ਗੜਗੱਜ ਦੀ ਅਗਵਾਈ ਵਿੱਚ ਪੰਥਕ ਜਥੇਬੰਦੀਆਂ ਨੇ ਸਰਬਸੰਮਤੀ ਨਾਲ ਇੱਕ ਮਤਾ ਪਾਸ ਕਰਕੇ ਮੰਗ ਕੀਤੀ ਸੀ ਕਿ ਰਾਜ ਸਰਕਾਰ ਬੇਅਦਬੀ ਬਾਰੇ ਕਾਨੂੰਨ ਦਾ ਖਰੜਾ ਸੁਝਾਵਾਂ ਲਈ ਸ਼੍ਰੋਮਣੀ ਕਮੇਟੀ ਨੂੰ ਭੇਜੇ, ਜੋ ਕਿ ਸਰਕਾਰ ਨੇ ਨਹੀਂ ਕੀਤਾ।

## ‘ਖੰਗੂੜਾ ਜੋੜੀ’ ਨੇ ਖੜਕਾਇਆ ਮੁੱਖ ਮੰਤਰੀ ਦਫ਼ਤਰ ਦਾ ਕੁੰਡਾ



**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)**-ਮੁੱਖ ਮੰਤਰੀ ਭਗਵੰਤ ਮਾਨ ਦੇ ਆਪਣੇ ਹਲਕੇ ਧੂਰੀ 'ਚ ਨਸ਼ੇ ਵਿੱਚ ਕਥਿਤ ਵਿਕਰੀ ਤੇ ਆਮ ਲੋਕਾਂ ਦੇ ਅਟਕੇ ਹੋਏ ਜਾਇਜ਼ ਕੰਮਾਂ ਨੂੰ ਲੈ ਕੇ ਸਾਬਕਾ ਹਲਕਾ ਵਿਧਾਇਕ ਦਲਵੀਰ ਸਿੰਘ ਗੋਲਡੀ ਤੇ ਉਨ੍ਹਾਂ ਦੀ ਧਰਮਪਤਨੀ ਸਿਮਰਤ ਕੌਰ ਖੰਗੂੜਾ ਨੇ ਇਲਾਕੇ ਦੀਆਂ ਔਰਤਾਂ ਦੇ ਵੱਡੇ ਕਾਫ਼ਲੇ ਸਮੇਤ ਪ੍ਰਸ਼ਾਸਨ ਵਿਰੁੱਧ ਮੋਰਚਾ ਖੋਲ੍ਹਦਿਆਂ ਪਹਿਲਾਂ ਪੁਲਸ ਪ੍ਰਸ਼ਾਸਨ ਨੂੰ ਰਗੜੇ ਲਾਏ ਤੇ ਫਿਰ ਮੁੱਖ ਮੰਤਰੀ ਦੇ ਕੈਂਪ ਦਫ਼ਤਰ ਦਾ 'ਕੁੰਡਾ' ਖੜਕਾ ਕੇ ਸੱਤਾਧਾਰੀਆਂ ਨੂੰ ਹਲੂਣਾ ਦੇਣ ਦਾ ਯਤਨ ਕੀਤਾ।ਡੀ.ਐੱਸ.ਪੀ. ਗੁਰਪ੍ਰੀਤ ਸਿੰਘ ਨਾਲ ਮੁਲਾਕਾਤ ਦੌਰਾਨ ਦਲਵੀਰ ਸਿੰਘ ਗੋਲਡੀ ਨੇ ਬੇਹੱਦ ਤਿੱਖੇ ਤੇਵਰ ਦਿਖਾਏ। ਉਨ੍ਹਾਂ ਦੋਸ਼ ਲਾਇਆ ਕਿ ਹਲਕੇ ਵਿੱਚ ਨਸ਼ਾ ਸ਼ਰੇਆਮ ਵਿਕ ਰਿਹਾ ਹੈ ਤੇ ਚਿੱਟੇ ਵਰਗੇ ਘਾਤਕ ਨਸ਼ਿਆਂ ਨੇ ਕਈ ਮਾਵਾਂ ਦੇ ਪੁੱਤ ਖੋਹ ਲਏ ਹਨ।ਉਨ੍ਹਾਂ ਕਿਹਾ ਕਿ ਘਰਾਂ ਵਿੱਚ ਸੱਥਰ ਵਿਛ ਰਹੇ ਹਨ, ਪਰ ਪੁਲਿਸ ਦੀ ਕਾਰਗੁਜ਼ਾਰੀ ਸਿਰਫ਼ ਕਾਗਜ਼ਾਂ ਤੱਕ ਸੀਮਤ ਹੈ। ਗੋਲਡੀ ਅਨੁਸਾਰ, ਨਸ਼ਾ ਤਸਕਰਾਂ ਨੂੰ ਨੱਥ ਪਾਉਣ ਦੀ ਬਜਾਏ ਪੁਲਿਸ ਸਿਰਫ਼ ਖਾਨਾਪੂਰਤੀ ਕਰ ਰਹੀ ਹੈ, ਜਿਸ ਕਾਰਨ ਲੋਕਾਂ ਵਿੱਚ ਭਾਰੀ ਸਹਿਮ ਅਤੇ ਰੋਸ ਪਾਇਆ ਜਾ ਰਿਹਾ ਹੈ।ਪੁਲਸ ਪ੍ਰਸ਼ਾਸਨ ਨੂੰ ਘੇਰਨ ਤੋਂ ਬਾਅਦ 'ਖੰਗੂੜਾ ਜੋੜੀ' ਮੁੱਖ ਮੰਤਰੀ ਕੈਂਪਸ ਪਹੁੰਚੀ।ਉੱਥੇ ਦਫ਼ਤਰ ਦੇ ਮੁੱਖ ਗੇਟ ਨੂੰ ਕੁੰਡਾ ਲੱਗਿਆ ਹੋਣ ਕਾਰਨ ਉਨ੍ਹਾਂ ਨੇ ਸਖ਼ਤ ਇਤਰਾਜ਼ ਪ੍ਰਗਟਾਇਆ ਅਤੇ ਸੰਕੇਤਕ ਤੌਰ 'ਤੇ ਗੇਟ ਦਾ ਕੁੰਡਾ ਖੜਕਾ ਕੇ ਰੋਸ ਜ਼ਾਹਰ ਕੀਤਾ।ਉਨ੍ਹਾਂ ਕਿਹਾ ਕਿ ਜੇਕਰ ਮੁੱਖ ਮੰਤਰੀ ਦੇ ਆਪਣੇ ਹਲਕੇ ਦੇ ਦਫ਼ਤਰਾਂ ਦੇ ਦਰਵਾਜ਼ੇ ਹੀ ਲੋਕਾਂ ਲਈ ਬੰਦ ਰਹਿਣਗੇ, ਤਾਂ ਜਨਤਾ ਆਪਣੀਆਂ ਫ਼ਰਿਆਦਾਂ ਲੈ ਕੇ ਕਿੱਥੇ ਜਾਵੇਗੀ? ਇਸ ਦੌਰਾਨ ਦਫ਼ਤਰ ਇੰਚਾਰਜ ਦਲਵੀਰ ਸਿੰਘ ਢਿੱਲੋਂ ਤੇ ਮਾਰਕਿਟ ਕਮੇਟੀ ਦੇ ਚੇਅਰਮੈਨ ਰਾਜਵੰਤ ਸਿੰਘ ਘੁੱਲੀ ਨੇ ਮੌਕੇ 'ਤੇ ਸਥਿਤੀ ਨੂੰ ਸੰਭਾਲਣ ਦੀ ਕੋਸ਼ਿਸ਼ ਕੀਤੀ।ਸਿਮਰਤ ਕੌਰ ਖੰਗੂੜਾ ਨੇ ਪ੍ਰਸ਼ਾਸਨਿਕ ਨਾਕਾਮੀਆਂ ਦਾ ਚਿੱਠਾ ਖੋਲ੍ਹਦਿਆਂ ਦੱਸਿਆ ਕਿ ਗਰੀਬ ਲੋਕਾਂ ਦੀਆਂ ਪੈਨਸ਼ਨਾਂ ਇੱਕ-ਇੱਕ ਸਾਲ ਤੋਂ ਨਹੀਂ ਲੱਗ ਰਹੀਆਂ, ਸੁਵਿਧਾ ਕੇਂਦਰਾਂ ਵਿੱਚ ਲੋਕਾਂ ਦੀ ਕੋਈ ਸੁਣਵਾਈ ਨਹੀਂ ਹੋ ਰਹੀ।ਉਨ੍ਹਾਂ ਅੱਗੇ ਕਿਹਾ ਕਿ ਕੱਚੇ ਘਰਾਂ ਦੇ ਗਿਰਨ ਕਾਰਨ ਪੀੜਤ ਹੋਏ ਲੋਕਾਂ ਨੂੰ ਅਜੇ ਤੱਕ ਬਣਦੀ ਮੁਆਵਜ਼ਾ ਰਾਸ਼ੀ ਨਹੀਂ ਮਿਲੀ।ਡੀ.ਐੱਸ.ਪੀ. ਗੁਰਪ੍ਰੀਤ ਸਿੰਘ ਨੇ ਨਸ਼ਿਆਂ ਦੇ ਦੋਸ਼ਾਂ 'ਤੇ ਸਫਾਈ ਦਿੰਦਿਆਂ ਕਿਹਾ ਕਿ ਪੁਲਸ ਨਸ਼ਾ ਤਸਕਰਾਂ ਵਿਰੁੱਧ ਸਖ਼ਤੀ ਨਾਲ ਨਿਪਟ ਰਹੀ ਹੈ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by Printer, Publisher and Editor : **Chand Singh @ Chand Fatehpuri** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.
ਪ੍ਰਕਾਸ਼ਕ, ਛਾਪਕ ਤੇ ਸੰਪਾਦਕ : **ਚੰਦ ਸਿੰਘ ਉਰਫ ਚੰਦ ਫਤਿਹਪੁਰੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ।
ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

## ਨਗਰ ਕੌਂਸਲ ਦੀਆਂ ਚੋਣਾਂ ਨੂੰ ਲੈ ਕੇ ਸੱਚਰ ਵੱਲੋਂ ਕਾਂਗਰਸੀ ਵਰਕਰਾਂ ਨਾਲ ਅਗਾਊਂ ਵਿਉਂਤਬੰਦੀ



**ਮਜੀਠਾ (ਸੋਇਮ ਆਨੰਦ)**- ਪੰਜਾਬ ਸਰਕਾਰ ਵੱਲੋਂ ਆਉਂਦੇ ਦਿਨਾਂ ਦੌਰਾਨ ਸੂਬੇ ਦੀਆਂ ਨਗਰ ਕੌਂਸਲ ਅਤੇ ਨਗਰ ਪੰਚਾਇਤਾਂ ਦੀਆਂ ਚੋਣਾਂ ਕਰਵਾਇਆਂ ਜਾਣੀਆਂ ਹਨ ਜਿਸ ਸਬੰਧੀ ਸਾਰੀਆਂ ਸਿਆਸੀ ਪਾਰਟੀਆਂ ਵੱਲੋਂ ਤਿਆਰੀਆਂ ਆਰੰਭ ਦਿੱਤੀਆਂ ਗਈਆਂ ਹਨ।ਇਸੇ ਦੌਰਾਨ ਦੇਰ ਸ਼ਾਮ ਮਜੀਠਾ ਦੀ ਨਗਰ ਕੌਂਸਲ ਸਬੰਧੀ ਕਾਂਗਰਸ ਦੇ ਹਲਕਾ ਇੰਚਾਰਜ ਭਗਵੰਤ ਪਾਲ ਸਿੰਘ ਸੱਚਰ ਦੀ ਅਗਵਾਈ ਵਿੱਚ ਹਰਮਨ ਸਿੰਘ ਗਿੱਲ ਦੇ ਗ੍ਰਹਿ ਵਿਖੇ ਹੰਗਾਮੀ ਮੀਟਿੰਗ ਹੋਈ ਜਿਸ ਵਿੱਚ ਸ਼ਹਿਰੀ ਕਾਂਗਰਸ ਦੇ ਪ੍ਰਧਾਨ ਨਵਦੀਪ ਸਿੰਘ ਸੋਨਾ ਤੋਂ ਇਲਾਵਾ ਸੀਨੀਅਰ ਕਾਂਗਰਸੀ ਆਗੂ ਹਾਜ਼ਰ ਸਨ।ਮੀਟਿੰਗ ਉਪਰੰਤ ਗੱਲਬਾਤ ਕਰਦਿਆਂ ਭਗਵੰਤ ਪਾਲ ਸਿੰਘ ਸੱਚਰ ਨੇ ਕਿਹਾ ਕਿ ਸੱਤਾਧਾਰੀ ਪਾਰਟੀ ਆਮ ਆਦਮੀ ਪਾਰਟੀ ਦੀ ਸਰਕਾਰ ਆਪਣੀ ਹਾਰ ਨੂੰ ਵੇਖਦਿਆਂ ਹੋਇਆਂ ਸਾਰੀਆਂ ਵਾਰਡਾਂ ਨੂੰ ਆਪਣੀ ਮਨਮਰਜ਼ੀ ਅਨੁਸਾਰ ਰਿਜ਼ਰਵ ਤੇ ਜਨਰਲ ਕਰਵਾ ਰਹੀ ਹੈ ਤਾਂ ਜੋ ਇਨ੍ਹਾਂ ਦੀ ਪਾਰਟੀ ਨੂੰ ਫਾਇਦਾ ਮਿਲ ਸਕੇ। ਸੱਚਰ ਨੇ ਕਿਹਾ ਕਿ ਜਿਨ੍ਹਾਂ ਵਾਰਡਾਂ ਵਿੱਚ ਜਨਰਲ ਪਰਿਵਾਰਾਂ ਦੀ ਗਿਣਤੀ ਜ਼ਿਆਦਾ ਹੈ ਉਨ੍ਹਾਂ ਨੂੰ ਜਾਣਬੁੱਝ ਕੇ ਐੱਸਸੀ ਭਾਈਚਾਰੇ ਲਈ ਤੇ ਜਿਨ੍ਹਾਂ ਵਾਰਡਾਂ ਵਿੱਚ ਐੱਸ. ਸੀ. ਭਾਈਚਾਰਾ ਜ਼ਿਆਦਾ ਹੈ ਉਨ੍ਹਾਂ ਨੂੰ ਜਨਰਲ ਕੀਤਾ ਗਿਆ ਹੈ ਤਾਂ ਜੋ ਸੱਤਾਧਾਰੀ ਪਾਰਟੀ ਨੂੰ ਫਾਇਦਾ ਮਿਲ ਸਕੇ ਪਰ ਮਜੀਠਾ ਸ਼ਹਿਰ ਦੇ ਸੂਝਵਾਨ ਲੋਕ ਇਨ੍ਹਾਂ ਕੋਲੋਂ ਪਿਛਲੇ ਪੰਜ ਸਾਲਾਂ ਦੀ ਕਾਰਗੁਜ਼ਾਰੀ ਦਾ ਹਿਸਾਬ ਕਿਤਾਬ ਜ਼ਰੂਰ ਪੁੱਛਣਗੇ।ਸੱਚਰ ਨੇ ਕਿਹਾ ਕਿ ਮਜੀਠਾ ਹਲਕੇ ਦੇ ਲੋਕ ਹਮੇਸ਼ਾ ਸ਼ਾਂਤੀ ਪਸੰਦ ਰਹੇ ਹਨ ਤੇ ਡਰਾ ਧਮਕਾ ਕੇ ਵੋਟ ਲੈਣ ਵਾਲਿਆਂ ਨੂੰ ਵੋਟਿੰਗ ਵਾਲੇ ਦਿਨ ਆਪਣੀ ਮਰਜ਼ੀ ਨਾਲ ਬਟਨ ਦਬਾ ਕੇ ਆਪਣਾ ਆਜ਼ਾਦ ਫੈਸਲਾ ਵੀ ਦੱਸ ਦਿੰਦੇ ਹਨ।ਇਸ ਮੌਕੇ ਸ਼ਹਿਰੀ ਪ੍ਰਧਾਨ ਨਵਦੀਪ ਸਿੰਘ ਸੋਨਾ ਨੇ ਕਿਹਾ ਕਿ ਕਾਂਗਰਸ ਪਾਰਟੀ ਪੂਰੀ ਤਰ੍ਹਾਂ ਚੋਣਾਂ ਲੜਨ ਲਈ ਤਿਆਰ ਹੈ।ਇਸ ਮੌਕੇ ਨਵਦੀਪ ਸਿੰਘ ਸੋਨਾ ਕੌਂਸਲਰ ਤੇ ਬਲਾਕ ਪ੍ਰਧਾਨ ਮਜੀਠਾ ਸ਼ਹਿਰੀ ਕਾਂਗਰਸ, ਬਲਾਕ ਪ੍ਰਧਾਨ ਨਵਤੇਜਪਾਲ ਸਿੰਘ ਸੋਹੀ, ਪਰਮਜੀਤ ਸਿੰਘ ਪੰਮਾ, ਸੁਖਵਿੰਦਰ ਸਿੰਘ ਆਕੜ, ਜਗਦੀਸ਼ ਸਿੰਘ ਦੀਸ਼ਾ, ਗੁਰਪਾਲ ਸਿੰਘ ਸੇਠ, ਮਨੋਹਰ ਗਾਲੋਵਾਲੀ, ਵਿਜੇ ਕੁਮਾਰ, ਲਾਡੀ ਮਜੀਠਾ, ਕੁਲਦੀਪ ਸਿੰਘ, ਹਰਪ੍ਰੀਤ ਸਿੰਘ, ਜਤਿੰਦਰ ਸਿੰਘ, ਮਾਹਨ ਸਿੰਘ, ਰਾਜੂ ਜਲਾਲਪੁਰ, ਸੁਲੱਖਣ ਸਿੰਘ ਕੱਥੂਨੰਗਲ, ਦਵਿੰਦਰ ਸਿੰਘ ਭੁੱਲਰ, ਬੱਬੂ ਮਜੀਠਾ, ਵਿਜੈ ਕੁਮਾਰ ਬਿਜਲੀ ਵਾਲੇ ਤੇ ਹੋਰ ਵੀ ਆਗੂ ਹਾਜ਼ਰ ਸਨ।

## ਬੈਸਟ ਆਊਟ ਆਫ ਵੇਸਟ ਮੁਕਾਬਲੇ 'ਚ ਬੱਚਿਆਂ ਨੇ ਕੀਤਾ ਰਚਨਾਤਮਕਤਾ ਦਾ ਸ਼ਾਨਦਾਰ ਪ੍ਰਦਰਸ਼ਨ

**ਤਰਨ ਤਾਰਨ (ਪ੍ਰਿਤਪਾਲ ਸਿੰਘ)**- ਗੁਰੂ ਅਮਰਦਾਸ ਆਦਰਸ਼ ਇੰਸਟੀਚਿਊਟ, ਗੋਇੰਦਵਾਲ ਸਾਹਿਬ ਵਿਖੇ ਧਰਤੀ ਬਚਾਓ ਦਿਵਸ ਮਨਾਇਆ ਗਿਆ ਜਿਸ ਵਿੱਚ ਸਕੂਲ ਦੇ ਵਿਦਿਆਰਥੀਆਂ ਦੀ ਸਿਰਜਣਾਤਮਕ



ਯੋਗਤਾ ਨੂੰ ਨਿਖਾਰਨ ਲਈ ਬੈਸਟ ਆਊਟ ਆਫ ਵੇਸਟ ਮੁਕਾਬਲੇ ਦਾ ਆਯੋਜਨ ਕੀਤਾ ਗਿਆ। ਇਸ ਮੁਕਾਬਲੇ ਵਿੱਚ ਵਿਦਿਆਰਥੀਆਂ ਨੇ ਫਾਲਤੂ ਅਤੇ ਨਾ ਵਰਤੋਂ ਵਿੱਚ ਆਉਣ ਵਾਲੀ ਸਮੱਗਰੀ ਦੀ ਵਰਤੋਂ ਕਰਕੇ ਬੇਹਤਰੀਨ ਕਲਾ ਕਿਰਤਾਂ ਤਿਆਰ ਕੀਤੀਆਂ।ਵਿਗਿਆਨ ਨਾਲ ਸੰਬੰਧਿਤ ਆਕਰਸ਼ਕ ਪ੍ਰੋਜੈਕਟ, ਸੁੰਦਰ ਫੁੱਲਦਾਨ, ਰੰਗ-ਬਿਰੰਗੇ ਸਜਾਵਟੀ ਸਮਾਨ ਅਤੇ ਹੋਰ ਕਈ ਉਪਯੋਗੀ ਵਸਤੂਆਂ ਤਿਆਰ ਕਰਕੇ ਸਭ ਦਾ ਮਨ ਮੋਹ ਲਿਆ। ਬੱਚਿਆਂ ਦੀ ਕਲਪਨਾ, ਮਿਹਨਤ ਅਤੇ ਹੁਨਰ ਹਰ ਇਕ ਰਚਨਾ ਵਿੱਚ ਸਾਫ਼ ਝਲਕ ਰਿਹਾ ਸੀ।ਇਸ ਮੁਕਾਬਲੇ ਵਿੱਚ ਬਹੁਤ ਸਾਰੇ ਵਿਦਿਆਰਥੀਆਂ ਨੇ ਵੱਧ-ਚੜ੍ਹ ਕੇ ਹਿੱਸਾ ਲਿਆ ਅਤੇ ਬਹੁਤ ਵਿਦਿਆਰਥੀਆਂ ਨੇ ਪੁਜ਼ੀਸ਼ਨਾਂ ਵੀ ਹਾਸਲ ਕੀਤੀਆਂ।ਡਾਇਰੈਕਟਰ ਡਾ. ਜਤਿੰਦਰਪਾਲ ਸਿੰਘ ਰੰਧਾਵਾ ਅਤੇ ਪ੍ਰਿੰ. ਮੈਡਮ ਮਨੀਸ਼ਾ ਸੂਦ ਨੇ ਜੇਤੂ ਵਿਦਿਆਰਥੀਆਂ ਨੂੰ ਸਨਮਾਨਿਤ ਕਰਦਿਆਂ ਉਤਸ਼ਾਹਿਤ ਕੀਤਾ ਤੇ ਵਿਦਿਆਰਥੀਆਂ ਦੀ ਪ੍ਰਸ਼ੰਸਾ ਕਰਦੇ ਹੋਏ ਕਿਹਾ ਕਿ ਇਸ ਤਰ੍ਹਾਂ ਦੇ ਮੁਕਾਬਲੇ ਬੱਚਿਆਂ ਵਿੱਚ ਰਚਨਾਤਮਕਤਾ ਅਤੇ ਵਾਤਾਵਰਣ ਪ੍ਰਤੀ ਜਾਗਰੂਕਤਾ ਪੈਦਾ ਕਰਦੇ ਹਨ।ਇਸ ਮੁਕਾਬਲੇ ਨੇ ਵਿਦਿਆਰਥੀਆਂ ਨੂੰ ਬੇਕਾਰ ਸਮੱਗਰੀ ਨੂੰ ਨਵੀਂ ਉਪਯੋਗਤਾ ਵਿੱਚ ਬਦਲਣ ਦੀ ਪ੍ਰੇਰਨਾ ਦਿੱਤੀ।

## ਲੋਕ ਮੁੜ ਹਲਕੇ ਦੀ ਜ਼ਿੰਮੇਵਾਰੀ ਤ੍ਰਿਪਤ ਰਜਿੰਦਰ ਬਾਜਵਾ ਨੂੰ ਸੌਂਪਣਗੇ ਦੇ ਰੌਅ 'ਚ : ਹਰਪ੍ਰੀਤ ਸਿੰਘ

**ਜੈਂਤੀਪੁਰ (ਸੁਖਬੀਰ ਸਿੰਘ ਸਿੱਧੂ)**- ਸਾਬਕਾ ਕੈਬਨਿਟ ਮੰਤਰੀ ਤ੍ਰਿਪਤ ਰਜਿੰਦਰ ਸਿੰਘ ਬਾਜਵਾ ਨੂੰ ਲੋਕ ਅੱਜ ਵੀ ਉਨ੍ਹਾਂ ਦੇ ਕੀਤੇ ਕੰਮਾਂ ਕਰਕੇ ਜਾਣਦੇ ਹਨ।ਹਲਕੇ ਦੀ



ਤਰੱਕੀ ਲਈ ਉਨ੍ਹਾਂ ਨੇ ਬਹੁਤ ਕੁੱਝ ਕੀਤਾ। ਹਰਪ੍ਰੀਤ ਸਿੰਘ ਲੰਬੜਦਾਰ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਕਿਹਾ ਕਿ ਸ. ਬਾਜਵਾ ਵੱਲੋਂ ਪਿੰਡਾਂ ਨੂੰ ਬੇਅੰਤ ਗਰਾਂਟਾਂ ਵੰਡ ਕੇ ਪਿੰਡਾਂ ਦੀ ਨੁਹਾਰ ਬਦਲ ਕੇ ਰੱਖ ਦਿੱਤੀ ਸੀ।ਪਿੰਡਾਂ ਦੇ ਡੇਰਿਆਂ ਨੂੰ ਜਾਂਦੇ ਰਾਹਾਂ ਨੂੰ ਅਤੇ ਗਲੀਆਂ ਨਾਲੀਆਂ ਨੂੰ ਪੱਕਾ ਕਰਵਾਇਆ।ਪਿੰਡਾਂ ਵਿੱਚ ਖੇਡ ਗਰਾਊਂਡਾਂ, ਸਟੇਡੀਅਮ ਬਣਵਾਏ। ਜੋ ਤਰੱਕੀ ਬਾਜਵਾ ਸਾਹਿਬ ਨੇ ਕੀਤੀ ਹੈ ਉਹ ਹੋਰ ਕੋਈ ਨਹੀਂ ਕਰ ਸਕਦਾ। ਉਨ੍ਹਾਂ ਨੇ ਕਿਹਾ ਕਿ ਹੁਣ ਆਮ ਆਦਮੀ ਪਾਰਟੀ ਦੀ ਸਰਕਾਰ ਤਾਂ ਜੁਮਲਿਆਂ ਦੀ ਸਰਕਾਰ ਹੀ ਬਣ ਕੇ ਰਹਿ ਗਈ।ਜਿੰਨੀ ਮਿਹਨਤ ਤ੍ਰਿਪਤ ਰਜਿੰਦਰ ਸਿੰਘ ਬਾਜਵਾ ਤੇ ਚੇਅਰਮੈਨ ਰਵੀਨੰਦਨ ਸਿੰਘ ਬਾਜਵਾ ਵੱਲੋਂ ਕੀਤੀ ਜਾਂਦੀ ਹੈ ਉਨੀ ਮਿਹਨਤ ਕੋਈ ਨਹੀਂ ਕਰ ਸਕਦਾ। ਉਹ ਹਲਕੇ ਦੇ ਲੋਕਾਂ ਦੇ ਹਰ ਦੁੱਖ-ਸੁੱਖ ਵਿੱਚ ਵੀ ਸ਼ਾਮਿਲ ਹੁੰਦੇ ਹਨ।ਇਸ ਮੌਕੇ ਜਸਪਾਲ ਸਿੰਘ ਪ੍ਰਧਾਨ, ਸੁਲੱਖਣ ਸਿੰਘ, ਸੁਰਿੰਦਰ ਸਿੰਘ ਮੈਂਬਰ, ਸੋਨੂੰ, ਚੈਂਚਲ ਸਿੰਘ, ਸੁਖਦੇਵ ਸ਼ਾਹ, ਰਾਣਾ ਲੰਬੜਦਾਰ, ਯੋਧਾ ਸਿੰਘ, ਸੁਖਦੇਵ ਸਿੰਘ ਸੁੱਖਾ, .ਜਗਪ੍ਰੀਤ ਜਾਗੋ, ਮਨਜੀਤ ਗੋਗਾ, ਮਨਪ੍ਰੀਤ ਲੰਬੜਦਾਰ, ਡਾਕਟਰ ਹਰਜਿੰਦਰ ਸਿੰਘ ਮਾਨ, ਸੁਰਜੀਤ ਮੱਲੀ ਅਤੇ ਸੁਖਦੇਵ ਸੋਨੂੰ ਆਦਿ ਹਾਜ਼ਰ ਸਨ।

## 2027 'ਚ ਪੰਜਾਬ ਵਿੱਚ ਕਾਂਗਰਸ ਦੀ ਸਰਕਾਰ ਬਣਨੀ ਤਹਿ : ਡੈਮ ਅਜਨਾਲਾ

**ਅਜਨਾਲਾ, (ਸੁਖਤਿੰਦਰ ਸਿੰਘ ਰਾਜੂ)**- ਕਾਂਗਰਸ ਪਾਰਟੀ ਸ਼ਹਿਰੀ ਅਜਨਾਲਾ ਦੇ ਪ੍ਰਧਾਨ ਤੇ ਸੀਨੀਅਰ ਆਗੂ ਡੈਮ ਦਵਿੰਦਰ ਸਿੰਘ ਅਜਨਾਲਾ ਨੇ ਆਪਣੇ ਫਤਿਹਗੜ੍ਹ ਚੂੜੀਆਂ ਰੋਡ ਦਫ਼ਤਰ ਵਿਖੇ ਕੁੱਝ ਚੋਣਵੇਂ ਪੱਤਰਕਾਰਾਂ ਨਾਲ



ਗੱਲਬਾਤ ਕਰਦਿਆਂ ਕਿਹਾ ਕਿ ਪੰਜਾਬ ਅੰਦਰ ਆਮ ਆਦਮੀ ਪਾਰਟੀ ਦੀ ਮੌਜੂਦਾ ਸਰਕਾਰ ਨੂੰ ਜੁਮਲੇਬਾਜ਼ਾਂ ਦੀ ਸਰਕਾਰ ਕਰਾਰ ਦਿੰਦਿਆਂ ਕਿਹਾ ਕੀ ਇਸ ਸਰਕਾਰ ਨੇ ਪਿਛਲੇ ਚਾਰ ਸਾਲਾਂ ਦੇ ਆਪਣੇ ਕਾਰਜਕਾਲ ਦੌਰਾਨ ਪੰਜਾਬ ਨੂੰ ਬਰਬਾਦ ਕਰ ਕੇ ਰੱਖ ਦਿੱਤਾ ਹੈ।ਇਸ ਸਰਕਾਰ ਨੇ ਕੰਮ ਘੱਟ ਕੀਤੇ ਤੇ ਆਪਣੀਆਂ ਮਸ਼ਹੂਰੀਆਂ ਕਰਨ ਵੱਲ ਜ਼ਿਆਦਾ ਧਿਆਨ ਦਿੱਤਾ ਹੈ।ਇਸ਼ਤਿਹਾਰਾਂ 'ਤੇ ਲੱਖਾਂ ਕਰੋੜਾਂ ਰੁਪਏ ਖ਼ਰਚ ਕਰਕੇ ਪੰਜਾਬ ਦੀ ਜਨਤਾ ਤੇ ਵਾਧੂ ਬੋਝ ਪਾਇਆ ਹੈ।ਉਨ੍ਹਾਂ ਕਿਹਾ ਕਿ ਪੰਜਾਬ ਅੰਦਰ ਲੱਗ ਰਹੇ ਬਿਜਲੀ ਦੇ ਲੰਮੇ ਲੰਮੇ ਕੱਟਾਂ ਨਾਲ ਹਾਹਾਕਾਰ ਮੱਚੀ ਹੋਈ ਹੈ।ਇਸ ਲੰਮੇ ਕੱਟਾਂ ਨੇ ਸਰਕਾਰ ਦੇ ਝੂਠੇ ਵਾਅਦਿਆਂ ਦੀ ਪੋਲ ਵੀ ਖੋਲ੍ਹ ਕੇ ਰੱਖ ਦਿੱਤੀ ਹੈ।ਡੈਮ ਅਜਨਾਲਾ ਨੇ ਕਿਹਾ ਕਿ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਪੰਜਾਬ ਅੰਦਰ ਕਾਂਗਰਸ ਪਾਰਟੀ ਦੀ ਸਰਕਾਰ ਬਣਨ ਤੋਂ ਕੋਈ ਵੀ ਨਹੀਂ ਰੋਕ ਸਕਦਾ।ਇਸ ਵਾਰ ਪੰਜਾਬ ਦੇ ਲੋਕਾਂ ਨੇ ਆਪ ਪਾਰਟੀ ਦੀ ਸਰਕਾਰ ਨੂੰ ਚੱਲਦਾ ਕਰਨ ਲਈ ਪੱਕਾ ਮਨ ਬਣਾਈ ਬੈਠੇ ਹਨ। ਇਸ ਮੌਕੇ ਸੀਨੀਅਰ ਕਾਂਗਰਸੀ ਆਗੂ ਬਾਊ ਦਰਸ਼ਨ ਲਾਲ ਸ਼ਰਮਾ, ਕਾਂਗਰਸ ਪਾਰਟੀ ਸੋਸ਼ਲ ਮੀਡੀਆ ਅਜਨਾਲਾ ਦੇ ਸਾਬਕਾ ਚੇਅਰਮੈਨ ਸੀਨੀਅਰ ਯੂਥ ਆਗੂ ਬਾਊ ਸੁਖਦੇਵ ਸਰੀਨ ਅਜਨਾਲਾ, ਅਮਰਬੀਰ ਸਿੰਘ ਬੱਲ, ਸਾਬਕਾ ਇੰਸਪੈਕਟਰ ਬਲਵਿੰਦਰ ਸਿੰਘ ਅਜਨਾਲਾ ਆਦਿ ਹਾਜ਼ਰ ਸਨ।

## ਜ਼ਿਲ੍ਹਾ ਪੱਧਰੀ ਮੁਕਾਬਲੇ ਕਰਵਾਉਣ 'ਚ ਫੈਂਸਿੰਗ ਐਸੋਸੀਏਸ਼ਨ ਗੁਰਦਾਸਪੁਰ ਰਹੀ ਅਸਫਲ

**ਗੁਰਦਾਸਪੁਰ (ਜਨਕ ਮਹਾਜਨ)**- ਫੈਂਸਿੰਗ ਐਸੋਸੀਏਸ਼ਨ ਗੁਰਦਾਸਪੁਰ ਵੱਲੋਂ 26 ਅਪਰੈਲ ਨੂੰ ਜ਼ਿਲ੍ਹਾ ਪੱਧਰੀ ਫੈਂਸਿੰਗ (ਅੰਡਰ-17) ਮੁਕਾਬਲੇ ਕਰਵਾਉਣ ਲਈ ਕੋਈ ਵੀ ਢੁੱਕਵਾਂ ਪ੍ਰਬੰਧ ਨਾ ਹੋਣ ਕਾਰਨ ਜ਼ਿਲ੍ਹੇ ਭਰ ਵਿੱਚੋਂ ਪਹੁੰਚੇ ਫੈਂਸਿੰਗ ਖਿਡਾਰੀਆਂ ਤੇ ਉਨ੍ਹਾਂ ਦੇ ਮਾਪਿਆਂ ਤੇ ਕੋਚਾਂ ਨੂੰ ਸਾਰਾ ਦਿਨ ਖੱਜਲ ਖੁਆਰ ਹੋਣਾ ਪਿਆ। ਫੈਂਸਿੰਗ ਖਿਡਾਰੀਆਂ ਦੇ ਕੋਚਾਂ ਅਤੇ ਮਾਪਿਆਂ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਫੈਂਸਿੰਗ ਐਸੋਸੀਏਸ਼ਨ ਗੁਰਦਾਸਪੁਰ ਵੱਲੋਂ ਜ਼ਿਲ੍ਹਾ ਪੱਧਰੀ ਫੈਂਸਿੰਗ (ਅੰਡਰ-17) ਮੁਕਾਬਲੇ ਕਰਵਾਉਣ ਲਈ ਲਾਰੈਂਸ ਇੰਟਰਨੈਸ਼ਨਲ ਸਕੂਲ ਬਟਾਲਾ ਵਿਖੇ 26 ਅਪਰੈਲ ਸਵੇਰੇ 8 ਵਜੇ ਦਾ ਸਮਾਂ ਨਿਧਾਰਤ ਕੀਤਾ ਗਿਆ।ਬੱਚਿਆਂ ਨੂੰ ਲੈ ਕੇ ਮਾਪੇ ਅਤੇ ਕੋਚ ਨਿਧਾਰਤ ਸਮੇਂ 'ਤੇ ਲਾਰੈਂਸ ਇੰਟਰਨੈਸ਼ਨਲ ਸਕੂਲ ਬਟਾਲਾ ਪਹੁੰਚੇ ਤਾਂ ਉਥੇ ਗੇਟ 'ਤੇ ਖੜੇ ਸਕਿਊਰਿਟੀ ਗਾਰਡ ਨੇ ਸਕੂਲ ਅੰਦਰ ਜਾਣ ਤੋਂ ਮਨ੍ਹਾ ਕਰ ਦਿੱਤਾ ਤੇ ਆਖਿਆ ਇੱਥੇ ਫੈਂਸਿੰਗ ਟੂਰਨਾਮੈਂਟ ਸਬੰਧੀ ਸਾਨੂੰ ਕੋਈ ਜਾਣਕਾਰੀ ਨਹੀਂ ਮਿਲੀ ਹੈ ਅਤੇ ਨਾ ਹੀ ਟੂਰਨਾਮੈਂਟ ਲਈ ਕੋਈ ਪ੍ਰਬੰਧ ਕੀਤਾ ਹੈ।ਖਿਡਾਰੀਆਂ ਤੇ ਉਨ੍ਹਾਂ ਦੇ ਮਾਪਿਆਂ ਤੇ ਕੋਚਾਂ ਨੂੰ ਮਜਬੂਰਨ ਕੁੱਝ ਸਮਾਂ ਸਕੂਲ ਦੇ ਬਾਹਰ



ਧੁੱਪ ਵਿੱਚ ਖੜੇ ਰਹਿਣ ਦੇ ਬਾਅਦ ਸਕੂਲ ਅੰਦਰ ਆਉਣ ਦਿੱਤਾ।ਸਕੂਲ ਵਿੱਚ ਵੀ ਬੈਠਣ ਲਈ ਕੋਈ ਪ੍ਰਬੰਧ ਨਹੀਂ ਸੀ ਕੀਤਾ ਹੋਇਆ।ਕਾਫੀ ਦੇਰ ਬਾਅਦ ਐਸੋਸੀਏਸ਼ਨ ਦੇ ਅਹੁਦੇਦਾਰ ਸਕੂਲ ਪਹੁੰਚ ਕੇ ਪ੍ਰਬੰਧ ਸ਼ੁਰੂ ਕਰਨ ਲੱਗੇ ਤਾਂ ਬਾਅਦ ਦੁਪਹਿਰ ਤੱਕ ਫੈਂਸਿੰਗ ਟੂਰਨਾਮੈਂਟ ਕਰਵਾਉਣ ਲਈ ਕੋਈ ਢੁੱਕਵੀਂ ਥਾਂ ਤਹਿ ਨਾ ਹੋ ਸਕੀ। ਮੁਕਾਬਲੇ ਕਰਵਾਉਣ ਲਈ ਲੋੜੀਂਦਾ ਸਾਮਾਨ ਵੀ ਉਪਲੱਬਧ ਨਾ ਹੋਇਆ।ਜਦੋਂ ਬੱਚਿਆਂ ਨੇ ਨਜਾਇਜ਼ ਢੰਗ ਨਾਲ ਕਰਵਾਏ ਜਾ ਰਹੇ ਟੂਰਨਾਮੈਂਟ ਦਾ ਵਿਰੋਧ ਕੀਤਾ ਤਾਂ ਐਸੋਸੀਏਸ਼ਨ ਦੇ ਅਹੁਦੇਦਾਰਾਂ ਵੱਲੋਂ ਵੱਖ-ਵੱਖ ਉਦਾਹਰਨਾਂ ਦੇ ਕੇ ਬੱਚਿਆਂ ਅਤੇ ਉਨ੍ਹਾਂ ਦੇ ਮਾਪਿਆਂ ਨੂੰ ਦਬਾਉਣ ਦੀ ਕੋਸ਼ਿਸ਼ ਕੀਤੀ ਗਈ।ਐਸੋਸੀਏਸ਼ਨ ਦੇ ਅੜੀਅਲ ਰਵੱਈਏ ਕਾਰਨ ਫੈਂਸਿੰਗ ਟੂਰਨਾਮੈਂਟ ਨਹੀਂ ਹੋ ਸਕਿਆ।ਬੱਚਿਆਂ ਦੇ ਮਾਪਿਆਂ ਅਤੇ ਕੋਚਾਂ ਨੇ ਨਿਰਾਸ਼ਾ ਜਤਾਉਂਦਿਆਂ ਦੱਸਿਆ ਕਿ ਪਿਛਲੇ ਸਾਲਾਂ ਦੌਰਾਨ ਫੈਂਸਿੰਗ ਐਸੋਸੀਏਸ਼ਨ ਗੁਰਦਾਸਪੁਰ ਵੱਲੋਂ ਖਿਡਾਰੀ ਬੱਚਿਆਂ ਨਾਲ ਅਜਿਹੀਆਂ ਕਈ ਧੱਕੇਸ਼ਾਹੀਆਂ ਹੋਣ ਕਾਰਨ ਜ਼ਿਲ੍ਹਾ ਗੁਰਦਾਸਪੁਰ ਦੇ ਕਈ ਹੋਣਹਾਰ ਖਿਡਾਰੀ ਫੈਂਸਿੰਗ ਖੇਡ ਤੋਂ ਕਿਨਾਰਾ ਕਰ ਚੁੱਕੇ ਹਨ।ਖਿਡਾਰੀਆਂ ਦਾ ਭਵਿੱਖ ਧੁੰਦਲਾ ਕਰਨ ਵਾਲੀਆਂ ਅਜਿਹੀਆਂ ਐਸੋਸੀਏਸ਼ਨਾਂ ਖਿਲਾਫ ਸਬੰਧਿਤ ਉੱਚ ਅਧਿਕਾਰੀਆਂ ਅਤੇ ਸਰਕਾਰਾਂ ਨੂੰ ਸਖਤ ਐਕਸ਼ਨ ਲੈਣਾ ਚਾਹੀਦਾ ਹੈ।

## ਸਰਪੰਚ ਨਿਰੰਕਾਰ ਸਿੰਘ ਦੀ ਯਾਦ 'ਚ ਮੁਫਤ ਮੈਡੀਕਲ ਕੈਂਪ ਲੱਗਾ

**ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)**— ਹਲਕਾ ਮਜੀਠਾ ਦੇ ਪਿੰਡ ਤਰਗੜ੍ਹ 'ਚ ਸਵ. ਸਰਪੰਚ ਨਿਰੰਕਾਰ ਸਿੰਘ ਬਾਊ ਦੀ ਸਾਲਾਨਾ ਬਰਸੀ 'ਤੇ ਪਰਿਵਾਰ ਵੱਲੋਂ ਹਰ ਸਾਲ ਫ੍ਰੀ ਮੈਡੀਕਲ ਤੇ ਅੱਖਾਂ ਦੇ ਕੈਂਪ ਲਗਾਏ ਜਾਂਦੇ ਹਨ। ਮਹਾਜਨ ਮੈਡੀਸਿਟੀ ਵੱਲੋਂ ਵੀ ਕੈਂਪ ਲਗਾਇਆ ਗਿਆ ਜਿਸ 'ਚ ਹਲਕਾ ਮਜੀਠਾ ਦੇ ਕਾਂਗਰਸ ਪਾਰਟੀ ਦੇ ਹਲਕਾ ਇੰਚਾਰਜ ਤੇ



ਸੀਨੀਅਰ ਕਾਂਗਰਸੀ ਆਗੂ ਭਗਵੰਤ ਪਾਲ ਸਿੰਘ ਸੱਚਰ ਨੇ ਕੈਂਪ ਦਾ ਉਦਘਾਟਨ ਕੀਤਾ ਤੇ ਬੱਚਿਆਂ ਨੂੰ ਕਾਪੀਆਂ, ਪੈੱਨ ਪੀਣ ਵਾਲੇ ਪਾਣੀ ਦੀਆਂ ਬੋਤਲਾਂ ਤੇ ਹੋਰ ਵੀ ਸਾਮਾਨ ਵੰਡਿਆ ਗਿਆ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸੱਚਰ ਨੇ ਕਿਹਾ ਕਿ ਅਸਲ ਵਿੱਚ ਗਰੀਬ ਤੇ ਲੋੜਵੰਦ ਲੋਕਾਂ ਦੀ ਮਦਦ ਕਰਨਾ ਹੀ ਅਸਲ ਸੇਵਾ ਹੈ। ਉਨ੍ਹਾਂ ਸਰਪੰਚ ਬਾਊ ਦੇ ਪਰਿਵਾਰ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਦੇ ਉੱਦਮ ਨਾਲ ਇਹ ਕੈਂਪ ਲੱਗਾ। ਗਰੀਬ ਭੈਣ ਭਰਾਵਾਂ ਦੇ ਟੈਸਟ ਕੀਤੇ ਗਏ ਦਵਾਈਆਂ ਦਿੱਤੀਆਂ ਗਈਆਂ। ਇਸ ਮੌਕੇ ਡਾਕਟਰ ਤੇਜਬੀਰ ਸਿੰਘ, ਅਮਨ ਕੁਮਾਰ, ਡਾਕਟਰ ਗੁਰਨਾਮ ਸਿੰਘ, ਡਾਕਟਰ ਭੁਪਿੰਦਰ ਸਿੰਘ, ਮੈਡਮ ਮਨਜੀਤ ਕੌਰ, ਰਜਵੰਤ ਕੌਰ, ਇਸ਼ਾਨ ਸ਼ਰਮਾ ਤੇ ਸੋਨੂੰ ਹੈਲਪਰ ਏਐੱਸਜੀ ਹਸਪਤਾਲ ਅੰਮ੍ਰਿਤਸਰ ਨੇ ਮਰੀਜ਼ਾਂ ਦਾ ਮੁਆਇਨਾ ਕੀਤਾ। ਇਸ ਮੌਕੇ ਪਿੰਡ ਦੇ ਸਾਬਕਾ ਸਰਪੰਚ ਸੁਰਜੀਤ ਸਿੰਘ ਤਰਗੜ੍ਹ, ਬਲਾਕ ਕਾਂਗਰਸ ਮਜੀਠਾ ਦੇ ਪ੍ਰਧਾਨ ਨਵਤੇਜਪਾਲ ਸਿੰਘ ਸੋਹੀਆਂ, ਸ਼ਹਿਰੀ ਮਜੀਠਾ ਕਾਂਗਰਸ ਦੇ ਪ੍ਰਧਾਨ ਤੇ ਕੌਂਸਲਰ ਨਵਦੀਪ ਸਿੰਘ ਸੋਨਾ ਮਜੀਠਾ, ਸਾਬਕਾ ਸਰਪੰਚ ਮੰਗਲ ਸਿੰਘ ਵੀਰਮ, ਜੱਸਲਾਈਕ ਸਿੰਘ ਤਰਗੜ੍ਹ, ਅਵਤਾਰ ਸਿੰਘ, ਬਬਲੀ ਤੇ ਹੋਰ ਵੀ ਲੋਕ ਹਾਜ਼ਰ ਸਨ।

## ਠੱਠਾ ਦੇ ਵਿਦਿਆਰਥੀਆਂ ਨੇ ਇੰਟਰ ਸਕੂਲ ਮੁਕਾਬਲਿਆਂ 'ਚ ਮੱਲਾਂ ਮਾਰੀਆਂ



**ਝਬਾਲ (ਹਰਜਿੰਦਰ ਸਿੰਘ ਸੋਨੀ)**- ਹਾਵਰਡ ਲੇਨ ਸੀਨੀਅਰ ਸੈਕੰਡਰੀ ਸਕੂਲ ਠੱਠਾ ਦੇ ਵਿਦਿਆਰਥੀਆਂ ਨੇ ਅੰਮ੍ਰਿਤਸਰ ਸਟਾਲ ਵਟਸ ਵਲਡ ਸਕੂਲ ਵਿਖੇ ਕਰਵਾਏ ਗਏ।

ਇੰਟਰ ਸਕੂਲ ਮੁਕਾਬਲੇ ਜਿਸ ਦਾ ਵਿਸ਼ਾ 'ਮਾਨਸਿਕਤਾ' ਸੀ, ਵਿੱਚ ਵੱਧ ਚੜ੍ਹ ਕੇ ਭਾਗ ਲਿਆ।ਇਸ ਪ੍ਰੋਗਰਾਮ ਵਿੱਚ ਵੱਖ-ਵੱਖ ਤਰ੍ਹਾਂ ਦੇ ਮੁਕਾਬਲੇ ਕਰਵਾਏ ਗਏ ਜਿਵੇਂ ਸਟੈਂਡ ਅਪ ਕਮੇਡੀ, ਮਿਊਰਲ ਆਰਟ, ਐਡ ਮੈਡ ਸ਼ੋਅ, ਡਿਬੇਟ ਮੁਕਾਬਲਾ, ਕਵਿਤਾ ਮੁਕਾਬਲੇ ਆਦਿ।ਇਨ੍ਹਾਂ ਮੁਕਾਬਲਿਆਂ ਦਾ ਮੁੱਖ ਥੀਮ ਵਾਤਾਵਰਨ ਪ੍ਰਤੀ ਜਾਗਰੂਕਤਾ ਸੰਬੰਧਤ ਸੀ।ਇਨ੍ਹਾਂ ਮੁਕਾਬਲਿਆਂ ਵਿੱਚ ਸਟੈਂਡ ਅਪ ਕਮੇਡੀ ਵਿੱਚ ਜਸਕਰਨ ਸਿੰਘ ਤੇ ਪਰਮੋਲਪ੍ਰੀਤ ਕੌਰ ਜਮਾਤ ਬਾਰ੍ਹਵੀਂ ਦੇ ਵਿਦਿਆਰਥੀਆਂ ਨੇ 20 ਸਕੂਲਾਂ ਵਿੱਚੋਂ ਦੂਜਾ ਸਥਾਨ ਹਾਸਲ ਕੀਤਾ।ਇਨ੍ਹਾਂ ਮੁਕਾਬਲਿਆਂ ਵਿੱਚ ਭਾਗ ਲੈ ਰਹੇ ਵਿਦਿਆਰਥੀਆਂ ਨੂੰ ਸਰਟੀਫਿਕੇਟ ਦੇ ਕੇ ਨਿਵਾਜਿਆ ਪ੍ਰਿੰਸੀਪਲ ਸ੍ਰ: ਬਲਰਾਜ ਸਿੰਘ ਬਾਠ ਨੇ ਇਨ੍ਹਾਂ ਮੁਕਾਬਲਿਆਂ ਵਿੱਚ ਭਾਗ ਲੈਣ ਵਾਲੇ ਵਿਦਿਆਰਥੀਆਂ ਦੀ ਹੌਸਲਾ ਅਫ਼ਜ਼ਾਈ ਕੀਤੀ ਤੇ ਅੱਗੇ ਆਉਣ ਵਾਲੇ ਸਮੇਂ ਵਿੱਚ ਹੋਰ ਮਿਹਨਤ ਕਰਨ ਦੀ ਪ੍ਰੇਰਨਾ ਦਿੱਤੀ।

## ਕਾਦੀਆਂ ਪੁਲਸ ਵੱਲੋਂ ਐੱਨ ਡੀ ਪੀ ਐੱਸ ਐਕਟ ਤਹਿਤ 5 ਗ੍ਰਿਫ਼ਤਾਰ

**ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)**- ਕਾਦੀਆਂ ਪੁਲਸ ਨੂੰ ਉਸ ਵੇਲੇ ਵੱਡੀ ਸਫਲਤਾ ਹਾਸਿਲ ਹੋਈ ਜਦੋਂ ਐੱਨਡੀਪੀਐੱਸ ਐਕਟ ਦੇ ਮਾਮਲੇ 'ਚ 5 ਦੋਸ਼ੀਆਂ ਨੂੰ ਗ੍ਰਿਫਤਾਰ ਕੀਤਾ ਗਿਆ।ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਥਾਣਾ ਕਾਦੀਆਂ ਦੇ ਐੱਸ ਐੱਚ ਓ ਕਵਲਪ੍ਰੀਤ ਸਿੰਘ ਨੇ ਦੱਸਿਆ ਕਿ ਐੱਸਐੱਸਪੀ ਬਟਾਲਾ ਡਾਕਟਰ ਮਹਿਤਾਬ ਸਿੰਘ ਆਈਪੀਐੱਸ



ਅਨੁਸਾਰ ਉਹ ਪੱਕਾ ਪਤਾ ਸ਼੍ਰੀ ਹਰਗੋਬਿੰਦਪੁਰ ਸਾਹਿਬ ਦੀ ਜ਼ੇਰੇ ਨਿਗਰਾਨੀ ਹੇਠ ਕਾਦੀਆਂ ਪੁਲਸ ਵੱਲੋਂ ਵੱਖ-ਵੱਖ ਮਾਮਲਿਆਂ ਵਿੱਚ ਏਐੱਸਆਈ ਗੁਰਨਾਮ ਸਿੰਘ ਦੇ ਵੱਲੋਂ ਸੈਮੂਅਲ ਸੈਮ ਪੁੱਤਰ ਰਾਜਪਾਲ ਵਾਸੀ ਵਾਲਮੀਕੀ ਮੁਹੱਲਾ ਕਾਦੀਆਂ ਅਤੇ ਹਰਸ਼ਿਤ ਉਰਫ ਹਰਸ਼ ਖੋਸਲਾ ਪੁੱਤਰ ਕੁਲਦੀਪ ਨਾਥ ਉਰਫ ਨੋਨੀ ਵਾਸੀ ਵਾਲਮੀਕੀ ਮੁਹੱਲਾ ਕਾਦੀਆਂ ਨੂੰ ਗ੍ਰਿਫਤਾਰ ਕੀਤਾ ਜਿਨ੍ਹਾਂ ਦੇ ਕੋਲੋਂ 10 ਗ੍ਰਾਮ ਹੈਰੋਇਨ ਬਰਾਮਦ ਹੋਈ ।ਇਸੇ ਤਰ੍ਹਾਂ ਏਐੱਸਆਈ ਰਸ਼ਪਾਲ ਸਿੰਘ ਦੇ ਵੱਲੋਂ ਗਸ਼ਤ ਦੌਰਾਨ ਹਰਮਨ ਗਿੱਲ ਉਰਫ ਹਨੀ ਪੁੱਤਰ ਸੁਖਵਿੰਦਰ ਵਾਸੀ ਵਾਲਮੀਕੀ ਮੁਹੱਲਾ ਕਾਦੀਆਂ ਅਤੇ ਆਕਾਸ਼ਦੀਪ ਸਿੰਘ ਪੁੱਤਰ ਕੁਲਜੀਤ ਸਿੰਘ ਵਾਸੀ ਕੋਲੋਂ ਇੱਕ ਲਾਈਟਰ ਅਤੇ ਪੰਨੀ ਸਿਲਵਰ ਪੇਪਰ ਰੈਪ ਜੋ ਜਲਿਆ ਹੋਇਆ ਸੀ, 10 ਰੁਪਏ ਦਾ ਨੋਟ ਜਿਸ ਦਾ ਪਾਈਪ ਬਣਾਇਆ ਹੋਇਆ ਸੀ, ਬਰਾਮਦ ਹੋਣ 'ਤੇ ਉਨ੍ਹਾਂ ਨੂੰ ਕਾਬੂ ਕੀਤਾ ਗਿਆ। ਇਸ ਤੋਂ ਇਲਾਵਾ ਗੁਰਪਿੰਦਰ ਸਿੰਘ ਪੁੱਤਰ ਕੁਲਵੰਤ ਸਿੰਘ ਬਾਸੀ ਰਸੂਲਪੁਰ ਥਾਣਾ ਸੇਖਵਾਂ ਐੱਨ ਡੀ ਪੀ ਐੱਸ ਐਕਟ ਦੇ ਮਾਮਲੇ ਵਿੱਚ ਭਗੌੜਾ ਸੀ ।ਪੁਲਸ ਅਧਿਕਾਰੀ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਫੜੇ ਗਏ ਸਾਰੇ ਨੌਜਵਾਨਾਂ ਦੇ ਖਿਲਾਫ ਥਾਣਾ ਕਾਦੀਆਂ ਵਿਖੇ ਐੱਨਡੀਪੀਐੱਸ ਐਕਟ ਦੇ ਤਹਿਤ ਮਾਮਲੇ ਦਰਜ ਕੀਤੇ ਗਏ ਹਨ। ਮੁਲਜ਼ਮਾਂ ਨੂੰ ਗ੍ਰਿਫਤਾਰ ਕਰਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।ਐੱਸਐੱਚਓ ਕਮਲਪ੍ਰੀਤ ਸਿੰਘ ਨੇ ਅੱਗੇ ਦੱਸਿਆ ਕਿ ਇਲਾਕੇ ਵਿੱਚ ਨਸ਼ਾ ਤਸਕਰਾ ਨੂੰ ਕਿਸੇ ਵੀ ਕੀਮਤ 'ਤੇ ਬਖਸ਼ਿਆ ਨਹੀਂ ਜਾਵੇਗਾ। ਇਸ ਮੌਕੇ ਏਐੱਸਆਈ ਰਸ਼ਪਾਲ ਸਿੰਘ, ਏਐੱਸਆਈ ਗੁਰਨਾਮ ਸਿੰਘ ਅਤੇ ਮੁੱਖ ਮੁਨਸ਼ੀ ਲਵਪ੍ਰੀਤ ਸਿੰਘ ਆਦਿ ਹਾਜ਼ਰ ਸਨ।

## ਜ਼ਿਲ੍ਹੇ ਦੀਆਂ ਮੰਡੀਆਂ 'ਚ ਕਣਕ ਦੀ ਖਰੀਦ 4 ਲੱਖ ਮੀਟਰਕ ਟਨ ਨੂੰ ਪਹੁੰਚੀ : ਡੀਸੀ

**ਬਟਾਲਾ, (ਤਰਲੋਕ ਬੱਗਾ)**- ਦੀਆਂ ਮੰਡੀਆਂ ਵਿੱਚ ਕਣਕ ਦੀ ਖਰੀਦ ਪ੍ਰਕਿਰਿਆ ਨਿਰਵਿਘਨ ਜਾਰੀ ਹੈ ਅਤੇ ਬੀਤੀ ਸ਼ਾਮ ਤੱਕ 404330 ਮੀਟਰਕ ਟਨ ਕਣਕ ਦੀ ਫਸਲ ਦੀ ਆਮਦ ਹੋਈ ਸੀ,



ਜਿਸ ਵਿੱਚੋਂ 397445 ਮੀਟਰਕ ਟਨ ਕਣਕ ਦੀ ਖਰੀਦ ਕੀਤੀ ਜਾ ਚੁੱਕੀ ਹੈ ਅਤੇ ਫਸਲ ਦੀ ਚੁਕਾਈ ਵੀ ਜਾਰੀ ਹੈ।ਕਿਸਾਨਾਂ ਦੇ ਖਾਤਿਆਂ ਵਿੱਚ 929 ਕਰੋੜ 08 ਲੱਖ ਰੁਪਏ ਦੀ ਅਦਾਇਗੀ ਕੀਤੀ ਜਾ ਚੁੱਕੀ ਹੈ, ਜੋ 98 ਫੀਸਦ ਬਣਦੀ ਹੈ।ਡਿਪਟੀ ਕਮਿਸ਼ਨਰ ਅਦਿੱਤਿਆ ਉੱਪਲ ਨੇ ਦੱਸਿਆ ਕਿ ਜ਼ਿਲ੍ਹੇ ਦੀਆਂ ਮੰਡੀਆਂ ਵਿੱਚ ਕਣਕ ਦੀ ਫਸਲ ਦੀ ਖਰੀਦ ਤੇ ਚੁਕਾਈ ਪ੍ਰਕਿਰਿਆ ਨਿਰਵਿਘਨ ਚੱਲ ਰਹੀ ਹੈ ਅਤੇ ਨਿਰਧਾਰਿਤ ਸਮੇਂ ਅੰਦਰ ਕਿਸਾਨਾਂ ਦੀ ਫਸਲ ਦੀ ਅਦਾਇਗੀ ਵੀ ਸੁਨਿਸ਼ਚਿਤ ਕੀਤੀ ਗਈ ਹੈ।ਦੱਸਣਯੋਗ ਹੈ ਕਿ ਪਨਗਰੇਨ ਵੱਲੋਂ 110795 ਮੀਟਰਕ ਟਨ, ਮਾਰਕਫੈੱਡ ਵੱਲੋਂ 106818 ਮੀਟਰਕ ਟਨ, ਪਨਸਪ ਵੱਲੋਂ 95674 ਮੀਟਰਕ ਟਨ , ਪੰਜਾਬ ਸਟੇਟ ਵੇਅਰ ਹਾਊਸ ਕਾਰਪੋਰੇਸ਼ਨ ਵੱਲੋਂ 67741, ਐੱਫ ਸੀ ਆਈ ਵੱਲੋਂ 12667 ਅਤੇ ਵਪਾਰੀਆਂ ਵੱਲੋਂ 3750 ਮੀਟਰਕ ਟਨ ਕਣਕ ਦੀ ਖਰੀਦ ਕੀਤੀ ਗਈ ਹੈ।

## ਸਿਵਲ ਸਰਜਨ ਡਾ. ਪ੍ਰਭਾਕਰ ਨੇ ਪੀ ਐੱਚ ਸੀ ਬਹਿਰਾਮਪੁਰ ਤੇ ਸੀ ਐੱਚ ਸੀ ਸਿੰਘੋਵਾਲ ਦਾ ਕੀਤਾ ਦੌਰਾ

**ਗੁਰਦਾਸਪੁਰ, (ਜਨਕ ਮਹਾਜਨ)**- ਸਿਵਲ ਸਰਜਨ ਗੁਰਦਾਸਪੁਰ ਡਾਕਟਰ ਮਹੇਸ਼ ਕੁਮਾਰ ਪ੍ਰਭਾਕਰ ਵੱਲੋਂ ਪੀ. ਐੱਚ. ਸੀ. ਬਹਿਰਾਮਪੁਰ ਅਤੇ ਸੀ. ਐੱਚ. ਸੀ. ਸਿੰਘੋਵਾਲ ਦਾ ਦੌਰਾ ਕੀਤਾ। ਇਸ ਮੌਕੇ ਉਨ੍ਹਾਂ ਨੇ ਹਸਪਤਾਲ ਦੇ ਸਮੂਹ ਵਿੰਗਾਂ ਦਾ ਨਿਰੀਖਣ ਕੀਤਾ। ਪੀ. ਐੱਚ. ਸੀ ਬਹਿਰਾਮਪੁਰ ਵਿਖੇ ਵਧੀਆ ਸੇਵਾਵਾਂ ਦੇਣ ਵਾਲੀ ਆਸ਼ਾ ਵਰਕਰਾਂ ਨੂੰ ਸਨਮਾਨਤ ਵੀ ਕੀਤਾ ਗਿਆ। ਹਸਪਤਾਲਾਂ ਦੇ ਦੌਰੇ ਦੌਰਾਨ ਸਿਵਲ ਸਰਜਨ ਨੇ ਹਿਦਾਇਤ ਕੀਤੀ ਕਿ ਗਰਮੀ ਦੇ ਮੱਦੇਨਜ਼ਰ ਹੀਟ ਵੇਵ ਵਾਰਡ ਬਣਾਇਆ ਜਾਵੇ। ਸੰਸਥਾ ਵਿੱਚ ਸਾਫ ਪੀਣ ਵਾਲੇ ਪਾਣੀ ਅਤੇ ਛਾਂ ਦਾ ਪ੍ਰਬੰਧ ਕੀਤਾ ਜਾਵੇ। ਜ਼ਰੂਰੀ ਦਵਾਈਆਂ ਦਾ ਪੂਰਾ ਸਟਾਕ ਰੱਖਿਆ ਜਾਵੇ। ਮਰੀਜ਼ਾਂ ਦੀ ਸਹੂਲਤ ਦਾ ਪੂਰਾ ਧਿਆਨ ਰੱਖਿਆ ਜਾਵੇ। ਸੀ. ਐੱਚ. ਸੀ. ਸਿੰਘੋਵਾਲ ਵਿਖੇ ਮੁੱਖ ਮੰਤਰੀ ਸਿਹਤ ਯੋਜਨਾ ਅਧੀਨ ਬਣ ਰਹੇ ਸਿਹਤ ਬੀਮਾ ਕਾਰਡ ਦੀ ਸਮੀਖਿਆ ਕਰਦੇ ਹੋਏ ਉਨ੍ਹਾਂ ਕਿਹਾ ਕਿ ਹਰੇਕ ਯੋਗ ਲਾਭਪਾਤਰੀ ਦਾ ਸਿਹਤ ਬੀਮਾ ਕਾਰਡ ਬਣਾਇਆ



ਜਾਵੇ ਅਤੇ ਇਲਾਜ ਦਾ ਯੋਗ ਪ੍ਰਬੰਧ ਕੀਤਾ ਜਾਵੇ। ਸਮੂਹ ਸਟਾਫ਼ ਸਮੇਂ ਦਾ ਪਾਬੰਦ ਰਹੇ। ਲੋਕਾਂ ਨੂੰ ਬੀਮਾਰੀਆਂ ਤੋਂ ਬਚਾਅ ਬਾਰੇ ਜਾਗਰੁਕ ਕੀਤਾ ਜਾਵੇ। ਉਨ੍ਹਾਂ ਨੇ ਸਮੂਹ ਵਿੰਗਾਂ ਦਾ ਦੌਰਾ ਕਰਕੇ ਜ਼ਰੂਰੀ ਦਿਸ਼ਾ ਨਿਰਦੇਸ਼ ਦਿੱਤੇ। ਇਸ ਮੌਕੇ ਸੀਨੀਅਰ ਮੈਡੀਕਲ ਅਫਸਰ ਡਾਕਟਰ ਰਵਿੰਦਰ ਸਿੰਘ, ਡਾਕਟਰ ਵਰਿੰਦਰ ਮੋਹਨ, ਮੈਡੀਕਲ ਅਫ਼ਸਰ ਡਾਕਟਰ ਮੋਹਿਤ ਕਾਟਲ ਆਦਿ ਹਾਜ਼ਰ ਸਨ।

## ਪੰਜਾਬ ਨੈਸ਼ਨਲ ਲੀਡ ਬੈਂਕ ਗੁਰਦਾਸਪੁਰ ਵੱਲੋਂ ਆਊਟਰੀਚ ਪ੍ਰੋਗਰਾਮ ਦਾ ਸਫ਼ਲ ਆਯੋਜਨ

**ਗੁਰਦਾਸਪੁਰ, (ਜਨਕ ਮਹਾਜਨ)**- ਪੰਜਾਬ ਨੈਸ਼ਨਲ ਲੀਡ ਬੈਂਕ ਗੁਰਦਾਸਪੁਰ ਵੱਲੋਂ ਅਮਿਤ ਕੁਮਾਰ ਸਰਕਲ ਹੈੱਡ ਪੰਜਾਬ ਨੈਸ਼ਨਲ ਬੈਂਕ ਸਰਕਲ ਪਠਾਨਕੋਟ ਦੇ ਦਿਸ਼ਾ ਨਿਰਦੇਸ਼ਾਂ ਹੇਠ ਸੂਖਮ ਲਘੂ ਉਦਯੋਗ ਅਤੇ ਦਰਮਿਆਨੇ ਉੱਦਮ ਆਊਟਰੀਚ



ਪ੍ਰੋਗਰਾਮ ਦਾ ਆਯੋਜਨ ਜੀ. ਟੀ. ਰੋਡ ਬਰਾਂਚ ਗੁਰਦਾਸਪੁਰ ਵਿਖੇ ਕੀਤਾ ਗਿਆ। ਇਸ ਪ੍ਰੋਗਰਾਮ ਸਬੰਧੀ ਜਾਣਕਾਰੀ ਦਿੰਦੇ ਹੋਏ ਜਸਵਿੰਦਰਪਾਲ ਸਿੰਘ ਜ਼ਿਲ੍ਹਾ ਲੀਡ ਬੈਂਕ ਮੈਨੇਜਰ ਨੇ ਦੱਸਿਆ ਕਿ ਇਸ ਆਯੋਜਨ ਦੇ ਮੁੱਖ ਮਹਿਮਾਨ ਵਜੋਂ ਨਰਿੰਦਰ ਸ਼੍ਰੀ ਵਾਸਤਵ ਚੀਫ਼ ਮੈਨੇਜਰ ਸਰਕਲ ਦਫ਼ਤਰ ਪਠਾਨਕੋਟ ਸ਼ਾਮਿਲ ਹੋਏ। ਉਨ੍ਹਾਂ ਤੋਂ ਇਲਾਵਾ ਚੀਫ਼ ਮੈਨੇਜਰ ਜੀ. ਟੀ. ਰੋਡ ਬਰਾਂਚ ਗੁਰਦਾਸਪੁਰ ਮੈਡਮ ਪ੍ਰਦੀਪ ਕੌਰ ਨੇ ਆਪਣੀ ਹਾਜ਼ਰੀ ਲਗਵਾਈ। ਮੁੱਖ ਮਹਿਮਾਨ ਨੇ ਆਪਣੇ ਸੰਬੋਧਨ ਵਿਚ ਕਿਹਾ ਕਿ ਇਸ ਆਯੋਜਨ ਦਾ ਮੁੱਖ ਮਕਸਦ ਛੋਟੇ ਲਘੂ ਉਦਯੋਗਾਂ ਨਾਲ ਜੁੜੇ ਗ੍ਰਾਹਕਾਂ ਨੂੰ ਬੈਂਕ ਦੀਆਂ ਵੱਖ ਵੱਖ ਯੋਜਨਾਵਾਂ ਦੁਆਰਾ ਫਾਇਦਾ ਲੈਣ ਲਈ ਜਾਣੂੰ ਕਰਵਾਇਆ ਤਾਂ ਜੋ ਲੋਕ ਵੱਧ ਤੋਂ ਵੱਧ ਇਨ੍ਹਾਂ ਸਕੀਮਾਂ ਰਾਹੀਂ ਲਾਭ ਲੈ ਸਕਣ। ਉਨ੍ਹਾਂ ਦੱਸਿਆ ਕਿ ਇਸ ਪ੍ਰੋਗਰਾਮ ਵਿਚ ਗ੍ਰਾਹਕਾਂ ਤੋਂ ਇਲਾਵਾ ਬੈਂਕ ਦੀਆਂ ਵੱਖ-ਵੱਖ ਸ਼ਾਖਾਵਾਂ ਦੇ ਸ਼ਾਖਾ ਪ੍ਰਮੁੱਖ ਵੀ ਹਾਜ਼ਰ ਹੋਏ। ਜਸਵਿੰਦਰਪਾਲ ਸਿੰਘ ਲੀਡ ਬੈਂਕ ਮੈਨੇਜਰ ਨੇ ਦੱਸਿਆ ਕਿ ਇਸ ਦੌਰਾਨ ਗਾਹਕਾਂ ਵੱਲੋਂ ਇਨ੍ਹਾਂ ਯੋਜਨਾਵਾਂ ਬਾਰੇ ਸੁਝਾਓ ਵੀ ਦਿੱਤੇ ਗਏ ਹਨ ਅਤੇ ਜ਼ਿਆਦਾਤਰ ਸੁਝਾਵਾਂ ਦਾ ਮੌਕੇ 'ਤੇ ਨਿਪਟਾਰਾ ਕੀਤਾ ਗਿਆ। ਉਨ੍ਹਾਂ ਦੱਸਿਆ ਕਿ ਇਸ ਦੌਰਾਨ ਪੰਜਾਬ ਨੈਸ਼ਨਲ ਬੈਂਕ ਦੀ ਗੀਤਾ ਭਵਨ ਰੋਡ ਬਰਾਂਚ ਅਤੇ ਭਟੋਇਆ ਬਰਾਂਚ ਦੇ ਗ੍ਰਾਹਕਾਂ ਨੂੰ ਕਰਜ਼ਾ ਮਨਜ਼ੂਰੀ ਪੱਤਰ ਦਿੱਤੇ ਗਏ। ਇਸ ਆਯੋਜਨ ਰਾਹੀਂ ਪੰਜਾਬ ਨੈਸ਼ਨਲ ਬੈਂਕ ਨੇ ਐੱਮ. ਐੱਸ. ਐੱਮ. ਈ. ਪ੍ਰੋਗਰਾਮ ਦੇ ਖੇਤਰ ਵਿਚ ਭਾਰਤ ਦੇ ਲੋਕਾਂ ਨੂੰ ਆਤਮ ਨਿਰਭਰਤਾ ਵਿਚ ਬਣਨ ਵਾਲੀ ਆਪਣੀ ਪ੍ਰਤੀਬੱਧਤਾ ਦੁਹਰਾਈ। ਇਸ ਮੌਕੇ ਗਾਹਕਾਂ ਤੋਂ ਇਲਾਵਾ ਗੀਤਾ ਭਵਨ ਰੋਡ ਤੇ ਮਨੋਹਰ ਲਾਲ ਸ਼ਾਖਾ ਪ੍ਰਮੁੱਖ ਭਟੋਆ ਆਦਿ ਹਾਜ਼ਰ ਸਨ।

## ਅਕਾਲੀ ਦਲ ਵਾਰਸ ਪੰਜਾਬ ਦੇ ਵੱਲੋਂ 27 ਮਈ ਨੂੰ ਸਿਆਸੀ ਪੰਥਕ ਇੱਕਠ ਦਾ ਐਲਾਨ

**ਅਜਨਾਲਾ, (ਸੁਖਤਿੰਦਰ ਸਿੰਘ ਰਾਜੂ)**- ਵਿਧਾਨ ਸਭਾ ਹਲਕਾ ਅਜਨਾਲਾ ਅਕਾਲੀ ਦਲ ਵਾਰਸ ਪੰਜਾਬ ਦੇ ਸੀਨੀਅਰ ਆਗੂ ਚਰਨਜੀਤ ਸਿੰਘ ਗਾਲਬ ਨੇ ਪ੍ਰੈੱਸ ਬਿਆਨ ਜਾਰੀ ਕਰਦਿਆਂ ਐਲਾਨ ਕੀਤਾ ਕਿ ਪਾਰਟੀ ਵੱਲੋਂ 27 ਮਈ ਨੂੰ ਅਜਨਾਲਾ ਦੇ ਕੀਰਤਨ ਦਰਬਾਰ



ਗਰਾਊਂਡ ਵਿੱਚ ਇੱਕ ਵਿਸ਼ਾਲ ਸਿਆਸੀ ਪੰਥਕ ਇਕੱਠ ਕੀਤਾ ਜਾ ਰਿਹਾ ਹੈ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਚਰਨਜੀਤ ਸਿੰਘ ਗਾਲਬ ਨੇ ਕਿਹਾ ਕਿ ਪੰਜਾਬ ਦੇ ਮੌਜੂਦਾ ਹਾਲਾਤ ਅਤੇ ਪੰਥਕ ਮਸਲਿਆਂ ਤੇ ਗੰਭੀਰ ਵਿਚਾਰ-ਵਟਾਂਦਰਾ ਕਰਨ ਲਈ ਇਹ ਇਕੱਠ ਸੱਦਿਆ ਗਿਆ ਹੈ। ਸੰਗਤਾਂ ਨੂੰ ਵੱਡੀ ਗਿਣਤੀ ਵਿੱਚ ਪਹੁੰਚਣ ਦੀ ਅਪੀਲ ਕਰਦਿਆਂ ਗਾਲਬ ਨੇ ਦੱਸਿਆ ਕਿ ਇਸ ਇਕੱਠ ਵਿੱਚ ਬਾਪੂ ਤਰਸੇਮ ਸਿੰਘ ਸਮੇਤ ਸਮੁੱਚੀ ਲੀਡਰਸ਼ਿਪ ਪਹੁੰਚ ਰਹੀ ਹੈ ਜੋ ਮੌਜੂਦਾ ਚੁਣੌਤੀਆਂ ਅਤੇ ਭਵਿੱਖ ਦੀ ਰਣਨੀਤੀ ਬਾਰੇ ਸੰਗਤਾਂ ਨਾਲ ਵਿਚਾਰ ਸਾਂਝੇ ਕਰਨਗੇ।ਉਨ੍ਹਾਂ ਸਮੂਹ ਇਲਾਕਾ ਨਿਵਾਸੀਆਂ ਨੂੰ ਪੁਰਜ਼ੋਰ ਅਪੀਲ ਕੀਤੀ ਕਿ 27 ਮਈ ਨੂੰ ਅਜਨਾਲਾ ਵਿਖੇ ਹੋਣ ਵਾਲੇ ਇਸ ਕੀਰਤਨ ਦਰਬਾਰ ਗਰਾਊਂਡ ਦੇ ਇਕੱਠ ਵਿੱਚ ਵੱਧ-ਚੜ੍ਹ ਕੇ ਪਹੁੰਚਣ ਤਾਂ ਜੋ ਪੰਥਕ ਏਕਤਾ ਦਾ ਸਬੂਤ ਦਿੱਤਾ ਜਾ ਸਕੇ। ਇਸ ਮੌਕੇ ਵਿਧਾਨ ਸਭਾ ਹਲਕਾ ਦੇ ਮੁੱਖ ਆਗੂ ਚਰਨਜੀਤ ਸਿੰਘ ਗਾਲਬ, ਸਾਬਕਾ ਸਰਪੰਚ ਬਲਵਿੰਦਰ ਸਿੰਘ ਚੱਕ ਫੂਲਾ, ਸੁਰਿੰਦਰ ਸਿੰਘ ਸਰਾਂ, ਬਖਸ਼ੀਸ਼ ਸਿੰਘ, ਸਤਪਾਲ ਸਿੰਘ, ਸਾਬਕਾ ਸਰਪੰਚ ਪ੍ਰੇਮ ਸਿੰਘ ਪੁਰਾਣਾ ਡੱਲਾ, ਹਰਜੀਤ ਸਿੰਘ ਲਾਲ ਵਾਲਾ, ਸਾਬਕਾ ਸਰਪੰਚ ਸੁਖਵਿੰਦਰ ਸਿੰਘ ਅਜਨਾਲਾ, ਸ਼ਿੰਦਾ ਸਿੰਘ ਆਬਾਦੀ ਛੰਨਾ, ਗੁਰਬੇਜ ਸਿੰਘ ਮਾਕੋਵਾਲ, ਰਘਬੀਰ ਸਿੰਘ ਮਾਕੋਵਾਲ, ਰਾਜਵਿੰਦਰ ਸਿੰਘ ਲਾਂਕੋਵਾਲ, ਜਥੇਦਾਰ ਅਰਵਿੰਦ ਸਿੰਘ, ਸਤਨਾਮ ਸਿੰਘ ਅੜਾਇਆ, ਡਾ. ਮੇਜਰ ਸਿੰਘ ਸਿੰਘ ਬੱਬੀ ਡੱਲਾ ਤੋਂ ਇਲਾਵਾ ਸਥਾਨਕ ਆਗੂ ਅਤੇ ਪਾਰਟੀ ਵਰਕਰ ਵੀ ਮੌਜੂਦ ਸਨ, ਜਿਨ੍ਹਾਂ ਨੇ ਇਕੱਠ ਦੀ ਸਫਲਤਾ ਲਈ ਡਿਊਟੀਆਂ ਸੰਭਾਲ ਲਈਆਂ ਹਨ।

## ਨੌਜਵਾਨ ਭਾਰਤ ਸਭਾ ਦੇ ਸੂਬਾ ਪ੍ਰਧਾਨ ਸਮੇਤ ਮਜ਼ਦੂਰਾਂ ਨੂੰ ਗ੍ਰਿਫ਼ਤਾਰ ਕਰਨ ਦੀ ਨਿੰਦਾ

**ਕਰਤਾਰਪੁਰ (ਹਰਮੇਸ਼ ਦੱਤ )** ਪੇਂਡੂ ਮਜ਼ਦੂਰ ਯੂਨੀਅਨ ਪੰਜਾਬ ਅਤੇ ਨੌਜਵਾਨ ਭਾਰਤ ਸਭਾ ਨੇ ਜੀਦਾ (ਬਠਿੰਡਾ) ਦੀ ਸਪੋਰਟਕਿੰਗ ਫੈਕਟਰੀ ਮਜ਼ਦੂਰਾਂ ਦੇ ਦਿਹਾੜੀ, ਤਨਖਾਹ ਵਧਾਉਣ ਅਤੇ ਹੋਰ ਮੰਗਾਂ ਦੇ ਹੱਲ ਲਈ ਚੱਲ ਰਹੇ ਸੰਘਰਸ਼ ਨੂੰ



ਅਸਫ਼ਲ ਕਰਨ ਲਈ ਬਠਿੰਡਾ ਪੁਲਿਸ ਵੱਲੋਂ ਫੈਕਟਰੀ ਮੈਨੇਜਮੈਂਟ ਨਾਲ ਮਿਲੀਭੁਗਤ ਕਰਕੇ ਨੌਜਵਾਨ ਭਾਰਤ ਸਭਾ ਦੇ ਸੂਬਾ ਪ੍ਰਧਾਨ ਮੰਗਾ ਆਜ਼ਾਦ, ਪੰਜਾਬ ਸਟੂਡੈਂਟਸ ਯੂਨੀਅਨ ਦੇ ਆਗੂ ਸੁਖਬੀਰ ਸਿੰਘ, ਸੁਖਬੀਰ ਖੇਮੂਆਣਾ ਸਮੇਤ ਸੈਂਕੜੇ ਫੈਕਟਰੀ ਮਜ਼ਦੂਰਾਂ ਨੂੰ ਗ੍ਰਿਫਤਾਰ ਕਰਨ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕਰਦਿਆਂ ਮਜ਼ਦੂਰਾਂ ਦੇ ਸੰਘਰਸ਼ ਦੀ ਹਮਾਇਤ ਕੀਤੀ ਹੈ। ਪੇਂਡੂ ਮਜ਼ਦੂਰ ਯੂਨੀਅਨ ਪੰਜਾਬ ਦੇ ਤਹਿਸੀਲ ਆਗੂ ਬਲਵਿੰਦਰ ਕੌਰ ਘੁੱਗਸ਼ੋਰ, ਪਰਮਜੀਤ ਕੌਰ ਮੀਕੋ, ਬਲਵਿੰਦਰ ਕੌਰ ਦਿਆਲਪੁਰ ਅਤੇ ਨੌਜਵਾਨ ਭਾਰਤ ਸਭਾ ਦੇ ਆਗੂ ਜਸਕਰਨ ਸਿੰਘ ਨੇ ਜੀਦਾ ਫੈਕਟਰੀ ਦੇ ਮਜ਼ਦੂਰਾਂ ਦੇ ਸੰਘਰਸ਼ ਨੂੰ ਤਾਰਪੀਡੋ ਕਰਨ ਲਈ ਘਟੀਆਂ ਸਾਜ਼ਿਸ਼ਾਂ ਘੜਨ ਦੀ ਥਾਂ ਉਹਨਾਂ ਦੇ ਮੰਗਾਂ ਮਸਲਿਆਂ ਨੂੰ ਹੱਲ ਕਰਨ ਲਈ ਨਸੀਹਤ ਦਿੱਤੀ। ਉਨ੍ਹਾਂ ਗ੍ਰਿਫ਼ਤਾਰ ਆਗੂਆਂ, ਮਜ਼ਦੂਰਾਂ ਨੂੰ ਰਿਹਾਅ ਕਰਨ ਸਮੇਤ ਘੱਟੋ ਇੱਕ ਹਜ਼ਾਰ ਰੁਪਏ ਦਿਹਾੜੀ ਅਨੁਸਾਰ ਮਜ਼ਦੂਰਾਂ ਦੀਆਂ ਤਨਖ਼ਾਹਾਂ ਵਿੱਚ ਵਾਧਾ ਕਰਨ, ਮਜ਼ਦੂਰਾਂ ਦੀ ਦਿਹਾੜੀ ਅੱਠ ਘੰਟੇ ਕਰਨ,ਫ਼ੈਕਟਰੀ ਮਜ਼ਦੂਰਾਂ ਨੂੰ ਯੂਨੀਅਨ ਬਣਾਉਣ ਦਾ ਅਧਿਕਾਰ ਦੇਣ ਦੀ ਮੰਗ ਕੀਤੀ।ਉਨ੍ਹਾਂ ਕਿਹਾ ਕਿ ਫੈਕਟਰੀ ਮਾਲਕਾਂ ਵਲੋਂ ਜਿੰਨੀ ਦਿਹਾੜੀ ਮਜ਼ਦੂਰਾਂ ਨੂੰ ਦਿੱਤੀ ਜਾ ਰਹੀ ਹੈ, ਉਸ ਨਾਲ ਮਜ਼ਦੂਰ ਪਰਿਵਾਰ ਦਾ ਗੁਜ਼ਾਰਾ ਹੋਣਾਂ ਮੁਸ਼ਕਿਲ ਹੈ। ਆਗੂਆਂ ਨੇ ਕਿਹਾ ਹੈ ਕਿ ਹੜਤਾਲ ਕਰਨਾ ਮਜ਼ਦੂਰਾਂ ਦਾ ਸੰਵਿਧਾਨਿਕ ਅਤੇ ਟ੍ਰੇਡ ਯੂਨੀਅਨ ਅਧਿਕਾਰ ਹੈ। ਮਜ਼ਦੂਰਾਂ ਦੇ ਟਰੇਡ ਯੂਨੀਅਨ ਅਧਿਕਾਰਾਂ ਉੱਤੇ ਹਮਲਾ ਕੀਤਾ ਜਾ ਰਿਹਾ ਹੈ। ਉਨ੍ਹਾਂ ਖੇਤਾਂ ਨੂੰ 8 ਘੰਟੇ ਤੇ ਘਰਾਂ ਨੂੰ ਨਿਰਵਿਘਨ 24 ਘੰਟੇ ਬਿਜਲੀ ਸਪਲਾਈ ਦੇਣ ਦੀ ਮੰਗ ਕੀਤੀ।ਇਸ ਮੌਕੇ ਯੂਨੀਅਨ ਵਲੋਂ ਹੋਰ ਮਜ਼ਦੂਰ, ਮੁਲਾਜ਼ਮ ਜਥੇਬੰਦੀਆਂ ਨਾਲ ਮਿਲ ਕੇ 1 ਮਈ ਮਜ਼ਦੂਰ ਦਿਵਸ ਮਨਾਉਣ ਦਾ ਫ਼ੈਸਲਾ ਵੀ ਕੀਤਾ ਗਿਆ।

## ਸਰਕਾਰੀ ਸਮਾਰਟ ਪ੍ਰਾਇਮਰੀ ਸਕੂਲ ਦੋਸਾਂਝ ਕਲਾਂ 'ਚ ਸਾਲਾਨਾ ਇਨਾਮ ਵੰਡ ਸਮਾਰੋਹ ਕਰਵਾਇਆ

**ਗੁਰਾਇਆ, ਬੰਗਾ (ਬਿੰਦਰ ਸੁਮਨ, ਅਵਤਾਰ ਕਲੇਰ)**- ਸਰਕਾਰੀ ਪ੍ਰਾਇਮਰੀ ਸਮਾਰਟ ਸਕੂਲ ਪਿੰਡ ਦੁਸਾਂਝ ਕਲਾਂ (ਲੜਕੀਆਂ) ਬਲਾਕ ਗੁਰਾਇਆ 2 (ਜਲੰਧਰ) ਵਿਖੇ ਸੈਸ਼ਨ ਆਰੰਭਤਾ ਸਮਾਗਮ ਦੌਰਾਨ ਸ਼੍ਰੀ ਸੁਖਮਨੀ ਸਾਹਿਬ ਜੀ ਦੇ ਜਾਪ ਤੇ ਇਨਾਮ ਵੰਡ ਸਮਾਰੋਹ ਕਰਵਾਇਆ ਗਿਆ ਜਿਸ 'ਚ ਸਾਲ 2025-26 ਦਾ ਸਾਲਾਨਾ ਇਨਾਮ ਵੰਡ ਸਮਾਰੋਹ ਕਰਵਾਇਆ ਜਿਸ 'ਚ ਪੜ੍ਹਾਈ ਤੇ ਖੇਡਾਂ ਵਿਚ ਪੁਜੀਸ਼ਨਾਂ ਹਾਸਲ ਕਰਨ ਵਾਲੇ ਵਿਦਿਆਰਥੀਆਂ ਦਾ ਸਨਮਾਨਤ ਕੀਤਾ ਗਿਆ। ਇਸ ਮੌਕੇ ਹੈੱਡ ਟੀਚਰ ਵਿਕਾਸ ਮੋਹਨ ਵੱਲੋਂ ਸਕੂਲ ਵਿਖੇ ਪਹੁੰਚੇ ਪਿੰਡ ਵਾਸੀਆਂ ਅਤੇ ਮਹਿਮਾਨਾਂ ਨੂੰ ਜੀ ਆਇਆ ਆਖਿਆਂ ਗਿਆ। ਇਸ ਸਮਾਗਮ ਦੌਰਾਨ ਸਰਪੰਚ ਨਿਰਮਲ ਕੁਮਾਰ ਨਵੀਂ ਵੱਲੋਂ 5 ਹਜ਼ਾਰ ਰੁਪਏ ਨਗਦ ਰਾਸ਼ੀ ਸਕੂਲ ਮੁਖੀ ਨੂੰ ਭੇਟ ਕੀਤੀ ਗਈ। ਇਸ ਮੌਕੇ ਤੇ ਪਹੁੰਚੇ ਪਤਵੰਤੇ ਸੱਜਣਾਂ ਵੱਲੋਂ ਐੱਨ ਆਰ ਆਈ ਤੇ ਪਿੰਡ ਦੁਸਾਂਝ ਕਲਾਂ ਦੀਆਂ ਸਮਾਜ ਸੇਵੀ ਸੰਸਥਾਵਾਂ ਡਾ. ਬੀ ਆਰ ਅੰਬੇਡਕਰ ਐਂਡ ਸ਼ਹੀਦ ਭਗਤ ਸਿੰਘ ਨੌਜਵਾਨ ਸਭਾ ਤੇ ਸਿੱਖਿਆ ਵਿਭਾਗ ਦੀਆਂ ਸ਼ਖ਼ਸ਼ੀਅਤਾਂ ਵੱਲੋਂ ਸਕੂਲ ਵਿਦਿਆਰਥੀਆਂ ਅਧਿਆਪਕਾਂ ਸਕੂਲ ਮੈਨੇਜਮੈਂਟ ਕਮੇਟੀ ਨੂੰ ਆਉਣ ਵਾਲੇ ਸੈਸ਼ਨ 2026-27 ਦੇ ਲਈ ਸ਼ੁਭਕਾਮਨਾਵਾਂ ਦਿੱਤੀਆਂ ਅਤੇ ਬੱਚਿਆਂ ਦੀ ਸਿੱਖਿਆ ਅਤੇ ਸਮਾਜਿਕ ਖੇਤਰ ਵਿੱਚ ਪ੍ਰਾਪਤੀਆਂ ਲਈ ਅਰਦਾਸ ਕੀਤੀ, ਇਸ ਦੇ ਨਾਲ ਨਾਲ ਸਕੂਲ ਨੂੰ ਬਹੁਤ ਸਾਰੀ ਆਰਥਿਕ ਸਹਾਇਤਾ ਵੀ ਦਿੱਤੀ ਗਈ।



ਇਸ ਸਮਾਗਮ ਵਿੱਚ ਸਕੂਲ ਦੀ ਮਾਲੀ ਸਹਾਇਤਾ ਕਰਨ ਵਾਲੇ ਇਨ੍ਹਾਂ ਦਾਨੀ ਸੱਜਣਾਂ ਜਿਵੇਂ ਕਿ ਮੱਖਣ ਸਿੰਘ ਪੁੱਤਰ ਗੁਰਦੀਪ ਸਿੰਘ ਸ਼ੁਵਿੰਦਰ ਕੌਰ ਪਤਨੀ ਸੁੱਚਾ ਸਿੰਘ, ਅਮਰਜੀਤ ਕੌਰ ਰੰਧਾਵਾ, ਕੁਲਦੀਪ ਮੱਟੂ, ਬਲਜੀਤ ਕੌਰ ਨਾਗਰਾ, ਸੁਖਜੀਤ ਦੁਸਾਂਝ, ਨਾਇਲਾ ਦੁਸਾਂਝ ਇੰਗਲੈਂਡ ਨਿਵਾਸੀਆਂ ਵੱਲੋਂ ਪੰਜ ਸੋ ਪੌਡ ਦੀ ਨਗਦ ਰਾਸ਼ੀ ਭੇਂਟ ਕੀਤੀ ਗਈ, ਇਨ੍ਹਾਂ ਦਾਨੀ ਸੱਜਣਾਂ ਨੂੰ ਸਨਮਾਨ ਚਿੰਨ ਦੇ ਕੇ ਸਨਮਾਨਤ ਕੀਤਾ ਗਿਆ। ਇਸ ਸਮਾਗਮ ਦੌਰਾਨ ਦਵਿੰਦਰ ਸਿੰਘ ਖਾਲਸਾ, ਤਾਹਿਰ ਖਾਨ, ਰਾਣਾ ਦੁਸਾਂਝ ਵੱਲੋਂ ਚਾਹ ਦੇ ਲੰਗਰ ਦੀ ਸੇਵਾ ਕੀਤੀ ਗਈ। ਇਸ ਮੌਕੇ ਮੁੱਖ ਅਧਿਆਪਕ ਵਿਕਾਸ ਮੋਹਨ, ਸਰਪੰਚ ਨਿਰਮਲ ਕੁਮਾਰ ਨਵੀਂ, ਰਣਜੀਤ ਸਿੰਘ, ਸੁਖਵਿੰਦਰ ਸਿੰਘ ਜੀ ਐੱਸ ਟੀ, ਜੀਵਨ ਲਾਲ, ਪਲਵਿੰਦਰ ਕੁਮਾਰ, ਅਮਨਦੀਪ ਸਿੰਘ, ਸਕੂਲ ਮੈਨੇਜਮੈਂਟ ਕਮੇਟੀ ਦੀ ਚੇਅਰਮੈਨ ਪਰਵੀਨ ਕੌਰ, ਦਵਿੰਦਰ ਸਿੰਘ, ਤਾਹਿਰ ਖਾਨ, ਸੁਖਵਿੰਦਰ ਕੌਰ ਤੋਂ ਇਲਾਵਾਂ ਇਲਾਕੇ ਭਰ ਤੋਂ ਪਤਵੰਤੇ ਸੱਜਣ ਆਦਿ ਹਾਜ਼ਰ ਸਨ।

## ਜਨਗਣਨਾ 'ਚ ਅਧਿਆਪਕਾਂ ਦੀ ਡਿਊਟੀ ਦਾ ਮਤਲਬ ਸਕੂਲਾਂ 'ਚ ਬੱਚਿਆਂ ਦੀ ਪੜ੍ਹਾਈ ਦਾ ਨੁਕਸਾਨ : ਸ਼ਿਵ ਕੁਮਾਰ, ਠਾਕੁਰ

**ਗੁਰਦਾਸਪੁਰ, (ਜਨਕ ਮਹਾਜਨ)**- ਇਲੈਕਟਰਾਨਿਕ ਤੇ ਪ੍ਰਿੰਟ ਮੀਡੀਆ ਰਾਹੀਂ ਮਿਲੀ ਜਾਣਕਾਰੀ ਮੁਤਾਬਕ ਜਨ-ਗਣਨਾ 2027 ਲਈ ਬਿਨਾਂ ਕਿਸੇ ਹੋਰ ਵਿਭਾਗ ਦੇ ਕੇਵਲ ਸਿੱਖਿਆ ਵਿਭਾਗ ਤੋਂ ਅਧਿਆਪਕਾਂ ਨੂੰ ਹੀ ਡਿਊਟੀਆਂ 'ਤੇ ਲਗਾਏ ਜਾਣ ਕਰਕੇ ਸਕੂਲਾਂ ਵਿਚ ਬੱਚਿਆਂ ਦੀ ਪੜ੍ਹਾਈ ਤੇ ਅਸਰ ਪੈਣਾ ਲਾਜ਼ਮੀ ਹੈ। ਇਸ ਸਬੰਧੀ ਸੈਂਟਰ ਆਫ ਟਰੇਡ ਯੂਨੀਅਨਜ਼ (ਸੀ ਟੀ ਯੂ) ਪੰਜਾਬ ਦੇ ਆਗੂ ਕਾਮਰੇਡ ਸ਼ਿਵ ਕੁਮਾਰ ਅਤੇ ਧਿਆਨ ਸਿੰਘ ਠਾਕੁਰ ਨੇ ਸਾਂਝੇ ਪ੍ਰੈੱਸ ਬਿਆਨ ਵਿੱਚ ਕਿਹਾ



ਕਿ ਪੰਜਾਬ ਸਰਕਾਰ ਸਿਖਿਆ ਵਿਭਾਗ ਅੰਦਰ ਸਕੂਲਾਂ ਵਿਚ ਪੂਰਾ ਸਟਾਫ ਦੇਣ ਵਿਚ ਪਹਿਲਾਂ ਹੀ ਬੁਰੀ ਤਰ੍ਹਾਂ ਫੇਲ੍ਹ ਸਾਬਿਤ ਹੋਈ ਪਈ ਹੈ। ਹਜ਼ਾਰਾਂ ਸਕੂਲ ਮੁੱਖੀਆਂ ਤੋਂ ਵਾਂਝੇ ਅਤੇ ਪੰਜ-ਪੰਜ ਜਮਾਤ ਨੂੰ ਕੇਵਲ ਇਕ ਅਧਿਆਪਕ ਪੜ੍ਹਾਉਣ ਦੀ ਵਿਵਸਥਾ ਹੈ। ਉਪਰੋਂ ਪੰਜਾਬ ਸਰਕਾਰ ਦਾ ਇਕਤਰਫਾ ਅਧਿਆਪਕ ਵਰਗ ਨੂੰ ਜਨ-ਗਣਨਾ ਲਈ ਡਿਊਟੀਆਂ 'ਤੇ ਲਾਉਣਾ ਉਚਿਤ ਨਹੀਂ ਹੈ। ਗਰੀਬ ਪਰਿਵਾਰਾਂ ਦੇ ਬੱਚੇ ਪ੍ਰਾਈਵੇਟ ਸਕੂਲਾਂ ਦੀ ਮਹਿੰਗੀ ਵਿੱਦਿਆ ਗ੍ਰਹਿਣ ਕਰਨ ਤੋਂ ਪਹਿਲਾਂ ਹੀ ਅਸਮੱਰਥ ਹਨ। ਜੇਕਰ ਸਮੁੱਚਾ ਅਧਿਆਪਕ ਵਰਗ ਹੀ ਜਨ-ਗਣਨਾ ਲਈ ਲੱਗ ਗਿਆ ਤਾਂ ਹਜ਼ਾਰਾਂ ਸਕੂਲਾਂ ਨੂੰ ਤਾਲਾ ਲੱਗਣਾ ਲਾਜ਼ਮੀ ਹੈ। ਗੌਰਮਿੰਟ ਟੀਚਰ ਯੂਨੀਅਨ ਤੇ ਹੋਰ ਅਧਿਆਪਕ ਜਥੇਬੰਦੀਆਂ ਦੀ ਇਸ ਮੰਗ ਦਾ ਸਮਰਥਨ ਕਰਦਿਆਂ ਆਗੂਆਂ ਨੇ ਕਿਹਾ ਕਿ ਜਨ-ਗਣਨਾ ਲਈ ਸਾਰੇ ਵਿਭਾਗਾਂ ਦੇ ਅਧਿਕਾਰੀਆਂ ਕਮਰਚਾਰੀਆਂ ਨੂੰ ਵੰਡ ਕੇ ਡਿਊਟੀਆਂ 'ਤੇ ਲਾਉਣਾ ਚਾਹੀਦਾ ਹੈ, ਹਰੇਕ ਵਿਭਾਗ ਵਿਚ ਨੌਕਰੀ ਕਰਦੀਆਂ ਵਿਧਵਾ ਤੇ ਅੰਗਹੀਣ ਔਰਤਾਂ ਨੂੰ ਇਸ ਡਿਊਟੀ ਤੋਂ ਮੁਕਤ ਰੱਖਿਆ ਜਾਵੇ ਅਤੇ ਬਾਕੀ ਔਰਤਾਂ ਨੂੰ ਉਨ੍ਹਾਂ ਦੇ ਡਿਊਟੀ ਸ਼ਟੇਸ਼ਨ ਹੀ ਅਲਾਟ ਕੀਤੇ ਜਾਣੇ ਚਾਹੀਦੇ ਹਨ। ਉਮੀਦ ਹੈ ਕਿ ਪੰਜਾਬ ਸਰਕਾਰ ਤੇ ਪ੍ਰਸ਼ਾਸਨਿਕ ਅਧਿਕਾਰੀ ਗਰੀਬ ਪਰਿਵਾਰਾਂ ਦੇ ਬੱਚਿਆਂ ਦੀ ਪੜ੍ਹਾਈ, ਵਿਧਵਾ ਤੇ ਅੰਗਹੀਣ ਔਰਤਾਂ ਨੂੰ ਦਰਪੇਸ਼ ਮੁਸ਼ਕਲਾਂ ਨੂੰ ਮੁੱਖ ਰੱਖਦਿਆਂ ਯੋਗ ਹੱਲ ਕਰਨਗੇ।

## ਵਾਰਡ ਨੰਬਰ 44 ਦੀਆਂ ਚਿਰੋਕਣੀਆਂ ਮੰਗਾਂ ਨੂੰ ਬੂਰ ਪਿਆ

**ਬਟਾਲਾ, (ਡਾ. ਮਲਵਿੰਦਰ ਸਿੰਘ)**- ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਬਟਾਲਾ ਦੇ ਨੌਜਵਾਨ ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਦੀ ਅਗਵਾਈ ਵਿੱਚ ਬਟਾਲਾ ਸ਼ਹਿਰ ਦੀ ਵਿਕਾਸ ਪੱਖੋਂ ਕਾਇਆ ਕਲਪ ਕੀਤੀ ਜਾ ਰਹੀ ਹੈ ਅਤੇ ਲੋਕਾਂ ਦੀਆਂ ਚਿਰੋਕਣੀਆਂ ਮੁਸ਼ਕਿਲਾਂ ਹੱਲ ਕੀਤੀਆਂ ਜਾ ਰਹੀਆਂ ਹਨ।ਵਿਕਾਸ ਕਾਰਜਾਂ ਦੀ ਲੜੀ ਤਹਿਤ ਵਿਧਾਇਕ ਸ਼ੈਰੀ ਕਲਸੀ ਵਲੋਂ ਵਾਰਡ ਨੰਬਰ 44 ਵਿਖੇ ਲੋਕਾਂ ਦੀ ਮੰਗ ਪੂਰੀ ਕਰਦਿਆਂ ਗਲੀ ਦੇ ਨਿਰਮਾਣ ਦਾ ਕਾਰਜ ਸ਼ੁਰੂ ਕਰਵਾਇਆ ਗਿਆ।ਇਸ ਮੌਕੇ ਗੱਲ ਕਰਦਿਆਂ ਵਿਧਾਇਕ ਸ਼ੈਰੀ ਕਲਸੀ ਨੇ ਦੱਸਿਆ ਕਿ ਬਟਾਲਾ



ਸ਼ਹਿਰ ਵਿੱਚ ਜਿਥੇ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ, ਉਸਦੇ ਨਾਲ ਲੋਕਾਂ ਦੀਆਂ ਮੁਸ਼ਕਿਲਾਂ ਸੁਣ ਕੇ ਹੱਲ ਕੀਤੀਆਂ ਜਾ ਰਹੀਆਂ ਹਨ।ਸ਼ਹਿਰ ਵਿੱਚ ਮਹਿਜ਼ ਚਾਰ ਸਾਲਾਂ ਵਿੱਚ ਵੱਖ-ਵੱਖ ਵਿਕਾਸ ਕਰਾਜ ਕਰਵਾਏ ਗਏ ਹਨ ਅਤੇ ਵਿਕਾਸ ਕਾਰਜ ਲਗਾਤਾਰ ਜਾਰੀ ਹਨ।ਉਨ੍ਹਾਂ ਦੱਸਿਆ ਕਿ ਬਟਾਲਾ ਸ਼ਹਿਰ ਵਾਸੀਆਂ ਨੂੰ ਟਰੈਫਿਕ ਦੀ ਸਮੱਸਿਆ ਤੋਂ ਨਿਜਾਤ ਪਾਉਣ ਦੇ ਮੰਤਵ ਨਾਲ ਸੜਕਾਂ ਨੂੰ ਚੌੜਿਆਂ ਕਰਨ ਦੇ ਨਾਲ ਬਿਜਲੀ ਦੇ ਖੰਬਿਆਂ ਨੂੰ ਸੜਕਾਂ ਦੇ ਕਿਨਾਰਿਆਂ ਤੋਂ ਹਟਾਇਆ ਗਿਆ ਹੈ।ਸ਼ਹਿਰ ਵਿੱਚ ਖੂਬਸੂਰਤ ਪਾਰਕ ਉਸਾਰਨ ਦੇ ਨਾਲ ਚੌਕਾਂ ਨੂੰ ਚੌੜਿਆਂ ਕੀਤਾ ਗਿਆ ਹੈ।ਸ਼ਹਿਰ ਵਿੱਚ ਸੀਸੀਟੀਵੀ ਕੈਮਰੇ ਲਗਾਏ ਜਾ ਰਹੇ ਹਨ।ਮੁਹੱਲਾ ਕਲੀਨਿਕਾਂ ਰਾਹੀ ਮਰੀਜ਼ਾਂਮੁਫ਼ਤ ਇਲਾਜ ਚੱਲ ਰਿਹਾ ਹੈ।ਲੋਕਾਂ ਨੂੰ ਇੱਕ ਛੱਤ ਹੇਠਾਂ ਵੱਖ-ਵੱਖ ਸਰਕਾਰੀ ਸੇਵਾਵਾਂ ਦੇਣ ਦੇ ਮੰਤਵ ਨਾਲ ਨਵਾਂ ਤਹਿਸੀਲ ਕੰਪਲੈਕਸ ਉਸਾਰਿਆ ਗਿਆ ਹੈ।ਸ਼ਹਿਰ ਵਿਚਲੀ ਲਾਇਬ੍ਰੇਰੀ ਦੀ ਇਮਾਰਤ ਦਾ ਨਵੀਨੀਕਰਨ ਕੀਤਾ ਗਿਆ ਹੈ ਅਤੇ ਦਹਾਕਿਆਂ ਪੁਰਾਣੇ ਬਟਾਲਾ ਕਲੱਬ ਨੂੰ ਸ਼ਾਨਦਾਰ ਦਿੱਖ ਦਿੱਤੀ।

ਨਵਾਂ ਜ਼ਮਾਨਾ
ਬੁੱਧਵਾਰ, 29 ਅਪ੍ਰੈਲ 2026

# ਆਧੁਨਿਕ ਗੁਲਾਮ ਪ੍ਰਥਾ

*ਕੁਝ ਦਿਨਾਂ ਵਿੱਚ ਦੇਸ਼-ਭਰ ਦੇ ਮਜ਼ਦੂਰ ਮਈ ਦਿਵਸ ਮਨਾਉਣਗੇ। ਅਮਰੀਕੀ ਸ਼ਹਿਰ ਸ਼ਿਕਾਗੋ 'ਚ ਹੇਮਾਰਕਿਟ ਬੰਬ ਕਾਂਡ ਵਿੱਚ ਫਸਾ ਕੇ ਸ਼ਹੀਦ ਕੀਤੇ ਗਏ ਖੱਬੇ-ਪੱਖੀ ਸੋਚ ਵਾਲੇ ਸੰਪਾਦਕ, ਬੁਲਾਰੇ ਤੇ ਮਜ਼ਦੂਰ ਕਾਰਕੁੰਨ ਐਲਬਰਟ ਪਾਰਸਨਜ਼ ਦੀ ਪਤਨੀ ਲੂਈ ਪਾਰਸਨਜ਼ ਨੇ ਅਦਾਲਤ ਵਿੱਚ ਕਿਹਾ ਸੀ, "ਕੀ ਜੱਜ ਆਲਟਗਿਲਟ ਇਸ ਗੱਲ ਤੋਂ ਇਨਕਾਰ ਕਰਨਗੇ ਕਿ ਤੁਹਾਡੀਆਂ ਜੇਲ੍ਹਾਂ ਗਰੀਬਾਂ ਦੇ ਬੱਚਿਆਂ ਨਾਲ ਭਰੀਆਂ ਹੋਈਆਂ ਹਨ, ਅਮੀਰਾਂ ਦੇ ਬੱਚਿਆਂ ਨਾਲ ਨਹੀਂ? ਕੀ ਤੁਸੀਂ ਇਸ ਗੱਲ ਤੋਂ ਇਨਕਾਰ ਕਰੋਗੇ ਕਿ ਆਦਮੀ ਇਸ ਲਈ ਚੋਰੀ ਕਰਦਾ ਹੈ, ਕਿਉਂਕਿ ਉਸ ਦਾ ਪੇਟ ਖਾਲੀ ਰਹਿੰਦਾ ਹੈ? ਕੀ ਤੁਹਾਡੇ ਵਿੱਚ ਇਹ ਕਹਿਣ ਦੀ ਹਿੰਮਤ ਹੈ ਕਿ ਭੁੱਲੀਆਂ-ਭਟਕੀਆਂ ਭੈਣਾਂ, ਜਿਨ੍ਹਾਂ ਦੀ ਤੁਸੀਂ ਗੱਲ ਕਰਦੇ ਹੋ, ਇੱਕ ਰਾਤ ਵਿੱਚ ਦਸ ਤੋਂ ਵੀਹ ਬੰਦਿਆਂ ਨਾਲ ਸੌਣ ਵਿੱਚ ਖੁਸ਼ੀ ਮਹਿਸੂਸ ਕਰਦੀਆਂ ਹਨ?"*

*ਇਤਿਹਾਸਕ ਮਈ ਦਿਵਸ ਦੇ ਸੰਦਰਭ ਵਿੱਚ ਇਹ ਸਵਾਲ ਅੱਜ ਵੀ ਪੂੰਜੀਵਾਦੀ ਬਰਬਾਦੀ, ਲੁੱਟ, ਦਮਨ ਅਤੇ ਮਜ਼ਦੂਰਾਂ ਦੇ ਸ਼ੋਸ਼ਣ ਨੂੰ ਉਭਾਰਦੇ ਹਨ। ਅੱਜ ਦੇ ਦੌਰ ਵਿੱਚ ਮਿਹਨਤਕਸ਼ਾਂ, ਖਾਸ ਕਰਕੇ ਮਜ਼ਦੂਰ ਵਰਗ ਨੂੰ ਬੰਧੂਆ ਮਜ਼ਦੂਰੀ ਦੀ ਇੱਕ ਆਧੁਨਿਕ ਕਿਸਮ ਦੀ ਪ੍ਰਥਾ ਵੱਲ ਧੱਕਿਆ ਜਾ ਰਿਹਾ ਹੈ। ਚੰਦ ਪੂੰਜੀਵਾਦੀ ਘਰਾਣਿਆਂ ਦੀ ਸਰਕਾਰ ਵੱਲੋਂ ਮਦਦ ਦੇ ਕਾਰਨ ਸਰਕਾਰੀ, ਸਰਵਜਨਕ ਉਦਯੋਗ ਜਾਂ ਤਾਂ ਬੰਦ ਕਰ ਦਿੱਤੇ ਗਏ ਹਨ ਜਾਂ ਵੇਚ ਦਿੱਤੇ ਗਏ ਹਨ। ਇਨ੍ਹਾਂ ਉਦਯੋਗਾਂ ਅਤੇ ਸਰਕਾਰੀ ਵਿਭਾਗਾਂ ਵਿੱਚ ਸਥਾਈ ਨੌਕਰੀਆਂ ਖਤਮ ਕਰਕੇ ਠੇਕਾ ਪ੍ਰਥਾ ਵਿੱਚ ਬੇਹੱਦ ਘੱਟ ਮਜ਼ਦੂਰੀ 'ਤੇ ਮਜ਼ਦੂਰਾਂ ਤੋਂ ਕੰਮ ਕਰਾਇਆ ਜਾਣ ਲੱਗਾ ਹੈ। ਪ੍ਰਧਾਨ ਰੁਜ਼ਗਾਰਦਾਤਾ ਸਰਕਾਰ ਦੀਆਂ ਨੀਤੀਆਂ ਦੀ ਦੇਖਾ-ਦੇਖੀ ਨਿੱਜੀ ਖੇਤਰ ਵੀ ਇਸ ਦਿਸ਼ਾ ਵਿੱਚ ਅੱਗੇ ਵਧ ਰਿਹਾ ਹੈ। ਸਥਿਤੀ ਦੀ ਗੰਭੀਰਤਾ ਨੂੰ ਇੱਕ ਮਿਸਾਲ ਨਾਲ ਹੀ ਸਮਝਿਆ ਜਾ ਸਕਦਾ ਹੈ : ਗੌਤਮ ਅਡਾਨੀ ਦੇ 16 ਲੱਖ ਕਰੋੜ ਰੁਪਏ ਦੇ ਕਾਰੋਬਾਰ ਵਿੱਚ ਸਿਰਫ 32 ਹਜ਼ਾਰ ਪੱਕੇ ਕਰਮਚਾਰੀ ਹਨ, ਬਾਕੀ ਸਭ ਠੇਕਾ ਮਜ਼ਦੂਰ। ਇਹ ਵੀ ਧਿਆਨ ਦੇਣ ਯੋਗ ਹੈ ਕਿ ਭਾਰਤ ਸਰਕਾਰ ਦੇ ਈ-ਸ਼੍ਰਮ ਪੋਰਟਲ 'ਤੇ ਰਜਿਸਟਰਡ ਲੱਗਭੱਗ 32 ਕਰੋੜ ਕਾਮਿਆਂ ਵਿੱਚੋਂ 92 ਫੀਸਦੀ ਪ੍ਰਤੀ ਮਹੀਨਾ 10 ਹਜ਼ਾਰ ਰੁਪਏ ਮਹੀਨੇ ਤੋਂ ਘੱਟ ਕਮਾਉਂਦੇ ਹਨ। ਇਹੀ ਨਹੀਂ, ਮਜ਼ਦੂਰਾਂ ਦੀਆਂ ਕੰਮ ਕਰਨ ਦੀਆਂ ਹਾਲਤਾਂ ਖਰਾਬ ਹੁੰਦੀਆਂ ਜਾ ਰਹੀਆਂ ਹਨ। ਲੰਬੇ ਸੰਘਰਸ਼ਾਂ ਨਾਲ ਪ੍ਰਾਪਤ ਕੀਤੇ ਅਧਿਕਾਰ ਉਨ੍ਹਾਂ ਤੋਂ ਖੋਹੇ ਜਾ ਰਹੇ ਹਨ। ਮੋਦੀ ਸਰਕਾਰ ਨੇ ਕੋਰੋਨਾ ਕਾਲ ਦੌਰਾਨ ਲੇਬਰ ਕੋਡ ਬਣਾ ਕੇ ਅਤੇ ਅਮਰੀਕਾ ਤੇ ਯੂਰਪ ਨਾਲ ਸਮਝੌਤਿਆਂ ਦੇ ਦਬਾਅ ਹੇਠ 24 ਨਵੰਬਰ, 2025 ਤੋਂ ਲਾਗੂ ਕਰਕੇ ਆਧੁਨਿਕ ਗੁਲਾਮੀ ਨੂੰ ਕਾਨੂੰਨੀ ਜਾਮਾ ਪਹਿਨਾਉਣ ਦਾ ਕੰਮ ਕੀਤਾ ਹੈ। ਮਜ਼ਦੂਰਾਂ ਦੇ ਕੰਮ ਦੇ ਘੰਟੇ 8 ਤੋਂ ਵਧਾ ਕੇ 12 ਕਰ ਦਿੱਤੇ ਗਏ ਹਨ। ਫਲੋਰ ਲੈਵਲ ਵੇਜ ਸ਼ੁਰੂ ਕਰਕੇ ਘੱਟੋ-ਘੱਟ ਵੇਜ ਦੇ ਅਧਿਕਾਰ ਨੂੰ ਕਮਜ਼ੋਰ ਕਰ ਦਿੱਤਾ ਗਿਆ ਹੈ। ਫਿਕਸ ਟਰਮ ਇੰਪਲਾਇਮੈਂਟ ਰਾਹੀਂ ਠੇਕਾ ਪ੍ਰਥਾ ਵਿੱਚ ਵੀ ਜਿਹੜੇ ਕੁਝ ਸਮਾਜੀ ਸੁਰੱਖਿਆ ਦੇ ਅਧਿਕਾਰ ਹਾਸਲ ਸਨ, ਉਹ ਵੀ ਖੋਹ ਲਏ ਹਨ।*

*ਸਾਲਾਂ ਤੋਂ ਰਾਜ ਸਰਕਾਰਾਂ ਅਤੇ ਕੇਂਦਰ ਸਰਕਾਰ ਨੇ ਘੱਟੋ-ਘੱਟ ਉਜਰਤ ਵਿੱਚ ਸੋਧ ਨਹੀਂ ਕੀਤੀ। ਯੂ ਪੀ ਵਿੱਚ 2014 ਤੋਂ ਬਾਅਦ ਕੋਈ ਘੱਟੋ-ਘੱਟ ਉਜਰਤ ਸੋਧ ਨਹੀਂ ਹੋਈ। ਕੇਂਦਰ ਸਰਕਾਰ ਨੇ ਵੀ 2022 ਤੋਂ ਘੱਟੋ-ਘੱਟ ਉਜਰਤ ਵਿੱਚ ਸੋਧ ਨਹੀਂ ਕੀਤੀ ਹੈ, ਜਦੋਂ ਕਿ ਘੱਟੋ-ਘੱਟ ਉਜਰਤ ਐਕਟ 1948 ਮੁਤਾਬਕ ਘੱਟੋ-ਘੱਟ ਉਜਰਤ ਨੂੰ ਹਰ 5 ਸਾਲਾਂ ਬਾਅਦ ਸੋਧਿਆ ਜਾਣਾ ਚਾਹੀਦਾ। ਇਸ ਮੁਤਾਬਕ ਰਾਜਾਂ ਵਿੱਚ ਉਜਰਤ 26 ਹਜ਼ਾਰ ਰੁਪਏ ਅਤੇ ਕੇਂਦਰ ਸਰਕਾਰ ਵਿੱਚ 32 ਹਜ਼ਾਰ ਰੁਪਏ ਪ੍ਰਤੀ ਮਹੀਨਾ ਹੋਣੀ ਚਾਹੀਦੀ ਸੀ। ਨੋਇਡਾ ਅੰਦੋਲਨ ਤੋਂ ਬਾਅਦ ਹੋਰਨਾਂ ਜ਼ੁਲਮਾਂ ਤੋਂ ਇਲਾਵਾ ਡਿਪਟੀ ਲੇਬਰ ਕਮਿਸ਼ਨਰ ਨੇ ਖੁਦ ਮੰਨਿਆ ਕਿ ਸੈਂਕੜੇ ਠੇਕੇਦਾਰਾਂ ਨੇ ਕਾਮਿਆਂ ਦੇ ਕਿਰਤ ਅਧਿਕਾਰਾਂ ਦੀ ਉਲੰਘਣਾ ਕੀਤੀ ਹੈ ਅਤੇ ਉਨ੍ਹਾਂ ਦੇ ਈ ਐੱਸ ਆਈ ਤੇ ਈ ਪੀ ਐੱਫ ਦੇ ਪੈਸੇ ਤੱਕ ਮਾਰ ਲਏ ਹਨ।*

*ਈਰਾਨ 'ਤੇ ਹਾਲ ਹੀ ਵਿੱਚ ਹੋਏ ਅਮਰੀਕਾ-ਇਜ਼ਰਾਈਲ ਦੇ ਹਮਲੇ ਨੇ ਸਥਿਤੀ ਨੂੰ ਹੋਰ ਵੀ ਵਿਗਾੜ ਦਿੱਤਾ ਹੈ। ਗੈਸ ਦੀਆਂ ਵਧਦੀਆਂ ਕੀਮਤਾਂ, ਛੋਟੇ ਅਤੇ ਦਰਮਿਆਨੇ ਉਦਯੋਗਾਂ ਦੇ ਬੰਦ ਹੋਣ ਕਾਰਨ ਰੁਜ਼ਗਾਰ ਦਾ ਖੁੱਸਣਾ, ਲੱਕ-ਤੋੜ ਮਹਿੰਗਾਈ ਅਤੇ ਗੰਭੀਰ ਬੇਰੁਜ਼ਗਾਰੀ ਨੇ ਦੇਸ਼-ਭਰ ਦੇ ਮਜ਼ਦੂਰਾਂ ਨੂੰ ਪ੍ਰੇਸ਼ਾਨ ਕਰ ਦਿੱਤਾ ਹੈ। ਇਸ ਪਿਛੋਕੜ ਵਿੱਚ ਨੋਇਡਾ ਅਤੇ ਐੱਨ ਸੀ ਆਰ ਵਿੱਚ ਮਜ਼ਦੂਰ ਗੁਲਾਮੀ ਵਾਲੇ ਹਾਲਾਤ ਖਿਲਾਫ ਸੜਕਾਂ 'ਤੇ ਆਏ। ਇਸ ਅੰਦੋਲਨ ਵੱਲੋਂ ਉਠਾਏ ਗਏ ਮੁੱਦਿਆਂ ਦੇ ਲੋਕਤੰਤਰੀ ਹੱਲ ਲੱਭਣ ਦੀ ਬਜਾਏ, ਯੋਗੀ ਸਰਕਾਰ ਆਪਣੇ ਫਾਸ਼ੀਵਾਦੀ ਅਤੇ ਤਾਨਾਸ਼ਾਹੀ ਚਰਿੱਤਰ ਮੁਤਾਬਕ ਬਰਬਰੀਅਤ 'ਤੇ ਉੱਤਰ ਆਈ। 'ਪਾਕਿਸਤਾਨੀ ਲਿੰਕ' ਅਤੇ 'ਸ਼ਹਿਰੀ ਨਕਸਲ' ਦੇ ਨਾਂਅ 'ਤੇ ਮਜ਼ਦੂਰਾਂ ਦੇ ਨਾਲ-ਨਾਲ ਬੁੱਧੀਜੀਵੀਆਂ ਨੂੰ ਗ੍ਰਿਫਤਾਰ ਕਰਕੇ ਜੇਲ੍ਹ 'ਚ ਡੱਕ ਦਿੱਤਾ। ਔਰਤਾਂ ਅਤੇ ਨਾਬਾਲਗਾਂ ਸਮੇਤ ਸੈਂਕੜੇ ਮਜ਼ਦੂਰ ਸੰਗੀਨ ਧਾਰਾਵਾਂ ਹੇਠ ਬੰਦ ਹਨ। ਵਿਰੋਧੀ ਧਿਰ ਦੇ ਆਗੂਆਂ, ਮਨੁੱਖੀ ਅਧਿਕਾਰ ਸੰਗਠਨਾਂ ਅਤੇ ਇੱਥੋਂ ਤੱਕ ਕਿ ਵਕੀਲਾਂ ਨੂੰ ਵੀ ਮਜ਼ਦੂਰਾਂ ਨੂੰ ਮਿਲਣ ਤੋਂ ਰੋਕਿਆ ਜਾ ਰਿਹਾ ਹੈ। ਮਜ਼ਦੂਰਾਂ 'ਤੇ ਆਧੁਨਿਕ ਗੁਲਾਮ ਪ੍ਰਥਾ ਲਾਗੂ ਕਰਨ ਵਿਰੁੱਧ ਦੇਸ਼-ਭਰ ਦੇ ਮਿਹਨਤਕਸ਼ਾਂ ਨੂੰ ਇੱਕਮੁੱਠ ਹੋਣਾ ਪੈਣਾ ਹੈ। ਮਈ ਦਿਵਸ ਪਹਿਲਿਆਂ ਨਾਲੋਂ ਕਿਤੇ ਵੱਧ ਪ੍ਰਚੰਡ ਸੰਘਰਸ਼ ਸ਼ੁਰੂ ਕਰਨ ਲਈ ਪ੍ਰਣ ਲੈਣ ਦਾ ਮੌਕਾ ਹੋਵੇਗਾ।*

## ਸੱਤਾਂ ਦੀਆਂ ਟਪੂਸੀਆਂ!

'ਘਾਲੇ-ਮਾਲੇ' ਤਾਂ ਹਰਿਕ ਨੇ ਕਰੇ ਹੁੰਦੇ,
ਬਿਜ਼ਨਸ ਕਰਦੇ ਹੋਏ ਕਾਰੋਬਾਰੀਆਂ ਨੇ।
ਮਗਰ ਪੈਂਦੀਆਂ 'ਉੱਪਰੋਂ ਹੁਕਮ' ਪਾ ਕੇ,
ਦੋਵੇਂ ਈਡੀਆਂ ਸੀਬੀਆਂ ਭਾਰੀਆਂ ਜੀ।
ਇੱਕ-ਅੱਧ ਤਾਂ ਸੌਖਿਆਂ 'ਹਜ਼ਮ' ਹੁੰਦਾ,
'ਕੱਠੇ ਸੱਤਾਂ 'ਟਪੂਸੀਆਂ' ਮਾਰੀਆਂ ਜੀ।
ਅਚਨਚੇਤ ਹੀ 'ਭਾਣਾ ਵਰਤਾਇ' ਦਿੱਤਾ,
ਕਹਿੰਦੇ ਕਮਲ ਦੀਆਂ ਹੈਂਸਿਆਰੀਆਂ ਜੀ।
ਸੋਸ਼ਲ ਮੀਡੀਆ ਲਾਹਨਤਾਂ ਨਾਲ ਭਰਿਆ,
ਕੋਈ ਗਲਤ ਤੇ ਕੋਈ ਕਹੀ ਸਹੀ ਜਾਂਦਾ।
ਦਲਬਦਲੀਆਂ 'ਥੋਕ' ਦੇ ਭਾਅ ਹੋਈਆਂ,
ਚਾਰੇ ਪਾਸੇ ਤਦ ਰੌਲਾ ਇਹ ਪਈ ਜਾਂਦਾ।

-ਤਰਲੋਚਨ ਸਿੰਘ ਦੁਪਾਲਪੁਰ, 001-408-905-5517

# ਭਾਰਤ ਨੂੰ ਦਰਪੇਸ਼ ਪ੍ਰਮੁੱਖ ਸਮੱਸਿਆਵਾਂ

**ਡਾ. ਅਨੂਪ ਸਿੰਘ**

ਇਸ ਵੇਲੇ ਸੰਸਾਰ ਵਿਚ ਤਿੰਨ ਜੱਗਾਂ ਚੱਲ ਰਹੀਆਂ ਹਨ।ਰੂਸ-ਯੂਕਰੇਨ ਯੁੱਧ ਪੰਜਵੇਂ ਸਾਲ 'ਚ ਦਾਖ਼ਲ ਹੋ ਗਿਆ ਹੈ। ਇਜ਼ਰਾਈਲ ਨੇ ਫਲਸਤੀਨ ਦਾ ਪਿਛਲੇ ਸਾਲ ਵੱਡਾ ਹਿੱਸਾ ਸੈਨਿਕ ਕਾਰਵਾਈਆਂ ਨਾਲ ਤਬਾਹ ਕਰ ਦਿੱਤਾ ਸੀ।ਹਮਾਸ ਗੁਰੀਲਿਆਂ ਤੇ ਫਲਸਤੀਨੀਆਂ ਵਿਰੁੱਧ ਇਜ਼ਰਾਈਲ ਦੇ ਸੈਨਿਕ ਹਮਲੇ ਹੁਣ ਵੀ ਜਾਰੀ ਹਨ।28 ਫਰਵਰੀ 2026 ਨੂੰ ਅਮਰੀਕਾ ਤੇ ਇਜ਼ਰਾਈਲ ਨੇ ਮਿਲ ਕੇ ਈਰਾਨ ਵਿਰੁੱਧ ਯੁੱਧ ਛੇੜ ਦਿੱਤਾ ਸੀ। ਇਹ ਭਿਆਨਕ ਯੁੱਧ ਇਸ ਵੇਲੇ ਵਕਤੀ ਤੌਰ 'ਤੇ ਥਮ ਚੁੱਕਾ ਹੈ। ਇਸ ਯੁੱਧ ਨੇ ਤੇਲ ਤੇ ਰਸੋਈ ਗੈਸ ਅਤੇ ਕੁੱਲ ਮਿਲਾ ਕੇ ਊਰਜਾ ਦਾ ਸੰਕਟ ਖੜ੍ਹਾ ਕਰ ਦਿੱਤਾ ਹੈ। ਇਸ ਨੇ ਭਾਰਤ ਸਮੇਤ ਏਸ਼ੀਆਈ ਦੇਸ਼ਾਂ ਲਈ ਵੱਡਾ ਆਰਥਿਕ-ਸਮਾਜਿਕ ਸੰਕਟ ਪੈਦਾ ਕਰ ਦਿੱਤਾ ਹੈ। ਇਜ਼ਰਾਈਲ ਨੇ ਲੈਬਨਾਨ ਵਿਰੁੱਧ ਵੀ ਯੁੱਧ ਛੇੜ ਦਿੱਤਾ ਹੈ ਅਤੇ ਉਸ ਦੇ ਇਕ ਹਿੱਸੇ 'ਤੇ ਕਬਜ਼ਾ ਕਰ ਲਿਆ ਹੈ।ਈਰਾਨ ਦੀ ਸ਼ਹਿ ਪ੍ਰਾਪਤ ਹਿਜ਼ਬੁੱਲਾ ਅਤੇ ਯਮਨ ਦੇ ਹੂਤੀ ਵਿਦਰੋਹੀਆਂ ਨੇ ਇਜ਼ਰਾਈਲੀ ਅਤੇ ਅਮਰੀਕੀ ਟਿਕਾਣਿਆਂ 'ਤੇ ਹਮਲੇ ਸ਼ੁਰੂ ਕਰ ਦਿੱਤੇ ਹਨ। ਸਿੱਟੇ ਵਜੋਂ ਵਿਸ਼ਵ ਪੱਧਰ 'ਤੇ ਤੀਜੇ ਯੁੱਧ ਦਾ ਖ਼ਤਰਾ ਮੰਡਰਾਅ ਰਿਹਾ ਹੈ ਅਤੇ ਆਰਥਿਕ ਦ੍ਰਿਸ਼ ਉੱਥਲ-ਪੁੱਥਲ ਤੇ ਨਿਰਾਸ਼ਾਜਨਕ ਲੱਗ ਰਿਹਾ ਹੈ।ਅਮਰੀਕਾ ਦੇ ਰਾਸ਼ਟਰਪਤੀ ਦੇ ਬਿਆਨ ਤੇ ਕਾਰਵਾਈਆਂ ਅਨਿਸਚਿਤਤਾ ਦਾ ਮਾਹੌਲ ਸਿਰਜ ਰਹੀਆਂ ਹਨ। ਡੋਨਾਲਡ ਟਰੰਪ ਦੀ ਤੇਲ ਦੀ ਲਲਕ ਅਤੇ ਨੇਤਨਯਾਹੂ ਦੀ ਮਹਾਂ-ਇਜ਼ਰਾਈਲ ਦੀ ਸਥਾਪਤ ਕਰਨ ਦੀ ਲਾਲਸਾ ਪੂਰੇ ਵਿਸ਼ਵ ਵਿਚ ਅਸਥਿਰਤਾ ਤੇ ਭੈਅ ਦਾ ਵਾਤਾਵਰਨ ਪੈਦਾ ਕਰ ਰਹੀਆਂ ਹਨ।

ਭਾਰਤ ਅਜਿਹਾ ਦੇਸ਼ ਹੈ, ਜਿਸ ਦੀ ਅੱਧੀ ਤੋਂ ਵੱਧ ਵੱਸੋਂ ਬੁਨਿਆਦੀ ਜੀਵਨ ਸਹੂਲਤਾਂ ਦੀਆਂ ਲੋੜਾਂ, ਥੋੜਾਂ ਨਾਲ ਜੂਝ ਰਹੀ ਹੈ। ਰੋਟੀ, ਕੱਪੜਾ, ਮਕਾਨ, ਸਿਹਤ, ਸਿੱਖਿਆ ਤੇ ਸਮਾਜਿਕ ਸੁਰੱਖਿਆ ਉਨ੍ਹਾਂ ਲਈ ਵੱਡੀ ਚੁਣੌਤੀ ਹਨ। ਇਹੀ ਕਾਰਨ ਹੈ ਕਿ ਅੰਤਰ-ਰਾਸ਼ਟਰੀ ਪੱਧਰ 'ਤੇ ਗਰੀਬੀ-ਭੁੱਖਮਰੀ ਸੂਚਕ ਸਕੇਲ 'ਤੇ ਭਾਰਤ ਦਾ ਦਰਜਾ ਸਭ ਤੋਂ ਹੇਠਲੇ 20-22 ਦੇਸ਼ਾਂ ਵਿਚ ਹੁੰਦਾ ਹੈ। ਦੇਸ਼ ਵਿਚ ਗਰੀਬੀ ਅਜੇ ਵੱਡੇ ਪੱਧਰ 'ਤੇ ਹੈ। ਸਰਕਾਰੀ ਦਾਅਵਿਆਂ ਦੇ ਬਾਵਜੂਦ 25 ਤੋਂ 33 ਫੀਸਦੀ ਭਾਰਤੀ ਗਰੀਬੀ ਰੇਖਾ ਤੋਂ ਹੇਠਾਂ ਜੀਵਨ ਬਿਤਾ ਰਹੇ ਹਨ। ਇਨ੍ਹਾਂ ਵਿਚੋਂ ਤੀਜਾ ਹਿੱਸਾ ਲੋਕ ਭੁੱਖਮਰੀ ਦੀ ਕਾਗਾਰ 'ਤੇ ਹਨ। ਫੁੱਟ-ਪਾਥਾਂ 'ਤੇ, ਰੇਲਵੇ ਸਟੇਸ਼ਨਾਂ, ਸਰਕਾਰੀ ਥਾਵਾਂ-ਰੈਣ ਬਸੇਰਿਆਂ 'ਚ ਰਾਤਾਂ ਗੁਜ਼ਾਰਨ ਵਾਲੇ ਲੋਕ ਭੁੱਖਮਰੀ ਦੀ ਹਾਲਤ ਵਿਚ ਹੀ ਹੁੰਦੇ ਹਨ। ਵੱਡੀ ਗਿਣਤੀ 'ਚ ਭਾਰਤੀ ਪਰਵਾਰਾਂ ਦੀ ਆਮਦਨ ਏਨੀ ਨਹੀਂ ਕਿ ਉਹ ਮਨ-ਪਸੰਦ ਖਾ-ਪੀ, ਪਹਿਨ-ਪਚਰ ਤੇ ਵਿਚਰ-ਵਿਚਾਰ ਕਰ ਸਕਣ। ਅਸੀਂ ਭਾਵੇਂ ਚਾਰ ਟ੍ਰਿਲੀਅਨ ਭਾਵ 4000 ਅਰਬ ਡਾਲਰ ਤੋਂ ਵੱਧ ਕੁੱਲ ਘਰੇਲੂ ਉਦਪਾਦਨ ਨਾਲ ਵਿਸ਼ਵ ਦੀ ਚੌਥੀ ਵੱਡੀ ਆਰਥਿਕਤਾ ਹਾਂ, ਪਰ ਪ੍ਰਤੀ ਵਿਅਕਤੀ ਆਮਦਨ ਦੇ ਮਾਮਲੇ 'ਚ ਅਸੀਂ ਵਿਸ਼ਵ ਭਾਈਚਾਰੇ 'ਚ 140-143ਵੇਂ ਨੰਬਰ 'ਤੇ ਹੀ ਰਹਿੰਦੇ ਹਾਂ। 46 ਕਰੋੜ ਦੀ ਵਸੋਂ ਵਾਲੇ ਯੂਰਪੀਨ ਯੂਨੀਅਨ ਦੀ ਪ੍ਰਤੀ ਜੀਅ ਆਮਦਨ 49 ਹਜ਼ਾਰ ਡਾਲਰ ਹੈ, ਜੋ ਭਾਰਤ ਦੀ ਪ੍ਰਤੀ ਜੀਅ ਆਮਦਨ ਨਾਲੋਂ 17 ਗੁਣਾਂ ਜ਼ਿਆਦਾ ਹੈ। ਚੀਨ ਦੀ ਪ੍ਰਤੀ ਵਿਅਕਤੀ ਆਮਦਨ ਭਾਰਤ ਦੀ ਪ੍ਰਤੀ ਵਿਅਕਤੀ ਆਮਦਨ ਨਾਲੋਂ ਪੰਜ ਗੁਣਾਂ ਵੱਧ ਹੈ।ਅਸੀਂ ਅਜੇ ਨਿਮਨ ਮੱਧ ਵਰਗ ਆਮਦਨ ਵਾਲੇ ਦੇਸ਼ਾਂ ਵਿਚ ਹਾਂ।ਵਿਕਸਤ ਦੇਸ਼ ਬਣਨ ਤੋਂ ਪਹਿਲਾਂ ਭਾਰਤ ਨੂੰ ਮੱਧ ਵਰਗ ਆਮਦਨ ਵਾਲੇ ਦੇਸ਼ਾਂ ਵਿਚ ਸ਼ਾਮਲ ਹੋਣਾ ਪਵੇਗਾ।

ਇਸ ਵੇਲੇ ਬੇਰੁਜ਼ਗਾਰੀ, ਅਰਧ ਬੇਰੁਜ਼ਗਾਰੀ ਤੇ ਲੁਕਵੀਂ ਬੇਰੁਜ਼ਗਾਰੀ ਚਰਮ ਸੀਮਾ 'ਤੇ ਹੈ ਅਤੇ ਇਹ ਦੇਸ਼ ਦੀ ਸਭ ਤੋਂ ਵੱਡੀ ਸਮੱਸਿਆ ਬਣੀ ਹੋਈ ਹੈ। ਹਰ ਸਾਲ ਲੋਕ ਖੇਤੀ ਜਾਂ ਸਵੈ-ਰੁਜ਼ਗਾਰ ਵੱਲ ਧੱਕੇ ਜਾ ਰਹੇ ਹਨ। ਇਨ੍ਹਾਂ ਦੋਵਾਂ ਖੇਤਰਾਂ ਵਿਚ ਅਰਧ ਤੇ ਲੁਕਵੀਂ ਬੇਰੁਜ਼ਗਾਰੀ ਸਭ ਤੋਂ ਵੱਧ ਹੈ ਅਤੇ ਉਜਰਤਾਂ ਬਹੁਤ ਘੱਟ ਹਨ। ਨੌਜਵਾਨਾਂ ਤੇ ਪੜ੍ਹੇ-ਲਿਖੇ ਲੋਕਾਂ 'ਚ ਬੇਰੁਜ਼ਗਾਰੀ ਤੇ ਘੱਟ ਉਜਰਤਾਂ ਦੀ ਚੋਭ ਬਹੁਤ ਤਿੱਖੀ ਹੈ।

ਬੇਰੁਜ਼ਗਾਰੀ ਦੀ ਭਿਅੰਕਰਤਾ ਦੀ ਇਕ ਤਾਜ਼ੀ ਉਦਾਹਰਣ ਵੇਖੋ : ਅਧੀਨ ਸੇਵਾਵਾਂ ਚੋਣ ਬੋਰਡ ਪੰਜਾਬ ਦੇ ਵੱਖ-ਵੱਖ ਵਿਭਾਗਾਂ ਵਿਚ ਗਰੁੱਪ-ਡੀ ਦੀਆਂ ਕਰੀਬ 331 ਅਸਾਮੀਆਂ 'ਤੇ ਭਰਤੀ ਲਈ ਇਸ਼ਤਿਹਾਰ ਜਾਰੀ ਕੀਤਾ ਗਿਆ ਸੀ। ਇਨ੍ਹਾਂ 331 ਅਸਾਮੀਆਂ ਲਈ ਪੰਜਾਬ ਤੇ ਗੁਆਂਢੀ ਰਾਜਾਂ ਦੇ ਕਰੀਬ 1.25 ਲੱਖ ਉਮੀਦਵਾਰਾਂ ਵੱਲੋਂ ਬਿਨੈ-ਪੱਤਰ ਦਿੱਤਾ ਗਿਆ। ਨਿਰਧਾਰਿਤ ਯੋਗਤਾ ਮੈਟ੍ਰਿਕ ਹੈ, ਪਰ ਪੋਸਟ ਗਰੈਜੂਏਟ ਤੇ ਹੋਰ ਉੱਚ ਡਿਗਰੀ ਧਾਰਕ ਨੌਜਵਾਨਾਂ ਵੱਲੋਂ ਵੀ ਬਿਨੈ-ਪੱਤਰ ਦਿੱਤੇ ਗਏ। ਹਰੇਕ ਪੋਸਟ ਲਈ ਕਰੀਬ 378 ਬਿਨੈਕਾਰ! ਘਟ ਰਹੀਆਂ ਉਜਰਤਾਂ ਬਾਰੇ ਵੀ ਇਕ ਉਦਾਹਰਣ ਪੇਸ਼ ਹੈ: ਸਾਲ 2011 ਵਿਚ ਇਕ ਨੌਜਵਾਨ ਗਰੈਜੂਏਟ ਨੂੰ ਔਸਤਨ 21,800 ਰੁਪਏ ਮਾਸਕ ਮਿਲਦੇ ਸਨ। ਸਾਲ 2023 ਤੱਕ ਆਉਂਦੇ-ਆਉਂਦੇ ਇਹ ਘਟ ਕੇ 19,573 ਰਹਿ ਗਏ ਅਤੇ ਜਦੋਂ ਅਸੀਂ ਨਿਰੰਤਰ ਵਧਦੀ ਮਹਿੰਗਾਈ ਦੇ ਪਰਿਪੇਖ ਵਿਚ ਵੇਖਾਂਗੇ ਤਾਂ ਇਹ 2011 ਦੇ 10-11 ਹਜ਼ਾਰ ਰੁਪਏ ਹੀ ਰਹਿ ਜਾਣਗੇ। ਇਹ ਹੈ ਕੌੜੀ ਹਕੀਕਤ! ਬਾਰਾਂ ਜਮਾਤਾਂ ਪਾਸ, ਮੈਟ੍ਰਿਕ ਤੇ ਅਨਪੜ੍ਹ ਨੌਜਵਾਨਾਂ ਦੀਆਂ ਉਜਰਤਾਂ ਦਾ ਅਨੁਮਾਨ ਹਰ ਕੋਈ ਲਗਾ ਸਕਦਾ ਹੈ।

ਖੇਤੀਬਾੜੀ ਖੇਤਰ, ਕਿਸਾਨ ਕਲਿਆਣ ਯੋਜਨਾਵਾਂ ਅਤੇ ਖੇਤੀ ਖੋਜ ਤੇ ਪਸਾਰ ਉਪਰ 2024-25 ਦੇ ਸਾਲ ਨਾਲੋਂ 2025-26 ਵਿਚ 3,905 ਕਰੋੜ ਰੁਪਏ ਘਟਾ ਦਿੱਤੇ ਗਏ ਹਨ। ਕੇਂਦਰੀ ਖੇਤੀਬਾੜੀ ਮੰਤਰੀ ਸ਼ਿਵਰਾਜ ਚੌਹਾਨ ਦੇ ਕਾਰਜਕਾਲ 'ਚ ਖੇਤੀਬਾੜੀ ਤੇ ਪੇਂਡੂ ਵਿਕਾਸ 'ਚ 60,052 ਕਰੋੜ ਰੁਪਏ ਦੀ ਕੁੱਲ ਕਟੌਤੀ ਕੀਤੀ ਗਈ ਹੈ। ਕਿਸਾਨਾਂ 'ਤੇ ਕਰਜ਼ਾ ਬੋਝ ਘਟਾਉਣ ਦੀ ਥਾਂ ਕਿਸਾਨ ਕਰੈਡਿਟ ਕਾਰਡ ਦੀ ਲਿਮਟ ਤਿੰਨ ਲੱਖ ਰੁਪਏ ਤੋਂ ਵਧਾ ਕੇ ਪੰਜ ਲੱਖ ਰੁਪਏ ਕਰ ਦਿੱਤੀ ਗਈ ਹੈ। ਸਿੱਟੇ ਵਜੋਂ ਕਿਸਾਨਾਂ ਸਿਰ ਕਰਜ਼ਾ ਹੋਰ ਵਧੇਗਾ ਅਤੇ ਖ਼ੁਦਕੁਸ਼ੀਆਂ ਦੀ ਖੇਤੀ ਹੋਰ ਪ੍ਰਫੁਲਤ ਹੋਵੇਗੀ।

ਪੀਣ ਯੋਗ ਸਾਫ਼-ਸ਼ੁੱਧ ਪਾਣੀ ਨਿਰੰਤਰ ਘਟ ਰਿਹਾ ਹੈ। ਧਰਤੀ ਹੇਠਲੇ ਪਾਣੀ ਦੀ ਅੰਨ੍ਹੇਵਾਹ ਵਰਤੋਂ ਅਤੇ ਮੀਂਹ ਦੇ ਪਾਣੀ ਦੀ ਉੱਚਿਤ ਸਾਭ-ਸੰਭਾਲ ਨਾ ਹੋਣ ਕਰਕੇ ਧਰਤੀ ਹੇਠਲੇ ਪਾਣੀ ਦਾ ਪੱਧਰ ਹਰ ਸਾਲ ਹੋਰ ਹੇਠਾਂ ਜਾ ਰਿਹਾ ਹੈ। ਤਿੱਖੀਆਂ ਵਾਤਾਵਰਣਕ ਅਤੇ ਮੌਸਮੀ ਤਬਦੀਲੀਆਂ ਕਾਰਨ ਸੋਕੇ ਪੈ ਰਹੇ ਹਨ ਜਾਂ ਭਿਆਨਕ ਹੜ੍ਹ ਆ ਰਹੇ ਹਨ। ਦੋਵਾਂ ਸਥਿਤੀਆਂ 'ਚ ਕਿਸਾਨ, ਗਰੀਬ ਤੇ ਹੋਰ ਮਿਹਨਤਕਸ਼ ਲੋਕ ਬੁਰੀ ਤਰ੍ਹਾਂ ਪ੍ਰਭਾਵਤ ਹੋ ਰਹੇ ਹਨ। ਕੁੱਲ ਮਿਲਾ ਕੇ ਸਿੱਟੇ ਬੇਹੱਦ ਖ਼ਤਰਨਾਕ ਹਨ। ਆਓ ਤੱਥ ਜਾਣੀਏ : ਸਾਲ 1961 ਵਿਚ ਭਾਰਤ ਦੇ ਹਰੇਕ ਨਾਗਰਿਕ ਲਈ ਪੰਜ ਹਜ਼ਾਰ ਕਿਊਬਿਕ ਮੀਟਰ ਪਾਣੀ ਉਪਲਭਧ ਸੀ, ਜੋ 60 ਸਾਲ ਬਾਅਦ 2021 'ਚ ਘਟ ਕੇ 1486 ਕਿਊਬਿਕ ਮੀਟਰ ਰਹਿ ਗਿਆ।

ਸਿੱਖਿਆ, ਸਿਹਤ ਤੇ ਪੇਂਡੂ ਵਿਕਾਸ ਅਤੇ ਲੋਕ ਕਲਿਆਣ ਉਪਰ ਖਰਚਾ ਲਗਾਤਾਰ ਘਟ ਰਿਹਾ ਹੈ। ਸਰਕਾਰਾਂ ਸਿੱਖਿਆ ਤੇ ਸਿਹਤ ਆਦਿ ਬੁਨਿਆਦੀ ਖੇਤਰਾਂ ਦਾ ਅੰਨ੍ਹੇਵਾਹ ਨਿੱਜੀਕਰਨ ਤੇ ਨਿਰਲੱਜ ਵਪਾਰੀਕਰਨ ਕਰ ਰਹੀਆਂ ਹਨ। ਪ੍ਰਾਈਵੇਟ ਸਿੱਖਿਆ ਅਤੇ ਸਿਹਤ ਸੇਵਾਵਾਂ ਗਰੀਬ ਲੋਕਾਂ ਦੀ ਪਹੁੰਚ ਤੋਂ ਦੂਰ ਹੋ ਰਹੀਆਂ ਹਨ।

ਔਰਤਾ, ਵਿਸ਼ੇਸ਼ ਕਰਕੇ ਗਰੀਬ ਵਰਗਾਂ (ਅਨੁਸੂਚਿਤ ਜਾਤੀਆਂ, ਜਨਜਾਤੀਆਂ ਤੇ ਕਬਾਇਲੀ-ਆਦਿਵਾਸੀ) ਦੀਆਂ ਔਰਤਾਂ, ਗਰੀਬਾਂ, ਬਜ਼ੁਰਗਾਂ ਅੰਗਹੀਣਾਂ ਤੇ ਬਿਮਾਰਾਂ ਆਦਿ ਲਈ ਆਰਥਿਕ-ਸਮਾਜਿਕ ਸੁਰੱਖਿਆ ਕਵਰ ਦੀ ਵਿਆਪਕ ਅਣਹੋਂਦ ਹੈ। ਗਲ-ਗਲ ਤੱਕ ਧਸਿਆ ਭ੍ਰਿਸ਼ਟਾਚਾਰ ਗਰੀਬਾਂ, ਬੇਰੁਜ਼ਗਾਰਾਂ ਤੇ ਹਾਸ਼ੀਏ 'ਤੇ ਧੱਕੇ ਲੋਕਾਂ ਦਾ ਕਾਫ਼ੀਆ ਹੋਰ ਤੰਗ ਕਰ ਰਿਹਾ ਹੈ। ਨਿਰੰਤਰ ਵਧ ਰਹੀ ਮਹਿੰਗਾਈ ਭਾਰਤ ਦੀ ਹੇਠਲੀ ਦੋ ਤਿਹਾਈ ਵਸੋਂ ਨੂੰ ਬੁਰੀ ਤਰ੍ਹਾਂ ਕੋਹ ਰਹੀ ਹੈ। ਬੇਕਾਬੂ ਅਮਨ-ਕਾਨੂੰਨ ਦੀ ਸਥਿਤੀ ਅਤੇ ਵਧਦਾ ਸਰੀਰਕ ਸ਼ੋਸ਼ਣ ਹੇਠਲੇ ਵਰਗਾਂ ਨੂੰ ਹੀ ਸੱਟ ਮਾਰਦਾ ਹੈ।

ਉੱਕਤ ਤੋਂ ਛੁੱਟ ਸਿੱਧਾ ਵਿਦੇਸ਼ੀ ਨਿਵੇਸ਼ ਘਟ ਰਿਹਾ ਹੈ।ਪ੍ਰਾਈਵੇਟ ਨਿਵੇਸ਼ ਵੀ ਵਧ ਨਹੀਂ ਰਿਹਾ। ਸਰਕਾਰੀ ਦਾਅਵਿਆਂ ਦੇ ਬਾਵਜੂਦ ਜਨਤਕ ਨਿਵੇਸ ਵੀ ਲੋੜੀਂਦੀ ਮਾਤਰਾ 'ਚ ਵਧ ਨਹੀਂ ਰਿਹਾ, ਇਸ ਦੇ ਉਲਟ ਸਟਾਕ ਮਾਰਕੀਟ ਦੀ ਅਸਥਿਰਤਾ ਕਾਰਨ ਵਿਦੇਸ਼ੀ ਨਿਵੇਸ਼ਕ ਆਪਣਾ ਧਨ ਕੱਢ ਰਹੇ ਹਨ। ਨਿਵੇਸ਼ ਘਟਣ ਤੇ ਅੰਤਰ-ਰਾਸ਼ਟਰੀ ਅਸਥਿਰਤਾ ਕਾਰਨ ਤਿੰਨ-ਚਾਰ ਪ੍ਰਭਾਵ ਪ੍ਰਤੱਖ ਨਜ਼ਰ ਆ ਰਹੇ ਹਨ। (ੳ) ਬੁਨਿਆਦੀ ਢਾਂਚੇ ਅਤੇ ਜ਼ਰੂਰੀ ਸੇਵਾਵਾਂ ਦੀ ਮੰਗ ਤੇ ਸਪਲਾਈ ਦੇ ਵਿਚਕਾਰ ਵੱਡੇ ਪਾੜੇ ਸਪੱਸ਼ਟ ਨਜ਼ਰ ਆ ਰਹੇ ਹਨ। (ਅ) ਘਰੇਲੂ ਮੰਗ 'ਚ ਜਾਂ ਤਾਂ ਖੜੋਤ ਹੈ ਜਾਂ ਵਾਧਾ ਬੇਹੱਦ ਮਾਮੂਲੀ ਹੈ। (ੲ) ਰੁਪਏ ਦੀ ਕੀਮਤ ਲਗਾਤਾਰ ਡਿੱਗ ਰਹੀ ਹੈ ਅਤੇ ਇਹ ਡਾਲਰ ਦੇ ਮੁਕਾਬਲੇ ਅਪ੍ਰੈਲ 2026 ਦੇ ਪਹਿਲੇ ਹਫ਼ਤੇ 'ਚ 94 ਰੁਪਏ ਦੇ ਨੇੜੇ-ਤੇੜੇ ਬਣੀ ਹੋਈ ਹੈ (ਸ) ਭਾਰਤੀ ਵਿਕਾਸ ਦਰ ਧੀਮੀ ਹੈ ਅਤੇ 2047 ਤੱਕ ਵਿਕਸਤ ਭਾਰਤ ਬਣਨ ਲਈ ਲੋੜੀਂਦੀ 10-12 ਫੀਸਦੀਦਰ ਤੋਂ ਬਹੁਤ ਘੱਟ ਹੈ। ਸਿੱਟੇ ਵਜੋਂ ਸਵੈ-ਨਿਰਭਰਤਾ ਦੇ ਸਾਰੇ ਵੱਡੇ-ਵੱਡੇ ਦਾਅਵਿਆਂ ਤੇ ਵਾਅਦਿਆਂ ਦੇ ਬਾਵਜੂਦ ਭਾਰਤ ਖਾਣ ਵਾਲੇ ਤੇਲ, ਪੈਟਰੋਲ ਤੇ ਡੀਜ਼ਲ, ਦਾਲਾਂ ਤੇ ਸੈਨਿਕ ਸਾਜ਼ੋ-ਸਮਾਨ ਦਾ ਦੁਨੀਆਂ ਵਿਚ ਦੂਜਾ ਵੱਡਾ ਦਰਾਮਦਕਾਰ ਹੈ। ਰੱਖਿਆ ਖੇਤਰ ਵਿਚ ਸਾਡਾ ਖਰਚਾ ਸਥਿਰ ਬਣਿਆ ਹੋਇਆ ਹੈ।

ਉੱਕਤ ਆਰਥਕ ਪ੍ਰੇਸ਼ਾਨੀਆਂ ਦੇ ਨਾਲ-ਨਾਲ ਭਾਰਤੀਆਂ ਦੇ ਜਨ-ਜੀਵਨ ਵਿਚ ਸਮਾਜਿਕ ਤੇ ਰਾਜਨੀਤਕ ਨਿਘਾਰ ਵੀ ਜਾਰੀ ਹੈ। ਉਦਾਹਰਣ ਹਿੱਤ ਵੱਖ-ਵੱਖ ਖੇਤਰਾਂ ਵਿਚ ਫਿਰਕੂ, ਜਾਤ-ਪਾਤੀ ਤੇ ਭਾਸ਼ਾਈ ਤਣਾਉ ਤੇ ਟਕਰਾਉ ਵਧ ਰਿਹਾ ਹੈ। ਬਦਕਿਸਮਤੀ ਨੂੰ ਅਜਿਹਾ ਗੁਨਾਹ ਰਾਜ ਕਰਦੀ ਪਾਰਟੀ ਦੇ ਆਗੂਆਂ ਤੇ ਕਾਰਕੁੰਨਾਂ ਵੱਲੋਂ ਕੀਤਾ ਜਾ ਰਿਹਾ ਹੈ। ਇਸ ਵਿਚ ਭਾਜਪਾ ਦੇ ਕੇਂਦਰੀ ਤੇ ਸੂਬਾਈ ਆਗੂ ਵੀ ਸ਼ਾਮਲ ਹਨ। ਚੋਣ ਕਮਿਸ਼ਨ ਸੱਤਾ ਦੇ ਇਸ਼ਾਰਿਆਂ 'ਤੇ ਕੰਮ ਕਰ ਰਿਹਾ ਹੈ। ਇਸ ਸੰਵਿਧਾਨਕ ਸੰਸਥਾ ਦੀ ਨਿਰਪੱਖਤਾ ਤੇ ਭਰੋਸੇਯੋਗਤਾ ਨਿਮਨਤਮ ਸਤਰ 'ਤੇ ਹੈ।ਚੋਣ-ਧਾਂਦਲੀਆਂ ਤੇ ਲੋਕ ਪ੍ਰਤੀਨਿਧੀਆਂ ਦੀ ਖਰੀਦੋ-ਫਰੋਖਤ ਰਾਹੀਂ ਅਸਹਿਮਤੀ ਨੂੰ ਉਧਾਲਿਆ ਜਾ ਰਿਹਾ ਹੈ। ਨਿਆਂ ਪਾਲਿਕਾ ਦੇ ਲੋਕ ਵਿਰੋਧੀ ਫੈਸਲੇ ਅਤੇ ਸੱਤਾ ਦੇ ਇਸ਼ਾਰਿਆਂ 'ਤੇ ਕੰਮ ਕਰਨ ਦੀ ਸ਼ੈਲੀ ਭਾਰਤੀ ਲੋਕਾਂ ਦੀ ਬਚੀ-ਖੁਚੀ ਆਸ-ਉਮੀਦ ਨੂੰ ਮਿੱਟੀ 'ਚ ਮਿਲਾ ਰਹੀ ਹੈ।

ਉੱਕਤ ਨਿਰਾਸ਼ਾਜਨਕ ਸਥਿਤੀ ਦੇ ਪ੍ਰਸੰਗ ਵਿਚ ਕੁਝ ਆਰਥਿਕ-ਸਮਾਜਿਕ ਮਾਹਰਾਂ ਦੀਆਂ ਟਿੱਪਣੀਆਂ ਹੁਕਮਰਾਨਾਂ ਨੂੰ ਮਦਹੋਸ਼ੀ 'ਚੋਂ ਜਗਾ ਸਕਦੀਆਂ ਹਨ : ਡਾ. ਸੀ ਰੰਗਾਰਾਜਨ ਨੇ ਵਿੱਤੀ ਮਜ਼ਬੂਤੀ ਦੀ ਧੀਮੀ ਗਤੀ 'ਤੇ ਪ੍ਰਸ਼ਨ ਉਠਾਏ ਹਨ। ਡਾ. ਸੁਰਜੀਤ ਭੱਲਾ ਨੇ ਚੌਥੀ ਸਭ ਤੋਂ ਵੱਡੀ ਅਰਥ-ਵਿਵਸਥਾ ਹੋਣ 'ਤੇ ਸਰਕਾਰ ਵੱਲੋਂ ਖ਼ੁਦ ਦੀ ਪ੍ਰਸੰਸਾ ਕਰਨ ਦਾ ਮਜ਼ਾਕ ਉਡਾਇਆ ਹੈ।ਉਨ੍ਹਾ ਕਿਹਾ ਕਿ ਕੁੱਲ ਘਰੇਲੂ ਉਤਪਾਦਨ ਆਰਥਿਕਤਾ ਦੇ ਆਕਾਰ ਨੂੰ ਦਰਸਾਉਂਦਾ ਹੈ, ਆਰਥਿਕਤਾ ਦੀ ਮਜ਼ਬੂਤੀ ਨੂੰ ਨਹੀਂ। ਪ੍ਰੋ. ਰੋਹਿਤ ਲਾਂਭਾ (ਕਾਰਨੇਲ ਯੂਨੀਵਰਸਿਟੀ) ਨੇ ਭਾਰਤ ਦੇ 2026-27 ਦੇ ਬਜਟ ਦਾ ਮਖੌਲ ਉਡਾਉਂਦੇ ਹੋਏ ਕਿਹਾ ਕਿ ਇਹ ਅਜਿਹੇ ਦੇਸ਼ ਦੀ ਅਰਥ ਵਿਵਸਥਾ ਲਈ ਹੈ, ਜੋ ਕਿਸੇ ਯੋਜਨਾ ਦੀ ਭਾਲ 'ਚ ਹੈ। ਡਾ. ਅਸ਼ੋਕ ਗੁਲਾਟੀ ਨੇ ਖੇਤੀਬਾੜੀ ਖੇਤਰ ਦੇ ਵੱਡੇ ਹਿੱਸਿਆਂ ਦੀ ਅਣਦੇਖੀ 'ਤੇ ਦੁੱਖ ਪ੍ਰਗਟਾਇਆ ਹੈ।

*# ਸੰਪਰਕ : 98768-01268*

**ਭੋਗ 'ਤੇ ਵਿਸ਼ੇਸ਼**

# ਕਾਮਰੇਡ ਮੰਗਲ ਸਿੰਘ ਨੂੰ ਯਾਦ ਕਰਦਿਆਂ



ਕਾਮਰੇਡ ਮੰਗਲ ਸਿੰਘ ਕਬੀਰਪੁਰ ਸੁਲਤਾਨਪੁਰ ਲੋਧੀ 20 ਅਪ੍ਰੈਲ ਨੂੰ ਸਦੀਵੀ ਵਿਛੋੜਾ ਦੇ ਗਏ। ਉਨ੍ਹਾਂ ਦਾ ਜਨਮ ਪਿੰਡ ਰੱਤੋ ਕੇ ਤਰਨ ਤਾਰਨ ਵਿਖੇ ਪਿਤਾ ਭਗਤ ਸਿੰਘ ਤੇ ਮਾਤਾ ਧੰਨ ਕੌਰ ਦੇ ਘਰ 1953 ਵਿੱਚ ਹੋਇਆ। ਮਿਹਨਤਕਸ਼ ਪਰਵਾਰ ਨੇ ਜਿਵੇਂ ਕਿਵੇਂ ਦਸਵੀਂ ਤੱਕ ਦੀ ਪੜ੍ਹਾਈ ਕਰਵਾਈ ਤੇ ਚੋਹਲਾ ਸਾਹਿਬ ਵਿਖੇ ਜੁੱਤੀਆਂ ਦੀ ਸਿਲਾਈ ਦਾ ਕੰਮ ਆਰੰਭ ਕੀਤਾ। ਇੱਥੇ ਦੁਕਾਨ 'ਤੇ ਉੱਘੇ ਆਗੂ ਸਵਰਨ ਸਿੰਘ ਨਾਗੋਕੇ ਤੇ ਹੋਰ ਪਾਰਟੀ ਆਗੂਆਂ ਦੇ ਮੇਲ-ਮਿਲਾਪ ਨਾਲ 1972 ਵਿੱਚ ਆਪ ਸੀ ਪੀ ਆਈ ਵਿੱਚ ਸ਼ਾਮਲ ਹੋ ਗਏ। ਕਰੀਬ 1982 ਵਿੱਚ ਆਪ ਕਬੀਰਪੁਰ ਸੁਲਤਾਨਪੁਰ ਲੋਧੀ ਵਿਖੇ ਆਣ ਵਸੇ। ਇਥੇ ਉਨ੍ਹਾਂ ਦਾ ਇੱਕ ਸਾਥੀ ਪਹਿਲਾਂ ਹੀ ਆ ਗਿਆ ਸੀ। ਪਹਿਲਾਂ ਤਰਨ ਤਾਰਨ ਤੇ ਫਿਰ ਕਪੂਰਥਲੇ ਵਿੱਚ ਚਾਰ ਦਹਾਕੇ ਤੋਂ ਵੱਧ ਸਮਾਂ ਪਾਰਟੀ ਸਰਗਰਮੀਆਂ-ਘੋਲਾਂ ਵਿੱਚ ਹਿੱਸਾ ਲਿਆ। ਸੁਲਤਾਨਪੁਰ ਲੋਧੀ ਦੇ ਉਸ ਸਮੇਂ ਉੱਘੇ ਆਗੂ ਕਾਮਰੇਡ ਚਮਨ ਲਾਲ ਦੀ ਅਗਵਾਈ ਵਿੱਚ ਖੇਤ ਮਜ਼ਦੂਰ ਤੇ ਪਾਰਟੀ ਦੇ ਹਰ ਘੋਲ ਵਿੱਚ ਵਧ-ਚੜ੍ਹ ਕੇ ਹਿੱਸਾ ਲਿਆ। ਇਸ ਵੇਲੇ ਉਹ ਤਹਿਸੀਲ ਕਮੇਟੀ ਮੈਂਬਰ ਸਨ। ਉਨ੍ਹਾਂ ਦਾ ਜੀਵਨ ਸਾਦਗੀ ਤੇ ਸੰਘਰਸ਼ ਦਾ ਸੁਮੇਲ ਸੀ। ਉਨ੍ਹਾਂ ਜਿੱਥੇ ਜੋੜੇ ਬਣਾਏ, ਉਥੇ ਖੇਤਾਂ ਵਿੱਚ ਮਜ਼ਦੂਰੀ ਵੀ ਕੀਤੀ। ਪਿੱਛੋਂ ਉਨ੍ਹਾਂ ਦਾਣਾ ਮੰਡੀ ਵਿੱਚ ਲੱਗਭੱਗ 30 ਸਾਲ ਚਾਹ ਦੀ ਦੁਕਾਨ ਵੀ ਕੀਤੀ। ਬਤੌਰ ਹਲਵਾਈ ਵੀ ਉਨ੍ਹਾਂ ਨੇ ਬਹੁਤ ਮਿਹਨਤ ਕੀਤੀ, ਜਿਥੇ ਉਹ ਪਾਰਟੀ ਮਜ਼ਦੂਰਾਂ ਤੇ ਕਿਸਾਨੀ ਘੋਲਾਂ ਵਿੱਚ ਪੂਰੀ ਸੁਹਿਰਦਤਾ ਨਾਲ ਜੁੜੇ ਰਹੇ। ਉਨ੍ਹਾਂ ਆਪਣੀ ਪਤਨੀ ਸਵਰਗੀ ਗਿਆਨ ਕੌਰ ਜੀ ਦੇ ਸਹਿਯੋਗ ਨਾਲ ਬੱਚਿਆਂ ਦਾ ਪਾਲਣ-ਪੋਸ਼ਣ ਵੀ ਬਹੁਤ ਜ਼ਿੰਮੇਵਾਰੀ ਨਾਲ ਕੀਤਾ। ਉਨ੍ਹਾਂ ਦੇ ਤਿੰਨ ਪੁੱਤਰ ਬਲਵਿੰਦਰ ਸਿੰਘ, ਹਰਪਿੰਦਰ ਸਿੰਘ, ਬਲਵੀਰ ਸਿੰਘ ਤੇ ਧੀ ਕੁਲਵਿੰਦਰ ਕੌਰ ਹਨ। ਆਖ਼ਰੀ ਸਮੇਂ ਪਰਵਾਰ ਨੇ ਇਲਾਜ ਦੀ ਪੂਰੀ ਵਾਹ ਲਾਈ, ਪਰ 20 ਅਪ੍ਰੈਲ ਨੂੰ ਸਭ ਨੂੰ ਵਿਛੋੜਾ ਦੇ ਗਏ। ਉਨ੍ਹਾਂ ਨੇ ਆਪਣੇ ਜੀਵਨ ਸੰਘਰਸ਼ ਵਿੱਚ ਇਲਾਕੇ ਵਿੱਚ ਬਹੁਤ ਮਾਣ ਸਤਿਕਾਰ ਹਾਸਲ ਕੀਤਾ। ਉਨ੍ਹਾਂ ਦੇ ਵਿਛੋੜੇ ਨਾਲ ਪਰਵਾਰ ਇਕ ਬਾਪ ਦੀ ਅਗਵਾਈ ਤੋਂ ਮਹਿਰੂਮ ਹੋ ਗਿਆ ਹੈ ਤੇ ਭਾਰਤੀ ਕਮਿਊਨਿਸਟ ਪਾਰਟੀ ਨੂੰ ਵੀ ਬਹੁਤ ਵੱਡੀ ਘਾਟ ਆਈ ਹੈ। ਉਨ੍ਹਾ ਦੇ ਬਹੁਤ ਨਜ਼ਦੀਕੀ ਮਿੱਤਰ ਜਸਵਿੰਦਰ ਸਿੰਘ ਸਰਪੰਚ, ਮਾ. ਬਲਦੇਵ ਸਿੰਘ, ਸੁਖਦੇਵ ਸਿੰਘ, ਨੰਬਰਦਾਰ ਅਮਰਜੀਤ ਸਿੰਘ ਤੇ ਸਾਬਕਾ ਸਰਪੰਚ ਇੰਦਰਜੀਤ ਸਿੰਘ ਨੰਬਰਦਾਰ ਸਾਰੇ ਹੀ ਬਹੁਤ ਉਦਾਸ ਹਨ। ਅੱਜ 29 ਅਪ੍ਰੈਲ 12 ਵਜੇ ਉਨ੍ਹਾਂ ਦੇ ਗ੍ਰਹਿ ਕਬੀਰਪੁਰ ਵਿਖੇ ਅੰਤਮ ਅਰਦਾਸ ਤੇ ਸ਼ਰਧਾਂਜਲੀ ਸਮਾਗਮ ਹੋ ਰਿਹਾ ਹੈ, ਜਿੱਥੇ ਉਨ੍ਹਾਂ ਦੀ ਸਮਾਜ ਤੇ ਪਾਰਟੀ ਪ੍ਰਤੀ ਘਾਲਣਾ ਨੂੰ ਯਾਦ ਕੀਤਾ ਜਾਵੇਗਾ ਤੇ ਦੇਸ਼ ਵਿੱਚ ਕਿਸਾਨਾਂ-ਮਜ਼ਦੂਰਾਂ ਦੇ ਹਿਤਾਂ ਲਈ ਸੰਘਰਸ਼ ਹੋਰ ਤੇਜ਼ ਕਰਨ ਦਾ ਅਹਿਦ ਲਿਆ ਜਾਵੇਗਾ।

**- ਮਾਸਟਰ ਚਰਨ ਸਿੰਘ ਸਕੱਤਰ**
ਸੀ ਪੀ ਆਈ ਬਲਾਕ ਸੁਲਤਾਨਪੁਰ ਲੋਧੀ
# ਸੰਪਰਕ : 95013-09102

# ਇਕ ਸੁਹਿਰਦ ਇਨਕਲਾਬੀ ਲੋਕ ਆਗੂ ਐੱਨ.ਕੇ. ਜੀਤ ਦਾ ਵਿਛੋੜਾ....

**ਪਾਵੇਲ ਕੁੱਸਾ**

ਸਾਥੀ ਐੱਨ ਕੇ ਜੀਤ ਦੇ ਇਸ ਜਹਾਨੋਂ ਕੂਚ ਕਰ ਜਾਣ ਨਾਲ ਪੰਜਾਬ ਦੀ ਇਨਕਲਾਬੀ ਜਮਹੂਰੀ ਲਹਿਰ ਇਕ ਸੁਹਿਰਦ ਆਗੂ ਤੋਂ ਵਾਂਝੀ ਹੋ ਗਈ ਹੈ ਅਤੇ ਪੰਜਾਬ ਦੇ ਲੋਕਾਂ ਨੇ ਇੱਕ ਖਰਾ ਤੇ ਸੱਚਾ ਮਿੱਤਰ ਗਵਾ ਲਿਆ ਹੈ, ਜਿਹੜਾ ਹਰ ਵੇਲੇ ਲੋਕਾਂ ਦੇ ਹੱਕਾਂ ਦੇ ਸੰਘਰਸ਼ਾਂ ਲਈ ਤਤਪਰ ਰਿਹਾ ਤੇ ਬੇਇਨਸਾਫ਼ੀ ਦੇ ਖਿਲਾਫ ਸਦਾ ਅਡੋਲ ਖੜਦਾ ਰਿਹਾ।ਲੰਘੀ 17 ਅਪ੍ਰੈਲ ਨੂੰ ਇਨਕਲਾਬੀ ਲਹਿਰ ਦੇ ਕਾਫਲੇ 'ਚੋਂ ਵਿੱਛੜ ਜਾਣ ਨਾਲ 50 ਵਰਿਆਂ ਦਾ ਇਹ ਅਣਥੱਕ ਸਫ਼ਰ ਥੰਮ੍ਹ ਗਿਆ ਹੈ।ਉਹਨਾਂ ਦਾ ਹੋਣਾ ਜਮਹੂਰੀ ਲਹਿਰ ਅੰਦਰ ਇੱਕ ਥੰਮ੍ਹ ਦੇ ਖੜ੍ਹੇ ਹੋਣ ਵਰਗਾ ਅਹਿਸਾਸ ਕਰਵਾਉਂਦਾ ਸੀ। ਅਜਿਹੇ ਹੋਰ ਥੰਮ੍ਹ ਦੀ ਸਿਰਜਣਾ ਦੀ ਚੁਣੌਤੀ ਜਮਹੂਰੀ ਲਹਿਰ ਸਾਹਮਣੇ ਹੈ।

10 ਮਾਰਚ 1948 ਨੂੰ ਜਨਮੇ ਸਾਥੀ ਜੀਤ ਦੇ ਬਚਪਨ 'ਚ ਹੀ ਪਿਤਾ ਦੇ ਫੌਤ ਹੋ ਜਾਣ ਕਾਰਨ ਉਹਨਾਂ ਨੂੰ ਮਾਂ ਨੇ ਘੋਰ ਗਰੀਬੀ ਦੀ ਹਾਲਤ ਵਿੱਚ ਪਾਲਿਆ।ਆਪਣੇ ਨਾਨਕੇ ਪਿੰਡ ਕੋਟਲੀ ਅਬਲੂ ਵਿਖੇ ਜਵਾਨ ਹੋਏ ਸਾਥੀ ਜੀਤ ਨੇ ਔਖੇ ਘਰੇਲੂ ਹਾਲਾਤ ਤੇ ਗਰੀਬੀ ਦੇ ਸੰਕਟਾਂ ਦਰਮਿਆਨ ਪੜ੍ਹਾਈ ਕੀਤੀ। 1969-70 ਦੇ ਸਮਿਆਂ ਵਿੱਚ ਉਹ ਟੈਲੀਫੋਨ ਮਹਿਕਮੇ ਦੀ ਨੌਕਰੀ ਵਿੱਚ ਆਏ ਤੇ ਇਸੇ ਨੌਕਰੀ ਦੌਰਾਨ ਯੂਨੀਅਨ ਵਿੱਚ ਸ਼ਾਮਲ ਹੋਣ ਮਗਰੋਂ 75-76 ਦੇ ਸਾਲਾਂ ਵਿੱਚ ਉਹ ਇਨਕਲਾਬੀ ਟਰੇਡ ਯੂਨੀਅਨ ਲੀਹ ਨੂੰ ਪ੍ਰਣਾਏ ਸਾਥੀਆਂ ਦੇ ਵਾਹ ਵਿੱਚ ਆਏ।ਉਹਨਾਂ ਸਮਿਆਂ 'ਚ ਕਾਮਰੇਡ ਹਰਭਜਨ ਸੋਹੀ ਦੀ ਅਗਵਾਈ ਹੇਠਲੀ ਕਮਿਊਨਿਸਟ ਇਨਕਲਾਬੀ ਜਥੇਬੰਦੀ ਦੇ ਵਿਚਾਰਾਂ ਦਾ ਪ੍ਰਭਾਵ ਨੌਜਵਾਨਾਂ ਤੇ ਵਿਦਿਆਰਥੀਆਂ ਵਾਂਗ ਮੁਲਾਜ਼ਮ ਹਿੱਸਿਆਂ ਵੱਲੋਂ ਵੀ ਡੂੰਘੀ ਤਰ੍ਹਾਂ ਕਬੂਲਿਆ ਜਾ ਰਿਹਾ ਸੀ।ਅਜਿਹਾ ਪ੍ਰਭਾਵ ਐੱਨ ਕੇ ਜੀਤ ਨੇ ਵੀ ਗ੍ਰਹਿਣ ਕੀਤਾ।ਕਿਸੇ ਵਕਤੀ ਵਹਾ 'ਚ ਆ ਕੇ ਨਹੀਂ, ਸਗੋਂ ਸਦਾ ਲਈ ਗ੍ਰਹਿਣ ਕਰ ਲਿਆ ਤੇ ਸੋਚਾਂ 'ਚ ਸਮਾ ਲਿਆ।ਇਉਂ ਟਰੇਡ ਯੂਨੀਅਨ ਲਹਿਰ ਦੇ ਰਾਹੀਂ ਉਹਨਾਂ ਦਾ ਵਾਹ ਇਨਕਲਾਬੀ ਵਿਚਾਰਾਂ ਨਾਲ ਪਿਆ।ਉਹ ਸਮਾਜ ਅੰਦਰ ਅਨਿਆਂ ਤੇ ਜਬਰ 'ਤੇ ਟਿਕੇ ਇਸ ਢਾਂਚੇ ਅੰਦਰ ਬੁਨਿਆਦੀ ਇਨਕਲਾਬੀ ਤਬਦੀਲੀ ਕਰਨ ਦੀ ਲੋੜ ਦੇ ਵਿਚਾਰ ਨਾਲ ਕੀਲੇ ਗਏ ਤੇ ਫਿਰ ਉਮਰ ਭਰ ਇਹਨਾਂ ਵਿਚਾਰਾਂ ਨੂੰ ਪ੍ਰਣਾਏ ਰਹੇ।

ਟਰੇਡ ਯੂਨੀਅਨ ਲਹਿਰ ਅੰਦਰ ਉਹਨਾਂ ਦੀ ਭੂਮਿਕਾ ਸਿਰਫ ਆਪਣੇ ਟੈਲੀਫੋਨ ਮਹਿਕਮੇ ਦੇ ਮੁਲਾਜ਼ਮਾਂ ਤੱਕ ਸੀਮਤ ਨਹੀਂ ਸੀ, ਉਹਨਾਂ ਦੇ ਸਰੋਕਾਰ ਸਮੁੱਚੀ ਮੁਲਾਜ਼ਮ ਲਹਿਰ ਤੱਕ ਫੈਲੇ ਹੋਏ ਸਨ।ਉਹਨਾਂ ਨੇ ਮੁਲਾਜ਼ਮ ਲਹਿਰ ਦੇ ਇਨਕਲਾਬੀ ਦਿਸ਼ਾ ਵਿੱਚ ਕਦਮ ਵਧਾਰੇ ਲਈ ਇਨਕਲਾਬੀ ਟਰੇਡ ਯੂਨੀਅਨ ਲੀਹ ਵਾਲੇ ਕੇਂਦਰ ਨਾਲ ਜੁੜ ਕੇ ਲੰਮੀ ਘਾਲਣਾ ਘਾਲੀ ਤੇ ਮੁਲਾਜ਼ਮ ਲਹਿਰ ਨੂੰ ਰਵਾਇਤੀ ਟਰੇਡ ਯੂਨੀਅਨਵਾਦ ਵਾਲੇ ਆਰਥਿਕਵਾਦੀ ਸੁਧਾਰਵਾਦੀ ਚੌਖਟੇ ਤੋਂ ਪਾਰ ਹੋਰਨਾਂ ਮਿਹਨਤਕਸ਼ ਵਰਗਾਂ ਦੀ ਸਾਂਝੀ ਲਹਿਰ ਦੇ ਅੰਗ ਵਜੋਂ ਇਨਕਲਾਬੀ ਦਿਸ਼ਾ ਸੇਧ ਵਿਚ ਅੱਗੇ ਵਧਾਉਣ ਲਈ ਯਤਨਸ਼ੀਲ ਰਹੇ।

ਆਪਣੀ ਤਬਕਾਤੀ ਟਰੇਡੀ ਯੂਨੀਅਨ ਵਿੱਚ ਕੰਮ ਕਰਦਿਆਂ ਮੁਲਾਜ਼ਮ ਹਿੱਤਾਂ ਦੀ ਰਾਖੀ ਲਈ ਉਹਨਾਂ ਨੇ ਵਿਭਾਗੀ ਨਿਯਮਾਂ ਦੇ ਵਿਸਥਾਰੀ ਅਧਿਐਨ ਵਿੱਚ ਦਿਲਚਸਪੀ ਲਈ ਤੇ ਉਹ ਮੁਲਾਜ਼ਮ ਹਿੱਤਾਂ ਦੇ ਕਾਨੂੰਨੀ ਰਖਵਾਲੇ ਵਜੋਂ ਵੀ ਉੱਭਰੇ।ਨੀਝ ਨਾਲ ਨਿਯਮਾਂ ਨੂੰ ਘੋਖਣ-ਵਾਚਣ ਦੀ ਇਸ ਰੁਚੀ ਕਾਰਨ ਉਹ ਉੱਚ ਅਧਿਕਾਰੀਆਂ, ਮੈਨੇਜਮੈਂਟਾਂ ਤੇ ਹਕੂਮਤਾਂ ਤੋਂ ਪੀੜਤ ਮੁਲਾਜ਼ਮਾਂ ਦੇ ਕੇਸਾਂ ਦੀ ਪੈਰਵਾਈ ਕਰਨ ਲੱਗੇ।ਹੌਲੀ-ਹੌਲੀ ਇਹ ਰੁਚੀ ਉਹਨਾਂ ਨੂੰ ਵਕਾਲਤ ਦੇ ਕਿੱਤੇ ਵੱਲ ਲੈ ਆਈ।ਐੱਲ ਐੱਲ ਬੀ ਕਰਨ ਮਗਰੋਂ ਉਹਨਾਂ ਨੇ ਇਹ ਨੌਕਰੀ ਤਿਆਗ ਕੇ ਵਕਾਲਤ ਨੂੰ ਕਿੱਤੇ ਵਜੋਂ ਅਪਣਾ ਲਿਆ।ਇਉਂ ਉਹ ਕਿਸਾਨਾਂ, ਮਜ਼ਦੂਰਾਂ ਤੇ ਹੋਰ ਮਿਹਨਤਕਸ਼ ਤਬਕਿਆਂ ਦੇ ਸੰਘਰਸ਼ਾਂ ਦੌਰਾਨ ਅਦਾਲਤਾਂ ਅੰਦਰ ਕੇਸਾਂ ਦੀ ਪੈਰਵਾਈ ਲਈ ਡਟ ਕੇ ਖੜ੍ਹਦੇ ਰਹੇ।ਲੋਕਾਂ ਦੇ ਕਾਨੂੰਨੀ ਹੱਕਾਂ ਦੇ ਰਖਵਾਲੇ ਇਕ ਨਿੱਡਰ ਤੇ ਧੜੱਲੇਦਾਰ ਵਕੀਲ ਵਜੋਂ ਲੋਕਾਂ ਦੇ ਸੰਘਰਸ਼ਸ਼ੀਲ ਹਿੱਸਿਆਂ 'ਚ ਮਕਬੂਲ ਹੋਏ।ਵਿਸ਼ੇਸ਼ ਕਰਕੇ ਉਹ ਕਿਸਾਨਾਂ-ਮਜ਼ਦੂਰਾਂ ਦੇ ਵਕੀਲ ਬਣ ਕੇ ਉੱਭਰੇ।ਜਿੱਥੇ ਲੋਕਾਂ ਦੀਆਂ ਵੱਖ-ਵੱਖ ਸੰਘਰਸ਼ਸ਼ੀਲ ਧਿਰਾਂ ਰੋਜ਼ਾਨਾ ਦੇ ਕਾਨੂੰਨੀ ਮਾਮਲਿਆਂ ਵਿੱਚ ਉਹਨਾਂ ਤੋਂ ਸਲਾਹਾਂ ਲੈਂਦੀਆਂ ਰਹੀਆਂ।

ਸਾਥੀ ਐੱਨ ਕੇ ਜੀਤ ਜਮਹੂਰੀ ਹੱਕਾਂ ਦੇ ਅਣਲਿਫ਼ ਜੁਝਾਰ ਸਨ।ਪੰਜਾਬ ਦੀ ਜਮਹੂਰੀ ਹੱਕਾਂ ਦੀ ਲਹਿਰ ਦੀ ਜਾਣੀ-ਪਛਾਣੀ ਤੇ ਉੱਭਰਵੀਂ ਸ਼ਖਸੀਅਤ ਸਨ।ਉਹ ਜਮਹੂਰੀ ਅਧਿਕਾਰ ਸਭਾ ਪੰਜਾਬ ਦੇ ਸੂਬਾਈ ਆਗੂਆਂ ਚ ਸ਼ੁਮਾਰ ਸਨ।ਉਨ੍ਹਾਂ ਦੀ ਇਹ ਪੱਕੀ ਸਮਝ ਰਹੀ ਕਿ ਜਮਹੂਰੀ ਹੱਕ ਸਿਰਫ਼ ਕਾਨੂੰਨ ਦੀਆਂ ਕਿਤਾਬਾਂ ਦੇ ਨਾਲ ਹੀ ਨਹੀਂ ਮਿਣੇ ਜਾ ਸਕਦੇ।ਉਹਨਾਂ ਲਈ ਜਮਹੂਰੀ ਹੱਕਾਂ ਦਾ ਸੰਕਲਪ ਸੰਵਿਧਾਨਕ ਸ਼ਹਿਰੀ ਆਜ਼ਾਦੀਆਂ ਦੇ ਸੀਮਿਤ ਚੌਖਟੇ ਤੱਕ ਨਹੀਂ ਠਹਿਰਦਾ ਸੀ।ਉਹ ਇਹ ਹਕੀਕਤ ਜਾਣਦੇ ਸਨ ਕਿ ਲੋਕਾਂ ਦਾ ਆਪਣੀ ਜ਼ਿੰਦਗੀ ਬਦਲਣ ਦਾ ਹੱਕ ਸਰਬ-ਉੱਚ ਜਮਹੂਰੀ ਹੱਕ ਹੈ ਤੇ ਜਮਹੂਰੀ ਹੱਕਾਂ ਦੀ ਲਹਿਰ ਦਾ ਹਕੀਕੀ ਆਧਾਰ ਇਹ ਹੱਕ ਨੂੰ ਬਣਾਇਆ ਜਾਣਾ ਚਾਹੀਦਾ ਹੈ।ਉਹਨਾਂ ਲੋਕਾਂ ਦੇ ਜਮਹੂਰੀ ਹੱਕਾਂ ਦੀ ਪੂਰਤੀ ਲਈ ਬੁੱਧੀਜੀਵੀਆਂ ਤੇ ਮਜ਼ਦੂਰਾਂ-ਕਿਸਾਨਾਂ ਦੀ ਜੋਟੀ 'ਤੇ ਜ਼ੋਰ ਦਿੱਤਾ।ਆਦਿਵਾਸੀ ਖੇਤਰਾਂ 'ਚ ਹੁੰਦੇ ਜਬਰ ਦਾ ਦੇਸ਼ ਤੇ ਦੁਨੀਆ ਦੇ ਲੋਕਾਂ ਸਾਹਮਣੇ ਪਰਦਾ ਚਾਕ ਕਰਨ ਦਾ ਕਾਰਜ ਉਹਨਾਂ ਦੀ ਜ਼ਿੰਦਗੀ ਦੇ ਮਗਰਲੇ ਸਾਲਾਂ ਦੌਰਾਨ ਵਿਸ਼ੇਸ਼ ਕਰਕੇ ਸਰਗਰਮੀ ਦਾ ਅਹਿਮ ਖੇਤਰ ਰਿਹਾ।ਆਦਿਵਾਸੀ ਖੇਤਰਾਂ 'ਚ ਵਾਪਰਦੀਆਂ ਪੁਲਸ ਤੇ ਫੌਜੀ ਜਬਰ ਦੀਆਂ ਘਟਨਾਵਾਂ ਨੂੰ ਪੜਤਾਲਣ 'ਤੇ ਉਸ ਦੀ ਹਕੀਕਤ ਸਾਹਮਣੇ ਲਿਆਉਣ ਲਈ ਉਹ ਮੁਲਕ ਦੀਆਂ ਜਮਹੂਰੀ ਜਥੇਬੰਦੀਆਂ ਨਾਲ ਰਲ ਕੇ ਉਹਨਾਂ ਇਲਾਕਿਆਂ 'ਚ ਪਹੁੰਚਦੇ ਰਹੇ।ਪੜਤਾਲੀਆ ਰਿਪੋਰਟਾਂ ਤਿਆਰ ਕਰਦੇ ਤੇ ਇਸ ਜਬਰ ਖਿਲਾਫ ਲਾਮਬੰਦੀ ਕਰਨ ਵਾਲੀਆਂ ਮੁਲਕ ਦੀਆਂ ਮੋਹਰੀ ਆਵਾਜ਼ਾਂ 'ਚ ਸ਼ੁਮਾਰ ਰਹੇ।ਉਹ ਪੰਜਾਬ ਅੰਦਰ ਇਸ ਜਬਰ ਦਾ ਵਿਰੋਧ ਕਰਨ ਲਈ ਬਣੇ ਅਪਰੇਸ਼ਨ ਗਰੀਨ ਹੰਟ ਵਿਰੋਧੀ ਜਮਹੂਰੀ ਫਰੰਟ ਪੰਜਾਬ ਦੇ ਬਾਨੀ ਆਗੂਆਂ 'ਚ ਸ਼ੁਮਾਰ ਸਨ।

ਅਨਿਆਂ ਅਤੇ ਗੈਰ ਬਰਾਬਰੀ 'ਤੇ ਟਿਕੇ ਮੌਜੂਦਾ ਸਮਾਜਿਕ, ਰਾਜਨੀਤਿਕ ਤੇ ਆਰਥਿਕ ਢਾਂਚੇ ਨੂੰ ਬਦਲ ਕੇ ਲੋਕਾਂ ਦੀ ਭੁਗਤ ਵਾਲੇ ਖਰੇ ਲੋਕ ਰਾਜ ਦੀ ਉਸਾਰੀ ਦਾ ਸੰਦੇਸ਼ ਲੋਕਾਂ ਅੰਦਰ ਫੈਲਾਉਣ ਲਈ ਲੋਕ ਮੋਰਚਾ ਪੰਜਾਬ ਨਾਂ ਦੀ ਜਥੇਬੰਦੀ ਦਾ ਗਠਨ ਕਰਨ ਵਾਲੇ ਮੋਢੀ ਆਗੂਆਂ 'ਚ ਸ਼ੁਮਾਰ ਸਨ।

ਉਹ ਟਰੇਡ ਯੂਨੀਅਨ ਲਹਿਰ ਰਾਹੀਂ ਇਨਕਲਾਬੀ ਲਹਿਰ ਦੇ ਵਿਹੜੇ 'ਚ ਆਏ ਸਨ, ਪਰ ਜਲਦੀ ਹੀ ਉਹ ਸਮਾਜਵਾਦ ਤੇ ਕਮਿਊਨਿਜ਼ਮ ਦੇ ਆਦਰਸ਼ਾਂ ਤੋਂ ਪ੍ਰਭਾਵਿਤ ਹੋਏ।ਇਨਕਲਾਬੀ ਜਨਤਕ ਲਹਿਰ 'ਚ ਉਹਨਾਂ ਦੇ ਲੰਮੇ ਨਿਭਾਅ ਲਈ ਇਹਨਾਂ ਆਦਰਸ਼ਾਂ ਤੋਂ ਪ੍ਰੇਰਨਾ ਦਾ ਬਹੁਤ ਅਹਿਮ ਰੋਲ ਬਣਿਆ।ਕਮਿਊਨਿਸਟ ਇਨਕਲਾਬੀ ਲਹਿਰ ਅੰਦਰ ਸਹੀ ਵਿਚਾਰਾਂ 'ਤੇ ਖੜ੍ਹਦੇ ਰੁਝਾਨ ਨਾਲ ਉਹਨਾਂ ਦੀ ਪੱਕੀ ਸਾਂਝ ਰਹੀ।ਮਾਰਕਸਵਾਦ-ਲੈਨਿਨਵਾਦ ਤੇ ਮਾਓ ਵਿਚਾਰਧਾਰਾ ਨੂੰ ਉਹਨਾਂ ਨੇ ਰਾਹ ਦਰਸਾਵੇ ਸੰਸਾਰ ਸਿਧਾਂਤ ਵਜੋਂ ਲਿਆ।ਸੰਸਾਰ ਕਮਿਊਨਿਜ਼ਮ ਦੇ ਆਦਰਸ਼ਾਂ ਤੇ ਨਵ-ਜਮਹੂਰੀ ਇਨਕਲਾਬ ਦੀ ਸਿਆਸਤ ਨੂੰ ਉਭਾਰਨ ਤੇ ਪ੍ਰਚਾਰਨ ਹਿੱਤ ਪ੍ਰਕਾਸ਼ਿਤ ਹੁੰਦੇ ਰਹੇ ਵੱਖ-ਵੱਖ ਜਨਤਕ ਪਰਚਿਆਂ ਜਿਵੇਂ ਜ਼ਫ਼ਰਨਾਮਾ, ਇਨਕਲਾਬੀ ਜਨਤਕ ਲੀਹ, ਸੁਰਖ਼ ਰੇਖਾ ਤੇ ਸੁਰਖ ਲੀਹ ਆਦਿ 'ਚ ਉਹਨਾਂ ਨੇ ਇੱਕ ਪੱਤਰਕਾਰ ਵਜੋਂ ਤੇ ਲੇਖਕ ਵਜੋਂ ਹਿੱਸਾ ਪਾਇਆ।ਲੋਕ ਮੋਰਚਾ ਪੰਜਾਬ ਦੇ ਜਨਤਕ ਬੁਲਾਰੇ ਵਜੋਂ ਪ੍ਰਕਾਸ਼ ਹੁੰਦੇ ਰਹੇ ਮੈਗਜ਼ੀਨ 'ਮੁਕਤੀ ਮਾਰਗ' ਦੇ ਉਹ ਪ੍ਰਮੁੱਖ ਲੇਖਕ ਵਜੋਂ ਹਿੱਸੇਦਾਰ ਰਹੇ।ਫਿਰਕਾਪ੍ਰਸਤੀ ਖਿਲਾਫ ਖੜ੍ਹਨਾ ਤੇ ਲੋਕਾਂ ਅੰਦਰ ਫਿਰਕੂ ਪਾਟਕਾਂ ਖਿਲਾਫ ਕੰਮ ਕਰਨਾ ਉਹਨਾਂ ਦੀ ਲਗਾਤਾਰ ਸਰਗਰਮੀ ਦਾ ਹਿੱਸਾ ਰਿਹਾ।ਖਾਲਿਸਤਾਨੀ ਦਹਿਸ਼ਤਗਰਦੀ ਤੇ ਹਕੂਮਤੀ ਜਬਰ ਦੇ ਦੌਰ ਅੰਦਰ ਉਹ ਬੇਖੌਫ਼ ਨਿਡਰ ਆਵਾਜ਼ਾਂ 'ਚ ਸ਼ੁਮਾਰ ਸਨ, ਜਿਹੜੀਆਂ ਦੋਨੋਂ ਤਰ੍ਹਾਂ ਦੀ ਦਹਿਸ਼ਤਗਰਦੀ ਦਾ ਡਟਵਾਂ ਵਿਰੋਧ ਕਰਦੀਆਂ ਸਨ।

ਉਹਨਾਂ ਦੀ ਜ਼ਿੰਦਗੀ ਦੇ ਅਮਲ ਨੇ ਲੋਕਾਂ ਨੂੰ ਸਮਰਪਿਤ ਲਿਆਕਤ ਦੇ ਅਰਥ ਉਘਾੜੇ ਹਨ।ਉਹ ਬੁੱਧੀਜੀਵੀ ਵਰਗ ਦੇ ਮਜ਼ਦੂਰਾਂ, ਕਿਸਾਨਾਂ ਨਾਲ ਬਣਦੇ ਨੇੜਲੇ ਰਿਸ਼ਤੇ ਦੀ ਇਕ ਜਗਦੀ ਮਿਸ਼ਾਲ ਹੋ ਕੇ ਜਿਉਂਦੇ। ਉਹ ਉੱਚ ਬੌਧਿਕ ਲਿਆਕਤ ਦੇ ਹੰਕਾਰ ਤੋਂ ਕੋਹਾਂ ਦੂਰ ਸਨ, ਸਗੋਂ ਨਿਰਮਾਣਤਾ ਤੇ ਹਲੀਮੀ ਹੁਣ ਦੀ ਸ਼ਖਸੀਅਤ ਦਾ ਗਹਿਣਾ ਹੋ ਕੇ ਰਹੀ।ਉਹ ਹਲੀਮੀ ਤੇ ਵਿਚਾਰਾਂ ਦੀ ਦ੍ਰਿੜ੍ਹਤਾ ਦਾ ਸੁਮੇਲ ਹੋ ਕੇ ਨਿਭੇ। ਵੱਖਰੇ ਵਿਚਾਰਾਂ ਨਾਲ ਬਹਿਸ ਵਿਚਾਰ ਦਾ ਉਹਨਾਂ ਦਾ ਢੰਗ ਮਾਹੌਲ ਅੰਦਰ ਸਹਿਜਤਾ ਕਾਇਮ ਰੱਖਦਾ ਸੀ ਤੇ ਸਾਹਮਣੇ ਵਾਲੇ 'ਤੇ ਡੂੰਘੀ ਛਾਪ ਲਾਉਂਦਾ ਸੀ।ਲੋਕਾਂ ਦੇ ਸਦਾ ਵਫਾਦਾਰ ਸੰਗੀ ਵਜੋਂ ਉਹਨਾਂ ਦੇ ਸਫਰ ਦੀਆਂ ਪੈੜਾਂ ਅਮਿੱਟ ਹਨ।



ਸਾਥੀ ਜੀਤ ਦੇ ਸਫ਼ਰ ਪੰਧ ਦੇ ਪੰਨੇ ਬਹੁਤ ਫੈਲੇ ਹੋਏ ਹਨ। ਉਹਨਾਂ ਸਭਨਾਂ ਦੀ ਚਰਚਾ ਕਿਸੇ ਇੱਕ ਲਿਖਤ ਵਿੱਚ ਸੰਭਵ ਨਹੀਂ ਹੈ।ਲੋਕਾਂ ਦੇ ਹੱਕਾਂ ਦੀ ਲਹਿਰ ਲਈ ਪੇਸ਼ ਚੁਣੌਤੀਆਂ ਸਨਮੁਖ ਉਹਨਾਂ ਦੇ ਕਾਰਜਾਂ ਨੇ ਮੁੜ-ਮੁੜ ਯਾਦ ਵੀ ਆਉਣਾ ਹੈ ਤੇ ਉਹਨਾਂ ਦੇ ਅਮਲਾਂ ਤੇ ਵਿਚਾਰਾਂ ਨੇ ਅੱਜ ਦੇ ਸੰਘਰਸ਼ਾਂ ਅੰਦਰ ਜਗਣਾ ਵੀ ਹੈ।ਉਹਨਾਂ ਦੀਆਂ ਯਾਦਾਂ ਸਾਂਝੀਆਂ ਕਰਨ ਤੇ ਜੀਵਨ ਘਾਲਣਾ ਤੋਂ ਪ੍ਰੇਰਨਾ ਲੈਣ ਤੇ ਉਹਨਾਂ ਦੇ ਸਰੋਕਾਰਾਂ ਦੇ ਸਨਮੁਖ ਖੜੇ ਹੋ ਕੇ ਲੋਕਾਂ ਦੀ ਸੇਵਾ 'ਚ ਹਿੱਸਾ ਪਾਉਣ ਦੇ ਆਪੋ-ਆਪਣੇ ਇਰਾਦਿਆਂ ਨੂੰ ਸਵਾਲ ਕਰਨ ਲਈ ਲੋਕ ਲਹਿਰ ਦਾ ਕਾਫ਼ਲਾ 29 ਅਪ੍ਰੈਲ ਨੂੰ ਬਠਿੰਡਾ ਵਿਖੇ ਜੁੜੇਗਾ।

ਸਾਥੀ ਜੀਤ ਹੁਣ ਨਹੀਂ ਹੈ, ਪਰ ਉਸ ਦੇ ਸਫ਼ਰ ਦਾ ਸਾਰ ਲੋਕ ਲਹਿਰ ਦੀ ਵਿਰਾਸਤ ਹੈ।ਇਹ ਫ਼ਖ਼ਰਯੋਗ ਵਿਰਾਸਤ ਅਮਰ ਹੈ।

*ਸੰਪਰਕ : 94170-54015*

# ਬਿਜਲੀ ਕੱਟਾਂ ਖ਼ਿਲਾਫ਼ ਕਿਸਾਨਾਂ ਵੱਲੋਂ ਧਰਨੇ





**ਭਵਾਨੀਗੜ੍ਹ (ਰਾਜ ਖੁਰਮੀ)**

ਲਗਾਤਾਰ ਵਧ ਰਹੀ ਬਿਜਲੀ ਕਟੌਤੀ ਤੇ ਅਣਸੁਚੱਜੀ ਬਿਜਲੀ ਸਪਲਾਈ ਕਾਰਨ ਕਿਸਾਨਾਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ।ਭਾਰਤੀ ਕਿਸਾਨ ਯੂਨੀਅਨ (ਡਕੌਂਦਾ) ਦੀ ਅਗਵਾਈ ਹੇਠ ਵੱਡੀ ਗਿਣਤੀ ਵਿੱਚ ਇਕੱਤਰ ਹੋਏ ਕਿਸਾਨਾਂ ਨੇ ਪਾਵਰਕਾਮ ਦਫ਼ਤਰ ਸਬ ਡਵੀਜ਼ਨ ਦਾ ਘਿਰਾਓ ਕਰਦੇ ਹੋਏ ਸਰਕਾਰ ਤੇ ਬਿਜਲੀ ਵਿਭਾਗ ਖ਼ਿਲਾਫ਼ ਜ਼ੋਰਦਾਰ ਨਾਅਰੇਬਾਜ਼ੀ ਕੀਤੀ।

ਯੂਨੀਅਨ ਦੇ ਸੂਬਾ ਮੀਤ ਪ੍ਰਧਾਨ ਗੁਰਮੀਤ ਸਿੰਘ ਭੱਟੀਵਾਲ, ਬਲਾਕ ਪ੍ਰਧਾਨ ਚਮਕੌਰ ਸਿੰਘ ਤੇ ਹੋਰ ਕਿਸਾਨ ਆਗੂਆਂ ਨੇ ਕਿਹਾ ਕਿ ਲਗਾਤਾਰ ਬਿਜਲੀ ਕਟੌਤੀ ਕਾਰਨ ਕਿਸਾਨਾਂ ਦੀਆਂ ਫ਼ਸਲਾਂ ਨੂੰ ਭਾਰੀ ਨੁਕਸਾਨ ਝੱਲਣਾ ਪੈ ਰਿਹਾ ਹੈ।ਉਨ੍ਹਾਂ ਦੱਸਿਆ ਕਿ ਖਾਸ ਕਰਕੇ ਵਾਢੀ ਤੋਂ ਬਾਅਦ ਵੀ ਖੇਤਾਂ ਨੂੰ ਲੋੜੀਂਦੀ ਬਿਜਲੀ ਨਹੀਂ ਮਿਲ ਰਹੀ, ਜਿਸ ਕਾਰਨ ਅਗਲੀ ਫ਼ਸਲ ਦੀ ਤਿਆਰੀ ਪ੍ਰਭਾਵਤ ਹੋ ਰਹੀ ਹੈ।ਕਿਸਾਨ ਆਗੂਆਂ ਨੇ ਕਿਹਾ ਕਿ ਸਿਰਫ਼ ਖੇਤਾਂ ਵਿੱਚ ਹੀ ਨਹੀਂ, ਸਗੋਂ ਘਰਾਂ ਵਿੱਚ ਵੀ ਬਿਜਲੀ ਦੀ ਘਾਟ ਕਾਰਨ ਆਮ ਲੋਕਾਂ ਨੂੰ ਕਾਫ਼ੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਉਨ੍ਹਾਂ ਦੱਸਿਆ ਕਿ ਜਦੋਂ ਕਿਸਾਨ ਖੇਤਾਂ ਤੋਂ ਵਾਪਸ ਘਰ ਆਉਂਦੇ ਹਨ ਤਾਂ ਉਸ ਵੇਲੇ ਵੀ ਬਿਜਲੀ ਗਾਇਬ ਹੁੰਦੀ ਹੈ, ਜਿਸ ਨਾਲ ਘਰੇਲੂ ਕੰਮਕਾਜ ਬੁਰੀ ਤਰ੍ਹਾਂ ਪ੍ਰਭਾਵਿਤ ਹੋ ਰਿਹਾ ਹੈ ਤੇ ਗਰਮੀ ਦੇ ਮੌਸਮ ਵਿੱਚ ਜੀਵਨ ਮੁਸ਼ਕਲ ਬਣ ਗਿਆ ਹੈ।ਉਨ੍ਹਾਂ ਦੋਸ਼ ਲਾਇਆ ਕਿ ਅਣਐਲਾਨੇ ਬਿਜਲੀ ਕੱਟਾਂ ਕਾਰਨ ਲੋਕਾਂ ਨੂੰ ਰਾਤਾਂ ਜਾਗ ਕੇ ਕੱਟਣੀਆਂ ਪੈ ਰਹੀਆਂ ਹਨ।ਇਸ ਦੇ ਨਾਲ ਹੀ ਉਨ੍ਹਾਂ ਮੰਗ ਕੀਤੀ ਕਿ ਸਬ ਡਵੀਜ਼ਨ ਪਾਵਰਕਾਮ ਦਫ਼ਤਰ ਵਿੱਚ ਜੂਨੀਅਰ ਇੰਜੀਨੀਅਰਾਂ ਦੀ ਘਾਟ ਨੂੰ ਤੁਰੰਤ ਪੂਰਾ ਕੀਤਾ ਜਾਵੇ ਤਾਂ ਜੁ ਮੌਜੂਦਾ ਮੁਲਾਜ਼ਮਾਂ 'ਤੇ ਪੈ ਰਹੇ ਵੱਧ ਕੰਮ ਦੇ ਬੋਝ ਨੂੰ ਘਟਾਇਆ ਜਾ ਸਕੇ ਅਤੇ ਬਿਜਲੀ ਸਪਲਾਈ ਪ੍ਰਣਾਲੀ ਵਿੱਚ ਸੁਧਾਰ ਆ ਸਕੇ।ਕਿਸਾਨਾਂ ਨੇ ਕਿਹਾ ਕਿ ਸਰਕਾਰ ਵੱਲੋਂ 24 ਘੰਟੇ ਬਿਜਲੀ ਸਪਲਾਈ ਦੇ ਕੀਤੇ ਵਾਅਦੇ ਸਿਰਫ਼ ਕਾਗ਼ਜ਼ਾਂ ਤੱਕ ਹੀ ਸੀਮਿਤ ਰਹਿ ਗਏ ਹਨ।ਉਨ੍ਹਾਂ ਚੇਤਾਵਨੀ ਦਿੱਤੀ ਕਿ ਜੇਕਰ ਜਲਦੀ ਹੀ ਬਿਜਲੀ ਸਪਲਾਈ ਵਿੱਚ ਸੁਧਾਰ ਨਾ ਕੀਤਾ ਗਿਆ ਤਾਂ ਸੰਘਰਸ਼ ਨੂੰ ਹੋਰ ਤੇਜ਼ ਕੀਤਾ ਜਾਵੇਗਾ।ਕਰੀਬ ਦੋ ਘੰਟੇ ਤੱਕ ਚੱਲੇ ਇਸ ਪ੍ਰਦਰਸ਼ਨ ਦੌਰਾਨ ਪਾਵਰਕਾਮ ਦੇ ਐਸ.ਡੀ.ਓ.ਰਘਵੀਰ ਸਿੰਘ ਵੱਲੋਂ ਬਿਜਲੀ ਦੀ ਸਮੱਸਿਆ ਨੂੰ ਜਲਦ ਹੱਲ ਕਰਨ ਦਾ ਭਰੋਸਾ ਦਿੱਤਾ ਗਿਆ, ਜਿਸ ਤੋਂ ਬਾਅਦ ਕਿਸਾਨਾਂ ਨੇ ਆਪਣਾ ਧਰਨਾ ਸਮਾਪਤ ਕਰ ਦਿੱਤਾ।

**ਮੋਗਾ (ਇਕਬਾਲ ਸਿੰਘ ਖਹਿਰਾ)** : ਕਿਸਾਨ ਮਜ਼ਦੂਰ ਮੋਰਚੇ ਦੀ ਅਗਵਾਈ ਹੇਠ ਕਿਸਾਨ ਜਥੇਬੰਦੀਆਂ ਜਿਵੇਂ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ, ਬੀਕੇਯੂ ਬਹਿਰਾਮ ਕੇ, ਬੀਕੇਯੂ ਏਕਤਾ ਅਜ਼ਾਦ ਵੱਲੋਂ ਬਿਜਲੀ ਦੇ ਲੱਗ ਰਹੇ ਲੰਮੇ ਲੰਮੇ ਕੱਟਾ ਸੰਬੰਧੀ ਐਕਸੀਅਨ ਮੋਗਾ ਨੂੰ ਮੰਗ ਪੱਤਰ ਦਿੱਤਾ।

ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਦੇ ਜ਼ਿਲ੍ਹਾ ਆਗੂ ਅਵਤਾਰ ਸਿੰਘ ਧਰਮ ਸਿੰਘ ਵਾਲਾ, ਬੀਕੇਯੂ ਏਕਤਾ ਅਜ਼ਾਦ ਦੇ ਸੂਬਾ ਆਗੂ ਲਖਵੀਰ ਸਿੰਘ ਦੌਧਰ, ਬੀਕੇਯੂ ਬਹਿਰਾਮ ਕੇ ਸੂਬਾ ਪ੍ਰਧਾਨ ਬਲਵੰਤ ਸਿੰਘ ਬਹਿਰਾਮ ਕੇ ਕਿਹਾ ਕਿ ਕਣਕ ਦੀ ਵਾਢੀ ਨੂੰ ਲੈ ਕੇ ਬਿਜਲੀ ਪਾਵਰਕਾਮ ਵੱਲੋਂ ਕਿਹਾ ਗਿਆ ਸੀ ਕਿ ਬਿਜਲੀ ਸਪਲਾਈ ਦਿਨ ਵੇਲੇ ਬੰਦ ਰਹੇਗੀ ਤੇ ਰਾਤ ਨੂੰ ਬਿਜਲੀ ਸਪਲਾਈ ਪੂਰੀ ਦਿੱਤੀ ਜਾਵੇਗੀ ਤੇ ਚਾਰ ਘੰਟੇ ਮੋਟਰਾਂ ਵਾਲੀ ਲਾਈਟ ਦਿੱਤੀ ਜਾਵੇਗੀ। ਪਿਛਲੇ ਕਈ ਦਿਨਾਂ ਤੋਂ ਬਿਜਲੀ ਵਿਭਾਗ ਵੱਲੋਂ ਪਿੰਡਾਂ ਅੰਦਰ ਘਰੇਲੂ ਬਿਜਲੀ ਸਪਲਾਈ ਦੇ ਲਾਏ ਜਾ ਰਹੇ ਲੰਮੇ ਲੰਮੇ ਤੇ ਅਣਐਲਾਨੇ ਕੱਟਾਂ ਤੋਂ ਲੋਕ ਬਹੁਤ ਦੁਖੀ ਹੋ ਚੁੱਕੇ ਨੇ। ਪਿਛਲੇ ਕਰੀਬ 10 ਦਿਨਾਂ ਤੋਂ ਜਦੋਂ ਤੋਂ ਕਣਕ ਦੀ ਵਾਢੀ ਦਾ ਸੀਜ਼ਨ ਸ਼ੁਰੂ ਹੋਇਆ, ਬਿਜਲੀ ਵਿਭਾਗ ਵੱਲੋਂ ਰਾਤ ਨੂੰ ਲੰਮੇ ਲੰਮੇ ਕੱਟ ਲਾਏ ਜਾ ਰਹੇ ਹਨ ਤੇ ਨਾ ਮੋਟਰਾਂ ਵਾਲੀ ਲਾਈਟ ਮਿਲ ਰਹੀ ਹੈ, ਜਿਸ ਨਾਲ ਸਬਜ਼ੀਆਂ, ਮੱਕੀ, ਪੱਠੇ ਆਦਿ ਸੁੱਕ ਰਹੇ ਨੇ ਤੇ ਕਿਸਾਨ ਮਜ਼ਦੂਰ ਆਪੋ ਆਪਣੇ ਕੰਮਾਂ-ਕਾਜਾਂ ਤੋਂ ਥੱਕੇ ਟੁੱਟੇ ਜਦੋਂ ਦੇਰ ਰਾਤ ਘਰ ਆਉਂਦੇ ਹਨ ਤਾਂ ਲਾਈਟ ਨਹੀਂ ਹੁੰਦੀ, ਗ਼ਰਮੀ ਤੇ ਮੱਛਰ ਦੇ ਚੱਲਦਿਆਂ ਰਾਤਾਂ ਨੂੰ ਚੈਨ ਦੀ ਨੀਂਦ ਨਹੀਂ ਲੈ ਪਾਉਂਦੇ ਤੇ ਦਿਨ ਵਿੱਚ 12-14 ਘੰਟੇ ਕੰਮ ਕਰਨਾ ਹੁੰਦਾ ਹੈ।

ਕਿਸਾਨ ਆਗੂਆਂ ਕਿਹਾ ਕਿ ਇਨ੍ਹਾਂ ਅਣਐਲਾਨੇ ਕੱਟਾਂ ਦੇ ਖਿਲਾਫ਼ ਐਕਸੀਅਨ ਨੂੰ ਮੰਗ ਪੱਤਰ ਦਿੱਤਾ ਤੇ ਐਕਸੀਅਨ ਨੇ ਦੱਸਿਆ ਕਿ ਪਿਛਲੇ ਕਈ ਦਿਨਾਂ ਤੋਂ ਵਿਭਾਗ ਦੀਆਂ ਕੁੱਝ ਮਜਬੂਰੀਆਂ ਦੇ ਚੱਲਦਿਆਂ ਬਿਜਲੀ ਦੇ ਕੱਟ ਸ਼ਾਮ ਦੇ ਸਮੇਂ ਜਾਂ ਰਾਤ ਦੇ ਸਮੇਂ ਲੱਗ ਰਹੇ ਸੀ, ਜਿਸ ਤੋਂ ਲੋਕ ਪ੍ਰੇਸ਼ਾਨ ਸੀ, ਜਿਸ ਸਬੰਧੀ ਅਸੀਂ ਵੀ ਸਮੇਂ-ਸਮੇਂ 'ਤੇ ਵਿਭਾਗ ਨੂੰ ਲਿਖ ਰਹੇ ਹਾਂ। ਆਉਣ ਵਾਲੇ ਦਿਨਾਂ ਵਿੱਚ ਖਪਤਕਾਰਾਂ ਨੂੰ ਨਿਰਵਿਘਨ ਬਿਜਲੀ ਸਪਲਾਈ ਮਿਲਦੀ ਰਹੇਗੀ ਤੇ ਕਿਸੇ ਤਰ੍ਹਾਂ ਦੇ ਕੱਟ ਨਹੀਂ ਲਾਏ ਜਾਣਗੇ।

## ਬੀ ਕੇ ਯੂ ਕ੍ਰਾਂਤੀਕਾਰੀ ਐਕਸ਼ਨ ਬਿਜਲੀ ਦਫ਼ਤਰਾਂ ਅੱਗੇ ਅੱਜ ਦੇਵੇਗੀ ਧਰਨੇ

**ਮੋਗਾ (ਇਕਬਾਲ ਸਿੰਘ ਖਹਿਰਾ)**-ਭਾਰਤੀ ਕਿਸਾਨ ਯੂਨੀਅਨ ਕ੍ਰਾਂਤੀਕਾਰੀ ਦੇ ਜ਼ਿਲ੍ਹਾ ਪ੍ਰਧਾਨ ਜਗਮੋਹਨ ਸਿੰਘ ਕੰਗ ਨੇ ਦੱਸਿਆ ਕਿ ਸੂਬਾ ਕਮੇਟੀ ਦੇ ਸੱਦੇ ਤੇ ਬਿਜਲੀ ਕੱਟਾਂ ਦੇ ਖਿਲਾਫ ਸਾਰੇ ਐਕਸ਼ਨ ਦਫਤਰਾਂ ਅੱਗੇ ਧਰਨੇ ਦਿੱਤੇ ਜਾਣਗੇ।ਪੰਜਾਬ ਵਿੱਚ ਗਰਮੀ 40 ਡਿਗਰੀ ਤੋਂ ਪਾਰ ਕਰ ਗਈ ਹੈ, ਜਿਸ ਕਰਕੇ ਅੰਤਾਂ ਦੀ ਗਰਮੀ ਪੈ ਰਹੀ ਹੈ। ਪਾਵਰਕਾਮ ਲੋੜੀਂਦੀ ਬਿਜਲੀ ਸਪਲਾਈ ਨਹੀਂ ਕਰ ਰਿਹਾ, ਜਿਸ ਨਾਲ ਲੋਕ ਗ਼ਰਮੀ ਤੋਂ ਬਹੁਤ ਦੁਖੀ ਹੋ ਰਹੇ ਹਨ। ਪੰਜਾਬ ਵਿੱਚ ਮੌਜੂਦਾ ਸਮੇਂ 12 ਹਜਾਰ ਮੈਗਾਵਾਟ ਤੋਂ ਉੱਪਰ ਬਿਜਲੀ ਖਪਤ ਹੋ ਰਹੀ ਹੈ, ਪਰ ਬਿਜਲੀ ਬੋਰਡ 5000 ਮੈਗਾਵਾਟ ਤੱਕ ਸਪਲਾਈ ਕਰ ਰਿਹਾ ਹੈ।ਲੋੜ ਨਾਲੋਂ 7000 ਮੈਗਾਵਾਟ ਬਿਜਲੀ ਪਾਵਰਕਾਮ ਕੋਲ ਘੱਟ ਹੈ।ਇਸ ਘਾਟੇ ਦੀ ਪੂਰਤੀ ਕੇਂਦਰੀ ਪੂਲ ਵਿੱਚੋਂ ਹੋਣੀ ਚਾਹੀਦੀ ਹੈ।ਕੇਂਦਰ ਪਹਿਲਾਂ ਹੀ ਪੰਜਾਬ ਨਾਲ ਵਿਤਕਰੇ ਕਰ ਰਿਹਾ ਹੈ। ਸਰਕਾਰਾਂ ਨੇ ਸਰਕਾਰੀ ਥਰਮਲ ਪਲਾਂਟ ਬੰਦ ਕਰ ਦਿੱਤੇ ਹਨ, ਜਿਸ ਕਰਕੇ ਇਹ ਸਮੱਸਿਆ ਹੋਰ ਵਧੀ ਹੈ।

ਆਗੂ ਨੇ ਕਿਹਾ ਕਿ ਗ਼ਰਮੀ ਤੋਂ ਪੀੜਤ ਲੋਕ ਨੇੜਲੇ ਗਰਿੱਡਾਂ ਨੂੰ ਘੇਰ ਰਹੇ ਹਨ ਅਤੇ ਉੱਥੇ ਹਾਜ਼ਰ ਮੁਲਾਜ਼ਮਾਂ ਨਾਲ ਕਈ ਥਾਂਵਾਂ 'ਤੇ ਲੜਾਈ-ਝਗੜਾ ਵੀ ਹੋਇਆ ਹੈ।ਬਿਜਲੀ ਕੱਟਾਂ ਲਈ ਡਿਊਟੀ 'ਤੇ ਹਾਜ਼ਰ ਕ੍ਰਮਚਾਰੀ ਨਹੀਂ, ਇਸਦੇ ਲਈ ਜਿੰਮੇਵਾਰ ਪੰਜਾਬ ਸਰਕਾਰ ਅਤੇ ਕੇਂਦਰ ਸਰਕਾਰ ਹੈ।ਰੋਸ ਕਰਨਾ ਜਾਇਜ਼ ਹੈ, ਪਰ ਬਿਜਲੀ ਕਾਮਿਆਂ ਨਾਲ ਲੜਨਾ ਜਾਇਜ਼ ਨਹੀਂ।ਸਾਨੂੰ ਸੰਘਰਸ਼ ਕਰਕੇ ਪੰਜਾਬ ਅਤੇ ਕੇਂਦਰ ਸਰਕਾਰ ਦੇ ਦਬਾਅ ਪਾਉਣਾ ਚਾਹੀਦਾ ਹੈ, ਜਿਨ੍ਹਾਂ ਨੇ ਬਿਜਲੀ ਦਾ ਪ੍ਰਬੰਧ ਕਰਨਾ ਹੈ।ਮੰਗ ਉਠਾਉਣੀ ਚਾਹੀਦੀ ਹੈ ਕਿ ਕੇਂਦਰ ਸਰਕਾਰ ਕੇਂਦਰੀ ਪੂਲ ਵਿੱਚੋਂ ਬਿਜਲੀ ਦਾ ਕੋਟਾ ਵਧਾਵੇ ਅਤੇ ਪੰਜਾਬ ਸਰਕਾਰ ਹੋਰ ਬਿਜਲੀ ਪ੍ਰੋਜੈਕਟਾਂ ਦੀ ਉਸਾਰੀ ਕਰੇ।ਇਸ ਮਕਸਦ ਦੇ ਲਈ 29 ਅਪ੍ਰੈਲ ਨੂੰ 10 ਵਜੇ ਮੋਗੇ ਜਿਲੇ ਦੇ ਸਾਰੇ ਐਕਸ਼ਨ ਦਫਤਰਾਂ ਅੱਗੇ ਆਵਾਜ਼ ਬੁਲੰਦ ਕਰਨ ਲਈ ਵਿਸ਼ਾਲ ਧਰਨੇ ਦਿੱਤੇ ਜਾ ਰਹੇ ਹਨ।

## ਧਾਰੋਕੀ 'ਚ ਕਿਸਾਨ ਦਾ ਬੇਰਹਿਮੀ ਨਾਲ ਕਤਲ, ਮੋਟਰ ਤੋਂ ਮਿਲੀ ਲਾਸ਼



**ਨਾਭਾ (ਵਰਿੰਦਰ ਵਰਮਾ)**-ਪੰਜਾਬ 'ਚ ਕਤਲ ਅਤੇ ਲੁੱਟਾਂ-ਖੋਹਾਂ ਦੀਆਂ ਵਾਰਦਾਤਾਂ ਹੁਣ ਆਮ ਹੋ ਗਈਆਂ ਹਨ। ਲੋਕ ਆਪਣੇ ਘਰਾਂ ਤੇ ਖੇਤਾਂ ਵਿੱਚ ਵੀ ਹੁਣ ਮਹਿਫੂਜ਼ ਨਹੀਂ ਹਨ।ਅਜਿਹਾ ਹੀ ਮਾਮਲਾ ਬੀਤੀ ਰਾਤ ਨਾਭਾ ਦੇ ਪਿੰਡ ਧਾਰੋਕੀ ਵਿਖੇ ਕਿਸਾਨ ਦੇ ਕਤਲ ਦਾ ਮਾਮਲਾ ਸਾਹਮਣੇ ਆਇਆ।

ਧਾਰੋਕੀ ਵਿਖੇ ਇੱਕ ਕਿਸਾਨ ਮੋਹਨ ਦਾਸ ਉਮਰ 35 ਸਾਲ ਦਾ ਖੇਤਾਂ ਵਿੱਚ ਬੇਰਹਿਮੀ ਨਾਲ ਕਤਲ ਕਰ ਦਿੱਤਾ ਗਿਆ ਹੈ। ਨੌਜਵਾਨ ਕਿਸਾਨ ਜੋ ਤਿੰਨ ਕਿੱਲੇ ਦੀ ਖੇਤੀ ਕਰਦਾ ਸੀ ਤੇ ਫੈਕਟਰੀ ਵਿੱਚ ਦਿਹਾੜੀ ਕਰਕੇ ਆਪਣੇ ਪਰਵਾਰ ਦਾ ਪਾਲਣ ਪੋਸ਼ਣ ਕਰਦਾ ਸੀ, ਪਰ ਉਸਦੀ ਦੀ ਮੌਤ ਤੋਂ ਬਾਅਦ ਪਤਨੀ ਅਤੇ ਬੱਚੀਆਂ ਦਾ ਰੋ ਰੋ ਬੁਰਾ ਹਾਲ ਹੈ ਅਤੇ ਇਸ ਬੇਵਕਤੀ ਮੌਤ ਤੋਂ ਬਾਅਦ ਪਿੰਡ ਵਿੱਚ ਸੋਗ ਦੀ ਲਹਿਰ ਹੈ।ਜ਼ਿਕਰਯੋਗ ਹੈ ਕਿ ਮ੍ਰਿਤਕ ਮੋਹਨਦਾਸ ਸਰੀਰ ਪੱਖੋਂ ਬਹੁਤ ਤਕੜਾ ਸੀ, ਪ੍ਰੰਤੂ ਇਸ ਦੇ ਬਾਵਜੂਦ ਉਸ ਦਾ ਤੇਜ਼ਧਾਰ ਹਥਿਆਰਾਂ ਨਾਲ ਕਤਲ ਕੀਤਾ ਗਿਆ ਹੈ।ਮ੍ਰਿਤਕ ਦੇ ਪਰਵਾਰਕ ਮੈਂਬਰਾਂ ਅਨੁਸਾਰ ਰਾਤ ਦੇ ਸਮੇਂ ਮੋਹਨ ਦਾਸ ਨੂੰ ਫੋਨ ਕਰਕੇ ਖੇਤ ਬੁਲਾਇਆ ਜਾਂਦਾ ਹੈ।ਉਨ੍ਹਾਂ ਦੇ ਘਰ ਦੇ ਦੱਸਣ ਮੁਤਾਬਕ ਜਦੋਂ ਵਾਪਸ ਨਹੀਂ ਆਉਂਦਾ ਤਾਂ ਘਰ ਦੇ ਲੱਭਣ ਲਈ ਜਾਂਦੇ ਨੇ ਤਾਂ ਖੇਤਾਂ ਵਿੱਚ ਮੋਹਣ ਦਾਸ ਦੀ ਖ਼ੂਨ ਨਾਲ ਲਥਪਥ ਹੋਈ ਲਾਸ਼ ਮਿਲਦੀ ਹੈ। ਥਾਣਾ ਸਦਰ ਪੁਲਸ ਇਸ ਮਾਮਲੇ ਦੀ ਜਾਂਚ ਕਰ ਰਹੀ ਹੈ, ਜਿਨ੍ਹਾਂ ਨੇ ਫੋਰੈਂਸਿਕ ਦੀਆਂ ਟੀਮਾਂ ਨੂੰ ਵੀ ਇਸ ਦੀ ਬਰੀਕੀ ਨਾਲ ਜਾਂਚ ਲਈ ਸੱਦਿਆ ਗਿਆ ਹੈ।

ਪਰਵਾਰਕ ਮੈਂਬਰ ਤੇ ਪਿੰਡ ਵਾਸੀਆਂ ਨੇ ਕਤਲ 'ਤੇ ਰੋਸ ਜ਼ਾਹਰ ਕਰਦੇ ਹੋਏ ਇਸ ਕਤਲ ਲਈ ਪਰਵਾਰ ਨੂੰ ਇਨਸਾਫ ਦੀ ਮੰਗ ਕੀਤੀ ਹੈ। ਉਨ੍ਹਾਂ ਕਿਹਾ ਕਿ ਪੁਲਸ ਪ੍ਰਸ਼ਾਸਨ ਇਸ ਮਾਮਲੇ ਦੀ ਗੰਭੀਰਤਾ ਨਾਲ ਜਾਂਚ ਕਰੇ ਅਤੇ ਮੁਜਰਮਾਂ ਨੂੰ ਸਾਹਮਣੇ ਲਿਆਵੇ।

ਐਸਐਚਓ ਜਸਪ੍ਰੀਤ ਸਿੰਘ ਨਾਲ ਗੱਲਬਾਤ ਕੀਤੀ ਤਾਂ ਉਨ੍ਹਾਂ ਕਿਹਾ ਕਿ ਇਸ ਕਤਲ ਨੂੰ ਸੁਲਝਾਉਣ ਲਈ ਪੁਲਸ ਲਗਾਤਾਰ ਆਪਣੀ ਜਾਂਚ ਦਾ ਘੇਰਾ ਵਧਾ ਰਹੀ ਹੈ। ਉਨ੍ਹਾਂ ਕਿਹਾ ਕਿ ਪੁਲਸ ਹਰ ਪਹਿਲੂ ਤੋਂ ਇਸ ਕਤਲ ਨੂੰ ਸੁਲਝਾਉਣ ਲਈ ਕੋਸ਼ਿਸ਼ ਕਰ ਰਹੀ ਹੈ।

## ਕਾਤਰਾਂ

### 2 ਮੋਟਰਸਾਈਕਲਾਂ ਦੀ ਸਿੱਧੀ ਟੱਕਰ ਵਿਚ 3 ਜ਼ਖ਼ਮੀ

**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਬਾਅਦ ਦੁਪਹਿਰ ਰਾਹੋਂ ਰੋਡ 'ਤੇ ਸਥਿਤ ਪਿੰਡ ਲੱਖੋਵਾਲ ਦੇ ਟੀ-ਪੁਆਇੰਟ 'ਤੇ ਵਾਪਰੇ ਹਾਦਸੇ ਵਿਚ 2 ਮੋਟਰਸਾਈਕਲਾਂ ਦੀ ਟੱਕਰ ਦੌਰਾਨ ਤਿੰਨ ਵਿਅਕਤੀ ਜਖ਼ਮੀ ਹੋ ਗਏ। ਪਿੰਡ ਹਾਦੀਵਾਲ ਦਾ ਵਾਸੀ ਹਰਪ੍ਰੀਤ ਸਿੰਘ ਜੋ ਕਿ ਮੋਟਰਸਾਈਕਲ 'ਤੇ ਸਵਾਰ ਹੋ ਕੇ ਲੱਖੋਵਾਲ ਵਲੋਂ ਰਾਹੋਂ ਰੋਡ 'ਤੇ ਆ ਰਿਹਾ ਸੀ ਜਦ ਕਿ ਦੂਸਰੇ ਪਾਸੇ ਭੱਠੇ 'ਤੇ ਕੰਮ ਕਰਦੇ ਪ੍ਰਵਾਸੀ ਮਜ਼ਦੂਰ ਕਾਲਾ, ਸੰਜੀਵ ਵਾਸੀ ਕੁਹਾੜਾ ਆਪਣੇ ਮੋਟਰਸਾਈਕਲ 'ਤੇ ਸਵਾਰ ਹੋ ਕੇ ਮਾਛੀਵਾੜਾ ਨੂੰ ਆ ਰਹੇ ਸਨ। ਦੋਵਾਂ ਦੀ ਲੱਖੋਵਾਲ ਟੀ-ਪੁਆਇੰਟ ਨੇੜ੍ਹੇ ਟੱਕਰ ਹੋ ਗਈ ਜਿਸ ਵਿਚ ਇਹ ਤਿੰਨੋਂ ਜਖ਼ਮੀ ਹੋ ਗਏ। ਹੌਲਦਾਰ ਹਰਬੰਸ ਸਿੰਘ ਨੇ ਦੱਸਿਆ ਕਿ ਹਾਦਸੇ 'ਚ ਜਖ਼ਮੀ ਹੋਏ ਵਿਅਕਤੀਆਂ ਦੀ ਹਾਲਤ ਗੰਭੀਰ ਹੈ । ਉਨ੍ਹਾਂ ਨੂੰ ਇਲਾਜ ਲਈ ਐਂਬੂਲੈਂਸ ਰਾਹੀਂ ਸਿਵਲ ਹਸਪਤਾਲ ਸਮਰਾਲਾ ਪਹੁੰਚਾਇਆ ਗਿਆ।

### ਐਸ ਡੀ ਓ ਦਫ਼ਤਰ ਅੱਗੇ ਧਰਨਾ 4 ਨੂੰ

**ਮੂਣਕ (ਰਾਜਪਾਲ ਸਿੰਗਲਾ)**-ਐਸ.ਡੀ.ਓ ਲਹਿਰਾ ਮੂਣਕ ਨੇ ਮਜ਼ਦੂਰ ਮੁਕਤੀ ਮੋਰਚਾ ਅਤੇ ਪੰਜਾਬ ਫੀਲਡ ਤੇ ਵਰਕਸ਼ਾਪ ਵਰਕਰਜ ਯੂਨੀਅਨ ਦੇ ਆਗੂਆਂ ਨੂੰ ਸੋਮਪਾਲ ਜੇ.ਈ ਨਾਲ ਸਬੰਧਤ ਮਸਲੇ 'ਤੇ ਮੀਟਿੰਗ ਦਾ ਸਮਾਂ ਦਿੱਤਾ ਸੀ, ਜਿਸ ਵਿੱਚ ਜੇ ਈ ਸੋਮਪਾਲ ਵੱਲੋਂ ਜਥੇਬੰਦੀ ਦੇ ਵਰਕਰ ਨਿਰੰਜਨ ਸਿੰਘ ਨੂੰ ਤੰਗ ਪ੍ਰੇਸ਼ਾਨ ਕਰਨ ਦਾ ਮਸਲਾ ਤੇ ਜਾਤੀ ਤੌਰ 'ਤੇ ਜ਼ਲੀਲ ਕਰਨ ਦਾ ਮਸਲਾ ਆਇਆ ਸੀ, ਜਿਸ ਦਾ ਹਲਫੀਆ ਬਿਆਨ ਮਜ਼ਦੂਰ ਮੁਕਤੀ ਮੋਰਚਾ ਤੇ ਪੰਜਾਬ ਫ਼ੀਲਡ ਐਂਡ ਵਰਕਸ਼ਾਪ ਵਰਕਰਜ ਯੂਨੀਅਨ ਨੂੰ ਦਿੱਤਾ ਗਿਆ। ਜਦ ਦੋਨੋਂ ਜਥੇਬੰਦੀਆਂ ਦੇ ਆਗੂ ਇਸ ਮਸਲੇ 'ਤੇ ਐਸ ਡੀ ਓ ਨੂੰ ਮਿਲੇ ਤਾਂ ਫੋਨ ਕਰਕੇ ਜਦੋਂ ਐਸ.ਡੀ.ਓ ਨੇ ਸੋਮਪਾਲ ਨੂੰ ਪੁੱਛਿਆ ਤਾਂ ਅੱਗੋਂ ਜੇ ਈ ਵੱਲੋਂ ਜਥੇਬੰਦੀਆਂ ਦੇ ਆਗੂਆਂ ਨੂੰ ਧਮਕਾਉਣ ਸ਼ੁਰੂ ਕਰ ਦਿੱਤਾ ਤੇ ਕਿਹਾ ਕਿ ਮੈ ਥੋਨੂੰ ਥਾਣਾ ਦਿਖਾ ਦੇਵਾਂਗਾ, ਪਰ ਐਸ ਡੀ ਓ ਵੱਲੋਂ ਵਿਸ਼ਵਾਸ ਦਿਵਾਇਆ ਗਿਆ ਕਿ ਮੈਂ ਜਲਦੀ ਹੀ ਤੁਹਾਡੀ ਮੀਟਿੰਗ ਕਰਕੇ ਇਸ ਮਸਲੇ ਨੂੰ ਨਿਪਟਾ ਦੇਵਾਗਾ। ਸਤਾਰਾਂ ਦਿਨ ਬੀਤ ਜਾਣ ਦੇ ਬਾਅਦ ਜਥੇਬੰਦੀਆਂ ਦੇ ਆਗੂਆਂ ਨੂੰ ਦੁਬਾਰਾ ਮੀਟਿੰਗ ਦਾ ਸਮਾਂ ਦਿੱਤਾ ਗਿਆ, ਪਰ ਮੀਟਿੰਗ ਦੇ ਵਿੱਚ ਮਸਲੇ ਨਾਲ ਸਬੰਧਤ ਜੇ.ਈ ਨਹੀਂ ਬੁਲਾਇਆ ਗਿਆ ਤੇ ਖੁਦ ਵੀ ਦਸ ਮਿੰਟ ਦਾ ਸਮਾਂ ਦੇ ਕੇ ਮੁੜ ਕੇ ਦਫ਼ਤਰ ਆਏ ਹੀ ਨਹੀਂ, ਜਿਸ ਕਾਰਨ ਜਥੇਬੰਦੀਆਂ ਦੇ ਆਗੂ ਲੰਮਾ ਸਮਾਂ ਗਰਮੀ ਵਿੱਚ ਉਡੀਕਦੇ ਰਹੇ। ਅੱਕ ਕੇ ਜਥੇਬੰਦੀਆਂ ਨੇ ਫੈਸਲਾ ਕੀਤਾ ਕਿ 4 ਮਈ ਨੂੰ ਐਸ ਡੀ ਓ ਦਫ਼ਤਰ ਅੱਗੇ ਰੋਸ ਧਰਨਾ ਲਾਇਆ ਜਾਵੇਗਾ, ਜਿਸ ਤੋਂ ਨਿੱਕਲਣ ਵਾਲੇ ਸਿੱਟਿਆਂ ਦੀ ਜ਼ਿੰਮੇਵਾਰੀ ਐਸ ਡੀ ਓ ਸਿਰ ਹੋਵੇਗੀ।

### ਸਕੂਲ ਵਹੀਕਲਾਂ ਦੀ ਚੈਕਿੰਗ

**ਰਾਜਪੁਰਾ (ਰਮੇਸ਼ ਕਟਾਰੀਆ)**-ਐਸ ਐਸ ਪੀ ਵਰੁਣ ਸ਼ਰਮਾ ਦੇ ਨਿਸ਼ਾ ਨਿਰਦੇਸ਼ ਐਸ ਪੀ ਟ੍ਰੈਫਿਕ ਹਰਿੰਦਰ ਸਿੰਘ ਮਾਨ ਅਤੇ ਡੀ ਐਸ ਪੀ ਟ੍ਰੈਫਿਕ ਪੁਨੀਤ ਸਿੰਘ ਚਹਿਲ ਦੀ ਅਗਵਾਈ ਹੇਠ ਇੰਚਾਰਜ ਟ੍ਰੈਫਿਕ ਏ ਐਸ ਆਈ ਗੁਰਬਚਨ ਸਿੰਘ ਸਮੇਤ ਏ ਐਸ ਆਈ ਤੇਜਿੰਦਰ ਸਿੰਘ, ਸਤੀਸ਼ ਕੁਮਾਰ ਤੇ ਹੌਲਦਾਰ ਨਰਿੰਦਰਪਾਲ ਸਿੰਘ ਨੇ ਨਾਕਾਬੰਦੀ ਕਰਕੇ ਸਕੂਲ ਵਹੀਕਲਾਂ ਦੀ ਚੈਕਿੰਗ ਕੀਤੀ। ਚੈਕਿੰਗ ਦੌਰਾਨ ਤਿੰਨ ਸਕੂਲ ਬੱਸਾਂ ਦੇ ਓਵਰਲੋਡ ਸਕੂਲੀ ਬੱਚੇ ਜਿਸ ਦਾ ਅਤੇ ਗਲਤ ਪਾਰਕਿੰਗ ਦੇ 15 ਚਲਾਨ ਕੀਤੇ ਅਤੇ 5 ਓਵਰਲੋਡ ਟਿਪਰ 2 ਜਗਾੜੂ ਰੇਹੜੀਆਂ ਬਿਨਾਂ ਕਾਗਜ਼ਾਤ ਬੰਦ ਕੀਤੀਆਂ। ਕੁੱਲ ਚਲਾਨ 25 ਕੀਤੇ ਗਏ।

## ਜ਼ਿਲ੍ਹੇ ਦੀਆਂ ਮੰਡੀਆਂ 'ਚ ਕਣਕ ਦੀ ਖ਼ਰੀਦ ਨਿਰਵਿਘਨ ਜਾਰੀ; 854 ਕਰੋੜ ਦੀ ਅਦਾਇਗੀ

ਫ਼ਰੀਦਕੋਟ (ਐਲਿਗਜੈਂਡਰ ਡਿਸੂਜ਼ਾ)-ਫ਼ਰੀਦਕੋਟ ਜ਼ਿਲ੍ਹੇ ਵਿੱਚ ਕਣਕ ਦੀ ਖ਼ਰੀਦ, ਲਿਫਟਿੰਗ ਤੇ ਅਦਾਇਗੀ ਦੀ ਪ੍ਰਕਿਰਿਆ ਪੂਰੀ ਤਰ੍ਹਾਂ ਨਿਰਵਿਘਨ ਚੱਲ ਰਹੀ ਹੈ। ਡਿਪਟੀ ਕਮਿਸ਼ਨਰ ਪੂਨਮਦੀਪ ਕੌਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਜ਼ਿਲ੍ਹੇ ਦੀਆਂ ਮੰਡੀਆਂ ਵਿੱਚ ਹੁਣ ਤੱਕ ਕਿਸਾਨਾਂ ਨੂੰ ਖ਼ਰੀਦੀ ਗਈ ਕਣਕ ਦੇ ਬਦਲੇ 854 ਕਰੋੜ ਰੁਪਏ ਦੀ ਆਨਲਾਈਨ ਅਦਾਇਗੀ ਕੀਤੀ ਜਾ ਚੁੱਕੀ ਹੈ।ਖ਼ਰੀਦ ਅਤੇ ਆਮਦ ਦੇ ਅੰਕੜੇ ਬੀਤੀ ਸ਼ਾਮ ਤੱਕ ਦੇ ਅੰਕੜਿਆਂ ਅਨੁਸਾਰ ਜ਼ਿਲ੍ਹੇ ਦੀਆਂ ਮੰਡੀਆਂ ਵਿੱਚ ਕੁੱਲ 4,07,229 ਮੀਟਰਕ ਟਨ ਕਣਕ ਦੀ ਆਮਦ ਹੋਈ ਹੈ, ਜਿਸ ਵਿੱਚੋਂ 3,94,465 ਮੀਟਰਕ ਟਨ ਕਣਕ ਦੀ ਖ਼ਰੀਦ ਮੁਕੰਮਲ ਕਰ ਲਈ ਗਈ ਹੈ। ਉਨ੍ਹਾਂ ਕਿਹਾ ਕਿ ਹੁਣ ਤੱਕ 1,55,681 ਮੀਟਰਕ ਟਨ ਕਣਕ ਦਾ ਚੁਕਾਅ ਹੋ ਚੁੱਕਾ ਹੈ ਅਤੇ ਖ਼ਰੀਦ ਏਜੰਸੀਆਂ ਨੂੰ ਇਸ ਵਿੱਚ ਹੋਰ ਤੇਜ਼ੀ ਲਿਆਉਣ ਦੀਆਂ ਹਦਾਇਤਾਂ ਦਿੱਤੀਆਂ ਗਈਆਂ ਹਨ।



ਜ਼ਿਲ੍ਹਾ ਖੁਰਾਕ ਤੇ ਸਪਲਾਈ ਕੰਟਰੋਲਰ ਗੁਰਜੀਤ ਸਿੰਘ ਦਿਓਲ ਨੇ ਦੱਸਿਆ ਕਿ ਮੰਡੀਆਂ ਵਿੱਚ ਕਿਸਾਨਾਂ ਦੀ ਸਹੂਲਤ ਲਈ ਸਾਰੇ ਪ੍ਰਬੰਧ ਤਸੱਲੀਬਖ਼ਸ਼ ਹਨ। ਉਨ੍ਹਾਂ ਭਰੋਸਾ ਦਿੱਤਾ ਕਿ ਫ਼ਸਲ ਦੀ ਖ਼ਰੀਦ ਅਤੇ ਅਦਾਇਗੀ ਨਿਰਧਾਰਤ ਸਮੇਂ ਅੰਦਰ ਯਕੀਨੀ ਬਣਾਈ ਜਾ ਰਹੀ ਹੈ ਤਾਂ ਜੋ ਕਿਸਾਨਾਂ ਨੂੰ ਕਿਸੇ ਵੀ ਕਿਸਮ ਦੀ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ।

## ਭਲਕੇ ਡੀ ਐੱਮ ਕਾਲਜ ਦੇ ਗੇਟ ਅੱਗੇ ਹੋਵੇਗਾ ਹਵਨ-ਯੱਗ

**ਮੋਗਾ (ਇਕਬਾਲ ਸਿੰਘ ਖਹਿਰਾ)**

ਸਿਵਲ ਸੁਸਾਇਟੀ ਵੱਲੋਂ ਡੀ ਐਮ ਕਾਲਜ ਸੰਸਥਾਵਾਂ ਉਪਰ ਕਾਬਜ਼ ਧਿਰਾਂ ਨੂੰ ਮਿਲ ਬੈਠ ਕੇ ਆਪਸੀ ਵਿਵਾਦ ਸੁਲਝਾਉਣ ਅਤੇ ਦਿਨੋ ਦਿਨ ਨਿੱਘਰ ਰਹੀਆਂ ਇਨ੍ਹਾਂ ਸੰਸਥਾਵਾਂ ਨੂੰ ਬਚਾਉਣ ਲਈ ਸ਼ੁਰੂ ਕੀਤੀ ਗਈ ਮੁਹਿੰਮ ਤਹਿਤ ਕਾਬਜ ਧਿਰਾਂ ਨੂੰ ਸਦਬੁੱਧੀ ਤੇ ਇਸ ਵਿਵਾਦ ਨੂੰ ਸੁਲਝਾਉਣ ਦੀ ਸ਼ਕਤੀ ਪ੍ਰਦਾਨ ਦੀ ਅਰਦਾਸ ਕਰਨ ਲਈ 30 ਅਪ੍ਰੈਲ ਨੂੰ ਡੀ.ਐਮ ਕਾਲਜ ਮੋਗਾ ਦੇ ਗੇਟ ਅੱਗੇ ਸਵੇਰੇ 9 ਵਜੇ ਇੱਕ ਹਵਨ ਯੱਗ ਦਾ ਆਯੋਜਨ ਕੀਤਾ ਜਾ ਰਿਹਾ ਹੈ।



ਸਿਵਲ ਸੁਸਾਇਟੀ ਦੀ ਪ੍ਰਜੀਡੀਅਮ ਕਮੇਟੀ ਨੇ ਉੱਚ ਅਹੁਦਿਆਂ ਤੋਂ ਰਿਟਾਇਰਡ ਡੀ ਐਮ ਕਾਲਜ ਦੇ ਪੁਰਾਣੇ ਵਿਦਿਆਰਥੀਆਂ ਵੱਲੋਂ ਸਾਬਕਾ ਆਈ ਏ ਐਸ ਕੁਲਬੀਰ ਸਿੰਘ ਸਿੱਧੂ ਦੀ ਅਗਵਾਈ ਹੇਠ ਬੀਤੇ ਦਿਨ ਚੰਡੀਗੜ੍ਹ ਵਿਖੇ ਕੀਤੀ ਗਈ ਇਕੱਤਰਤਾ ਵਿੱਚ ਸਿਵਲ ਸੁਸਾਇਟੀ ਦੇ ਇਸ ਉਦਮ ਨੂੰ ਸਮਰਥਨ ਕਰਨ ਤੇ ਕਾਲਜ ਸਥਾਪਨਾ ਦਾ 100 ਸਾਲਾ ਉਤਸਵ ਮਨਾਉਣ ਦਾ ਐਲਾਨ ਕਰਨ ਲਈ ਧੰਨਵਾਦ ਕਰਦਿਆਂ ਇਸ ਕਾਲਜ ਤੋਂ ਵਿੱਦਿਆ ਪ੍ਰਾਪਤ ਕਰਨ ਵਾਲੇ ਸਾਰੇ ਵਿਦਿਆਰਥੀਆਂ ਨੂੰ ਇਕਜੁਟ ਹੋਣ ਦੀ ਅਪੀਲ ਕੀਤੀ।ਉਨ੍ਹਾਂ ਦੱਸਿਆ ਕਿ ਦਹਾਕਿਆਂ ਤੋਂ ਚੱਲ ਰਹੇ ਇਸ ਅਦਾਲਤੀ ਵਿਵਾਦ ਕਾਰਨ ਡੀ ਐਮ ਕਾਲਜ ਸਮੇਤ ਮੋਗਾ ਸ਼ਹਿਰ ਦੀਆਂ ਪੰਜ ਪ੍ਰਮੁੱਖ ਵਿਦਿਅਕ ਸੰਸਥਾਵਾਂ ਬੰਦ ਹੋਣ ਦੇ ਕਿਨਾਰੇ ਪਹੁੰਚ ਚੁੱਕੀਆਂ ਹਨ ਤੇ ਤਿੰਨੋਂ ਧਿਰਾਂ ਆਪਣੀ ਮਸਲ ਪਾਵਰ ਵਰਤ ਕੇ ਵਾਰ-ਵਾਰ ਇਨ੍ਹਾਂ ਉਪਰ ਕਾਬਜ਼ ਹੋ ਰਹੀਆਂ ਹਨ, ਜਿਸ ਕਾਰਨ ਸੰਸਥਾਵਾਂ ਅਤੇ ਸ਼ਹਿਰ ਦਾ ਮਹੌਲ ਖਰਾਬ ਹੋ ਰਿਹਾ ਹੈ ਤੇ ਇਥੇ ਪੜ੍ਹਨ ਵਾਲੇ ਵਿਦਿਆਰਥੀਆਂ ਤੇ ਮਾੜਾ ਪ੍ਰਭਾਵ ਪੈ ਰਿਹਾ ਹੈ।

ਉਨ੍ਹਾਂ ਕਿਹਾ ਕਿ ਇਨ੍ਹਾਂ ਲੋਕਾਂ ਦੇ ਨਿੱਜੀ ਲਾਲਚਾਂ, ਪੈਸੇ ਅਤੇ ਚੌਧਰ ਦੀ ਭੁੱਖ ਕਾਰਨ ਰਾਏ ਬਹਾਦਰ ਮਥੁਰਾ ਦਾਸ ਜੀ ਤੇ ਉਨ੍ਹਾਂ ਦੇ ਸਹਿਯੋਗੀ ਦਾਨੀਆਂ ਵੱਲੋਂ ਮੋਗਾ ਸ਼ਹਿਰ ਨੂੰ ਦਿੱਤੀ ਗਈ ਅਨਮੋਲ ਵਿਰਾਸਤ ਮਲੀਆਮੇਟ ਹੋ ਰਹੀ ਹੈ ਤੇ ਮੱਧ ਵਰਗ ਦੇ ਬੱਚਿਆਂ ਨੂੰ ਸਸਤੀ ਅਤੇ ਪਾਏਦਾਰ ਸਿੱਖਿਆ ਤੋਂ ਵਾਂਝੇ ਕੀਤਾ ਜਾ ਰਿਹਾ ਹੈ, ਜਿਸ ਨੂੰ ਕਿਸੇ ਵੀ ਕੀਮਤ ਤੇ ਬਰਦਾਸ਼ਤ ਨਹੀਂ ਕੀਤਾ ਜਾਵੇਗਾ।ਕਰੀਬ ਇੱਕ ਮਹੀਨਾ ਪਹਿਲਾਂ ਸਿਵਲ ਸੁਸਾਇਟੀ ਵੱਲੋਂ ਤਿੰਨਾਂ ਧਿਰਾਂ ਨੂੰ ਮਿਲ ਬੈਠ ਕੇ ਆਪਸੀ ਵਿਵਾਦ ਸੁਲਝਾਉਣ ਤੇ ਅਦਾਲਤੀ ਕੇਸਾਂ ਦਾ ਨਿਪਟਾਰਾ ਕਰਨ ਦੀ ਅਪੀਲ ਕੀਤੀ ਸੀ, ਜਿਸ ਨੂੰ ਆਰੀਆ ਪ੍ਰਤੀਨਿਧੀ ਸਭਾ ਪੰਜਾਬ ਦੀ ਇੱਕ ਧਿਰ, ਜਿਸਦੀ ਅਗਵਾਈ ਐਡਵੋਕੇਟ ਅਸ਼ਵਨੀ ਕੁਮਾਰ ਸ਼ਰਮਾ ਕਰਦੇ ਹਨ, ਵੱਲੋਂ ਪ੍ਰਵਾਨ ਕਰ ਲਿਆ ਸੀ, ਪਰ ਸੁਦਰਸ਼ਨ ਸ਼ਰਮਾ ਅਤੇ ਕ੍ਰਿਸ਼ਨ ਗੋਪਾਲ ਦੀਆਂ ਧਿਰਾਂ ਹਾਲੇ ਵੀ ਆਪਣੀ ਜ਼ਿਦ 'ਤੇ ਅੜੀਆਂ ਹੋਈਆਂ ਹਨ।

ਉਨ੍ਹਾਂ ਮੋਗਾ ਸ਼ਹਿਰ ਦੇ ਬੁੱਧੀਜੀਵੀਆਂ, ਲੇਖਕਾਂ, ਸਮਾਜ ਸੇਵੀ, ਧਾਰਮਿਕ ਸੰਸਥਾਵਾਂ, ਪੁਰਾਣੇ ਤੇ ਮੌਜੂਦਾ ਵਿਦਿਆਰਥੀਆਂ ਅਤੇ ਆਮ ਲੋਕਾਂ ਨੂੰ 30 ਅਪ੍ਰੈਲ ਨੂੰ ਸਵੇਰੇ 9 ਵਜੇ ਡੀ ਐਮ ਕਾਲਜ ਮੋਗਾ ਦੇ ਗੇਟ ਅੱਗੇ ਹੋਣ ਜਾ ਰਹੇ ਇਸ ਹਵਨ ਯੱਗ ਵਿੱਚ ਵਧ-ਚੜ੍ਹ ਕੇ ਹਿੱਸਾ ਲੈਣ ਦੀ ਅਪੀਲ ਕੀਤੀ ਤਾਂ ਜੁ ਇਨ੍ਹਾਂ ਧਿਰਾਂ ਨੂੰ ਵੀ ਬੈਠਣ ਲਈ ਮਜਬੂਰ ਕੀਤਾ ਜਾ ਸਕੇ।ਉਨ੍ਹਾਂ ਪ੍ਰਸ਼ਾਸ਼ਨ ਅਤੇ ਸਰਕਾਰੀ ਨੁਮਾਇੰਦਿਆਂ ਨੂੰ ਇਸ ਨੇਕ ਕੰਮ ਵਿੱਚ ਸਹਿਯੋਗ ਕਰਨ ਦੀ ਅਪੀਲ ਕਰਦਿਆਂ ਕਿਹਾ ਕਿ ਮੋਗਾ ਸ਼ਹਿਰ ਦੀ ਬਿਹਤਰੀ ਲਈ ਸਿਵਲ ਸੁਸਾਇਟੀ ਮੋਗਾ ਇਸ ਸੰਘਰਸ਼ ਨੂੰ ਅੰਜਾਮ ਤੱਕ ਲਿਜਾਣ ਲਈ ਬਜ਼ਿਦ ਹੈ ਅਤੇ ਕਾਲਜ ਦੀ ਸਥਾਪਨਾ ਦੇ 100 ਸਾਲ ਪੂਰੇ ਹੋਣ ਤੇ ਐਲੂਮਨੀ ਸਮਾਗਮ ਕਰਾਇਆ ਵੀ ਜਾਵੇਗਾ।

## ਨਸ਼ਾ ਮੁਕਤ ਸਮਾਜ ਦੀ ਸਿਰਜਣਾ ਲੋਕਾਂ ਦੇ ਸਹਿਯੋਗ ਤੋਂ ਬਗੈਰ ਸੰਭਵ ਨਹੀਂ : ਸਰਤਾਜ ਚਹਿਲ



**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)**-ਉਪ ਮੰਡਲ ਧੂਰੀ ਦੀ ਪੁਲਸ ਵੱਲੋਂ ਸਮਾਜਿਕ ਬੁਰਾਈਆਂ ਅਤੇ ਨਸ਼ਿਆਂ ਦੇ ਮੁਕੰਮਲ ਖਾਤਮੇ ਲਈ ਵਿੱਢੀ ਗਈ ਮੁਹਿੰਮ ਤਹਿਤ 'ਜਨਤਕ ਭਾਈਵਾਲੀ ਸੰਪਰਕ' ਪ੍ਰੋਗਰਾਮ ਕਰਾਇਆ ਗਿਆ।ਮੀਟਿੰਗ ਵਿੱਚ ਇਲਾਕੇ ਦੇ ਵੱਖ-ਵੱਖ ਪਿੰਡਾਂ ਤੋਂ ਚੁਣੇ ਹੋਏ ਨੁਮਾਇੰਦਿਆਂ, ਜਿਨ੍ਹਾਂ ਵਿੱਚ ਪੰਚ, ਸਰਪੰਚ, ਕੌਂਸਲਰ ਤੇ ਵੱਡੀ ਗਿਣਤੀ ਵਿੱਚ ਇਲਾਕੇ ਦੀਆਂ ਮੋਹਤਬਰਾਂ ਨੇ ਸ਼ਮੂਲੀਅਤ ਕੀਤੀ।ਇਕੱਤਰਤਾ ਦਾ ਮਨੋਰਥ ਪੁਲਿਸ ਅਤੇ ਜਨਤਾ ਦੇ ਆਪਸੀ ਤਾਲਮੇਲ ਨੂੰ ਮਜ਼ਬੂਤ ਕਰਨਾ ਅਤੇ ਨਸ਼ਿਆਂ ਵਿਰੁੱਧ ਇੱਕ ਨਿੱਗਰ ਲੋਕ ਲਹਿਰ ਖੜੀ ਕਰਨਾ ਸੀ।

ਜ਼ਿਲ੍ਹਾ ਪੁਲਸ ਮੁਖੀ ਸਰਤਾਜ ਸਿੰਘ ਚਹਿਲ ਨੇ ਮੁੱਖ ਬੁਲਾਰੇ ਵਜੋਂ ਸੰਬੋਧਨ ਕਰਦਿਆਂ ਕਿਹਾ ਕਿ ਨਸ਼ਾ ਮੁਕਤ ਸਮਾਜ ਦੀ ਸਿਰਜਣਾ ਕੇਵਲ ਪੁਲਿਸ ਦੀ ਸਖ਼ਤੀ ਨਾਲ ਸੰਭਵ ਨਹੀਂ, ਬਲਕਿ ਇਸ ਲਈ ਆਮ ਲੋਕਾਂ ਦਾ ਸਹਿਯੋਗ ਜ਼ਰੂਰੀ ਹੈ।ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਨਸ਼ਾ ਤਸਕਰਾਂ ਵਿਰੁੱਧ ਪੁਲਿਸ ਬੇਹੱਦ ਸਖ਼ਤ ਰੁਖ਼ ਅਖ਼ਤਿਆਰ ਕਰ ਰਹੀ ਹੈ ਤੇ ਅਜਿਹੇ ਅਨਸਰਾਂ ਦੀਆਂ ਚੱਲ-ਅਚੱਲ ਜਾਇਦਾਦਾਂ ਨੂੰ ਅਟੈਚ ਕਰਾਉਣ ਦੀ ਪ੍ਰਕਿਰਿਆ ਵੀ ਤੇਜ਼ ਕਰ ਦਿੱਤੀ ਗਈ ਹੈ।ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਨਸ਼ਾ ਵੇਚਣ ਵਾਲਿਆਂ ਬਾਰੇ ਬਿਨਾਂ ਕਿਸੇ ਡਰ ਤੋਂ ਪੁਲਸ ਨੂੰ ਸੂਚਨਾ ਦੇਣ ਤਾਂ ਜੁ ਨੌਜਵਾਨੀ ਨੂੰ ਇਸ ਦਲਦਲ ਵਿੱਚੋਂ ਕੱਢਿਆ ਜਾ ਸਕੇ।ਐੱਸ.ਐੱਸ.ਪੀ. ਚਹਿਲ ਨੇ ਅਜੋਕੇ ਯੁੱਗ 'ਚ ਵਧ ਰਹੇ ਸਾਈਬਰ ਅਪਰਾਧਾਂ ਬਾਰੇ ਵੀ ਲੋਕਾਂ ਨੂੰ ਸੁਚੇਤ ਕਰਦਿਆਂ ਮਾਪਿਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਬੱਚਿਆਂ ਦੀਆਂ ਸੋਸ਼ਲ ਮੀਡੀਆ ਸਰਗਰਮੀਆਂ 'ਤੇ ਤਿੱਖੀ ਨਜ਼ਰ ਰੱਖਣ। ਉਨ੍ਹਾਂ ਦੱਸਿਆ ਕਿ ਕਿਵੇਂ ਕੁਝ ਦਿਨ ਪਹਿਲਾਂ ਉਨ੍ਹਾਂ ਨੂੰ ਖੁਦ ਇੱਕ ਠੱਗ ਦਾ ਮੈਸੇਜ ਆਇਆ ਸੀ, ਜਿਸ ਤੋਂ ਸਪੱਸ਼ਟ ਹੁੰਦਾ ਹੈ ਕਿ ਅਪਰਾਧੀ ਹਰ ਕਿਸੇ ਨੂੰ ਨਿਸ਼ਾਨਾ ਬਣਾਉਣ ਦੀ ਫਿਰਾਕ ਵਿੱਚ ਹਨ।ਡੀ.ਐੱਸ.ਪੀ. ਧੂਰੀ ਗੁਰਪ੍ਰੀਤ ਸਿੰਘ ਨੇ ਪਿਛਲੇ ਸਮੇਂ ਦੌਰਾਨ ਉਪ ਮੰਡਲ ਪੁਲਿਸ ਵੱਲੋਂ ਹਾਸਲ ਕੀਤੀਆਂ ਪ੍ਰਾਪਤੀਆਂ ਦਾ ਵੇਰਵਾ ਸਾਂਝਾ ਕੀਤਾ।ਉਨ੍ਹਾਂ ਦੱਸਿਆ ਕਿ ਪੁਲਿਸ ਦਿਨ-ਰਾਤ ਨਸ਼ਾ ਤਸਕਰਾਂ ਨੂੰ ਨੱਥ ਪਾਉਣ ਲਈ ਸਰਗਰਮ ਹੈ।

## ਮੰਡੀਆਂ 'ਚ ਲਿਫਟਿੰਗ ਦੀ ਸੁਸਤ ਰਫ਼ਤਾਰ ਤੇ ਕਿਸਾਨੀ ਮੰਗਾਂ ਸੰਬੰਧੀ ਮੁੱਖ ਮੰਤਰੀ ਦੇ ਨਾਂਅ ਸੌਂਪਿਆ ਮੰਗ ਪੱਤਰ



**ਫ਼ਿਰੋਜ਼ਪੁਰ (ਗੁਰਬਚਨ ਸਿੰਘ)**

ਭਾਰਤੀ ਕਿਸਾਨ ਯੂਨੀਅਨ (ਸਿੱਧੂਪੁਰ) ਦੇ ਸੂਬਾ ਕਮੇਟੀ ਮੈਂਬਰ ਗੁਰਮੀਤ ਸਿੰਘ ਘੋੜੇਚੱਕ ਦੀ ਅਗਵਾਈ 'ਚ ਕਿਸਾਨਾਂ ਦੇ ਇੱਕ ਵਫ਼ਦ ਵੱਲੋਂ ਡਿਪਟੀ ਕਮਿਸ਼ਨਰ ਰਾਹੀਂ ਮੁੱਖ ਮੰਤਰੀ ਨੂੰ ਇੱਕ ਅਹਿਮ ਮੰਗ ਪੱਤਰ ਭੇਜਿਆ ਗਿਆ।ਇਸ ਮੰਗ ਪੱਤਰ ਰਾਹੀਂ ਕਿਸਾਨ ਆਗੂਆਂ ਨੇ ਕਣਕ ਦੇ ਚੱਲ ਰਹੇ ਸੀਜ਼ਨ ਦੌਰਾਨ ਮੰਡੀਆਂ 'ਚ ਦਰਪੇਸ਼ ਮੁਸ਼ਕਲਾਂ ਤੇ ਖ਼ਰਾਬ ਹੋਈਆਂ ਫ਼ਸਲਾਂ ਦੇ ਮੁਆਵਜ਼ੇ ਦੀ ਮੰਗ ਨੂੰ ਜ਼ੋਰ-ਸ਼ੋਰ ਨਾਲ ਉਠਾਇਆ ਹੈ।ਕਿਸਾਨ ਆਗੂਆਂ ਨੇ ਦੱਸਿਆ ਕਿ ਸਾਲ 2026 ਦੇ ਸੀਜ਼ਨ ਦੌਰਾਨ ਕਣਕ ਦੀ ਤੁਲਾਈ ਦਾ ਕੰਮ ਲਗਭਗ ਮੁਕੰਮਲ ਹੋ ਚੁੱਕਾ ਹੈ ਤੇ ਆੜ੍ਹਤੀਆਂ ਵੱਲੋਂ ਕਣਕ ਦੀਆਂ ਧਾਂਕਾਂ ਮੰਡੀਆਂ 'ਚ ਲਾ ਦਿੱਤੀਆਂ ਗਈਆਂ ਹਨ।ਪਰ ਅਫ਼ਸੋਸ ਦੀ ਗੱਲ ਹੈ ਕਿ ਸਬੰਧਤ ਟੈਂਡਰਕਾਰਾਂ ਵੱਲੋਂ ਢੋਆ-ਢੁਆਈ (ਲਿਫਟਿੰਗ) ਦੇ ਪੁਖ਼ਤਾ ਪ੍ਰਬੰਧ ਨਹੀਂ ਕੀਤੇ ਗਏ।

ਲਿਫਟਿੰਗ ਨਾ ਹੋਣ ਕਾਰਨ ਮੰਡੀਆਂ ਵਿੱਚ ਖੁੱਲ੍ਹੇ ਅਸਮਾਨ ਹੇਠ ਪਈ ਕਣਕ ਸੁੱਕ ਰਹੀ ਹੈ, ਜਿਸ ਨਾਲ ਵਜ਼ਨ ਘਟ ਰਿਹਾ ਹੈ ਤੇ ਕਿਸਾਨਾਂ ਨੂੰ ਆਰਥਿਕ ਨੁਕਸਾਨ ਝੱਲਣਾ ਪੈ ਰਿਹਾ ਹੈ।ਜਥੇਬੰਦੀ ਨੇ ਚਿੰਤਾ ਪ੍ਰਗਟਾਈ ਕਿ ਅੱਜ-ਕੱਲ੍ਹ ਖੇਤਾਂ ਵਿੱਚ ਕਣਕ ਦੇ ਨਾੜ ਨੂੰ ਅੱਗ ਲੱਗਣ ਦੀਆਂ ਘਟਨਾਵਾਂ ਵਧ ਰਹੀਆਂ ਹਨ।ਜ਼ਿਆਦਾਤਰ ਅਨਾਜ ਮੰਡੀਆਂ ਖੇਤਾਂ ਦੇ ਬਿਲਕੁਲ ਨਜ਼ਦੀਕ ਹਨ, ਜਿਸ ਕਾਰਨ ਮੰਡੀਆਂ 'ਚ ਪਏ ਕਰੋੜਾਂ ਰੁਪਏ ਦੇ ਮਾਲ ਨੂੰ ਅੱਗ ਲੱਗਣ ਦਾ ਗੰਭੀਰ ਖ਼ਤਰਾ ਬਣਿਆ ਹੋਇਆ ਹੈ।

ਕਿਸਾਨਾਂ ਮੰਗ ਕੀਤੀ ਕਿ ਟੈਂਡਰਕਾਰਾਂ ਨੂੰ ਤੁਰੰਤ ਸਖ਼ਤ ਹਦਾਇਤਾਂ ਜਾਰੀ ਕੀਤੀਆਂ ਜਾਣ ਤਾਂ ਜੁ ਲਿਫਟਿੰਗ ਵਿੱਚ ਤੇਜ਼ੀ ਲਿਆਂਦੀ ਜਾ ਸਕੇ।ਕਿਸਾਨਾਂ ਨੇ ਦੋਸ਼ ਲਾਇਆ ਕਿ ਖਰੀਦ ਏਜੰਸੀਆਂ ਵੱਲੋਂ ਦਿੱਤੇ ਗਏ 'ਲਾਲ ਧਾਰੀ' ਵਾਲੇ ਬਾਰਦਾਨੇ ਨੂੰ ਹੁਣ ਵਾਪਸ ਮੋੜ ਕੇ ਪ੍ਰੇਸ਼ਾਨ ਕੀਤਾ ਜਾ ਰਿਹਾ ਹੈ।ਤੇਜ਼ ਗਰਮੀ ਕਾਰਨ ਕਣਕ ਪੂਰੀ ਤਰ੍ਹਾਂ ਸੁੱਕ ਚੁੱਕੀ ਹੈ, ਪਰ ਫਿਰ ਵੀ ਨਮੀ (ਮੌਸਚਰ) ਦੇ ਨਾਂਅ 'ਤੇ ਗੱਡੀਆਂ ਵਾਪਸ ਕੀਤੀਆਂ ਜਾ ਰਹੀਆਂ ਹਨ।ਸਭ ਤੋਂ ਵੱਡੀ ਮਾਰ ਕਿਸਾਨਾਂ 'ਤੇ ਇਹ ਪੈ ਰਹੀ ਹੈ ਕਿ ਉਨ੍ਹਾਂ ਦੇ ਖਾਤਿਆਂ ਵਿੱਚ ਫ਼ਸਲ ਦੀ ਅਦਾਇਗੀ ਸਮੇਂ ਸਿਰ ਨਹੀਂ ਪਹੁੰਚ ਰਹੀ। ਕਿਸਾਨ ਆਗੂਆਂ ਨੇ ਪਿਛਲੇ ਦਿਨੀਂ ਹੋਈ ਗੜ੍ਹੇਮਾਰੀ ਅਤੇ ਅੱਗ ਲੱਗਣ ਕਾਰਨ ਸੜੀਆਂ ਫ਼ਸਲਾਂ ਦਾ ਮੁੱਦਾ ਵੀ ਚੁੱਕਿਆ।ਉਨ੍ਹਾਂ ਕਿਹਾ ਕਿ ਕਈ ਇਲਾਕਿਆਂ ਵਿੱਚ ਪੱਕੀ-ਪਕਾਈ ਫ਼ਸਲ ਕੁਦਰਤੀ ਆਫ਼ਤਾਂ ਤੇ ਅੱਗ ਦੀ ਭੇਟ ਚੜ੍ਹ ਗਈ ਹੈ।ਸਰਕਾਰ ਤੋਂ ਮੰਗ ਕੀਤੀ ਗਈ ਕਿ ਪ੍ਰਭਾਵਤ ਪੀੜਤ ਕਿਸਾਨਾਂ ਨੂੰ ਬਣਦਾ ਮੁਆਵਜ਼ਾ ਤੁਰੰਤ ਜਾਰੀ ਕੀਤਾ ਜਾਵੇ ਤਾਂ ਜੁ ਉਹ ਅਗਲੀ ਫ਼ਸਲ ਦੀ ਬਿਜਾਈ ਕਰ ਸਕਣ।

## ਬਿਜਲੀ ਕੱਟਾਂ ਕਾਰਨ ਲੋਕਾਂ 'ਚ ਹਾਹਾਕਾਰ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪੰਜਾਬ ਇਸ ਸਮੇਂ ਗੰਭੀਰ ਬਿਜਲੀ ਸੰਕਟ ਦਾ ਸਾਹਮਣਾ ਕਰ ਰਿਹਾ ਹੈ। ਅੰਤਰਰਾਸ਼ਟਰੀ ਪੱਧਰ 'ਤੇ ਖਾੜੀ ਯੁੱਧ (ਭੂ-ਸਿਆਸੀ ਤਣਾਅ) ਕਾਰਨ ਪੈਦਾ ਹੋਏ ਹਾਲਾਤ ਨੇ ਪਾਵਰ ਐਕਸਚੇਂਜ ਵਿਚ ਬਿਜਲੀ ਦੀਆਂ ਕੀਮਤਾਂ ਨੂੰ 11.50 ਰੁਪਏ ਪ੍ਰਤੀ ਯੂਨਿਟ ਦੇ ਉੱਚ ਪੱਧਰ 'ਤੇ ਪਹੁੰਚਾ ਦਿੱਤਾ ਹੈ।ਇਸ ਬੇਤਹਾਸ਼ਾ ਵਾਧੇ ਕਾਰਨ ਪਾਵਰਕਾਮ ਨੇ ਮਹਿੰਗੀ ਬਿਜਲੀ ਖਰੀਦਣ ਦੀ ਬਜਾਏ ਸੂਬੇ ਵਿਚ ਬਿਜਲੀ ਕੱਟ ਲਾਉਣ ਦਾ ਫੈਸਲਾ ਕੀਤਾ ਹੈ।ਹਾਲਾਂਕਿ ਪਾਵਰਕਾਮ ਨੇ ਕੁਝ ਥਾਈਂ ਕੱਟਾਂ ਤੋਂ ਰਾਹਤ ਵੀ ਦਿੱਤੀ ਹੈ।ਰਿਪੋਰਟਾਂ ਮੁਤਾਬਕ ਇਸ ਸਾਲ ਅਪ੍ਰੈਲ ਮਹੀਨੇ ਵਿਚ ਬਿਜਲੀ ਦੀ ਰੋਜ਼ਾਨਾ ਮੰਗ 11,500 ਮੈਗਾਵਾਟ ਤੱਕ ਪਹੁੰਚ ਗਈ ਹੈ, ਜੋ ਪਿਛਲੇ ਸਾਲ ਦੇ ਮੁਕਾਬਲੇ 1,500 ਮੈਗਾਵਾਟ ਜ਼ਿਆਦਾ ਹੈ।ਇਸ ਦਾ ਮੁੱਖ ਕਾਰਨ ਸਮੇਂ ਤੋਂ 15 ਦਿਨ ਪਹਿਲਾਂ ਆਈ ਭਿਆਨਕ ਗਰਮੀ (ਹੀਟਵੇਵ) ਨੂੰ ਮੰਨਿਆ ਜਾ ਰਿਹਾ ਹੈ।ਇਸ ਤੋਂ ਇਲਾਵਾ ਗੈਸ ਅਧਾਰਤ ਪਲਾਂਟਾਂ ਲਈ ਆਰ. ਐੱਲ.ਐੱਨ.ਜੀ. ਗੈਸ ਦੀਆਂ ਕੀਮਤਾਂ 10-11 ਡਾਲਰ ਤੋਂ ਵੱਧ ਕੇ 20-21 ਡਾਲਰ ਪ੍ਰਤੀ ਮਿਲੀਅਨ ਥਰਮਲ ਯੂਨਿਟ ਹੋ ਗਈਆਂ ਹਨ, ਜਿਸ ਕਾਰਨ ਬਿਜਲੀ ਉਤਪਾਦਨ ਬਹੁਤ ਮਹਿੰਗਾ ਹੋ ਗਿਆ ਹੈ। ਆਲਮ ਇਹ ਹੈ ਕਿ ਪਾਵਰਕਾਮ ਵੱਲੋਂ ਮਹਿੰਗੀ ਬਿਜਲੀ ਨਾ ਖਰੀਦਣ ਦੇ ਫੈਸਲੇ ਕਾਰਨ ਪੇਂਡੂ ਖੇਤਰਾਂ ਵਿਚ 2 ਤੋਂ 4 ਘੰਟੇ ਦੇ ਬਿਜਲੀ ਕੱਟ ਲਾਏ ਜਾ ਰਹੇ ਹਨ।ਜੇਕਰ ਕੋਲੇ ਨਾਲ ਚੱਲਣ ਵਾਲੇ ਥਰਮਲ ਪਲਾਂਟਾਂ ਦੀ ਗੱਲ ਕਰੀਏ ਤਾਂ ਉੱਥੇ ਬਿਜਲੀ ਦੀ ਲਾਗਤ 4 ਤੋਂ 7.50 ਰੁਪਏ ਪ੍ਰਤੀ ਯੂਨਿਟ ਦੇ ਵਿਚਕਾਰ ਰਹਿੰਦੀ ਹੈ, ਪਰ ਮੌਜੂਦਾ ਸਥਿਤੀ ਵਿਚ ਐਕਸਚੇਂਜ ਦੀਆਂ ਦਰਾਂ ਪਾਵਰਕਾਮ ਦੀ ਖਰੀਦ ਸਮਰੱਥਾ ਤੋਂ ਬਾਹਰ ਹੋ ਗਈਆਂ ਹਨ।ਉਧਰ ਪਾਵਰ ਇੰਜੀਨੀਅਰਜ਼ ਐਸੋਸੀਏਸ਼ਨ ਦੇ ਮਾਹਿਰਾਂ ਅਨੁਸਾਰ ਪੰਜਾਬ ਨੂੰ ਕੇਂਦਰੀ ਪੂਲ 'ਤੇ ਆਪਣੀ ਨਿਰਭਰਤਾ ਘਟਾਉਣ ਦੀ ਲੋੜ ਹੈ।ਉਨ੍ਹਾਂ ਸੁਝਾਅ ਦਿੱਤਾ ਕਿ ਸੂਬੇ ਵਿਚ 2,100 ਮੈਗਾਵਾਟ ਦੇ ਤਿੰਨ ਨਵੇਂ ਥਰਮਲ ਪਲਾਂਟ ਲਾਉਣ ਦੀ ਲੋੜ ਹੈ।ਇਸ ਤੋਂ ਇਲਾਵਾ ਬਠਿੰਡਾ ਥਰਮਲ ਪਲਾਂਟ ਦੀ ਖਾਲੀ ਪਈ ਜ਼ਮੀਨ 'ਤੇ 250 ਮੈਗਾਵਾਟ ਦਾ ਸੋਲਰ ਪਲਾਂਟ ਲਾਇਆ ਜਾ ਸਕਦਾ ਹੈ, ਜੋ ਗ਼ਰਮੀ ਦੇ ਮਹੀਨਿਆਂ ਵਿਚ ਵਾਧੂ ਮੰਗ ਨੂੰ ਪੂਰਾ ਕਰਨ ਵਿਚ ਸਹਾਇਕ ਹੋਵੇਗਾ।

## ਸੀਵਰੇਜ ਦਾ ਪਾਣੀ ਸੜਕਾਂ 'ਤੇ, ਲੋਕ ਪ੍ਰੇਸ਼ਾਨ

### ਸੁਧਾਰ ਕਮੇਟੀ ਨੇ ਤੁਰੰਤ ਐਕਸ਼ਨ ਲੈਂਦੇ ਸੱਦੀ ਮੀਟਿੰਗ



**ਮਮਦੋਟ (ਜਸਬੀਰ ਸਿੰਘ ਕੰਬੋਜ)**

ਕਸਬਾ ਮਮਦੋਟ ਵਿੱਚ ਵੱਡੀ ਲਾਗਤ ਨਾਲ ਪੈ ਰਹੇ ਸੀਵਰੇਜ ਪ੍ਰੋਜੈਕਟ ਵਿੱਚ ਹੋਈਆਂ ਭਾਰੀ ਬੇਨਿਯਮੀਆਂ ਕਾਰਨ ਉਦਘਾਟਨ ਹੋਣ ਤੋਂ ਪਹਿਲਾਂ ਹੀ ਇਸ ਨੇ ਆਪਣਾ ਰੰਗ ਵਿਖਾਉਣਾ ਸ਼ੁਰੂ ਕਰ ਦਿੱਤਾ ਹੈ। ਸੀਵਰੇਜ ਪ੍ਰੋਜੈਕਟ ਕਾਰਨ ਪੁੱਟੀਆਂ ਹੋਈਆਂ ਸੜਕਾਂ ਕਾਰਨ ਪਿਛਲੇ ਦੋ ਸਾਲ ਤੋਂ ਨਰਕ ਭਰੀ ਜ਼ਿੰਦਗੀ ਜਿਊਣ ਵਾਸਤੇ ਮਜਬੂਰ ਮਮਦੋਟ ਵਾਸੀਆਂ ਨੂੰ ਆਸ ਸੀ ਕਿ ਜਦ ਇਹ ਪ੍ਰੋਜੈਕਟ ਕੰਪਲੀਟ ਹੋ ਜਾਵੇਗਾ ਤਾਂ ਉਨ੍ਹਾਂ ਨੂੰ ਸੁੱਖ ਦਾ ਸਾਹ ਆਵੇਗਾ, ਪਰ ਹੋਇਆ ਇਸਦੇ ਬਿਲਕੁਲ ਉਲਟ। ਭਾਰੀ ਬੇਨਿਯਮੀਆਂ ਕਾਰਨ ਉਦਘਾਟਨ ਤੋਂ ਪਹਿਲਾਂ ਹੀ ਇਹ ਸੀਵਰੇਜ ਪ੍ਰੋਜੈਕਟ ਜਗ੍ਹਾ-ਜਗ੍ਹਾ ਤੋਂ ਜਾਮ ਹੋ ਗਿਆ। ਬਰਸਾਤ ਦਾ ਪਾਣੀ ਤਾਂ ਸੀਵਰੇਜ ਪ੍ਰੋਜੈਕਟ ਨੇ ਕੀ ਝੱਲਣਾ ਹੈ, ਇਹ ਮਮਦੋਟ ਦਾ ਨਿਕਾਸੀ ਨਾਲੀਆਂ ਵਾਲਾ ਪਾਣੀ ਵੀ ਨਹੀਂ ਝੱਲ ਸਕਿਆ।

ਗਲੀਆਂ ਬਾਜ਼ਾਰਾਂ ਵਿੱਚ ਸੀਵਰੇਜ ਦੇ ਨਿਕਾਸੀ ਗੰਦੇ ਪਾਣੀ ਦੇ ਖੜ੍ਹੇ ਹੋਣ ਕਾਰਨ ਜਿੱਥੇ ਲੋਕਾਂ ਦਾ ਘਰਾਂ ਵਿੱਚੋਂ ਨਿਕਲਣਾ ਮੁਸ਼ਕਲ ਹੋਇਆ ਹੈ, ਉਥੇ ਸੜਕ ਉੱਪਰ ਸਕੂਲ ਵਾਲੇ ਰਸਤੇ 'ਤੇ ਖੜ੍ਹੇ ਗੰਦੇ ਪਾਣੀ ਕਾਰਨ ਸਿੱਖਿਆ ਦੇ ਖੇਤਰ ਵਿੱਚ ਇਲਾਕੇ ਦੀ ਨਾਮਵਰ ਸੰਸਥਾ ਸਿਟੀ ਹਾਰਟ ਸਕੂਲ ਮਮਦੋਟ ਨੂੰ ਜਾਣ ਵਾਲੇ ਰਸਤੇ ਵਿੱਚ ਚਿੱਕੜ ਖੋਭਾ ਹੋਣ ਕਾਰਨ ਸਕੂਲ ਦੋ ਦਿਨਾਂ ਵਾਸਤੇ ਬੰਦ ਕਰਨਾ ਪਿਆ ਹੈ।ਪਿਛਲੇ ਕਰੀਬ ਇੱਕ ਹਫ਼ਤੇ ਤੋਂ ਲਾਰਿਆਂ ਨਾਲ ਡੰਗ ਟਪਾ ਰਹੇ ਨਗਰ ਪੰਚਾਇਤ ਮਮਦੋਟ ਅਧਿਕਾਰੀਆਂ ਤੋਂ ਦੁਖੀ ਮਮਦੋਟ ਸੁਧਾਰ ਕਮੇਟੀ ਵੱਲੋਂ ਹੰਗਾਮੀ ਮੀਟਿੰਗ ਗੁਰਦੁਆਰਾ ਸਿੰਘ ਸਭਾ ਵਿਖੇ ਸੱਦੀ ਗਈ।ਹਰਸਿਮਰਨ ਸਿੰਘ ਬਾਵਾ ਦੀ ਅਗਵਾਈ ਵਿੱਚ ਸੱਦੀ ਮੀਟਿੰਗ ਵਿੱਚ ਵੱਡੀ ਗਿਣਤੀ ਵਿੱਚ ਹਾਜ਼ਰ ਪਿੰਡ ਵਾਸੀਆਂ ਵੱਲੋਂ ਪ੍ਰਸ਼ਾਸਨ ਤੇ ਨਗਰ ਪੰਚਾਇਤ ਅਧਿਕਾਰੀਆਂ ਨੂੰ ਚੇਤਾਵਨੀ ਦਿੱਤੀ ਗਈ ਕਿ ਜੇ ਚਾਰ-ਪੰਜ ਦਿਨ ਵਿੱਚ ਸੀਵਰੇਜ ਅਤੇ ਸੜਕਾਂ ਦੇ ਕੰਮ ਵਿੱਚ ਸੁਧਾਰ ਨਾ ਹੋਇਆ ਤਾਂ ਆਉਂਦੇ ਐਤਵਾਰ ਦੀ ਮੀਟਿੰਗ ਵਿੱਚ ਸਖਤ ਫੈਸਲੇ ਲਏ ਜਾਣਗੇ।

ਹਰਸਿਮਰਨ ਸਿੰਘ ਬਾਵਾ ਨੇ ਕਿਹਾ ਕਿ ਅਧਿਕਾਰੀਆਂ ਦੇ ਧਿਆਨ ਵਿੱਚ ਵਾਰ-ਵਾਰ ਲਿਆਉਣ ਦੇ ਬਾਵਜੂਦ ਖਾਸ ਅਸਰ ਨਹੀਂ ਹੋ ਰਿਹਾ, ਜਿਸ ਕਾਰਨ ਕਸਬਾ ਵਾਸੀਆ ਨੂੰ ਮਜਬੂਰਨ ਕਸਬੇ ਦੀਆਂ ਦੁਕਾਨਾਂ ਬੰਦ ਕਰਕੇ ਰੋਸ ਧਰਨਾ ਦੇਣ ਲਈ ਮਜਬੂਰ ਹੋਣਾ ਪਵੇਗਾ, ਜਿਸ ਦੀ ਸਾਰੀ ਜਿੰਮੇਵਾਰੀ ਪ੍ਰਸ਼ਾਸਨ ਅਤੇ ਨਗਰ ਪੰਚਾਇਤ ਅਧਿਕਾਰੀਆਂ ਦੀ ਹੋਵੇਗੀ।

## 'ਅਜ਼ਾਦੀ ਘੁਲਾਟੀਏ ਕਾ. ਜੰਗੀਰ ਸਿੰਘ ਜੋਗਾ ਦੀ ਜ਼ਿੰਦਗੀ' ਤੇ 'ਮਾਰੂਥਲ ਦੇ ਬਿਰਖ' ਕਿਤਾਬਾਂ ਲੋਕ ਅਰਪਣ




**ਛਾਜਲੀ (ਜਸਵੀਰ ਲਾਡੀ)**

ਸਾਹਿਤਕ ਖੇਤਰ ਵਿੱਚ ਪੰਜਾਬ ਦੇ ਵੱਖ-ਵੱਖ ਸਾਹਿਤਕਾਰਾਂ ਵੱਲੋਂ ਅਹਿਮ ਪੁਲਾਂਘ ਪੁੱਟਦਿਆਂ ਡਾ. ਦੇਵ ਰਾਜ ਡੀ.ਏ.ਵੀ. ਪਬਲਿਕ ਸਕੂਲ ਵਿੱਚ ਸਨਮਾਨ ਕਮੇਟੀ ਵੱਲੋਂ ਲੋਕ ਅਰਪਣ ਸਮਾਰੋਹ ਦਾ ਆਯੋਜਨ ਕੀਤਾ ਗਿਆ।ਸਮਾਗਮ ਬਾਰੇ ਜਾਣਕਾਰੀ ਦਿੰਦਿਆਂ ਜਗਜੀਤ ਭੁਟਾਲ, ਪ੍ਰਵੀਨ ਖੋਖਰ, ਸਤਵੰਤ ਸਿੰਘ ਖੰਡੇਬਾਦ, ਲਛਮਣ ਸਿੰਘ ਅਲੀਸ਼ੇਰ, ਰਘਵੀਰ ਸਿੰਘ ਭੁਟਾਲ, ਡਾ. ਸੁਖਜਿੰਦਰ ਲਾਲੀ, ਬਲਦੇਵ ਸਿੰਘ ਚੀਮਾ ਨੇ ਦੱਸਿਆ ਕਿ ਇਸ ਪ੍ਰੋਗਰਾਮ ਵਿੱਚ ਪੰਜਾਬ ਦੇ ਵੱਖ-ਵੱਖ ਕੋਨਿਆਂ ਤੋਂ ਪ੍ਰਗਤੀਸ਼ੀਲ ਵਿਚਾਰਾਂ ਦੇ ਧਾਰਨੀ, ਸਾਹਿਤਕਾਰਾਂ, ਬੁੱਧੀਜੀਵੀਆਂ ਤੋਂ ਇਲਾਵਾ ਹੋਰ ਪ੍ਰਮੁੱਖ ਸਖਸ਼ੀਅਤਾਂ ਨੇ ਸ਼ਮੂਲੀਅਤ ਕੀਤੀ।

ਮਾ. ਰਤਨਪਾਲ ਡੂਡੀਆ ਦੁਆਰਾ ਦੇਸ ਰਾਜ ਛਾਜਲੀ ਦੀ ਪੁਸਤਕ 'ਪ੍ਰਸਿੱਧ ਅਜ਼ਾਦੀਏ ਘੁਲਾਟੀਏ ਕਾਮਰੇਡ ਜੰਗੀਰ ਸਿੰਘ ਜੋਗਾ ਜੀ ਦੀ ਜ਼ਿੰਦਗੀ' 'ਤੇ ਅਧਾਰਤ ਪੁਸਤਕ 'ਤੇ ਵਿਚਾਰ-ਵਟਾਂਦਰਾ ਕਰਦਿਆਂ ਕਿਹਾ ਕਿ ਇਹ ਕਾਵਿ-ਕਿੱਸਾ, ਕਾਵਿ ਦੇ ਰੂਪ ਵਿੱਚ ਲਿਖਿਆ ਹੋਇਆ ਹੈ।ਉਨ੍ਹਾਂ ਉੱਘੇ ਲੇਖਕ ਗੁਰਮੇਲ ਸਿੰਘ ਸਨੀ ਦੀ ਪੁਸਤਕ 'ਮਾਰੂਥਲ ਦੇ ਬਿਰਖ' ਬਾਰੇ ਦੱਸਦਿਆ ਕਿਹਾ ਕਿ ਇਸ ਵਿੱਚ ਲੇਖਕ ਨੇ ਖ਼ੁਦ ਦੇ ਨਾਲ-ਨਾਲ ਸਮਾਜ ਦਾ ਦਰਦ, ਮਨੁੱਖੀ ਪੀੜਾਂ ਤੇ ਸੰਵੇਦਨਾ ਨੂੰ ਚਰਚਾ ਦਾ ਵਿਸ਼ਾ ਬਣਾਇਆ ਤੇ ਉਸਦੀ ਕਲਾਤਮਕਤਾ ਪ੍ਰਤੀਕ, ਬਿੰਬ ਅਤੇ ਸ਼ਬਦਾਂ ਦੀ ਜਾਦਗੂਰੀ ਨੂੰ ਉਘਾੜਿਆ ਹੈ।ਇਸ ਤੋਂ ਬਾਅਦ ਮਾ. ਜੀਵਨ ਰਾਮ ਚੋਟੀਆਂ ਜੋ ਜਮਹੂਰੀ ਲਹਿਰ ਦੇ ਆਗੂ ਤੇ ਇੱਕ ਚੰਗੇ ਅਧਿਆਪਕ ਵਜੋਂ ਸਮਾਜ ਵਿੱਚ ਵਿਚਰੇ, ਬਾਰੇ ਵੀ ਚਰਚਾ ਕੀਤੀ ਗਈ।

ਪ੍ਰੋ. ਜਗਤਾਰ ਸਿੰਘ ਜੋਗਾ ਨੇ ਵੀ ਦੇਸ਼ ਭਗਤ ਅਤੇ ਅਜ਼ਾਦੀ ਘੁਲਾਟੀਏ ਸਾਥੀ ਜੰਗੀਰ ਸਿੰਘ ਜੋਗਾ ਤੇ ਹੋਰ ਸਾਹਿਤਕ, ਸਮਾਜਿਕ ਪਹਿਲੂਆਂ 'ਤੇ ਚਰਚਾ ਕੀਤੀ।ਗੁਰਮੀਤ ਸਿੰਘ ਜੋ ਜੰਗੀਰ ਸਿੰਘ ਜੋਗਾ ਦੇ ਭਤੀਜੇ ਹਨ, ਨੇ ਵੀ ਆਪਣੇ ਪਰਵਾਰ ਦੇ ਜੀਵਨ ਸੰਘਰਸ਼ ਅਤੇ ਨਿਭਾਏ ਰੋਲ ਬਾਰੇ ਵਿਸਥਾਰ ਪੂਰਵਕ ਵਿਚਾਰ ਰੱਖੇ।ਸਨਮਾਨ ਕਮੇਟੀ ਵੱਲੋਂ ਦੇਸ ਰਾਜ ਛਾਜਲੀ, ਗੁਰਮੇਲ ਸਿੰਘ ਸਨੀ ਤੇ ਮਾ. ਜੀਵਨ ਰਾਮ ਚੋਟੀਆਂ ਦਾ ਸਨਮਾਨ ਕੀਤਾ ਗਿਆ।ਸਟੇਜ ਸਕੱਤਰ ਦੀ ਭੂਮਿਕਾ ਰਘਵੀਰ ਸਿੰਘ ਭੁਟਾਲ ਨੇ ਨਿਭਾਈ ਜਦੋਂ ਕਿ ਸ੍ਰ ਜਗਜੀਤ ਸਿੰਘ ਭੁਟਾਲ ਨੇ ਵੱਖ-ਵੱਖ ਸਖਸ਼ੀਅਤਾਂ ਦਾ ਪ੍ਰੋਗਰਾਮ ਵਿੱਚ ਸ਼ਿਰਕਤ ਕਰਨ 'ਤੇ ਜੀ ਆਇਆਂ ਨੂੰ ਆਖਿਆ ਤੇ ਕਾਮਰੇਡ ਸਤਵੰਤ ਸਿੰਘ ਖੰਡੇਬਾਦ ਨੇ ਸਭਨਾਂ ਦਾ ਧੰਨਵਾਦ ਕੀਤਾ।

## 43ਵੀਂ ਨਾਟਕਾਂ ਤੇ ਗੀਤਾਂ ਭਰੀ ਰਾਤ ਪਹਿਲੀ ਮਈ ਨੂੰ ਮਨਾਈ ਜਾ ਰਹੀ

**ਲੁਧਿਆਣਾ (ਸਤੀਸ਼ ਸਚਦੇਵਾ)**-ਬੱਬਰ ਅਕਾਲੀ ਲਹਿਰ ਦੀ ਸ਼ਹਾਦਤ ਸ਼ਤਾਬਦੀ (2026) ਅਤੇ ਜੰਗ ਵਿਰੋਧੀ ਲੋਕ ਲਹਿਰ ਨੂੰ ਸਮਰਪਤ ਹੋਏਗੀ। ਕੌਮਾਂਤਰੀ ਮਜ਼ਦੂਰ ਦਿਹਾੜੇ ਮੌਕੇ ਪੰਜਾਬੀ ਭਵਨ ਲੁਧਿਆਣਾ ਵਿਖੇ ਪਹਿਲੀ ਮਈ ਨੂੰ 43ਵੀਂ ਨਾਟਕਾਂ ਅਤੇ ਗੀਤਾਂ ਭਰੀ ਰਾਤ ਮਨਾਈ ਜਾ ਰਹੀ । ਇਸ ਸਮਾਗਮ ਦੀ ਸਫ਼ਲਤਾ ਲਈ ਤਿਆਰੀ ਮੁਹਿੰਮ ਪੂਰੇ ਪੰਜਾਬ ਵਿਚ ਜੋਸ਼ੋ ਖ਼ਰੋਸ਼ ਨਾਲ ਚੱਲ ਰਹੀ ਹੈ। ਪੰਜਾਬੀ ਸਹਿਤ ਅਕੈਡਮੀ ਲੁਧਿਆਣਾ ਅਤੇ ਦਰਜਨਾਂ ਹੀ ਮਜ਼ਦੂਰ ਕਿਸਾਨ ਨੌਜਵਾਨ ਸਾਹਿਤਿਕ ਸੱਭਿਆਚਾਰਕ ਸੰਸਥਾਵਾਂ ਦੇ ਸਹਿਯੋਗ ਨਾਲ ਹੋ ਰਹੇ ਪਲਸ ਮੰਚ ਦੇ ਇਸ ਮਿਸਾਲੀ ਸੱਭਿਆਚਾਰਕ ਸਮਾਗਮ ਨੂੰ ਚਾਰ ਚੰਨ ਲਾਉਣ ਲਈ ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆਂ ਵਿੱਚ ਦਰਜਨਾਂ ਥਾਵਾਂ 'ਤੇ ਗੀਤ ਸੰਗੀਤ ਅਤੇ ਨਾਟ ਵਰਕਸ਼ਾਪਾਂ ਲੱਗੀਆਂ ਹੋਈਆਂ ਹਨ। ਪੰਜਾਬੀ ਭਵਨ ਦੇ ਬਲਰਾਜ ਸਾਹਨੀ ਖੁੱਲ੍ਹੇ ਰੰਗਮੰਚ 'ਤੇ ਹੋ ਰਹੇ ਸਮਾਗਮ ਵਿੱਚ ਅੱਧੀ ਦਰਜਨ ਤੋਂ ਵੱਧ ਨਾਟਕ ਅਤੇ ਇੰਨੀਆਂ ਹੀ ਸੰਗੀਤ ਮੰਡਲੀਆਂ ਦੇ ਸੈਂਕੜੇ ਕਲਾਕਾਰ ਬਹੁਤ ਹੀ ਢੁਕਵੇਂ ਅਤੇ ਵੰਨ ਸੁਵੰਨੇ ਵਿਸ਼ਿਆਂ ਨਾਲ ਸੰਬੰਧਤ ਨਾਟਕ ਅਤੇ ਗੀਤ ਸੰਗੀਤ ਲੈ ਕੇ ਪਹੁੰਚ ਰਹੇ ਹਨ । ਸਮਾਜ ਅੰਦਰ ਫੈਲੇ ਹਨੇਰੇ ਨੂੰ ਰੁਸ਼ਨਾਉਂਦੀ ਇਸ ਨਾਟਕਾਂ ਅਤੇ ਗੀਤਾਂ ਭਰੀ ਰਾਤ ਮੌਕੇ ਰੰਗਮੰਚ, ਸਾਹਿਤ ਅਤੇ ਕਲਾ ਜਗਤ ਦੀਆਂ ਸ਼ਖ਼ਸੀਅਤਾਂ ਕੁਲਵੰਤ ਕੌਰ ਨਗਰ, ਬੱਲੀ ਸਿੰਘ ਚੀਮਾ, ਰਣਜੀਤ ਲਹਿਰਾ ਅਤੇ ਪਰਮਜੀਤ ਚੱਕ ਦੇਸ ਰਾਜ ਨੂੰ ਪਲਸ ਮੰਚ ਵੱਲੋਂ ਗੁਰਸ਼ਰਨ ਲੋਕ ਕਲਾ ਸਨਮਾਨ ਨਾਲ ਸਨਮਾਨਤ ਕੀਤਾ ਜਾਏਗਾ। ਇਸ ਰਾਤ ਵਿਸ਼ੇਸ਼ ਖਿੱਚ ਦਾ ਕੇਂਦਰ ਹੋਏਗੀ ਚਿੱਤਰਕਾਰ ਇੰਦਰਜੀਤ ਸਿੰਘ ਜਲੰਧਰ ਵੱਲੋਂ ਲਗਾਈ ਜਾ ਰਹੀ ਜੰਗ ਅਤੇ ਫਾਸ਼ੀਵਾਦ ਵਿਰੋਧੀ ਫੋਟੋ ਕਲਾ ਪ੍ਰਦਰਸ਼ਨੀ। ਇਸ ਰਾਤ ਪਲਸ ਮੰਚ ਵੱਲੋਂ (ਅਮੋਲਕ ਸਿੰਘ, ਯਸ਼ ਪਾਲ ਦੁਆਰਾ ਸੰਪਾਦਿਤ) ਪੁਸਤਕ ਜੰਗ ਤੇ ਜ਼ਿੰਦਗੀ ਸਮੇਤ ਹੋਰ ਕਿਤਾਬਾਂ ਵੀ ਲੋਕ ਅਰਪਣ ਕੀਤੀਆਂ ਜਾਣਗੀਆਂ। ਪੰਜਾਬੀ ਭਵਨ ਦੇ ਖੁੱਲ੍ਹੇ ਘਾਹ ਪਾਰਕ ਵਿੱਚ ਹੀ ਲੱਗੇਗੀ ਪੁਸਤਕ ਪ੍ਰਦਰਸ਼ਨੀ । ਪੰਜਾਬ ਲੋਕ ਸੱਭਿਆਚਾਰਕ ਮੰਚ ਦੇ ਪ੍ਰਧਾਨ ਅਮੋਲਕ ਸਿੰਘ ਅਤੇ ਜਨਰਲ ਸਕੱਤਰ ਕੰਵਲਜੀਤ ਖੰਨਾ ਨੇ ਲੋਕਾਂ ਨੂੰ ਜ਼ੋਰਦਾਰ ਅਪੀਲ ਕੀਤੀ ਹੈ ਕਿ ਉਹ ਪਰਿਵਾਰਾਂ ਸਮੇਤ ਇਸ ਰਾਤ ਬਹੁਤ ਹੀ ਖ਼ੂਬਸੂਰਤ, ਅਮੀਰ ਅਤੇ ਨਰੋਏ ਸਾਹਿਤ ਸੱਭਿਆਚਾਰ ਨਾਲ ਜੁੜਨ ਲਈ ਸ਼ਾਮ 7 ਵਜੇ ਘਾਹ ਪਾਰਕ 'ਚ ਆਪਣੇ ਹੱਥਾਂ ਵਿਚ ਮੋਮਬੱਤੀਆਂ ਅਤੇ ਤਖ਼ਤੀਆਂ ਲੈ ਕੇ ਅਮਰੀਕਾ ਇਜ਼ਰਾਈਲ ਵੱਲੋਂ ਦੁਨੀਆ ਦੇ ਲੋਕਾਂ ਉਪਰ ਜੰਗ ਮੜ੍ਹਨ ਅਤੇ ਸਨਅਤੀ ਕਾਮਿਆਂ ਬੁੱਧੀਜੀਵੀਆਂ ਨੂੰ ਚੋਣਵੇਂ ਕਹਿਰ ਦਾ ਨਿਸ਼ਾਨਾ ਬਣਾਏ ਜਾਣ ਖ਼ਿਲਾਫ਼ ਆਵਾਜ਼ ਬੁਲੰਦ ਕਰਦੇ ਹੋਏ ਸਮਾਗਮ ਦਾ ਆਗਾਜ਼ ਕਰਨ ਦੀ ਰਸਮ ਵਿੱਚ ਸ਼ਾਮਲ ਹੋਣ।

## ਜਵਾਨੀ ਨੂੰ ਨਸ਼ਿਆਂ ਦੇ ਕੋਹੜ ਤੋਂ ਬਚਾਉਣ ਤੇ ਸੜਕੀ ਸੁਰੱਖਿਆ ਲਈ ਜਾਗਰੂਕਤਾ ਮੁਹਿੰਮ

**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)**



ਨੌਜਵਾਨ ਪੀੜ੍ਹੀ ਨੂੰ ਸਮਾਜਿਕ ਬੁਰਾਈਆਂ ਤੋਂ ਦੂਰ ਰੱਖਣ ਤੇ ਸੜਕੀ ਹਾਦਸਿਆਂ ਨੂੰ ਠੱਲ੍ਹ ਪਾਉਣ ਦੇ ਮਕਸਦ ਨਾਲ ਪੁਲਿਸ ਪ੍ਰਸ਼ਾਸਨ ਵੱਲੋਂ ਉਚੇਚਾ ਉਪਰਾਲਾ ਕਰਦਿਆਂ ਟ੍ਰੈਫਿਕ ਇੰਚਾਰਜ ਸੰਜੇ ਕੁਮਾਰ ਦੀ ਰਹਿਨੁਮਾਈ ਹੇਠ 'ਦਿ ਐਂਜ ਓਵਰਸੀਜ਼ ਕੰਸਲਟੈਂਟ' ਵਿਖੇ ਵਿਸ਼ੇਸ਼ ਸੈਮੀਨਾਰ ਕਰਾਇਆ ਗਿਆ, ਜਿਸ ਵਿੱਚ ਵੱਡੀ ਗਿਣਤੀ ਵਿੱਚ ਵਿਦਿਆਰਥੀਆਂ ਨੇ ਸ਼ਮੂਲੀਅਤ ਕੀਤੀ।ਸਮਾਗਮ ਦਾ ਮੁੱਖ ਨਿਸ਼ਾਨਾ ਵਿਦਿਆਰਥੀਆਂ ਨੂੰ ਨਸ਼ਿਆਂ ਦੀ ਲਾਹਨਤ ਤੋਂ ਵਰਜਣਾ ਤੇ ਟ੍ਰੈਫਿਕ ਨਿਯਮਾਂ ਦੀ ਸੁਚੇਤ ਰੂਪ ਵਿੱਚ ਪਾਲਣਾ ਕਰਨ ਲਈ ਪ੍ਰੇਰਿਤ ਕਰਨਾ ਸੀ।ਟ੍ਰੈਫਿਕ ਇੰਚਾਰਜ ਸੰਜੇ ਕੁਮਾਰ ਨੇ ਬੜੇ ਵਿਸਥਾਰ ਨਾਲ ਦੱਸਿਆ ਕਿ ਨਸ਼ਾ ਨਾ ਸਿਰਫ ਸਰੀਰਕ ਤੇ ਮਾਨਸਿਕ ਸਿਹਤ ਨੂੰ ਬਰਬਾਦ ਕਰਦਾ ਹੈ, ਸਗੋਂ ਇਹ ਪਰਵਾਰਕ ਅਤੇ ਸਮਾਜਿਕ ਤਾਣੇ-ਬਾਣੇ ਨੂੰ ਵੀ ਤਾਰ-ਤਾਰ ਕਰ ਦਿੰਦਾ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਸੱਦਾ ਦਿੱਤਾ ਕਿ ਉਹ ਆਪਣੇ ਸੁਪਨਿਆਂ ਨੂੰ ਹਕੀਕਤ ਵਿੱਚ ਬਦਲਣ ਲਈ ਨਸ਼ਿਆਂ ਵਰਗੇ ਮਾਰੂ ਰਾਹਾਂ ਦਾ ਤਿਆਗ ਕਰਨ।ਉਨ੍ਹਾਂ ਕਿਹਾ ਕਿ ਜੇਕਰ ਨੌਜਵਾਨ ਜਾਗਰੂਕ ਹੋਣਗੇ ਤਾਂ ਹੀ ਇੱਕ ਸਿਹਤਮੰਦ ਤੇ ਖੁਸ਼ਹਾਲ ਸਮਾਜ ਦੀ ਸਿਰਜਣਾ ਸੰਭਵ ਹੋ ਸਕੇਗੀ।ਸੜਕੀ ਸੁਰੱਖਿਆ ਬਾਰੇ ਗੱਲ ਕਰਦਿਆਂ ਪੁਲਸ ਅਧਿਕਾਰੀਆਂ ਨੇ ਵਿਦਿਆਰਥੀਆਂ ਨੂੰ ਟ੍ਰੈਫਿਕ ਨਿਯਮਾਂ ਦੀ ਬਾਰੀਕੀ ਨਾਲ ਜਾਣਕਾਰੀ ਦਿੱਤੀ।ਉਨ੍ਹਾਂ ਕਿਹਾ ਕਿ ਜ਼ਿਆਦਾਤਰ ਸੜਕੀ ਹਾਦਸੇ ਮਾਮੂਲੀ ਅਣਗਹਿਲੀ ਕਾਰਨ ਵਾਪਰਦੇ ਹਨ, ਜਿਨ੍ਹਾਂ ਵਿੱਚ ਕੀਮਤੀ ਜਾਨਾਂ ਚਲੀਆਂ ਜਾਂਦੀਆਂ ਹਨ।ਉਨ੍ਹਾਂ ਜ਼ੋਰ ਦਿੱਤਾ ਕਿ ਦੋ ਪਹੀਆ ਵਾਹਨ ਚਲਾਉਣ ਵੇਲੇ ਹੈਲਮਟ ਦੀ ਵਰਤੋਂ ਤੇ ਚਾਰ ਪਹੀਆ ਵਾਹਨਾਂ ਵਿੱਚ ਸੀਟ ਬੈਲਟ ਲਾਉਣਾ ਸਾਡੀ ਆਪਣੀ ਸੁਰੱਖਿਆ ਲਈ ਬੇਹੱਦ ਜ਼ਰੂਰੀ ਹੈ।ਇਸ ਤੋਂ ਇਲਾਵਾ ਉਨ੍ਹਾਂ ਨੇ ਓਵਰ-ਸਪੀਡਿੰਗ ਅਤੇ ਵਾਹਨ ਚਲਾਉਂਦੇ ਸਮੇਂ ਮੋਬਾਈਲ ਦੀ ਵਰਤੋਂ ਨਾ ਕਰਨ ਦੀ ਵੀ ਸਖ਼ਤ ਹਦਾਇਤ ਕੀਤੀ।

ਸੰਸਥਾ ਦੇ ਪ੍ਰਬੰਧਕੀ ਨਿਰਦੇਸ਼ਕ (ਐਮ.ਡੀ.) ਜਗਸੀਰ ਸਿੰਘ ਜੱਗੀ ਢੀਂਡਸਾ ਨੇ ਪੁਲਸ ਵਿਭਾਗ ਵੱਲੋਂ ਕੀਤੇ ਗਏ ਇਸ ਸ਼ਲਾਘਾਯੋਗ ਕਾਰਜ ਦਾ ਸਵਾਗਤ ਕੀਤਾ।ਉਨ੍ਹਾਂ ਕਿਹਾ ਕਿ ਵਿਦਿਅਕ ਅਦਾਰਿਆਂ ਵਿੱਚ ਅਜਿਹੇ ਜਾਗਰੂਕਤਾ ਕੈਂਪ ਲਾਉਣੇ ਸਮੇਂ ਦੀ ਮੁੱਖ ਲੋੜ ਹੈ ਤਾਂ ਜੋ ਬੱਚਿਆਂ ਨੂੰ ਸਹੀ ਮਾਰਗਦਰਸ਼ਨ ਮਿਲ ਸਕੇ।

# ਜਿਆਂਸ਼ੀ ਸ਼ਰਮਾ ਨੇ ਪੰਜਾਬ ਵਿਚੋਂ ਤੀਜਾ ਰੈਂਕ ਹਾਸਲ ਕਰਕੇ ਧੂਰੀ ਦਾ ਨਾਂਅ ਚਮਕਾਇਆ



**ਧੂਰੀ** (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)-ਬੈਡਮਿੰਟਨ ਕੋਚ ਸੰਜੀਵ ਗੋਇਲ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਉਹਨਾਂ ਕੋਲ ਬੈਡਮਿੰਟਨ ਦੀ ਟ੍ਰੇਨਿੰਗ ਲੈ ਰਹੀ ਧੂਰੀ ਦੀ ਜਿਆਂਸ਼ੀ ਸ਼ਰਮਾ ਪੁੱਤਰੀ ਗਗਨ ਸ਼ਰਮਾ ਨੇ ਜਲੰਧਰ ਵਿਖੇ 24 ਤੋਂ 26 ਅਪ੍ਰੈਲ ਤੱਕ ਕਰਵਾਈ ਗਏ ਸਿੰਗਲ ਅਤੇ ਡਬਲ ਸਟੇਟ ਰੈਂਕਿੰਗ ਟੂਰਨਾਮੈਂਟ ਵਿੱਚ ਭਾਗ ਲਿਆ, ਇਹਨਾਂ ਮੁਕਾਬਲਿਆਂ ਵਿੱਚ ਸਾਰੇ ਪੰਜਾਬ ਚੋਂ ਕਰੀਬ 350 ਖਿਡਾਰੀਆਂ ਨੇ ਭਾਗ ਲਿਆ। ਜਿਆਂਸ਼ੀ ਸ਼ਰਮਾਂ ਨੇ ਵਧੀਆ ਪ੍ਰਦਰਸ਼ਨ ਕਰਦੇ ਹੋਏ ਅੰਡਰ-13 ਸਿੰਗਲ ਅਤੇ ਡਬਲ ਮੁਕਾਬਲਿਆਂ ਵਿੱਚ ਤੀਜਾ ਸਥਾਨ ਹਾਸਲ ਕੀਤਾ।ਧੂਰੀ ਦੀ ਉਭਰਦੀ ਖਿਡਾਰਨ ਜਿਆਂਸ਼ੀ ਸ਼ਰਮਾ ਰੌਬਿਨ ਮਾਡਲ ਸਕੂਲ ਦੇ ਇੰਡੋਰ ਬੈਡਮਿੰਟਨ ਹਾਲ 'ਚ ਕੋਚ ਸੰਜੀਵ ਗੋਇਲ ਅਤੇ ਡਾਕਟਰ ਮਨਿੰਦਰ ਧਾਲੀਵਾਲ ਦੀ ਨਿਗਰਾਨੀ 'ਚ ਨਿਯਮਤ ਅਭਿਆਸ ਕਰ ਰਹੀ ਹੈ। ਇਸ ਪੰਜਾਬ ਪੱਧਰ ਦੀ ਸ਼ਾਨਦਾਰ ਜਿੱਤ ਤੋਂ ਬਾਅਦ ਸ਼ਹਿਰ ਦੇ ਖੇਡ ਪ੍ਰੇਮੀਆਂ, ਪਰਿਵਾਰ ਅਤੇ ਸ਼ਹਿਰ ਨਿਵਾਸੀਆਂ 'ਚ ਖੁਸ਼ੀ ਦਾ ਮਾਹੌਲ ਹੈ।ਰੌਬਿਨ ਮਾਡਲ ਸਕੂਲ ਦੀ ਡਾਇਰੈਕਟਰ ਮਧੂ ਸ਼ਰਮਾ ਨੇ ਇਸ ਜਿੱਤ 'ਤੇ ਵਧਾਈ ਦਿੰਦੇ ਹੋਏ ਭਵਿੱਖ ਵਿੱਚ ਹੋਰ ਵੱਡੇ ਮੁਕਾਮ ਹਾਸਲ ਕਰਨ ਲਈ ਅਸ਼ੀਰਵਾਦ ਦਿੱਤਾ। ਇਸ ਮੌਕੇ ਹਰਸ਼ ਜਿੰਦਲ ਐਡਵੋਕੇਟ, ਤਰਲੋਚਨ ਸਿੰਘ, ਪੁਨੀਤ ਕੌਸ਼ਲ ਐਡਵੋਕੇਟ, ਸੁਮਿਤ ਗਰਗ ਅਤੇ ਰਾਜੇਸ਼ ਕੁਮਾਰ ਆਰੀਆ ਵੀ ਮੌਜੂਦ ਸਨ।

# ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ ਦੀ ਰਜਿਸਟ੍ਰੇਸ਼ਨ 5 ਮਈ ਤੋਂ



**ਜਗਰਾਉਂ** (ਸੰਜੀਵ ਅਰੋੜਾ)-ਮੁੱਖ ਮੰਤਰੀ ਮਾਵਾਂ ਧੀਆਂ ਸਤਿਕਾਰ ਯੋਜਨਾ ਦੀ ਰਜਿਸਟ੍ਰੇਸ਼ਨ 'ਚ 5 ਮਈ ਤੋਂ ਸ਼ੁਰੂ ਹੋਣ ਜਾ ਰਹੀ ਹੈ। ਇਹ ਜਾਣਕਾਰੀ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਕਰਮਜੀਤ ਸਿੰਘ ਕੈਂਥ ਨੇ ਦਿੱਤੀ। ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਦੂਜੇ ਪੜਾਅ ਤਹਿਤ ਸਕੀਮ ਅਧੀਨ 40 ਵਿਧਾਨ ਸਭਾ ਹਲਕਿਆਂ 'ਚ ਰਜਿਸਟ੍ਰੇਸ਼ਨ 5 ਮਈ ਤੋਂ ਸ਼ੁਰੂ ਹੋ ਰਹੀ ਹੈ। ਉਨ੍ਹਾਂ ਦੱਸਿਆ ਕਿ ਸਰਕਾਰ ਵੱਲੋਂ ਜਾਰੀ ਪੱਤਰ ਅਨੁਸਾਰ ਇਸ ਵਾਰ ਜਗਰਾਉਂ 'ਚ ਰਜਿਸਟ੍ਰੇਸ਼ਨ ਸ਼ੁਰੂ ਹੋ ਰਹੀ ਹੈ। ਕੈਂਥ ਨੇ ਦੱਸਿਆ ਕਿ ਸੂਬੇ ਭਰ ਦੇ ਆਂਗਣਵਾੜੀ ਕੇਂਦਰਾਂ ਤੇ ਸੇਵਾ ਕੇਂਦਰਾਂ 'ਚ ਇਸ ਯੋਜਨਾ ਦੀ ਰਜਿਸਟ੍ਰੇਸ਼ਨ ਮੁਫ਼ਤ ਹੋਵੇਗੀ ਤੇ ਇਨ੍ਹਾਂ ਕੇਂਦਰਾਂ ਨੂੰ ਯੋਜਨਾ ਦੇ ਪ੍ਰਾਇਮਰੀ ਸੈਂਟਰ ਐਲਾਨਿਆ ਗਿਆ ਹੈ। ਉਨ੍ਹਾਂ ਦੱਸਿਆ ਕਿ ਜਦੋਂ ਔਰਤਾਂ ਰਜਿਸਟ੍ਰੇਸ਼ਨ ਕਰਾਉਣ ਆਉਣ ਤਾਂ ਆਪਣਾ ਅਧਾਰ ਕਾਰਡ ਅਤੇ ਵੋਟਰ ਕਾਰਡ ਨਾਲ ਲੈ ਕੇ ਆਉਣ। ਉਨ੍ਹਾਂ ਦੱਸਿਆ ਕਿ ਵਿੱਤੀ ਸਹਾਇਤਾ ਸਿੱਧੀ ਲਾਭਪਾਤਰੀ ਦੇ ਬੈਂਕ ਖਾਤੇ 'ਚ ਪਾਈ ਜਾਵੇਗੀ। ਉਨ੍ਹਾਂ ਦੱਸਿਆ ਕਿ ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ ਸਕੀਮ ਦੀ ਰਜਿਸਟ੍ਰੇਸ਼ਨ ਕਰਾਉਣ ਲਈ ਆਂਗਣਵਾੜੀ ਸੈਂਟਰਾਂ ਤੇ ਸੇਵਾ ਕੇਂਦਰਾਂ 'ਤੇ ਹਰ ਤਰ੍ਹਾਂ ਦੀਆਂ ਸੇਵਾਵਾਂ ਉਪਲਬੱਧ ਹਨ ਤਾਂ ਜੁ ਮਹਿਲਾਵਾਂ ਦੀ ਦਫ਼ਤਰਾਂ ਵਿੱਚ ਖੱਜਲ-ਖੁਆਰੀ ਨਾ ਹੋਵੇ। ਉਨ੍ਹਾਂ ਦੱਸਿਆ ਕਿ ਪੰਜਾਬ 'ਚ ਔਰਤਾਂ ਨੂੰ 'ਮੁੱਖ ਮੰਤਰੀ ਮਾਵਾਂ ਧੀਆਂ ਸਤਿਕਾਰ ਯੋਜਨਾ' ਤਹਿਤ ਆਖ਼ਰੀ ਦਮ ਤੱਕ 'ਸਤਿਕਾਰ ਭੱਤਾ' ਮਿਲੇਗਾ। ਉਨ੍ਹਾਂ ਦੱਸਿਆ ਕਿ ਆਪ ਸਰਕਾਰ ਨੇ ਕਾਰਜਕਾਲ ਦੇ ਪੰਜਵੇਂ ਸਾਲ ਵਿੱਚ ਆਖ਼ਰੀ ਗਾਰੰਟੀ ਪੂਰੀ ਕਰਕੇ ਜਨਰਲ ਵਰਗ ਦੀਆਂ ਔਰਤਾਂ ਨੂੰ ਇੱਕ ਹਜ਼ਾਰ ਰੁਪਏ ਅਤੇ ਦਲਿਤ ਵਰਗ ਦੀਆਂ ਔਰਤਾਂ ਨੂੰ 1500 ਰੁਪਏ ਪ੍ਰਤੀ ਮਹੀਨਾ ਸਤਿਕਾਰ ਭੱਤਾ ਦੇਣ ਦਾ ਐਲਾਨ ਕੀਤਾ ਸੀ। ਉਨ੍ਹਾਂ ਦੱਸਿਆ ਕਿ ਬਜਟ ਵਿੱਚ ਇਸ ਕੰਮ ਲਈ 9300 ਕਰੋੜ ਰੁਪਏ ਦੀ ਵਿਵਸਥਾ ਕੀਤੀ ਗਈ ਹੈ।

# ਡਿਪਟੀ ਕਮਿਸ਼ਨਰ ਨੇ ਟਰੇਡ ਯੂਨੀਅਨ ਦੇ ਨੁਮਾਇੰਦਿਆਂ ਨਾਲ ਕੀਤੀ ਮੀਟਿੰਗ



**ਸ੍ਰੀ ਮੁਕਤਸਰ ਸਾਹਿਬ** (ਸ਼ਮਿੰਦਰਪਾਲ, ਪੂਜਾ)-ਜ਼ਿਲ੍ਹੇ ਦੇ ਵਪਾਰੀਆਂ ਦੀਆਂ ਸਮੱਸਿਆਵਾਂ ਦਾ ਪਹਿਲ ਦੇ ਅਧਾਰ 'ਤੇ ਹੱਲ ਕੀਤਾ ਜਾਵੇਗਾ ਤੇ ਉਨ੍ਹਾਂ ਨੂੰ ਸਰਕਾਰੀ ਵਿਭਾਗਾਂ ਵਿਚ ਕਿਸੇ ਤਰ੍ਹਾਂ ਦੀ ਦਿੱਕਤ ਨਹੀਂ ਆਉਣ ਦਿੱਤੀ ਜਾਵੇਗੀ।ਇਹ ਜਾਣਕਾਰੀ ਸ੍ਰੀ ਅਮਿਤ ਕੁਮਾਰ ਪੰਚਾਲ ਡਿਪਟੀ ਕਮਿਸ਼ਨਰ ਨੇ ਟਰੇਡ ਯੂਨੀਅਨ ਦੇ ਨੁਮਾਇੰਦਿਆਂ ਨਾਲ ਮੀਟਿੰਗ ਮੌਕੇ ਸਾਂਝੀ ਕੀਤੀ।ਇਸ ਮੌਕੇ ਤੇ ਪ੍ਰੋਫੈਸਰ ਆਸ਼ੂਤੋਸ਼ ਮੈਂਬਰ ਪੰਜਾਬ ਡਿਵੈਲਪਮੈਂਟ ਕਮਿਸ਼ਨ ਵੀ ਮੌਜੂਦ ਸਨ।ਮੀਟਿੰਗ ਦੌਰਾਨ ਪ੍ਰੋਫੈਸਰ ਆਸੂਤੋਸ਼ ਨੇ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਨੂੰ ਜੋ ਵੀ ਵਪਾਰੀਆਂ ਨਾਲ ਸਬੰਧਤ ਸ਼ਿਕਾਇਤਾਂ ਪ੍ਰਾਪਤ ਹੁੰਦੀਆਂ ਹਨ, ਇਨ੍ਹਾਂ ਸ਼ਿਕਾਇਤਾਂ ਨੂੰ ਪਹਿਲ ਦੇ ਅਧਾਰ 'ਤੇ ਹੱਲ ਕੀਤਾ ਜਾਵੇ ਤਾਂ ਜੁ ਵਪਾਰੀਆਂ, ਦੁਕਾਨਦਾਰਾਂ ਨੂੰ ਕਿਸੇ ਵੀ ਤਰ੍ਹਾਂ ਦੀ ਕੋਈ ਪ੍ਰੇਸ਼ਾਨੀ ਪੇਸ਼ ਨਾ ਆਵੇ।ਉਨ੍ਹਾਂ ਅੱਗੇ ਕਿਹਾ ਕਿ ਜਿਹੜੀਆਂ ਸਮੱਸਿਆਵਾਂ ਜ਼ਿਲ੍ਹਾ ਪੱਧਰ 'ਤੇ ਹੱਲ ਨਹੀਂ ਹੋ ਸਕਦੀਆਂ, ਉਨ੍ਹਾਂ ਸਮੱਸਿਆਵਾਂ ਨੂੰ ਮੁੱਖ ਦਫਤਰ ਪੱਧਰ 'ਤੇ ਹੱਲ ਕਰਾਈਆਂ ਜਾਣਗੀਆਂ।ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਜ਼ਿਲ੍ਹੇ ਦੇ ਵਪਾਰੀਆਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਹਰ ਹਫ਼ਤੇ ਹਲਕਾ ਕੋਆਰਡੀਨੇਟਰਾਂ ਨਾਲ ਮੀਟਿੰਗ ਕੀਤੀਆਂ ਜਾ ਰਹੀਆਂ ਹਨ ਤੇ ਪ੍ਰਾਪਤ ਹੋਈਆਂ ਸ਼ਿਕਾਇਤਾਂ ਦਾ ਰਿਵਿਊ ਕੀਤਾ ਜਾ ਰਿਹਾ ਹੈ ਤੇ ਸਮੱਸਿਆਵਾਂ ਨੂੰ ਹੱਲ ਕਰਾਉਣ ਲਈ ਜ਼ਿਲ੍ਹਾ ਪ੍ਰਸ਼ਾਸਨ ਵਲੋਂ ਹਰ ਸੰਭਵ ਯਤਨ ਕੀਤੇ ਜਾ ਰਹੇ ਹਨ।

# ਮੁੱਖ ਮੰਤਰੀ ਸਹਾਇਤਾ ਕੇਂਦਰ ਹਰੇਕ ਵਿਅਕਤੀ ਲਈ ਖੁੱਲ੍ਹਾ : ਦਲਵੀਰ ਸਿੰਘ ਢਿੱਲੋਂ



**ਧੂਰੀ** (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)-ਮੁੱਖ ਮੰਤਰੀ ਸਹਾਇਤਾ ਕੇਂਦਰ ਦੇ ਦਫ਼ਤਰ ਇੰਚਾਰਜ ਦਲਵੀਰ ਸਿੰਘ ਢਿੱਲੋਂ ਨੇ ਕਿਹਾ ਕਿ ਮੁੱਖ ਮੰਤਰੀ ਕੈਂਪ ਆਫਿਸ ਦੇ ਦਰਵਾਜ਼ੇ ਹਰੇਕ ਵਿਅਕਤੀ ਲਈ ਹਮੇਸ਼ਾ ਖੁੱਲ੍ਹੇ ਹਨ ਤੇ ਆਪਣੇ ਕੰਮ ਕਰਾਉਣ ਲਈ ਆਉਣ ਵਾਲੇ ਹਰ ਵਿਅਕਤੀ ਨਾਲ ਮਾਣ-ਸਤਿਕਾਰ ਨਾਲ ਪੇਸ਼ ਆ ਕੇ ਉਨ੍ਹਾਂ ਦੇ ਕੰਮ ਕੀਤੇ ਜਾਂਦੇ ਹਨ।ਇਹ ਪ੍ਰਗਟਾਵਾ ਦਲਵੀਰ ਸਿੰਘ ਢਿੱਲੋਂ ਨੇ ਸਾਬਕਾ ਵਿਧਾਇਕ ਧੂਰੀ ਦਲਬੀਰ ਸਿੰਘ ਗੋਲਡੀ ਵੱਲੋਂ ਦਫ਼ਤਰ ਦਾ ਦਰਵਾਜ਼ਾ ਬੰਦ ਹੋਣ ਸਬੰਧੀ ਲਾਏ ਦੋਸ਼ਾਂ ਦਾ ਜਵਾਬ ਦਿੰਦਿਆਂ ਕੀਤਾ।ਦਫ਼ਤਰ ਇੰਚਾਰਜ ਦਲਵੀਰ ਸਿੰਘ ਢਿੱਲੋਂ ਨੇ ਕਿਹਾ ਕਿ ਸਾਬਕਾ ਵਿਧਾਇਕ ਦਲਬੀਰ ਸਿੰਘ ਗੋਲਡੀ ਕੁਝ ਔਰਤਾਂ ਨਾਲ ਮੁੱਖ ਮੰਤਰੀ ਕੈਂਪ ਆਫਿਸ ਵਿਖੇ ਆਏ ਸਨ।ਉਸ ਸਮੇਂ ਦਫ਼ਤਰ ਵਿੱਚ ਪਹਿਲਾਂ ਹੀ ਕਾਫੀ ਗਿਣਤੀ ਵਿੱਚ ਲੋਕ ਆਪਣੇ ਕੰਮਾਂ ਲਈ ਮੌਜੂਦ ਸਨ।ਆਈਆਂ ਔਰਤਾਂ ਨੂੰ ਵੀ ਪੂਰੇ ਸਤਿਕਾਰ ਨਾਲ ਉਡੀਕ ਕਮਰੇ ਵਿੱਚ ਬਿਠਾਇਆ ਗਿਆ ਅਤੇ ਉਨ੍ਹਾਂ ਦੇ ਕੰਮ ਬਾਰੇ ਜਾਣਕਾਰੀ ਲਈ ਗਈ।ਉਨ੍ਹਾਂ ਦੱਸਿਆ ਕਿ ਮਹਿਲਾਵਾਂ ਵੱਲੋਂ ਪੈਨਸ਼ਨ ਲਵਾਉਣ ਸਬੰਧੀ ਗੱਲ ਕੀਤੀ ਗਈ, ਪਰ ਉਨ੍ਹਾਂ ਵੱਲੋਂ ਕੋਈ ਵੀ ਫਾਰਮ ਜਾਂ ਦਰਖ਼ਾਸਤ ਭਰੀ ਨਹੀਂ ਗਈ ਸੀ।ਇਸ ਉਪਰੰਤ ਦਫ਼ਤਰੀ ਸਟਾਫ ਵੱਲੋਂ ਤੁਰੰਤ ਉਨ੍ਹਾਂ ਦੇ ਨਾਮ ਨੋਟ ਕੀਤੇ ਗਏ ਅਤੇ ਇਹ ਵੀ ਜਾਣਕਾਰੀ ਦਿੱਤੀ ਗਈ ਕਿ ਪੈਨਸ਼ਨ ਸਬੰਧੀ ਮਾਮਲਿਆਂ ਲਈ ਕਿਤੇ ਜਾਣ ਦੀ ਲੋੜ ਨਹੀਂ ਹੈ, ਸਗੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਇਹ ਸਹੂਲਤ 1076 'ਤੇ ਕਾਲ ਕਰਕੇ ਘਰ ਬੈਠੇ ਹੀ ਪ੍ਰਾਪਤ ਕਰਨ ਦੀ ਸਹੂਲਤ ਦਿੱਤੀ ਗਈ ਹੈ। ਦਲਵੀਰ ਸਿੰਘ ਢਿੱਲੋਂ ਨੇ ਕਿਹਾ ਕਿ ਸਾਬਕਾ ਵਿਧਾਇਕ ਵੱਲੋਂ ਬਿਨਾਂ ਕਿਸੇ ਵਾਜਬ ਕਾਰਨ ਸਿਰਫ ਵੀਡੀਓ ਬਣਾਉਣ ਅਤੇ ਆਪਣੀ ਸਿਆਸਤ ਚਮਕਾਉਣ ਲਈ ਇਹ ਸਾਰਾ ਨਾਟਕ ਕੀਤਾ ਗਿਆ ਹੈ, ਜੋ ਨਿੰਦਣਯੋਗ ਹੈ।

# ਡੀ ਏ ਵੀ ਸਕੂਲ 'ਚ ਵਿਸ਼ਵ ਧਰਤੀ ਦਿਵਸ ਮਨਾਇਆ



**ਰਾਜਪੁਰਾ** (ਰਮੇਸ਼ ਕਟਾਰੀਆ)-ਡੀ ਏ ਵੀ ਪਬਲਿਕ ਸਕੂਲ ਵਿਖੇ ਵਿਸ਼ਵ ਧਰਤੀ ਦਿਵਸ ਬਹੁਤ ਉਤਸ਼ਾਹ ਅਤੇ ਜੋਸ਼ ਨਾਲ ਮਨਾਇਆ ਗਿਆ। ਵਿਦਿਆਰਥੀਆਂ ਵਿੱਚ ਵਾਤਾਵਰਣ ਸੁਰੱਖਿਆ ਪ੍ਰਤੀ ਜਾਗਰੂਕਤਾ ਪੈਦਾ ਕਰਨ ਲਈ ਸਕੂਲ ਵਿੱਚ ਕਈ ਜਾਗਰੂਕਤਾ ਗਤੀਵਿਧੀਆਂ ਦਾ ਆਯੋਜਨ ਕੀਤਾ ਗਿਆ।ਪ੍ਰੋਗਰਾਮ ਵਿੱਚ ਸਲੋਗਨ ਲਿਖਣਾ, ਇੱਕ ਪੇਂਟਿੰਗ ਮੁਕਾਬਲਾ, ਪੰਛੀਆਂ ਨੂੰ ਭੋਜਨ ਦੇਣਾ, ਖਾਦ ਬਣਾਉਣਾ, ਇੱਕ ਵਾਤਾਵਰਣ ਸੰਬੰਧੀ ਕੁਇਜ਼ ਅਤੇ ਇੱਕ ਜਾਣਕਾਰੀ ਭਰਪੂਰ ਸੈਮੀਨਾਰ ਸ਼ਾਮਲ ਸੀ।ਇਸ ਮੌਕੇ ਵਿਦਿਆਰਥੀਆਂ ਨੂੰ ਪੌਦੇ ਵੀ ਵੰਡੇ ਗਏ। ਵਿਦਿਆਰਥੀਆਂ ਨੂੰ ਸੰਬੋਧਨ ਕਰਦੇ ਹੋਏ ਸਕੂਲ ਪ੍ਰਿੰਸੀਪਲ ਅਲਪਨਾ ਪਾਠਕ ਨੇ ਕਿਹਾ, ਧਰਤੀ ਸਾਡਾ ਇੱਕੋ ਇੱਕ ਘਰ ਹੈ, ਅਤੇ ਇਸ ਦੀ ਰੱਖਿਆ ਕਰਨਾ ਸਾਡਾ ਫਰਜ਼ ਹੈ। ਰੁੱਖ ਲਗਾਉਣਾ, ਪਾਣੀ ਦੀ ਸੰਭਾਲ ਕਰਨਾ ਅਤੇ ਸਫਾਈ ਬਣਾਈ ਰੱਖਣਾ ਵਰਗੇ ਛੋਟੇ-ਛੋਟੇ ਯਤਨ ਸਾਡੇ ਭਵਿੱਖ ਨੂੰ ਸੁਰੱਖਿਅਤ ਕਰ ਸਕਦੇ ਹਨ। ਸਾਨੂੰ ਕੁਦਰਤ ਨਾਲ ਸੰਤੁਲਨ ਵਿੱਚ ਰਹਿਣਾ ਚਾਹੀਦਾ ਹੈ।

# ਗੰਗੋਹਰ ਦੇ ਸਕੂਲ 'ਚ ਨਵੇਂ ਕਲਾਸ ਰੂਮ ਦਾ ਉਦਘਾਟਨ



**ਮਹਿਲ ਕਲਾਂ** (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)-'ਸਿੱਖਿਆ ਕ੍ਰਾਂਤੀ ਨਾਲ ਬਦਲਦਾ ਪੰਜਾਬ' ਮੁਹਿੰਮ ਤਹਿਤ ਪਿੰਡ ਗੰਗੋਹਰ ਦੇ ਸਰਕਾਰੀ ਸਕੂਲ ਵਿਖੇ 7 ਲੱਖ 51 ਹਜ਼ਾਰ ਰੁਪਏ ਦੀ ਲਾਗਤ ਨਾਲ ਉਸਾਰੇ ਗਏ ਨਵੇਂ ਕਲਾਸ ਰੂਮ ਦਾ ਉਦਘਾਟਨ ਹਲਕਾ ਵਿਧਾਇਕ ਕੁਲਵੰਤ ਸਿੰਘ ਪੰਡੋਰੀ ਵੱਲੋਂ ਕੀਤਾ ਗਿਆ।ਵਿਧਾਇਕ ਪੰਡੋਰੀ ਨੇ ਮੁੱਖ ਮੰਤਰੀ ਭਗਵੰਤ ਮਾਨ ਦੀ ਸਰਕਾਰ ਸੂਬੇ ਦੇ ਸਰਕਾਰੀ ਸਕੂਲਾਂ ਦੇ ਬੁਨਿਆਦੀ ਢਾਂਚੇ ਨੂੰ ਵਿਸ਼ਵ ਪੱਧਰੀ ਬਣਾਉਣ ਤੇ ਵਿੱਦਿਆ ਦੇ ਮਿਆਰ ਨੂੰ ਉੱਚਾ ਚੁੱਕਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਤੇ ਪੰਜਾਬ ਦੇ ਇਤਿਹਾਸ ਵਿੱਚ ਇਹ ਪਹਿਲੀ ਵਾਰ ਹੋ ਰਿਹਾ ਹੈ ਕਿ ਸਰਕਾਰੀ ਸਕੂਲਾਂ ਦੀ ਕਾਇਆ ਕਲਪ ਕਰਨ ਲਈ ਏਨੇ ਵੱਡੇ ਪੱਧਰ 'ਤੇ ਬਿਨਾਂ ਕਿਸੇ ਭੇਦਭਾਵ ਦੇ ਗ੍ਰਾਂਟਾਂ ਜਾਰੀ ਕੀਤੀਆਂ ਜਾ ਰਹੀਆਂ ਹਨ।ਮੁੱਖ ਅਧਿਆਪਕ ਵਰਿੰਦਰ ਕੁਮਾਰ ਸ਼ਰਮਾ ਨੇ ਕਿਹਾ ਕਿ ਜਦੋਂ ਉਨ੍ਹਾਂ ਨੇ ਇੱਥੇ ਆਪਣੀ ਡਿਊਟੀ ਸੰਭਾਲੀ ਸੀ ਤਾਂ ਸਕੂਲ ਦੀ ਇਮਾਰਤ ਤੇ ਬੁਨਿਆਦੀ ਢਾਂਚੇ ਦੀ ਹਾਲਤ ਬਹੁਤ ਜ਼ਿਆਦਾ ਖਸਤਾ ਸੀ, ਪਰ ਅੱਜ ਪੰਜਾਬ ਸਰਕਾਰ ਅਤੇ ਵਿਸ਼ੇਸ਼ ਤੌਰ 'ਤੇ ਵਿਧਾਇਕ ਕੁਲਵੰਤ ਸਿੰਘ ਪੰਡੋਰੀ ਦੇ ਅਣਥੱਕ ਯਤਨਾਂ ਅਤੇ ਸਹਿਯੋਗ ਸਦਕਾ ਸਕੂਲ ਦੀ ਨੁਹਾਰ ਪੂਰੀ ਤਰ੍ਹਾਂ ਬਦਲ ਚੁੱਕੀ ਹੈ। ਸਕੂਲ ਪ੍ਰਬੰਧਕਾਂ, ਮੁਹਤਬਰਾਂ ਵੱਲੋਂ ਸਕੂਲ ਦੇ ਹੋਰ ਵਿਕਾਸ ਤੇ ਰਹਿੰਦੀਆਂ ਕਮੀਆਂ ਨੂੰ ਦੂਰ ਕਰਨ ਲਈ ਕੁੱਝ ਅਹਿਮ ਮੰਗਾਂ ਵਿਧਾਇਕ ਦੇ ਸਾਹਮਣੇ ਰੱਖੀਆਂ ਗਈਆਂ, ਉਨ੍ਹਾਂ ਵਿਸ਼ਵਾਸ ਦਿਵਾਇਆ ਕਿ ਉਹ ਛੇਤੀ ਹੀ ਪੰਜਾਬ ਸਰਕਾਰ ਪਾਸੋਂ ਇਨ੍ਹਾਂ ਸਾਰੀਆਂ ਮੰਗਾਂ ਨੂੰ ਪਹਿਲ ਦੇ ਆਧਾਰ 'ਤੇ ਪੂਰਾ ਕਰਾਉਣਗੇ।

## ਪੀੜਤ ਅਧਿਆਪਕਾ ਵੱਲੋਂ ਪੜਤਾਲ ਰਿਪੋਰਟ ਪੱਖਪਾਤੀ ਕਰਾਰ

**ਲੁਧਿਆਣਾ** (ਸਤੀਸ਼ ਸਚਦੇਵਾ)-ਸਰਕਾਰੀ ਪ੍ਰਾਇਮਰੀ ਸਕੂਲ ਮੋਤੀ ਨਗਰ ਲੁਧਿਆਣਾ ਦੀ ਅਧਿਆਪਕਾ ਨੇ ਸਕੂਲ ਦੇ ਹੈੱਡ ਟੀਚਰ ਵਿਰੁੱਧ ਤੰਗ ਪ੍ਰੇਸ਼ਾਨ ਕਰਨ ਦੀ ਸ਼ਿਕਾਇਤ ਕੀਤੀ ਸੀ। ਜਿਸ ਵਿੱਚ ਦੋਸ਼ ਲਗਾਏ ਗਏ ਸਨ ਕਿ ਉਸ ਨਾਲ ਜਾਤੀ ਤੌਰ 'ਤੇ ਭੇਦਭਾਵ ਕਰਕੇ ਸਕੂਲ ਦਾ ਬਾਥਰੂਮ ਉਸ ਲਈ ਬੰਦ ਕਰ ਦਿੱਤਾ ਗਿਆ ਸੀ ਤੇ ਉਸ ਦੇ ਰੰਗ ਰੂਪ ਨੂੰ ਲੈ ਕੇ ਭੱਦੀ ਸ਼ਬਦਾਵਲੀ ਵਰਤੀ ਜਾਂਦੀ ਹੈ।ਸਿੱਖਿਆ ਵਿਭਾਗ ਵੱਲੋਂ ਸ਼ਿਕਾਇਤ ਦੀ ਪੜਤਾਲ ਕਰਨ ਉਪਰੰਤ ਹੈੱਡ ਟੀਚਰ ਨੂੰ ਦੋਸ਼ ਰਹਿਤ ਘੋਸ਼ਿਤ ਕਰ ਦਿੱਤਾ ਗਿਆ ਹੈ।ਇਸ 'ਤੇ ਪ੍ਰਤੀਕਿਰਿਆ ਦਿੰਦਿਆਂ ਪੀੜਤ ਅਧਿਆਪਕਾ ਨਰਿੰਦਰ ਪਾਲ ਕੌਰ ਨੇ ਇਸ ਰਿਪੋਰਟ ਨੂੰ ਰੱਦ ਕਰਦਿਆਂ ਇੱਕ ਪਾਸੜ ਘੋਸ਼ਿਤ ਕੀਤਾ ਹੈ।ਉਨ੍ਹਾਂ ਕਿਹਾ ਕਿ ਉਹ ਇਸ ਰਿਪੋਰਟ ਨਾਲ ਸਹਿਮਤ ਨਹੀਂ ਹੈ ਅਤੇ ਇਸ ਨੂੰ ਰੱਦ ਕਰਦੀ ਹੈ।ਅਨੁਸੂਚਿਤ ਜਾਤੀਆਂ ਕਮਿਸ਼ਨ ਦੇ ਚੇਅਰਮੈਨ ਸ. ਜਸਵੀਰ ਸਿੰਘ ਗੜ੍ਹੀ ਨੇ ਸਿੱਖਿਆ ਵਿਭਾਗ ਨੂੰ ਹੈੱਡ ਟੀਚਰ ਦੀ ਸਕੂਲ ਵਿੱਚੋਂ ਬਦਲੀ ਕਰਕੇ ਨਿਰਪੱਖ ਜਾਂਚ ਕਰਵਾਉਣ ਦੀ ਹਦਾਇਤ ਜਾਰੀ ਕੀਤੀ, ਜਿਸ ਉਪਰੰਤ ਡਾਇਰੈਕਟਰ ਸਕੂਲ ਸਿੱਖਿਆ (ਐਲੀਮੈਂਟਰੀ ਸਿੱਖਿਆ) ਪੰਜਾਬ ਵੱਲੋਂ ਹੈੱਡਟੀਚਰ ਦੀ ਬਦਲੀ ਕਰ ਦਿੱਤੀ ਗਈ। ਪੀੜਤ ਅਧਿਆਪਕਾ ਨੇ ਕਿਹਾ ਕਿ ਉਹ ਲੜਾਈ ਪੂਰਨ ਇਨਸਾਫ਼ ਮਿਲਨ ਤੱਕ ਜਾਰੀ ਰੱਖੇਗੀ।

# ਪ੍ਰਸ਼ਾਸਨ ਤੇ ਆੜ੍ਹਤੀਆਂ ਵਿਚਕਾਰ ਕਣਕ ਦੀ ਚੁਕਾਈ ਨੂੰ ਲੈ ਕੇ ਹੋਈ ਮੀਟਿੰਗ



**ਮਾਛੀਵਾੜਾ ਸਾਹਿਬ** (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ) ਸਥਾਨਕ ਅਨਾਜ ਮੰਡੀ ਵਿਚ ਕਣਕ ਲਿਫਟਿੰਗ ਦੀ ਸਮੱਸਿਆ ਦਾ ਹੱਲ ਨਹੀਂ ਹੋ ਰਿਹਾ ਜਿਸ ਕਾਰਨ ਪ੍ਰਸ਼ਾਸਨਿਕ ਅਧਿਕਾਰੀਆਂ, ਆੜ੍ਹਤੀਆਂ, ਖਰੀਦ ਏਜੰਸੀਆਂ ਅਤੇ ਢੋਆ-ਢੁਆਈ ਕਰਨ ਵਾਲੇ ਠੇਕੇਦਾਰਾਂ ਦੀ ਇੱਕ ਮੀਟਿੰਗ ਬੜੇ ਗਰਮ ਮਾਹੌਲ ਵਿਚ ਹੋਈ। ਮੀਟਿੰਗ ਵਿਚ ਆੜ੍ਹਤੀਆਂ ਨੇ ਦੋਸ਼ ਲਗਾਇਆ ਕਿ ਠੇਕੇਦਾਰ ਕੋਲ ਢੋਆ-ਢੁਆਈ ਦੇ ਪੁਖਤਾ ਪ੍ਰਬੰਧ ਨਹੀਂ ਹਨ ਅਤੇ ਉਨ੍ਹਾਂ ਤੋਂ ਟੱਰਕ ਆਪ੍ਰੇਟਰ ਫੜ੍ਹ 'ਚੋਂ ਫਸਲ ਚੁੱਕਣ ਲਈ ਅਲੱਗ ਤੋਂ ਪ੍ਰਤੀ ਬੋਰੀ 2 ਰੁਪਏ ਵਸੂਲ ਰਹੇ ਹਨ। ਆੜ੍ਹਤੀਆਂ ਨੇ ਇਹ ਵੀ ਕਿਹਾ ਕਿ ਸਰਕਾਰ ਵਲੋਂ ਦਾਅਵਾ ਕੀਤਾ ਜਾਂਦਾ ਹੈ ਕਿ 72 ਘੰਟਿਆਂ 'ਚ ਲਿਫਟਿੰਗ ਹੋਵੇਗੀ ਪਰ ਨਿਯਮਾਂ ਅਨੁਸਾਰ ਲਿਫਟਿੰਗ ਨਾ ਹੋਣ ਕਾਰਨ ਕਣਕ ਬੋਰੀਆਂ ਵਿਚ ਪਈ ਘਟ ਰਹੀ ਹੈ ਜਿਸ ਦਾ ਖੁਮਿਆਜ਼ਾ ਠੇਕੇਦਾਰ ਤੇ ਖਰੀਦ ਏਜੰਸੀਆਂ ਹੀ ਭੁਗਤਨ। ਦੂਸਰੇ ਪਾਸੇ ਲਿਫਟਿੰਗ ਕਰਨ ਵਾਲੇ ਠੇਕੇਦਾਰ ਨੇ ਕਿਹਾ ਕਿ ਮਾਛੀਵਾੜਾ ਦੇ ਗੋਦਾਮਾਂ ਵਿਚ ਅਨਾਜ ਲਈ ਜਗ੍ਹਾ ਨਾ ਹੋਣ ਕਾਰਨ ਖੰਨਾ ਤੇ ਹੋਰ ਬਾਹਰਲੇ ਸ਼ਹਿਰਾਂ ਵਿਚ ਕਣਕ ਲਿਫਟਿੰਗ ਕਰਕੇ ਭੇਜੀ ਜਾ ਰਹੀ ਹੈ ਜਿੱਥੇ 2-2 ਦਿਨ ਟੱਰਕ ਖਾਲੀ ਨਹੀਂ ਹੁੰਦਾ ਜਿਸ ਕਾਰਨ ਉਹ ਕਸੂਰਵਾਰ ਨਹੀਂ। ਮੀਟਿੰਗ 'ਚ ਪੁੱਜੇ ਐੱਸ ਡੀ ਐੱਮ ਸਮਰਾਲਾ ਗੁਰਸਿਮਰਨਜੀਤ ਕੌਰ ਅਤੇ ਜ਼ਿਲਾ ਖੁਰਾਕ ਅਫ਼ਸਰ ਲਖਵੀਰ ਸਿੰਘ ਨੇ ਆੜ੍ਹਤੀਆਂ ਦੀਆਂ ਸਮੱਸਿਆਵਾਂ ਸੁਣੀਆਂ ਅਤੇ ਖਰੀਦ ਏਜੰਸੀਆਂ ਨੂੰ ਨਿਰਦੇਸ਼ ਦਿੱਤੇ ਕਿ ਉਹ ਫਸਲ ਦੀ ਲਿਫਟਿੰਗ ਲਈ ਟਰੱਕਾਂ ਦੀ ਵੰਡ ਆਪਣੇ ਹੱਥਾਂ ਵਿਚ ਲੈਣ ਅਤੇ ਹਰੇਕ ਆੜ੍ਹਤੀ ਨੂੰ ਫਸਲ ਆਮਦ ਦੇ ਹਿਸਾਬ ਨਾਲ ਟੱਰਕ ਮੁਹੱਈਆ ਕਰਵਾਏ ਜਾਣ। ਇਸ ਮੌਕੇ ਆੜ੍ਹਤੀ ਐਸੋਸ਼ੀਏਸ਼ਨ ਦੇ ਪ੍ਰਧਾਨ ਮੋਹਿਤ ਕੁੰਦਰਾ ਨੇ ਕਿਹਾ ਕਿ ਮੀਟਿੰਗ 'ਚ ਆੜ੍ਹਤੀਆਂ ਨੇ ਆਪਣੀਆਂ ਸਮੱਸਿਆਵਾਂ ਦੱਸੀਆਂ ਅਤੇ ਫਿਰ ਵੀ ਜੇਕਰ ਪ੍ਰਸ਼ਾਸਨ ਵਲੋਂ ਲਿਫਟਿੰਗ ਦਾ ਹੱਲ ਨਾ ਕੀਤਾ ਗਿਆ ਤਾਂ ਫਿਰ ਯੂਨੀਅਨ ਵਲੋਂ ਮੀਟਿੰਗ ਕਰਕੇ ਕੋਈ ਵੱਡਾ ਫੈਸਲਾ ਲਿਆ ਜਾਵੇਗਾ। ਮਾਰਕੀਟ ਕਮੇਟੀ ਦੇ ਸਕੱਤਰ ਅਰੁਨਿੰਦਰ ਸਿੰਘ ਮਾਂਗਟ ਨੇ ਦੱਸਿਆ ਕਿ ਹੁਣ ਤੱਕ 6 ਲੱਖ 7 ਹਜ਼ਾਰ ਕੁਇੰਟਲ ਕਣਕ ਦੀ ਖਰੀਦ ਹੋ ਚੁੱਕੀ ਹੈ ਜਿਸ 'ਚੋਂ ਕੇਵਲ 2 ਲੱਖ 86 ਹਜ਼ਾਰ ਦੀ ਲਿਫਟਿੰਗ ਹੋਈ ਹੈ। ਇਸ ਮੌਕੇ ਚੇਅਰਮੈਨ ਸੁਖਵਿੰਦਰ ਸਿੰਘ ਗਿੱਲ, ਗੁਰਨਾਮ ਸਿੰਘ ਨਾਗਰਾ, ਮੇਜਰ ਸਿੰਘ ਰਹੀਮਾਬਾਦ, ਨਿਤਿਨ ਜੈਨ, ਰਾਜੀਵ ਕੌਸ਼ਲ, ਪ੍ਰਿੰਸ ਮਿੱਠੇਵਾਲ, ਟਹਿਲ ਸਿੰਘ ਔਜਲਾ, ਹਰਵਿੰਦਰ ਸਿੰਘ ਸ਼ੇਰੀਆਂ, ਰਿਕੂ ਲੂਥਰਾ, ਰਾਜਵਿੰਦਰ ਸਿੰਘ ਸੈਣੀ, ਸ਼ਸ਼ੀ ਭਾਟੀਆ, ਸੰਨੀ ਸੂਦ, ਪੁਨੀਤ ਜੈਨ, ਪਰਮਿੰਦਰ ਗੁਲਿਆਣੀ, ਹਰਕੇਸ਼ ਨਹਿਰਾ, ਬਲਵਿੰਦਰ ਸਿੰਘ, ਬਿੰਦਰ, ਹੈਪੀ ਬਾਂਸਲ, ਅਮ੍ਰਿਤਪਾਲ ਸਿੰਘ, ਏ ਐੱਫ ਐੱਸ ਓ ਬਲਰਾਜ ਸਿੰਘ, ਯਾਦਵਿੰਦਰ ਸਿੰਘ, ਤਰਸਦੀਪ ਸ਼ਰਮਾ ਆਦਿ ਵੀ ਮੌਜੂਦ ਸਨ।

# ਮਈ ਦਿਵਸ ਮਨਾਉਣ ਸੰਬੰਧੀ ਮੀਟਿੰਗ



**ਸ੍ਰੀ ਮੁਕਤਸਰ ਸਾਹਿਬ** (ਸ਼ਮਿੰਦਰਪਾਲ, ਪੂਜਾ)-ਪਾਵਰਕਾਮ ਅਧੀਨ ਕੰਮ ਕਰਦੀਆਂ ਸਮੂਹ ਜਥੇਬੰਦੀਆਂ ਦੀ ਮੀਟਿੰਗ 1 ਮਈ ਨੂੰ ਮਨਾਉਣ ਸਬੰਧੀ ਪ੍ਰਧਾਨ ਜੋਗਿੰਦਰ ਸਿੰਘ ਮੱਲਣ ਦੀ ਪ੍ਰਧਾਨਗੀ ਹੇਠ ਹੋਈ।ਮੀਟਿੰਗ ਦੀ ਕਾਰਵਾਈ ਜਾਰੀ ਕਰਦਿਆਂ ਅਮਰਜੀਤ ਪਾਲ ਸਕੱਤਰ ਪੈਨਸ਼ਨ ਐਸੋਸੀਏਸ਼ਨ ਤੇ ਵਰਿੰਦਰਪਾਲ ਸਿੰਘ ਸਰਕਲ ਪ੍ਰਧਾਨ ਪੀ.ਐਸ.ਪੀ.ਸੀ.ਐਲ ਤੇ ਪੀ.ਐਸ.ਟੀ.ਸੀ.ਐਲ ਕੰਨਟਰਕਚੂਅਲ ਵਰਕਰ ਯੂਨੀਅਨ ਨੇ ਦੱਸਿਆ ਕਿ ਮਈ ਦਿਵਸ ਦੇ ਸਹੀਦੋ ਦੇ ਵਿਚਾਰ ਘਰ-ਘਰ ਪੁਚਾਉਣ ਲਈ ਪੂਰਾ ਤਾਨ ਲਾਇਆ ਜਾਵੇਗਾ। ਆਗੂਆਂ ਕਿਹਾ ਕਿ ਮਈ ਦਿਵਸ ਦੇ ਮਹੱਤਤਾ ਨੂੰ ਬਰਕਰਾਰ ਰੱਖਣ ਲਈ ਸ੍ਰੀ ਮੁਕਤਸਰ ਸਾਹਿਬ ਦੇ ਸਰਕਲ ਦਫਤਰ ਵਿਖੇ ਵੱਡੇ ਪੱਧਰ 'ਤੇ ਪਾਵਰਕਾਮ ਦੀਆ ਸਾਰੀਆਂ ਜੱਥੇਬੰਦੀਆਂ ਵੱਲੋਂ ਸਾਂਝੇ ਤੌਰ 'ਤੇ ਮਈ ਦਿਵਸ ਮਨਾਇਆ ਜਾਵੇਗਾ।ਇਸ ਦਿਵਸ ਦੀ ਮਹੱਤਤਾ ਨੂੰ ਦੱਸਦੇ ਹੋਏ ਆਗੂਆਂ ਨੇ ਕਿਹਾ ਕਿ ਮਈ ਦਿਵਸ ਮੁਲਾਜ਼ਮ ਮਜ਼ਦੂਰ ਵਰਗ ਲਈ ਕਿਨ੍ਹਾਂ ਮਹੱਤਵਪੂਰਨ ਹੈ, ਕਿਸ ਤਰ੍ਹਾਂ ਸ਼ਿਕਾਗੋ ਦੀ ਧਰਤੀ 'ਤੇ ਮੁਲਾਜ਼ਮ ਨੇ ਹੱਕੀ ਮੰਗਾਂ ਨੂੰ ਪਾਉਣ ਲਈ ਲੜਦੇ ਹੋਏ ਸ਼ਹੀਦੀਆਂ ਪ੍ਰਾਪਤ ਕਰਕੇ ਸਾਨੂੰ 8 ਘੰਟੇ ਡਿਊਟੀ ਤੇ ਲੇਬਰ ਕਾਨੂੰਨ ਬਣਵਾਏ, ਜਿਸਦੀ ਅੱਜ ਦੀਆਂ ਸਰਕਾਰਾਂ ਭਾਵੇਂ ਉਹ ਸੈਂਟਰ ਦੀ ਸਰਕਾਰ ਹੋਏ ਚਾਹੇ ਉਹ ਸਟੇਟ ਦੀਆਂ ਸਰਕਾਰਾਂ, ਜੋ ਮਜ਼ਦੂਰ ਮੁਲਾਜ਼ਮ ਵਰਗ ਦੇ ਖੂਨ ਪਸੀਨੇ ਨਾਲ ਕਮਾਏ ਗਏ ਹੱਕ 'ਤੇ ਡਾਕਾ ਮਾਰ ਰਹੀਆਂ ਹਨ ਤੇ ਇਨ੍ਹਾਂ ਲੇਬਰ ਕਾਨੂੰਨਾਂ ਵਿੱਚ ਧੱਕੇਸ਼ਾਹੀ ਨਾਲ ਸੋਧ ਕਰਕੇ 8 ਘੰਟੇ ਡਿਊਟੀਆਂ ਨੂੰ 12 ਘੰਟੇ ਵਿੱਚ ਡਿਊਟੀਆਂ ਨੂੰ ਤਬਦੀਲੀਆਂ ਕਰਨ 'ਤੇ ਤੁਲੀ ਹੋਈ ਹੈ ਅਤੇ ਸਰਕਾਰੀ ਮਹਿਕਮੇ ਨੂੰ ਲਗਾਤਾਰ ਘਾਟੇ ਵਿੱਚ ਪਾ ਕੇ ਪ੍ਰਾਈਵੇਟ ਕੰਪਨੀਆਂ ਨੂੰ ਸੌਂਪੀ ਜਾ ਰਹੀ ਹੈ ਤਾਂ ਜੁ ਸਿੱਧੇ ਤੌਰ 'ਤੇ ਸਾਮਰਾਜਵਾਦ ਨੂੰ ਸ਼ਹਿ ਦੇ ਕੇ ਆਮ ਜਨਤਾ ਤੇ ਮੁਲਾਜ਼ਮ ਵਰਗ ਦਾ ਘਾਣ ਕੀਤਾ ਜਾ ਸਕੇ। ਮਈ ਦਿਵਸ ਮੌਕੇ ਸਰਕਾਰ ਦੀਆਂ ਕੋਝੀਆਂ ਚਾਲਾਂ ਦਾ ਪਰਦਾਫਾਸ਼ ਕੀਤਾ ਜਾਵੇਗਾ।

# ਹਿੰਮਤਪੁਰਾ ਬੱਸ ਹਾਦਸੇ ਦੇ ਪੀੜਤਾਂ ਨਮਿਤ ਭੋਗ ਸਮਾਗਮ ਰਾਜਨੀਤੀ ਦੀ ਭੇਟ ਚੜ੍ਹਿਆ



**ਫਤਿਹਗੜ੍ਹ ਸਾਹਿਬ** (ਰੈਕਟਰ ਕਥੂਰੀਆ)-ਵਿਸਾਖੀ ਵਾਲੇ ਦਿਨ ਵਾਪਰੇ ਹਿੰਮਤਪੁਰਾ ਬੱਸ ਹਾਦਸੇ ਦੇ ਪੀੜਤਾਂ ਲਈ ਪਿੰਡ ਮੈਣ ਮਾਜਰੀ ਵਿੱਚ ਆਯੋਜਿਤ ਅੰਤਿਮ ਅਰਦਾਸ ਤੇ ਭੋਗ ਸਮਾਗਮ ਰਾਜਨੀਤੀ ਦੀ ਭੇਟ ਚੜ੍ਹ ਗਿਆ। ਇਸ ਸਮਾਗਮ ਵਿੱਚ ਭਾਰਤੀ ਕਮਿਊਨਿਸਟ ਪਾਰਟੀ ਵੀ ਸ਼ਾਮਲ ਹੋਈ ਪਰ ਮੌਕੇ ਦੇ ਪ੍ਰਬੰਧਕਾਂ ਨੇ ਸੀ ਪੀ ਆਈ ਦੇ ਵਫਦ ਦਾ ਜ਼ਿਕਰ ਤੱਕ ਵੀ ਨਹੀਂ ਕੀਤਾ।ਇਸ ਵਫਦ ਵਿੱਚ ਸੂਬਾ ਸਕੱਤਰ ਕਾਮਰੇਡ ਬੰਤ ਸਿੰਘ ਬਰਾੜ, ਐਗਜ਼ੈਕਟਿਵ ਮੈਂਬਰ ਮਹਿੰਦਰ ਪਾਲ, ਜ਼ਿਲਾ ਸਕੱਤਰ ਸਿਮਰਨਜੀਤ ਕੌਰ ਸਮੇਤ ਇਲਾਕੇ ਦੇ ਸਥਾਨਕ ਆਗੂ ਅਤੇ ਵਰਕਰ ਵੀ ਸ਼ਾਮਲ ਹੋਏ।ਜਲੰਧਰ ਦੇ ਸੰਸਦ ਮੈਂਬਰ ਚਰਨਜੀਤ ਸਿੰਘ ਚੰਨੀ, ਸ਼੍ਰੋਮਣੀ ਅਕਾਲੀ ਦਲ ਦੇ ਬਲਵਿੰਦਰ ਸਿੰਘ ਭੂੰਦੜ, ਬਾਬਾ ਰਾਜਾ ਰਾਮ ਸਿੰਘ, 'ਆਪ' ਵਿਧਾਇਕ ਰੁਪਿੰਦਰ ਸਿੰਘ ਹੈਪੀ, ਫਤਿਹਗੜ੍ਹ ਸਾਹਿਬ ਦੇ ਵਿਧਾਇਕ ਲਖਬੀਰ ਸਿੰਘ ਰਾਏ ਅਤੇ ਕਈ ਹੋਰ ਰਾਜਨੀਤਿਕ ਆਗੂ ਸਮਾਰੋਹ ਵਿੱਚ ਮੌਜੂਦ ਸਨ।ਭੋਗ ਤੋਂ ਬਾਅਦ ਸਟੇਜ 'ਤੇ ਰਾਜਨੀਤਿਕ ਤਣਾਅ ਉਸ ਸਮੇਂ ਵਧ ਗਿਆ ਜਦੋਂ ਭਾਜਪਾ ਨੇਤਾ ਅਤੇ ਸਾਬਕਾ ਮੰਤਰੀ ਡਾ. ਹਰਬੰਸ ਲਾਲ ਨੇ ਸੜਕਾਂ ਦੀ ਮਾੜੀ ਹਾਲਤ ਨੂੰ ਹਾਦਸੇ ਦਾ ਕਾਰਨ ਦੱਸਦੇ ਹੋਏ ਮੌਜੂਦਾ ਸਰਕਾਰ 'ਤੇ ਸਵਾਲ ਉਠਾਏ ਅਤੇ ਭਾਰੀ ਮੁਆਵਜ਼ੇ ਦੀ ਮੰਗ ਕੀਤੀ। ਉਨ੍ਹਾਂ ਨੂੰ ਸਟੇਜ ਤੋਂ ਬੋਲਣ ਤੋਂ ਰੋਕਿਆ ਗਿਆ ਅਤੇ ਮਾਈਕ੍ਰੋਫ਼ੋਨ ਖੋਹ ਲਿਆ ਗਿਆ, ਜਿਸ ਕਾਰਨ ਪੰਡਾਲ ਵਿੱਚ ਤਣਾਅਪੂਰਨ ਸਥਿਤੀ ਪੈਦਾ ਹੋ ਗਈ ਅਤੇ ਕੁਝ ਲੋਕ ਸਮਾਰੋਹ ਛੱਡ ਕੇ ਚਲੇ ਗਏ।ਇਸ ਦੌਰਾਨ, ਵਿਧਾਇਕ ਰੁਪਿੰਦਰ ਸਿੰਘ ਹੈਪੀ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਮ੍ਰਿਤਕਾਂ ਦੇ ਪਰਿਵਾਰਾਂ ਨੂੰ 2 ਲੱਖ ਰੁਪਏ ਅਤੇ 34 ਜ਼ਖਮੀਆਂ ਨੂੰ ਪ੍ਰਤੀ ਵਿਅਕਤੀ 50,000 ਰੁਪਏ ਦਾ ਮੁਆਵਜ਼ਾ ਦਿੱਤਾ ਹੈ। ਉਨ੍ਹਾਂ ਕਿਹਾ ਕਿ ਵਿਰੋਧੀ ਪਾਰਟੀਆਂ ਲਈ ਦੁੱਖ ਦੇ ਇਸ ਸਮੇਂ ਦੌਰਾਨ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਹਜ਼ੂਰੀ ਵਿੱਚ ਰਾਜਨੀਤੀ ਕਰਨਾ ਅਣਉਚਿਤ ਹੈ, ਅਤੇ ਸੜਕ ਨਾਲ ਸਬੰਧਤ ਕਮੀਆਂ ਨੂੰ ਜਲਦੀ ਹੀ ਦੂਰ ਕੀਤਾ ਜਾਵੇਗਾ।ਸੀ ਪੀ ਆਈ ਦਾ ਵਫਦ ਹਾਦਸੇ ਦਾ ਸ਼ਿਕਾਰ ਹੋਏ ਪਰਿਵਾਰਾਂ ਨੂੰ ਘਰੋਂ ਘਰੀ ਜਾ ਕੇ ਮਿਲਿਆ।ਕਾਮਰੇਡ ਬੰਤ ਸਿੰਘ ਬਰਾੜ ਅਤੇ ਹੋਰ ਸਾਥੀ ਇਸ ਹਾਦਸੇ ਵਿੱਚ ਮੌਤ ਦਾ ਸ਼ਿਕਾਰ ਹੋਏ ਸਾਥੀਆਂ ਦੇ ਘਰਾਂ ਵਿੱਚ ਵੀ ਗਏ। ਇਹਨਾਂ ਵਿੱਚੋਂ ਕਈ ਘਰ ਪਾਰਟੀ ਨਾਲ ਵੀ ਨੇੜਿਓਂ ਜੁੜੇ ਹੋਏ ਹਨ। ਸਾਥੀ ਬਰਾੜ ਨੇ ਜ਼ਖ਼ਮੀਆਂ ਦਾ ਹਾਲ ਚਾਲ ਵੀ ਪੁੱਛਿਆ। ਉਹਨਾਂ ਪਾਰਟੀ ਵੱਲੋਂ ਇਹਨਾਂ ਪਰਿਵਾਰਾਂ ਨੂੰ ਹਰ ਤਰਾਂ ਦੇ ਸਹਿਯੋਗ ਦਾ ਭਰੋਸਾ ਦੁਆਇਆ। ਜ਼ਿਲਾ ਸਕੱਤਰ ਸਿਮਰਤ ਕੌਰ ਨੇ ਕਿਹਾ ਕਿ ਇਹਨਾਂ ਪਰਿਵਾਰਾਂ ਨੂੰ ਸਰਕਾਰ ਅਤੇ ਅਤੇ ਸ਼੍ਰੋਮਣੀ ਕਮੇਟੀ ਵੱਲੋਂ ਹੋਰ ਰਕਮ ਦਿੱਤੀ ਜਾਣੀ ਚਾਹੀਦੀ ਹੈ।

## ਕਿਸਾਨਾਂ ਨੂੰ ਯੂਨੀਵਰਸਿਟੀ ਵੱਲੋਂ ਸਿਫ਼ਾਰਸ਼ ਝੋਨੇ ਦੀਆਂ ਕਿਸਮਾਂ ਦੀ ਬਿਜਾਈ ਦੀ ਸਲਾਹ

**ਫ਼ਾਜ਼ਿਲਕਾ** (ਨਿਸ਼ਾ ਸ਼ਰਮਾ)-ਪੰਜਾਬ ਖੇਤੀਬਾੜੀ ਯੂਨੀਵਰਸਿਟੀ ਦੇ ਫਾਰਮ ਸਲਾਹਕਾਰ ਸੇਵਾ ਕੇਂਦਰ ਸੀਡ ਫਾਰਮ, ਅਬੋਹਰ ਵਿਖੇ ਝੋਨੇ ਦੀਆਂ ਸੁਧਰੀਆਂ ਕਿਸਮਾਂ ਦੇ ਬੀਜ ਉਪਲਬਧ ਹਨ।ਫਾਰਮ ਸਲਾਹਕਾਰ ਸੇਵਾ ਕੇਂਦਰ ਦੇ ਇੰਚਾਰਜ ਡਾ. ਜਗਦੀਸ਼ ਕੁਮਾਰ ਅਰੋੜਾ ਨੇ ਦੱਸਿਆ ਕਿ ਝੋਨੇ ਦੀਆਂ ਕਿਸਮਾਂ ਪੀ.ਆਰ-133, ਪੀ.ਆਰ-132, ਪੀ.ਆਰ-131, ਪੀ.ਆਰ-126, ਪੀ.ਆਰ-114 ਤੇ ਬਾਸਮਤੀ-1718 ਦਾ ਬੀਜ ਇਸ ਕੇਂਦਰ 'ਤੇ ਮਿਲਦਾ ਹੈ।ਉਨ੍ਹਾਂ ਦੱਸਿਆ ਕਿ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਨੇ ਝੋਨੇ ਦੀ ਨਵੀਂ ਕਿਸਮ ਪੀ.ਆਰ-133 ਇਸ ਸਾਲ ਵਿਕਸਿਤ ਕੀਤੀ ਹੈ, ਜੋ ਪਨੀਰੀ ਲਾਉਣ ਤੋਂ ਬਾਅਦ ਪੱਕਣ ਲਈ 111 ਦਿਨ ਦਾ ਸਮਾਂ ਲੈਂਦੀ ਹੈ। ਇਸ ਦੇ ਬੂਟੇ ਦਾ ਕੱਦ 109 ਸੈ.ਮੀ. ਤੇ ਔਸਤਨ ਝਾੜ 30.5 ਕੁਇੰਟਲ ਪ੍ਰਤੀ ਏਕੜ ਹੈ।ਉਨ੍ਹਾਂ ਜ਼ਿਲ੍ਹਾ ਫਾਜ਼ਿਲਕਾ ਦੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਪੀ.ਏ.ਯੂ ਲੁਧਿਆਣਾ ਵੱਲੋਂ ਸਿਫ਼ਾਰਸ਼ ਕੀਤੀਆਂ ਝੋਨੇ ਦੀਆਂ ਇਹ ਕਿਸਮਾਂ ਦੀ ਹੀ ਬਿਜਾਈ ਕਰਨ।

# ਮਈ ਦਿਵਸ ਦੀ ਰਾਤ ਦੇ ਸਮਾਗਮ ਦੀਆਂ ਤਿਆਰੀਆਂ ਜਾਰੀ



**ਲੁਧਿਆਣਾ** (ਰੈਕਟਰ ਕਥੂਰੀਆ) ਕਿਰਤੀ ਜਮਾਤ ਦਾ ਕੌਮਾਂਤਰੀ ਦਿਹਾੜਾ ਮਈ ਦਿਵਸ ਇਸ ਵਾਰ ਵੀ ਰਵਾਇਤੀ ਜੋਸ਼ੋ ਖਰੋਸ਼ ਨਾਲ ਮਨਾਇਆ ਜਾਏਗਾ।ਇਸ ਵਾਰ ਵੀ ਪੰਜਾਬ ਲੋਕ ਸਭਿਆਚਾਰਕ ਮੰਚ ਹਰ ਸਾਲ ਪਹਿਲੀ ਮਈ ਮਹਾਨ ਕੌਮਾਂਤਰੀ ਮਜ਼ਦੂਰ ਦਿਵਸ ਤੇ ਪੰਜਾਬੀ ਭਵਨ ਲੁਧਿਆਣਾ ਵਿਖੇ ਪੂਰੀ ਰਾਤ ਇਨਕਲਾਬੀ , ਲੋਕਪੱਖੀ ਨਾਟਕਾਂ ਤੇ ਗੀਤ ਸੰਗੀਤ ਰਾਹੀਂ ਆਪਣੇ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕਰੇਗਾ ਤੇ ਮਜ਼ਦੂਰ ਹੱਕਾਂ 'ਤੇ ਛਾਪੇ ਮਾਰਨ ਵਾਲਿਆਂ ਤਾਕਤਾਂ ਨੂੰ ਚੁਣੌਤੀਆਂ ਦੁਹਰਾਏਗਾ।ਮੰਚ ਨੇ ਆਪਣੇ ਰਸਮੀ ਸੱਦੇ ਵਿੱਚ ਕਿਹਾ ਕਿ ਸਾਡੇ ਰਹਿਬਰ ਭਾਅ ਜੀ ਗੁਰਸ਼ਰਨ ਸਿੰਘ ਦੀ ਰਹਿਨੁਮਾਈ ਹੇਠ ਸ਼ੁਰੂ ਹੋਏ ਇਸ ਸਾਲਾਨਾ ਸਮਾਗਮ ਦਾ ਤੁਸੀਂ ਪਹਿਲਾਂ ਵੀ ਹਿੱਸਾ ਬਣਦੇ ਰਹੇ ਹੋ। ਇਸ ਵਾਰ ਵੀ ਹੁੰਮਹੁਮਾ ਕੇ ਸ਼ਾਮਲ ਹੋਵੋ। ਇਸ ਵੇਰ ਪਹਿਲੀ ਮਈ ਨੂੰ ਸ਼ਾਮ ਅੱਠ ਵਜੇ ਤੋਂ ਸਰਘੀ ਵੇਲੇ ਤੱਕ ਚੱਲਣ ਵਾਲੇ ਇਸ ਸਮਾਗਮ 'ਚ ਛੇ ਨਾਟਕ, ਭੰਡ, ਕੋਰੀਓਗ੍ਰਾਫ਼ੀ, ਗੀਤ-ਸੰਗੀਤ, ਪੁਸਤਕ ਤੇ ਚਿਤਰਕਲਾ ਪ੍ਰਦਰਸ਼ਨੀ ਹੋਏਗੀ। ਸੱਦੇ ਵਿੱਚ ਯਾਦ ਕਰਾਇਆ ਗਿਆ ਹੈ ਕਿ ਇਸ ਵੇਰ ਦਾ ਸਮਾਗਮ ਸਾਮਰਾਜੀ ਜੰਗ ਵਿਰੋਧੀ ਲੋਕ ਲਹਿਰ ਅਤੇ ਬੱਬਰ ਅਕਾਲੀ ਲਹਿਰ ਦੇ ਸ਼ਹੀਦੀ ਸ਼ਤਾਬਦੀ ਵਰ੍ਹੇ ਨੂੰ ਸਮਰਪਤ ਕਰ ਰਹੇ ਹਾਂ।ਸੋ ਸਮੂਹ ਵਰਗਾਂ ਨੂੰ ਸਨਿਮਰ ਬੇਨਤੀ ਹੈ ਕਿ ਤੁਹਾਡੀ ਜਥੇਬੰਦੀ ਪੂਰਾ ਜ਼ੋਰ ਲਾ ਕੇ, ਹਿੰਮਤ ਕਰਕੇ, ਆਪਣਾ ਸਮਾਗਮ ਸਮਝ ਕੇ ਪਰਵਾਰਾਂ ਸਮੇਤ ਇਸ ਸਮਾਗਮ 'ਚ ਸ਼ਾਮਲ ਹੋਣ ਦਾ ਐਲਾਨ ਕਰੇ।

## ਬਿਜਲੀ ਕੱਟਾਂ ਖਿਲਾਫ਼ ਅਕਾਲੀ ਦਲ ਵੱਲੋਂ ਐਕਸੀਅਨ ਦਫਤਰ ਧਰਨਾ 30 ਨੂੰ

**ਜਗਰਾਉਂ** (ਅਮਿਤ ਖੰਨਾ)-ਇਲਾਕੇ ਵਿੱਚ ਵਧ ਰਹੇ ਬਿਜਲੀ ਕੱਟਾਂ ਤੋਂ ਤੰਗ ਆਮ ਲੋਕਾਂ ਅਤੇ ਵਪਾਰੀਆਂ ਦੀ ਸਮੱਸਿਆ ਨੂੰ ਲੈ ਕੇ ਸ਼੍ਰੋਮਣੀ ਅਕਾਲੀ ਦਲ ਵੱਲੋਂ 30 ਅਪ੍ਰੈਲ ਨੂੰ ਐਕਸੀਅਨ ਦਫਤਰ ਜਗਰਾਉਂ ਧਰਨਾ ਦਿੱਤਾ ਜਾਵੇਗਾ। ਪਾਰਟੀ ਦੇ ਕੋਰ ਕਮੇਟੀ ਮੈਂਬਰ ਅਤੇ ਸਾਬਕਾ ਵਿਧਾਇਕ ਐੱਸ. ਆਰ. ਕਲੇਰ ਨੇ ਜਾਣਕਾਰੀ ਦਿੰਦਿਆਂ ਕਿਹਾ ਕਿ ਲਗਾਤਾਰ ਲੱਗ ਰਹੇ ਬਿਜਲੀ ਕੱਟਾਂ ਕਾਰਨ ਲੋਕਾਂ ਵਿਚ ਸਖਤ ਰੋਸ ਦੇਖਣ ਨੂੰ ਮਿਲ ਰਿਹਾ ਹੈ ਤੇ ਰੋਜ਼ਮਰ੍ਹਾ ਜ਼ਿੰਦਗੀ ਬੇਹੱਦ ਪ੍ਰਭਾਵਿਤ ਹੋ ਰਹੀ ਹੈ। ਗਰਮੀ ਦੇ ਮੌਸਮ ਵਿੱਚ ਇਹ ਸਮੱਸਿਆ ਹੋਰ ਵੀ ਗੰਭੀਰ ਹੋ ਗਈ ਹੈ, ਜਿਸ ਕਰਕੇ ਲੋਕ ਵੱਡੀ ਸਮੱਸਿਆ ਨਾਲ ਜੂਝ ਰਹੇ ਹਨ।ਉਨ੍ਹਾਂ ਦੱਸਿਆ ਕਿ ਇਹ ਧਰਨਾ 30 ਅਪ੍ਰੈਲ ਨੂੰ ਸਵੇਰੇ 10 ਵਜੇ ਐਕਸੀਅਨ ਦਫਤਰ, ਜਗਰਾਉਂ ਵਿਖੇ ਦਿੱਤਾ ਜਾਵੇਗਾ। ਧਰਨੇ ਦੌਰਾਨ ਸਰਕਾਰ ਅਤੇ ਬਿਜਲੀ ਵਿਭਾਗ ਦੇ ਖਿਲਾਫ਼ ਨਾਅਰੇਬਾਜ਼ੀ ਕੀਤੀ ਜਾਵੇਗੀ ਅਤੇ ਮੰਗ ਕੀਤੀ ਜਾਵੇਗੀ ਕਿ ਤੁਰੰਤ ਬਿਜਲੀ ਸਪਲਾਈ ਸੁਚਾਰੂ ਬਣਾਈ ਜਾਵੇ। ਇਸ ਮੌਕੇ ਐਸ.ਜੀ.ਪੀ.ਸੀ. ਮੈਂਬਰ ਗੁਰਚਰਨ ਸਿੰਘ ਗਰੇਵਾਲ, ਸਾਬਕਾ ਸੀਨੀਅਰ ਮੀਤ ਪ੍ਰਧਾਨ ਦਵਿੰਦਰਜੀਤ ਸਿੰਘ ਸਿੱਧੂ, ਸਰਕਲ ਪ੍ਰਧਾਨ ਪਰਮਿੰਦਰ ਸਿੰਘ ਚੀਮਾ, ਸਰਕਲ ਪ੍ਰਧਾਨ ਸ਼ਿਵਰਾਜ ਸਿੰਘ ਸਰਪੰਚ, ਸਰਕਲ ਪ੍ਰਧਾਨ ਮਨਦੀਪ ਸਿੰਘ ਗਾਲਿਬ, ਸਰਕਲ ਪ੍ਰਧਾਨ ਕੁਲਦੀਪ ਸਿੰਘ ਗਿੱਦੜਵਿੰਡੀ, ਸਰਕਲ ਪ੍ਰਧਾਨ ਸਰਪ੍ਰੀਤ ਸਿੰਘ ਕਾਉਂਕੇ, ਸਰਕਲ ਪ੍ਰਧਾਨ ਰਣਧੀਰ ਸਿੰਘ ਚਕਰ, ਪ੍ਰਧਾਨ ਜੱਗ੍ਹਾ ਸੇਖੋਂ ਕਾਉਂਕੇ, ਜਸਪ੍ਰੀਤ ਚੀਮਾ, ਅਮਨਾ ਗਿੱਦੜਵਿੰਡੀ, ਗੋਰਾ ਕਾਉਂਕੇ ਆਦਿ ਹਾਜ਼ਰ। ਸਨ।

# ਮਹਾਰਾਜਾ ਅਗਰਸੈਨ ਕਾਲਜ ਦੇ ਵਿਦਿਆਰਥੀ 97 ਫੀਸਦੀ ਅੰਕ ਲੈ ਕੇ ਯੂਨੀਵਰਸਿਟੀ 'ਚੋਂ ਅੱਵਲ



**ਗਿੱਦੜਬਾਹਾ** (ਜਸਵੰਤ ਗਿੱਲ ਛੱਤਿਆਣਾ)-ਪੰਜਾਬੀ ਯੂਨੀਵਰਸਿਟੀ ਪਟਿਆਲਾ ਵੱਲੋਂ ਬੀ.ਐਡ ਸਾਲ ਦੂਜਾ ਦਾ ਨਤੀਜਾ ਐਲਾਨਿਆ ਗਿਆ ਹੈ, ਜਿਸ ਵਿੱਚ ਮਾਹਾਰਾਜਾ ਅਗਰਸੈਨ ਕਾਲਜ ਆਫ ਐਜੂਕੇਸ਼ਨ ਜੈ ਸਿੰਘ ਵਾਲਾ ਬਠਿੰਡਾ ਦਾ ਨਤੀਜਾ 100 ਪ੍ਰਤੀਸ਼ਤ ਰਿਹਾ।ਕਾਲਜ ਦੇ ਐਮ. ਡੀ ਨਰੇਸ਼ ਅਗਰਵਾਲ ਨੇ ਦੱਸਿਆ ਕਿ ਕਾਲਜ ਦੇ ਅਰਪਨਜੋਤ ਸਿੰਘ ਬਰਾੜ, ਸਖਸਰ ਠਾਕੁਰ ਨੇ 97% ਅੰਕ ਪ੍ਰਾਪਤ ਕਰਕੇ ਪਹਿਲਾ, ਮਾਨੀਆ, ਸੁਖਦੀਪ ਸਿੰਘ, ਮਨੋਜ ਕੁਮਾਰ, ਮਹੋਮਦ ਅਫਤਾਬ ਤੇ ਸਾਹਿਲ ਨੇ 96.66% ਅੰਕ ਪ੍ਰਾਪਤ ਕਰਕੇ ਦੂਜਾ ਤੇ ਸਰਬਜੀਤ ਸਿੰਘ, ਦੀਕਸ਼ਾ ਗਰਗ, ਰਜਨੀ ਵਰਮਾ, ਗੁਰਕੀਰਤ ਸਿੰਘ, ਅਕਾਸ਼ ਸਿੰਗਲਾ ਤੇ ਜਗਦੀਸ਼ ਕੁਮਾਰ ਨੇ 96.33% ਅੰਕ ਪ੍ਰਾਪਤ ਕਰਕੇ ਤੀਜਾ ਸਥਾਨ ਹਾਸਿਲ ਕੀਤਾ।ਉਨ੍ਹਾਂ ਦੱਸਿਆ ਕਿ ਕਾਲਜ ਦੀਆਂ 9 ਵਿਦਿਆਰਥੀ ਨੇ 96% ਅੰਕ, 9 ਵਿਦਿਆਰਥੀ 95.66% ਅੰਕ, 5 ਵਿਦਿਆਰਥੀ ਨੇ 95.33% ਅੰਕ, 11 ਵਿਦਿਆਰਥੀ ਨੇ 95% ਅੰਕ, 6 ਵਿਦਿਆਰਥੀ ਨੇ 94.66% ਅੰਕ, 2 ਵਿਦਿਆਰਥੀ ਨੇ 94.33% ਅੰਕ ਪ੍ਰਾਪਤ ਕੀਤੇ ਹਨ।ਵਿਦਿਆਰਥੀਆਂ ਦੀ ਇਸ ਪ੍ਰਾਪਤੀ ਤੇ ਕਾਲਜ ਦੇ ਐਮਡੀ ਨਰੇਸ਼ ਅਗਰਵਾਲ ਤੋਂ ਇਲਾਵਾ ਡਾਇਰੈਕਟਰ ਕਸ਼ਿਸ਼ ਅਗਰਵਾਲ, ਪ੍ਰਿੰਸੀਪਲ ਡਾ. ਮਨਜਿੰਦਰ ਕੌਰ ਸੈਨੀ, ਪ੍ਰੋਫੈਸਰ ਰਵਿੰਦਰ ਰੂਪਾ, ਡਾ. ਰਨਵੀਰ ਕੌਰ, ਪ੍ਰੋਫੈਸਰ ਵੀਰਪਾਲ ਕੌਰ, ਪ੍ਰੋਫੈਸਰ ਗਗਨਦੀਪ ਕੌਰ, ਪ੍ਰੋਫੈਸਰ ਪੂਨਮ ਰਾਣੀ, ਪ੍ਰੋਫੈਸਰ ਅਮਨਦੀਪ ਕੌਰ, ਪ੍ਰੋਫੈਸਰ ਹਰਪ੍ਰੀਤ ਕੌਰ, ਪ੍ਰੋਫੈਸਰ ਪਰਮਜੀਤ ਕੌਰ, ਪ੍ਰੋਫੈਸਰ ਲਖਵਿੰਦਰ ਕੌਰ, ਪ੍ਰੋਫੈਸਰ ਸੁਖਜਿੰਦਰ ਸਿੰਘ ਅਤੇ ਸਮੂਹ ਸਟਾਫ ਵੱਲੋਂ ਵਧਾਈ ਦਿੰਦੇ ਹੋਏ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ।

## ਡੇਂਗੂ, ਮਲੇਰੀਆ ਤੇ ਚਿਕਨਗੁਨੀਆ ਰੋਕਥਾਮ ਲਈ ਮਾਸ ਫੀਵਰ ਸਰਵੇ ਸ਼ੁਰੂ

**ਭਵਾਨੀਗੜ੍ਹ** (ਰਾਜ ਖੁਰਮੀ)-ਡੇਂਗੂ, ਮਲੇਰੀਆ ਤੇ ਚਿਕਨਗੁਨੀਆ ਵਰਗੀਆਂ ਮੱਛਰ-ਜਨਿਤ ਬਿਮਾਰੀਆਂ ਦੀ ਰੋਕਥਾਮ ਨੂੰ ਮੁੱਖ ਰੱਖਦੇ ਹੋਏ ਅਰਬਨ ਭਵਾਨੀਗੜ੍ਹ ਵਿੱਚ ਮਾਸ ਫੀਵਰ ਸਰਵੇ ਦੀ ਸ਼ੁਰੂਆਤ ਕੀਤੀ ਗਈ।ਇਹ ਮੁਹਿੰਮ ਸਿਵਲ ਸਰਜਨ ਸੰਗਰੂਰ ਡਾ. ਅਮਰਜੀਤ ਕੌਰ ਤੇ ਐਸ.ਐਮ.ਓ ਭਵਾਨੀਗੜ੍ਹ ਡਾ. ਮਹੀਪ ਕੌਰ ਦੀ ਅਗਵਾਈ ਹੇਠ ਚਲਾਈ ਜਾ ਰਹੀ ਹੈ।ਸਿਹਤ ਵਿਭਾਗ ਵੱਲੋਂ ਕ੍ਰਮਚਾਰੀਆਂ ਦੀਆਂ ਵੱਖ-ਵੱਖ ਟੀਮਾਂ ਬਣਾ ਕੇ ਸ਼ਹਿਰ ਦੇ ਵੱਖ-ਵੱਖ ਇਲਾਕਿਆਂ ਵਿੱਚ ਡੋਰ-ਟੂ-ਡੋਰ ਸਰਵੇ ਕੀਤਾ ਜਾ ਰਿਹਾ ਹੈ।ਜ਼ਿਲ੍ਹਾ ਐਪੀਡੀਮੋਲੋਜਿਸਟ ਸੰਗਰੂਰ ਤੋਂ ਪ੍ਰਾਪਤ ਹਦਾਇਤਾਂ ਅਨੁਸਾਰ ਲੋਕਾਂ ਨੂੰ ਡੇਂਗੂ, ਮਲੇਰੀਆ ਤੇ ਚਿਕਨਗੁਨੀਆ ਬਿਮਾਰੀਆਂ ਬਾਰੇ ਅਗਾਊਂ ਜਾਣਕਾਰੀ ਦਿੱਤੀ ਗਈ ਤੇ ਮੱਛਰਾਂ ਦੇ ਲਾਰਵੇ ਦੀ ਜਾਂਚ ਕੀਤੀ ਗਈ, ਜਿੱਥੇ ਵੀ ਮੱਛਰਾਂ ਦਾ ਲਾਰਵਾ ਮਿਲਿਆ, ਮੌਕੇ 'ਤੇ ਹੀ ਉਸ ਨੂੰ ਨਸ਼ਟ ਕਰਾਇਆ ਗਿਆ ਅਤੇ ਸੰਬੰਧਤ ਲੋਕਾਂ ਨੂੰ ਡੇਂਗੂ ਚਾਲਾਨ ਸਬੰਧੀ ਚੇਤਾਵਨੀ ਵੀ ਦਿੱਤੀ ਗਈ। ਲੋਕਾਂ ਨੂੰ ਅਪੀਲ ਕੀਤੀ ਗਈ ਕਿ ਘਰਾਂ ਦੇ ਆਲੇ-ਦੁਆਲੇ ਖੜ੍ਹੇ ਪਾਣੀ ਨੂੰ ਤੁਰੰਤ ਸਾਫ਼ ਕੀਤਾ ਜਾਵੇ। ਟੋਇਆਂ ਨੂੰ ਭਰਿਆ ਜਾਵੇ ਅਤੇ ਕੂਲਰ, ਗਮਲੇ, ਕਟੋਰੇ, ਟਾਇਰ ਅਤੇ ਫਰਿੱਜ ਦੀਆਂ ਟਰੇਆਂ ਨੂੰ ਹਫ਼ਤੇ ਵਿੱਚ ਇੱਕ ਵਾਰ ਜ਼ਰੂਰ ਸੁੱਕਾ ਦਿੱਤਾ ਜਾਵੇ।

## ਨਿਰਭਓ ਸਿੰਘ ਗਿੱਲ ਨੇ ਸੰਭਾਲਿਆ ਅਹੁਦਾ

**ਫਤਿਹਗੜ੍ਹ ਸਾਹਿਬ** (ਪ੍ਰਮੋਦ ਭਾਰਦਵਾਜ)-ਨਿਰਭਓ ਸਿੰਘ ਗਿੱਲ ਨੇ ਜ਼ਿਲ੍ਹਾ ਅਤੇ ਸੈਸ਼ਨ ਜੱਜ ਕਮ ਚੇਅਰਮੈਨ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਫਤਹਿਗੜ੍ਹ ਸਾਹਿਬ ਦਾ ਅਹੁਦਾ ਸੰਭਾਲਦੇ ਹੋਏ ਇਸ ਸਮੇਂ ਤੇ ਜ਼ਿਲ੍ਹਾ ਕਚਹਿਰੀਆਂ ਫਤਹਿਗੜ੍ਹ ਸਾਹਿਬ ਵਿਖੇ ਹਰਿਆਲੀ ਨੂੰ ਉਤਸ਼ਾਹਿਤ ਕਰਨ ਲਈ ਪੌਦਾ ਲਗਾਇਆ ਅਤੇ ਜੱਜ ਸਾਹਿਬ ਨੇ ਆਪਣੇ ਸੰਬੋਧਨ ਦੌਰਾਨ ਕਿਹਾ ਕਿ ਵਾਤਾਵਰਨ ਦੀ ਸੰਭਾਲ ਸਾਡੇ ਸਭ ਦੀ ਸਾਂਝੀ ਜ਼ਿੰਮੇਵਾਰੀ ਹੈ ਅਤੇ ਹਰ ਵਿਅਕਤੀ ਨੂੰ ਵੱਧ ਤੋਂ ਵੱਧ ਰੁੱਖ ਲਗਾਉਣੇ ਚਾਹੀਦੇ ਹਨ।

# ਏਮਜ਼ ਵੱਲੋਂ ਸੰਯੁਕਤ ਪ੍ਰੋਸਥੇਸਿਸ ਵੰਡ ਤੇ ਜਾਗਰੂਕਤਾ ਪ੍ਰੋਗਰਾਮ ਦਾ ਆਯੋਜਨ

**ਬਠਿੰਡਾ** (ਪਰਵਿੰਦਰ ਜੀਤ ਸਿੰਘ)-ਕਾਰਜਕਾਰੀ ਨਿਰਦੇਸ਼ਕ ਪ੍ਰੋਫੈਸਰ (ਡਾ.) ਰਤਨ ਗੁਪਤਾ ਦੀ ਅਗਵਾਈ ਹੇਠ ਏਮਜ਼ ਬਠਿੰਡਾ ਵਿਖੇ ਆਰਥੋਪੀਡਿਕਸ ਵਿਭਾਗ ਤੇ ਸਰੀਰਕ ਦਵਾਈ ਅਤੇ ਪੁਨਰਵਾਸ ਵਿਭਾਗ (ਪੀਐਮਆਰ) ਨੇ 21 ਅਪ੍ਰੈਲ ਨੂੰ ਭਾਰਤ ਵਿਕਾਸ ਪ੍ਰੀਸ਼ਦ ਚੈਰੀਟੇਬਲ ਟਰੱਸਟ ਲੁਧਿਆਣਾ ਦੇ ਸਹਿਯੋਗ ਨਾਲ ਇੱਕ ਪ੍ਰੋਸਥੇਸਿਸ ਵੰਡ ਤੇ ਜਾਗਰੂਕਤਾ ਪ੍ਰੋਗਰਾਮ ਦਾ ਸਫ਼ਲਤਾਪੂਰਵਕ ਆਯੋਜਨ ਕੀਤਾ।'ਉਮੀਦ ਤੇ ਗਤੀਸ਼ੀਲਤਾ' ਥੀਮ ਤਹਿਤ ਆਯੋਜਤ ਪ੍ਰੋਗਰਾਮ ਨੇ ਹੇਠਲੇ ਅੰਗ ਕੱਟਣ ਵਾਲੇ10 ਮਰੀਜ਼ਾਂ ਨੂੰ ਲਾਭ ਪੁਚਾਇਆ, ਜਿਨ੍ਹਾਂ ਨੂੰ ਉੱਚ-ਗੁਣਵੱਤਾ ਵਾਲੇ ਪ੍ਰੋਸਥੇਟਿਕ ਅੰਗ ਤੇ ਸਹਾਇਕ ਉਪਕਰਣ ਪ੍ਰਦਾਨ ਕੀਤੇ ਗਏ।ਇਸ ਪਹਿਲਕਦਮੀ ਦਾ ਉਦੇਸ਼ ਕਾਰਜਸ਼ੀਲ ਸੁਤੰਤਰਤਾ ਨੂੰ ਵਧਾਉਣਾ, ਗਤੀਸ਼ੀਲਤਾ ਵਿੱਚ ਸੁਧਾਰ ਕਰਨਾ ਤੇ ਸਰੀਰਕ ਅਪੰਗਤਾਵਾਂ ਵਾਲੇ ਵਿਅਕਤੀਆਂ ਦੇ ਸਮਾਜਿਕ ਪੁਨਰ-ਏਕੀਕਰਨ ਦਾ ਸਮਰਥਨ ਕਰਨਾ ਸੀ।ਪ੍ਰੋਗਰਾਮ ਨੂੰ ਸੁਚਾਰੂ ਢੰਗ ਨਾਲ ਚਲਾਇਆ ਗਿਆ ਤੇ ਇਸਦੇ ਉਦੇਸ਼ਾਂ ਨੂੰ ਪ੍ਰਾਪਤ ਕੀਤਾ ਗਿਆ। ਪ੍ਰੋ. ਰਤਨ ਗੁਪਤਾ ਨੇ ਜ਼ੋਰ ਦੇ ਕੇ ਕਿਹਾ ਕਿ ਗਤੀਸ਼ੀਲਤਾ ਮਾਣ ਤੇ ਆਜ਼ਾਦੀ ਦਾ ਕੇਂਦਰ ਹੈ। ਲਾਭਪਾਤਰੀਆਂ ਨੂੰ ਆਤਮਵਿਸ਼ਵਾਸ ਅਤੇ ਸੰਪੂਰਨ ਜੀਵਨ ਜੀਉਣ ਲਈ ਉਤਸ਼ਾਹਤ ਕਰਦਾ ਹੈ।ਪ੍ਰੋ. ਗੁਪਤਾ ਨੇ ਦੁਹਰਾਇਆ ਕਿ ਗਤੀਸ਼ੀਲਤਾ ਨੂੰ ਬਹਾਲ ਕਰਨਾ ਡਾਕਟਰੀ ਦਖਲਅੰਦਾਜ਼ੀ ਤੋਂ ਪਰ੍ਹੇ ਹੈ ਅਤੇ ਮਾਣ ਅਤੇ ਰੋਜ਼ੀ-ਰੋਟੀ ਨੂੰ ਬਹਾਲ ਕਰਨ ਵਿੱਚ ਮਹੱਤਵਪੂਰਨ ਯੋਗਦਾਨ ਪਾਉਂਦਾ ਹੈ।


## ਉੱਤਰ ਰੇਲਵੇ

### ਨਿਵਿਦਾ ਸੂਚਨਾ

ਸੀਨੀ. ਮੰਡਲ ਬਿਜਲੀ ਇੰਜੀਨੀਅਰ/ ਇਲੈਕਟ੍ਰਿਕ ਲੋਕੋ ਸ਼ੈਡ, ਉੱਤਰ ਰੇਲਵੇ, ਲੁਧਿਆਣਾ ਦੇ ਲਈ ਅਤੇ ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਤੋਂ ਈ-ਨਿਵਿਦਾਵਾਂ ਨੰ. 2025-26-16 ਦੀ ਮੰਗ ਕੀਤੀ ਜਾਂਦੀ ਹੈ। ਨਿਵਿਦਾਕਰਤਾ ਆਪਣੇ ਮੂਲ/ਸੰਸ਼ੋਧਿਤ ਨਿਵਿਦਾ ਮਿਤੀ 19.05.2026 ਨੂੰ 15:00 ਵਜੇ ਤਕ ਪੇਸ਼ ਕਰ ਸਕਦੇ ਹਨ। ਇਨਾਂ ਨਿਵਿਦਾਵਾਂ ਦੇ ਲਈ ਮੈਨੂੰਅਲ ਪ੍ਰਸਤਾਵ ਮਾਨਯ ਨਹੀਂ ਹੈ ਅਤੇ ਐਸੇ ਕਿਸੇ ਵੀ ਮੈਨੂੰਅਲ ਪ੍ਰਾਪਤ ਪ੍ਰਸਤਾਵ ਨੂੰ ਸਵੀਕਾਰ ਨਹੀਂ ਕੀਤਾ ਜਾਵੇਗਾ। ਨਿਵਿਦਾਕਰਤਾ ਨਿਵਿਦਾ ਫਾਰਮ ਦੀ ਲਾਗਤ ਅਤੇ ਬਿਆਨਾ ਰਾਸ਼ੀ ਦੇ ਭੁਗਤਾਨ ਕਰਨ ਦੇ ਲਈ ਕੇਵਲ ਆਈ.ਆਰ.ਈ.ਪੀ.ਐਸ. ਪੋਰਟਲ ਤੇ ਉਪਲਬਧ ਆਨਲਾਈਨ ਸਾਧਨਾਂ ਦੇ ਮਾਧਿਅਮ ਨਾਲ ਜਿਵੇਂ ਨੈਟ ਬੈਂਕਿੰਗ, ਡੇਬਿਟ ਕਾਰਡ ਤੇ ਕਰੈਡਿਟ ਕਾਰਡ ਨਾਲ ਭੁਗਤਾਨ ਕਰ ਸਕਦੇ ਹਨ। ਮੈਨੂੰਅਲ ਭੁਗਤਾਨ ਜਿਵੇਂ ਡਿਮਾਂਡ ਡ੍ਰਾਫਟ, ਬੈਂਕਰਸ ਚੈਕ, ਜਮ੍ਹਾ ਰਸੀਦਾਂ ਤੇ ਐਫ.ਡੀ.ਆਰ. ਆਦਿ ਦੇ ਮਾਧਿਅਮ ਨਾਲ ਭੁਗਤਾਨ ਦੀ ਇਜਾਜਤ ਨਹੀਂ ਹੈ।

| | | | |
|---|---|---|---|
| ਟੈਂਡਰ ਸੰਖਿਆ | 2025-26-16 | | |
| ਕੰਮਾਂ ਦਾ ਵੇਰਵਾ | ਇਲੈਕਟ੍ਰਿਕ ਲੋਕੋ ਸ਼ੈਡ, ਲੁਧਿਆਣਾ ਵਿਚ ਦੋ ਸਾਲ ਦੀ ਮਿਆਦ ਦੇ ਲਈ, 3-ਫੇਜ ਲੋਕੋਮੋਟਿਵ ਦੀ ਸਫਾਈ, ਜਿਸ ਵਿਚ ਰੇਡਿਏਟਰ, ਫਿਲਟਰ, ਲੋਕੋ ਬਾਡੀ, ਲੁਕ-ਆਉਟ ਗਲਾਸ ਅਤੇ ਖਿੜਕੀ ਦੇ ਸ਼ੀਸ਼ੇ, ਡ੍ਰਾਈਵਰ ਕੈਬ, ਮਸ਼ੀਨ ਰੂਮ, ਗਲਿਆਰੇ ਆਦਿ ਦੀ ਸਫਾਈ ਸ਼ਾਮਲ ਹੈ। | | |
| ਅੰਦਾਜਨ ਲਾਗਤ (₹) | ₹58,13,970.80/- | ਟੈਂਡਰ ਦੀ ਕੀਮਤ (₹) | 0.00 |
| ਬਿਆਨਾ ਰਾਸ਼ੀ (₹) | ₹1,16,300/- | ਕੰਮ ਦੀ ਮਿਆਦ | 24 ਮਹੀਨੇ |
| ਨਿਵਿਦਾ ਸਮਾਪਤੀ ਮਿਤੀ ਤੇ ਸਮਾਂ | 19.05.2025 ਨੂੰ 15:00 ਵਜੇ ਤਕ | | |
| ਨਿਵਿਦਾ ਖੁਲਣ ਦੀ ਮਿਤੀ ਅਤੇ ਸਮਾਂ | 19.05.2025 ਨੂੰ 15:00 ਵਜੇ ਦੇ ਬਾਅਦ | | |
| ਵੈਬਸਾਈਟ | www.ireps.gov.in | | |

ਨਿਵਿਦਾ ਸੂਚਨਾ ਨੰ.: 230-Elect/TRS/LDH/WC/Filter Cleaning/2025-26/16

ਤਾਰੀਕ : 27.04.2026 1413/2026

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ



## Capital Small Finance Bank Ltd.

MIDAS Corporate Park, 3rd Floor, 37, G.T. Road, Jalandhar-144001, Punjab, India

### ਸਕਿਉਰਟਾਈਜ਼ੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ, 2002 ਦੇ ਸੈਕਸ਼ਨ 13 (2) ਅਧੀਨ ਨੋਟਿਸ

ਹੇਠਾਂ ਦਰਸਾਏ ਕਰਜ਼ਦਾਰਾਂ ਅਤੇ ਗਰੰਟਰਾਂ ਨੂੰ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ, 2002 ਦੇ ਸੈਕਸ਼ਨ 13 (2) ਅਧੀਨ ਮਿਤੀ 16.03.2026 ਨੂੰ ਨੋਟਿਸ ਭੇਜਿਆ ਗਿਆ ਸੀ, ਜੋ ਡਾਕ ਵਿਭਾਗ ਵੱਲੋਂ ਵਾਪਸ ਕਰ ਦਿੱਤਾ ਗਿਆ ਸੀ ਅਤੇ ਅਧਿਕਾਰਤ ਅਫਸਰ ਨੂੰ ਯਕੀਨ ਹੋ ਗਿਆ ਹੈ ਕਿ ਕਰਜ਼ਦਾਰ/ਗਰੰਟਰ ਨੋਟਿਸ ਦੀ ਤਾਮੀਲ ਤੋਂ ਕੰਨੀ ਕਤਰਾ ਰਹੇ ਹਨ। ਇਸ ਲਈ ਉਨ੍ਹਾਂ ਨੂੰ ਇਸ ਜਨਤਕ ਨੋਟਿਸ ਰਾਹੀਂ ਉਹੀ ਜਾਣਕਾਰੀ ਦਿੱਤੀ ਜਾ ਰਹੀ ਹੈ।

ਨੋਟਿਸੀ ਨੰ. 1 (ਟੀ ਐੱਲ-1 ਅਤੇ ਟੀ ਐੱਲ-2 'ਚ ਕਰਜ਼ਦਾਰ) : ਸ੍ਰੀ ਸੁਰਿੰਦਰ ਸਿੰਘ ਪੁੱਤਰ ਸ੍ਰੀ ਚੂਹੜ ਸਿੰਘ ਵਾਸੀ ਪੱਤੀ ਗਾਉ ਕੀ, ਪਿੰਡ ਰੁੜਕਾਂ ਕਲਾਂ, ਫਿਲੌਰ, ਪੰਜਾਬ-144031

ਨੋਟਿਸੀ ਨੰ. 2 (ਟੀ ਐੱਲ-1 ਅਤੇ ਟੀ ਐੱਲ-2 'ਚ ਗਰੰਟਰ) : ਸ੍ਰੀ ਅਵਤਾਰ ਸਿੰਘ ਪੁੱਤਰ, ਸੁਖਮੋਹਨ ਸਿੰਘ ਵਾਸੀ ਪੱਤੀ ਗਾਉ ਕੀ, ਪਿੰਡ ਰੁੜਕਾਂ ਕਲਾਂ, ਫਿਲੌਰ, ਜਲੰਧਰ-144031

ਨੋਟਿਸੀ ਨੰ. 3 (ਟੀ ਐੱਲ-1 'ਚ ਗਰੰਟਰ) : ਸ੍ਰੀਮਤੀ ਰਣਜੀਤ ਕੌਰ ਪਤਨੀ ਚੂਹੜ ਸਿੰਘ ਵਾਸੀ ਮਕਾਨ 28, ਪਿੰਡ ਰੁੜਕਾਂ ਕਲਾਂ, ਤਹਿਸੀਲ ਫਿਲੌਰ, ਜ਼ਿਲ੍ਹਾ ਜਲੰਧਰ।

| ਮਨਜ਼ੂਰ ਸਹੂਲਤ ਦੀ ਕਿਸਮ/ਕਰਜ਼ਾ ਨੰਬਰ | ਰਕਮ ਮਨਜ਼ੂਰ | ਡਿਮਾਂਡ ਨੋਟਿਸ ਦੀ ਮਿਤੀ ਨੂੰ ਕੁੱਲ ਬਕਾਇਆ ਰਕਮ (01.03.2026 ਤੋਂ ਬਿਨਾਂ ਵਿਆਜ) |
|---|---|---|
| TL/024608000061 | Rs. 41,98,000/- | Rs. 30,78,336.15 |
| TL/024608000054 | Rs. 4,95,000/- | Rs. 3,97,529/- |

ਪ੍ਰਾਇਮਰੀ ਸਕਿਉਰਟੀ : 1) ਸ੍ਰੀ ਸੁਰਿੰਦਰ ਸਿੰਘ ਪੁੱਤਰ ਚੂਹੜ ਸਿੰਘ ਦੇ ਨਾਂਅ ਭਾਰਤ ਬੈਂਜ਼ 3528 ਸੀ 8X4 ਬੀ ਐੱਸ VI -5 ਰਜਿਸਟ੍ਰੇਸ਼ਨ ਨੰ. ਪੀ ਬੀ 08 ਈ ਟੀ 2563, ਚੇਸੀਜ਼ ਨੰ. ਐੱਮ ਈ ਸੀ 854 ਐਫ ਬੀ ਜੀ ਐੱਲ ਪੀ 094415, ਇੰਜਣ ਨੰ. 926956 ਡੀ 0096043

2) ਸ੍ਰੀ ਸੁਰਿੰਦਰ ਸਿੰਘ ਪੁੱਤਰ ਚੂਹੜ ਸਿੰਘ ਦੇ ਨਾਂਅ ਮਹਿੰਦਰਾ ਐਂਡ ਮਹਿੰਦਰਾ ਲਿਮਟਿਡ ਸਵਰਾਜ 744 ਐੱਫ ਈ, ਰਜਿਸਟ੍ਰੇਸ਼ਨ ਨੰ. ਪੀ ਬੀ 08 ਈ ਐੱਮ 7598, ਇੰਜਣ ਨੰ. ਡੀ ਸੀ 3009/ਐੱਸ ਏ ਐੱਨ 28510, ਚੇਸੀਜ਼ ਨੰ. ਐੱਮ ਬੀ ਐੱਨ ਏ ਵੀ 53 ਏ ਡੀ ਕੇ ਸੀ ਪੀ 44100

ਸਕਿਉਰਟਾਈਜੇਸ਼ਨ ਅਤੇ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ 2002 ਦੇ ਸੈਕਸ਼ਨ 13 ਤਹਿਤ ਬੈਂਕ ਇਸ ਜਨਤਕ ਨੋਟਿਸ ਰਾਹੀਂ ਤੁਹਾਨੂੰ ਬੈਂਕ ਦੇ ਵਹੀ ਖਾਤਿਆਂ 'ਚ ਤੁਹਾਡੇ ਵਿਰੁੱਧ ਸਾਰੀਆਂ ਬਕਾਇਆ ਰਕਮਾਂ ਇਸ ਦੀ ਬਰਾਂਚ ਰੁੜਕਾਂ ਕਲਾਂ 'ਚ, ਸਮੇਤ ਇਸ ਉਪਰ ਭਵਿੱਖੀ ਵਿਆਜ, ਸਮੇਂ-ਸਮੇਂ 'ਤੇ ਬੈਂਕ ਵੱਲੋਂ ਕੀਤੇ ਗਏ ਹੋਰ ਖਰਚਿਆਂ ਅਤੇ ਲਾਗਤਾਂ ਨਾਲ ਸਾਰੀਆਂ ਮੁਕੰਮਲ ਦੇਣਦਾਰੀਆਂ, ਇਸ ਨੋਟਿਸ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ ਜਮ੍ਹਾਂ ਕਰਵਾਉਣ ਦਾ ਸੱਦਾ ਦਿੰਦਾ ਹੈ, ਅਸਫਲ ਰਹਿਣ 'ਤੇ ਤੁਹਾਡੇ ਜੋਖਮ ਅਤੇ ਲਾਗਤਾਂ 'ਤੇ ਬੈਂਕ ਐਕਟ (ਸੁਪਰਾ) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਦਰਸਾਏ ਸਾਰੇ ਜਾਂ ਕਿਸੇ ਇੱਕ ਢੰਗ ਨਾਲ ਸਕਿਉਰਡ ਕਰਜ਼ਾ ਵਸੂਲਣ ਲਈ ਕਾਰਵਾਈ ਕਰੇਗਾ: -

(ਏ) ਸਕਿਉਰਡ ਐੱਸਟਸ ਦੀ ਵਸੂਲੀ ਲਈ ਵਿਕਰੀ

(ਬੀ) ਸਕਿਉਰਡ ਐੱਸਟਸ ਦੇ ਪ੍ਰਬੰਧ ਨੂੰ ਆਪਣੇ ਹੱਥਾਂ ਵਿੱਚ ਲੈਣ ਸਮੇਤ ਸਕਿਉਰਡ ਐੱਸਟਸ ਦਾ ਕਬਜ਼ਾ ਲੈ ਕੇ ਤਬਦੀਲ ਕਰਨ ਦਾ ਅਧਿਕਾਰ ਸਮੇਤ ਸਕਿਉਰਡ ਐੱਸਟਸ ਦੀ ਵਸੂਲੀ ਲਈ ਵਿਕਰੀ ਰਾਹੀਂ ਤਬਦੀਲ ਕਰਨ ਦਾ ਅਧਿਕਾਰ

(ਸੀ) ਸਕਿਉਰਡ ਐੱਸਟਸ ਦੇ ਪ੍ਰਬੰਧ ਲਈ ਕਿਸੇ ਵਿਅਕਤੀ ਦੀ ਨਿਯੁਕਤੀ

(ਡੀ) ਕਿਸੇ ਸਮੇਂ ਵੀ ਲਿਖਤੀ ਨੋਟਿਸ ਰਾਹੀਂ, ਕਿਸੇ ਵਿਅਕਤੀ ਜਿਸ ਨੇ ਤੁਹਾਡੇ ਕੋਲੋਂ ਕੋਈ ਵੀ ਸਕਿਉਰਡ ਐੱਸਟਸ ਪ੍ਰਾਪਤ ਕੀਤਾ ਹੋਵੇ, ਬੈਂਕ ਨੂੰ ਅਦਾਇਗੀ ਲਈ ਸੱਦਣਾ।

ਅੱਗੇ ਕਿਰਪਾ ਕਰਕੇ ਧਿਆਨ ਦਿੱਤਾ ਜਾਵੇ ਕਿ ਜੇਕਰ ਕਰਜ਼ਦਾਰ/ਗਰੰਟਰ ਇਸ ਨੋਟਿਸ ਦੀ ਪ੍ਰਕਾਸ਼ਨਾ ਮਿਤੀ ਤੋਂ 60 ਦਿਨਾਂ ਦੇ ਅੰਦਰ ਸਾਰੀਆਂ ਮੁਕੰਮਲ ਦੇਣਦਾਰੀਆਂ ਅਦਾ ਕਰਨ 'ਚ ਅਸਫਲ ਰਹਿੰਦੇ ਹਨ ਅਤੇ ਬੈਂਕ (ਸੁਪਰਾ) ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ 4 ਅਧੀਨ ਕੋਈ ਕਾਰਵਾਈ ਕਰਦਾ ਹੈ ਤਾਂ ਕਰਜ਼ਦਾਰ/ਗਰੰਟਰਾਂ ਨੂੰ ਬੈਂਕ ਵੱਲੋਂ ਸਹਿਣ ਕੀਤੀਆਂ ਜਾਣ ਵਾਲੀਆਂ ਸਾਰੀਆਂ ਲਾਗਤਾਂ, ਚਾਰਜਿਜ਼, ਖਰਚੇ ਅਦਾ ਕਰਨੇ ਪੈਣਗੇ। ਜੇਕਰ ਸਕਿਉਰਡ ਐੱਸਟਸ ਦੀ ਵਿਕਰੀ ਦੀ ਕਾਰਵਾਈ ਨਾਲ ਬੈਂਕ ਦੇ ਸਾਰੇ ਬਕਾਏ ਮੁਕੰਮਲ ਤੌਰ 'ਤੇ ਵਸੂਲ ਨਹੀਂ ਹੁੰਦੇ ਤਾਂ ਬੈਂਕ ਬਕਾਇਆ ਰਕਮ ਤੁਹਾਡੇ ਅਤੇ ਗਰੰਟਰਾਂ ਅਤੇ ਹੋਰ ਜ਼ਿੰਮੇਵਾਰ ਵਿਅਕਤੀਆਂ ਕੋਲੋਂ ਨਿੱਜੀ ਤੌਰ 'ਤੇ ਵਸੂਲੀ ਕਰਨ ਲਈ ਕਾਰਵਾਈ ਕਰੇਗਾ। ਇਹ ਨੋਟਿਸ ਬੈਂਕ ਨੂੰ ਪ੍ਰਾਪਤ ਅਧਿਕਾਰਾਂ, ਉਪਲਬਧ ਹੱਲ ਅਤੇ ਕਾਨੂੰਨੀ ਰੀਕੋਰਸ ਅਨੁਸਾਰ ਬਿਨਾਂ ਕਿਸੇ ਪੱਖਪਾਤ ਦੇ ਹੈ।

ਮਿਤੀ : 28.04.2026 ਸਹੀ/-(ਅਧਿਕਾਰਤ ਅਫਸਰ)



## ਉੱਤਰ ਰੇਲਵੇ

### ਖੁਲੀ ਈ-ਟੈਂਡਰ ਸੂਚਨਾ

| | | |
|---|---|---|
| ਕੰਮ ਦਾ ਨਾਮ | ਜੰਮੂ ਅਤੇ ਕਸ਼ਮੀਰ ਕੇਂਦਰ ਸ਼ਾਸਿਤ ਪ੍ਰਦੇਸ਼ ਦੇ ਜੰਮੂ ਡਵੀਜ਼ਨ ਵਿਚ ਰਿਆਸੀ-ਪੁੰਛ ਨਵੀ BG ਰੇਲਵੇ ਲਾਇਨ ਦੇ ਨਿਰਮਾਣ ਦੇ ਲਈ ਆਖਰੀ ਜਗ੍ਹਾ ਸਰਵੇਖਣ, ਸਬੰਧਿਤ ਭੂਵੈਗਾਨਿਕ ਅਧਯਯਨ, ਯਾਤਾਯਾਤ ਸਰਵੇਖਸ਼ਣ, ਤਕਨੀਕੀ-ਆਰਥਿਕ ਅਧਯਯਨ ਅਤੇ ਰੇਲਵੇ ਸਰੇਖਸ਼ਣ ਦਾ ਡਿਜਾਇਨ ਅਤੇ ਪੂਰੀ ਪਰਿਯੋਜਨਾ ਰਿਪੋਰਟ (DPR) ਤਿਆਰ ਕਰਨਾ। | |
| ਵਿਗਿਆਪਿਤ ਮੂਲ | ₹ 25,07,63,549.28/- (ਪੰਚੀਸ ਕਰੋੜ ਸਤ ਲੱਖ ਤਿਰਸਠ ਹਜ਼ਾਰ ਪੰਜ ਸੋ ਉਨਚਾਸ ਰੁਪਏ ਅਟਠਾਈਸ ਪੈਸੇ) | |
| ਬੋਲੀ ਸੁਰੱਖਿਆ ਰਾਸ਼ੀ | ₹ 14,03,800.00/- (ਚੋਦਹ ਲੱਖ ਤਿੰਨ ਹਜ਼ਾਰ ਅਠ ਸੋ ਰੁਪਏ ਕੇਵਲ) | |
| ਬੋਲੀ ਖੁਲਣ ਦੀ ਮਿਤੀ ਅਤੇ ਸਮਾਂ | 23.05.2026 11:30 ਵਜੇ। | |
| ਟੈਂਡਰ ਅਪਲੋਡ ਕਰਨ ਦੀ ਆਖਰੀ ਮਿਤੀ/ਸਮਾਂ | 23.05.2026 11:30 ਵਜੇ। ਟੈਂਡਰਕਰਤਾ IREPS ਵੇਬਸਾਈਟ ਉਤੇ 09.05.2026 ਤੋਂ 23.05.2026 ਨੂੰ 11:30 ਵਜੇ ਤਕ ਟੈਂਡਰ ਦਸਤਾਵੇਜ ਅਪਲੋਡ ਕਰ ਸਕਦੇ ਹਨ। | |
| ਪੂਰੀ ਟੈਂਡਰ ਸੂਚਨਾ ਅਤੇ ਟੈਂਡਰ ਦਸਤਾਵੇਜ | ਟੈਂਡਰਾ ਦੇ ਵੇਰਵੇ ਦੇ ਲਈ ਕ੍ਰਿਪਾ www.ireps.gov.in ਉਤੇ ਜਾਉਂ। ਪੂਰੀ ਟੈਂਡਰ ਸੂਚਨਾ ਉਪਰੋਕਤ ਦਫਤਰ ਦੇ ਨੋਟਿਸ ਬੋਰਡ ਉਤੇ ਵੀ ਦੇਖੀ ਜਾਂ ਸਕਦੀ ਹੈ। | |
| ਟੈਂਡਰ ਸੂਚਨਾ ਨੰਬਰ | 75-W/126/WA/FLS/Reasi-Poonch | ਮਿਤੀ : 24.04.2026 |

ਫਾਇਲ ਨੰ: 75-W/126/WA/FLS/Reasi-Poonch ਮਿਤੀ : 24.04.2026 1390/2026

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ



## ਉੱਤਰ ਰੇਲਵੇ

### ਈ-ਨਿਵਿਦਾ ਸੂਚਨਾ

ਸੀਨੀ. ਮੰਡਲ ਬਿਜਲੀ ਇੰਜੀਨੀਅਰ/ਜਨਰਲ, ਉੱਤਰ ਰੇਲਵੇ, ਫਿਰੋਜ਼ਪੁਰ ਦੁਆਰਾ ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਤੋਂ ਈ-ਟੈਂਡਰਾਂ (www.ireps.gov.in) ਦੀ ਮੰਗ ਕੀਤੀ ਜਾਂਦੀ ਹੈ। ਟੈਂਡਰਕਾਰਕ ਆਪਣੇ ਮੂਲ/ਸੰਸ਼ੋਧਿਤ ਟੈਂਡਰ ਬੰਦ ਹੋਣ ਦੀ ਮਿਤੀ ਅਤੇ ਸਮੇਂ ਤਕ ਪੇਸ਼ ਕਰ ਸਕਦੇ ਹਨ।

| ਟੈਂਡਰ ਨੰਬਰ | ਕੰਮਾਂ ਦਾ ਵੇਰਵਾ | ਅੰਦਾਜਨ ਲਾਗਤ (ਰੂ.) | ਬਿਆਨਾ ਰਾਸ਼ੀ (ਰੂ.) | ਕੰਮ ਦਾ ਸਮਾਂ | ਟੈਂਡਰ ਖੁਲਣ ਦੀ ਮਿਤੀ ਅਤੇ ਸਮਾਂ | ਵੈਬ ਸਾਈਟ |
|---|---|---|---|---|---|---|
| 251-Elect-T-01-2026-27 | ADEN/JRC ਦੇ ਤਹਿਤ ਜਲੰਧਰ ਸ਼ਹਿਰ ਵਿਚ ਟ੍ਰੈਫਿਕ ਅਕਾਊਂਟਸ ਆਫਿਸ ਦੇ ਸੁਧਾਰ ਦੇ ਲਈ ਬਿਜਲੀ ਦਾ ਕੰਮ। | Rs. 7,68,598.93p | Rs. 15400.00/- | 06 ਮਹੀਨੇ | 19.05.2026 15:30 ਵਜੇ ਦੇ ਬਾਅਦ | www.ireps.gov.in |

ਨੰ. 251-ਬਿਜਲੀ ਟੈਂਡਰ ਨੋਟਿਸ ਨੰ. 01/ਬਿਜਲੀ-2026-27 ਮਿਤੀ:- 28.04.2026 1419/2026

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ



## Capital Small Finance Bank Ltd.

MIDAS Corporate Park, 3rd Floor, 37, G.T. Road, Jalandhar-144001, Punjab, India

### ਸਕਿਉਰਟਾਈਜ਼ੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ, 2002 ਦੇ ਸੈਕਸ਼ਨ 13 (2) ਅਧੀਨ ਨੋਟਿਸ

ਹੇਠਾਂ ਦਰਸਾਏ ਕਰਜ਼ਦਾਰਾਂ ਅਤੇ ਗਰੰਟਰਾਂ ਨੂੰ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ, 2002 ਦੇ ਸੈਕਸ਼ਨ 13 (2) ਅਧੀਨ ਮਿਤੀ 15.04.2026 ਨੂੰ ਨੋਟਿਸ ਭੇਜਿਆ ਗਿਆ ਸੀ, ਜੋ ਡਾਕ ਵਿਭਾਗ ਵੱਲੋਂ ਵਾਪਸ ਕਰ ਦਿੱਤਾ ਗਿਆ ਸੀ ਅਤੇ ਅਧਿਕਾਰਤ ਅਫਸਰ ਨੂੰ ਯਕੀਨ ਹੋ ਗਿਆ ਹੈ ਕਿ ਕਰਜ਼ਦਾਰ/ਗਰੰਟਰ ਨੋਟਿਸ ਦੀ ਤਾਮੀਲ ਤੋਂ ਕੰਨੀ ਕਤਰਾ ਰਹੇ ਹਨ। ਇਸ ਲਈ ਉਨ੍ਹਾਂ ਨੂੰ ਇਸ ਜਨਤਕ ਨੋਟਿਸ ਰਾਹੀਂ ਉਹੀ ਜਾਣਕਾਰੀ ਦਿੱਤੀ ਜਾ ਰਹੀ ਹੈ।

1. (ਐੱਲ ਏ ਪੀ ਅਤੇ ਐੱਚ ਐੱਲ 'ਚ ਕਰਜ਼ਦਾਰ) : ਸ੍ਰੀ ਮੇਜਰ ਸਿੰਘ ਪੁੱਤਰ ਸ੍ਰੀ ਗੁਰਚਰਨ ਸਿੰਘ ਵਾਸੀ ਫਤਿਹਗੜ੍ਹ ਪੰਜਤੂਰ, ਕੋਟ ਈਸੇ ਖਾਂ, ਮੋਗਾ, ਪੰਜਾਬ-142043
2. (ਐੱਲ ਏ ਪੀ ਅਤੇ ਐੱਚ ਐੱਲ 'ਚ ਕਰਜ਼ਦਾਰ) : ਸ੍ਰੀ ਬਲਵਿੰਦਰ ਸਿੰਘ ਪੁੱਤਰ ਸ੍ਰੀ ਗੁਰਚਰਨ ਸਿੰਘ ਵਾਸੀ ਪਿੰਡ ਹਾਮਦਵਾਲਾ ਹਿਠਾੜ, ਡਾਕ. ਮੱਲੂਵਾਲਾ, ਮੱਲਾਂਵਾਲਾ, ਫਿਰੋਜ਼ਪੁਰ, ਪੰਜਾਬ-152021
3. (ਐੱਲ ਏ ਪੀ ਅਤੇ ਐੱਚ ਐੱਲ 'ਚ ਕਰਜ਼ਦਾਰ) : ਸ੍ਰੀ ਪ੍ਰਗਟ ਸਿੰਘ ਪੁੱਤਰ ਸ੍ਰੀ ਗੁਰਚਰਨ ਸਿੰਘ ਵਾਸੀ ਹਾਮਦਵਾਲਾ ਹਿਠਾੜ, ਡਾਕ. ਮੱਲੂਵਾਲਾ, ਮੱਲਾਂਵਾਲਾ, ਫਿਰੋਜ਼ਪੁਰ, ਪੰਜਾਬ-152021
4. (ਐੱਲ ਏ ਪੀ ਅਤੇ ਐੱਚ ਐੱਲ 'ਚ ਗਰੰਟਰ) : ਸ੍ਰੀ ਹਰਭਜਨ ਸਿੰਘ ਪੁੱਤਰ ਸ੍ਰੀ ਤੇਜਾ ਸਿੰਘ ਵਾਸੀ ਫਤਿਹਗੜ੍ਹ ਪੰਜਤੂਰ, ਕੋਟ ਈਸੇ ਖਾਂ, ਮੋਗਾ, ਪੰਜਾਬ-142043 ਹੁਣ ਮ੍ਰਿਤਕ ਰਾਹੀਂ ਉਸ ਦੇ ਕਾਨੂੰਨੀ ਵਾਰਸ।
5. (ਹਰਭਜਨ ਸਿੰਘ ਦਾ ਕਾਨੂੰਨੀ ਵਾਰਸ) : (ਏ) ਬਲਵੰਤ ਕੌਰ ਪਤਨੀ ਸਵ. ਸ੍ਰੀ ਹਰਭਜਨ ਸਿੰਘ ਵਾਸੀ ਫਤਿਹਗੜ੍ਹ ਪੰਜਤੂਰ, ਕੋਟ ਈਸੇ ਖਾਂ, ਮੋਗਾ, ਪੰਜਾਬ-142043
6. (ਹਰਭਜਨ ਸਿੰਘ ਦਾ ਕਾਨੂੰਨੀ ਵਾਰਸ) : (ਬੀ) ਦਵਿੰਦਰ ਕੌਰ ਪੁੱਤਰੀ ਸਵ. ਸ੍ਰੀ ਹਰਭਜਨ ਸਿੰਘ ਵਾਸੀ ਫਤਿਹਗੜ੍ਹ ਪੰਜਤੂਰ, ਕੋਟ ਈਸੇ ਖਾਂ, ਮੋਗਾ, ਪੰਜਾਬ-142043
7. (ਹਰਭਜਨ ਸਿੰਘ ਦਾ ਕਾਨੂੰਨੀ ਵਾਰਸ) : (ਸੀ) ਸ੍ਰੀ ਮਨਜੀਤ ਸਿੰਘ ਪੁੱਤਰ ਸਵ. ਸ੍ਰੀ ਹਰਭਜਨ ਸਿੰਘ ਵਾਸੀ ਫਤਿਹਗੜ੍ਹ ਪੰਜਤੂਰ, ਕੋਟ ਈਸੇ ਖਾਂ, ਮੋਗਾ, ਪੰਜਾਬ-142043
8. (ਹਰਭਜਨ ਸਿੰਘ ਦਾ ਕਾਨੂੰਨੀ ਵਾਰਸ) : (ਡੀ) ਸ੍ਰੀ ਬਲਜੀਤ ਸਿੰਘ ਪੁੱਤਰ ਸਵ. ਸ੍ਰੀ ਹਰਭਜਨ ਸਿੰਘ ਵਾਸੀ ਫਤਿਹਗੜ੍ਹ ਪੰਜਤੂਰ, ਕੋਟ ਈਸੇ ਖਾਂ, ਮੋਗਾ, ਪੰਜਾਬ-142043
9. (ਐੱਲ ਏ ਪੀ ਅਤੇ ਐੱਚ ਐੱਲ 'ਚ ਗਰੰਟਰ) : ਸ੍ਰੀਮਤੀ ਅਮਰਜੀਤ ਕੌਰ ਪਤਨੀ ਸ੍ਰੀ ਮੇਜਰ ਸਿੰਘ ਵਾਸੀ ਫਤਿਹਗੜ੍ਹ ਪੰਜਤੂਰ, ਕੋਟ ਈਸੇ ਖਾਂ, ਮੋਗਾ, ਪੰਜਾਬ-142043

| ਮਨਜ਼ੂਰ ਸਹੂਲਤ ਦੀ ਕਿਸਮ/ਕਰਜ਼ਾ ਨੰਬਰ | ਰਕਮ ਮਨਜ਼ੂਰ | ਡਿਮਾਂਡ ਨੋਟਿਸ ਦੀ ਮਿਤੀ ਨੂੰ ਕੁੱਲ ਬਕਾਇਆ ਰਕਮ (01.04.2026 ਤੋਂ ਬਿਨਾਂ ਵਿਆਜ) |
|---|---|---|
| LAP/054602000014 | Rs. 12,50,000/- | Rs. 9,64,596.85 |
| HL/054611000007 | Rs. 10,00,000/- | Rs. 10,46,205.40 |

ਪ੍ਰਾਇਮਰੀ ਸਕਿਉਰਟੀ : ਅਚੱਲ ਜਾਇਦਾਦ ਦਾ ਉਚਿਤ ਗਿਰਵੀਨਾਮਾ, ਰਕਬਾ ਕੁੱਲ 11 ਮਰਲੇ 8 ਸਰਸਾਈ, ਵੇਰਵਾ ਹੇਠ ਲਿਖੇ ਅਨੁਸਾਰ

1) ਬੈਨਾਮਾ ਦਸਤਾਵੇਜ਼ ਨੰ. 3167 ਮਿਤੀ 21-11-2007 ਅਨੁਸਾਰ ਸ੍ਰੀ ਪ੍ਰਗਟ ਸਿੰਘ ਪੁੱਤਰ ਸ੍ਰੀ ਗੁਰਚਰਨ ਸਿੰਘ ਅਤੇ ਸ੍ਰੀ ਬਲਵਿੰਦਰ ਸਿੰਘ ਪੁੱਤਰ ਗੁਰਚਰਨ ਸਿੰਘ ਦੀ ਮਲਕੀਅਤ ਜਾਇਦਾਦ ਰਕਬਾ 4 ਮਰਲੇ, ਪਿੰਡ ਫਤਿਹਗੜ੍ਹ ਪੰਜਤੂਰ, ਤਹਿਸੀਲ ਅਤੇ ਜ਼ਿਲ੍ਹਾ ਮੋਗਾ ਨਾਲ ਸੰਬੰਧਤ ਸਭ ਕੁਝ।

2) ਬੈਨਾਮਾ ਦਸਤਾਵੇਜ਼ ਨੰ. 3977 ਮਿਤੀ 16-01-2008 ਅਨੁਸਾਰ ਸ੍ਰੀ ਮੇਜਰ ਸਿੰਘ ਪੁੱਤਰ ਸ੍ਰੀ ਗੁਰਚਰਨ ਸਿੰਘ ਦੀ ਮਲਕੀਅਤ ਜਾਇਦਾਦ 2 ਮਰਲੇ 6 ਸਰਸਾਈ, ਪਿੰਡ ਫਤਿਹਗੜ੍ਹ ਪੰਜਤੂਰ, ਤਹਿਸੀਲ ਤੇ ਜ਼ਿਲ੍ਹਾ ਮੋਗਾ ਨਾਲ ਸੰਬੰਧਤ ਸਭ ਕੁਝ।

3) ਬੈਨਾਮਾ ਦਸਤਾਵੇਜ਼ ਨੰ. 4802 ਮਿਤੀ 22-02-2011 ਅਨੁਸਾਰ Major Singh @ Mejor Singh ਪੁੱਤਰ ਸ੍ਰੀ ਗੁਰਚਰਨ ਸਿੰਘ ਅਤੇ ਸ੍ਰੀ ਪ੍ਰਗਟ ਸਿੰਘ ਪੁੱਤਰ ਸ੍ਰੀ ਗੁਰਚਰਨ ਸਿੰਘ ਦੀ ਮਲਕੀਅਤ ਜਾਇਦਾਦ ਰਕਬਾ 5 ਮਰਲੇ 2 ਸਰਸਾਈ ਪਿੰਡ ਫਤਿਹਗੜ੍ਹ ਪੰਜਤੂਰ ਵਿਖੇ ਸਥਿਤ, ਤਹਿਸੀਲ ਤੇ ਜ਼ਿਲ੍ਹਾ ਮੋਗਾ ਨਾਲ ਸੰਬੰਧਤ ਸਭ ਕੁਝ।

ਸਕਿਉਰਟਾਈਜੇਸ਼ਨ ਅਤੇ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ 2002 ਦੇ ਸੈਕਸ਼ਨ 13 ਤਹਿਤ ਬੈਂਕ ਇਸ ਜਨਤਕ ਨੋਟਿਸ ਰਾਹੀਂ ਤੁਹਾਨੂੰ ਬੈਂਕ ਦੇ ਵਹੀ ਖਾਤਿਆਂ 'ਚ ਤੁਹਾਡੇ ਵਿਰੁੱਧ ਸਾਰੀਆਂ ਬਕਾਇਆ ਰਕਮਾਂ ਇਸ ਦੀ ਬਰਾਂਚ ਕੰਗਣਾ 'ਚ, ਸਮੇਤ ਇਸ ਉਪਰ ਭਵਿੱਖੀ ਵਿਆਜ, ਸਮੇਂ-ਸਮੇਂ 'ਤੇ ਬੈਂਕ ਵੱਲੋਂ ਕੀਤੇ ਗਏ ਹੋਰ ਖਰਚਿਆਂ ਅਤੇ ਲਾਗਤਾਂ ਨਾਲ ਸਾਰੀਆਂ ਮੁਕੰਮਲ ਦੇਣਦਾਰੀਆਂ, ਇਸ ਨੋਟਿਸ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ ਜਮ੍ਹਾਂ ਕਰਵਾਉਣ ਦਾ ਸੱਦਾ ਦਿੰਦਾ ਹੈ, ਅਸਫਲ ਰਹਿਣ 'ਤੇ ਤੁਹਾਡੇ ਜੋਖਮ ਅਤੇ ਲਾਗਤਾਂ 'ਤੇ ਬੈਂਕ ਐਕਟ (ਸੁਪਰਾ) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਦਰਸਾਏ ਸਾਰੇ ਜਾਂ ਕਿਸੇ ਇੱਕ ਢੰਗ ਨਾਲ ਸਕਿਉਰਡ ਕਰਜ਼ਾ ਵਸੂਲਣ ਲਈ ਕਾਰਵਾਈ ਕਰੇਗਾ: -

(ਏ) ਸਕਿਉਰਡ ਐੱਸਟਸ ਦੀ ਵਸੂਲੀ ਲਈ ਵਿਕਰੀ

(ਬੀ) ਸਕਿਉਰਡ ਐੱਸਟਸ ਦੇ ਪ੍ਰਬੰਧ ਨੂੰ ਆਪਣੇ ਹੱਥਾਂ ਵਿੱਚ ਲੈਣ ਸਮੇਤ ਸਕਿਉਰਡ ਐੱਸਟਸ ਦਾ ਕਬਜ਼ਾ ਲੈ ਕੇ ਤਬਦੀਲ ਕਰਨ ਦਾ ਅਧਿਕਾਰ ਸਮੇਤ ਸਕਿਉਰਡ ਐੱਸਟਸ ਦੀ ਵਸੂਲੀ ਲਈ ਵਿਕਰੀ ਰਾਹੀਂ ਤਬਦੀਲ ਕਰਨ ਦਾ ਅਧਿਕਾਰ

(ਸੀ) ਸਕਿਉਰਡ ਐੱਸਟਸ ਦੇ ਪ੍ਰਬੰਧ ਲਈ ਕਿਸੇ ਵਿਅਕਤੀ ਦੀ ਨਿਯੁਕਤੀ

(ਡੀ) ਕਿਸੇ ਸਮੇਂ ਵੀ ਲਿਖਤੀ ਨੋਟਿਸ ਰਾਹੀਂ, ਕਿਸੇ ਵਿਅਕਤੀ ਜਿਸ ਨੇ ਤੁਹਾਡੇ ਕੋਲੋਂ ਕੋਈ ਵੀ ਸਕਿਉਰਡ ਐੱਸਟਸ ਪ੍ਰਾਪਤ ਕੀਤਾ ਹੋਵੇ, ਬੈਂਕ ਨੂੰ ਅਦਾਇਗੀ ਲਈ ਸੱਦਣਾ।

ਅੱਗੇ ਕਿਰਪਾ ਕਰਕੇ ਧਿਆਨ ਦਿੱਤਾ ਜਾਵੇ ਕਿ ਜੇਕਰ ਕਰਜ਼ਦਾਰ/ਗਰੰਟਰ ਇਸ ਨੋਟਿਸ ਦੀ ਪ੍ਰਕਾਸ਼ਨਾ ਮਿਤੀ ਤੋਂ 60 ਦਿਨਾਂ ਦੇ ਅੰਦਰ ਸਾਰੀਆਂ ਮੁਕੰਮਲ ਦੇਣਦਾਰੀਆਂ ਅਦਾ ਕਰਨ 'ਚ ਅਸਫਲ ਰਹਿੰਦੇ ਹਨ ਅਤੇ ਬੈਂਕ (ਸੁਪਰਾ) ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ 4 ਅਧੀਨ ਕੋਈ ਕਾਰਵਾਈ ਕਰਦਾ ਹੈ ਤਾਂ ਕਰਜ਼ਦਾਰ/ਗਰੰਟਰਾਂ ਨੂੰ ਬੈਂਕ ਵੱਲੋਂ ਸਹਿਣ ਕੀਤੀਆਂ ਜਾਣ ਵਾਲੀਆਂ ਸਾਰੀਆਂ ਲਾਗਤਾਂ, ਚਾਰਜਿਜ਼, ਖਰਚੇ ਅਦਾ ਕਰਨੇ ਪੈਣਗੇ। ਜੇਕਰ ਸਕਿਉਰਡ ਐੱਸਟਸ ਦੀ ਵਿਕਰੀ ਦੀ ਕਾਰਵਾਈ ਨਾਲ ਬੈਂਕ ਦੇ ਸਾਰੇ ਬਕਾਏ ਮੁਕੰਮਲ ਤੌਰ 'ਤੇ ਵਸੂਲ ਨਹੀਂ ਹੁੰਦੇ ਤਾਂ ਬੈਂਕ ਬਕਾਇਆ ਰਕਮ ਤੁਹਾਡੇ ਅਤੇ ਗਰੰਟਰਾਂ ਅਤੇ ਹੋਰ ਜ਼ਿੰਮੇਵਾਰ ਵਿਅਕਤੀਆਂ ਕੋਲੋਂ ਨਿੱਜੀ ਤੌਰ 'ਤੇ ਵਸੂਲੀ ਕਰਨ ਲਈ ਕਾਰਵਾਈ ਕਰੇਗਾ। ਇਹ ਨੋਟਿਸ ਬੈਂਕ ਨੂੰ ਪ੍ਰਾਪਤ ਅਧਿਕਾਰਾਂ, ਉਪਲਬਧ ਹੱਲ ਅਤੇ ਕਾਨੂੰਨੀ ਰੀਕੋਰਸ ਅਨੁਸਾਰ ਬਿਨਾਂ ਕਿਸੇ ਪੱਖਪਾਤ ਦੇ ਹੈ।

ਮਿਤੀ : 27.04.2026 ਸਹੀ/-(ਅਧਿਕਾਰਤ ਅਫਸਰ)

## ਲੁੱਟ-ਖੋਹ ਕਰਨ ਵਾਲੇ ਗਰੋਹ ਦਾ ਪਰਦਾ ਫਾਸ਼, 5 ਮੈਂਬਰ ਗ੍ਰਿਫ਼ਤਾਰ

**ਮੋਹਾਲੀ, ਡੇਰਾਬੱਸੀ ( ਗੁਰਜੀਤ ਬਿੱਲਾ, ਵਿਨੈ ਕੁਮਾਰ ਜੈਨ)**- ਮੁੱਖ ਮੰਤਰੀ ਪੰਜਾਬ ਤੇ ਡੀ ਜੀ ਪੀ ਪੰਜਾਬ ਵੱਲੋਂ ਅਪਰਾਧੀਆਂ ਵਿਰੁੱਧ ਵਿੱਢੀ ਗਈ 'ਅਪਰਾਧੀਆਂ ਤੇ ਵਾਰ' ਮੁਹਿੰਮ ਤਹਿਤ ਐੱਸ ਏ ਐੱਸ ਨਗਰ ਪੁਲਿਸ ਨੂੰ ਉਸ ਸਮੇਂ ਵੱਡੀ ਸਫਲਤਾ ਮਿਲੀ, ਜਦੋਂ ਡੇਰਾਬੱਸੀ ਸਬ-ਡਿਵੀਜ਼ਨ ਪੁਲਿਸ ਨੇ ਟ੍ਰਾਈਸਿਟੀ ਖੇਤਰ ਵਿੱਚ ਦਹਿਸ਼ਤ ਦਾ ਪ੍ਰਤੀਕ ਬਣੇ ਇੱਕ ਅੰਤਰ-ਜ਼ਿਲ੍ਹਾ ਲੁੱਟ ਅਤੇ ਚੋਰੀ ਗਿਰੋਹ ਦੇ ਪੰਜ ਮੈਂਬਰਾਂ ਨੂੰ ਗ੍ਰਿਫਤਾਰ ਕਰ ਲਿਆ। ਇਹ ਗਿਰੋਹ ਪਿਛਲੇ ਕਾਫੀ ਸਮੇਂ ਤੋਂ ਇਲਾਕੇ ਵਿੱਚ ਸਰਗਰਮ ਸੀ ਤੇ ਰਾਤ ਦੇ ਸਮੇਂ ਦੁਕਾਨਾਂ ਨੂੰ ਨਿਸ਼ਾਨਾ ਬਣਾਉਂਦਾ ਸੀ। ਇਸ ਸਬੰਧੀ ਜਾਣਕਾਰੀ ਦਿੰਦਿਆਂ ਐੱਸ ਐੱਸ ਪੀ ਹਰਮਨਦੀਪ ਸਿੰਘ ਹਾਂਸ ਨੇ ਦੱਸਿਆ ਕਿ ਗ੍ਰਿਫਤਾਰ ਕੀਤੇ ਗਏ ਮੁਲਜ਼ਮਾਂ ਦੀ ਪਛਾਣ ਅਜੈ ਕੁਮਾਰ ਵਾਸੀ ਰਾਜਪੁਰਾ, ਨਸੀਬ ਕੁਮਾਰ ਉਰਫ਼ ਮਾਲਟਾ ਵਾਸੀ ਲਾਲੜੂ ਮੰਡੀ, ਸਾਜਨ ਉਰਫ਼ ਬਿੰਦਰ ਵਾਸੀ ਬਨੂੜ, ਗੋਪੀ ਉਰਫ਼ ਸਿੱਲੂ ਵਾਸੀ ਲਾਲੜੂ ਅਤੇ ਵਿਕੀ ਉਰਫ਼ ਸਾਗਰ ਵਾਸੀ ਰਾਜਪੁਰਾ ਵਜੋਂ ਹੋਈ ਹੈ। ਪੁਲਿਸ ਅਨੁਸਾਰ ਇਨ੍ਹਾਂ ਵਿੱਚੋਂ ਵਿਕੀ ਅਤੇ ਅਜੈ ਕੁਮਾਰ ਪੇਸ਼ੇਵਰ ਅਪਰਾਧੀ ਹਨ, ਜਿਨ੍ਹਾਂ ਖ਼ਿਲਾਫ਼ ਪਹਿਲਾਂ ਹੀ ਵੱਖ-ਵੱਖ ਥਾਣਿਆਂ ਵਿੱਚ ਡਕੈਤੀ, ਸਨੈਚਿੰਗ ਤੇ ਐੱਨ ਡੀ ਪੀ ਐੱਸ ਐਕਟ ਤਹਿਤ ਕਈ ਸੰਗੀਨ ਮਾਮਲੇ ਦਰਜ ਹਨ। ਜ਼ਿਕਰਯੋਗ ਹੈ ਕਿ 20-21 ਅਪ੍ਰੈਲ ਦੀ ਦਰਮਿਆਨੀ ਰਾਤ ਨੂੰ ਲਾਲੜੂ ਖੇਤਰ ਵਿੱਚ ਬਿਜਲੀ ਦੇ ਸਾਮਾਨ ਦੀ ਇਕ ਦੁਕਾਨ 'ਤੇ ਵੱਡੀ ਲੁੱਟ ਹੋਈ ਸੀ। ਲੁਟੇਰਿਆਂ ਨੇ ਦੁਕਾਨਦਾਰ ਦੀਆਂ ਅੱਖਾਂ 'ਤੇ ਪੱਟੀ ਬੰਨ੍ਹ ਕੇ ਉਸ ਦੀ ਬੇਰਹਿਮੀ ਨਾਲ ਕੁੱਟਮਾਰ ਕੀਤੀ ਅਤੇ ਦੁਕਾਨ ਵਿੱਚੋਂ ਪਾਣੀ ਵਾਲੇ ਪੰਪ, ਬੈਟਰੀਆਂ, ਕੇਬਲ ਅਤੇ ਹੋਰ ਕੀਮਤੀ ਸਾਮਾਨ ਲੁੱਟ ਕੇ ਫਰਾਰ ਹੋ ਗਏ ਸਨ।ਵਾਰਦਾਤ ਨੂੰ ਸੁਲਝਾਉਣ ਲਈ ਐੱਸ ਪੀ ਰੂਰਲ ਮਨਪ੍ਰੀਤ ਸਿੰਘ ਤੇ ਐੱਸ ਪੀ ਡੇਰਾਬੱਸੀ ਬਿਕਰਮਜੀਤ ਸਿੰਘ ਬਰਾੜ ਦੀ ਅਗਵਾਈ ਹੇਠ ਵਿਸ਼ੇਸ਼ ਟੀਮਾਂ ਦਾ ਗਠਨ ਕੀਤਾ ਗਿਆ ਸੀ। ਥਾਣਾ ਲਾਲੜੂ ਦੇ ਮੁਖੀ ਇੰਸਪੈਕਟਰ ਯੋਗੇਸ਼ ਕੁਮਾਰ ਦੀ ਟੀਮ ਨੇ ਤਕਨੀਕੀ ਮਾਹਿਰਾਂ ਤੇ ਖੁਫੀਆ ਸੂਤਰਾਂ ਦੀ ਮਦਦ ਨਾਲ ਕਾਰਵਾਈ ਕਰਦੇ ਹੋਏ ਪਹਿਲਾਂ ਤਿੰਨ ਦੋਸ਼ੀਆਂ ਨੂੰ ਆਲਮਗੀਰ ਗੈਸ ਪਲਾਂਟ ਨੇੜਿਓਂ ਦਬੋਚ ਲਿਆ। ਇਨ੍ਹਾਂ ਦੀ ਪੁੱਛਗਿੱਛ ਦੇ ਆਧਾਰ 'ਤੇ ਬਾਕੀ ਦੋ ਸਾਥੀਆਂ ਨੂੰ ਵੀ ਗ੍ਰਿਫਤਾਰ ਕਰ ਲਿਆ ਗਿਆ।



## ਖਸਤਾ ਹਾਲ ਸੜਕ ਖ਼ਿਲਾਫ਼ ਦੁਕਾਨਦਾਰਾਂ ਨੇ ਕੀਤੀ ਨਾਅਰੇਬਾਜ਼ੀ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਇੱਥੇ ਰਾਏ ਸਾਹਿਬ ਚੌਧਰੀ ਗਿਆਨ ਸਿੰਘ ਚੌਂਕ 'ਤੇ ਖਸਤਾ ਹਾਲ ਸੜਕ ਸੰਬੰਧੀ ਦੁਕਾਨਦਾਰਾਂ ਨੇ ਸਰਕਾਰ ਖ਼ਿਲਾਫ਼ ਨਾਅਰੇਬਾਜ਼ੀ ਕੀਤੀ। ਦੁਕਾਨਦਾਰ ਨੇ ਆਪਣੀ ਵਿਥਿਆ ਸੁਣਾਉਂਦਿਆਂ ਦੱਸਿਆ ਕਿ ਉਹ ਇੱਕ ਸਾਲ ਤੋਂ ਵਧ ਸਮੇਂ ਤੋਂ ਧੂੜ ਫੱਕ ਰਹੇ ਹਨ। ਸਥਾਨਕ ਨਗਰ ਕੌਂਸਲ ਨੇ ਸੀਵਰੇਜ ਪਾਉਣ ਲਈ ਸੜਕ ਦੀ ਖੁਦਾਈ ਕੀਤੀ ਸੀ, ਪਰ ਪੁੱਟੀ ਹੋਈ ਸੜਕ 'ਤੇ ਪ੍ਰੀਮਿਕਸ ਪਾਉਣ ਉਪਰੰਤ ਉਹ ਬੈਠ ਗਈ। ਮੁੜ ਸਰਕਾਰ ਤੇ ਪ੍ਰਸ਼ਾਸਨ ਨੇ ਉਨ੍ਹਾਂ ਦੀ ਸਾਰ ਨਹੀਂ ਲਈ। ਇਸ ਚੌਂਕ ਤੋਂ ਇੱਕ ਪਾਸੇ ਸੰਸਾਰਪੁਰ ਟੈਰਸ ਅਤੇ ਦੂਜੇ ਪਾਸੇ ਦੌਲਤਪੁਰ ਨੂੰ ਟਰੈਫਿਕ ਜਾਂਦੀ ਹੈ। ਰਸਤੇ ਤੰਗ ਹਨ, ਅਤੇ ਚੌਂਕ 'ਤੇ ਅਕਸਰ ਭੀੜ ਰਹਿੰਦੀ ਹੈ। ਮਾਇਨਿੰਗ ਸਮੱਗਰੀ ਲੈ ਕੇ ਲੰਘਦੇ ਓਵਰਲੋਡ ਟਿੱਪਰਾਂ ਤੇ ਹੋਰ ਵਾਹਨਾਂ ਕਾਰਨ ਉੱਡਦੀ ਧੂੜ ਦੁਕਾਨਾਂ ਅੰਦਰ ਰੱਖੇ ਸਮਾਨ ਨੂੰ ਖਰਾਬ ਕਰ ਰਹੀ ਹੈ, ਅਤੇ ਖੱਡਿਆਂ 'ਚ ਪਏ ਪੱਥਰ ਰਾਹਗੀਰਾਂ ਤੇ ਨੇੜਲੇ ਦੁਕਾਨਦਾਰਾਂ ਲਈ ਜਾਨਲੇਵਾ ਸਿੱਧ ਹੋ ਰਹੇ ਹਨ। ਜਸਵਾਲ ਆਟੋ ਦੇ ਸਰਪ੍ਰਸਤ ਕਿਸ਼ਨ ਜਸਵਾਲ, ਮੁਲਖ ਰਾਜ, ਓਂਕਾਰ ਸਿੰਘ, ਅੰਕੁਸ਼, ਯਸ਼ ਕਰਿਆਨਾ ਸਟੋਰ ਦੇ ਮਾਲਕ ਆਦਿ ਨੇ ਦਸਿਆ ਕਿ ਖਸਤਾ ਹਾਲ ਸੜਕ ਕਾਰਨ ਉਨ੍ਹਾਂ 'ਤੇ ਤਿਹਰੀ ਮਾਰ ਪੈ ਰਹੀ ਹੈ। ਗਾਹਕਾਂ ਨੇ ਸਮਾਨ ਲੈਣਾ ਛੱਡ ਦਿੱਤਾ ਹੈ, ਮਿੱਟੀ ਘੱਟੇ ਕਾਰਨ ਅੰਦਰ ਪਿਆ ਸਮਾਨ ਖਰਾਬ ਹੋ ਰਿਹਾ ਹੈ ਜਿਸ ਨਾਲ ਉਨ੍ਹਾਂ ਨੂੰ ਸਾਹ ਨਾਲ ਸਬੰਧਤ ਬਿਮਾਰੀਆਂ ਨਾਲ ਜੂਝ ਰਹੇ ਹਨ। ਪੀੜਤ ਦੁਕਾਨਦਾਰਾਂ ਨੇ ਸਰਕਾਰ ਤੋਂ ਉਨ੍ਹਾਂ ਦੀ ਸਮਸਿਆ ਦਾ ਜਲਦੀ ਹੱਲ ਕੱਢਣ ਅਤੇ ਚੌਂਕ 'ਤੇ ਕਰੀਬ ਅੱਧਾ ਕਿਲੋਮੀਟਰ ਦੇ ਘੇਰੇ 'ਚ ਕੰਕਰੀਟ ਦੀ ਸਲੈਬ ਪਾਉਣ ਦੀ ਮੰਗ ਕੀਤੀ ਹੈ।

ਲੋਕ ਨਿਰਮਾਣ ਵਿਭਾਗ ਦੇ ਐਕਸਿਅਨ ਭੀਸ਼ਮ ਲਹੋਰਾ ਨੇ ਕਿਹਾ ਕਿ ਕਈ ਜਗ੍ਹਾ 'ਤੇ ਕੰਮ ਚੱਲ ਰਿਹਾ ਹੈ, ਲੇਬਰ ਦੀ ਵੀ ਕਮੀ ਹੈ। ਹਾਲ ਦੀ ਘੜੀ ਠੇਕੇਦਾਰ ਨੂੰ ਬੈੱਡ ਮਿਕਸ ਪਾ ਕੇ ਲੈਵਲ ਕਰਨ ਲਈ ਕਿਹਾ ਹੈ। ਉਨ੍ਹਾਂ ਚਾਰ ਪੰਜ ਦਿਨਾਂ ਅੰਦਰ ਸਮਸਿਆ ਹੱਲ ਕਰਨ ਦਾ ਭਰੋਸਾ ਦਿੱਤਾ ਹੈ।



## ਨਸ਼ੇ ਨਾਲ ਹੋਈ ਮੌਤ ਨੇ ਸਰਕਾਰ ਦੀ ਨਸ਼ਿਆਂ ਵਿਰੁੱਧ ਜੰਗ 'ਤੇ ਖੜ੍ਹੇ ਕੀਤੇ ਗੰਭੀਰ ਸਵਾਲ

**ਕਪੂਰਥਲਾ (ਬਲਵਿੰਦਰ ਸਿੰਘ ਧਾਲੀਵਾਲ)**- ਭਾਜਪਾ ਦੇ ਜ਼ਿਲ੍ਹਾ ਪ੍ਰਧਾਨ ਰਣਜੀਤ ਸਿੰਘ ਖੋਜੇਵਾਲ ਨੇ ਕਿਹਾ ਕਿ ਸਰਕਾਰ ਦੇ ਚਾਰ ਸਾਲ ਦੇ ਕਾਰਜਕਾਲ ਦੌਰਾਨ ਅਨੇਕਾਂ ਨੌਜਵਾਨਾਂ ਦੀ ਨਸ਼ੇ ਕਾਰਨ ਮੌਤ ਹੋ ਚੁੱਕੀ ਹੈ।ਉਨ੍ਹਾਂ ਨੇ ਤਾਜੇ ਮਾਮਲੇ ਦਾ ਜਿਕਰ ਕਰਦਿਆਂ ਕਿਹਾ ਕਿ ਸੁਲਤਾਨਪੁਰ ਲੋਧੀ ਦੇ ਪਿੰਡ ਗਾਜੀਪੁਰ ਤੋਂ ਇੱਕ ਵਾਰ ਫਿਰ ਦਿਲ ਦਹਲਾ ਦੇਣ ਵਾਲੀ ਖਬਰ ਸਾਹਮਣੇ ਆਈ ਹੈ,ਜਿੱਥੇ ਨਸ਼ੇ ਦੇ ਕਹਿਰ ਨੇ ਇੱਕ ਹੋਰ ਮਾਂ ਦਾ ਘਰ ਉਜਾੜ ਦਿੱਤਾ। ਇੱਕ ਮਾਂ,ਜਿਸਦੇ ਪਹਿਲਾਂ ਹੀ ਇੱਕ ਪੁੱਤ ਨੂੰ ਨਸ਼ੇ ਨੇ ਨਿਗਲ ਲਿਆ ਸੀ,ਹੁਣ 6 ਮਹੀਨੇ ਦੇ ਅੰਦਰ ਹੀ ਦੂਜੇ ਜਵਾਨ ਪੁੱਤ ਦੀ ਲਾਸ਼ ਨੂੰ ਵੀਰਲੇ ਪਾ ਕੇ ਰੋਣ ਲਈ ਮਜਬੂਰ ਹੋ ਗਈ ਹੈ।ਉਨ੍ਹਾਂ ਕਿਹਾ ਕਿ ਨਸ਼ਿਆਂ ਕਾਰਨ ਹੋਣ ਵਾਲੀਆਂ ਮੌਤਾਂ ਦੀ ਗਿਣਤੀ 1000 ਦੇ ਵਿਚਕਾਰ ਹੋਵੇਗੀ,ਪਰ ਕਈ ਪਰਵਾਰ ਕਾਰਨ ਨਹੀਂ ਦੱਸਦੇ।ਭਾਜਪਾ ਆਗੂਆਂ ਦੇ ਨਾਲ ਪਿੰਡ ਗਾਜੀਪੁਰ ਵਿਖੇ ਦੁੱਖੀ ਪਰਵਾਰ ਨਾਲ ਦੁੱਖ ਸਾਂਝਾ ਕਰਨ ਪਹੁੰਚੇ ਭਾਜਪਾ ਦੇ ਜ਼ਿਲ੍ਹਾ ਪ੍ਰਧਾਨ ਰਣਜੀਤ ਸਿੰਘ ਖੋਜੇਵਾਲ ਨੇ ਕਿਹਾ ਕਿ ਕਿਹਾ ਕਿ ਪੰਜਾਬ ਵਿੱਚ ਨਸ਼ਿਆਂ ਦੀ ਓਵਰਡੋਜ਼ ਨਾਲ ਹੋਣ ਵਾਲੀਆਂ ਮੌਤਾਂ ਦਾ ਗ੍ਰਾਫ ਦਿਨੋਂ-ਦਿਨ ਵਧਦਾ ਜਾ ਰਿਹਾ ਹੈ। ਇਸ ਮੌਕੇ ਤੇ ਸੁਲਤਾਨਪੁਰ ਲੋਧੀ ਦੇ ਮੰਡਲ ਪ੍ਰਧਾਨ ਰਾਕੇਸ਼ ਪੁਰੀ,ਯੂਥ ਭਾਜਪਾ ਦੇ ਜ਼ਿਲ੍ਹਾ ਪ੍ਰਧਾਨ ਸੰਨੀ ਬੈਂਸ,ਯੂਥ ਭਾਜਪਾ ਸੁਲਤਾਨਪੁਰ ਲੋਧੀ ਦੇ ਸ਼ਹਿਰੀ ਪ੍ਰਧਾਨ ਵਿਨੀ ਸ਼ਰਮਾ, ਸੁਖਦੇਵ ਸਿੰਘ,ਸੁਖਵਿੰਦਰ ਸਿੰਘ, ਕੁਲਦੀਪ ਸਿੰਘ,ਰਵਿੰਦਰ ਜੈਨ, ਹਿਊਮਨ ਰਾਈਟਸ ਸੈੱਲ ਦੇ ਰਾਜਿੰਦਰ ਕੁਮਾਰ ਬਿਸਟ,ਪ੍ਰਿੰਸ ਗਾਜ਼ੀਪੁਰ ਆਦਿ ਹਾਜ਼ਰ ਸਨ।



## ਖੂਨਦਾਨ ਕੈਂਪ ਲਗਾਇਆ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)** ਪਿੰਡ ਰਿਹਾਣਾ ਜੱਟਾਂ ਸੰਤ ਨਿਰੰਕਾਰੀ ਸਤਿਸੰਗ ਭਵਨ ਵਿਖੇ ਸਤਿਗੁਰੂ ਮਾਤਾ ਸੁਦੀਕਸ਼ਾ ਜੀ ਮਹਾਰਾਜ ਜੀ ਦੀ ਅਪਾਰ ਕਿਰਪਾ ਨਾਲ ਸੰਤ ਨਿਰੰਕਾਰੀ ਸਤਿਸੰਗ ਭਵਨ ਦੇ ਅਸਥਾਨ ਤੇ ਸਾਲਾਨਾ 14ਵਾਂ ਵਿਸ਼ਾਲ ਖੂਨਦਾਨ ਕੈਂਪ ਲਗਾਇਆ ਗਿਆ।ਸੰਤ ਨਿਰੰਕਾਰੀ ਸਤਿਸੰਗ ਭਵਨ ਬ੍ਰਾਂਚ ਰਿਹਾਣਾ ਜੱਟਾਂ ਦੇ ਮੁੱਖੀ ਨਰਿੰਦਰ ਪਾਲ ਰਿਹਾਣਾ ਜੱਟਾਂ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਸਾਲਾਨਾ 14ਵਾਂ ਵਿਸ਼ਾਲ ਖੂਨਦਾਨ ਕੈਂਪ ਦਾ ਇਲਾਕੇ ਭਰ ਤੋ ਸਰਪੰਚ,ਪੰਚ, ਜ਼ਿਲ੍ਹਾ ਪ੍ਰੀਸ਼ਦ ਸਾਝੇ ਤੋਰ ਤੇ ਰੀਬਨ ਕੱਟ ਕੇ ਸਾਂਝੇ ਤੌਰ 'ਤੇ ਉਦਘਾਟਨ ਕੀਤਾ। ਇਸ ਮੌਕੇ ਬ੍ਰਾਂਚ ਰਿਹਾਣਾ ਜੱਟਾਂ ਦੇ ਮੁੱਖੀ ਸੰਤ ਨਰਿੰਦਰ ਪਾਲ, ਰਿਹਾਣਾ ਜੱਟਾਂ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਏਕਤਾ ਦਿਵਸ ਮੌਕੇ ਇਲਾਕੇ ਭਰ ਤੋਂ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਪੁੱਜ ਕੇ ਖੂਨਦਾਨ ਕੀਤਾ। ਉਹਨਾਂ ਦੱਸਿਆ ਕਿ ਖੂਨਦਾਨ ਕਰਨ ਵਾਲੇ ਨੂੰ ਮੈਡਲ ਤੇ ਸਰਟੀਫਿਕੇਟ ਦੇ ਕੇ ਸਨਮਾਨਤ ਕੀਤਾ ਗਿਆ।ਉਨ੍ਹਾਂ ਦੱਸਿਆ ਕਿ ਏਕਤਾ ਦਿਵਸ ਮੌਕੇ ਸਲਾਨਾ 14ਵੇਂ ਵਿਸ਼ਾਲ ਖੂਨਦਾਨ ਕੈਂਪ ਦੌਰਾਨ ਮੁੱਖ ਮਹਿਮਾਨ ਡਾਕਟਰ ਰਾਜ ਕੁਮਾਰ ਚੱਬੇਵਾਲ ਮੈਂਬਰ ਪਾਰਲੀਮੈਂਟ ਹੁਸ਼ਿਆਰਪੁਰ, ਸੋਮ ਪ੍ਰਕਾਸ਼ ਸਾਬਕਾ ਕੈਬਨਿਟ ਮੰਤਰੀ ਭਾਰਤ ਸਰਕਾਰ, ਜੋਗਿੰਦਰ ਸਿੰਘ ਮਾਨ ਸੀਨੀਅਰ ਲੀਡਰ ਆਮ ਆਦਮੀ ਪਾਰਟੀ, ਕਰਨ ਧਾਰੀਵਾਲ ਆਦਿ ਨੇ ਵਿਸ਼ੇਸ਼ ਤੌਰ ਤੇ ਪੁੱਜ ਕੇ ਹਾਜ਼ਰੀ ਭਰੀ। ਇਸ ਮੌਕੇ ਪ੍ਰਬੰਧਕਾਂ ਆਏ ਹੋਏ ਮੁੱਖ ਮਹਿਮਾਨ, ਪ੍ਰਮੁੱਖ ਸਖ਼ਸ਼ੀਅਤਾਂ ਤੇ ਸਹਿਯੋਗੀਆਂ ਨੂੰ ਕਿਤਾਬਾਂ ਦਾ ਸੈੱਟ ਦੇ ਕੇ ਸਨਮਾਨਤ ਕੀਤਾ ਗਿਆ।ਉਨ੍ਹਾਂ ਦੱਸਿਆ ਕਿ ਏਕਤਾ ਦਿਵਸ ਮੌਕੇ ਸਲਾਨਾ 14ਵੇਂ ਵਿਸ਼ਾਲ ਖੂਨਦਾਨ ਕੈਂਪ ਵਿੱਚ ਵੱਖ ਵੱਖ ਸ਼ਹਿਰਾਂ ਬਲੱਡ ਬੈਂਕਾਂ ਖੂਨ ਪ੍ਰਾਪਤ ਕੀਤਾ ਗਿਆ। ਇਸ ਮੌਕੇ ਬ੍ਰਾਂਚ ਦੇ ਮੁੱਖੀ ਸੰਤ ਨਰਿੰਦਰ ਪਾਲ ਰਿਹਾਣਾ ਜੱਟਾਂ ਨੇ ਸਮੂਹ ਮਹਿਮਾਨਾਂ, ਸੇਵਾਦਾਰਾ ਅਤੇ ਸਹਿਯੋਗੀਆਂ ਦਾ ਧੰਨਵਾਦ ਕੀਤਾ। ਇਸ ਮੌਕੇ ਡਾਕਟਰ ਪਰਮਜੀਤ ਸਿੰਘ ਬੱਧਣ, ਡਾਕਟਰ ਕੁਲਦੀਪ ਕੌਰ ਬੱਧਣ, ਡਾਕਟਰ ਨਰਿੰਦਰ ਕੁਮਾਰ ਰਾਜਪੁਰ ਭਾਈਆਂ, ਸਰਪੰਚ ਬਲਵਿੰਦਰ ਕੁਮਾਰ ਬਘਾਣਾ, ਊਸ਼ਾ ਰਾਣੀ ਸਾਬਕਾ ਸਰਪੰਚ ਭੁੰਗਰਨੀ, ਮਲਕੀਅਤ ਚੰਦ, ਕੁਸ਼ਲਿਆ ਦੇਵੀ, ਜਸਵਿੰਦਰ ਸਿੰਘ, ਪਰਮਿੰਦਰ ਪਾਲ ਸਿੰਘ, ਮਨੀਸ਼ ਅਰੋੜਾ,ਮਹਿੰਗਾ ਸਿੰਘ, ਧਰਮਪਾਲ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿਚ ਸੰਗਤਾਂ ਹਾਜ਼ਰ ਸਨ। ਇਸ ਪ੍ਰੋਗਰਾਮ ਦੀ ਜਾਣਕਾਰੀ ਡਾਕਟਰ ਪਰਮਜੀਤ ਸਿੰਘ ਬੱਧਣ ਭੁੰਗਰਨੀ, ਡਾਕਟਰ ਕੁਲਦੀਪ ਕੌਰ ਬੱਧਣ ਭੁੰਗਰਨੀ ਨੇ ਪ੍ਰੈਸ ਨੂੰ ਦਿੱਤੀ।



## ਸਾਲਾਨਾ ਇਨਾਮ ਵੰਡ ਸਮਾਰੋਹ ਕਰਵਾਇਆ



**ਮੁਹਾਲੀ (ਗੁਰਜੀਤ ਬਿੱਲਾ)** ਸਰਕਾਰੀ ਹਾਈ ਸਕੂਲ, ਮਟੌਰ (ਸੈਕਟਰ-70) ਵਿਖੇ ਸਾਲਾਨਾ ਇਨਾਮ ਵੰਡ ਸਮਾਰੋਹ ਦਾ ਆਯੋਜਨ ਕੀਤਾ ਗਿਆ। ਇਸ ਸਮਾਰੋਹ ਵਿੱਚ ਡੀ ਆਈ ਜੀ (ਵਿਜੀਲੈਂਸ) ਹਰਪ੍ਰੀਤ ਸਿੰਘ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਸਮਾਗਮ ਦੌਰਾਨ ਪਿੰਡ ਦੇ ਪਤਵੰਤੇ ਸੱਜਣਾਂ ਨੇ ਵੀ ਵੱਡੀ ਗਿਣਤੀ ਵਿੱਚ ਸ਼ਿਰਕਤ ਕੀਤੀ।ਸਮਾਰੋਹ ਦੀ ਸ਼ੁਰੂਆਤ ਮੁੱਖ ਅਧਿਆਪਕਾ ਸ੍ਰੀਮਤੀ ਨਰਪਿੰਦਰ ਕੌਰ ਵੱਲੋਂ ਕੀਤੀ ਗਈ, ਜਿਨ੍ਹਾਂ ਨੇ ਮੁੱਖ ਮਹਿਮਾਨ ਹਰਪ੍ਰੀਤ ਸਿੰਘ ਦੇ ਨਾਲ-ਨਾਲ ਜ਼ਿਲ੍ਹਾ ਕੋਆਰਡੀਨੇਟਰ ਸਿੱਖਿਆ ਕ੍ਰਾਂਤੀ ਗਗਨਦੀਪ ਨੂੰ ਸਨਮਾਨਿਤ ਕੀਤਾ। ਇਸ ਮੌਕੇ ਉੱਘੇ ਸਮਾਜ ਸੇਵੀ ਹਰਪਾਲ ਸਿੰਘ ਮਟੌਰ ਵੱਲੋਂ ਵੀ ਮਹਿਮਾਨਾਂ ਨੂੰ ਸਨਮਾਨਿਤ ਕੀਤਾ ਗਿਆ।ਸਮਾਰੋਹ ਦੌਰਾਨ ਸਕੂਲ ਦੇ ਹੋਣਹਾਰ ਵਿਦਿਆਰਥੀਆਂ ਨੂੰ ਸਨਮਾਨਤ ਕੀਤਾ ਗਿਆ। ਖ਼ਾਸ ਤੌਰ 'ਤੇ 24 ਵਿਦਿਆਰਥੀਆਂ, ਜਿਨ੍ਹਾਂ ਨੇ 90 ਫੀਸਦੀ ਤੋਂ ਵੱਧ ਅੰਕ ਪ੍ਰਾਪਤ ਕਰਕੇ ਸਕੂਲ ਦਾ ਨਾਂਅ ਰੌਸ਼ਨ ਕੀਤਾ, ਨੂੰ ਇਨਾਮਾਂ ਨਾਲ ਨਿਵਾਜਿਆ ਗਿਆ।ਇਸ ਮੌਕੇ ਸਕੂਲ ਦੇ ਸਮੂਹ ਸਟਾਫ ਵਿੱਚੋਂ ਕਿਰਨ ਬਾਲਾ, ਰੇਨੂੰ ਬਾਲਾ, ਬੰਧਨ ਸ਼ਰਮਾ ਅਤੇ ਰਜਨੀਸ਼ ਕੌਰ ਸਮੇਤ ਹੋਰ ਅਧਿਆਪਕ ਵੀ ਮੌਜੂਦ ਰਹੇ।

## ਜਲੰਧਰ ਹਾਈਟਸ 3 ਨੇ ਏ ਜੀ ਆਈ ਹਫਤਾਵਾਰੀ ਲੀਗ ਮੈਚ ਜਿੱਤਿਆ

**ਜਲੰਧਰ (ਰਾਜੇਸ਼ ਥਾਪਾ)**-ਜਲੰਧਰ ਹਾਈਟਸ 3 ਦੀ ਕ੍ਰਿਕਟ ਟੀਮ ਦੇ ਮਿਸਟਰ ਵਿਸ਼ਾਲ ਨੂੰ ਇਸ ਮੈਚ ਦਾ ਸਰਵੋਤਮ ਆਲਰਾਊਂਡਰ ਘੋਸ਼ਿਤ ਕੀਤਾ ਗਿਆ। ਇਹ ਮੈਚ ਏ ਜੀ ਆਈ ਕ੍ਰਿਕਟ ਗਰਾਊਂਡ, ਜਲੰਧਰ ਹਾਈਟਸ 1, 66 ਫੁੱਟ ਰੋਡ, ਜਲੰਧਰ ਵਿੱਚ ਖੇਡਿਆ ਗਿਆ।ਅੱਜ ਦਾ ਮੈਚ ਜਲੰਧਰ ਹਾਈਟਸ 3 ਤੇ ਜਲੰਧਰ ਹਾਈਟਸ 2 ਦੀਆਂ ਟੀਮਾਂ ਵਿਚਕਾਰ ਖੇਡਿਆ ਗਿਆ, ਜਿਸ ਨੂੰ ਜਲੰਧਰ ਹਾਈਟਸ 3 ਨੇ 46 ਰਨਾਂ ਨਾਲ ਜਿੱਤ ਲਿਆ।

ਜਲੰਧਰ ਹਾਈਟਸ 3 ਨੇ 137 ਰਨ ਬਣਾਏ ਜਦਕਿ ਜਲੰਧਰ ਹਾਈਟਸ 2 ਦੀ ਟੀਮ ਸਿਰਫ 91 ਰਨ ਹੀ ਬਣਾ ਸਕੀ।

ਟੌਸ ਜਿੱਤ ਕੇ ਜਲੰਧਰ ਹਾਈਟਸ 3 ਨੇ ਬੈਟਿੰਗ ਸ਼ੁਰੂ ਕੀਤੀ। ਟੀਮ ਦੇ ਬੱਲੇਬਾਜ਼ ਮਿਸਟਰ ਵਿਸ਼ਾਲ ਨੇ 2 ਛੱਕਿਆਂ ਅਤੇ 4 ਚੌਕਿਆਂ ਦੀ ਮਦਦ ਨਾਲ ਸਭ ਤੋਂ ਵੱਧ 40 ਰਨ ਬਣਾਏ।ਮਿਸਟਰ ਰੋਹਿਤ ਨੇ 29 ਰਨ, ਸੁਖਦੇਵ ਨੇ 17 ਰਨ, ਅਜੈ ਨੇ 13 ਰਨ, ਗਿਰਗਸ਼ ਨੇ 10 ਰਨ ਅਤੇ ਕੁਲਦੀਪ ਨੇ 5 ਰਨ ਬਣਾਏ।137 ਰਨਾਂ ਦੇ ਟੀਚੇ ਦਾ ਪਿੱਛਾ ਕਰਦੇ ਹੋਏ ਜਲੰਧਰ ਹਾਈਟਸ 2 ਦੀ ਟੀਮ ਸਿਰਫ 91 ਰਨ ਹੀ ਬਣਾ ਸਕੀ।ਮਿਸਟਰ ਇਸ਼ਪਾਲ ਨੇ ਸਭ ਤੋਂ ਵੱਧ 26 ਰਨ ਬਣਾਏ, ਉਸ ਤੋਂ ਬਾਅਦ ਮਿਸਟਰ ਵਿਕੀ ਨੇ 25 ਰਨ, ਮਿਸਟਰ ਹਰਪ੍ਰੀਤ ਸਿੰਘ ਨੇ 14 ਰਨ ਅਤੇ ਸੌਰਵ ਨੇ 10 ਰਨ ਬਣਾਏ।ਜਲੰਧਰ ਹਾਈਟਸ 3 ਦੇ ਮਿਸਟਰ ਸੁਖਦੇਵ ਨੇ 3 ਵਿਕਟਾਂ ਲੈ ਕੇ ਮੈਚ ਦੇ ਸਰਵੋਤਮ ਗੇਂਦਬਾਜ਼ ਦਾ ਖਿਤਾਬ ਜਿੱਤਿਆ। ਜਲੰਧਰ ਹਾਈਟਸ 2 ਦੇ ਮਿਸਟਰ ਹਰਪ੍ਰੀਤ ਨੇ ਵੀ 3 ਵਿਕਟਾਂ ਲਈਆਂ।ਏ ਜੀ ਆਈ ਇਨਫਰਾਸਟਰਕਚਰ ਪ੍ਰਾਈਵੇਟ ਲਿਮਿਟਡ ਦੇ ਡਾਇਰੈਕਟਰ ਮਿਸਟਰ ਵਰਿੰਦਰ ਸਿੰਘ ਨੇ ਆਪਣੀ ਹਾਜ਼ਰੀ ਨਾਲ ਟੀਮਾਂ ਦਾ ਹੌਸਲਾ ਵਧਾਇਆ ਅਤੇ ਸਾਰੀਆਂ ਭਾਗ ਲੈਣ ਵਾਲੀਆਂ ਟੀਮਾਂ ਨੂੰ ਹਰ ਤਰ੍ਹਾਂ ਦੀ ਮਦਦ ਦਾ ਭਰੋਸਾ ਦਿੱਤਾ।ਉਨ੍ਹਾਂ ਨੇ ਖਿਡਾਰੀਆਂ ਨੂੰ ਚੰਗੀ ਸਿਹਤ ਲਈ ਹਰ ਕਿਸਮ ਦੇ ਨਸ਼ਿਆਂ ਅਤੇ ਡਰੱਗਜ਼ ਤੋਂ ਦੂਰ ਰਹਿਣ ਦੀ ਸਲਾਹ ਵੀ ਦਿੱਤੀ।



## ਗੁਰਕੰਵਲ ਸਿੰਘ ਨੇ ਸਹਾਇਕ ਕਮਿਸ਼ਨਰ ਵਜੋਂ ਅਹੁਦਾ ਸੰਭਾਲਿਆ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- 2025 ਬੈਚ ਦੇ ਆਈ ਏ ਐੱਸ ਅਧਿਕਾਰੀ ਗੁਰਕੰਵਲ ਸਿੰਘ ਨੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿੱਚ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਦੀ ਮੌਜੂਦਗੀ ਵਿਚ ਸਹਾਇਕ ਕਮਿਸ਼ਨਰ (ਅੰਡਰ ਟ੍ਰੇਨਿੰਗ) ਵਜੋਂ ਅਹੁਦਾ ਸੰਭਾਲਿਆ। ਜਲੰਧਰ ਜ਼ਿਲ੍ਹੇ ਨਾਲ ਸਬੰਧਤ ਗੁਰਕੰਵਲ ਸਿੰਘ, ਜਿਨ੍ਹਾਂ ਦੀ ਇਹ ਪਹਿਲੀ ਫੀਲਡ ਪੋਸਟਿੰਗ ਹੈ, ਨੇ ਥਾਪਰ ਯੂਨੀਵਰਸਿਟੀ, ਪਟਿਆਲਾ ਤੋਂ ਸਿਵਲ ਇੰਜੀਨੀਅਰਿੰਗ ਕੀਤੀ ਹੋਈ ਹੈ। ਉਨ੍ਹਾਂ ਦੇ ਪਿਤਾ ਸਤਪਾਲ ਸਿੰਘ ਮੁਲਤਾਨੀ ਸੇਵਾ ਮੁਕਤ ਸਹਾਇਕ ਆਬਕਾਰੀ ਤੇ ਕਰ ਕਮਿਸ਼ਨਰ ਹਨ। ਅਹੁਦਾ ਸੰਭਾਲਣ ਸਮੇਂ ਗੁਰਕੰਵਲ ਸਿੰਘ ਨੇ ਕਿਹਾ ਕਿ ਉਹ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਦੀ ਅਗਵਾਈ ਵਿਚ ਪੂਰੀ ਤਨਦੇਹੀ, ਇਮਾਨਦਾਰੀ ਅਤੇ ਸਮਰਪਣ ਭਾਵਨਾ ਨਾਲ ਕੰਮ ਕਰਨਗੇ। ਉਨ੍ਹਾਂ ਕਿਹਾ ਕਿ ਪ੍ਰਸ਼ਾਸਨਿਕ ਤੇ ਨਾਗਰਿਕ ਸੇਵਾਵਾਂ ਲੋਕਾਂ ਤੱਕ ਘੱਟੋ-ਘੱਟ ਸਮੇਂ ਵਿਚ ਪੁੱਜਦੀਆਂ ਕਰਨਾ ਅਤੇ ਜਨਤਕ ਸ਼ਿਕਾਇਤਾਂ ਦਾ ਸਮਾਂਬੱਧ ਨਿਪਟਾਰਾ ਉਨ੍ਹਾਂ ਦੀ ਮੁੱਖ ਤਰਜ਼ੀਹ ਰਹੇਗੀ। ਇਸ ਤੋਂ ਪਹਿਲਾ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਗੁਰਕੰਵਲ ਸਿੰਘ ਨੂੰ ਨਵੀਂ ਜ਼ਿੰਮੇਵਾਰੀ ਅਤੇ ਪ੍ਰਸ਼ਾਸਨਿਕ ਸੇਵਾਵਾਂ ਦੇ ਖੇਤਰ ਵਿਚ ਬਿਹਤਰੀਨ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ। ਇਸ ਮੌਕੇ 'ਤੇ ਸਹਾਇਕ ਕਮਿਸ਼ਨਰ ਪਰਮਪ੍ਰੀਤ ਸਿੰਘ, ਸਹਾਇਕ ਕਮਿਸ਼ਨਰ ਗੁਰਪ੍ਰੀਤ ਕੌਰ, ਆਈ ਏ ਐੱਸ ਅਧਿਕਾਰੀ ਗੁਰਕੰਵਲ ਸਿੰਘ ਦੇ ਪਿਤਾ ਸਤਪਾਲ ਸਿੰਘ ਮੁਲਤਾਨੀ, ਮਾਤਾ ਪਰਮਜੀਤ ਕੌਰ ਅਤੇ ਹੋਰ ਪਰਵਾਰਕ ਮੈਂਬਰ ਵੀ ਮੌਜੂਦ ਸਨ।



## 'ਕੁਝ ਤਿੜਕਿਆ ਤਾਂ ਹੈ' 'ਤੇ ਹੋਈ ਵਿਚਾਰ-ਚਰਚਾ

**ਚੰਡੀਗੜ੍ਹ (ਸੁਰਜੀਤ ਸੁਮਨ)** ਉੱਘੇ ਸ਼ਾਇਰ ਮਨਜੀਤ ਪੁਰੀ ਦੇ ਗ਼ਜ਼ਲ ਸੰਗ੍ਰਹਿ 'ਕੁਝ ਤਿੜਕਿਆ ਤਾਂ ਹੈ' 'ਤੇ ਸਵਪਨ ਫਾਉਂਡੇਸ਼ਨ, ਪਟਿਆਲਾ ਤੇ ਪੰਜਾਬ ਸਾਹਿਤ ਅਕਾਦਮੀ ਚੰਡੀਗੜ੍ਹ ਵੱਲੋਂ ਵਿਚਾਰ-ਚਰਚਾ ਕਰਵਾਈ ਗਈ। ਅਕਾਦਮੀ ਦੇ ਮੀਤ ਪ੍ਰਧਾਨ ਡਾ. ਅਰਵਿੰਦਰ ਸਿੰਘ ਢਿੱਲੋਂ ਨੇ ਆਏ ਮਹਿਮਾਨਾਂ ਦਾ ਸਵਾਗਤ ਕੀਤਾ। ਮਨਜੀਤ ਪੁਰੀ ਨੇ ਆਪਣੀਆਂ ਗ਼ਜ਼ਲਾਂ ਦਾ ਪਾਠ ਕਰਕੇ ਸਭ ਨੂੰ ਸਰਸ਼ਾਰ ਕੀਤਾ। ਡਾ. ਜੱਗਦੀਪ ਦੀ ਗੈਰ-ਹਾਜ਼ਰੀ ਵਿੱਚ ਜਗਦੀਪ ਸਿੱਧੂ ਨੇ ਉਹਨਾਂ ਦਾ ਲਿਖਿਆ ਪਰਚਾ ਪੜ੍ਹਿਆ। ਉਹਨਾਂ ਕਿਹਾ ਕਿ ਮੈਨੂੰ ਮਨਜੀਤ ਦੀ ਸ਼ਾਇਰੀ ਵਿੱਚ ਸਹਿਜਤਾ ਦਾ ਅਹਿਸਾਸ ਹੁੰਦਾ ਹੈ। ਉਹ ਸਹਿਜਤਾ ਜੋ ਪੀੜ ਦੀ ਹੱਦ ਪਾਰ ਕਰ ਚੁੱਕਣ ਤੋਂ ਬਾਅਦ ਆਉਂਦੀ ਹੈ। ਸ਼ਾਇਰ ਧਰਮਿੰਦਰ ਸੇਖੋਂ ਨੇ ਗ਼ਜ਼ਲ ਦੀ ਭਾਸ਼ਾ ਚੰਗੀ ਲੱਗਣ ਬਾਰੇ ਗੱਲ ਕੀਤੀ। ਉਹਨਾਂ ਕੁਝ ਸਵਾਲ ਵੀ ਉਠਾਏ। ਪਾਲ ਅਜਨਬੀ ਨੇ ਕਿਹਾ ਕਿ ਕਿਤਾਬ ਵਿੱਚਲੀ ਸ਼ਾਇਰੀ ਬੇਗਾਨੀ ਨਹੀਂ ਲੱਗਦੀ, ਅਨੁਭਵ ਵਿੱਚੋਂ ਆਈ ਹੈ ਜੋ ਪਾਠਕ ਦਾ ਅਨੁਭਵ ਵੀ ਹੋ ਨਿਬੜਦੀ ਹੈ। ਸ਼ਾਇਰ ਭੱਟੀ ਨੇ ਕਿਹਾ ਕਿ ਸਿਖਾਂਦਰੂ ਦੇ ਤੌਰ 'ਤੇ ਇਸ ਸ਼ਾਇਰੀ ਵਿੱਚੋਂ ਸਾਨੂੰ ਬਹੁਤ ਕੁਝ ਸਿੱਖਣ ਨੂੰ ਮਿਲੇਗਾ। ਡਾ. ਅਵਤਾਰ ਪਤੰਗ ਨੇ ਕਿਹਾ ਕਿ ਇਹ ਸ਼ਾਇਰੀ ਤ੍ਰਿਪਤ ਕਰਦੀ ਹੈ। ਜਗਤਾਰ ਜੋਗ ਨੇ ਮਨਜੀਤ ਦੀ ਗ਼ਜ਼ਲ 'ਡੁੱਬਦੇ ਸੂਰਜਾਂ ਤੋਂ' ਤਰੁਨਮ ਵਿੱਚ ਸੁਣਾਈ। ਸ਼ਮਸ਼ੇਰ ਸਾਹਿਲ ਨੇ ਕਈ ਸ਼ਿਅਰਾਂ ਦੀ ਵਿਆਖਿਆ ਕਰਕੇ ਕਿਹਾ ਕਿ ਇਹ ਬਹੁ-ਪਰਤੀ ਸ਼ਾਇਰੀ ਹੈ। ਉਰਦੂ ਸ਼ਾਇਰ ਡਾ. ਜਤਿੰਦਰ ਪਰਵਾਜ ਨੇ ਕਿਹਾ ਕਿ ਪੁਰੀ ਦੀ ਸ਼ਾਇਰੀ ਸੰਗੀਤ ਤੇ ਰਵਾਨੀ ਨਾਲ ਲਬਰੇਜ਼ ਹੈ, ਜੋ ਪਾਠਕ ਦੇ ਭਾਵਾਂ ਦੀ ਤਰਜ਼ਮਾਨੀ ਕਰਦੀ ਹੈ। ਡਾ. ਯੋਗਰਾਜ ਨੇ ਕਿਹਾ ਕਿ ਗ਼ਜ਼ਲ ਲਿਖਣਾ ਕੋਈ ਸੌਖਾ ਕੰਮ ਨਹੀਂ। ਮਨਜੀਤ ਦੀ ਗ਼ਜ਼ਲ ਵਿੱਚ ਸਿਆਸਤ ਜ਼ਿਆਦਾਤਰ ਲੁਕਵੇਂ ਰੂਪ ਵਿੱਚ ਆਉਂਦੀ ਹੈ। ਉਹਨਾਂ ਨੇ ਮਨਜੀਤ ਦੀ ਰਚਨਾ ਦੀ ਭਾਸ਼ਾਈ ਪਕੜ ਦੀ ਵੀ ਗੱਲ ਕੀਤੀ। ਮੁੱਖ ਮਹਿਮਾਨ ਉੱਘੇ ਲੇਖਕ ਡਾ. ਵਿਜੇ ਕਪੂਰ ਨੇ ਕਿਹਾ ਕਿ ਇਹ ਪ੍ਰਤੀਰੋਧ ਦੀ ਕਵਿਤਾ ਹੈ। ਇਸ ਵਿੱਚ ਸੱਤਾ ਵਿਰੁੱਧ ਲਲਕਾਰ ਹੈ, ਕਦੇ ਲਿਪਟੀ ਹੋਈ, ਕਦੇ ਸਿੱਧੀ। ਇਸ ਵਿੱਚ ਅਤੀਤ ਦੀ ਯਾਦ ਨਹੀਂ, ਵਰਤਮਾਨ ਦੀ ਲਗਾਤਾਰਤਾ ਹੈ। ਉਹਨਾਂ ਵਧੀਆ ਕਾਫ਼ੀਆਂ ਤੇ ਰਦੀਫਾਂ ਦੀ ਵੀ ਗੱਲ ਕੀਤੀ। ਚਰਚਾ ਦੀ ਉੱਘੇ ਲੇਖਕ ਤੇ ਚਿੰਤਕ ਡਾ. ਮਨਮੋਹਨ ਨੇ ਪ੍ਰਧਾਨਗੀ ਭਾਸ਼ਨ ਵਿੱਚ ਕਿਹਾ ਕਿ ਗ਼ਜ਼ਲ ਨੂੰ ਕਿਸੇ ਚੌਖਟੇ ਵਿੱਚ ਬੰਨ੍ਹ ਕੇ ਨਹੀਂ ਰੱਖਿਆ ਜਾ ਸਕਦਾ। ਗ਼ਜ਼ਲ ਵਿੱਚ ਪਾਬੰਦੀ ਜ਼ਰੂਰੀ ਹੈ। ਗ਼ਜ਼ਲ ਦੀ ਸ਼ਬਦਾਵਲੀ ਨੂੰ ਜ਼ਰੂਰ ਧਿਆਨ ਵਿੱਚ ਰੱਖਣਾ ਚਾਹੀਦਾ ਹੈ। ਉਹਨਾਂ ਮਨਜੀਤ ਦੀ ਗ਼ਜ਼ਲ ਬਾਰੇ ਕੁਝ ਨੁਕਤੇ ਸਾਂਝੇ ਕਰਦੇ ਹੋਏ ਕਿਹਾ ਕਿ ਮਨਜੀਤ ਅਹਿਸਾਸ ਦਾ ਸੂਖ਼ਮ ਸ਼ਾਇਰ ਹੈ। ਉਨ੍ਹਾਂ ਸ਼ਿਅਰਾਂ ਵਿੱਚ ਪਰਦਾਦਾਰੀ ਦੀ ਗੱਲ ਕਰਦਿਆਂ ਮਨਜੀਤ ਨੂੰ ਰਚਨਾਕਾਰੀ ਲਈ ਸ਼ੁਭਕਾਮਨਾਵਾਂ ਦਿੱਤੀਆਂ। ਕਲਾ ਪਰਿਸ਼ਦ ਦੇ ਚੇਅਰਮੈਨ, ਸ਼ਾਇਰ ਸਵਰਨਜੀਤ ਸਵੀ ਨੇ ਕਿਹਾ ਕਿ ਉਹ ਮਨਜੀਤ ਦੀ ਸ਼ਾਇਰੀ ਦੇ ਮੁਰੀਦ ਹਨ ਅਤੇ ਅਕਸਰ ਉਹਨਾਂ ਨੂੰ ਪੜ੍ਹਦੇ ਰਹਿੰਦੇ ਹਨ। ਉਹਨਾਂ ਸਾਰੇ ਆਏ ਮਹਿਮਾਨਾਂ ਦਾ ਧੰਨਵਾਦ ਵੀ ਕੀਤਾ। ਮੰਚ ਸੰਚਾਲਨ ਸ਼ਾਇਰ ਜਗਦੀਪ ਸਿੱਧੂ ਨੇ ਕੀਤਾ ਤੇ ਸਮਾਗਮ ਦਾ ਪ੍ਰਬੰਧਨ ਸੰਸਥਾ ਦੇ ਖਜਾਨਚੀ ਸੁਖਵਿੰਦਰ ਸਿੱਧੂ ਨੇ ਕੀਤਾ। ਸਮਾਗਮ ਵਿੱਚ ਹਰਵਿੰਦਰ ਸਿੱਧੂ, ਡਾ. ਕੰਵਲਜੀਤ, ਸਨੀ ਕਬੀਰ, ਰਣਬੀਰ ਸੋਹਲ, ਗੁਲ ਚੌਹਾਨ, ਡਾ. ਹਰਬੰਸ ਕੌਰ ਗਿੱਲ, ਡਾ. ਗੁਰਦੇਵ ਸਿੰਘ ਗਿੱਲ, ਡਾ. ਦਵਿੰਦਰ ਸਿੰਘ ਬੋਹਾ, ਜਸਪਾਲ ਫਿਰਦੌਸੀ, ਪ੍ਰੀਤਮ ਰੁਪਾਲ, ਕੁਲਵੰਤ ਕੌਰ, ਗੁਰਚਰਨ ਮੋਹਾਲੀ, ਮਹਾਦੇਵ,ਮਨਜੀਤਪਾਲ ਸਿੰਘ, ਪਵਨਦੀਪ, ਵਰਿੰਦਰ ਸਿੰਘ ਆਦਿ ਨੇ ਸ਼ਮੂਲੀਅਤ ਕੀਤੀ।



## ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਪਾਰਕ ਦਾ ਕੰਮ ਜਲਦੀ ਮੁਕੰਮਲ ਕੀਤਾ ਜਾਵੇਗਾ : ਡਾ. ਇਸ਼ਾਂਕ ਕੁਮਾਰ



**ਜੇਜੋਂ ਦੋਆਬਾ (ਨਿਰਮਲ ਸਿੰਘ ਮੁੱਗੋਵਾਲ)**- ਡਾਕਟਰ ਅੰਬੇਡਕਰ ਪਾਰਕ ਜੰਡੋਲੀ ਦੇ ਕੰਮ ਦੀ ਸ਼ੁਰੂਆਤ ਡਾਕਟਰ ਇਸ਼ਾਕ ਕੁਮਾਰ ਵਿਧਾਇਕ ਹਲਕਾ ਚੱਬੇਵਾਲ ਨੇ ਆਪਣੇ ਕਰ ਕਮਲਾਂ ਨਾਲ ਕੀਤੀ। ਉਹਨਾਂ ਕਿਹਾ ਕਿ ਬਾਬਾ ਸਾਹਿਬ ਡਾਕਟਰ ਭੀਮ ਰਾਓ ਅੰਬੇਡਕਰ ਪਾਰਕ ਜੰਡੋਲੀ ਦਾ ਕੰਮ ਜਲਦੀ ਹੀ ਮੁਕੰਮਲ ਕੀਤਾ ਜਾਵੇਗਾ। ਉਹਨਾਂ ਕਿਹਾ ਕਿ ਸੰਵਿਧਾਨ ਨਿਰਮਾਤਾ ਬਾਬਾ ਸਾਹਿਬ ਡਾਕਟਰ ਭੀਮ ਰਾਓ ਅੰਬੇਡਕਰ ਜੀ ਨੇ ਭਾਰਤੀ ਸੰਵਿਧਾਨ ਦੇ ਮਾਧਿਅਮ ਰਾਹੀਂ ਸਮਾਜ ਦੇ ਹਰ ਵਰਗ ਨੂੰ ਅੱਗੇ ਵਧਣ ਦੇ ਬਰਾਬਰ ਮੌਕੇ ਪ੍ਰਦਾਨ ਕੀਤੇ। ਇਸ ਲਈ ਉਹਨਾਂ ਦਾ ਮਾਨ ਸਨਮਾਨ ਕਰਨਾ ਹਰ ਵਿਅਕਤੀ ਦਾ ਫਰਜ਼ ਹੈ। ਇਸ ਮੌਕੇ ਸਰਪੰਚ ਬਲਵੀਰ ਸਿੰਘ, ਡਾਕਟਰ ਸਾਹਿਲ ਮੈਂਬਰ ਬਲਾਕ ਸੰਮਤੀ, ਡਾਕਟਰ ਕੁਲਵਿੰਦਰ ਸਿੰਘ ਬਲਾਕ ਪ੍ਰਧਾਨ ਐਸ. ਸੀ. ਸੈਲ, ਬਲਵੀਰ ਸਿੰਘ ਬਲਾਕ ਪ੍ਰਧਾਨ, ਸੁਜਾਤਾ ਰਾਣੀ, ਰਾਜਵਿੰਦਰ ਕੌਰ, ਨਿਰਮਲਾ ਦੇਵੀ, ਜੋਗਿੰਦਰ ਪਾਲ, ਭੁਪਿੰਦਰ ਸਿੰਘ, ਜਸਵੀਰ ਸਿੰਘ, ਕੁਲਦੀਪ ਸਿੰਘ ਪ੍ਰਧਾਨ ਸਤਿਗੁਰੂ ਰਵਿਦਾਸ ਵੈਲਫੇਅਰ ਸੋਸਾਇਟੀ ਅਤੇ ਸਮੂਹ ਨਗਰ ਨਿਵਾਸੀ ਹਾਜ਼ਰ ਸਨ।

## ਵਿਧਾਇਕ ਰਾਜਾ ਨੇ ਸਕੂਲ ਦਾ ਕੀਤਾ ਉਦਘਾਟਨ

**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਮਿਥਲੇਸ਼ ਗਰਗ)**- ਹਲਕਾ ਉੜਮੁੜ ਦੇ ਬਲਾਕ ਟਾਂਡਾ ਅਧੀਨ ਪੈਂਦੇ ਪਿੰਡ ਝਾਂਸ ਵਿਖੇ ਸਿੱਖਿਆ ਕ੍ਰਾਂਤੀ ਦੇ ਤਹਿਤ ਲੱਖਾਂ ਰੁਪਏ ਦੀ ਗ੍ਰਾਂਟ ਰਾਸ਼ੀ ਨਾਲ ਤਿਆਰ ਹੋਏ ਸਕੂਲ ਆਫ ਹੈਪੀਨੈਸ ਦਾ ਉਦਘਾਟਨ ਆਮ ਆਦਮੀ ਪਾਰਟੀ ਦੇ ਸੂਬਾ ਮੀਤ ਪ੍ਰਧਾਨ ਤੇ ਹਲਕਾ ਵਿਧਾਇਕ ਉੜਮੁੜ ਟਾਂਡਾ ਜਸਵੀਰ ਸਿੰਘ ਰਾਜਾ ਗਿੱਲ ਨੇ ਕੀਤਾ ।

ਇਸ ਮੌਕੇ ਉਨ੍ਹਾਂ ਨਾਲ ਡੀਈਓ ਸ਼੍ਰੀਮਤੀ ਹਰਜਿੰਦਰ ਕੌਰ , ਬੀ ਪੀ ਈ ਓ ਜਸਵਿੰਦਰ ਸਿੰਘ , ਆਪ ਦੇ ਸੰਗਠਨ ਇੰਚਾਰਜ ਕੇਸ਼ਵ ਸਿੰਘ ਸੈਣੀ, ਕੌਂਸਲਰ ਹਰੀਕ੍ਰਿਸ਼ਨ ਸੈਣੀ ਤੇ ਪ੍ਰਿੰਸੀਪਲ ਨਰਿੰਦਰ ਅਰੋੜਾ, ਐਸਐਮਸੀ ਚੇਅਰਪਰਸਨ ਰਾਜਵੰਤ ਕੌਰ ਤੇ ਸਰਪੰਚ ਜਗਜੀਤ ਸਿੰਘ ਵੀ ਹਾਜ਼ਰ ਸਨ । ਇਸ ਮੌਕੇ ਬੋਲਦਿਆਂ ਵਿਧਾਇਕ ਰਾਜਾ ਗਿੱਲ ਨੇ ਕਿਹਾ ਕਿ ਕਰੀਬ 88 ਲੱਖ 76 ਹਜਾਰ ਰੁਪਏ ਦੀ ਲਾਗਤ ਨਾਲ ਤਿਆਰ ਹੋਏ ਇਸ ਸਕੂਲ ਨੂੰ ਬੱਚਿਆਂ ਦੇ ਸਪੁਰਦ ਕਰ ਦਿੱਤਾ ਗਿਆ ਹੈ ਤਾਂ ਜੋਂ ਉਹ ਉਚੇਰੀ ਸਿੱਖਿਆ ਹਾਸਲ ਕਰ ਸਕਣ । ਉਨ੍ਹਾਂ ਕਿਹਾ ਕਿ ਭਗਵੰਤ ਮਾਨ ਸਰਕਾਰ ਨੇ ਸੂਬੇ ਦੇ ਲੋਕਾਂ ਨਾਲ ਜੋ ਵਾਅਦੇ ਕੀਤੇ ਸਨ ਉਹ ਸਾਰੇ ਵਾਅਦੇ ਪੂਰੇ ਕਰਕੇ ਵਿਖਾਏ ਹਨ ਤੇ ਪੰਜਾਬ ਦੇ ਲੋਕ ਭਗਵੰਤ ਮਾਨ ਸਰਕਾਰ ਤੋਂ ਪੂਰੀ ਤਰ੍ਹਾਂ ਸੰਤੁਸ਼ਟ ਹਨ । ਉਨ੍ਹਾਂ ਕਿਹਾ ਕਿ ਸੂਬੇ ਵਿੱਚ ਸਿੱਖਿਆ ਦਾ ਪੱਧਰ ਉੱਚਾ ਚੁੱਕਣ ਲਈ ਸਕੂਲ ਆਫ ਹੈਪੀਨੈਸ ਬਣਾਏ ਗਏ। ਇਸ ਮੌਕੇ ਇੰਦਰਜੀਤ ਸਿੰਘ, ਪਰਦੀਪ ਸਿੰਘ, ਸਤੀਸ਼ ਕੁਮਾਰ, ਧਰਮਪਾਲ, ਕਸ਼ਮੀਰ ਕੌਰ, ਮਨਜੀਤ ਅਰੋੜਾ, ਵਰਿੰਦਰ, ਪੰਕਜ ਰਾਣੀ, ਅਮਨ, ਜੋਤੀ, ਪੱਲਵੀ ਆਦਿ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਵੀ ਹਾਜ਼ਰ ਸਨ ।



## ਮਈ ਦਿਵਸ ਪੂਰੇ ਜੋਸ਼ ਤੇ ਇਨਕਲਾਬੀ ਉਤਸ਼ਾਹ ਨਾਲ ਮਨਾਇਆ ਜਾਵੇਗਾ : ਜਨਤਕ ਜਥੇਬੰਦੀਆਂ

**ਗੜ੍ਹਸ਼ੰਕਰ (ਫੂਲਾ ਸਿੰਘ ਬੀਰਮਪੁਰ)**- ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ, ਪੈਨਸ਼ਨਰ ਵੈਲਫੇਅਰ ਐਸੋਸੀਏਸ਼ਨ ਤੇ ਜੇ ਪੀ ਐੱਮ ਓ ਗੜ੍ਹਸ਼ੰਕਰ ਦੀ ਸਾਂਝੀ ਮੀਟਿੰਗ ਸ਼ਾਮ ਸੁੰਦਰ ਕਪੂਰ ਦੀ ਪ੍ਰਧਾਨਗੀ ਹੇਠ ਗਾਂਧੀ ਪਾਰਕ ਗੜ੍ਹਸ਼ੰਕਰ ਵਿਖੇ ਹੋਈ।ਮੀਟਿੰਗ ਵਿੱਚ ਸੂਬਾਈ ਮੁਲਾਜ਼ਮ ਆਗੂ ਮੱਖਣ ਸਿੰਘ ਵਾਹਿਦ ਪੁਰੀ ਤੇ ਜਥੇਦਾਰ ਅਮਰੀਕ ਸਿੰਘ ਵਿਸ਼ੇਸ਼ ਤੌਰ 'ਤੇ ਸ਼ਾਮਿਲ ਹੋਏ। ਮੀਟਿੰਗ ਦੀ ਕਾਰਵਾਈ ਵਾਰੇ ਜਾਣਕਾਰੀ ਦਿੰਦਿਆ ਚੌਧਰੀ ਜੀਤ ਸਿੰਘ ਅਤੇ ਵਿਨੋਦ ਕੁਮਾਰ ਰਾਣਾ ਨੇ ਦੱਸਿਆ ਕਿ ਮਜ਼ਦੂਰ, ਮੁਲਾਜ਼ਮ,ਪੈਨਸ਼ਨਰ ਤੇ ਜਨਤਕ ਜਥੇਬੰਦੀਆਂ ਵਲੋਂ ਹਰ ਸਾਲ ਦੀ ਤਰ੍ਹਾ ਇਸ ਵਾਰ ਵੀ ਸ਼ਿਕਾਗੋ ਦੇ ਸ਼ਹੀਦਾਂ ਦੀ ਯਾਦ ਨੂੰ ਸਮਰਪਿਤ ਮਈ ਦਿਵਸ ਜੰਗਲਾਤ ਵਿਭਾਗ ਦੀ ਨਰਸਰੀ ਗੜ੍ਹਸ਼ੰਕਰ ਵਿਖੇ ਇਨਕਲਾਬੀ ਜੋਸ਼ ਤੇ ਉਤਸ਼ਾਹ ਨਾਲ ਮਨਾਇਆ ਜਾਵੇਗਾ ।ਇਸ ਸਮੇਂ ਮੁਲਾਜ਼ਮ ਆਗੂ ਗੁਰਨਾਮ ਸਿੰਘ ਹਾਜੀਪੁਰ ਨੇ ਕਿਹਾ ਇਹ ਮਈ ਦਿਵਸ ਕੇਂਦਰ ਅਤੇ ਰਾਜ ਸਰਕਾਰ ਦੀਆਂ ਲੋਕ ਵਿਰੋਧੀ ਨੀਤੀਆਂ ਦੇ ਵਿਰੋਧ ਦਿਵਸ ਵਜੋਂ ਮਨਾਇਆ ਜਾ ਰਿਹਾ ਹੈ ਤੇ ਇਸ ਮੌਕੇ ਸਰਕਾਰਾਂ ਦੀਆਂ ਲੋਕ ਵਿਰੋਧੀ ਨੀਤੀਆਂ ਨੂੰ ਬੇਪਰਦ ਕੀਤਾ ਜਾਵੇਗਾ।ਇੱਕ ਪਾਸੇ ਕੇਂਦਰ ਸਰਕਾਰ ਫਿਰਕੂ ਏਜੰਡੇ ਦੀ ਆੜ ਵਿੱਚ ਲੋਕਾਂ ਵਿੱਚ ਫੁੱਟ ਪਾ ਕੇ, ਕਾਰਪੋਰੇਟ ਪੱਖੀ ਨੀਤੀਆਂ ਲਾਗੂ ਕਰਕੇ ਆਪਣੇ ਦੇਸੀ ਵਿਦੇਸ਼ੀ ਆਕਾਵਾਂ ਨੂੰ ਖੁਸ਼ ਕਰ ਰਹੀ ਹੈ। ਹਾਜ਼ਿਰ ਸਾਥੀਆਂ ਵਲੋਂ ਸਮੂਹ ਜਨਤਕ ਜਥੇਬੰਦੀਆ ਨੂੰ ਮਈ ਦਿਵਸ ਸਮਾਗਮ ਵਿੱਚ ਵੱਡੀ ਗਿਣਤੀ ਵਿਚ ਸ਼ਾਮਿਲ ਹੋਣ ਦੀ ਅਪੀਲ ਕੀਤੀ।ਮੀਟਿੰਗ ਵਿੱਚ ਪਵਨ ਕੁਮਾਰ, ਬਲਵੰਤ ਰਾਮ, ਜਗਦੀਸ਼ ਪੱਖੋਵਾਲ, ਜਸਵਿੰਦਰ ਸਿੰਘ, ਹਰਭਜਨ ਸਿੰਘ, ਸੰਤੋਖ ਕੁਮਾਰ, ਬਿਕਰਮਜੀਤ ਸਿੰਘ, ਭਲਭਦਰ ਰਾਣਾ ਹਾਜ਼ਰ ਸਨ।



## ਯਤਿੰਦਰ ਕੌਰ ਮਾਹਲ ਦੀ ਕਹਾਣੀ 'ਤਾਂਡਵ ਦੇ ਪਾਰ' ਉੱਪਰ ਹੋਈ ਵਿਚਾਰ ਚਰਚਾ



**ਚੰਡੀਗੜ੍ਹ (ਸੁਰਜੀਤ ਸੁਮਨ)**- 'ਕਹਾਣੀ ਸੰਗਤ ਚੰਡੀਗੜ੍ਹ' ਵੱਲੋਂ ਚੰਡੀਗੜ੍ਹ ਸਾਹਿਤ ਅਕਾਦਮੀ ਦੇ ਸਹਿਯੋਗ ਨਾਲ ਯਤਿੰਦਰ ਕੌਰ ਮਾਹਲ ਦੀ ਕਹਾਣੀ 'ਤਾਂਡਵ ਦੇ ਪਾਰ' ਦੇ ਪਾਠ ਦਾ ਆਯੋਜਨ ਕੀਤਾ ਗਿਆ। ਇਸ ਗੋਸ਼ਟੀ ਦੀ ਪ੍ਰਧਾਨਗੀ ਉੱਘੇ ਕਹਾਣੀਕਾਰ ਸਰੂਪ ਸਿਆਲਵੀ ਨੇ ਕੀਤੀ। ਕਹਾਣੀ ਸੰਗਤ ਦੇ ਕਨਵੀਨਰ ਪਰਮਜੀਤ ਮਾਨ ਨੇ ਸਭ ਨੂੰ ਜੀ ਆਇਆਂ ਆਖਿਆ। ਇਸ ਮੌਕੇ ਯਤਿੰਦਰ ਕੌਰ ਮਾਹਲ ਨੇ ਆਪਣੀ ਨਵੀਂ ਅਣਛਪੀ ਕਹਾਣੀ 'ਤਾਂਡਵ ਦੇ ਪਾਰ' ਦਾ ਪਾਠ ਕੀਤਾ। ਵਿਚਾਰ ਚਰਚਾ ਵਿੱਚ ਭਾਗ ਲੈਂਦਿਆਂ ਡਾ. ਲਾਭ ਸਿੰਘ ਖੀਵਾ ਨੇ ਕਿਹਾ ਕਿ ਯਤਿੰਦਰ ਮਾਹਲ ਨੇ ਪਾਤਰਾਂ ਰਾਹੀਂ ਫਿਜਿਕਸ ਅਤੇ ਮੈਟਾ ਫਿਜਿਕਸ ਦੇ ਅੰਤਰ-ਸੰਬੰਧਾਂ ਨੂੰ ਵਧੀਆ ਢੰਗ ਨਾਲ ਸਿਰਜਿਆ ਹੈ। ਇਹ ਮਨੁੱਖੀ ਮਨ ਅੰਦਰ ਵਸੇ ਸਥਾਈ ਵਿਕਾਰ ਹਾਉਮੈ ਦੇ ਨਾ ਖ਼ਤਮ ਹੋਣ ਵਾਲੀ ਕਹਾਣੀ ਹੈ। ਡਾ. ਅਵਤਾਰ ਸਿੰਘ ਪਤੰਗ ਨੇ ਕਿਹਾ ਕਿ ਇਹ ਅਧਿਆਤਮਿਕਤਾ ਦੀ ਖੋਜ ਦੀ ਕਹਾਣੀ ਹੈ, ਜੋ ਨਾਇਕ ਤੇ ਉਪਨਾਇਕ ਦੇ ਵੱਖਰੇ ਵੱਖਰੇ ਪਸਾਰਾਂ ਨੂੰ ਪੇਸ਼ ਕਰਦੀ ਹੈ।

ਕਹਾਣੀਕਾਰ ਗੁਰਦੀਪ ਮਹੌਣ (ਖੰਨਾ), ਹਰਪ੍ਰੀਤ ਸਿੰਘ ਚੰਨੂੰ, ਸਤਨਾਮ ਸਿੰਘ ਸੋਕਰ ਤੇ ਪਰਮਜੀਤ ਮਾਨ ਨੇ ਚਰਚਾ ਵਿੱਚ ਭਾਗ ਲੈਂਦਿਆਂ ਬਿਰਤਾਂਤਿਕ ਇਕਾਈਆਂ, ਬਿੰਬਾਂ ਦੀ ਚੋਣ, ਪ੍ਰਤੀਕ-ਪ੍ਰਬੰਧ ਅਤੇ ਕਹਾਣੀ ਦੇ ਸ਼ੈਲੀਗਤ ਸੰਘਣੇਪਨ ਦੀ ਪ੍ਰਸ਼ੰਸਾ ਕੀਤੀ। ਇਹ ਸ਼ਿਵ ਦੇ ਤਾਂਡਵ ਨਾਚ ਮਿੱਥ ਦੀ ਸਾਕਾਰਾਤਮਕ ਪੁਨਰ ਸਿਰਜਣਾ ਕਰਦੀ ਹੈ। ਸਮਾਗਮ ਦੀ ਪ੍ਰਧਾਨਗੀ ਕਰ ਰਹੇ ਸਰੂਪ ਸਿਆਲਵੀ ਨੇ ਕਿਹਾ ਕਿ ਇਹ ਕਹਾਣੀ ਜਿੱਥੇ ਅਧਿਆਤਮਵਾਦ ਨੂੰ ਜੀਵਨ ਦਾ ਪ੍ਰਮੁੱਖ ਅੰਗ ਮੰਨਦੀ ਹੈ, ਉੱਥੇ ਨਾਲ ਹੀ ਮਨੁੱਖ ਅੰਦਰਲੇ ਖੋਖਲੇਪਣ ਨੂੰ ਵੀ ਉਜਾਗਰ ਕਰਦੀ ਹੈ। ਹਰ ਸੰਸਥਾ ਲਈ ਪੈਸਾ ਜ਼ਰੂਰੀ ਹੈ, ਇਸ ਲਈ ਦਾਨੀਆਂ ਦੀ ਮਹੱਤਤਾ ਹੈ। ਅਖੀਰ ਵਿੱਚ ਯਤਿੰਦਰ ਕੌਰ ਮਾਹਲ ਨੇ ਸੁਝਾਵਾਂ ਨੂੰ ਸਵੀਕਾਰ ਕਰਦਿਆਂ ਸਭ ਦਾ ਧੰਨਵਾਦ ਕੀਤਾ।

## ਰਜਿੰਦਰ ਸਿੰਘ ਚੰਦੀ ਨੇ ਹੀਰਾ ਸਿੰਘ ਗਾਬੜੀਆਂ ਨਾਲ ਕੀਤੀ ਮੁਲਾਕਾਤ

**ਫਗਵਾੜਾ (ਡਾ. ਰਮਨ,ਜਸਵਿੰਦਰ ਢੱਡਾ)**- ਫਗਵਾੜਾ ਤੋਂ ਸ਼੍ਰੋਮਣੀ ਅਕਾਲੀ ਦਲ ਦੇ ਦਿਹਾਤੀ ਹਲਕਾ ਇੰਚਾਰਜ ਰਜਿੰਦਰ ਸਿੰਘ ਚੰਦੀ ਨੇ ਸ੍ਰੋਮਣੀ ਅਕਾਲੀ ਦਲ ਬੀ. ਸੀ. ਵਿੰਗ ਦੇ ਸੂਬਾ ਪ੍ਰਧਾਨ ਹੀਰਾ ਸਿੰਘ ਗਾਬੜੀਆਂ ਨਾਲ ਮੁਲਾਕਾਤ ਕੀਤੀ ਤੇ ਫਗਵਾੜਾ ਦੇ ਹਲਾਤਾ ਬਾਰੇ ਵਿਚਾਰ ਚਰਚਾ ਕੀਤੀ । ਇਸ ਮੌਕੇ ਤੇ ਮੀਟਿੰਗ ਉਪਰੰਤ ਰਜਿੰਦਰ ਸਿੰਘ ਚੰਦੀ ਨੇ ਦੱਸਿਆ ਕਿ ਉਨ੍ਹਾਂ ਨੇ ਹੀਰਾ ਸਿੰਘ ਗਾਬੜੀਆਂ ਨੂੰ ਦੱਸਿਆ ਕਿ ਫਗਵਾੜਾ ਹਲਕੇ ਦੇ ਕਈ ਪਿੰਡ ਬੀ ਸੀ ਵਰਗ ਦੇ ਗੜ੍ਹ ਹਨ ਅਤੇ ਉਨ੍ਹਾਂ ਪਿੰਡਾਂ ਦੇ ਮਿਹਨਤੀਆਂ ਨੂੰ ਬਨਦਾ ਮਾਣ ਸਤਿਕਾਰ ਵੀ ਦਿੱਤਾ ਗਿਆ। ਰਜਿੰਦਰ ਸਿੰਘ ਚੰਦੀ ਨੇ ਇਹ ਵੀ ਦੱਸਿਆ ਕਿ ਫਗਵਾੜਾ ਹਲਕੇ ਦੇ ਪਿੰਡਾਂ ਦੇ ਬੀ ਸੀ ਵਰਗ ਦੇ ਲੋਕਾਂ ਨੇ ਡਟਕੇ ਸ੍ਰੋਮਣੀ ਅਕਾਲੀ ਦਲ ਦਾ ਸਾਥ ਦਿੱਤਾ ਅਤੇ ਬਲਾਕ ਸੰਮਤੀ ਅਤੇ ਜ਼ਿਲ੍ਹਾ ਪ੍ਰੀਸ਼ਦ ਸੀਟਾਂ ਜਿਤਾਉਣ ਵਿਚ ਵੀ ਵੱਡਾ ਰੋਲ ਅਦਾ ਕੀਤਾ । ਰਜਿੰਦਰ ਸਿੰਘ ਚੰਦੀ ਨੇ ਇਹ ਵੀ ਦੱਸਿਆ ਕਿ ਫਗਵਾੜਾ ਹਲਕੇ ਦੇ ਪਿੰਡਾਂ ਵਿਚ ਸ੍ਰੋਮਣੀ ਅਕਾਲੀ ਦਲ ਹੁਣ ਚੜ੍ਹਦੀ ਕਲਾ ਵਿਚ ਹੈ ਅਤੇ ਪਿੰਡਾਂ ਦੇ ਹਰ ਵਰਗ ਦੇ ਲੋਕ ਸ੍ਰੋਮਣੀ ਅਕਾਲੀ ਦਲ ਦੀ ਸਰਕਾਰ ਦੇਖਣਾ ਚਾਹੁੰਦੇ ਹਨ ਉਨ੍ਹਾਂ ਨੇ ਹੀਰਾ ਸਿੰਘ ਗਾਬੜੀਆਂ ਨੂੰ ਇਹ ਵੀ ਦੱਸਿਆ ਕਿ ਫਗਵਾੜਾ ਹਲਕੇ ਵਿਚ ਸੁਖਬੀਰ ਸਿੰਘ ਬਾਦਲ ਦੀ ਵੱਡੀ ਰੈਲੀ ਵੀ ਕਰਵਾਈ ਜਾਵੇਗੀ ਜੋ ਇਤਿਹਾਸਕ ਹੋਵੇਗੀ । ਰਜਿੰਦਰ ਸਿੰਘ ਚੰਦੀ ਨੇ ਇਹ ਵੀ ਦੱਸਿਆ ਕਿ ਹੀਰਾ ਸਿੰਘ ਗਾਬੜੀਆਂ ਜਲਦੀ ਹੀ ਫਗਵਾੜਾ ਹਲਕੇ ਦੇ ਪਿੰਡਾਂ ਵਿਚ ਆਉਣਗੇ ਤੇ ਵਰਕਰਾਂ ਅਤੇ ਆਗੂਆਂ ਨਾਲ ਮੀਟਿੰਗਾਂ ਵੀ ਕਰਨਗੇ ।



## ਵਿਧਾਇਕ ਨੇ ਡੌਗ ਕੈਚਰ ਵੈਨ ਤੇ ਸਵੀਪਿੰਗ ਮਸ਼ੀਨ ਨੂੰ ਹਰੀ ਝੰਡੀ ਦੇ ਕੇ ਕੀਤਾ ਰਵਾਨਾ

**ਡੇਰਾਬੱਸੀ (ਵਿਨੈ ਕੁਮਾਰ ਜੈਨ)**- ਹਲਕਾ ਵਿਧਾਇਕ ਸ: ਕੁਲਜੀਤ ਸਿੰਘ ਰੰਧਾਵਾ ਨੇ ਨਗਰ ਕੌਂਸਲ ਡੇਰਾਬੱਸੀ ਵੱਲੋਂ 15.95 ਲੱਖ ਰੁਪਏ ਦੀ ਲਾਗਤ ਨਾਲ ਖਰੀਦੀ ਡੌਗ ਕੈਚਰ ਵੈਨ ਅਤੇ 49.50 ਲੱਖ ਰੁਪਏ ਦੀ ਲਾਗਤ ਨਾਲ ਲਿਆਂਦੀ ਗਈ ਆਧੁਨਿਕ ਸਵੀਪਿੰਗ ਮਸ਼ੀਨ ਨੂੰ ਹਰੀ ਝੰਡੀ ਦੇ ਕੇ ਰਵਾਨਾ ਕੀਤਾ। ਉਨ੍ਹਾਂ ਕਿਹਾ ਕਿ ਇਹ ਉਪਰਾਲੇ ਸ਼ਹਿਰ ਵਿੱਚ ਸਫ਼ਾਈ ਪ੍ਰਣਾਲੀ ਨੂੰ ਹੋਰ ਮਜ਼ਬੂਤ ਕਰਨ ਦੇ ਨਾਲ-ਨਾਲ ਆਵਾਰਾ ਕੁੱਤਿਆਂ ਦੀ ਸਮੱਸਿਆ ਦਾ ਢੰਗ ਨਾਲ ਹੱਲ ਕਰਨ ਵਿੱਚ ਮਦਦਗਾਰ ਸਾਬਤ ਹੋਣਗੇ, ਜਿਸ ਨਾਲ ਡੇਰਾਬੱਸੀ ਦੇ ਨਿਵਾਸੀਆਂ ਨੂੰ ਵੱਡੀ ਰਾਹਤ ਮਿਲੇਗੀ ਤੇ ਸ਼ਹਿਰ ਨੂੰ ਸਾਫ਼-ਸੁਥਰਾ ਅਤੇ ਸੁਚੱਜਾ ਬਣਾਉਣ ਵਿੱਚ ਯੋਗਦਾਨ ਪਵੇਗਾ। ਇਸ ਮੌਕੇ ਉਨ੍ਹਾਂ ਨੇ ਆਮ ਆਦਮੀ ਪਾਰਟੀ ਦੇ ਟੀਮ ਮੈਂਬਰਾਂ ਨਾਲ ਅਧਿਕਾਰੀਆਂ ਦੀ ਮੌਜੂਦਗੀ ਵਿੱਚ ਇਕ ਅਹਿਮ ਅਤੇ ਵਿਸਥਾਰਪੂਰਵਕ ਮੀਟਿੰਗ ਵੀ ਕੀਤੀ। ਮੀਟਿੰਗ ਦੌਰਾਨ ਹਰ ਇਕ ਮੈਂਬਰ ਦੀ ਗੱਲ ਧਿਆਨ ਨਾਲ ਸੁਣਦੇ ਹੋਏ ਇਲਾਕੇ ਦੀਆਂ ਸਮੱਸਿਆਵਾਂ ਅਤੇ ਲੋਕਾਂ ਦੇ ਮਸਲਿਆਂ 'ਤੇ ਚਰਚਾ ਕੀਤੀ ਗਈ। ਉਨ੍ਹਾਂ ਨੇ ਸੰਬੰਧਿਤ ਅਧਿਕਾਰੀਆਂ ਨੂੰ ਸਖ਼ਤ ਹਦਾਇਤਾਂ ਜਾਰੀ ਕਰਦਿਆਂ ਕਿਹਾ ਕਿ ਲੋਕਾਂ ਦੇ ਪੈਂਡਿੰਗ ਕੰਮਾਂ ਨੂੰ ਤਰਜੀਹ ਦੇ ਆਧਾਰ 'ਤੇ ਤੁਰੰਤ ਨਿਪਟਾਇਆ ਜਾਵੇ ਅਤੇ ਚੱਲ ਰਹੇ ਵਿਕਾਸ ਕਾਰਜਾਂ ਵਿੱਚ ਕੋਈ ਵੀ ਦੇਰੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ।ਉਨ੍ਹਾਂ ਨੇ ਇਹ ਵੀ ਦੋਹਰਾਇਆ ਕਿ ਲੋਕਾਂ ਦੀ ਸਹੂਲਤ, ਸਮੱਸਿਆਵਾਂ ਦਾ ਤੁਰੰਤ ਹੱਲ ਅਤੇ ਸ਼ਹਿਰ ਦਾ ਸਮੁੱਚਾ ਵਿਕਾਸ ਸਰਕਾਰ ਦੀ ਪਹਿਲ ਹੈ ਅਤੇ ਇਸ ਵਿੱਚ ਕੋਈ ਕਮੀ ਨਹੀਂ ਛੱਡੀ ਜਾਵੇਗੀ।



## ਪੱਤਰਕਾਰ ਧਰਮਪਾਲ ਚੌਧਰੀ ਨੂੰ ਸਦਮਾ, ਵੱਡੇ ਭਰਾ ਦਾ ਦੇਹਾਂਤ

**ਨੰਗਲ/ਭਲਾਣ (ਹਰਭਜਨ ਸਿੰਘ ਢਿੱਲੋਂ)**- ਸੁਖਸਾਲ ਤੋਂ ਪੱਤਰਕਾਰ ਚੌਧਰੀ ਧਰਮਪਾਲ ਦੇ ਵੱਡੇ ਭਰਾ ਮਨੋਹਰ ਲਾਲ ਚੌਧਰੀ (58) ਦਾ ਸੰਖੇਪ ਬਿਮਾਰੀ ਦੇ ਨਾਲ ਦੇਹਾਂਤ ਹੋ ਗਿਆ। ਉਹ ਪਿਛਲੇ ਕੁੱਝ ਸਮੇਂ ਤੋਂ ਬਿਮਾਰ ਚਲ ਰਹੇ ਸਨ। ਉਹਨਾਂ ਦਾ ਅੰਤਿਮ ਸੰਸਕਾਰ ਪਿੰਡ ਮਹਿਲਵਾਂ ਦੇ ਸ਼ਮਸ਼ਾਨ ਘਾਟ ਵਿੱਚ ਹਜਾਰਾਂ ਸੇਜਲ ਲੱਖਾਂ ਨਾਲ ਕਰ ਦਿੱਤਾ ਗਿਆ। ਉਹਨਾਂ ਦੀ ਚਿਖਾ ਨੂੰ ਉਹਨਾਂ ਦੇ ਦੋਵੇਂ ਪੁੱਤਰਾਂ ਨੇ ਅਗਨੀ ਦਿਖਾਈ। ਚੌਧਰੀ ਮਨੋਹਰ ਲਾਲ ਆਪਣੇ ਪਿੱਛੇ ਵਿਧਵਾ ਪਤਨੀ, ਦੋ ਬੇਟੇ, ਇੱਕ ਬੇਟੀ ਅਤੇ ਬਿਰਧ ਮਾਤਾ ਨੂੰ ਛੱਡ ਗਏ ਹਨ। ਇਸ ਮੌਕੇ ਸਤਨਾਮ ਸਿੰਘ ਸੱਤੀ, ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ, ਸਾਬਕਾ ਸਪੀਕਰ ਰਾਣਾ ਕੇ ਪੀ ਸਿੰਘ, ਲੈਕ. ਅੰਮ੍ਰਿਤ ਸੈਣੀ, ਲੈਕ. ਸੋਹਣ ਸਿੰਘ ਚਾਹਲ, ਸੁੱਚਾ ਸਿੰਘ ਸਿੱਧੂ ਅਕਾਦਮਿਕ ਡਾਇਰੈਕਟਰ, ਸਰਪੰਚ ਹਰਜਿੰਦਰ ਸਿੰਘ ਜਿੰਦੀ ਕੁਲਗਰਾਂ, 'ਆਪ' ਦੇ ਜ਼ਿਲ੍ਹਾ ਪ੍ਰਧਾਨ ਡਾਕਟਰ ਸੰਜੀਵ ਗੌਤਮ, ਐਡਵੋਕੇਟ ਪਰਮਜੀਤ ਸਿੰਘ ਪੰਮਾ, ਪੰਜਾਬ ਭਾਜਪਾ ਦੇ ਮੀਤ ਪ੍ਰਧਾਨ ਡਾਕਟਰ ਸੁਭਾਸ਼ ਸ਼ਰਮਾ, ਜਤਿੰਦਰ ਸਿੰਘ ਅਠਵਾਲ ਸਾਬਕਾ ਜ਼ਿਲ੍ਹਾ ਪ੍ਰਧਾਨ, ਨਗਰ ਕੌਂਸਲ ਨੰਗਲ ਦੇ ਸਾਬਕਾ ਪ੍ਰਧਾਨ ਸੰਜੇ ਸਾਹਨੀ, ਪੱਤਰਕਾਰ ਸੁਭਾਸ਼ ਸ਼ਰਮਾ ਪ੍ਰੀਤਮ ਬਰਾਰੀ, ਸਿਟੀ ਹਲਚਲ ਨੰਗਲ ਤੋਂ ਅਸ਼ੋਕ ਚੌਪੜਾ, ਕੁਲਵਿੰਦਰ ਜੀਤ ਭਾਟੀਆ, ਟਿੱਕਾ ਜਸਵੀਰ ਚੰਦ ਭਲਾਣ, ਚੌਧਰੀ ਬਲਵੀਰ ਸ਼ਾਰਦਾ, ਰਿਟਾ ਡੀ ਆਈ ਜੀ ਦਲਜੀਤ ਸਿੰਘ ਰਾਣਾ, ਗੁਰਪ੍ਰੀਤ ਸਿੰਘ, ਸੁਭਾਸ਼ ਸ਼ਰਮਾ,ਰਣਵੀਰ ਸੈਣੀ, ਕੁਲਦੀਪ ਸਿੰਘ, ਸ਼ਿਵ ਕਾਲੀਆ, ਗੁਰਨਾਮ ਸਿੰਘ ਭੱਲੜੀ,ਅਸ਼ਵਨੀ ਸੈਣੀ, ਅਜੇ ਕੌਸ਼ਲ, ਸੁਰਜੀਤ ਸਿੰਘ ਢੇਰ, ਅਭੀ ਰਾਣਾ ਨੰਗਲ, ਸੁਧੀਰ ਪ੍ਰਿੰਸ, ਰਕੇਸ਼ ਰਾਣਾ, ਅਬਿਨਾਸ਼ ਅੱਤਰੀ, ਪਰਵੀਨ ਦੱਤਾ,ਸੁਰਿੰਦਰ ਕੁਮਾਰ, ਚੌਧਰੀ ਭਗਤ ਰਾਮ, ਚਰਨ ਦਾਸ ਸਲੂਰੀਆ, ਕੰਵਰ ਪੋਸਵਾਲ ਮੋਜੋਵਾਲ, ਜੇਈ ਸ਼ਿਵ ਕੁਮਾਰ ਸੁਖਸਾਲ, ਡਾਕਟਰ ਜੀਵਨ ਕੁਮਾਰ ਭੀਖਪੁਰ, ਕਾਂਗਰਸ ਪਾਰਟੀ ਗੋਲਹਣੀ ਮੰਡਲ ਦੇ ਪ੍ਰਧਾਨ ਰਾਜ ਕੁਮਾਰ ਭੀਖਾਪੁਰ, ਮਾਸਟਰ ਅਮਰਜੀਤ ਸਿੰਘ ਭੱਲੜੀ ਅਸ਼ੋਕ ਧੀਮਾਨ ਰਵਿੰਦਰ ਸਿੰਘ,ਰਿਟਾ ਬੀ ਪੀ ਈ ਓ ਕਮਲਜੀਤ ਭੱਲੜੀ, ਨਾਜਰ ਸਿੰਘ ਸਰਪੰਚ ਗੋਹਲਣੀ, ਗੁਰਵਿੰਦਰ ਸਿੰਘ ਲਾਡੀ ਬੇਲਾ,ਅਸ਼ੋਕ ਕੁਮਾਰ ਸੁਆਮੀਪੁਰ ਬਖਸ਼ੀਸ਼ ਸਿੰਘ ਹਾਜੀਪੁਰ, ਗੁਰਚਰਨ ਸਿੰਘ ਸੋਢੀ ਮਜਾਰੀ, ਦੀਪਕ ਰਾਣਾ ਖੇੜਾ ਕਲਮੋਟ ਪਰਸ਼ੋਤਮ ਭਾਟੀਆ, ਰਾਜੂ ਸੈਣੀ, ਹਰਜੀਤ ਸਿੰਘ ਮਾਨ, ਅਕਾਲੀ ਆਗੂ ਮਾਸਟਰ ਕਮਲ ਸਿੰਘ ਮਜ਼ਾਰੀ ਸੰਦੀਪ ਕੁਮਾਰ ਸ਼ਰਮਾ, ਦੀਪਕ ਕੁਮਾਰ ਹੈਪੀ ਸਾਬਕਾ ਸਰਪੰਚ ਮੌਜੋਵਾਲ ਚੌਧਰੀ ਮੋਹਨ ਲਾਲ ਪ੍ਰਧਾਨ ਬਾਹਤੀ ਸਭਾ ਤੇ ਸਤਲੁਜ ਪ੍ਰੈਸ ਕਲੱਬ ਸੁੱਖਸਾਲ ਦੇ ਸਮੂਹ ਮੈਂਬਰਾਂ ਨੇ ਚੌਧਰੀ ਧਰਮਪਾਲ ਦੇ ਪਰਵਾਰ ਨਾਲ ਡੂੰਘੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਹਮਦਰਦੀ ਦਾ ਇਜ਼ਹਾਰ ਕੀਤਾ।



# ਕਾਸੋ ਆਪ੍ਰੇਸ਼ਨ ਤਹਿਤ ਸਰਚ ਅਭਿਆਨ ਚਲਾਇਆ

**ਕਪੂਰਥਲਾ (ਮਨਜੀਤ ਮਾਨ)**- ਐੱਸ ਐੱਸ ਪੀ ਸ੍ਰੀ ਗੌਰਵ ਤੂਰਾ ਦੀ ਰਹਿਨੁਮਾਈ ਹੇਠ ਜ਼ਿਲ੍ਹੇ ਭਰ ਵਿੱਚ ਕਾਸੋ ਆਪ੍ਰੇਸ਼ਨ ਸਰਚ ਅਭਿਆਨ ਚਲਾਇਆ ਗਿਆ ਇਸ ਦੇ ਤਹਿਤ ਹੀ ਸਬ ਡਵੀਜਨ ਭਲੱਥ ਦੇ ਪਿੰਡ ਹਮੀਰਾ ਤੇ ਆਸ ਪਾਸ ਦੇ ਪਿੰਡਾਂ ਵਿਖੇ ਵੀ ਜੋ ਲੋਕ ਨਸ਼ੇ ਦਾ ਕਾਰੋਬਾਰ ਕਰਦੇ ਹਨ ਉਹਨਾਂ ਦੇ ਘਰ ਵਿੱਚ ਸਰਚ ਅਭਿਆਨ ਚਲਾਇਆ ਗਿਆ। ਮੀਡੀਆ ਨਾਲ ਗੱਲਬਾਤ ਕਰਦਿਆਂ ਸਬ ਡਵੀਜ਼ਨ ਭੁਲੱਥ ਦੇ ਡੀ ਐੱਸ ਪੀ ਗਗਨਦੀਪ ਸਿੰਘ ਘੁੰਮਣ, ਐੱਸ ਪੀ ਹਰਪਾਲ ਸਿੰਘ ਨੇ ਦੱਸਿਆ ਕਿ ਜੋ ਲੋਕ ਨਸ਼ੇ ਦਾ ਕਾਰੋਬਾਰ ਕਰਦੇ ਹਨ ਉਹਨਾਂ ਦੇ ਘਰਾਂ ਵਿੱਚ ਆਪ੍ਰੇਸ਼ਨ ਕੀਤਾ ਗਿਆ ਅਤੇ ਜੋ ਨਸ਼ਾ ਵੇਚਦੇ ਹਨ ਉਹਨਾਂ ਨੂੰ ਸਖਤ ਚਿਤਾਵਨੀ ਵੀ ਦਿੱਤੀ ਗਈ ਹੈ ਕਿ ਉਹ ਨਸ਼ੇ ਦਾ ਕਾਰੋਬਾਰ ਛੱਡ ਦੇਣ ਜਾਂ ਫਿਰ ਇਹ ਇਲਾਕਾ ਛੱਡ ਦੇਣ ਨਹੀਂ ਤਾਂ ਉਹਨਾਂ ਉੱਪਰ ਸਖਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ



ਉਨਾਂ ਵੱਲੋਂ ਜੋ ਨਸ਼ਾ ਦੇ ਆਦੀ ਹਨ ਉਹਨਾਂ ਨੂੰ ਵੀ ਅਪੀਲ ਕੀਤੀ ਗਈ ਹੈ ਕਿ ਉਹ ਨਸ਼ਾ ਛੱਡ ਦੇਣ ਅਤੇ ਪੰਜਾਬ ਸਰਕਾਰ ਦੇ ਜੋ ਨਸ਼ਾ ਛੁਡਾਓ ਕੇਂਦਰ ਹਨ ਉਹਨਾਂ ਵਿੱਚ ਜਾ ਕੇ ਭਰਤੀ ਹੋਣ ਅਗਰ ਕਿਸੇ ਨੂੰ ਸਾਡੀ ਸਹਾਇਤਾ ਦੀ ਲੋੜ ਹੋਵੇ ਤਾਂ ਅਸੀਂ 24 ਘੰਟੇ ਉਹਨਾਂ ਦੀ ਸੇਵਾ ਵਿੱਚ ਹਾਜ਼ਰ ਹਾਂ। ਉਨਾਂ ਨੇ ਆਮ ਲੋਕਾਂ ਨੂੰ ਵੀ ਅਪੀਲ ਕੀਤੀ ਹੈ ਕਿ ਜੋ ਲੋਕ ਨਸ਼ੇ ਦਾ ਕਾਰੋਬਾਰ ਕਰਦੇ ਹਨ ਉਨਾਂ ਦੀ ਜਾਣਕਾਰੀ ਪੁਲਿਸ ਪ੍ਰਸ਼ਾਸਨ ਨੂੰ ਦਿੱਤੀ ਜਾਵੇ ਤੇ ਪੁਲਿਸ ਵੱਲੋਂ ਉਸ ਨੂੰ ਉਹਨਾਂ ਦਾ ਨਾਂਅ ਅਤੇ ਪਤਾ ਗੁਪਤ ਰੱਖਿਆ ਜਾਏਗਾ। ਇਸ ਮੌਕੇ ਸਬ ਡਿਵੀਜ਼ਨ ਦੇ ਸਾਰੇ ਐੱਸ ਐੱਚ ਓ ਪੁਲਿਸ ਪਾਰਟੀ ਸਮੇਤ ਮੌਜੂਦ ਸਨ।

# ਇੰਨੋਸੈਂਟ ਹਾਰਟਸ ਸਕੂਲ ਨੇ ਵਿਦਿਆਰਥੀਆਂ ਨੂੰ ਕੀਤਾ ਸਨਮਾਨਤ



**ਜਲੰਧਰ (ਸ਼ੈਲੀ ਐਲਬਰਟ)**- ਇੰਨੋਸੈਂਟ ਹਾਰਟਸ ਸਕੂਲ ਨੇ ਵਿੱਦਿਅਕ ਸੈਸ਼ਨ 2025-26 ਦੌਰਾਨ ਆਪਣੀਆਂ ਪੰਜਾਂ ਸ਼ਾਖਾਵਾਂ ਵਿੱਚ 2,160 ਵਿਦਿਆਰਥੀਆਂ ਦੀਆਂ ਸ਼ਾਨਦਾਰ ਪ੍ਰਾਪਤੀਆਂ ਦਾ ਗੌਰਵਮਈ ਜਸ਼ਨ ਮਨਾਇਆ। ਗ੍ਰੀਨ ਮਾਡਲ ਟਾਊਨ, ਲੋਹਾਰਾਂ, ਨੂਰਪੁਰ ਰੋਡ, ਕੈਂਟ-ਜੰਡਿਆਲਾ ਰੋਡ ਅਤੇ ਕਪੂਰਥਲਾ ਰੋਡ ਸਥਿਤ ਸ਼ਾਖਾਵਾਂ ਵਿੱਚ ਕਲਾਸ 1 ਤੋਂ 9 ਅਤੇ ਕਲਾਸ 11 ਦੇ ਉਹਨਾਂ ਵਿਦਿਆਰਥੀਆਂ ਨੂੰ ਸਨਮਾਨਿਤ ਕੀਤਾ ਗਿਆ, ਜਿਨ੍ਹਾਂ ਨੇ 90% ਤੋਂ ਵੱਧ ਅੰਕ ਪ੍ਰਾਪਤ ਕੀਤੇ।ਸਨਮਾਨ ਸਮਾਰੋਹ ਵਿੱਚ ਸਕੂਲ ਦੇ ਪ੍ਰਤਿਸ਼ਠਿਤ ਅਧਿਕਾਰੀਆਂ ਨੇ ਵਿਦਿਆਰਥੀਆਂ ਨੂੰ ਇਨਾਮ ਦਿੱਤੇ, ਜਿਨ੍ਹਾਂ ਵਿੱਚ ਪ੍ਰਿੰਸੀਪਲ ਰਾਜੀਵ ਪਾਲੀਵਾਲ (ਗ੍ਰੀਨ ਮਾਡਲ ਟਾਊਨ), ਪ੍ਰਿੰਸੀਪਲ ਕੁਮਾਰੀ ਸ਼ਾਲੂ ਸਹਿਗਲ (ਲੋਹਾਰਾਂ), ਡਾਇਰੈਕਟਰ ਮੀਨਾਕਸ਼ੀ ਸ਼ਰਮਾ ਤੇ ਪ੍ਰਿੰਸੀਪਲ ਜਸਮੀਤ ਬਖ਼ਸ਼ੀ (ਨੂਰਪੁਰ ਰੋਡ), ਪ੍ਰਿੰਸੀਪਲ ਸੋਨਾਲੀ ਮਨੋਚਾ (ਕੈਂਟ-ਜੰਡਿਆਲਾ ਰੋਡ), ਡਾਇਰੈਕਟਰ ਪੂਨਮ ਨਾਰੰਗ ਤੇ ਪ੍ਰਿੰਸੀਪਲ ਸ਼ੀਤੂ ਖੰਨਾ (ਕਪੂਰਥਲਾ ਰੋਡ) ਸ਼ਾਮਲ ਸਨ। ਸਾਰੇ ਮਾਨਯੋਗ ਮਹਿਮਾਨਾਂ ਨੇ ਵਿਦਿਆਰਥੀਆਂ ਨੂੰ ਦਿਲੋਂ ਵਧਾਈ ਦਿੰਦਿਆਂ ਉਨ੍ਹਾਂ ਦੀ ਸ਼ਾਨਦਾਰ ਪ੍ਰਦਰਸ਼ਨ ਦੀ ਸਰਾਹਨਾ ਕੀਤੀ।

# ਮਿਡ ਡੇ ਮੀਲ ਵਰਕਰਜ਼ ਯੂਨੀਅਨ ਨੇ ਡਾ. ਰਾਜ ਕੁਮਾਰ ਤੇ ਇਸ਼ਾਂਕ ਕੁਮਾਰ ਨੂੰ ਮੰਗ ਪੱਤਰ ਸੌਂਪਿਆ

**ਹੁਸ਼ਿਆਰਪੁਰ (ਬਲਵੀਰ ਸੈਣੀ)** ਸਕੂਲਾਂ ਅੰਦਰ ਬੱਚਿਆਂ ਲਈ ਖਾਣਾ ਬਣਾਉਣ ਵਾਲੀਆਂ ਵਰਕਰਾਂ ਦੀ ਸੰਘਰਸ਼ਸ਼ੀਲ ਜੱਥੇਬੰਦੀ ਮਿਡ ਡੇ ਮੀਲ ਵਰਕਰਜ਼ ਯੂਨੀਅਨ ਪੰਜਾਬ ਦੇ ਫੈਸਲੇ ਤਹਿਤ ਮਿਡ ਡੇ ਮੀਲ ਵਰਕਰਜ਼ ਯੂਨੀਅਨ ਜ਼ਿਲ੍ਹਾ ਹੁਸ਼ਿਆਰਪੁਰ ਵਲੋਂ ਆਪਣੀਆਂ ਮੰਗਾਂ ਸਬੰਧੀ ਮੈਂਬਰ ਪਾਰਲੀਮੈਂਟ ਡਾ. ਰਾਜ ਕੁਮਾਰ ਤੇ ਹਲਕਾ ਚੱਬੇਵਾਲ ਦੇ ਵਿਧਾਇਕ ਡਾ. ਇਸ਼ਾਂਕ ਕੁਮਾਰ ਨੂੰ ਮੰਗ ਪੱਤਰ ਸੌਂਪਿਆ ਗਿਆ।ਜੱਥੇਬੰਦੀ ਦੀ ਜ਼ਿਲ੍ਹਾ ਪ੍ਰਧਾਨ ਆਸ਼ਾ ਰਾਣੀ ਭੁਲੇਵਾਲ ਰਾਠਾਂ ਦੀ ਅਗਵਾਈ ਹੇਠ ਮੁੱਖ ਮੰਤਰੀ ਪੰਜਾਬ ਨੂੰ ਭੇਜੇ ਗਏ ਮੰਗ ਪੱਤਰ ਰਾਹੀ ਮੰਗ ਕੀਤੀ ਗਈ ਕਿ ਮਿਡ ਡੇ ਮੀਲ ਵਰਕਰਾਂ ਨੂੰ ਪੱਕਾ ਕੀਤਾ ਜਾਵੇ ਤੇ ਜਦੋਂ ਤੱਕ ਵਰਕਰਾਂ ਨੂੰ ਪੱਕਾ ਨਹੀਂ ਕੀਤਾ ਜਾਂਦਾ ਉਦੋਂ ਤੱਕ 3000 ਤੋਂ ਵਧਾ ਕੇ 18000 ਰੁਪਏ ਮਾਣ ਭੱਤਾ ਦਿੱਤਾ ਜਾਵੇ, ਮਿਡ ਡੇ ਮੀਲ ਵਰਕਰਾਂ ਨੂੰ ਗਰਮ ਅਤੇ ਸਰਦ ਰੁੱਤ ਦੀਆਂ ਵਰਦੀਆਂ ਸਮੇਂ ਸਿਰ ਦਿੱਤੀਆਂ ਜਾਣ ਤੇ ਪਹਿਚਾਣ ਪੱਤਰ ਬਣਾਏ ਜਾਣ, ਮਿਡ ਡੇ ਮੀਲ ਵਰਕਰਾਂ ਦੀ ਸੇਵਾ-ਪੱਤਰੀ ਲਗਾ ਕੇ ਜੀ ਪੀ ਐਫ/ ਸੀ ਪੀ ਐਫ. ਕੱਟਣਾ ਸ਼ੁਰੂ ਕੀਤਾ ਜਾਵੇ, ਹਰੇਕ ਸਕੂਲ ਵਿੱਚ 50 ਬੱਚਿਆਂ ਤੇ ਦੋ ਵਰਕਰਾਂ ਰੱਖੀਆਂ ਜਾਣ ਤੇ 100 ਬੱਚਿਆਂ ਤੇ ਚਾਰ ਵਰਕਰਾਂ ਨੂੰ ਰੱਖਿਆ ਜਾਵੇ, ਮਿਡ ਡੇ ਮੀਲ ਵਰਕਰਾਂ ਨਾਲ ਕੋਈ ਹਾਦਸਾ ਵਾਪਰ ਜਾਂਦਾ ਹੈ ਜਾਂ



ਉਸ ਦੀ ਮੌਤ ਹੋ ਜਾਂਦੀ ਹੈ ਤਾਂ ਉਸ ਦੀ ਨੌਕਰੀ ਉਸ ਦੇ ਪਰਵਾਰਿਕ ਮੈਂਬਰ ਨੂੰ ਦੇਣ ਦਾ ਪ੍ਰਬੰਧ ਕੀਤਾ ਜਾਵੇ, ਜੇਕਰ ਭਵਿੱਖ ਵਿੱਚ ਲੋਕ ਸਭਾ/ ਵਿਧਾਨ ਸਭਾ/ ਮਿਊਂਸੀਪਲ/ ਪੰਚਾਇਤ ਚੋਣਾਂ ਵਿੱਚ ਮਿਡ ਡੇ ਮੀਲ ਵਰਕਰਾਂ ਦੀ ਖਾਣਾ ਬਣਾਉਣ ਦੀ ਡਿਊਟੀ ਲਗਦੀ ਹੈ ਤਾਂ ਬਾਕੀ ਚੋਣ ਅਮਲੇ ਵਾਂਗ ਬਣਦਾ ਮਿਹਨਤਾਨਾ ਸਿੱਧਾ ਵਰਕਰਾਂ ਦੇ ਖਾਤੇ ਵਿੱਚ ਭੇਜਣ ਦਾ ਪ੍ਰਬੰਧ ਕੀਤਾ ਜਾਵੇ, ਜੇਕਰ ਮਿਡ ਡੇ ਮੀਲ ਵਰਕਰਾਂ ਨੂੰ ਰਿਟਾਇਰ ਕਰਨਾ ਹੈ ਤਾਂ ਉਹਨਾਂ ਨੂੰ 70 ਸਾਲ ਦੀ ਉਮਰ ਵਿੱਚ ਰਿਟਾਇਰ ਕਰਕੇ ਸਨਮਾਨਯੋਗ ਪੈਨਸ਼ਨ ਦਾ ਪ੍ਰਬੰਧ ਕੀਤਾ ਜਾਵੇ।ਜੱਥੇਬੰਦੀ ਦੀ ਸੂਬਾ ਜਨਰਲ ਸਕੱਤਰ ਕਮਲਜੀਤ ਕੌਰ ਖੜੌਦੀ ਨੇ ਕਿਹਾ ਕਿ ਪਿਛਲੇ ਲੰਬੇ ਸਮੇਂ ਤੋਂ ਮਿਡ ਡੇ ਮੀਲ ਵਰਕਰਾਂ ਵਲੋਂ ਆਪਣੀਆਂ ਮੰਗਾਂ ਸਬੰਧੀ ਸੰਘਰਸ਼ ਕੀਤਾ ਜਾ ਰਿਹਾ। ਆਗੂਆਂ ਨੇ ਚੇਤਾਵਨੀ ਦਿੱਤੀ ਕਿ ਜੇਕਰ ਮੰਗਾਂ ਨੂੰ ਜਲਦ ਹੱਲ ਨਾ ਕੀਤਾ ਗਿਆ ਤਾਂ ਮਿਤੀ 9 ਮਈ ਨੂੰ ਸਿੱਖਿਆ ਮੰਤਰੀ ਦੇ ਹਲਕੇ ਅਨੰਦਪੁਰ ਸਾਹਿਬ ਵਿਖੇ ਵਿਸ਼ਾਲ ਸੂਬਾ ਪੱਧਰੀ ਰੈਲੀ ਕਰਲਕੇ ਅਗਲੇ ਤਿੱਖੇ ਸੰਘਰਸ਼ ਦਾ ਐਲਾਨ ਕੀਤਾ ਜਾਵੇਗਾ। ਉਪਰੋਕਤ ਆਗੂਆਂ ਤੋਂ ਇਲਾਵਾ ਅਮਰਜੀਤ ਕੌਰ, ਸੀਮਾ ਰਾਣੀ, ਜਸਵੀਰ ਕੌਰ, ਸੁਨੀਤਾ ਦੇਵੀ, ਪਰਮਜੀਤ ਕੌਰ, ਬਲਜੀਤ ਕੌਰ, ਨੀਲਮ ਰਾਣੀ, ਮਨਜੀਤ ਕੌਰ, ਅਮਨਜੋਤ, ਮਹਿੰਦਰ ਕੌਰ ਆਦਿ ਆਗੂ ਅਤੇ ਪ ਸ ਸ ਫ ਦੇ ਆਗੂ ਮਨਜੀਤ ਸੈਣੀ ਵੀ ਹਾਜਰ ਸਨ।

# ਵਿਧਾਇਕ ਨੇ ਟਿਊਬਵੈੱਲ ਦਾ ਕੀਤਾ ਉਦਘਾਟਨ

**ਹੁਸ਼ਿਆਰਪੁਰ (ਓ ਪੀ ਰਾਣਾ, ਬਲਵੀਰ ਸਿੰਘ ਸੈਣੀ)**- ਹੁਸ਼ਿਆਰਪੁਰ ਦੇ ਵਿਧਾਇਕ ਬ੍ਰਹਮ ਸ਼ੰਕਰ ਜਿੰਪਾ ਨੇ ਵਾਰਡ ਨੰਬਰ 45 ਦੇ ਮੁਹੱਲਾ ਟੈਗੋਰ ਨਗਰ ਵਿੱਚ ਨਵੇਂ ਟਿਊਬਵੈੱਲ ਦਾ ਉਦਘਾਟਨ ਕੀਤਾ। ਇਸ ਮੌਕੇ ਉਨ੍ਹਾਂ ਕਿਹਾ ਕਿ ਸ਼ਹਿਰ



ਵਾਸੀਆਂ ਨੂੰ ਵਧੀਆ ਬੁਨਿਆਦੀ ਸਹੂਲਤਾਂ ਮੁਹੱਈਆ ਕਰਵਾਉਣਾ ਪੰਜਾਬ ਸਰਕਾਰ ਦੀ ਤਰਜੀਹ ਹੈ ਅਤੇ ਇਸੇ ਦਿਸ਼ਾ ਵਿੱਚ ਲਗਾਤਾਰ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ। ਵਿਧਾਇਕ ਜਿੰਪਾ ਨੇ ਕਿਹਾ ਕਿ ਹੁਸ਼ਿਆਰਪੁਰ ਸ਼ਹਿਰ ਵਿੱਚ ਹੁਣ ਤੱਕ 43 ਤੋਂ ਵੱਧ ਟਿਊਬੈੱਲ ਲਗਾਏ ਜਾ ਚੁੱਕੇ ਹਨ, ਜਿਸ ਨਾਲ ਵੱਖ-ਵੱਖ ਵਾਰਡਾਂ ਵਿੱਚ ਪੀਣ ਵਾਲੇ ਪਾਣੀ ਦੀ ਸਪਲਾਈ ਪ੍ਰਣਾਲੀ ਵਿੱਚ ਮਹੱਤਵਪੂਰਨ ਸੁਧਾਰ ਆਇਆ ਹੈ। ਉਨ੍ਹਾਂ ਦੱਸਿਆ ਕਿ ਜਿੱਥੇ ਲੰਮੇ ਸਮੇਂ ਤੋਂ ਪਾਣੀ ਦੀ ਸਮੱਸਿਆ ਸੀ, ਉਥੇ ਪਹਿਲ ਦੇ ਆਧਾਰ ’ਤੇ ਟਿਊਬਵੈੱਲ ਲਗਾਏ ਜਾ ਰਹੇ ਹਨ ਤਾਂ ਜੋ ਲੋਕਾਂ ਨੂੰ ਸਾਫ਼ ਅਤੇ ਲੋੜੀਂਦਾ ਪੀਣ ਵਾਲਾ ਪਾਣੀ ਉਪਲਬਧ ਹੋਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਟੈਗੋਰ ਨਗਰ ਵਿੱਚ ਨਵੇਂ ਟਿਊਬਵੈੱਲ ਦੇ ਸ਼ੁਰੂ ਹੋਣ ਨਾਲ ਸਥਾਨਕ ਨਿਵਾਸੀਆਂ ਨੂੰ ਕਾਫੀ ਰਾਹਤ ਮਿਲੇਗੀ ਅਤੇ ਪਾਣੀ ਦੀ ਕਮੀ ਦੀ ਸਮੱਸਿਆ ਦਾ ਹੱਲ ਹੋਵੇਗਾ। ਉਨ੍ਹਾਂ ਇਹ ਵੀ ਕਿਹਾ ਕਿ ਸ਼ਹਿਰ ਦੇ ਵਿਕਾਸ ਲਈ ਬੁਨਿਆਦੀ ਸਹੂਲਤਾਂ ਨੂੰ ਮਜ਼ਬੂਤ ਕਰਨਾ ਬਹੁਤ ਜ਼ਰੂਰੀ ਹੈ ਅਤੇ ਆਉਣ ਵਾਲੇ ਸਮੇਂ ਵਿੱਚ ਵੀ ਇਸ ਤਰ੍ਹਾਂ ਦੇ ਲੋਕ-ਹਿੱਤ ਕਾਰਜ ਜਾਰੀ ਰਹਿਣਗੇ।ਇਸ ਮੌਕੇ ’ਤੇ ਮੇਅਰ ਸੁਰਿੰਦਰ ਕੁਮਾਰ, ਸੀਨੀਅਰ ਡਿਪਟੀ ਮੇਅਰ ਪ੍ਰਵੀਣ ਸੈਨੀ, ਬਲਜੀਤ ਕੌਰ, ਭੁਪਿੰਦਰ ਸਿੰਘ, ਕੈਪਟਨ ਬਚਿੱਤਰ ਸਿੰਘ, ਐੱਸ ਪੀ ਸ਼ਰਮਾ, ਕੇ ਡੀ ਜਸਵਾਲ, ਪਵਨ ਬਸੀਜਾਨਾ, ਸੁਮਨ, ਉਂਕਾਰ ਸਿੰਘ ਭਾਰਜ, ਅਮਨਦੀਪ ਸਿੰਘ, ਦਲਜਿੰਦਰ ਸਿੰਘ, ਗੁਲਸ਼ਨ ਵਰਮਾ, ਕੁਲਦੀਪ ਸਿੰਘ, ਹਰਜਾਪ ਸਿੰਘ, ਕਿਰਨ ਬਾਲਾ, ਹਰਜੀਤ ਕੌਰ, ਸੁਰਿੰਦਰ ਕੌਰ ਅਤੇ ਸਤਪਾਲ ਸਿੰਘ ਸਮੇਤ ਹੋਰ ਪਤਵੰਤੇ ਵਿਅਕਤੀ ਵੀ ਮੌਜੂਦ ਸਨ।

# ਲਾਇਲਪੁਰ ਖਾਲਸਾ ਕਾਲਜ ਦੇ ਕੰਪਿਊਟਰ ਸਾਇੰਸ ਤੇ ਆਈ ਟੀ ਵਿਭਾਗ ਵੱਲੋਂ ਉਦਯੋਗਿਕ ਦੌਰਾ

**ਜਲੰਧਰ (ਸ਼ੈਲੀ ਐਲਬਰਟ)**- ਲਾਇਲਪੁਰ ਖਾਲਸਾ ਕਾਲਜ ਜਲੰਧਰ ਦੇ ਕੰਪਿਊਟਰ ਸਾਇੰਸ ਅਤੇ ਆਈ ਟੀ





ਵਿਭਾਗ ਨੇ ਵਿਦਿਆਰਥੀਆਂ ਲਈ ਸੋਲੀਟੇਅਰ ਇਨਫੋਸਿਸ ਪ੍ਰਾਈਵੇਟ ਲਿਮਟਿਡ, ਮੋਹਾਲੀ (ਚੰਡੀਗੜ੍ਹ) ਦਾ ਇੱਕ ਉਦਯੋਗਿਕ ਦੌਰਾ ਤੇ ਵਿਦਿਅਕ ਦੌਰਾ ਸਫਲਤਾਪੂਰਵਕ ਕਰਵਾਇਆ ਗਿਆ। ਵਿਦਿਆਰਥੀਆਂ ਨੇ ਇਸ ਦੌਰੇ ਵਿੱਚ ਉਤਸ਼ਾਹ ਨਾਲ ਹਿੱਸਾ ਲਿਆ, ਜਿਸ ਦਾ ਉਦੇਸ਼ ਸਿਧਾਂਤਕ ਗਿਆਨ ਅਤੇ ਵਿਹਾਰਕ ਉਦਯੋਗ ਦੇ ਸੰਪਰਕ ਵਿੱਚ ਪਾੜੇ ਨੂੰ ਪੂਰਾ ਕਰਨਾ ਸੀ। ਇਸ ਦੌਰਾਨ ਵਿਦਿਆਰਥੀਆਂ ਨੇ ਨਵੀਨਤਮ ਤਕਨਾਲੋਜੀਆਂ, ਸਾਫਟਵੇਅਰ ਵਿਕਾਸ ਅਭਿਆਸਾਂ ਅਤੇ ਅਸਲ-ਸਮੇਂ ਦੇ ਪ੍ਰੋਜੈਕਟ ਹੈਂਡਲਿੰਗ ਬਾਰੇ ਕੀਮਤੀ ਸਮਝ ਪ੍ਰਾਪਤ ਕੀਤੀ। ਕੰਪਨੀ ਦੇ ਮਾਹਿਰਾਂ ਨੇ ਵਿਦਿਆਰਥੀਆਂ ਨਾਲ ਗੱਲਬਾਤ ਕੀਤੀ ਤੇ ਆਪਣੇ ਪੇਸ਼ੇਵਰ ਅਨੁਭਵ ਸਾਂਝੇ ਕੀਤੇ, ਉਨ੍ਹਾਂ ਨੂੰ ਆਪਣੇ ਤਕਨੀਕੀ ਹੁਨਰ ਨੂੰ ਵਧਾਉਣ ਤੇ ਭਵਿੱਖ ਦੇ ਕਰੀਅਰ ਦੇ ਮੌਕਿਆਂ ਲਈ ਤਿਆਰ ਕਰਨ ਲਈ ਪ੍ਰੇਰਿਤ ਕੀਤਾ। ਵਿਭਾਗ ਨੇ ਸਮੂਹ ਗਵਰਨਿੰਗ ਕੌਂਸਲ ਦਾ ਅਜਿਹੀਆਂ ਅਕਾਦਮਿਕ ਗਤੀਵਿਧੀਆਂ ਦੇ ਆਯੋਜਨ ਵਿੱਚ ਨਿਰੰਤਰ ਸਮਰਥਨ ਅਤੇ ਉਤਸ਼ਾਹ ਲਈ ਦਿਲੋਂ ਧੰਨਵਾਦ ਤੇ ਪ੍ਰਸ਼ੰਸਾ ਕੀਤੀ। ਪ੍ਰਿੰਸੀਪਲ, ਡਾ. ਰਛਪਾਲ ਸਿੰਘ ਸੰਧੂ ਨੇ ਕਿਹਾ ਕਿ ਅਜਿਹੇ ਉਪਰਾਲੇ ਵਿਦਿਆਰਥੀਆਂ ਦੇ ਵਿਹਾਰਕ ਗਿਆਨ ਨੂੰ ਵਧਾਉਣ ਅਤੇ ਉਨ੍ਹਾਂ ਨੂੰ ਗਤੀਸ਼ੀਲ ਉਦਯੋਗ ਲਈ ਤਿਆਰ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ। ਵਿਭਾਗ ਦੇ ਮੁਖੀ, ਪ੍ਰੋ. ਸੰਜੀਵ ਕੁਮਾਰ ਆਨੰਦ ਨੇ, ਪ੍ਰੋ. ਰਵਿੰਦਰ ਕੌਰ ਅਤੇ ਪ੍ਰੋ. ਜਸਦੀਪ ਸਿੰਘ ਦੇ ਸਮਰਪਿਤ ਯਤਨਾਂ ਦੀ ਸ਼ਲਾਘਾ ਕੀਤੀ, ਜਿਨ੍ਹਾਂ ਨੇ ਇਸ ਦੌਰੇ ਦੇ ਸ਼ਾਨਦਾਰ ਤਾਲਮੇਲ ਅਤੇ ਸੁਚਾਰੂ ਸੰਚਾਲਨ ਲਈ ਕੰਮ ਕੀਤਾ। ਇਸ ਮੌਕੇ ਪ੍ਰੋ. ਓਂਕਾਰ ਅਤੇ ਪ੍ਰੋ. ਤਰਨਦੀਪ ਸ਼ਾਮਲ ਸਨ।

# ਐੱਚ ਆਈ ਵੀ ਜਾਗਰੂਕਤਾ ਵਿਸ਼ੇ ’ਤੇ ਸਲੋਗਨ ਤੇ ਪੋਸਟਰ ਮੇਕਿੰਗ ਮੁਕਾਬਲਾ

**ਸੁਲਤਾਨਪੁਰ ਲੋਧੀ (ਹਨੀ)**- ਐੱਸ ਡੀ ਕਾਲਜ ਫਾਰ ਵੂਮੈਨ ਵਿਖੇ ਐੱਨ ਐੱਸ ਐੱਸ ਵਿਭਾਗ ਤੇ ਰੈੱਡ ਰਿਬਨ ਕਲੱਬ ਦੇ ਸਹਿਯੋਗ ਨਾਲ ਪੰਜਾਬੀ ਵਿਭਾਗ ਵੱਲੋਂ ਪ੍ਰਿੰਸੀਪਲ ਡਾ. ਵੰਦਨਾ ਸ਼ੁਕਲਾ ਦੀ ਅਗਵਾਈ ਵਿਚ ਐੱਚ ਆਈ ਵੀ (ਏਡਜ਼) ਜਾਗਰੂਕਤਾ ਵਿਸ਼ੇ ’ਤੇ ਸਲੋਗਨ ਅਤੇ ਪੋਸਟਰ ਮੇਕਿੰਗ ਪ੍ਰਤੀਯੋਗਤਾ ਦਾ ਆਯੋਜਨ ਕੀਤਾ ਗਿਆ। ਇਹ ਪ੍ਰੋਗਰਾਮ ਪੰਜਾਬੀ ਵਿਭਾਗ ਦੇ ਕਸ਼ਮੀਰ ਕੌਰ ਤੇ ਐੱਨ ਐੱਸ ਐੱਸ ਕਲੱਬ ਦੇ ਇੰਚਾਰਜ ਸੁਨੀਤਾ ਕਲੇਰ ਦੀ ਦੇਖ ਰੇਖ ਵਿਚ ਕਰਵਾਇਆ ਗਿਆ। ਮੁਕਾਬਲੇ ਦਾ ਮੁੱਖ ਉਦੇਸ਼ ਵਿਦਿਆਰਥੀਆਂ ਵਿੱਚ ਐੱਚ ਆਈ ਵੀ (ਏਡਜ਼) ਬਾਰੇ ਜਾਗਰੂਕਤਾ ਫੈਲਾਉਣਾ ਸੀ। ਵੱਖ-ਵੱਖ ਜਮਾਤਾਂ ਦੇ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਹਿੱਸਾ ਲਿਆ ਤੇ ਅਰਥਪੂਰਨ ਨਾਅਰਿਆਂ ਅਤੇ ਆਕਰਸ਼ਕ ਪੋਸਟਰਾਂ ਰਾਹੀਂ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕੀਤਾ। ਭਾਗੀਦਾਰਾਂ ਨੇ ਐੱਚ ਆਈ ਵੀ (ਏਡਜ਼) ਦੀ ਰੋਕਥਾਮ, ਜਾਗਰੂਕਤਾ ਦੀ ਮਹੱਤਤਾ ਅਤੇ ਬਿਮਾਰੀ ਨਾਲ ਜੁੜੇ ਕਲੰਕ ਨੂੰ ਖਤਮ ਕਰਨ ਦੀ ਜ਼ਰੂਰਤ ਵਰਗੇ ਮਹੱਤਵਪੂਰਨ ਪਹਿਲੂਆਂ ਨੂੰ ਉਜਾਗਰ ਕੀਤਾ।ਪ੍ਰੋਗਰਾਮ ਨੇ ਵਿਦਿਆਰਥੀਆਂ ਨੂੰ ਸਮਾਜਿਕ ਤੌਰ ’ਤੇ ਸੋਚਣ ਅਤੇ ਸਮਾਜ ਵਿੱਚ ਜਾਗਰੂਕਤਾ ਪੈਦਾ ਕਰਨ ਵਿੱਚ ਯੋਗਦਾਨ ਪਾਉਣ ਲਈ



ਪ੍ਰੇਰਿਤ ਕੀਤਾ। ਮੁਕਾਬਲੇ ਦੇ ਜੇਤੂਆਂ ’ਚ ਰੁਚੀ ਬੀ.ਕਾਮ 6ਵਾਂ ਸਮੈਸਟਰ ਪਹਿਲੇ, ਨਵਜੋਤ ਕੌਰ ਬੀ.ਏ. 6ਵਾਂ ਸਮੈਸਟਰ ਦੂਜੇ ਤੇ ਕਾਜਲ ਬੀ.ਏ. ਦੂਜਾ ਸਮੈਸਟਰ ਤੀਜੇ ਸਥਾਨ ’ਤੇ ਰਹੀ। ਵਧੀਆ ਪ੍ਰਦਰਸ਼ਨ ਕਰਨ ਵਾਲਿਆਂ ਨੂੰ ਸਨਮਾਨਤ ਕੀਤਾ ਗਿਆ।

# ਜਥੇ. ਸਰੂਪ ਸਿੰਘ ਖਲਵਾੜਾ ਤੇ ਪਰਮਿੰਦਰ ਸਿੰਘ ਜੰਡੂ ਦਾ ਸਨਮਾਨ

**ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)**- ਸ਼੍ਰੋਮਣੀ ਅਕਾਲੀ ਦਲ (ਐੱਸ ਸੀ ਵਿੰਗ) ਜ਼ਿਲ੍ਹਾ ਕਪੂਰਥਲਾ ਦੇ ਨਵ-ਨਿਯੁਕਤ ਸ਼ਹਿਰੀ ਪ੍ਰਧਾਨ ਜੱਥੇਦਾਰ ਸਰੂਪ ਸਿੰਘ ਖਲਵਾੜਾ ਤੇ ਪਰਮਿੰਦਰ ਸਿੰਘ ਜੰਡੂ ਕੋਰ ਕਮੇਟੀ ਮੈਂਬਰ ਬੀ ਸੀ ਵਿੰਗ ਦਾ ਪਿੰਡ ਰਾਣੀਪੁਰ ਰਾਜਪੂਤਾਂ ਵਿਖੇ ਪੁੱਜਣ ਤੇ ਪੰਚਾਇਤ ਅਤੇ ਪਿੰਡ ਵਾਸੀਆਂ ਵਲੋਂ ਸਿਰੋਪਾਓ ਪਾ ਕੇ ਸਨਮਾਨਤ ਕੀਤਾ ਗਿਆ। ਬੁਲਾਰਿਆਂ ਨੇ ਜੱਥੇਦਾਰ ਖਲਵਾੜਾ ਨੂੰ ਪਾਰਟੀ ਵਲੋਂ ਮਿਲੀ ਅਹਿਮ ਜਿੰਮੇਵਾਰੀ ਲਈ ਸ਼ੁੱਭ ਇੱਛਾਵਾਂ ਦਿੱਤੀਆਂ ਅਤੇ ਕਿਹਾ ਕਿ ਉਹ ਪੁਰਾਣੇ ਟਕਸਾਲੀ ਅਕਾਲੀ ਆਗੂ ਹਨ, ਜਿਹਨਾਂ ਨੇ ਪਾਰਟੀ ਦੀ ਚੜ੍ਹਦੀ ਕਲਾ ਲਈ ਹਮੇਸ਼ਾ ਅੱਗੇ ਵੱਧ ਕੇ ਤਨਦੇਹੀ ਨਾਲ ਸੇਵਾ ਨਿਭਾਈ ਹੈ। ਅਜਿਹੇ ਸਮਰਪਿਤ ਪਾਰਟੀ ਵਰਕਰ ਨੂੰ ਐੱਸ ਸੀ ਵਿੰਗ ਜਿਲ੍ਹਾ ਕਪੂਰਥਲਾ (ਸ਼ਹਿਰੀ) ਦੇ ਪ੍ਰਧਾਨ ਵਜੋਂ ਜਿੰਮੇਵਾਰੀ ਦੇ ਕੇ ਪਾਰਟੀ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਸਾਬਤ ਕੀਤਾ ਹੈ ਕਿ ਸ਼੍ਰੋਮਣੀ ਅਕਾਲੀ ਦਲ ਹਰ ਮਿਹਨਤੀ ਵਰਕਰ ਨੂੰ ਸਨਮਾਨਜਨਕ ਅਹੁਦਿਆਂ ਨਾਲ ਨਵਾਜਦਾ ਹੈ। ਸਾਬਕਾ ਸਰਪੰਚ ਸਤਨਾਮ ਸਿੰਘ ਤੇ ਹਰਬਲਾਸ ਬਾਲੂ ਨੇ ਪਾਰਟੀ ਹਾਈਕਮਾਂਡ ਤੋਂ ਮੰਗ ਕੀਤੀ ਕਿ ਜੱਥੇਦਾਰ ਸਰੂਪ ਸਿੰਘ ਖਲਵਾੜਾ ਨੂੰ ਫਗਵਾੜਾ ਵਿਧਾਨਸਭਾ ਹਲਕੇ ਤੋਂ ਪਾਰਟੀ ਉਮੀਦਵਾਰ ਐਲਾਨਿਆ ਜਾਵੇ ਤਾਂ ਜੋ ਉਹਨਾਂ ਨੂੰ ਵੱਧ ਤੋਂ ਵੱਧ ਵੋਟਾਂ ਪਾ ਕੇ ਪੰਜਾਬ ਵਿਧਾਨ



ਸਭਾ ਵਿੱਚ ਭੇਜਿਆ ਜਾ ਸਕੇ। ਜੱਥੇਦਾਰ ਖਲਵਾੜਾ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਪੰਜਾਬ ਦੀ ਇੱਕੋ ਇੱਕ ਖੁਦ ਮੁਖਤਿਆਰ ਖੇਤਰੀ ਪਾਰਟੀ ਹੈ, ਜਿਸ ਨੂੰ ਕੋਈ ਵੀ ਫੈਸਲਾ ਲੈਣ ਲਈ ਦਿੱਲੀ ਵੱਲ ਝਾਤ ਨਹੀਂ ਮਾਰਨੀ ਪੈਂਦੀ।

ਉਹਨਾਂ ਕਿਹਾ ਕਿ ਸੁਖਬੀਰ ਸਿੰਘ ਬਾਦਲ ਦੀ ਅਗਵਾਈ ਹੇਠ ਸ਼੍ਰੋਮਣੀ ਅਕਾਲੀ ਦਲ (ਬ) ਪੂਰੀ ਤਾਕਤ ਦੇ ਨਾਲ ਅਗਲੀਆਂ ਵਿਧਾਨਸਭਾ ਚੋਣਾਂ ਲੜੇਗਾ। ਇਸ ਮੌਕੇ ਪਰਮਿੰਦਰ ਸਿੰਘ ਜੰਡੂ ਨੇ ਕਿਹਾ ਕਿ ਫਗਵਾੜਾ ਵਿਧਾਨ ਸਭਾ ਹਲਕੇ ਤੋਂ ਜੋ ਵੀ ਉਮੀਦਵਾਰ ਪਾਰਟੀ ਵਲੋਂ ਐਲਾਨਿਆ ਜਾਵੇਗਾ, ਸਮੂਹ ਐੱਸ ਸੀ ਸਮਾਜ ਉਸਦੀ ਜਿੱਤ ਯਕੀਨੀ ਬਨਾਉਣ ’ਚ ਮੁੱਢਲੀ ਭੂਮਿਕਾ ਨਿਭਾਏਗਾ। ਜੱਥੇਦਾਰ ਸਰੂਪ ਸਿੰਘ ਤੇ ਪਰਮਿੰਦਰ ਜੰਡੂ ਨੇ ਭਰੋਸਾ ਦਿੱਤਾ ਕਿ ਜੇਕਰ ਪੰਜਾਬ ਵਿੱਚ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਬਣੀ ਤਾਂ ਸਭ ਤੋਂ ਪਹਿਲਾਂ ਫਗਵਾੜਾ ਨੂੰ ਜ਼ਿਲ੍ਹੇ ਦਾ ਦਰਜਾ ਦੁਆਉਣ ਅਤੇ ਬਾਬਾ ਸਾਹਿਬ ਡਾ. ਬੀ.ਆਰ. ਅੰਬੇਡਕਰ ਦੇ ਬੁੱਤਾਂ ਦੀ ਬੇਅਦਬੀ ਕਰਨ ਵਾਲੇ ਅਨਸਰਾਂ ਨੂੰ ਨੱਥ ਪਾਉਣ ਲਈ ਸਖਤ ਪ੍ਰਬੰਧ ਕੀਤੇ ਜਾਣਗੇ। ਇਸ ਮੌਕੇ ਸਰਪੰਚ ਪ੍ਰਕਾਸ਼ ਸਿੰਘ, ਸਤਨਾਮ ਸਿੰਘ ਸਾਬਕਾ ਪੰਚ, ਗੁਰਮੇਜ ਸਿੰਘ ਸਾਬਕਾ ਪੰਚ, ਜਤਿੰਦਰਜੀਤ ਸਿੰਘ ਲੁਬਾਣਾ, ਬਚਿੱਤਰ ਸਿੰਘ, ਨਵਦੀਪ ਸਿੰਘ ਪੰਚ, ਸੋਨੂ ਵਾਲੀਆ ਪੰਚ, ਬਲਬੀਰ ਸਿੰਘ, ਪੰਚ, ਜੋਗਿੰਦਰ ਪਾਲ ਜੱਖੂ, ਬਲਵਿੰਦਰ ਬਾਲੂ, ਸਰਬਜੀਤ ਕਲੇਰ, ਮੋਹਨ ਲਾਲ, ਹਰਮੇਸ਼ ਲਾਲ, ਜੋਗਿੰਦਰ ਪਾਲ ਬਾਲੂ, ਤਰਲੋਚਨ ਸਿੰਘ ਆਦਿ ਹਾਜਰ ਸਨ।

# ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ ਬਿੱਲ ਪਾਸ ਹੋਣ ’ਤੇ ਕਰਵਾਇਆ ਸ਼ੁਕਰਾਨਾ ਸਮਾਗਮ

**ਆਦਮਪੁਰ (ਪਰਮਜੀਤ ਸਿੰਘ)** ਆਦਮਪੁਰ ਦੇ ਨਜਦੀਕ ਪਿੰਡ ਚੁਖਿਆਰਾ ਵਿਖੇਪੰਜਾਬ ਸਰਕਾਰ ਵਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਦੇ ਮਾਮਲਿਆਂ ਨੂੰ ਰੋਕਣ ਲਈ ਬਣਾਏ ਸਤਿਕਾਰ ਬਿਲ ਪਾਸ ਹੋਣ ਦੀ ਖੁਸ਼ੀ



ਸੰਬੰਧੀ ਪਿੰਡ ਚੁਖਿਆਰਾ ਵਾਸੀਆਂ ਵਲੋਂ ਗੁਰਦੁਆਰਾ ਨਾਨਕਸਰ ਸਾਹਿਬ ਵਿਖੇ ਇਕ ਸ਼ੁਕਰਾਨਾ ਸਮਾਗਮ ਕਰਵਾਇਆ, ਜਿਸ ਵਿਚ ਹਲਕਾ ਇੰਚਾਰਜ ਪਵਨ ਕੁਮਾਰ ਟੀਨੂੰ ਹਾਜ਼ਰ ਹੋਏ। ਸਮਾਗਮ ਦੌਰਾਨ ਸੰਗਤਾਂ ਨਾਲ ਵਿਚਾਰ ਸਾਂਝੇ ਕਰਦੇ ਪਵਨ ਟੀਨੂੰ ਨੇ ਦੱਸਿਆ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਸਤਿਕਾਰ ਬਿੱਲ-2026, ਸੋਧ ਕਾਨੂੰਨੀ ਪ੍ਰਕਿਰਿਆ ਦੁਆਰਾ ਪਾਸ ਕਰਾ ਕੇ ਲਾਗੂ ਕਰਵਾ ਕੇ ਸੂਬੇ ਦੇ ਮੁੱਖ ਮੰਤਰੀ ਭਗਵੰਤ ਮਾਨ ਵਲੋਂ ਵੱਡੀ ਸੇਵਾ ਲਈ ਹੈ ਉਥੇ ਹੀ ਪੰਜਾਬ ਦੀਆਂ ਧਾਰਮਿਕ ਭਾਵਨਾਵਾਂ ਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਅਦਬ ਸਤਿਕਾਰ ਦੀ ਰੱਖਿਆ ਲਈ ਇਕ ਮਜਬੂਤ ਕਦਮ ਸਾਬਤ ਹੋਇਆ ਹੈ। ਬੇਅਦਬੀ ਸੰਬੰਧੀ ਕਾਨੂੰਨ ਲਾਗੂ ਹੋਣ ’ਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਮੰਨਣ ਵਾਲੀਆਂ ਦੇਸ਼ਾਂ ਵਿਦੇਸ਼ਾਂ ਵਿਚ ਬੈਠੀਆਂ ਸੰਗਤਾਂ ਵਲੋ ਸਰਕਾਰ ਦਾ ਧੰਨਵਾਦ ਕੀਤਾ। ਇਸ ਕਾਨੂੰਨ ਦੇ ਲਾਗੂ ਹੋਣ ਦੇ ਨਾਲ ਬੇਅਦਬੀ ਦੀਆਂ ਘਟਨਾਵਾਂ ਹੋਣੀਆਂ ਬੰਦ ਹੋ ਜਾਣਗੀਆਂ। ਸਮਾਗਮ ਦੀ ਸਮਾਪਤੀ ਉਪਰੰਤ ਪ੍ਰਧਾਨ ਬਲਵਿੰਦਰ ਸਿੰਘ, ਨੰਬਰਦਾਰ ਤਰਸੇਮ ਸਿੰਘ, ਲੰਬੜਦਾਰ ਰਸ਼ਪਾਲ ਸਿੰਘ ਸਮੇਤ ਹੈੱਡ ਗ੍ਰੰਥੀ ਹਰਜੀਤ ਸਿੰਘ ਵੱਲੋਂ ਪਵਨ ਟੀਨੂੰ ਦਾ ਸਿਰੋਪਾਓ ਦੇ ਕੇ ਸਨਮਾਨ ਕੀਤਾ। ਸਮਾਗਮ ਦੌਰਾਨ ਗੁਰਮੀਤ ਸਿੰਘ, ਬਲਦੇਵ ਸਿੰਘ, ਅਵਤਾਰ ਸਿੰਘ ਤਾਰੀ, ਕਮਲ ਪ੍ਰੀਤ ਸਿੰਘ, ਰਣਜੀਤ ਸਿੰਘ, ਅਵਤਾਰ ਸਿੰਘ, ਜਤਿੰਦਰ ਸਿੰਘ ਸਮੇਤ ਪਿੰਡ ਦੀਆਂ ਬੀਬੀਆਂ ਤੇ ਪਿੰਡ ਵਾਸੀ ਵੱਡੀ ਗਿਣਤੀ ’ਚ ਹਾਜ਼ਰ ਹੋਏ।

# ਬੰਨ੍ਹ ਦੀ ਟੁੱਟੀ ਸੁਰੱਖਿਆ ਦੀਵਾਰ ਦੀ ਤੁਰੰਤ ਮੁਰੰਮਤ ਲਈ ਡਿਪਟੀ ਕਮਿਸ਼ਨਰ ਵੱਲੋਂ ਕਾਂਗੜਾ ਪ੍ਰਸ਼ਾਸਨ ਨੂੰ ਪੱਤਰ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਹਿਮਾਚਲ ਪ੍ਰਦੇਸ਼ ਦੇ ਜ਼ਿਲ੍ਹਾ ਕਾਂਗੜਾ ਦੇ ਡਿਪਟੀ ਕਮਿਸ਼ਨਰ ਨੂੰ ਪੱਤਰ ਲਿਖ ਕੇ ਜ਼ਿਲ੍ਹਾ ਹੁਸ਼ਿਆਰਪੁਰ ਦੇ ਸਰਹੱਦੀ ਪਿੰਡਾਂ ਨੂੰ ਹੜ੍ਹ ਦੇ ਖਤਰੇ ਤੋਂ ਬਚਾਉਣ ਲਈ ਹਿਮਾਚਲ ਪ੍ਰਦੇਸ਼ ਦੀ ਸੀਮਾ ਵਿੱਚ ਸਥਿਤ ਨੁਕਸਾਨਗ੍ਰਸਤ ਤਟਬੰਧ (ਐਂਬੈਂਕਮੈਂਟ) ਦੀ ਤੁਰੰਤ ਮੁਰੰਮਤ ਕਰਨ ਦੀ ਅਪੀਲ ਕੀਤੀ ਹੈ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਐਗਜ਼ਿਕਿਊਟਿਵ ਇੰਜੀਨੀਅਰ, ਹੁਸ਼ਿਆਰਪੁਰ ਡਰੇਨੇਜ ਡਿਵੀਜ਼ਨ ਵੱਲੋਂ ਦਿੱਤੀ ਗਈ ਰਿਪੋਰਟ ਅਨੁਸਾਰ ਤਹਿਸੀਲ ਮੁਕੇਰੀਆਂ ਦੇ ਪਿੰਡ ਮੋਤਲਾ ਦੇ ਸਾਹਮਣੇ ਇੱਕ ਤਟਬੰਧ ਬਣਾਇਆ ਗਿਆ ਹੈ, ਜਿਸ ਦਾ ਉਦੇਸ਼ ਪਿੰਡ ਮੋਤਲਾ ਅਤੇ ਨੇੜਲੇ ਇਲਾਕਿਆਂ ਨੂੰ ਹੜ੍ਹ ਤੋਂ ਬਚਾਉਣਾ ਹੈ। ਇਹ ਤਟਬੰਧ ਜਿਸ ਉੱਪਰੀ ਇਲਾਕੇ ਵਿੱਚ ਸਥਿਤ ਹੈ, ਉਹ ਹਿਮਾਚਲ ਪ੍ਰਦੇਸ਼ ਦੇ ਅਧੀਨ ਆਉਂਦਾ ਹੈ। ਉਨ੍ਹਾਂ ਦੱਸਿਆ ਕਿ ਸਾਲ 2023 ਵਿੱਚ ਹੜ੍ਹਾਂ ਦੌਰਾਨ ਹਿਮਾਚਲ ਪ੍ਰਦੇਸ਼ ਖੇਤਰ ਵਿੱਚ ਸਥਿਤ ਇਸ ਤਟਬੰਧ ਵਿੱਚ ਕੱਟ ਆ ਗਿਆ ਸੀ, ਪਰ ਉਸ ਤੋਂ ਬਾਅਦ ਅਜੇ ਤੱਕ ਇਸ ਦੀ ਮੁਰੰਮਤ ਨਹੀਂ ਕੀਤੀ ਗਈ। ਸਾਲ 2025 ਦੇ ਹੜ੍ਹਾਂ ਦੌਰਾਨ ਇਸੇ ਟੁੱਟੇ ਹਿੱਸੇ ਤੋਂ ਲਗਾਤਾਰ ਪਾਣੀ ਵਗਣ ਕਰਕੇ ਜ਼ਿਲ੍ਹਾ ਹੁਸ਼ਿਆਰਪੁਰ ਦੇ ਹੇਠਲੇ ਹਿੱਸੇ ਦੇ ਕਈ ਪਿੰਡਾਂ ਸਨਿਆਲ, ਸੱਲੋਵਾਲ, ਹਲੇੜ ਜਨਾਰਦਨ ਅਤੇ ਮੋਤਲਾ ਨੂੰ ਭਾਰੀ ਨੁਕਸਾਨ ਝੱਲਣਾ ਪਿਆ। ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਆਪਣੇ ਪੱਤਰ ਵਿੱਚ ਕਿਹਾ ਕਿ ਕਿਉਂਕਿ ਇਹ ਤਟਬੰਧ ਜ਼ਿਲ੍ਹਾ ਕਾਂਗੜਾ ਦੇ ਅਧੀਨ ਆਉਂਦਾ ਹੈ, ਇਸ ਲਈ ਇਸ ਦੀ ਮੁਰੰਮਤ ਕਰਵਾਉਣਾ ਜ਼ਿਲ੍ਹਾ ਕਾਂਗੜਾ ਪ੍ਰਸ਼ਾਸਨ ਦੀ ਜ਼ਿੰਮੇਵਾਰੀ ਹੈ। ਉਨ੍ਹਾਂ ਕਾਂਗੜਾ ਪ੍ਰਸ਼ਾਸਨ ਨੂੰ ਬੇਨਤੀ ਕੀਤੀ ਹੈ ਕਿ ਸਬੰਧਿਤ ਵਿਭਾਗ ਨੂੰ ਤੁਰੰਤ ਜ਼ਰੂਰੀ ਹੁਕਮ ਜਾਰੀ ਕਰਕੇ ਤਟਬੰਧ ਦੀ ਮੁਰੰਮਤ ਦਾ ਕੰਮ ਜਲਦੀ ਤੋਂ ਜਲਦੀ ਮੁਕੰਮਲ ਕਰਵਾਇਆ ਜਾਵੇ, ਤਾਂ ਜੋ ਆਉਣ ਵਾਲੇ ਮਾਨਸੂਨ ਮੌਸਮ ਵਿੱਚ ਜ਼ਿਲ੍ਹਾ ਹੁਸ਼ਿਆਰਪੁਰ ਦੇ ਪਿੰਡਾਂ ਨੂੰ ਸੰਭਾਵਿਤ ਹੜ੍ਹਾਂ ਅਤੇ ਨੁਕਸਾਨ ਤੋਂ ਬਚਾਇਆ ਜਾ ਸਕੇ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਲੋਕਾਂ ਦੀ ਸੁਰੱਖਿਆ ਅਤੇ ਹੜ੍ਹ ਪ੍ਰਬੰਧਨ ਨੂੰ ਲੈ ਕੇ ਪੂਰੀ ਤਰ੍ਹਾਂ ਗੰਭੀਰ ਹੈ ਤੇ ਅੰਤਰਰਾਜੀ ਸਮਨਵੇ ਰਾਹੀਂ ਸੰਭਾਵਿਤ ਖਤਰੇ ਵਾਲੇ ਖੇਤਰਾਂ ਵਿੱਚ ਸਮੇਂ ਸਿਰ ਲੋੜੀਂਦੇ ਕਦਮ ਚੁੱਕੇ ਜਾ ਰਹੇ ਹਨ।

# ਹਰੀਆਂ ਸਬਜ਼ੀਆਂ ਦਾ ਲੰਗਰ ਲਗਾਇਆ





**ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)**- ਸਮਾਜ ਸੇਵਕ ਮੋਹਨ ਲਾਲ ਤਨੇਜਾ ਦੇ ਉਪਰਾਲੇ ਸਦਕਾ ਪ੍ਰੇਮ ਨਗਰ ਸੇਵਾ ਸੁਸਾਇਟੀ ਵੱਲੋਂ ਸਥਾਨਕ ਖੇੜਾ ਰੋਡ ’ਤੇ ਹਰੀਆਂ ਸਬਜ਼ੀਆਂ ਦਾ ਮਹੀਨਾਵਾਰ ਲੰਗਰ ਲਗਾਇਆ ਗਿਆ ਜਿਸ ਦੀ ਸ਼ੁਰੂਆਤ ਐਨ.ਆਰ.ਆਈ. ਦਯਾ ਸਿੰਘ ਨੇ ਕਰਵਾਈ। ਉਹਨਾਂ ਨੇ ਸੁਸਾਇਟੀ ਦੇ ਉਪਰਾਲੇ ਦੀ ਸ਼ਲਾਘਾ ਕੀਤੀ ਅਤੇ ਕਿਹਾ ਕਿ ਹਰੀਆਂ ਸਬਜੀਆਂ ਦੇਸੀ ਦਵਾਈ ਦੀ ਤਰ੍ਹਾਂ ਸ਼ਰੀਰ ਲਈ ਫਾਇਦੇਮੰਦ ਹਨ ਅਤੇ ਕਈ ਰੋਗਾਂ ਤੋਂ ਬਚਾਉਂਦੀਆਂ ਹਨ। ਇਸ ਦੌਰਾਨ ਮੁਹੱਲਾ ਪ੍ਰੇਮ ਨਗਰ, ਮਾਸਟਰ ਸਾਧੂ ਰਾਮ ਨਗਰ, ਗੁਰੂ ਨਾਨਕ ਪੁਰਾ ਅਤੇ ਖੇੜਾ ਰੋਡ ਦੇ ਵਸਨੀਕਾਂ ਤੋਂ ਇਲਾਵਾ ਰਾਹਗੀਰਾਂ ਨੂੰ ਫਰੀ ਸਬਜ਼ੀਆਂ ਵੰਡੀਆਂ ਗਈਆਂ। ਇਸ ਦੌਰਾਨ ਵਿਸ਼ੇਸ਼ ਤੌਰ ’ਤੇ ਪਹੁੰਚੇ ਨਗਰ ਕੌਂਸਲ ਫਗਵਾੜਾ ਦੇ ਸਾਬਕਾ ਪ੍ਰਧਾਨ ਮਲਕੀਅਤ ਸਿੰਘ ਰਘਬੋਤਰਾ ਨੇ ਹਰੀਆਂ ਸਬਜ਼ੀਆਂ ਦੀ ਮਹੱਤਤਾ ਬਾਰੇ ਦੱਸਦਿਆਂ ਕਿਹਾ ਕਿ ਇਸ ਪ੍ਰੋਜੈਕਟ ਦਾ ਉਦੇਸ਼ ਰੋਜ਼ਾਨਾ ਦੀ ਰੁਟੀਨ ਵਿੱਚ ਹਰੀਆਂ ਸਬਜ਼ੀਆਂ ਦਾ ਸੇਵਨ ਕਰਨ ਲਈ ਪ੍ਰੇਰਿਤ ਕਰਨਾ ਹੈ।

ਉਹਨਾਂ ਦੱਸਿਆ ਕਿ ਹਰੀਆਂ ਸਬਜ਼ੀਆਂ ਵਿਟਾਮਿਨ, ਪ੍ਰੋਟੀਨ ਅਤੇ ਖਣਿਜਾਂ ਦਾ ਭੰਡਾਰ ਹੁੰਦੀਆਂ ਹਨ, ਜਿਹਨਾਂ ਦਾ ਸੇਵਨ ਸਰੀਰਕ ਤੰਦਰੁਸਤੀ ਲਈ ਬਹੁਤ ਜਰੂਰੀ ਹੈ। ਮੋਹਨ ਲਾਲ ਤਨੇਜਾ ਨੇ ਦੱਸਿਆ ਕਿ ਇਹ ਉਪਰਾਲਾ ਅੱਗੇ ਵੀ ਜਾਰੀ ਰਹੇਗਾ। ਇਸ ਮੌਕੇ ਸੁਸਾਇਟੀ ਦੇ ਪ੍ਰਧਾਨ ਸੁਧੀਰ ਸ਼ਰਮਾ, ਸਕੱਤਰ ਸੁਰਿੰਦਰ ਪਾਲ, ਵੰਦਨਾ ਸ਼ਰਮਾ, ਸੁਧਾ ਬੇਦੀ, ਵਿਜੇ ਕੁਮਾਰ, ਕੁਲਭੂਸ਼ਨ ਸੂਦ ਆਦਿ ਹਾਜਰ ਸਨ।

# ਸੀ ਟੀ ਐੱਮ ਯੂ ਐਨ ਕਾਨਫਰੰਸ ਸੰਪੰਨ, ਏ ਪੀ ਜੇ ਸਕੂਲ ਦੇ ਨਾਂਅ ‘ਬੈਸਟ ਡੈਲੀਗੇਸ਼ਨ’ ਦਾ ਖ਼ਿਤਾਬ

**ਜਲੰਧਰ (ਸ਼ੈਲੀ ਐਲਬਰਟ)**- ਸ਼ਾਹਪੁਰ ਸਥਿਤ ਸੀ ਟੀ ਵਰਲਡ ਸਕੂਲ ਵਿੱਚ ਆਯੋਜਿਤ ਤਿੰਨ ਦਿਨਾਂ ਦਾ ਮਾਡਲ ਯੂਨਾਈਟਿਡ ਨੇਸ਼ਨਜ਼ (ਸੀ ਟੀ ਐੱਮ ਯੂ ਐਨ) ਕਾਨਫਰੰਸ ਦਾ ਸਫ਼ਲਤਾਪੂਰਵਕ ਸਮਾਪਨ ਹੋਇਆ। ਇਸ ਵਿਸ਼ਾਲ ਸਮਾਗਮ ਵਿੱਚ ਖੇਤਰ ਭਰ ਤੋਂ 500 ਤੋਂ ਵੱਧ ਵਿਦਿਆਰਥੀਆਂ ਨੇ ਭਾਗ ਲਿਆ। ਇਸ ਮੌਕੇ ’ਤੇ ਏਪੀਜੇ ਸਕੂਲ ਮਾਡਲ ਟਾਊਨ ਨੂੰ ‘ਬੈਸਟ ਸਕੂਲ ਡੈਲੀਗੇਸ਼ਨ’ ਦੇ ਸਨਮਾਨ ਨਾਲ ਨਵਾਜਿਆ ਗਿਆ। ਇਹ ਕਾਨਫਰੰਸ ਵਿਦਿਆਰਥੀਆਂ ਲਈ ਇੱਕ ਪ੍ਰਭਾਵਸ਼ਾਲੀ ਮੰਚ





ਵਜੋਂ ਸਾਹਮਣੇ ਆਇਆ, ਜਿੱਥੇ ਉਨ੍ਹਾਂ ਨੇ ਯੂ ਐੱਨ ਜੀ ਏ, ਯੂ ਐੱਨ ਸੀ ਐੱਸ ਡਬਲਯੂ, ਲੋਕ ਸਭਾ ਤੇ ਏ ਆਈ ਐੱਫ ਐੱਮ ਵਰਗੀਆਂ ਕੁੱਲ 9 ਕਮੇਟੀਆਂ ਵਿੱਚ ਭਾਗ ਲੈਂਦੇ ਹੋਏ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਮੁੱਦਿਆਂ ’ਤੇ ਵਿਚਾਰ-ਵਟਾਂਦਰਾ ਕੀਤਾ। ਭਾਗੀਦਾਰਾਂ ਨੇ ਨੀਤੀ-ਨਿਰਮਾਣ, ਲਿੰਗ ਸਮਾਨਤਾ, ਅੰਤਰਰਾਸ਼ਟਰੀ ਸੰਬੰਧ ਅਤੇ ਆਰਥਿਕ ਮਾਡਲਾਂ ’ਤੇ ਗੰਭੀਰ ਚਰਚਾ ਕਰਦੇ ਹੋਏ ਆਪਣੀ ਖੋਜ ਅਤੇ ਤਰਕਸ਼ੀਲ ਸੋਚ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ।ਇਸ ਮੌਕੇ ’ਤੇ ਸੀਟੀ ਗਰੁੱਪ ਦੇ ਮੈਨੇਜਿੰਗ ਡਾਇਰੈਕਟਰ ਪ੍ਰੋ. (ਡਾ.) ਮਨਬੀਰ ਸਿੰਘ, ਵਾਈਸ ਚੇਅਰਮੈਨ ਹਰਪ੍ਰੀਤ ਸਿੰਘ ਅਤੇ ਪ੍ਰਿੰਸੀਪਲ ਮਿਸ ਆਰਤੀ ਜਸਵਾਲ ਦੀ ਹਾਜ਼ਰੀ ਨੇ ਸਮਾਗਮ ਦੀ ਸ਼ੋਭਾ ਵਧਾਈ। ਉਨ੍ਹਾਂ ਦੇ ਮਾਰਗਦਰਸ਼ਨ ਨੇ ਵਿਦਿਆਰਥੀਆਂ ਨੂੰ ਹੋਰ ਉਤਸ਼ਾਹਿਤ ਕੀਤਾ।

ਕਾਨਫਰੰਸ ਦੀ ਸ਼ੁਰੂਆਤ ਪਹਿਲੇ ਦਿਨ ਮੁੱਖ ਮਹਿਮਾਨ ਕੈਬਿਨੇਟ ਮੰਤਰੀ ਅਮਨ ਅਰੋੜਾ ਵੱਲੋਂ ਕੀਤੀ ਗਈ। ਇਸ ਤੋਂ ਬਾਅਦ ਸੂਫੀ ਨਾਈਟ ਨੇ ਸਮਾਗਮ ਵਿੱਚ ਸੰਗੀਤਮਈ ਰੌਣਕ ਪੈਦਾ ਕੀਤੀ। ਦੂਜੇ ਦਿਨ ਵੱਖ ਵੱਖ ਵਿਸ਼ਿਆਂ ਤੇ ਆਧਾਰਿਤ ਚਰਚਾ ਜਾਰੀ ਰਹੀ, ਜਦਕਿ ਸ਼ਾਮ ਨੂੰ ਬਾਲੀਵੁੱਡ ਗਾਲਾ ਨਾਈਟ ਅਤੇ ਡਿਨਰ ਨੇ ਵਿਦਿਆਰਥੀਆਂ ਨੂੰ ਮਨੋਰੰਜਨ ਅਤੇ ਆਪਸੀ ਜਾਣ-ਪਛਾਣ ਦਾ ਸੁਨੇਹਰਾ ਮੌਕਾ ਦਿੱਤਾ।ਆਖ਼ਿਰੀ ਦਿਨ ਲਾਈਵ ਬੈਂਡ, ਜੋਸ਼ੀਲੇ ਭੰਗੜੇ ਅਤੇ ਸਟੈਂਡ-ਅੱਪ ਕਾਮੇਡੀਅਨ ਤਰੁਣ ਚਾਵਲਾ ਦੀ ਪੇਸ਼ਕਸ਼ ਨਾਲ ਯਾਦਗਾਰ ਬਣ ਗਿਆ। ਐਮ ਯੂ ਐਨ ਕੋਆਰਡੀਨੇਟਰ ਹਿਤਾਂਸ਼ੁ ਅਲੰਗ ਦੀ ਰਹਿਨੁਮਾਈ ਹੇਠ ਇਸ ਸਮਾਗਮ ਦਾ ਆਯੋਜਨ ਬਹੁਤ ਹੀ ਸੁਚੱਜੇ ਢੰਗ ਨਾਲ ਕੀਤਾ ਗਿਆ। ਇਸ ਮੰਚ ਨੇ ਵਿਦਿਆਰਥੀਆਂ ਨੂੰ ਕੂਟਨੀਤੀ, ਲੀਡਰਸ਼ਿਪ, ਜਨਤਕ ਬੋਲਚਾਲ ਅਤੇ ਵਿਸ਼ਵ ਪੱਧਰੀ ਸੋਚ ਵਿਕਸਿਤ ਕਰਨ ਦਾ ਮੌਕਾ ਦਿੱਤਾ।ਆਯੋਜਕ ਟੀਮ ਨੇ ਸੀਟੀ ਗਰੁੱਪ ਪ੍ਰਬੰਧਨ ਦਾ ਧੰਨਵਾਦ ਕੀਤਾ, ਜਿਨ੍ਹਾਂ ਦੇ ਸਹਿਯੋਗ ਅਤੇ ਦੂਰਦਰਸ਼ੀ ਸੋਚ ਨੇ ਇਸ ਕਾਨਫਰੰਸ ਨੂੰ ਸਫ਼ਲਤਾਪੂਰਵਕ ਮੁਕੰਮਲ ਕਰਨ ਵਿਚ ਯੋਗਦਾਨ ਪਾਇਆ।ਤਿੰਨ ਰੋਜ਼ਾ ਇਹ ਵਿਸ਼ੇਸ਼ ਪ੍ਰੋਗਰਾਮ, ਸੱਭਿਆਚਾਰਕ, ਵਿਚਾਰ ਵਟਾਂਦਰਾ ਅਤੇ ਗਲੋਬਲ ਨਾਗਰਿਕਤਾ ਦੀ ਭਾਵਨਾ ਨੂੰ ਮਜ਼ਬੂਤ ਕਰਦਾ ਹੋਇਆ ਯਾਦਗਾਰ ਢੰਗ ਨਾਲ ਸੰਪੰਨ ਹੋਇਆ।

# ਪੰਜਾਬ ’ਵਰਸਿਟੀ ’ਚੋਂ ਪਹਿਲਾ ਤੇ ਦੂਜਾ ਸਥਾਨ ਪ੍ਰਾਪਤ ਕਰਕੇ ਵਿਦਿਆਰਥੀਆਂ ਨੇ ਕਾਲਜ ਦਾ ਨਾਂਅ ਕੀਤਾ ਰੌਸ਼ਨ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਸਰਕਾਰੀ ਕਾਲਜ ਹੁਸ਼ਿਆਰਪੁਰ ਦੇ ਸੰਗੀਤ ਵਿਭਾਗ ਦੇ ਵਿਦਿਆਰਥੀਆਂ ਦੁਆਰਾ ਪਹਿਲੇ ਤੇ ਤੀਸਰੇ ਸਮੈਸਟਰ ਦੇ ਵਿੱਚ ਪੰਜਾਬ ਯੂਨੀਵਰਸਿਟੀ ਵਿੱਚ ਵੱਖ-ਵੱਖ ਸਥਾਨ ਹਾਸਲ ਕਰਕੇ ਕਾਲਜ ਦਾ ਨਾਂਅ ਰੌਸ਼ਨ ਕੀਤਾ ਜਿਸ ਵਿੱਚ ਐੱਮ ਏ ਭਾਗ ਪਹਿਲੇ ਦੀ ਵਿਦਿਆਰਥਣ ਸਿਮਰਨ ਠਾਕੁਰ ਨੇ ਯੂਨੀਵਰਸਿਟੀ ਵਿੱਚ ਪਹਿਲਾ ਸਥਾਨ ਪ੍ਰਾਪਤ ਕੀਤਾ। ਇਸ ਦੇ ਨਾਲ ਹੀ ਜਸਲੀਨ ਕੌਰ ਨੇ ਐੱਮ ਏ ਸੰਗੀਤ ਗਾਇਨ ਤੀਸਰੇ ਸਮੈਸਟਰ ਵਿਚ ਦੂਜਾ ਸਥਾਨ ਪ੍ਰਾਪਤ ਕਰਕੇ ਸਰਕਾਰੀ ਕਾਲਜ ਹੁਸ਼ਿਆਰਪੁਰ ਤੇ ਸੰਗੀਤ ਵਿਭਾਗ ਗਾਇਨ ਦਾ ਨਾਮ ਰੋਸ਼ਨ ਕੀਤਾ।ਕਾਲਜ ਦੇ ਪ੍ਰਿੰਸੀਪਲ ਡਾ.ਗਗਨਦੀਪ ਚੀਮਾ ਨੇ ਇਸ ਮੌਕੇ ’ਤੇ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਪ੍ਰੋਫੈਸਰ ਹਰਜਿੰਦਰ ਪਾਲ, ਪ੍ਰੋਫੈਸਰ ਹਰਮਿੰਦਰ ਕੌਰ, ਪ੍ਰੋਫੈਸਰ ਜਸਪਾਲ ਸਿੰਘ, ਪ੍ਰੋਫੈਸਰ ਸਚਕਿਰਨ ਕੌਰ, ਪ੍ਰੋਫੈਸਰ ਲਖਵਿੰਦਰ ਸਿੰਘ ਅਤੇ ਤਬਲਾ ਇੰਸਟ੍ਰਕਟਰ ਪੰਕਜ ਕੁਮਾਰ ਨੂੰ ਵਧਾਈ ਦਿੱਤੀ। ਇਸ ਮੌਕੇ ਪ੍ਰਿੰਸੀਪਲ ਨੇ ਵਿਦਿਆਰਥੀਆਂ ਨੂੰ ਮੇਹਨਤ ਕਰਕੇ ਹੋਰ ਬੁਲੰਦੀਆਂ ਹਾਸਿਲ ਕਰਨ ਦੀ ਪ੍ਰੇਰਨਾ ਦਿੱਤੀ।

# ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ ’ਚ ‘ਫਨ ਰੇਸਸ’ ਕਰਵਾਈਆਂ



**ਕਪੂਰਥਲਾ (ਹਨੀ)**- ਰੇਲ ਕੋਚ ਫੈਕਟਰੀ ਸਾਹਮਣੇ ਸਥਿਤ ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ ’ਚ ਡਾਇਰੈਕਟਰ ਇੰਜ. ਹਰਨਿਆਮਤ ਕੌਰ ਦੀ ਅਗਵਾਈ ਵਿੱਚ ਕੇ ਜੀ ਵਿੰਗ ਤੋਂ ਅਠਵੀਂ ਜਮਾਤ ਦੇ ਵਿਦਿਆਰਥੀਆਂ ਦਰਮਿਆਨ ਤੰਦਰੁਸਤੀ, ਆਤਮ ਵਿਸ਼ਵਾਸ ਅਤੇ ਟੀਮ ਵਰਕ ਨੂੰ ਉਤਸਾਹਿਤ ਕਰਨ ਲਈ ਫਨ ਰੇਸਸ ਦਾ ਆਯੋਜਨ ਕੀਤਾ ਗਿਆ ਜੋ ਖੇਡ ਭਾਵਨਾ, ਖੁਸ਼ੀ ਅਤੇ ਸਿੱਖਿਆ ਦਾ ਇੱਕ ਸੰਪੂਰਨ ਮਿਸ਼ਰਣ ਸੀ। ਇਸ ਦੌਰਾਨ ਕੋਨ ਪਿਕਿੰਗ ਰੇਸ, ਡੱਕ ਰੇਸ, ਬਟਰ ਫਲਾਈ ਰੇਸ, ਕਿਤਾਬ ਸੰਤੁਲਨ ਦੌੜ, ਸਪੂਨ ਐਂਡ ਲੈਮਨ ਰੇਸ ਆਦਿ ਦੌੜਾਂ ਕਰਵਾਈਆਂ ਗਈਆਂ, ਜਿਸ ਵਿੱਚ ਵਿਦਿਆਰਥੀਆਂ ਨੇ ਬੜੇ ਉਤਸਾਹ ਨਾਲ ਭਾਗ ਲਿਆ। ਇਸ ਮੌਕੇ ਬੋਲਦਿਆਂ ਸਕੂਲ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਬੀਬੀ ਗੁਰਪ੍ਰੀਤ ਕੌਰ ਨੇ ਕਿਹਾ ਕਿ ਪੜ੍ਹਾਈ ਦੇ ਨਾਲ-ਨਾਲ ਅਜਿਹੀਆਂ ਗਤੀਵਿਧੀਆਂ ਬੱਚਿਆਂ ਦੇ ਸਰੀਰਕ ਅਤੇ ਮਨੋਵਿਗਿਆਨਿਕ ਵਿਕਾਸ ਲਈ ਬਹੁਤ ਜ਼ਰੂਰੀ ਹਨ। ਸਕੂਲ ਦੇ ਡਾਇਰੈਕਟਰ ਇੰਜ. ਹਰਨਿਆਮਤ ਕੌਰ, ਪ੍ਰਸ਼ਾਸ਼ਕ ਇੰਜ. ਨਿਮਰਤਾ ਕੌਰ, ਪ੍ਰਿੰਸੀਪਲ ਡਿੰਪਲ ਸ਼ਰਮਾ, ਸਟਾਫ ਮੈਂਬਰ ਅਤੇ ਵਿਦਿਆਰਥੀ ਹਾਜਰ ਸਨ।

# ਡਾ. ਜੇ ਬੀ ਸਿੰਘ ਸੇਖੋਂ ਤੇ ਅਜਮੇਰ ਸਿੱਧੂ ਦਾ ਸਨਮਾਨ 4 ਨੂੰ

**ਜਲੰਧਰ (ਕੇਸਰ)**- ਪੰਜਾਬੀ ਦੇ ਸਿਰਮੌਰ ਗਲਪ ਲੇਖਕ ਅਜਮੇਰ ਸਿੱਧੂ ਅਤੇ ਨਾਮਵਰ ਸਾਹਿਤ ਚਿੰਤਕ ਡਾ. ਜੇ.ਬੀ. ਸਿੰਘ ਸੇਖੋਂ ਦਾ ਸਨਮਾਨ ਸਮਾਰੋਹ 4 ਮਈ ਨੂੰ ਸਵੇਰੇ 10 ਵਜੇ ਦੇਸ਼ਭਗਤ ਯਾਦਗਾਰ ਹਾਲ ਜਲੰਧਰ ਵਿਖੇ ਹੋ ਰਿਹਾ ਹੈ। ਇਪਸਾ ਆਸਟਰੇਲੀਆ ਦੇ ਸਹਿਯੋਗ ਨਾਲ ਸਾਹਿਤ ਕਲਾ ਕੇਂਦਰ ਵੱਲੋਂ ਦਿੱਤੇ ਜਾਂਦੇ ਗ਼ਦਰੀ ਭਾਈ ਸੰਤੋਖ ਸਿੰਘ ਯਾਦਗਾਰੀ ਪੁਰਸਕਾਰ ਅਤੇ ਗ਼ਦਰੀ ਬਾਬਾ ਜਵਾਲਾ ਸਿੰਘ ਠੱਠੀਆਂ ਯਾਦਗਾਰੀ ਪੁਰਸ਼ਕਾਰ ਨਾਲ ਸੰਬੰਧਤ ਇਹ ਸਮਾਗਮ ਦੇਸ਼ ਭਗਤ ਯਾਦਗਾਰ ਹਾਲ ਦੇ ਮੌਲਵੀ ਬਰਕਤ ਉੱਲਾ ਹਾਲ ਵਿਖੇ ਕਰਵਾਇਆ ਜਾ ਰਿਹਾ ਹੈ। ਗ਼ਦਰੀ ਭਾਈ ਸੰਤੋਖ ਸਿੰਘ ਯਾਦਗਾਰੀ ਪੁਰਸ਼ਕਾਰ ਸਾਹਿਤ ਚਿੰਤਕ ਡਾ. ਜੇ.ਬੀ.ਸਿੰਘ ਸੇਖੋਂ ਨੂੰ ਅਤੇ ਗ਼ਦਰੀ ਬਾਬਾ ਜਵਾਲਾ ਸਿੰਘ ਯਾਦਗਾਰੀ ਪੁਰਸ਼ਕਾਰ ਪੰਜਾਬੀ ਗਲਪ ਲੇਖਕ ਅਜਮੇਰ ਸਿੱਧੂ ਨੂੰ ਦਿੱਤਾ ਜਾਵੇਗਾ। ਇਸ ਸਮਾਗਮ ਬਾਰੇ ਜਾਣਕਾਰੀ ਦਿੰਦਿਆਂ ਕੇਂਦਰ ਦੇ ਪ੍ਰਧਾਨ ਪ੍ਰੋ. ਡਾ. ਗੋਪਾਲ ਸਿੰਘ ਬੁੱਟਰ ਅਤੇ ਜਨਰਲ ਸਕੱਤਰ ਨਰਿੰਦਰ ਪਾਲ ਕੰਗ ਨੇ ਦੱਸਿਆ ਕਿ ਇਸ ਪੁਰਸਕਾਰ ਵਿੱਚ ਦੋਨਾਂ ਸਨਮਾਨਤ ਸਖ਼ਸ਼ੀਅਤਾਂ ਨੂੰ 21-21 ਹਜ਼ਾਰ ਰੁਪਏ ਨਕਦ ਤੇ ਦੁਸ਼ਾਲੇ ਤੇ ਸਿਮਰੀਤੀ ਚਿੰਨ੍ਹ ਦੇ ਕੇ ਉਨਾਂ ਦੀ ਰਚਨਾਤਮਕ ਪ੍ਰਤਿਭਾ ਦਾ ਸਨਮਾਨ ਕੀਤਾ ਜਾਵੇਗਾ। ਸਮਾਗਮ ਵਿੱਚ ਲਾਇਲਪੁਰ ਖਾਲਸਾ ਕਾਲਜ, ਜਲੰਧਰ ਦੇ ਸਾਬਕਾ ਪ੍ਰਿੰਸੀਪਲ ਅਤੇ ਨਾਮਵਰ ਖੇਡ ਲੇਖਕ ਡਾ. ਜਸਪਾਲ ਸਿੰਘ ਬਤੌਰ ਮੁੱਖ ਮਹਿਮਾਨ ਅਤੇ ਪੰਜਾਬੀ ਦੇ ਸਿਰਮੌਰ ਸ਼ਾਇਰ ਪ੍ਰੋ. ਸੁਰਜੀਤ ਜੱਜ ਬਤੌਰ ਵਿਸ਼ੇਸ਼ ਮਹਿਮਾਨ ਸ਼ਿਰਕਤ ਕਰਨਗੇ। ਉੱਘੇ ਗਲਪਕਾਰ ਭਗਵੰਤ ਰਸੂਲਪੁਰੀ ਦੇਸ਼ਭਗਤ ਯਾਦਗਾਰ ਕਮੇਟੀ ਦੇ ਜਨਰਲ ਸਕੱਤਰ ਕਾਮਰੇਡ ਗੁਰਮੀਤ ਅਤੇ ਕੇਂਦਰ ਦੇ ਸਰਪ੍ਰਸਤ ਇੰਜ. ਸ਼ੀਤਲ ਸਿੰਘ ਸੰਘਾ ਪ੍ਰਧਾਨਗੀ ਮੰਡਲ ਵਿੱਚ ਸ਼ਾਮਿਲ ਹੋਣਗੇ। ਇਸ ਸਮਾਗਮ ਦਾ ਮੰਚ ਸੰਚਾਲਨ ਇੰਜ. ਮਨੋਹਰ ਖਹਿਰਾ ਕਰਨਗੇ। ਸਨਮਾਨ ਦੀ ਰਸਮ ਤੋਂ ਉਪਰੰਤ ਪੰਜਾਬੀ ਦੇ ਨਾਮਵਰ ਸ਼ਾਇਰ ਆਪਣਾ-ਆਪਣਾ ਕਲਾਮ ਪ੍ਰਸਤੁਤ ਕਰਨਗੇ। ਵਰਣਨਯੋਗ ਹੈ ਕਿ ਇਪਸਾ ਆਸਟਰੇਲੀਆ ਦੇ ਰੂਹ-ਏ-ਰਵਾਂ ਉੱਘੇ ਅਗਾਂਹਵਧੂ ਸ਼ਾਇਰ ਸਰਬਜੀਤ ਸੋਹੀ ਅਤੇ ਜਸਕਰਨ ਸ਼ੀਂਹ ਆਪਣੇ ਸਾਥੀਆਂ ਸਹਿਤ ਇਸ ਸਮਾਗਮ ਨਾਲ ਆਨ-ਲਾਇਨ ਜੁੜਨਗੇ।

# ‘ਆਪ’ ਬਲਾਕ ਪ੍ਰਧਾਨ ਅਕਾਲੀ ਦਲ ’ਚ ਸ਼ਾਮਲ

**ਡੇਰਾਬੱਸੀ (ਵਿਨੈ ਕੁਮਾਰ ਜੈਨ)**- ਸ਼੍ਰੋਮਣੀ ਅਕਾਲੀ ਦਲ ਦੇ ਖਜ਼ਾਨਚੀ ਅਤੇ ਸਾਬਕਾ ਹਲਕਾ ਵਿਧਾਇਕ ਐੱਨ ਕੇ ਸ਼ਰਮਾ ਨੇ ਕਿਹਾ ਹੈ ਕਿ ਬਲਾਕ ਪੱਧਰ ਤੋਂ ਲੈ ਕੇ ਰਾਜ ਸਭਾ ਤੱਕ, ਸਾਰੇ ਲੋਕ ਪਾਰਟੀ ਛੱਡ ਕੇ ਦੂਜੀਆਂ ਪਾਰਟੀਆਂ ਵਿੱਚ ਸ਼ਾਮਲ ਹੋ ਰਹੇ ਹਨ। ਉਨ੍ਹਾਂ ਕਿਹਾ ਕਿ



ਸ਼੍ਰੋਮਣੀ ਅਕਾਲੀ ਦਲ ਹੀ ਇੱਕੋ ਇੱਕ ਪਾਰਟੀ ਹੈ ਜਿਸ ਕੋਲ ਪੰਜਾਬ ਦੇ ਵਿਕਾਸ ਲਈ ਵਿਜ਼ਨ ਹੈ। ਪਿਛਲੀ ਅਕਾਲੀ ਦਲ ਦੀ ਸਰਕਾਰ ਦੌਰਾਨ ਡੇਰਾਬੱਸੀ ਹਲਕੇ ਨੂੰ ਬਿਜਲੀ ਅਤੇ ਪਾਣੀ ਦੇ ਨਾਲ-ਨਾਲ ਸੜਕਾਂ ਦਾ ਜਾਲ ਵੀ ਦਿੱਤਾ ਗਿਆ ਸੀ। ਇਸ ਮੌਕੇ ਅਜਾਇਬ ਸਿੰਘ, ਹਰਮੇਲ ਸਿੰਘ, ਭੋਲੀ ਦੇਵੀ, ਕਮਲਾ ਦੇਵੀ, ਰਵੀ ਕੁਮਾਰ, ਬੰਤੋ ਦੇਵੀ ਅਤੇ ਰਵਿੰਦਰ ਸਿੰਘ ਸਮੇਤ ਕਈ ਸਥਾਨਕ ਆਗੂਆਂ ਨੇ ਅਕਾਲੀ ਦਲ ਵਿੱਚ ਆਪਣਾ ਵਿਸ਼ਵਾਸ ਪ੍ਰਗਟ ਕੀਤਾ। ਐੱਨ ਕੇ ਸ਼ਰਮਾ ਨੇ ਸ਼ਾਮਲ ਹੋਣ ਵਾਲੇ ਸਾਰੇ ਆਗੂਆਂ ਦਾ ਸਿਰੋਪਾਓ ਭੇਟ ਕਰਕੇ ਸਵਾਗਤ ਕੀਤਾ। ਇਸ ਮੌਕੇ ਤੇ ਅਕਾਲੀ ਆਗੂ ਟੋਨੀ ਰਾਣਾ, ਕ੍ਰਿਸ਼ਨਪਾਲ ਸ਼ਰਮਾ, ਬਲਸਿਸ ਸਿੰਘ, ਪਦਮ ਰਾਣਾ ਸਮੇਤ ਕਈ ਆਗੂ ਮੌਜੂਦ ਸਨ।

# ਬੀਬੀ ਪਰਮਜੀਤ ਕੌਰ ਭੁੰਗਰਨੀ ਨਮਿਤ ਅੰਤਿਮ ਅਰਦਾਸ ਮੌਕੇ ਸ਼ਰਧਾਂਜਲੀਆਂ ਭੇਟ



**ਮੇਹਟੀਆਣਾ (ਜਗਤਾਰ ਭੁੰਗਰਨੀ)**- ਪਿੰਡ ਭੁੰਗਰਨੀ ਦੇ ਉੱਘੇ ਸਮਾਜ ਸੇਵਕ ਬਲਵੀਰ ਸਿੰਘ ਤੰਬੜ ਦੇ ਪੂਜਨੀਕ ਮਾਤਾ ਬੀਬੀ ਪਰਮਜੀਤ ਕੌਰ ਤੰਬੜ ਭੁੰਗਰਨੀ ਦਾ ਬੀਤੀ ਦਿਨੀ ਦਿਹਾਂਤ ਹੋ ਗਿਆ ਸੀ। ਇਸ ਮੌਕੇ ਇਲਾਕੇ ਭਰ ਤੋਂ ਵੱਖ ਵੱਖ ਰਾਜਨੀਤਿਕ ਪਾਰਟੀਆਂ, ਧਾਰਮਿਕ ਜਥੇਬੰਦੀਆਂ ਸਮਾਜਿਕ ਸੰਸਥਾਵਾਂ, ਪੱਤਰਕਾਰ ਭਾਈਚਾਰਾ ਅਤੇ ਸਿਆਸੀ ਆਗੂਆਂ ਵੱਲੋਂ ਪਰਵਾਰ ਨਾਲ ਦੁੱਖ ਸਾਂਝਾ ਕੀਤਾ ਗਿਆ।

ਇਸ ਮੌਕੇ ਉਨ੍ਹਾਂ ਦੇ ਬੇਟੇ ਬਲਵੀਰ ਸਿੰਘ ਤੰਬੜ ਨੇ ਦੱਸਿਆ ਕਿ ਬੀਬੀ ਪਰਮਜੀਤ ਕੌਰ ਤੰਬੜ ਭੁੰਗਰਨੀ ਦੀ ਆਤਮਿਕ ਸ਼ਾਂਤੀ ਲਈ ਰੱਖੇ ਸ੍ਰੀ ਸਹਿਜ ਪਾਠ ਸਾਹਿਬ ਦੇ ਭੋਗ ਪਾਏ ਗਏ। ਉਪਰੰਤ ਗੁਰਦੁਆਰਾ ਸ਼੍ਰੀ ਗੁਰੂ ਹਰਿ ਰਾਇ ਸਾਹਿਬ ਜੀ ਦੇ ਅਸਥਾਨ ਤੇ ਵੈਰਾਗਮਈ ਕੀਰਤਨ ਕੀਤਾ ਗਿਆ। ਜਿਸ ਵਿੱਚ ਭਾਈ ਸੁਖਚੈਨ ਸਿੰਘ ਮੁੱਖ ਗ੍ਰੰਥੀ ਭੁੰਗਰਨੀ, ਭਾਈ ਰਾਜੇਸ਼ ਸਿੰਘ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਸ੍ਰੀ ਅੰਮ੍ਰਿਤਸਰ ਵਾਲੇ ਨੇ ਕੀਰਤਨ ਕੀਤਾ।ਸ਼ਰਧਾਂਜਲੀ ਸਮਾਗਮ ਦੌਰਾਨ ਬੀਬੀ ਪਰਮਜੀਤ ਕੌਰ ਤੰਬੜ ਭੁੰਗਰਨੀ ਨੂੰ ਇਲਾਕੇ ਭਰ ਤੋਂ ਵੱਖ ਵੱਖ ਆਗੂਆਂ ਵੱਲੋਂ ਸ਼ਰਧਾ ਦੇ ਫੁੱਲ ਭੇਟ ਕਰਕੇ ਸ਼ਰਧਾਂਜਲੀਆਂ ਭੇਟ ਕੀਤੀਆਂ ਗਈਆਂ।

ਇਸ ਮੌਕੇ ਬਲਵੀਰ ਸਿੰਘ ਤੰਬੜ, ਬੀਬੀ ਕੁਲਦੀਪ ਕੌਰ ਤੰਬੜ, ਸੁਖਵੀਰ ਸਿੰਘ ਤੰਬੜ, ਸੁਖਜੀਤ ਸਿੰਘ ਤੰਬੜ, ਪ੍ਰਧਾਨ ਜਥੇਦਾਰ ਸੁਰਜੀਤ ਸਿੰਘ ਮਸੂਤਾ, ਜਥੇਦਾਰ ਬਲਵੀਰ ਸਿੰਘ ਫੁਗਲਾਣਾ, ਜਗਤਾਰ ਸਿੰਘ ਭੁੰਗਰਨੀ, ਜਸਵੀਰ ਸਿੰਘ ਮਿਨਹਾਸ, ਨੰਬਰਦਾਰ ਰਾਜ ਕੁਮਾਰ, ਗੁਰਪ੍ਰੀਤ ਸਿੰਘ ਗੋਪੀ, ਬਲਵਿੰਦਰ ਸਿੰਘ, ਭੁਪਿੰਦਰ ਸਿੰਘ, ਕੁਲਦੀਪ ਸਿੰਘ ਆਦਿ ਤੇ ਸੰਗਤਾਂ ਵੱਡੀ ਗਿਣਤੀ ਹਾਜ਼ਰ ਸਨ।

## ਵਿਧਾਇਕ ਪੰਡੋਰੀ ਦੀ ਅਗਵਾਈ ਹੇਠ ਰਾਜ ਸਭਾ ਮੈਂਬਰਾਂ ਵਿਰੁੱਧ ਰੋਸ ਪ੍ਰਦਰਸ਼ਨ, ਫੂਕਿਆ ਪੁਤਲਾ



**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**-ਆਦਮੀ ਪਾਰਟੀ ਨੂੰ ਛੱਡ ਕੇ ਭਾਰਤੀ ਜਨਤਾ ਪਾਰਟੀ ਵਿੱਚ ਸ਼ਾਮਿਲ ਹੋਣ ਵਾਲੇ ਰਾਜ ਸਭਾ ਮੈਂਬਰਾਂ ਦੇ ਫ਼ੈਸਲੇ ਵਿਰੁੱਧ ਅਨਾਜ ਮੰਡੀ ਮਹਿਲ ਕਲਾਂ ਵਿਖੇ ਹਲਕਾ ਵਿਧਾਇਕ ਕੁਲਵੰਤ ਸਿੰਘ ਪੰਡੋਰੀ ਦੀ ਮੌਜੂਦਗੀ ਵਿੱਚ ਭਾਰੀ ਰੋਸ ਪ੍ਰਦਰਸ਼ਨ ਕੀਤਾ ਗਿਆ।ਇਸ ਮੌਕੇ ਇਕੱਤਰ 'ਆਪ' ਆਗੂਆਂ ਅਤੇ ਵਰਕਰਾਂ ਵੱਲੋਂ ਰਾਘਵ ਚੱਢਾ ਸਮੇਤ ਹੋਰਨਾਂ ਰਾਜ ਸਭਾ ਮੈਂਬਰਾਂ ਦੀਆਂ ਤਸਵੀਰਾਂ ਲਾ ਕੇ ਉਨ੍ਹਾਂ ਦਾ ਪੁਤਲਾ ਫੂਕਿਆ ਗਿਆ ਤੇ ਕੇਂਦਰ ਸਰਕਾਰ ਤੇ ਦਲ-ਬਦਲੂ ਆਗੂਆਂ ਵਿਰੁੱਧ ਜ਼ੋਰਦਾਰ ਨਾਅਰੇਬਾਜ਼ੀ ਕੀਤੀ ਗਈ।ਇਸ ਵਿਰੋਧ ਪ੍ਰਦਰਸ਼ਨ ਦੌਰਾਨ ਜਨਤਕ ਇਕੱਠ ਨੂੰ ਸੰਬੋਧਨ ਕਰਦਿਆਂ ਵਿਧਾਇਕ ਕੁਲਵੰਤ ਸਿੰਘ ਪੰਡੋਰੀ ਨੇ ਸਖ਼ਤ ਲਹਿਜ਼ੇ ਵਿੱਚ ਕਿਹਾ ਕਿ ਆਮ ਆਦਮੀ ਪਾਰਟੀ ਨੇ ਇਹਨਾਂ ਆਗੂਆਂ ਨੂੰ ਵੱਡਾ ਮਾਣ-ਸਤਿਕਾਰ ਬਖ਼ਸ਼ ਕੇ ਉੱਚੇ ਅਹੁਦਿਆਂ ਤੱਕ ਪੁਚਾਇਆ ਸੀ, ਪਰ ਇਨ੍ਹਾਂ ਨੇ ਨਿੱਜੀ ਮੁਫ਼ਾਦਾਂ ਲਈ ਭਾਰਤੀ ਜਨਤਾ ਪਾਰਟੀ ਵਿੱਚ ਸ਼ਾਮਿਲ ਹੋ ਕੇ ਪੰਜਾਬ ਦੇ ਲੋਕਾਂ ਦੇ ਭਰੋਸੇ ਨਾਲ ਵੱਡੀ ਗ਼ੱਦਾਰੀ ਕੀਤੀ ਹੈ।ਉਨ੍ਹਾਂ ਅੱਗੇ ਕਿਹਾ ਕਿ ਜਿਹੜੇ ਲੋਕ ਅੱਜ ਪਾਰਟੀ ਨਾਲ ਧੋਖਾ ਕਰਕੇ ਗਏ ਹਨ, ਉਹ ਅਸਲ ਵਿੱਚ ਪੰਚਾਇਤ ਮੈਂਬਰ ਬਣਨ ਦੇ ਕਾਬਿਲ ਵੀ ਨਹੀਂ ਹਨ ਤੇ ਭਾਜਪਾ ਨੇ ਇੱਕ ਗਿਣੀ-ਮਿੱਥੀ ਸਾਜ਼ਿਸ਼ ਤਹਿਤ ਆਮ ਆਦਮੀ ਪਾਰਟੀ ਨੂੰ ਕਮਜ਼ੋਰ ਕਰਨ ਦੀ ਕੋਝੀ ਚਾਲ ਚੱਲੀ ਹੈ।ਵਿਧਾਇਕ ਪੰਡੋਰੀ ਨੇ ਦਾਅਵਾ ਕੀਤਾ ਕਿ ਅਜਿਹੇ ਮੌਕਾਪ੍ਰਸਤ ਆਗੂਆਂ ਦੇ ਜਾਣ ਨਾਲ ਪਾਰਟੀ ਨੂੰ ਕੋਈ ਫਰਕ ਨਹੀਂ ਪਵੇਗਾ, ਕਿਉਂਕਿ ਪੰਜਾਬ ਦੀ ਜਨਤਾ ਮਜ਼ਬੂਤੀ ਨਾਲ ਅਰਵਿੰਦ ਕੇਜਰੀਵਾਲ ਅਤੇ ਮੁੱਖ ਮੰਤਰੀ ਭਗਵੰਤ ਮਾਨ ਦੀ ਲੋਕ-ਪੱਖੀ ਸੋਚ ਨਾਲ ਜੁੜੀ ਹੋਈ ਹੈ।

## ਸੀਨੀਅਰ ਸਿਟੀਜ਼ਨ ਐਸੋਸੀਏਸ਼ਨ ਮੈਂਬਰਾਂ ਦੀ ਚੰਗੀ ਸਿਹਤ ਲਈ ਕੈਂਪ ਲਾਏਗੀ



**ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)**-ਸੀਨੀਅਰ ਸਿਟੀਜ਼ਨ ਵੈਲਫੇਅਰ ਐਸੋਸੀਏਸ਼ਨ ਦੀ ਮਹੀਨਾ ਵਾਰ ਮੀਟਿੰਗ ਪ੍ਰਧਾਨ ਰੁਪਿੰਦਰ ਭਾਰਦਵਾਜ਼ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਸੰਸਥਾ ਦੇ ਮੈਂਬਰਾਂ ਦੀ ਚੰਗੀ ਸਿਹਤ ਬਣਾਈ ਰੱਖਣ ਲਈ ਕਈ ਫੈਸਲੇ ਕੀਤੇ ਗਏ।ਮੀਟਿੰਗ ਨੂੰ ਪਵਨ ਗੁਜਰਾਂ, ਬੀਰਬਲ ਬਾਂਸਲ, ਬਲਵਿੰਦਰ ਭਾਰਦਵਾਜ, ਦਵਿੰਦਰ ਸਿੰਘ, ਕ੍ਰਿਸ਼ਨ ਸੰਦੋਹਾ ਰਮੇਸ਼ ਸ਼ਰਮਾ, ਭਰਤ ਹਰੀ ਸ਼ਰਮਾ, ਸੁਖਚੈਨ ਸਿੰਘ, ਨਰਿੰਦਰ ਗੋਇਲ ਆਦਿ ਨੇ ਸੰਬੋਧਨ ਕੀਤਾ ਤੇ ਵਿਚਾਰ ਪੇਸ਼ ਕੀਤੇ ਗਏ। ਕਈ ਮੈਂਬਰਾਂ ਨੇ ਗੀਤ ਆਦਿ ਸੁਣਾ ਕੇ ਮੈਂਬਰਾਂ ਦਾ ਮਨੋਰੰਜਨ ਕੀਤਾ।ਸੀਨੀਅਰ ਸਿਟੀਜ਼ਨ ਪੰਜਾਬ ਦੀ ਰੋਪੜ ਵਿਖੇ ਹੋਈ ਮੀਟਿੰਗ ਬਾਰੇ ਜਾਣਕਾਰੀ ਦਿੱਤੀ ਗਈ ਤੇ ਕੈਬਨਿਟ ਮੰਤਰੀ ਸ੍ਰੀ ਅਮਨ ਅਰੋੜਾ ਵੱਲੋਂ ਸੰਸਥਾ ਨੂੰ ਦੋ ਲੱਖ ਰੁਪਏ ਦੀ ਗ੍ਰਾਂਟ ਦੇਣ ਤੇ ਮੰਤਰੀ ਜੀ ਦਾ ਧੰਨਵਾਦ ਕੀਤਾ ਗਿਆ।ਮੀਟਿੰਗ ਵਿੱਚ ਫੈਸਲਾ ਕੀਤਾ ਗਿਆ ਕਿ ਆਉਣ ਵਾਲੇ ਸਮੇਂ ਅੰਦਰ ਸੰਸਥਾ ਦੇ ਮੈਂਬਰਾਂ ਨੂੰ ਚੁਸਤ ਦਰੁਸਤ ਰੱਖਣ ਲਈ ਵੱਖ-ਵੱਖ ਕੈਂਪ ਲਾਏ ਜਾਣਗੇ, ਇਨ੍ਹਾਂ ਵਿੱਚ ਮੈਂਬਰਾਂ ਦਾ ਚੈੱਕਅਪ ਕਰਾ ਕੇ ਲੋੜਵੰਦ ਨੂੰ ਡਾਕਟਰ ਸਾਹਿਬਾਨਾਂ ਤੋਂ ਦਵਾਈ ਆਦਿ ਦਾ ਇੰਤਜ਼ਾਮ ਕਰਨਾ, ਕਿਸੇ ਚੰਗੇ ਡਾਈਟਿਸਟ ਤੋਂ ਖੁਰਾਕ ਬਾਰੇ ਜਾਣਕਾਰੀ ਲੈਣ ਲਈ ਕੈਂਪ ਲਾਉਣਾ ਤੇ ਯੋਗ ਕਲਾਸ ਲਾਉਣ ਬਾਰੇ ਵਿਚਾਰ ਕੀਤੀ ਗਈ ਜੋ ਸਮੇ ਅਨੁਸਾਰ ਇਹ ਕੰਮ ਕੀਤੇ ਜਾਣਗੇ।ਮੈਂਬਰਾਂ ਨੂੰ ਇਹ ਵੀ ਅਪੀਲ ਕੀਤੀ ਗਈ ਕਿ ਉਹ ਜੋ ਪੰਜਾਬ ਪੱਧਰ ਦੇ ਐਮਰਜੈਂਸੀ ਨੰਬਰ ਸੰਸਥਾ ਵੱਲੋਂ ਦਿੱਤੇ ਗਏ ਹਨ, ਆਪਣੇ ਪਾਸ ਸੇਵ ਕਰਕੇ ਰੱਖਣ ਤਾਂ ਜੁ ਮੌਕੇ 'ਤੇ ਲੋੜ ਪੈਣ 'ਤੇ ਕਿਸੇ ਪੀੜਤ ਦੀ ਮੱਦਦ ਕੀਤੀ ਜਾ ਸਕੇ। ਇਸ ਤੋਂ ਇਲਾਵਾ ਜਿਨ੍ਹਾਂ ਮੈਂਬਰਾਂ ਦਾ ਅਪ੍ਰੈਲ ਮਹੀਨੇ ਵਿੱਚ ਜਨਮ ਦਿਨ ਆਇਆ, ਉਨ੍ਹਾਂ ਦਾ ਜਨਮ ਦਿਨ ਸਾਰਿਆਂ ਨੇ ਰਲਮਿਲ ਕੇ ਨੱਚ-ਟੱਪ ਕੇ ਭੰਗੜਾ ਪਾ ਕੇ ਮਨਾਇਆ।

## ਨਗਰ ਕੌਂਸਲ ਚੋਣਾਂ ਲਈ ਅਕਾਲੀ ਦਲ ਨੇ ਦੂਜੇ ਉਮੀਦਵਾਰ ਦਾ ਕੀਤਾ ਐਲਾਨ



**ਜਗਰਾਉਂ (ਅਮਿਤ ਖੰਨਾ, ਨਛੱਤਰ ਸੰਧੂ, ਸੰਜੀਵ ਅਰੋੜਾ)**-ਨਗਰ ਕੌਂਸਲ ਚੋਣਾਂ ਦੇ ਸਰਕਾਰੀ ਐਲਾਨ ਤੋਂ ਪਹਿਲਾਂ ਹੀ ਸ਼੍ਰੋਮਣੀ ਅਕਾਲੀ ਦਲ ਨੇ ਦੂਜੇ ਉਮੀਦਵਾਰ ਨੂੰ ਚੋਣ ਮੈਦਾਨ ਵਿੱਚ ਉਤਰਦੇ ਹੋਏ ਤਿਆਰੀਆਂ ਨੂੰ ਹੋਰ ਤੇਜ਼ ਕਰ ਦਿੱਤਾ ਹੈ।ਪਾਰਟੀ ਨੇ ਚੋਣ ਗਤੀਵਿਧੀਆਂ ਦੀ ਸ਼ੁਰੂਆਤ ਕਰਦਿਆਂ ਜਗਰਾਓਂ ਨਗਰ ਕੌਂਸਲ ਚੋਣਾਂ ਵਿੱਚ ਅਗਵਾੜ ਲੁਧਾਈ (ਰਾਣੀ ਵਾਲਾ ਖੂਹ) ਵਾਰਡ ਨੰਬਰ 9 ਤੋਂ ਸਵ. ਸੁਰਿੰਦਰ ਪਾਲ ਸਿੰਘ ਸੁਆਮੀ ਦਾ ਪੋਤਾ ਸਮਾਜ ਸੇਵੀ ਸਤਨਾਮ ਸਿੰਘ ਦੀ ਧਰਮਪਤਨੀ ਬੀਬੀ ਨਰਿੰਦਰਜੀਤ ਕੌਰ ਨੂੰ ਉਮੀਦਵਾਰ ਐਲਾਨ ਦਿੱਤਾ।ਵਾਰਡ ਨੰਬਰ 9 ਵਿੱਚ ਇਸ ਮੌਕੇ ਇੱਕ ਵਿਸ਼ਾਲ ਇਕੱਠ ਕੀਤਾ ਗਿਆ, ਜਿਸ ਵਿੱਚ ਮੁਹੱਲੇ ਦੇ ਵੱਖ-ਵੱਖ ਵਰਗਾਂ ਦੇ ਪ੍ਰਧਾਨਾਂ ਅਤੇ ਵਾਸੀਆਂ ਨੇ ਭਰਪੂਰ ਹਿੱਸਾ ਲਿਆ।ਇਕੱਠ ਦੌਰਾਨ ਸਮਾਜ ਸੇਵੀ ਸਤਨਾਮ ਸਿੰਘ ਦੀ ਧਰਮਪਤਨੀ ਬੀਬੀ ਨਰਿੰਦਰਜੀਤ ਕੌਰ ਨੂੰ ਉਮੀਦਵਾਰ ਬਣਾਉਣ ਦੀ ਤਜਵੀਜ਼ ਰੱਖੀ ਗਈ, ਜਿਸ ਨੂੰ ਸਮੂਹਿਕ ਸਹਿਮਤੀ ਮਿਲਣ ਉਪਰੰਤ ਹਲਕਾ ਇੰਚਾਰਜ ਐਸ.ਆਰ. ਕਲੇਰ ਵੱਲੋਂ ਅਧਿਕਾਰਿਕ ਤੌਰ 'ਤੇ ਐਲਾਨਿਆ ਗਿਆ। ਸ਼੍ਰੋਮਣੀ ਅਕਾਲੀ ਦਲ ਜ਼ਿੰਦਾਬਾਦ ਦੇ ਨਾਅਰੇ ਵੀ ਗੂੰਜੇ।ਉਮੀਦਵਾਰ ਬੀਬੀ ਨਰਿੰਦਰਜੀਤ ਕੌਰ ਨੇ ਮੁਹੱਲਾ ਵਾਸੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਇਸ ਵਾਰਡ ਦੇ ਲੋਕ ਲੰਮੇ ਸਮੇਂ ਤੋਂ ਮੁੱਢਲੀਆਂ ਸੁਵਿਧਾਵਾਂ ਦੀ ਘਾਟ ਕਾਰਨ ਮੁਸ਼ਕਲਾਂ ਭਰੀ ਜ਼ਿੰਦਗੀ ਜੀਅ ਰਹੇ ਹਨ ਤੇ ਜਿੱਤਣ ਉਪਰੰਤ ਇਨ੍ਹਾਂ ਸਮੱਸਿਆਵਾਂ ਦਾ ਹੱਲ ਪਹਿਲ ਦੇ ਆਧਾਰ 'ਤੇ ਕੀਤਾ ਜਾਵੇਗਾ।ਐਸ.ਆਰ. ਕਲੇਰ ਨੇ ਕਿਹਾ ਕਿ ਅਕਾਲੀ ਦਲ ਨੇ ਚੋਣਾਂ ਦਾ ਬਿਗਲ ਵਜਾ ਦਿੱਤਾ ਹੈ। ਇਸੇ ਲੜੀ ਤਹਿਤ ਪਹਿਲਾਂ ਵਾਰਡ ਨੰਬਰ 8 ਤੋਂ ਸੰਕਰ ਨੂੰ ਅਤੇ ਅੱਜ ਵਾਰਡ ਨੰਬਰ 9 ਤੋਂ ਬੀਬੀ ਨਰਿੰਦਰਜੀਤ ਕੌਰ ਨੂੰ ਉਮੀਦਵਾਰ ਐਲਾਨ ਦਿੱਤਾ ਗਿਆ ਹੈ ਤੇ ਆਉਣ ਵਾਲੇ ਦਿਨਾਂ ਵਿੱਚ ਹੋਰ ਉਮੀਦਵਾਰਾਂ ਦਾ ਐਲਾਨ ਕਰਕੇ ਪ੍ਰਚਾਰ ਮੁਹਿੰਮ ਨੂੰ ਹੋਰ ਤੇਜ਼ ਕੀਤਾ ਜਾਵੇਗਾ।

## ਐਡਵੈਂਚਰ ਟ੍ਰੈਕਿੰਗ ਕੈਂਪ 'ਚ ਵਿਦਿਆਰਥਣਾਂ ਨੇ ਨਾਂਅ ਰੌਸ਼ਨ ਕੀਤਾ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਯੂਥ ਸਰਵਿਸਿਜ਼ ਪੰਜਾਬ ਵੱਲੋਂ ਹਰੀਕੇ ਪੱਤਣ ਵੈਟਲੈਂਡ, ਤਰਨਤਾਰਨ ਵਿਖੇ ਕਰਾਏ ਸੂਬਾ ਪੱਧਰੀ ਐਡਵੈਂਚਰ/ਹਾਇਕਿੰਗ ਟ੍ਰੈਕਿੰਗ ਕੈਂਪ ਵਿੱਚ ਫ਼ਤਿਹ ਗਰੁੱਪ ਆਫ ਇੰਸਟੀਚਿਊਸ਼ਨਜ਼ ਦੀਆਂ 21 ਵਿਦਿਆਰਥਣਾਂ ਨੇ ਸ਼ਾਨਦਾਰ ਭਾਗੀਦਾਰੀ ਦਰਜ ਕਰਵਾ ਕੇ ਸੰਸਥਾ ਦਾ ਨਾਂਅ ਰੌਸ਼ਨ ਕੀਤਾ।ਕੈਂਪ ਦੌਰਾਨ ਵਿਦਿਆਰਥਣਾਂ ਨੇ ਟ੍ਰੈਕਿੰਗ, ਟੀਮ ਵਰਕ, ਲੀਡਰਸ਼ਿਪ ਤੇ ਅਨੁਸ਼ਾਸਨ ਨਾਲ ਸੰਬੰਧਤ ਗਤੀਵਿਧੀਆਂ ਵਿੱਚ ਉਤਸ਼ਾਹ ਨਾਲ ਹਿੱਸਾ ਲਿਆ।ਸੰਸਥਾ ਦੇ ਚੇਅਰਮੈਨ ਐਸ.ਐਸ.ਚੱਠਾ ਨੇ ਆਪਣੇ ਬਿਆਨ ਵਿੱਚ ਕਿਹਾ ਕਿ ਅਜਿਹੇ ਕੈਂਪ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਲਈ ਬਹੁਤ ਜ਼ਰੂਰੀ ਹਨ।ਉਨ੍ਹਾਂ ਕਿਹਾ ਕਿ ਫਤਿਹ ਗਰੁੱਪ ਵਿਦਿਆਰਥੀਆਂ ਨੂੰ ਅਕਾਦਮਿਕ ਸਿੱਖਿਆ ਦੇ ਨਾਲ-ਨਾਲ ਵਿਅਕਤੀਗਤ ਵਿਕਾਸ ਲਈ ਵੀ ਮੌਕੇ ਪ੍ਰਦਾਨ ਕਰਦਾ ਹੈ ਤੇ ਅੱਗੇ ਵੀ ਅਜਿਹੀਆਂ ਗਤੀਵਿਧੀਆਂ ਨੂੰ ਉਤਸ਼ਾਹਤ ਕੀਤਾ ਜਾਵੇਗਾ।ਐਮ.ਡੀ. ਮਨਜੀਤ ਕੌਰ ਚੱਠਾ ਨੇ ਕਿਹਾ ਕਿ ਇਸ ਤਰ੍ਹਾਂ ਦੀਆਂ ਐਡਵੈਂਚਰ ਗਤੀਵਿਧੀਆਂ ਵਿਦਿਆਰਥਣਾਂ ਵਿੱਚ ਆਤਮਵਿਸ਼ਵਾਸ ਤੇ ਟੀਮ ਸਪਿਰਿਟ ਵਧਾਉਂਦੀਆਂ ਹਨ।ਡੀਨ ਅਕਾਦਮਿਕ ਡਾ. ਜਗਵਿੰਦਰ ਸਿੰਘ ਨੇ ਆਪਣੇ ਬਿਆਨ ਵਿੱਚ ਕਿਹਾ ਕਿ ਐਡਵੈਂਚਰ ਕੈਂਪ ਵਿਦਿਆਰਥੀਆਂ ਦੀਆਂ ਲੀਡਰਸ਼ਿਪ ਤੇ ਸਰਵਾਈਵਲ ਸਕਿਲਜ਼ ਨੂੰ ਨਿਖਾਰਦਾ ਹੈ।ਪ੍ਰਿੰਸੀਪਲ ਬਘੇਲ ਸਿੰਘ ਨੇ ਦੱਸਿਆ ਕਿ ਵਿਦਿਆਰਥਣਾਂ ਨੇ ਕੈਂਪ ਵਿੱਚ ਬਹੁਤ ਉਤਸਾਹ ਤੇ ਅਨੁਸ਼ਾਸਨ ਨਾਲ ਹਿੱਸਾ ਲਿਆ ਅਤੇ ਇਸ ਨਾਲ ਉਨ੍ਹਾਂ ਵਿੱਚ ਕੁਦਰਤੀ ਚੁਣੌਤੀਆਂ ਨਾਲ ਨਜਿੱਠਣ ਦੀ ਯੋਗਤਾ ਵੀ ਵਧੀ ਹੈ।ਐਨ.ਐਸ.ਐਸ. ਕੋਆਰਡੀਨੇਟਰ ਪ੍ਰੋ. ਹਰਪ੍ਰੀਤ ਸ਼ਰਮਾ ਨੇ ਕਿਹਾ ਕਿ ਵਿਦਿਆਰਥਣਾਂ ਨੇ ਕੈਂਪ ਵਿੱਚ ਬਹੁਤ ਹੀ ਜੋਸ਼ ਤੇ ਜ਼ਿੰਮੇਵਾਰੀ ਨਾਲ ਹਿੱਸਾ ਲਿਆ ਅਤੇ ਹਰ ਗਤੀਵਿਧੀ ਵਿੱਚ ਉੱਤਮ ਪ੍ਰਦਰਸ਼ਨ ਕੀਤਾ।

## ਹੋਲੀ ਹਾਰਟ ਸਕੂਲ ਅਜੀਤਵਾਲ ਵਿਖੇ ਨਵੇਂ ਵਿਦਿਆਰਥੀਆਂ ਦਾ ਸ਼ਾਨਦਾਰ ਸਵਾਗਤ



**ਅਜੀਤਵਾਲ (ਨਛੱਤਰ ਸੰਧੂ)**-ਇਲਾਕੇ ਦੀ ਪ੍ਰਸਿੱਧ ਵਿਦਿਅਕ ਸੰਸਥਾ ਹੋਲੀ ਹਾਰਟ ਸਕੂਲ ਅਜੀਤਵਾਲ ਹਮੇਸ਼ਾਂ ਦੀ ਤਰ੍ਹਾਂ ਇਸ ਵਾਰ ਵੀ ਆਪਣੇ ਵਿਦਿਆਰਥੀਆਂ ਲਈ ਕੁਝ ਖਾਸ ਕਰਨ ਵਿੱਚ ਅੱਗੇ ਰਿਹਾ। ਨਵੇਂ ਦਾਖਲਾ ਲੈ ਕੇ ਸਕੂਲ ਵਿੱਚ ਸ਼ਾਮਲ ਹੋਏ ਵਿਦਿਆਰਥੀਆਂ ਦਾ ਇੱਕ ਵਿਸ਼ੇਸ਼ ਸਮਾਰੋਹ ਰਾਹੀਂ ਗਰਮਜੋਸ਼ੀ ਨਾਲ ਸਵਾਗਤ ਕੀਤਾ ਗਿਆ। ਸਕੂਲ ਦੇ ਪ੍ਰਬੰਧਕਾਂ, ਪ੍ਰਿੰਸੀਪਲ ਅਤੇ ਸਮੂਹ ਸਟਾਫ ਵੱਲੋਂ ਨਵੇਂ ਬੱਚਿਆਂ ਨੂੰ ਅਲੱਗ-ਅਲੱਗ ਆਕਰਸ਼ਕ ਤੋਹਫੇ ਭੇਟ ਕਰਕੇ ਉਹਨਾਂ ਦਾ ਹੌਸਲਾ ਵਧਾਇਆ ਗਿਆ ਅਤੇ ਉਹਨਾਂ ਨੂੰ ਸਕੂਲ ਦੇ ਪਰਿਵਾਰ ਦਾ ਹਿੱਸਾ ਬਣਨ 'ਤੇ ਦਿਲੋਂ ਖੁਸ਼ਆਮਦੀਦ ਕਿਹਾ ਗਿਆ।ਇਸ ਮੌਕੇ ਸਕੂਲ ਪ੍ਰਿੰਸੀਪਲ ਸ਼ਾਕਸ਼ੀ ਗੁਲੇਰੀਆ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਨਵੇਂ ਵਿਦਿਆਰਥੀਆਂ ਨੂੰ ਸਹਿਜ ਅਤੇ ਆਤਮਵਿਸ਼ਵਾਸੀ ਬਣਾਉਣ ਲਈ ਇਹ ਉਪਰਾਲਾ ਕੀਤਾ ਗਿਆ ਹੈ। ਉਹਨਾਂ ਨੇ ਦੱਸਿਆ ਕਿ ਸਕੂਲ ਦਾ ਮੁੱਖ ਉਦੇਸ਼ ਸਿਰਫ ਪੜ੍ਹਾਈ ਨਹੀਂ, ਸਗੋਂ ਬੱਚਿਆਂ ਦਾ ਸੰਪੂਰਨ ਵਿਕਾਸ ਕਰਨਾ ਹੈ। ਇਸ ਲਈ ਬੱਚਿਆਂ ਨੂੰ ਹਮੇਸ਼ਾਂ ਪ੍ਰੇਰਿਤ ਕੀਤਾ ਜਾਂਦਾ ਹੈ ਕਿ ਉਹ ਹਰ ਗਤੀਵਿਧੀ ਵਿੱਚ ਭਾਗ ਲੈਣ ਅਤੇ ਆਪਣੇ ਹੁਨਰਾਂ ਨੂੰ ਨਿਖਾਰਨ।ਅੰਤ ਵਿੱਚ ਇਹ ਸਵਾਗਤ ਸਮਾਰੋਹ ਬੜੀ ਹੀ ਖੁਸ਼ੀ ਅਤੇ ਉਤਸ਼ਾਹ ਨਾਲ ਸਮਾਪਤ ਹੋਇਆ।

# 15 ਕਰੋੜ ਰੁਪਏ ਤੋਂ ਵੱਧ ਦੇ ਸੜਕਾਂ ਦੇ ਨਵੀਨੀਕਰਨ ਦਾ ਉਦਘਾਟਨ



**ਸਮਾਣਾ (ਗੁਰਪਿਆਰ ਸਿੰਘ ਬੱਲ)**

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਸੂਬੇ ਦੇ ਪੇਂਡੂ ਤੇ ਸ਼ਹਿਰੀ ਖੇਤਰਾਂ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਲਗਾਤਾਰ ਕਾਰਜ ਕੀਤੇ ਜਾ ਰਹੇ ਹਨ।ਲੋਕਾਂ ਨੂੰ ਆਵਾਜਾਈ ਲਈ ਬਿਹਤਰ ਸੜਕਾਂ ਮੁਹੱਈਆ ਕਰਾਉਣ ਲਈ ਵਿਸ਼ੇਸ਼ ਪੱਧਰ 'ਤੇ ਕਾਰਜ ਚੱਲ ਰਹੇ ਹਨ।ਇਸੇ ਤਹਿਤ ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਹਰਚੰਦ ਸਿੰਘ ਬਰਸਟ ਵੱਲੋਂ ਹਲਕਾ ਸਮਾਣਾ ਵਿੱਚ ਲਗਭਗ 15.40 ਕਰੋੜ ਰੁਪਏ ਦੀ ਲਾਗਤ ਨਾਲ ਹੋਣ ਵਾਲੇ ਸੜਕਾਂ ਦੇ ਨਵੀਨੀਕਰਨ ਦੇ ਕਾਰਜ ਸ਼ੁਰੂ ਕਰਾਏ ਗਏ, ਜਿਸ ਨਾਲ ਇਲਾਕਾ ਵਾਸੀਆਂ ਨੂੰ ਆਵਾਜਾਈ ਵਿੱਚ ਵੱਡੀ ਰਾਹਤ ਮਿਲੇਗੀ।

ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਹਰਚੰਦ ਸਿੰਘ ਬਰਸਟ ਵੱਲੋਂ ਸਮਾਣਾ-ਪਾਤੜਾਂ ਰੋਡ ਤੋਂ ਸਹਿਜਪੁਰ ਕਲਾਂ ਤੱਕ 2.31 ਕਿਲੋਮੀਟਰ ਲੰਬੀ ਸੜਕ ਅਤੇ ਸਮਾਣਾ-ਭਵਾਨੀਗੜ੍ਹ ਰੋਡ ਤੋਂ ਸਮਾਣਾ ਕੁਲਾਰਾਂ ਰੋਡ ਵਾਇਆ ਸਹਿਜਪੁਰ ਕਲਾਂ ਸਮੇਤ ਲਿੰਕ ਜੰਡਸਰ 9.22 ਕਿਲੋਮੀਟਰ ਲੰਬਾਈ ਵਾਲੀ ਸੜਕ ਦੇ ਨਿਰਮਾਣ ਕਾਰਜਾਂ ਦਾ ਉਦਘਾਟਨ ਕੀਤਾ ਗਿਆ।ਇਹ ਸੜਕਾਂ ਲੱਗਭੱਗ 9.60 ਕਰੋੜ ਰੁਪਏ ਦੀ ਲਾਗਤ ਨਾਲ ਤਿਆਰ ਹੋਣਗੀਆਂ।

ਇਸਦੇ ਨਾਲ ਹੀ ਪਟਿਆਲਾ-ਸਮਾਣਾ ਰੋਡ ਤੋਂ ਪਟਿਆਲਾ-ਸੰਗਰੂਰ ਰੋਡ ਵਾਇਆ ਪਹਾੜਪੁਰ ਤੱਕ ਕੁੱਲ 5.70 ਕਿਲੋਮੀਟਰ ਲੰਬਾਈ ਵਾਲੀ ਸੜਕ ਦੇ ਨਵੀਨੀਕਰਨ ਦਾ ਕਾਰਜ ਸ਼ੁਰੂ ਕਰਾਇਆ ਗਿਆ, ਜਿਸ 'ਤੇ ਲਗਭਗ 3.41 ਕਰੋੜ ਰੁਪਏ ਦੀ ਲਾਗਤ ਆਵੇਗੀ। ਨਾਲ ਹੀ ਪਟਿਆਲਾ-ਸੰਗਰੂਰ ਰੋਡ (ਸੈਂਸਰਵਾਲ) ਤੋਂ ਖੇੜੀ ਮੱਲਾਂ ਸਮੇਤ ਲਿੰਕ ਤਰੌੜਾ ਕਲਾਂ ਤੱਕ 4.66 ਕਿਲੋਮੀਟਰ ਲੰਬੀ ਸੜਕ ਦੇ ਨਵੀਨੀਕਰਨ ਦੇ ਕਾਰਜ ਦਾ ਉਦਘਾਟਨ ਕੀਤਾ ਗਿਆ, ਜੋ ਲਗਭਗ 2.39 ਕਰੋੜ ਰੁਪਏ ਦੀ ਲਾਗਤ ਨਾਲ ਤਿਆਰ ਹੋਵੇਗੀ।ਬਰਸਟ ਨੇ ਦੱਸਿਆ ਕਿ ਇਲਾਕਾ ਨਿਵਾਸੀਆਂ ਵੱਲੋਂ ਇਨ੍ਹਾਂ ਸੜਕਾਂ ਨੂੰ ਬਣਵਾਉਣ ਲਈ ਲੰਮੇ ਸਮੇਂ ਤੋਂ ਮੰਗ ਕੀਤੀ ਜਾ ਰਹੀ ਸੀ, ਜਿਸ ਨੂੰ ਪੂਰਾ ਕੀਤਾ ਜਾ ਰਿਹਾ ਹੈ ਤੇ ਇਨ੍ਹਾਂ ਸੜਕਾਂ ਦੇ ਨਿਰਮਾਣ ਕਾਰਜਾਂ ਨੂੰ ਸ਼ੁਰੂ ਕਰਾਇਆ ਗਿਆ ਹੈ।ਇਨ੍ਹਾਂ ਸੜਕਾਂ ਦੇ ਬਣਨ ਨਾਲ ਕਿਸਾਨਾਂ, ਵਪਾਰੀਆਂ, ਵਿਦਿਆਰਥੀਆਂ, ਆਮ ਜਨਤਾ ਨੂੰ ਵੱਡੀ ਰਾਹਤ ਮਿਲੇਗੀ ਅਤੇ ਆਵਾਜਾਈ ਸੁਰੱਖਿਅਤ ਅਤੇ ਸੁਗਮ ਬਣੇਗੀ।ਇਸ ਨਾਲ ਨਾ ਸਿਰਫ਼ ਆਰਥਿਕ ਗਤੀਵਿਧੀਆਂ ਨੂੰ ਵਾਧਾ ਮਿਲੇਗਾ, ਸਗੋਂ ਕਿਸਾਨਾਂ ਨੂੰ ਆਪਣੀ ਫਸਲ ਮੰਡੀ ਤੱਕ ਲਿਜਾਣ ਵਿੱਚ ਵੀ ਆਸਾਨੀ ਹੋਵੇਗੀ।

ਉਨ੍ਹਾਂ ਕਿਹਾ ਕਿ ਪਿਛਲੀਆਂ ਸਰਕਾਰਾਂ ਵੱਲੋਂ ਸੂਬੇ ਦੀਆਂ ਸੜਕਾਂ ਵੱਲ ਕੋਈ ਧਿਆਨ ਨਹੀਂ ਦਿੱਤਾ ਗਿਆ।ਲੋਕਾਂ ਨੂੰ ਖਰਾਬ ਸੜਕਾਂ ਕਰਕੇ ਬਹੁਤ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਸੀ।ਪਰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਲੋਕਾਂ ਨੂੰ ਚੰਗੀਆਂ ਸੜਕਾਂ ਮੁਹੱਈਆ ਕਰਾਉਣ ਲਈ ਸੜਕਾਂ ਦੇ ਨਵੀਨੀਕਰਨ ਤੇ ਨਿਰਮਾਣ ਦੇ ਕਾਰਜਾਂ ਨੂੰ ਤੇਜ਼ੀ ਨਾਲ ਪੂਰਾ ਕੀਤਾ ਜਾ ਰਿਹਾ ਹੈ, ਜਿਨ੍ਹਾਂ ਦੀ ਗੁਣਵੱਤਾ ਵੱਲ ਵਿਸ਼ੇਸ਼ ਧਿਆਨ ਦਿੱਤਾ ਜਾ ਰਿਹਾ ਹੈ।

# ਵਰਕਰਾਂ ਨੂੰ ਲਾਮਬੰਦ ਕਰਨ ਲਈ ਕਾਂਗਰਸ ਵਿਸ਼ੇਸ਼ ਮੁਹਿੰਮ ਚਲਾਵੇਗੀ : ਰਾਜਿੰਦਰ ਸਿੰਘ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**

ਕਾਂਗਰਸ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਸ਼ਾਨਦਾਰ ਜਿੱਤ ਹਾਸਿਲ ਕਰ ਕੇ ਆਪਣੀ ਸਰਕਾਰ ਬਣਾਏਗੀ! ਵਿਧਾਨ ਸਭਾ ਚੋਣਾਂ ਨੂੰ ਮੁੱਖ ਰੱਖਦਿਆਂ ਕਾਂਗਰਸ ਪਾਰਟੀ ਆਪਣੇ ਆਗੂਆਂ ਅਤੇ ਵਰਕਰਾਂ ਨੂੰ ਲਾਮਬੰਦ ਕਰਨ ਲਈ ਵਿਸ਼ੇਸ ਮੁਹਿੰਮ ਚਾਲਾਏਗੀ! ਨਾਇਬ ਸਿੰਘ ਭਾਨਰੀ ਪ੍ਰਧਾਨ ਬਲਾਕ ਕਾਂਗਰਸ ਕਮੇਟੀ ਬਲਾਕ ਪਸਿਆਣਾ ਦੀ ਅਗਵਾਈ ਹੇਠ ਪਾਰਟੀ ਆਗੂਆਂ ਅਤੇ ਹਲਕਾ ਸਮਾਣਾ ਦੇ ਸੀਨੀਅਰ ਕਾਂਗਰਸੀ ਵਰਕਰਾਂ ਦੀ ਮੀਟਿੰਗ ਨੂੰ ਸੰਬੋਧਨ ਕਰਦਿਆਂ ਰਾਜਿੰਦਰ ਸਿੰਘ ਸਾਬਕਾ ਵਿਧਾਇਕ ਸਮਾਣਾ ਵੱਲੋਂ ਇਹ ਪ੍ਰਗਟਾਵਾ ਕੀਤਾ ਗਿਆ! ਮੀਟਿੰਗ ਵਿੱਚ ਗੁਰਵਿੰਦਰ ਸਿੰਘ ਪ੍ਰਧਾਨ ਕਿਸਾਨ ਵਿੰਗ ਬਲਾਕ ਪਸਿਆਣਾ ਰਤਨਜੀਤ ਸਿੰਘ ਜਾਹਲਾਂ ਸ਼ੀਤਲ ਸਿੰਘ ਨੰਬਰਦਾਰ ਭਾਨਰਾ ਮੰਡਲ ਪ੍ਰਧਾਨ ਨਰਿੰਦਰ ਸਿੰਘ ਮਿੱਠੂ ਦਦਹੇੜਾ, ਗੁਰਪ੍ਰੀਤ ਸਿੰਘ ਸਾਬਕਾ ਸਰਪੰਚ ਰਾਜਗੜ੍ਹ, ਲਖਵਿੰਦਰ ਸਿੰਘ ਲੱਖੀ ਸਾਬਕਾ ਸਰਪੰਚ ਸੈਂਸਰ ਵਾਲ ਸੀਨੀਅਰ ਕਾਂਗਰਸੀ ਆਗੂ ਡਾ ਰਾਜ ਕੁਮਾਰ ਡਕਾਲਾ, ਅੰਮ੍ਰਿਤ ਸਿੰਘ ਗੱਜੂਮਾਜਰਾ, ਚਮਕੌਰ ਸਿੰਘ ਸਾਬਕਾ ਸਰਪੰਚ ਗਿਆਨ ਚੰਦ ਸਾਬਕਾ ਸਰਪੰਚ ਬਠੋਈ, ਦਵਿੰਦਰ ਸਿੰਘ ਸਾਬਕਾ ਸਰਪੰਚ ਰਾਮਗੜ੍ਹ, ਬੌਬੀ ਰਾਮਗੜ੍ਹ ਕਾਂਗਰਸੀ ਆਗੂ, ਸੁਰਜੀਤ ਸਿੰਘ ਕਾਕਾ ਸਾਬਕਾ ਬਲਾਕ ਸੰਮਤੀ ਮੈਂਬਰ, ਅਮਰੀਕ ਸਿੰਘ ਸਾਬਕਾ ਬਲਾਕ ਸੰਮਤੀ ਮੈਂਬਰ ਜਗਮੇਲ ਸਿੰਘ ਬੀਬੀਪੁਰ ਗੁਰਪ੍ਰੀਤ ਸਿੰਘ ਡਕਾਲਾ ਸੰਦੀਪ ਸਿੰਘ ਸੀਪੀ ਡਕਾਲਾ ਰਣਵੀਰ ਸਿੰਘ ਫੌਜੀ ਤਰੌੜਾ ਕਲਾਂ ਲਾਡੀ ਮੈਣ ਮੇਜਰ ਖਾਨ ਧਬਲਾਨ ਕੁਲਦੀਪ ਸਿੰਘ ਸ਼ੇਰਮਾਜਰਾ ਕਾਲਾ ਨੰਬਰਦਾਰ ਰਾਜਗੜ੍ਹ ਮਿੱਠੂ ਰਾਜਗੜ੍ਹ ਹਰਿੰਦਰ ਸਿੰਘ ਭਾਨਰਾ ਮੋਹਨ ਲਾਲ ਭਾਨਰਾ ਹਰਜਿੰਦਰ ਸਿੰਘ ਬਲੀਪੁਰ ਜਸਵੀਰ ਸਿੰਘ ਲੰਗਗੋਈ ਸੁੱਖਦੇਵ ਸਿੰਘ ਸਾਬਕਾ ਸਰਪੰਚ ਰੌਣੀ ਅਨੁਰਾਧਾ ਰਾਣੀ ਸਾਬਕਾ ਸਰਪੰਚ ਨੈਬ ਸਿੰਘ ਤਰੌੜਾ ਹਰਜਿੰਦਰ ਸਿੰਘ ਤਰੌੜਾ ਖੁਰਦ ਹਰਨੇਕ ਸਿੰਘ ਤਰੌੜਾ ਖੁਰਦ ਮਲਕੀਤ ਸਿੰਘ ਸਾਬਕਾ ਸਰਪੰਚ ਚੁਹੜਪੁਰ ਬਲਵੀਰ ਸਿੰਘ ਫੌਜੀ ਕੱਲਰਭੈਣੀ ਰੰਗਾ ਗਿਰ ਖੇੜਾ ਜੱਟਾਂ ਮਨਪ੍ਰੀਤ ਸਿੰਘ ਸਾਬਕਾ ਸਰਪੰਚ ਵਜੀਦਪੁਰ ਹਰਵਿੰਦਰ ਸਿੰਘ ਸਾਬਕਾ ਸਰਪੰਚ ਖੁਸਰੋਪੁਰ ਜੋਧ ਸਿੰਘ ਭੁੱਲਰ ਖੇੜੀ ਮੱਲਾਂ ਬਿੱਟੂ ਬਰਸਟ ਚਰਨਦਾਸ ਕਕਰਾਲਾ ਹਰਦੀਪ ਸਰਪੰਚ ਤੋਂ ਇਲਾਵਾ ਹੋਰ ਬਹੁਤ ਸਾਰੇ ਕਾਂਗਰਸੀ ਆਗੂ ਅਤੇ ਵਰਕਰ ਹਾਜ਼ਰ ਸਨ!

## ਬੱਸ ਸਟੈਂਡ ਨੇੜੇ ਬਰਸਾਤੀ ਪਾਣੀ ਦੀ ਨਿਕਾਸੀ ਲਈ ਤਿਆਰ ਹੋਵੇਗਾ ਪ੍ਰਾਜੈਕਟ : ਸੰਧਵਾਂ

**ਕੋਟਕਪੂਰਾ (ਰਛਪਾਲ ਭੁੱਲਰ)**-ਪੰਜਾਬ ਵਿਧਾਨ ਸਭਾ ਦੇ ਸਪੀਕਰ ਸ. ਕੁਲਤਾਰ ਸਿੰਘ ਸੰਧਵਾਂ ਨੇ ਕੋਟਕਪੂਰਾ ਬੱਸ ਸਟੈਂਡ ਨੇੜੇ ਉਸ ਇਲਾਕੇ ਦਾ ਦੌਰਾ ਕੀਤਾ, ਜਿੱਥੇ ਪਿਛਲੇ ਕਰੀਬ 25 ਤੋਂ 30 ਸਾਲਾਂ ਤੋਂ ਬਰਸਾਤ ਦੇ ਦਿਨਾਂ ਵਿੱਚ ਪਾਣੀ ਖੜ੍ਹਾ ਰਹਿਣ ਕਾਰਨ ਲੋਕਾਂ ਨੂੰ ਭਾਰੀ ਦਿੱਕਤਾਂ ਦਾ ਸਾਹਮਣਾ ਕਰਨਾ ਪੈਂਦਾ ਹੈ। ਇਸ ਮੌਕੇ ਸ. ਸੰਧਵਾਂ ਨੇ ਸਬੰਧਤ ਅਧਿਕਾਰੀਆਂ ਨਾਲ ਮਿਲ ਕੇ ਇਲਾਕੇ ਦਾ ਸਰਵੇ ਕੀਤਾ ਅਤੇ ਸਮੱਸਿਆ ਦੇ ਹੱਲ ਲਈ ਤੁਰੰਤ ਅਤੇ ਲੰਬੇ ਸਮੇਂ ਦੀ ਯੋਜਨਾ ਉੱਤੇ ਵਿਚਾਰ-ਵਟਾਂਦਰਾ ਕੀਤਾ। ਉਨ੍ਹਾਂ ਕਿਹਾ ਕਿ ਬਰਸਾਤਾਂ ਦੇ ਮੌਸਮ ਨੂੰ ਧਿਆਨ ਵਿੱਚ ਰੱਖਦਿਆਂ ਤੁਰੰਤ ਪ੍ਰਭਾਵ ਨਾਲ ਇਲਾਕੇ ਦੀ ਸਫਾਈ ਅਤੇ ਪਾਣੀ ਦੀ ਨਿਕਾਸੀ ਲਈ ਲੋੜੀਂਦੇ ਕਦਮ ਚੁੱਕੇ ਜਾ ਰਹੇ ਹਨ ਤਾਂ ਜੋ ਲੋਕਾਂ ਨੂੰ ਰਾਹਤ ਮਿਲ ਸਕੇ। ਉਨ੍ਹਾਂ ਦੱਸਿਆ ਕਿ ਇਸ ਸਮੱਸਿਆ ਦੇ ਪੱਕੇ ਹੱਲ ਲਈ ਇੱਕ ਵਿਸਥਾਰਪੂਰਵਕ ਪ੍ਰੋਜੈਕਟ ਤਿਆਰ ਕਰਕੇ ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਨੂੰ ਭੇਜਿਆ ਜਾਵੇਗਾ, ਤਾਂ ਜੋ ਕੋਟਕਪੂਰਾ ਵਾਸੀਆਂ ਨੂੰ ਇਸ ਲੰਬੇ ਸਮੇਂ ਤੋਂ ਚੱਲ ਰਹੀ ਸਮੱਸਿਆ ਤੋਂ ਸਦਾ ਲਈ ਰਾਹਤ ਮਿਲ ਸਕੇ। ਇਸ ਮੌਕੇ ਐਕਸੀਅਨ ਸੁਪਿੰਦਰ ਸਿੰਘ, ਐਕਸੀਅਨ ਨਵੀਨ ਕੁਮਾਰ, ਮਨਪ੍ਰੀਤ ਸਿੰਘ ਮਨੀ ਧਾਲੀਵਾਲ ਪੀ.ਆਰ.ਓ, ਮਨਦੀਪ ਮੌਗਾ ਸੈਕਟਰੀ ਰੈਡ ਕ੍ਰਾਸ ਤੋਂ ਇਲਾਵਾ ਇਲਾਕਾ ਵਾਸੀ ਵੀ ਹਾਜ਼ਰ ਸਨ।

# ਪਹਿਲੀ ਮਈ ਦੇ ਸ਼ਹੀਦਾਂ ਦੀ ਯਾਦ 'ਚ ਹੋਮਿਓਪੈਥਿਕ ਮੈਡੀਕਲ ਕੈਂਪ



**ਲੁਧਿਆਣਾ (ਸਤੀਸ਼ ਸਚਦੇਵਾ)**

ਪਹਿਲੀ ਮਈ ਦੇ ਸ਼ਹੀਦਾਂ ਦੀ ਯਾਦ 'ਚ ਕਿਰਤੀ ਭਵਨ ਦੁੱਗਰੀ 'ਚ ਹੋਮਿਓਪੈਥਿਕ ਮੈਡੀਕਲ ਕੈਂਪ ਅੰਤਰਰਾਸ਼ਟਰੀ ਮਜ਼ਦੂਰ ਦਿਵਸ ਦੇ ਸ਼ਹੀਦਾਂ ਦੀ ਯਾਦ ਵਿੱਚ ਕਿਰਤੀ ਵਿਚਾਰ ਸਭਾ ਤੇ ਇਨਕਲਾਬੀ ਮਜ਼ਦੂਰ ਕੇਂਦਰ ਵੱਲੋਂ ਕਾਮਰੇਡ ਸੁਰਜੀਤ ਤੇ ਕਾਮਰੇਡ ਬਲਬੀਰ ਕੌਰ ਦੀ ਯਾਦ 'ਚ ਉਸਾਰੇ ਜਾ ਰਹੇ ਕਿਰਤੀ ਭਵਨ ਦੁੱਗਰੀ 'ਚ ਫ੍ਰੀ ਹੋਮਿਓਪੈਥਿਕ ਮੈਡੀਕਲ ਕੈਂਪ ਲਾਇਆ ਗਿਆ।ਕਾਮਰੇਡ ਸੁਰਿੰਦਰ ਨੇ ਦੱਸਿਆ ਕਿ ਸਭ ਤੋਂ ਪਹਿਲਾਂ ਪਹਿਲੀ ਮਈ ਦਿਵਸ ਦੇ ਸ਼ਹੀਦਾਂ ਨੂੰ ਪੰਡਾਲ 'ਚ ਇਕੱਠੇ ਹੋਏ ਲੋਕਾਂ ਵਲੋਂ 2 ਮਿੰਟ ਲਈ ਖੜਕੇ ਸ਼ਰਧਾਂਜਲੀ ਭੇਂਟ ਕੀਤੀ ਗਈ ਤੇ ਸ਼ਰਧਾਂਜਲੀ ਵਜੋਂ ਰਵਿਤਾ ਵੱਲੋਂ 'ਚੜ੍ਹਨ ਵਾਲਿਓ ਹੱਕਾਂ ਦੀ ਭੇਟ ਉੱਤੇ' ਉਦਾਸੀ ਜੀ ਦਾ ਗੀਤ ਗਾਇਆ ਗਿਆ।ਸਟੇਜ ਸੈਕਟਰੀ ਸਤਨਾਮ ਸਿੰਘ ਨੇ ਕਾਮਰੇਡ ਸੁਰਜੀਤ ਤੇ ਕਾਮਰੇਡ ਬਲਬੀਰ ਕੌਰ ਦੀ ਯਾਦ 'ਚ ਉਸਾਰੇ ਜਾ ਰਹੇ ਕਿਰਤੀ ਭਵਨ ਬਾਰੇ ਚਾਨਣਾ ਪਾਇਆ।ਕਾਮਰੇਡ ਸੁਰਿੰਦਰ ਨੇ ਦੱਸਿਆ ਕਿ ਇਤਿਹਾਸ ਜ਼ਿੰਮੇਵਾਰੀ ਲੋਕ ਪੱਖੀ ਲਹਿਰਾਂ ਭਾਵੇਂ ਉਹ ਚਾਰਵਾਕੀਆਂ ਸੀ, ਭਾਵੇਂ ਸੂਫੀ ਮੱਤ, ਸਿੱਖ ਲਹਿਰ, ਗਦਰ ਲਹਿਰ ਤੇ 23 ਮਾਰਚ ਦੇ ਸ਼ਹੀਦਾਂ ਸਮੇਤ ਸੰਸਾਰ ਦੀਆਂ ਮਹਾਨ ਲਹਿਰਾਂ ਹੋਈਆਂ ਉਨ੍ਹਾਂ ਸਾਨੂੰ ਸਮਾਜ ਕੁਦਰਤ ਮਨੁੱਖਤਾ ਤੇ ਮਨੁੱਖੀ ਸੋਚ ਵਾਰੇ ਆਪਣੇ ਅਗਾਂਹਵਧੂ ਵਿਚਾਰ ਦਿੱਤੇ ਤੇ ਮਨੁੱਖੀ ਜੀਵਨ ਤੇ ਸਮਾਜ ਨੂੰ ਵਧੀਆ ਬਣਾਉਣ ਦੀ ਕੋਸ਼ਿਸ਼ ਕੀਤੀ, ਪਰ ਅੱਜ ਸੰਸਾਰ ਪਧਰਾਂ ਸੰਸਾਰ ਪੂੰਜੀਵਾਦੀ ਸਾਮਰਾਜੀ ਪ੍ਰਬੰਧ ਨੂੰ ਉਨ੍ਹਾਂ ਦੀਆਂ ਸਰਕਾਰਾਂ ਆਪਣੇ ਲੁਟੇਰੇ ਤੇ ਜਾਬਰ ਹੱਥਾਂ ਰਾਹੀਂ ਮਨੁੱਖ ਦੇ ਜੀਵਨ ਲਈ ਪਾਣੀ, ਹਵਾ, ਧਰਤੀ ਤੱਕ ਤਬਾਹ ਕਰ ਰਹੇ ਹਨ।

ਪ੍ਰਦੀਪ ਗਰੇਵਾਲ ਯਾਦਗਾਰੀ ਚੈਰੀਟੇਬਲ ਹੋਮਿਓਪੈਥਿਕ ਹਸਪਤਾਲ ਦੀ ਟੀਮ ਵੱਲੋਂ ਫ੍ਰੀ ਇਲਾਜ ਤੇ ਦਵਾਈਆਂ ਦੀ ਨਿਭਾਈ ਜਾ ਰਹੀ ਸੇਵਾ ਦੇ ਟੀਮ ਦੇ ਆਗੂ ਹਰਬੰਸ ਸਿੰਘ ਗਰੇਵਾਲ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕਰਦੇ ਹੋਏ ਦੱਸਿਆ ਕਿ ਬਿਮਾਰੀਆਂ ਇਨ੍ਹਾਂ ਸਰਕਾਰਾਂ ਦੀਆਂ ਨੀਤੀਆਂ ਕਰਕੇ ਪੈਦਾ ਹੋ ਰਹੀਆਂ ਹਨ ਤੇ ਲੋਕ ਇਲਾਜ ਤੋਂ ਬਿਨਾਂ ਮਰ ਰਹੇ ਹਨ।ਉਨ੍ਹਾਂ ਬਿਮਾਰੀਆਂ ਦਾ ਟਾਕਰਾ ਕਰਨ ਲਈ ਘਰੇਲੂ ਆਮ ਵਸਤਾਂ ਵਰਤਨ ਵਾਰੇ ਚਾਨਣਾ ਪਾਇਆ।ਇਸ ਦੌਰਾਨ ਉਚੇਚੇ ਤੌਰ 'ਤੇ ਪਹੁੰਚੇ ਡਾਕਟਰ ਸਚਦੇਵਾ ਨੇ ਦੱਸਿਆ ਕਿ ਕਿਵੇਂ ਸੰਸਾਰ ਭਰ 'ਚ ਅਮੀਰ ਗਰੀਬ ਦਾ ਪਾੜਾ ਵਧ ਰਿਹਾ ਹੈ ਤੇ ਲੋਕਾਂ ਨੂੰ ਜੰਗਾਂ ਰਾਹੀ ਮਾਰਿਆ ਜਾ ਰਿਹਾ ਹੈ।ਰਵਿਤਾ ਨੇ ਅਮਰੀਕਾ ਤੇ ਇਜਰਾਇਲ ਵੱਲੋਂ ਥੋਸੀ ਜੰਗ ਤੇ ਹੱਕ ਮਜ਼ਦੂਰਾਂ ਕਿਸਾਨਾਂ ਦੀਆਂ ਲਹਿਰਾਂ ਉੱਤੇ ਕੀਤੇ ਜਾ ਰਹੇ ਜਬਰ ਬਾਰੇ ਚਾਨਣਾ ਪਾਇਆ।ਇਸੇ ਸਮੇਂ 60 ਤੋਂ ਵੱਧ ਮਰੀਜ਼ਾਂ ਨੂੰ ਦਵਾਈਆਂ ਲਈਆਂ। ਬੇਟੀ ਜਸਨੀਤ ਕੌਰ ਨੇ ਔਰਤਾਂ ਵਾਲੇ ਗੀਤ ਗਾਇਆ। ਇਸ ਸਮੇਂ ਸ਼ਹੀਦ ਬਾਬਾ ਭਾਨ ਸਿੰਘ ਨੌਜਵਾਨ ਭਾਰਤ ਸਭਾ ਵੱਲੋਂ ਵਕੀਲ ਹਰਪ੍ਰੀਤ ਜੀਰਖ ਤੇ ਰਾਕੇਸ਼ ਆਜ਼ਾਦ ਤੇ ਮਾਸਟਰ ਹਰਬੰਸ ਸਿੰਘ ਹੀਉ ਦੇ ਭਰਾ ਵੀ ਪਹੁੰਚੇ ਹੋਏ ਸਨ।

## 5 ਘੰਟੇ ਦੇ ਲੱਗ ਰਹੇ ਬਿਜਲੀ ਕੱਟਾਂ ਕਾਰਨ ਮੱਚੀ ਹਾਲ ਦੁਹਾਈ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪੰਜਾਬ ਨੂੰ ਕਰੀਬ ਪੰਜ ਵਰ੍ਹਿਆਂ ਮਗਰੋਂ ਬਿਜਲੀ ਕੱਟ ਝੱਲਣੇ ਪੈ ਰਹੇ ਹਨ। ਬੀਤੇ ਦਿਨ ਵੱਧ ਤੋਂ ਵੱਧ ਪੰਜ ਘੰਟੇ ਦਾ ਬਿਜਲੀ ਕੱਟ ਲੱਗਿਆ; 25 ਅਪਰੈਲ ਨੂੰ ਕਈ ਖ਼ਿੱਤਿਆਂ 'ਚ 8.30 ਘੰਟਿਆਂ ਤੱਕ ਵੀ ਬਿਜਲੀ ਗੁੱਲ ਰਹੀ।'ਆਪ' ਸਰਕਾਰ ਦੇ ਕਾਰਜਕਾਲ ਦੇ ਆਖ਼ਰੀ ਵਰ੍ਹੇ 'ਚ ਸੂਬੇ ਨੂੰ ਬਿਜਲੀ ਕੱਟਾਂ ਦਾ ਸਾਹਮਣੇ ਕਰਨਾ ਪਿਆ ਹੈ।ਆਖ਼ਰੀ ਵਾਰ ਪੰਜਾਬ 'ਚ ਝੋਨੇ ਦੇ ਸੀਜ਼ਨ ਮੌਕੇ ਸਾਲ 2021 'ਚ ਬਿਜਲੀ ਕੱਟ ਲੱਗੇ ਸਨ ਅਤੇ ਉਸ ਵੇਲੇ ਵੀ ਪਾਵਰਕੌਮ ਦੀ ਵਾਗਡੋਰ ਪ੍ਰਸ਼ਾਸਕੀ ਅਧਿਕਾਰੀ ਦੇ ਹੱਥ ਸੀ। ਇਸ ਵੇਲੇ ਵੀ ਪਾਵਰਕੌਮ ਦੀ ਅਗਵਾਈ ਉੱਚ ਅਧਿਕਾਰੀ ਕਰ ਰਹੇ ਹਨ। ਇਨ੍ਹਾਂ ਕੱਟਾਂ ਕਾਰਨ ਕਿਸਾਨ ਫ਼ਿਕਰਮੰਦ ਹਨ।ਪੰਜਾਬ ਦੇ ਲੋਕ ਬਿਜਲੀ ਸਪਲਾਈ ਤੋਂ ਤਸੱਲੀ 'ਚ ਰਹੇ ਹਨ ਪਰ ਅਪਰੈਲ ਮਹੀਨੇ 'ਚ ਬਿਜਲੀ ਸਪਲਾਈ ਦਾ ਗਣਿਤ ਵਿਗੜਿਆ ਹੈ। ਇਸ ਅਪਰੈਲ ਮਹੀਨੇ 'ਚ 26 ਅਪਰੈਲ ਤੱਕ ਪਾਵਰਕੌਮ ਨੇ 4293 ਮਿਲੀਅਨ ਯੂਨਿਟ ਸਪਲਾਈ ਦਿੱਤੀ ਹੈ; ਪਿਛਲੇ ਸਾਲ ਅਪਰੈਲ ਮਹੀਨੇ 'ਚ ਇਹੀ ਸਪਲਾਈ 4422 ਮਿਲੀਅਨ ਯੂਨਿਟ ਸੀ। ਭਾਵ ਪਿਛਲੇ ਅਪਰੈਲ ਦੇ ਮੁਕਾਬਲੇ ਐਤਕੀਂ ਅਪਰੈਲ 'ਚ 3 ਫ਼ੀਸਦੀ ਬਿਜਲੀ ਯੂਨਿਟ ਘੱਟ ਸਪਲਾਈ ਦਿੱਤੀ ਗਈ ਹੈ।

# ਕਾਂਗਰਸ ਹਾਈਕਮਾਂਡ ਵੱਲੋਂ ਉੱਚ ਪੱਧਰੀ ਕਮੇਟੀ ਦਾ ਗਠਨ, ਦਰਸ਼ਨ ਕਾਂਗੜਾ ਨੂੰ ਮਿਲੀ ਵੱਡੀ ਜ਼ਿੰਮੇਵਾਰੀ



**ਸੰਗਰੂਰ (ਪ੍ਰਵੀਨ ਸਿੰਘ)**

ਵਿਧਾਨ ਸਭਾ ਚੋਣਾਂ ਨੂੰ ਲੈ ਕੇ ਕਾਂਗਰਸ ਪਾਰਟੀ ਨੇ ਸਰਗਰਮੀਆਂ ਤੇਜ਼ ਕਰ ਦਿੱਤੀਆਂ ਹਨ, ਜਿਸ ਦੇ ਚੱਲਦਿਆਂ ਕਾਂਗਰਸ ਹਾਈਕਮਾਂਡ ਵੱਲੋਂ ਰੋਜ਼ਾਨਾ ਹੀ ਪਾਰਟੀ ਵਰਕਰਾਂ ਨੂੰ ਵੱਡੀਆਂ ਜ਼ਿੰਮੇਵਾਰੀਆਂ ਦਿੱਤੀਆਂ ਜਾ ਰਹੀਆਂ ਹਨ, ਉਸੇ ਲੜੀ ਤਹਿਤ ਹੀ ਆਲ ਇੰਡੀਆ ਕਾਂਗਰਸ ਕਮੇਟੀ ਦੇ ਐੱਸ ਸੀ ਵਿਭਾਗ ਸੀਨੀਅਰ ਦਲਿਤ ਲੀਡਰ ਸ਼੍ਰੀ ਦਰਸ਼ਨ ਸਿੰਘ ਕਾਂਗੜਾ ਨੂੰ ਵੀ ਵੱਡੀ ਜ਼ਿੰਮੇਵਾਰੀ ਦਿੱਤੀ ਗਈ ਹੈ, ਜਿਸ ਨਾਲ ਦਲਿਤ ਭਾਈਚਾਰਾ ਕਾਂਗਰਸ ਪਾਰਟੀ ਨਾਲ ਹੋਰ ਵੀ ਮਜ਼ਬੂਤੀ ਨਾਲ ਜੁੜੇਗਾ। ਪਾਰਟੀ ਹਾਈਕਮਾਂਡ ਵੱਲੋਂ ਆਗਾਮੀ ਚੋਣਾਂ ਨੂੰ ਮੁੱਖ ਰੱਖਦਿਆਂ ਹਰ ਤਰ੍ਹਾਂ ਦੇ ਉੱਚ ਪੱਧਰੀ ਫ਼ੈਸਲੇ ਲੈਣ ਲਈ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਐੱਸ ਸੀ ਡਿਪਾਰਟਮੈਂਟ ਲਈ ਇੱਕ ਸਟੇਟ ਕੌਂਸਲ ਅਡਵਾਈਜ਼ਰੀ ਕਮੇਟੀ ਦਾ ਗਠਨ ਕੀਤਾ ਗਿਆ ਹੈ।ਇਸ ਅਡਵਾਈਜ਼ਰੀ ਕਮੇਟੀ ਵਿੱਚ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਐੱਸ ਸੀ ਵਿਭਾਗ ਦੇ ਨਵ ਨਿਯੁਕਤ ਚੇਅਰਮੈਨ ਗੁਰਪ੍ਰੀਤ ਸਿੰਘ ਲੱਕੀ ਪੱਖੋਂ ਨੂੰ ਕਨਵੀਨਰ ਤੇ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਸਣੇ ਮੌਜੂਦਾ ਤੇ ਸਾਬਕਾ ਸੰਸਦ, ਵਿਧਾਇਕ, ਸਾਬਕਾ ਕੈਬਨਿਟ ਮੰਤਰੀ ਤੇ ਕਾਂਗਰਸ ਦੇ ਐੱਸ ਸੀ ਵਰਗ ਨਾਲ ਸੰਬੰਧਤ ਜ਼ਿਲ੍ਹਾ ਪ੍ਰਧਾਨਾਂ ਨੂੰ ਸ਼ਾਮਲ ਕੀਤਾ ਗਿਆ ਹੈ, ਜਿਸ ਵਿੱਚ ਦਰਸ਼ਨ ਕਾਂਗੜਾ ਦਾ ਨਾਂਅ ਵੀ ਇਸ ਕਮੇਟੀ ਵਿੱਚ ਸ਼ਾਮਲ ਕੀਤਾ ਗਿਆ ਹੈ।34 ਮੈਂਬਰੀ ਇਸ ਕਮੇਟੀ ਵਿੱਚ ਸੰਸਦ ਚਰਨਜੀਤ ਸਿੰਘ ਚੰਨੀ ਸਾਬਕਾ ਮੁੱਖ ਮੰਤਰੀ ਪੰਜਾਬ, ਡਾ ਅਮਰ ਸਿੰਘ ਐਮ ਪੀ, ਸ਼ੇਰ ਸਿੰਘ ਘੁਬਾਇਆ ਐਮ ਪੀ, ਭਾਰਤੀਯ ਅੰਬੇਡਕਰ ਮਿਸ਼ਨ, ਭਾਰਤ ਦੇ ਕੌਮੀ ਪ੍ਰਧਾਨ ਦਰਸ਼ਨ ਸਿੰਘ ਕਾਂਗੜਾ, ਸੁਖਵਿੰਦਰ ਸਿੰਘ ਕੋਟਲੀ ਵਿਧਾਇਕ, ਵਿਕਰਮ ਸਿੰਘ ਚੌਧਰੀ ਵਿਧਾਇਕ, ਅਰੁਣਾ ਚੌਧਰੀ ਵਿਧਾਇਕ, ਬਲਵਿੰਦਰ ਸਿੰਘ ਧਾਲੀਵਾਲ ਵਿਧਾਇਕ, ਰਾਜ਼ ਕੁਮਾਰ ਵੇਰਕਾ ਸਾਬਕਾ ਕੈਬਨਿਟ ਮੰਤਰੀ, ਮੁਹੰਮਦ ਸਦੀਕ ਸਾਬਕਾ ਐਮ ਪੀ, ਸੋਹਨ ਸਿੰਘ ਸਾਬਕਾ ਐਮ ਪੀ, ਸਾਧੂ ਸਿੰਘ ਧਰਮਸੋਤ ਸਾਬਕਾ ਮੰਤਰੀ, ਅਜਾਇਬ ਸਿੰਘ ਭੱਟੀ ਸਾਬਕਾ ਡਿਪਟੀ ਸਪੀਕਰ, ਕੁਲਦੀਪ ਸਿੰਘ ਵੈਦ ਸਾਬਕਾ ਵਿਧਾਇਕ, ਸੁਖਵਿੰਦਰ ਸਿੰਘ ਡੈਨੀ ਸਾਬਕਾ ਵਿਧਾਇਕ, ਪਵਨ ਆਦਿਆ ਸਾਬਕਾ ਵਿਧਾਇਕ, ਲਖਵੀਰ ਸਿੰਘ ਲੱਖਾ ਸਾਬਕਾ ਵਿਧਾਇਕ, ਡਾ ਸਤਵੰਤ ਸਿੰਘ ਮੋਹੀ ਸਾਬਕਾ ਵਿਧਾਇਕ, ਨੱਥੂਰਾਮ ਸਾਬਕਾ ਵਿਧਾਇਕ ਤੋਂ ਇਲਾਵਾ ਹੋਰ ਵੀ ਸੀਨੀਅਰ ਲੀਡਰਾ ਨੂੰ ਸ਼ਾਮਲ ਕੀਤਾ ਗਿਆ ਹੈ।

# ਐੱਸ ਐੱਸ ਪੀ ਵਰੁਣ ਸ਼ਰਮਾ ਵੱਲੋਂ ਸਟੇਟ ਐਵਾਰਡੀ ਪਰਮਿੰਦਰ ਭਲਵਾਨ ਸਨਮਾਨਤ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**

ਪੰਜਾਬ ਤੇ ਪਟਿਆਲਾ ਜ਼ਿਲ੍ਹੇ ਦੀਆਂ ਨਾਮਵਰ ਸਮਾਜ ਸੇਵੀ ਸੰਸਥਾਵਾਂ ਜੋ ਲੰਮੇ ਸਮੇਂ ਤੋਂ ਪੰਜਾਬ ਪੁਲਸ ਦੇ ਸਹਿਯੋਗ ਨਾਲ ਨਸ਼ਿਆਂ ਵਿਰੁੱਧ ਕੰਮ ਕਰ ਰਹੀਆਂ ਯੂਥ ਫੈਡਰੇਸ਼ਨ ਆਫ ਇੰਡੀਆ, ਪਾਵਰ ਹਾਊਸ ਯੂਥ ਕਲੱਬ, ਯੁਵਕ ਸੇਵਾਵਾਂ ਕਲੱਬ ਦੀਪ ਨਗਰ ਦੀ ਟੀਮ ਦੇ ਸਰਪ੍ਰਸਤ ਸਟੇਟ ਐਵਾਰਡੀ ਪਰਮਿੰਦਰ ਭਲਵਾਨ ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ, ਮੈਂਬਰ ਜ਼ਿਲ੍ਹਾ ਸਾਂਝ ਕੇਂਦਰ, ਮੈਂਬਰ ਯੁਵਾ ਸਾਂਝ ਕਮੇਟੀ, ਮੈਂਬਰ ਵਿਮਨ ਕੌਂਸਲਿੰਗ ਸੈੱਲ ਨੂੰ ਨਸ਼ਿਆਂ ਵਿਰੁੱਧ ਕੀਤੇ ਜਾ ਰਹੇ ਕੰਮਾਂ ਲਈ ਐਸ.ਐਸ.ਪੀ ਪਟਿਆਲਾ ਵਰੁਣ ਸ਼ਰਮਾ (ਆਈ .ਪੀ.ਐਸ) ਵੱਲੋਂ ਪ੍ਰਸ਼ੰਸਾ ਪੱਤਰ ਦੇ ਕੇ ਸਨਮਾਨਤ ਕੀਤਾ।

ਐਸ ਐਸ ਪੀ ਪਟਿਆਲਾ ਵਰੁਣ ਸ਼ਰਮਾ ਨੇ ਕਿਹਾ ਕਿ ਡਾਇਰੈਕਟਰ ਜਰਨਲ ਆਫ ਪੁਲਸ ਗੌਰਵ ਯਾਦਵ, ਡੀ ਆਈ ਜੀ ਪਟਿਆਲਾ ਰੇਂਜ ਕੁਲਦੀਪ ਚਾਹਲ ਦੀ ਅਗਵਾਈ ਹੇਠ ਸਟੇਟ ਐਵਾਰਡੀ ਪਰਮਿੰਦਰ ਭਲਵਾਨ ਤੇ ਗਵਰਨਰ ਐਵਾਰਡੀ ਜਤਵਿੰਦਰ ਗਰੇਵਾਲ ਤੇ ਉਨ੍ਹਾਂ ਦੀਆਂ ਸਮਾਜ ਸੇਵੀ ਸੰਸਥਾਵਾਂ ਪੰਜਾਬ ਪੁਲਸ ਵੱਲੋਂ ਨਸ਼ਿਆਂ ਵਿਰੁੱਧ ਸ਼ੁਰੂ ਕੀਤੀ ਲੜਾਈ ਵਿੱਚ ਵਧ-ਚੜ੍ਹ ਕੇ ਵਲੰਟੀਅਰ ਸਹਿਯੋਗ ਦੇ ਰਹੀਆਂ ਹਨ, ਜੋ ਪ੍ਰਸੰਸਾਯੋਗ ਕਦਮ ਹੈ। ਉਹਨਾਂ ਕਿਹਾ ਕਿ ਇਸ ਟੀਮ ਵੱਲੋਂ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ, ਨਸ਼ਾ ਮੁਕਤ ਭਾਰਤ ਅਭਿਆਨ ਤਹਿਤ ਪਿਛਲੇ ਦੋ ਸਾਲਾਂ ਵਿਚ ਪੰਜਾਬ ਦੇ ਵੱਖ-ਵੱਖ ਸ਼ਹਿਰਾਂ ਵਿੱਚ ਤਕਰੀਬ 525 ਤੋਂ ਉਪਰ ਸੈਮੀਨਾਰ, ਰੈਲੀਆਂ, ਨੁੱਕੜ ਨਾਟਕਾਂ ਦਾ ਆਯੋਜਨ ਪੁਲਸ ਪ੍ਰਸ਼ਾਸਨ ਦੇ ਸਹਿਯੋਗ ਨਾਲ ਕਰ ਚੁੱਕੀਆਂ ਹਨ ਤੇ ਨੌਜਵਾਨਾਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਕੀਤਾ ਜਾ ਰਿਹਾ ਹੈ ਅਤੇ ਦੱਸਿਆ ਕਿ ਇਨ੍ਹਾਂ ਦੀ ਟੀਮ ਨੇ ਪਿਛਲੇ 15 ਸਾਲਾਂ ਤੋਂ ਨਸ਼ਿਆਂ ਵਿਰੁੱਧ ਤਕਰੀਬਨ 4500 ਤੋਂ ਵੱਧ ਜਾਗਰੂਕਤਾ ਪ੍ਰੋਗਰਾਮ ਦਾ ਆਯੋਜਨ ਕਰ ਚੁੱਕੀ ਹੈ ਤੇ ਨੌਜਵਾਨਾਂ ਨੂੰ ਨਸ਼ਿਆਂ ਦੀ ਦਲਦਲ ਵਿਚੋਂ ਬਾਹਰ ਕੱਢਣ ਲਈ ਉਪਰਾਲੇ ਕੀਤੇ ਜਾ ਰਹੇ ਹਨ, ਜੋ ਬਹੁਤ ਹੀ ਸ਼ਲਾਘਾਯੋਗ ਹੈ।

ਉਹਨਾਂ ਕਿਹਾ ਕਿ ਪਟਿਆਲਾ ਪੁਲਿਸ ਵੱਲੋਂ ਨਸ਼ਿਆਂ ਦੇ ਵੱਡੇ ਮੱਗਰਮੱਛਾਂ ਨੂੰ ਨਕੇਲ ਪਾਈ ਜਾ ਰਹੀ ਹੈ। ਉਹਨਾਂ ਕਿਹਾ ਕਿ ਨਸ਼ਾ ਤਸਕਰਾਂ ਨੂੰ ਕਿਸੇ ਵੀ ਕੀਮਤ ਤੇ ਨਹੀਂ ਬਖ਼ਸ਼ਿਆ ਜਾਵੇਗਾ ਅਤੇ ਨਸ਼ਾ ਤਸਕਰਾਂ ਦੀਆਂ ਜਾਇਦਾਦਾਂ ਕੁਰਕ ਕੀਤੀਆਂ ਜਾ ਰਹੀਆਂ ਹਨ ਅਤੇ ਨਸ਼ਾ ਤਸਕਰਾਂ ਦੀਆਂ ਜਾਇਦਾਦਾਂ ਤੇ ਬੁਲਡੋਜ਼ਰ ਚਲਾਏਂ ਜਾ ਰਹੇ ਹਨ ਅਤੇ ਅੱਗੇ ਤੋਂ ਵੀ ਨਸ਼ਾ ਤਸਕਰਾਂ ਦੀਆਂ ਜਾਇਦਾਦਾਂ ਕੁਰਕ ਕੀਤੀਆਂ ਜਾਂਦੀਆਂ ਰਹਿਣਗੀਆਂ।

ਸਟੇਟ ਐਵਾਰਡੀ ਪਰਮਿੰਦਰ ਭਲਵਾਨ ਨੇ ਐਸ ਐਸ ਪੀ ਪਟਿਆਲਾ ਵਰੁਣ ਸ਼ਰਮਾ ਨੂੰ ਭਰੋਸਾ ਦਿਵਾਇਆ ਕਿ ਉਹਨਾਂ ਦੀ ਟੀਮ ਹਮੇਸ਼ਾ ਗਵਰਨਰ ਐਵਾਰਡੀ ਜਤਵਿੰਦਰ ਗਰੇਵਾਲ ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ ਦੀ ਅਗਵਾਈ ਹੇਠ ਪੰਜਾਬ ਪੁਲਿਸ ਵੱਲੋਂ ਸ਼ੁਰੂ ਕੀਤੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਨਸ਼ਿਆਂ ਵਿਰੁੱਧ ਜਾਗਰੂਕਤਾ ਪ੍ਰੋਗਰਾਮ ਜ਼ਿਲ੍ਹਾ ਪੁਲਸ ਪਟਿਆਲਾ ਨਾਲ ਮਿਲ ਕੇ ਪ੍ਰੋਗਰਾਮਾਂ ਦਾ ਆਯੋਜਨ ਕਰਨਗੀਆਂ।

## ਸਿਟੀਜ਼ਨ ਵੈੱਲਫੇਅਰ ਕੌਂਸਲ ਨੇ 211 ਬੱਚਿਆਂ ਨੂੰ ਸਟੇਸ਼ਨਰੀ ਵੰਡੀ

**ਜਲਾਲਾਬਾਦ (ਜੀਤ ਕੁਮਾਰ)**

ਸਿਟੀਜਨ ਵੈੱਲਫੇਅਰ ਕੌਂਸਲ ਜਲਾਲਾਬਾਦ ਨੇ ਪ੍ਰਧਾਨ ਸਤੀਸ਼ ਕੁਮਾਰ ਚਰਾਇਆ ਦੀ ਪ੍ਰਧਾਨਗੀ ਹੇਠ ਸਰਕਾਰੀ ਪ੍ਰਾਇਮਰੀ ਸਮਾਰਟ ਸਿਟੀ ਸਕੂਲ ਜਲਾਲਾਬਾਦ ਵਿਖੇ 211 ਬੱਚਿਆਂ ਨੂੰ ਸਟੇਸ਼ਨਰੀ ਵੰਡੀ, ਜਿਸ ਵਿੱਚ ਕਾਪੀਆਂ, ਪੈੱਨ, ਸ਼ਾਪਨਰ, ਰੇਂਜਰ, ਪੈਨਸ਼ਨ ਆਦਿ ਵੰਡੇ ਗਏ। ਅਹੁਦੇਦਾਰਾਂ ਨੇ ਦੱਸਿਆ ਕਿ ਹੁਣ ਤੱਕ ਸਿਟੀਜਨ ਵੈੱਲਫੇਅਰ ਕੌਂਸਲ ਵੱਲੋਂ ਹੁਣ ਤੱਕ ਕਰੀਬ 80 ਸਕੂਲਾਂ ਵਿੱਚ ਸਟੇਸ਼ਨਰੀ ਵੰਡੀ ਗਈ ਹੈ। ਇਸ ਸਬੰਧੀ ਸਾਦੇ ਪਰ ਪ੍ਰਭਾਵਸ਼ਾਲੀ ਸਮਾਗਮ ਵਿੱਚ ਪ੍ਰਧਾਨ ਸਤੀਸ਼ ਕੁਮਾਰ ਚਰਾਇਆ, ਜਨਰਲ ਸਕੱਤਰ ਦੇਵ ਰਾਜ ਸ਼ਰਮਾ (ਚੇਅਰਮੈਨ, ਮਾਰਕਿਟ ਕਮੇਟੀ, ਜਲਾਲਾਬਾਦ) ਖਜ਼ਾਨਚੀ ਅਸ਼ੋਕ ਗਗਨੇਜਾ, ਗਿਆਨ ਸਿੰਘ ਨਿੱਝਰ, ਗੁਰਦੀਪ ਸਿੰਘ ਛਾਬੜਾ, ਗੁਰਜਿੰਦਰ ਸਿੰਘ ਧਮੀਜਾ, ਜਸਪਾਲ ਸਿੰਘ ਬੀ.ਪੀ.ਈ.ਓ., ਰਾਜ ਕੁਮਾਰ ਬਜਾਜ, ਮਦਨ ਲਾਲ ਗੁੰਬਰ, ਹੈੱਡ ਟੀਚਰ ਅਨੀਤਾ, ਮੀਨਾਕਸ਼ੀ, ਸੁਮਨ ਲੱਤਾ, ਸ਼ੀਫਾਨੀ, ਕੀਰਤੀ, ਅਵਿਨਾਸ਼ ਰਾਣੀ, ਮੋਨਿਕਾ ਰਾਣੀ, ਪ੍ਰਵੇਸ਼ ਖੰਨਾ ਆਦਿ ਮੌਜੂਦ ਸਨ।

## ਕੀੜੇਮਾਰ ਦਵਾਈਆਂ ਦੇ ਡੀਲਰਾਂ ਦੁਕਾਨਾਂ ਬੰਦ ਕਰਕੇ ਕੀਤਾ ਰੋਸ ਮੁਜ਼ਾਹਰਾ



**ਗੁਰੂ ਹਰਸਹਾਏ (ਫ਼ਕੀਰ ਚੰਦ ਸਿਕਰੀ)**-ਕੇਂਦਰ ਤੇ ਸੂਬਾ ਸਰਕਾਰਾਂ ਵੱਲੋਂ ਖਾਦ, ਬੀਜ ਅਤੇ ਕੀੜੇਮਾਰ ਦਵਾਈਆਂ ਦੇ ਡੀਲਰਾਂ ਨੂੰ ਆ ਰਹੀਆਂ ਸਮੱਸਿਆਵਾਂ ਦਾ ਹੱਲ ਨਾ ਕੀਤੇ ਜਾਣ ਕਰਕੇ ਆਲ ਇੰਡੀਆ ਐਗਰੋ ਇਨਪੁਟ ਡੀਲਰਜ਼ ਐਸੋਸੀਏਸ਼ਨ ਰਜਿ ਵੱਲੋਂ ਪੂਰੇ ਭਾਰਤ ਅੰਦਰ ਆਪਣੇ ਆਪਣੇ ਕਾਰੋਬਾਰ ਬੰਦ ਰੱਖ ਕੇ ਸਰਕਾਰ ਤੱਕ ਆਵਾਜ਼ ਪਹੁੰਚਾਈ ਇਸ ਬੰਦ ਨੂੰ ਸਮਰਥਨ ਦੇਣ ਲਈ ਐਗਰੀ ਇਨਪੁਟ ਡੀਲਰਜ਼ ਐਸੋਸੀਏਸ਼ਨ ਜ਼ਿਲ੍ਹਾ ਫ਼ਿਰੋਜ਼ਪੁਰ ਦੇ ਸਮੂਹ ਦੁਕਾਨਦਾਰਾਂ ਨੇ ਆਪਣੀਆਂ ਦੁਕਾਨਾਂ ਬੰਦ ਰੱਖੀਆਂ। ਜ਼ਿਲ੍ਹਾ ਪ੍ਰਧਾਨ ਵਿਕਾਸ ਗਲਹੋਤਰਾ ਨੇ ਦੱਸਿਆ ਕਿ ਡੀਲਰਾਂ ਦੀਆਂ ਮੰਗਾਂ ਜਿਵੇਂ ਕਿ ਖਾਦ ਦੇ ਨਾਲ ਹੋਰ ਬੇਲੋੜੀ ਸਮੱਗਰੀ ਬੰਦ ਕਰਨਾ, ਖਾਦ ਨੂੰ ਬਿਨਾਂ ਕਿਸੇ ਵਾਧੂ ਖਰਚੇ ਦੇ, ਪ੍ਰਚੂਨ ਦੁਕਾਨਦਾਰਾਂ ਤੱਕ ਪਹੁੰਚ ਕਰਕੇ ਦੇਣਾ, ਡੀਲਰ ਲਈ ਖਾਦ ਦੇ ਮਾਰਜਿਨ ਵਿੱਚ ਵਾਧਾ ਕਰਨਾ, ਖਾਦ ਦੀ ਵਿਕਰੀ ਲਈ ਲਿਆਂਦੀ ਜਾ ਰਹੀ ਈ-ਟੋਕਨ ਪ੍ਰਨਾਲੀ ਬੰਦ ਕਰਨਾ ਸ਼ਾਮਲ ਹਨ।ਇਸ ਤੋਂ ਇਲਾਵਾ ਖਾਦ, ਬੀਜ ਤੇ ਕੀੜੇਮਾਰ ਦਵਾਈਆਂ ਦੇ ਨਮੂਨੇ ਗ਼ੈਰ ਮਿਆਰੀ ਆਉਣ ਤੇ ਸਿਰਫ਼ ਉਤਪਾਦ ਬਣਾਉਣ ਵਾਲੀ ਕੰਪਨੀ ਉੱਪਰ ਹੀ ਕਾਨੂੰਨੀ ਕਾਰਵਾਈ ਕਰਨਾ ਤੇ ਡੀਲਰ ਨੂੰ ਸਿਰਫ਼ ਗਵਾਹ ਦੇ ਤੌਰ 'ਤੇ ਰੱਖਣਾ ਆਦਿ ਮੰਗਾਂ ਹਨ, ਜੋ ਕਾਨੂੰਨੀ ਤੌਰ 'ਤੇ ਵੀ ਜਾਇਜ਼ ਹਨ।ਸਰਕਾਰ ਪਾਸੋਂ ਇਨ੍ਹਾਂ ਮੰਗਾਂ ਨੂੰ ਮਨਵਾਉਣ ਲਈ ਬੰਦ ਦੀ ਕਾਲ ਦਿੱਤੀ ਗਈ ਸੀ, ਜਿਸ ਵਿੱਚ ਜ਼ਿਲ੍ਹਾ ਫ਼ਿਰੋਜ਼ਪੁਰ ਦੀਆਂ ਸਾਰੀਆਂ ਮੰਡੀਆਂ ਵਿੱਚੋਂ ਬਹੁਤ ਹੀ ਉਤਸ਼ਾਹ ਮਿਲਿਆ। ਐਸੋਸੀਏਸ਼ਨ ਆਗੂਆਂ ਨੇ ਸਮੂਹ ਡੀਲਰਾਂ ਨੂੰ ਅਪੀਲ ਕੀਤੀ ਹੈ ਕਿ ਇਸ ਦਿਨ ਆਪਣੀਆਂ ਦੁਕਾਨਾਂ ਬੰਦ ਰੱਖ ਕੇ ਇਸ ਬੰਦ ਨੂੰ ਮੁਕੰਮਲ ਤੌਰ 'ਤੇ ਕਾਮਯਾਬ ਕੀਤਾ ਗਿਆ।

## ਹਸਪਤਾਲ ਵਿੱਚ ਅਵਾਰਾ ਕੁੱਤਿਆਂ ਦੀ ਭਰਮਾਰ ਕਾਰਨ ਲੋਕ ਪ੍ਰੇਸ਼ਾਨ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪਟਿਆਲਾ ਦੇ ਸਰਕਾਰੀ ਰਜਿੰਦਰਾ ਹਸਪਤਾਲ ਵਿੱਚ ਹਾਲ ਹੀ ਵਿੱਚ ਇੱਕ ਗੰਭੀਰ ਅਤੇ ਚਿੰਤਾਜਨਕ ਮਾਮਲਾ ਸਾਹਮਣੇ ਆਇਆ ਹੈ।ਹਸਪਤਾਲ ਦੇ ਇਕ ਵਿਭਾਗ ਵਿੱਚ ਕੁਝ ਅਵਾਰਾ ਕੁੱਤੇ ਘੁੰਮਦੇ ਹੋਏ ਨਜ਼ਰ ਆਏ, ਜਿਸ ਕਾਰਨ ਉਥੇ ਮੌਜੂਦ ਮਰੀਜ਼ਾਂ ਅਤੇ ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਵਿੱਚ ਡਰ ਅਤੇ ਅਸੁਰੱਖਿਆ ਦਾ ਮਾਹੌਲ ਬਣ ਗਿਆ।ਖਾਸ ਗੱਲ ਇਹ ਰਹੀ ਕਿ ਇਹ ਕੁੱਤੇ ਉਸੇ ਰਸਤੇ 'ਤੇ ਆਜ਼ਾਦੀ ਨਾਲ ਫਿਰਦੇ ਦਿਖੇ ਜਿੱਥੋਂ ਮਰੀਜ਼ਾਂ ਦੀ ਆਵਾਜਾਈ ਰਹਿੰਦੀ ਹੈ।ਕਈ ਮਰੀਜ਼ ਉਨ੍ਹਾਂ ਦੇ ਕੋਲੋਂ ਲੰਘਦੇ ਹੋਏ ਵੀ ਨਜ਼ਰ ਆਏ, ਜੋ ਕਿ ਸਿਹਤ ਸੁਰੱਖਿਆ ਦੇ ਨਿਯਮਾਂ 'ਤੇ ਸਵਾਲ ਖੜੇ ਕਰਦਾ ਹੈ।ਹਸਪਤਾਲ ਵਰਗੇ ਸੰਵੇਦਨਸ਼ੀਲ ਸਥਾਨ 'ਤੇ ਇਸ ਤਰ੍ਹਾਂ ਦੀ ਲਾਪਰਵਾਹੀ ਕਦੇ ਵੀ ਬਰਦਾਸ਼ਤਯੋਗ ਨਹੀਂ ਹੋ ਸਕਦੀ।ਲੋਕਾਂ ਦਾ ਕਹਿਣਾ ਹੈ ਕਿ ਜਿੱਥੇ ਇਲਾਜ ਲਈ ਆਉਣ ਵਾਲੇ ਮਰੀਜ਼ਾਂ ਨੂੰ ਸੁਰੱਖਿਅਤ ਅਤੇ ਸਾਫ ਵਾਤਾਵਰਣ ਮਿਲਣਾ ਚਾਹੀਦਾ ਹੈ, ਉਥੇ ਕੁੱਤਿਆਂ ਦਾ ਘੁੰਮਣਾ ਬਹੁਤ ਹੀ ਨਿਰਾਸ਼ਾਜਨਕ ਹਨ।ਇਸ ਮਾਮਲੇ ਵਿੱਚ ਤੁਰੰਤ ਕਾਰਵਾਈ ਕਰਨੀ ਲਾਜ਼ਮੀ ਹੈ।

## ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਰਾਮਦਾਸ ਨਗਰ ਸਰਹਿੰਦ ਤੋਂ ਬੱਸ ਰਵਾਨਾ



**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਫ਼ਤਹਿਗੜ੍ਹ ਵਿਧਾਨ ਸਭਾ ਹਲਕੇ ਦੇ ਵਿਧਾਇਕ ਐਡਵੋਕੇਟ ਲਖਵੀਰ ਸਿੰਘ ਰਾਏ ਵੱਲੋਂ ਮੰਗਲਵਾਰ ਨੂੰ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਦੇ ਤਹਿਤ ਰਾਮਦਾਸ ਨਗਰ ਸਰਹਿੰਦ ਤੋਂ ਸ਼ਰਧਾਲੂਆਂ ਨਾਲ ਭਰੀ ਬੱਸ ਨੂੰ ਹਰੀ ਝੰਡੀ ਦੇ ਕੇ ਰਵਾਨਾ ਕੀਤਾ ਗਿਆ।ਇਸ ਮੌਕੇ ਵਿਧਾਇਕ ਰਾਏ ਨੇ ਸ਼ਰਧਾਲੂਆਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਇਹ ਤੀਰਥ ਯਾਤਰਾ ਸ਼ਰਧਾ ਅਤੇ ਆਤਮਿਕ ਸ਼ਾਂਤੀ ਦੇ ਨਾਲ-ਨਾਲ ਆਪਸੀ ਭਾਈਚਾਰੇ ਨੂੰ ਮਜ਼ਬੂਤ ਕਰਨ ਦਾ ਵੀ ਇਕ ਮਹੱਤਵਪੂਰਨ ਮਾਧਿਅਮ ਹੈ। ਉਨ੍ਹਾਂ ਸ਼ਰਧਾਲੂਆਂ ਦੀ ਸੁਖਮਈ ਯਾਤਰਾ ਲਈ ਅਰਦਾਸ ਕਰਦਿਆਂ ਕਿਹਾ ਕਿ ਪਰਮਾਤਮਾ ਉਹਨਾਂ ਦੀ ਹਰ ਮਨੋਕਾਮਨਾ ਪੂਰੀ ਕਰੇ ਅਤੇ ਉਹਨਾਂ ਨੂੰ ਹਮੇਸ਼ਾ ਚੜ੍ਹਦੀ ਕਲਾ ਵਿੱਚ ਰੱਖੇ।ਉਨ੍ਹਾਂ ਕਿਹਾ ਕਿ ਤਿੰਨ ਦਿਨ ਅਤੇ ਦੋ ਰਾਤਾਂ ਦੀ ਇਸ ਯਾਤਰਾ ਦੌਰਾਨ ਸ਼ਰਧਾਲੂ ਇੱਕ ਦੂਜੇ ਨਾਲ ਸਮਾਂ ਬਤੀਤ ਕਰਦੇ ਹੋਏ ਪਰਿਵਾਰਕ ਰਿਸ਼ਤਿਆਂ ਵਾਂਗ ਜੋੜੇ ਜਾਂਦੇ ਹਨ, ਜਿਸ ਨਾਲ ਸਮਾਜ ਵਿੱਚ ਪਿਆਰ ਅਤੇ ਸਾਂਝ ਨੂੰ ਵਧਾਵਾ ਮਿਲਦਾ ਹੈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸਵਾਮੀ ਰਣਜੀਤ ਸਿੰਘ ਵੈਦ, ਜੇ ਈ ਧਰਮ ਸਿੰਘ, ਰਿਟਾਇਰਡ ਐਸਡੀਓ ਜਗਪਾਲ ਸਿੰਘ, ਰਿਟਾਇਰਡ ਐਸਡੀਓ ਬਲਦੇਵ ਸਿੰਘ, ਮਹਿੰਦਰ ਸਿੰਘ, ਗੁਰਮੇਲ ਸਿੰਘ, ਸਿਮਰਨਜੀਤ ਸਿੰਘ, ਬੀਬੀ ਮਨਜੀਤ ਕੌਰ, ਗੁਰਮੇਲ ਕੌਰ, ਚਰਨਜੀਤ ਕੌਰ, ਕਰਮਜੀਤ ਕੌਰ, ਜਸਪਾਲ ਕੌਰ, ਜਸਪਾਲ ਸਿੰਘ, ਸਤੀਸ਼ ਲਟੌਰ, ਬਹਾਦਰ ਜਲਾਲ, ਬਲਜਿੰਦਰ ਸਿੰਘ ਆਦਿ ਵੀ ਹਾਜ਼ਰ ਸਨ।

## ਪੰਚਾਇਤਾਂ ਨੂੰ ਵੱਧ ਅਧਿਕਾਰ ਦੇਣਾ ਕਾਂਗਰਸ ਦੀ ਵੱਡੀ ਦੇਣ : ਗੌਰਵ ਸੰਧੂ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪੰਜਾਬ ਕਾਂਗਰਸ ਵੱਲੋਂ ਚੰਡੀਗੜ੍ਹ ਵਿੱਚ ਮਨਾਏ ਗਏ ਰਾਜ ਪੱਧਰੀ ਪੰਚਾਇਤ ਦਿਵਸ ਸਮਾਗਮ ਦੌਰਾਨ ਹਲਕਾ ਸਨੌਰ ਤੋਂ ਵੀ ਉਤਸ਼ਾਹਪੂਰਣ ਹਿਸੇਦਾਰੀ ਵੇਖਣ ਨੂੰ ਮਿਲੀ। ਕਾਂਗਰਸ ਦੇ ਰਾਜੀਵ ਗਾਂਧੀ ਪੰਚਾਇਤੀ ਰਾਜ ਸੰਗਠਨ ਦੇ ਪ੍ਰਦੇਸ਼ ਉਪ ਪ੍ਰਧਾਨ ਗੌਰਵ ਸੰਧੂ ਦੀ ਅਗਵਾਈ ਹੇਠ ਸਰਪੰਚਾਂ, ਪੰਚਾਂ, ਸਾਬਕਾ ਨੁਮਾਇੰਦਿਆਂ ਅਤੇ ਬਲਾਕ ਕਮੇਟੀ ਮੈਂਬਰਾਂ ਦਾ ਵੱਡਾ ਜਥਾ ਚੰਡੀਗੜ੍ਹ ਪਹੁੰਚਿਆ। ਗੌਰਵ ਸੰਧੂ ਨੇ ਕਿਹਾ ਕਿ ਦੇਸ਼ ਵਿੱਚ ਪੰਚਾਇਤੀ ਰਾਜ ਪ੍ਰਣਾਲੀ ਨੂੰ ਮਜ਼ਬੂਤ ਕਰਨ ਵਿੱਚ ਸਾਬਕਾ ਪ੍ਰਧਾਨ ਮੰਤਰੀ ਰਾਜੀਵ ਗਾਂਧੀ ਦਾ ਅਹਿਮ ਯੋਗਦਾਨ ਰਿਹਾ ਹੈ। ਉਨ੍ਹਾਂ ਦੱਸਿਆ ਕਿ ਰਾਜੀਵ ਗਾਂਧੀ ਵੱਲੋਂ ਲੋਕ ਸਭਾ ਵਿੱਚ ਪੰਚਾਇਤਾਂ ਨੂੰ ਵਧੇਰੇ ਅਧਿਕਾਰ ਦੇਣ ਲਈ ਬਿੱਲ ਪੇਸ਼ ਕੀਤਾ ਗਿਆ ਸੀ, ਜੋ ਉਸ ਸਮੇਂ ਪਾਸ ਨਹੀਂ ਹੋ ਸਕਿਆ। ਬਾਅਦ ਵਿੱਚ ਪ੍ਰਧਾਨ ਮੰਤਰੀ ਪੀ.ਵੀ. ਨਰਸਿੰਹ ਰਾਓ ਦੀ ਅਗਵਾਈ ਵਿੱਚ ਇਸ ਬਿੱਲ ਨੂੰ ਸੰਸਦ ਵੱਲੋਂ ਮਨਜ਼ੂਰੀ ਮਿਲੀ, ਜਿਸ ਨਾਲ ਪੰਚਾਇਤੀ ਰਾਜ ਪ੍ਰਣਾਲੀ ਨੂੰ ਨਵੀਂ ਦਿਸ਼ਾ ਮਿਲੀ। ਉਨ੍ਹਾਂ ਨੇ ਭਾਜਪਾ ਅਤੇ ਆਮ ਆਦਮੀ ਪਾਰਟੀ 'ਤੇ ਨਿਸ਼ਾਨਾ ਸਾਧਦਿਆਂ ਕਿਹਾ ਕਿ ਦੋਵਾਂ ਪਾਰਟੀਆਂ ਰਾਜਾਂ ਦੇ ਅਧਿਕਾਰਾਂ ਨੂੰ ਕਮਜ਼ੋਰ ਕਰ ਰਹੀਆਂ ਹਨ। ਇਸ ਮੌਕੇ ਸੁਖਵਿੰਦਰ ਕੌਰ ਦਿਓਲ (ਬਲਾਕ ਪ੍ਰਧਾਨ), ਚਰਨਜੀਤ ਕੌਰ, ਸ਼ਮੋ ਦੇਵੀ, ਜਗਜੀਤ ਕੌਰ, ਹਰਬੰਸ ਕੌਰ, ਦੀਪ ਚੰਦ (ਸਰਪੰਚ), ਨਿਰਮਲ ਸਿੰਘ, ਗੁਰਸੇਵਕ ਸਿੰਘ, ਭੁਪਿੰਦਰ ਸਿੰਘ, ਸੁਖਵਿੰਦਰ ਸਿੰਘ ਸੁੱਖੀ, ਦਲਜੀਤ ਸਿੰਘ, ਨਵਦੀਪ ਵਿਰਕ, ਜਗਜੀਤ ਸਿੰਘ ਰਠਿਆ, ਜਸਵਿੰਦਰ ਸਿੰਘ ਭਾਂਖਰ, ਜੁਗਰਾਜ ਸਿੰਘ, ਰਣਧੀਰ ਗਿੱਲ, ਸਤਵਿੰਦਰ ਸਿੰਘ, ਭੋਲਾ ਸਰਪੰਚ, ਪਿੰਦਰ ਸਰਪੰਚ, ਸਿਮਰਜੀਤ ਸਿੰਘ, ਗੁਰਮੀਤ ਸਿੰਘ ਫੌਜੀ, ਹਰਪ੍ਰੀਤ ਸਿੰਘ ਅਤੇ ਗੁਰਪਾਲ ਸਿੰਘ ਸਮੇਤ ਕਾਂਗਰਸ ਦੇ ਕਈ ਆਗੂ ਅਤੇ ਵਰਕਰ ਮੌਜੂਦ ਰਹੇ।

## ਪ੍ਰਿੰਸੀਪਲ ਗੁਰਬਖਸ਼ ਸਿੰਘ ਦੀ ਸੇਵਾ ਮੁਕਤੀ ਭਲਕੇ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਸਿੱਖਿਆ ਵਿਭਾਗ ਪੰਜਾਬ ਵਿੱਚੋਂ ਸੇਵਾ ਮੁਕਤ ਹੋ ਰਹੇ ਇੰਚਾਰਜ ਪ੍ਰਿੰਸੀਪਲ ਗੁਰਬਖਸ਼ ਸਿੰਘ ਲੈਕਚਰਾਰ ਪੋਲੀਟੀਕਲ ਸਾਇੰਸ ਦਾ ਜਨਮ 2 ਅਪ੍ਰੈਲ 1968 ਨੂੰ ਪਿਤਾ ਨਛੱਤਰ ਸਿੰਘ ਅਤੇ ਮਾਤਾ ਹਰਬੰਸ ਕੌਰ ਦੇ ਘਰ ਹੋਇਆ।ਇਹਨਾਂ ਨੂੰ ਅਧਿਆਪਨ ਕਿੱਤੇ ਦੀ ਗੁੜਤੀ ਵਿਰਾਸਤ ਵਿੱਚ ਹੀ ਮਿਲੀ ਸੀ।ਇਹਨਾਂ ਦੇ ਪਿਤਾ ਜੀ ਸਿੱਖਿਆ ਵਿਭਾਗ ਵਿੱਚ ਅਧਿਆਪਕ ਰਹੇ ਹਨ।2001 ਵਿੱਚ ਅਧਿਆਪਕ ਭਰਤੀ ਅਧੀਨ ਸਿਲੈਕਸ਼ਨ ਹੋਣ ਉਪਰੰਤ ਇਹਨਾਂ ਨੇ 26-12-2001 ਨੂੰ ਬਤੌਰ ਸਾਇੰਸ ਮਾਸਟਰ ਆਪਣੀ ਅਧਿਆਪਨ ਸੇਵਾ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, (ਪੀ.ਐਸ.ਜੀ.) ਘੰਡਾਬੰਨਾ ਬਠਿੰਡਾ ਤੋਂ ਸ਼ੁਰੂ ਕੀਤੀ। ਇਸ ਦੌਰਾਨ 24-10-2024 ਨੂੰ ਬਤੌਰ ਲੈਕਚਰਾਰ ਪੋਲੀਟੀਕਲ ਸਾਇੰਸ ਪਦਉਨੱਤ ਹੋਣ ਉਪਰੰਤ ਸ ਸ ਸ ਸ ਫੂਲ ਟਾਊਨ (ਲੜਕੇ) ਬਠਿੰਡਾ ਵਿਖੇ ਜੁਆਇੰਨ ਕੀਤਾ।ਇਸ ਸਮੇਂ ਸ ਸ ਸ ਸ ਫੂਲ ਟਾਊਨ ਵਿਖੇ ਬਤੌਰ ਇੰਚਾਰਜ ਪ੍ਰਿੰਸੀਪਲ ਸੇਵਾ ਨਿਭਾ ਰਹੇ ਹਨ।ਇਨਸਾਫ ਪਸੰਦ, ਮਿਹਨਤੀ ਅਤੇ ਨੇਕ ਸੁਭਾਅ ਦੇ ਮਾਲਕ ਇੰਚਾਰਜ ਪ੍ਰਿੰਸੀਪਲ ਗੁਰਬਖਸ਼ ਸਿੰਘ ਆਪਣੀ 24 ਸਾਲ 04 ਮਹੀਨੇ 06 ਦਿਨ ਦੀ ਬੇਦਾਗ ਸੇਵਾ ਪੂਰੀ ਕਰਨ ਉਪਰੰਤ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਫੂਲ ਟਾਊਨ ਤੋਂ 30 ਅਪ੍ਰੈਲ 2026 ਨੂੰ ਸੇਵਾ ਮੁਕਤ ਹੋ ਰਹ ਹਨ। ਸਕੂਲ ਸਟਾਫ, ਸਕੂਲ ਪ੍ਰਬੰਧਕ ਕਮੇਟੀ ਅਤੇ ਨਗਰ ਨਿਵਾਸੀਆਂ ਵੱਲੋਂ ਇਹਨਾਂ ਨੂੰ 30 ਅਪ੍ਰੈਲ ਨੂੰ ਨਿੱਘੀ ਵਿਦਾਇਗੀ ਪਾਰਟੀ ਦਿੱਤੀ ਜਾ ਰਹੀ ਹੈ।

## ਕਿਸਾਨਾਂ ਦੀ ਭਲਾਈ ਲਈ ਸਰਕਾਰ ਵਚਨਬੱਧ : ਇੰਦਰਜੀਤ ਸਿੰਘ ਸੰਧੂ



**ਸਨੌਰ/ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਅਨਾਜ ਮੰਡੀ ਸਨੌਰ ਵਿੱਚ ਹਲਕਾ ਸਨੌਰ ਦੇ ਸੀਨੀਅਰ ਆਮ ਆਦਮੀ ਪਾਰਟੀ (ਆਪ) ਆਗੂ ਇੰਦਰਜੀਤ ਸਿੰਘ ਸੰਧੂ ਵੱਲੋਂ ਆਪਣੇ ਸਾਥੀਆਂ ਸਮੇਤ ਦੌਰਾ ਕੀਤਾ ਗਿਆ।ਇਸ ਦੌਰੇ ਦੌਰਾਨ ਉਨ੍ਹਾਂ ਨੇ ਮੰਡੀ ਵਿੱਚ ਮੌਜੂਦ ਕਿਸਾਨਾਂ ਅਤੇ ਆੜ੍ਹਤੀਆਂ ਨਾਲ ਰੂਬਰੂ ਹੋ ਕੇ ਉਨ੍ਹਾਂ ਦੀਆਂ ਸਮੱਸਿਆਵਾਂ ਅਤੇ ਤਜਰਬਿਆਂ ਬਾਰੇ ਵਿਸਥਾਰ ਨਾਲ ਗੱਲਬਾਤ ਕੀਤੀ।ਇੰਦਰਜੀਤ ਸਿੰਘ ਸੰਧੂ ਨੇ ਕਿਹਾ ਕਿ ਪੰਜਾਬ ਸਰਕਾਰ ਕਿਸਾਨਾਂ ਦੀ ਭਲਾਈ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਅਤੇ ਮੰਡੀਆਂ ਵਿੱਚ ਹਰ ਕਿਸਮ ਦੀ ਸੁਵਿਧਾ ਯਕੀਨੀ ਬਣਾਉਣ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਹਨ।ਉਨ੍ਹਾਂ ਦੱਸਿਆ ਕਿ ਸਰਕਾਰ ਦਾ ਮੁੱਖ ਮਕਸਦ ਕਿਸਾਨਾਂ ਨੂੰ ਕਿਸੇ ਵੀ ਤਰ੍ਹਾਂ ਦੀ ਪਰੇਸ਼ਾਨੀ ਤੋਂ ਬਚਾਉਣਾ ਅਤੇ ਉਨ੍ਹਾਂ ਦੀ ਫਸਲ ਦੀ ਖਰੀਦ ਪ੍ਰਕਿਰਿਆ ਨੂੰ ਸੁਚੱਜੇ ਢੰਗ ਨਾਲ ਚਲਾਉਣਾ ਹੈ। ਮੌਕੇ 'ਤੇ ਮੌਜੂਦ ਕਿਸਾਨਾਂ ਅਤੇ ਆੜ੍ਹਤੀਆਂ ਨੇ ਵੀ ਆਪਣੇ ਵਿਚਾਰ ਸਾਂਝੇ ਕਰਦਿਆਂ ਕਿਹਾ ਕਿ ਇਸ ਵਾਰ ਮੰਡੀ ਵਿੱਚ ਪ੍ਰਬੰਧ ਕਾਫੀ ਵਧੀਆ ਹਨ ਅਤੇ ਉਨ੍ਹਾਂ ਨੂੰ ਕਿਸੇ ਵੀ ਕਿਸਮ ਦੀ ਵੱਡੀ ਦਿੱਕਤ ਦਾ ਸਾਹਮਣਾ ਨਹੀਂ ਕਰਨਾ ਪੈ ਰਿਹਾ।

## ਪ੍ਰਸ਼ਾਸਨ ਤੇ ਪੁਲਸ ਦੇ ਸਾਂਝੇ ਆਪ੍ਰੇਸ਼ਨ 'ਚ ਨਸ਼ਾ ਤਸਕਰ ਦਾ ਘਰ ਢਹਿ-ਢੇਰੀ

ਅੰਮ੍ਰਿਤਸਰ (ਵਿਜੇ ਸ਼ਰਮਾ)-ਅੰਮ੍ਰਿਤਸਰ ਦੇ ਥਾਣਾ ਮਕਬੂਲਪੁਰਾ ਇਲਾਕੇ ਵਿੱਚ ਨਸ਼ਾ ਤਸਕਰੀ ਨਾਲ ਜੁੜੇ ਇੱਕ ਮਸ਼ਹੂਰ ਪਰਿਵਾਰ ਦੇ ਘਰ ਨੂੰ ਢਹਾ ਕੇ ਪੁਲਸ ਅਤੇ ਪ੍ਰਸ਼ਾਸਨ ਵੱਲੋਂ ਵੱਡੀ ਕਾਰਵਾਈ ਕੀਤੀ ਗਈ।ਇਸ ਦੌਰਾਨ ਪੁਲਸ ਕਮਿਸ਼ਨਰ ਗੁਰਪ੍ਰੀਤ ਸਿੰਘ ਭੁੱਲਰ ਨੇ ਮੀਡੀਆ ਨਾਲ ਗੱਲਬਾਤ ਕਰਦੇ ਹੋਏ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ 'ਤੇ ਚੱਲ ਰਹੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਇਹ ਸਖ਼ਤ ਕਦਮ ਚੁੱਕਿਆ ਗਿਆ ਹੈ।ਕਮਿਸ਼ਨਰ ਨੇ ਦੱਸਿਆ ਕਿ ਜਿਸ ਪਰਿਵਾਰ ਦਾ ਘਰ ਢਾਹਿਆ ਗਿਆ ਹੈ, ਉਹ ਕਾਫ਼ੀ ਸਮੇਂ ਤੋਂ ਨਸ਼ਾ ਤਸਕਰੀ ਵਿੱਚ ਸ਼ਾਮਲ ਰਿਹਾ ਹੈ।ਮੁੱਖ ਦੋਸ਼ੀ ਸੁਰਿੰਦਰ ਕੌਰ ਜੋ ਲਗਭਗ 66 ਸਾਲ ਦੀ ਹੈ, ਖ਼ਿਲਾਫ਼ ਹੁਣ ਤੱਕ 11 ਐੱਫਆਈਆਰ ਦਰਜ ਹਨ ਅਤੇ ਉਹ ਕਈ ਵਾਰ ਗ੍ਰਿਫ਼ਤਾਰ ਵੀ ਹੋ ਚੁੱਕੀ ਹੈ।ਉਸਨੂੰ ਪਹਿਲਾਂ ਹੀ 10 ਸਾਲ ਦੀ ਸਜ਼ਾ ਹੋ ਚੁੱਕੀ ਹੈ।ਉਸਦੇ ਪਰਿਵਾਰ ਦੇ ਹੋਰ ਮੈਂਬਰ ਵੀ ਵੱਖ-ਵੱਖ ਮਾਮਲਿਆਂ 'ਚ ਜੇਲ੍ਹ ਵਿੱਚ ਬੰਦ ਹਨ, ਜਿਸ ਨਾਲ ਇਸ ਗੱਲ ਦਾ ਪਤਾ ਲੱਗਦਾ ਹੈ ਕਿ ਇਹ ਇੱਕ ਪੂਰਾ ਨੈੱਟਵਰਕ ਸੀ।ਪੁਲਸ ਕਮਿਸ਼ਨਰ ਨੇ ਕਿਹਾ ਕਿ ਅੰਮ੍ਰਿਤਸਰ ਕਮਿਸ਼ਨਰੇਟ ਵਿੱਚ ਨਸ਼ਿਆਂ ਦੇ ਖ਼ਿਲਾਫ਼ ਵੱਡੇ ਪੱਧਰ 'ਤੇ ਕਾਰਵਾਈ ਕੀਤੀ ਜਾ ਰਹੀ ਹੈ।ਸਾਲ 2026 ਵਿੱਚ ਹੁਣ ਤੱਕ 634 ਐਨਡੀਪੀਐਸ ਕੇਸ ਦਰਜ ਹੋ ਚੁੱਕੇ ਹਨ ਅਤੇ 81 ਵੱਡੇ ਸਮੱਗਲਰ ਗ੍ਰਿਫ਼ਤਾਰ ਕੀਤੇ ਗਏ ਹਨ।ਇਸ ਦੌਰਾਨ 40 ਕਿਲੋ ਤੋਂ ਵੱਧ ਹੈਰੋਇਨ ਅਤੇ ਹੋਰ ਨਸ਼ੀਲੇ ਪਦਾਰਥ ਬਰਾਮਦ ਕੀਤੇ ਗਏ ਹਨ।ਇਸ ਤੋਂ ਇਲਾਵਾ ਡਰੱਗ ਮਨੀ, ਵਾਹਨ ਅਤੇ ਹੋਰ ਸਬੂਤ ਵੀ ਜ਼ਬਤ ਕੀਤੇ ਗਏ ਹਨ।ਉਨ੍ਹਾਂ ਇਹ ਵੀ ਕਿਹਾ ਕਿ ਪਾਕਿਸਤਾਨ ਵੱਲੋਂ ਡਰੋਨ ਰਾਹੀਂ ਨਸ਼ਾ ਭੇਜਣਾ ਵੱਡੀ ਚੁਣੌਤੀ ਹੈ, ਪਰ ਪੁਲਸ ਵੱਲੋਂ ਇਸ 'ਤੇ ਲਗਾਤਾਰ ਨਿਗਰਾਨੀ ਕੀਤੀ ਜਾ ਰਹੀ ਹੈ।ਨਾਲ ਹੀ ਨਸ਼ਾ ਛੱਡਣ ਲਈ ਲੋਕਾਂ ਨੂੰ ਪ੍ਰੇਰਿਤ ਕੀਤਾ ਜਾ ਰਿਹਾ ਹੈ ਅਤੇ ਹਜ਼ਾਰਾਂ ਨਸ਼ਾ ਪੀੜਤਾਂ ਨੂੰ ਡੀ-ਐਡਿਕਸ਼ਨ ਸੈਂਟਰਾਂ ਵਿੱਚ ਦਾਖਲ ਕਰਵਾਇਆ ਗਿਆ ਹੈ।

ਉਨ੍ਹਾਂ ਸਪਸ਼ਟ ਸੰਦੇਸ਼ ਦਿੱਤਾ ਕਿ ਨਸ਼ਾ ਤਸਕਰੀ ਕਰਨ ਵਾਲਿਆਂ ਨੂੰ ਕਿਸੇ ਵੀ ਕੀਮਤ 'ਤੇ ਬਖ਼ਸ਼ਿਆ ਨਹੀਂ ਜਾਵੇਗਾ।ਉਨ੍ਹਾਂ ਕਿਹਾ ਕਿ ਕਾਨੂੰਨ ਦੇ ਹੱਥ ਬਹੁਤ ਲੰਮੇ ਹਨ ਅਤੇ ਜੋ ਵੀ ਇਸ ਗੈਰ-ਕਾਨੂੰਨੀ ਧੰਦੇ ਵਿੱਚ ਸ਼ਾਮਲ ਹੋਵੇਗਾ, ਉਸ ਤੇ ਸਖ਼ਤ ਕਾਰਵਾਈ ਜਾਰੀ ਰਹੇਗੀ।ਨਾਲ ਹੀ ਲੋਕਾਂ ਨੂੰ ਅਪੀਲ ਕੀਤੀ ਗਈ ਕਿ ਉਹ ਪੁਲਸ ਦਾ ਸਹਿਯੋਗ ਕਰਨ ਤਾਂ ਜੋ ਸਮਾਜ ਨੂੰ ਨਸ਼ਿਆਂ ਤੋਂ ਮੁਕਤ ਕੀਤਾ ਜਾ ਸਕੇ।

## ਮਰਦਮਸ਼ੁਮਾਰੀ ਡਿਊਟੀਆਂ ਵਿਰੁੱਧ ਅਧਿਆਪਕਾਂ ਵੱਲੋਂ ਹੱਲਾ-ਬੋਲ ਰੋਸ ਪ੍ਰਦਰਸ਼ਨ



ਧਾਰੀਵਾਲ (ਮਨਦੀਪ ਵਿੱਕੀ)-ਧਾਰੀਵਾਲ ਵਿਖੇ ਮਰਦਮਸ਼ੁਮਾਰੀ ਦੀ ਰਿਹਸਲ ਦੌਰਾਨ ਅਧਿਆਪਕਾਂ ਦਾ ਗੁੱਸਾ ਜ਼ਿਲ੍ਹਾ ਪ੍ਰਸ਼ਾਸਨ ਦੀਆਂ ਕਥਿਤ ਮਨਮਾਨੀਆਂ ਵਿਰੁੱਧ ਫੁੱਟ ਪਿਆ।ਅਧਿਆਪਕ ਆਗੂਆਂ ਨੇ ਸਪੱਸ਼ਟ ਕੀਤਾ ਕਿ ਜੇਕਰ ਉਨ੍ਹਾਂ ਦੀਆਂ ਜਾਇਜ਼ ਮੰਗਾਂ ਵੱਲ ਤੁਰੰਤ ਧਿਆਨ ਨਾ ਦਿੱਤਾ ਗਿਆ ਤਾਂ ਆਉਣ ਵਾਲੇ ਦਿਨਾਂ ਵਿੱਚ ਜ਼ਿਲ੍ਹਾ ਪੱਧਰ 'ਤੇ ਤਿੱਖਾ ਸੰਘਰਸ਼ ਵਿੱਢਿਆ ਜਾਵੇਗਾ।

ਅਧਿਆਪਕ ਆਗੂਆਂ ਕੁਲਦੀਪ ਸਿੰਘ ਪੁਰੋਵਾਲ, ਵਿਜੈ ਲੂਣਾ, ਸਤਿੰਦਰਜੀਤ, ਬਲਦੇਵ ਰਾਜ, ਅਤੇ ਹੋਰਨਾਂ ਨੇ ਪ੍ਰੈੱਸ ਨੂੰ ਜਾਣਕਾਰੀ ਦਿੰਦੇ ਹੋਏ ਪ੍ਰਸ਼ਾਸਨ ਨੂੰ ਕਟਹਿਰੇ ਵਿੱਚ ਖੜ੍ਹਾ ਕੀਤਾ।ਉਨ੍ਹਾਂ ਦੇ ਮੁੱਖ ਦੋਸ਼ ਲਗਾਇਆ ਕਿ ਮਰਦਮਸ਼ੁਮਾਰੀ ਲਈ ਸਿਰਫ਼ ਸਿੱਖਿਆ ਵਿਭਾਗ ਦੇ ਮੁਲਾਜ਼ਮਾਂ ਨੂੰ ਹੀ ਨਿਸ਼ਾਨਾ ਬਣਾਇਆ ਜਾ ਰਿਹਾ ਹੈ, ਜਦਕਿ ਦੂਜੇ ਵਿਭਾਗਾਂ ਨੂੰ ਪੂਰੀ ਤਰ੍ਹਾਂ ਛੋਟ ਦਿੱਤੀ ਗਈ ਹੈ। ਆਗੂਆਂ ਨੇ ਦਾਅਵਾ ਕੀਤਾ ਕਿ ਉਨ੍ਹਾਂ ਕੋਲ ਪੁਖ਼ਤਾ ਸਬੂਤ ਹਨ ਕਿ ਰਸੂਖਦਾਰ ਸਥਾਨਕ ਅਧਿਆਪਕਾਂ ਦੀਆਂ ਡਿਊਟੀਆਂ ਅਧਿਕਾਰੀਆਂ ਨਾਲ ਮਿਲੀਭੁਗਤ ਕਰਕੇ ਕੱਟ ਦਿੱਤੀਆਂ ਗਈਆਂ ਹਨ।ਧਾਰੀਵਾਲ ਦੇ ਅਧਿਆਪਕਾਂ ਨੂੰ ਗੁਰਦਾਸਪੁਰ/ਕਾਹਨੂੰਵਾਨ /ਬਟਾਲਾ ਦੇ ਸਟਾਫ਼ ਨੂੰ ਇੱਥੇ ਭੇਜ ਕੇ ਬਿਨਾਂ ਵਜ੍ਹਾ ਖੱਜਲ-ਖੁਆਰ ਕੀਤਾ ਜਾ ਰਿਹਾ ਹੈ। ਅਧਿਆਪਕਾਂ ਨੇ ਚਿੰਤਾ ਪ੍ਰਗਟਾਈ ਕਿ ਕਈ ਸਕੂਲਾਂ ਵਿੱਚ 80% ਤੋਂ ਵੱਧ ਸਟਾਫ਼ ਦੀ ਡਿਊਟੀ ਲਗਾ ਦਿੱਤੀ ਗਈ ਹੈ, ਜਿਸ ਕਾਰਨ ਸਕੂਲ ਖਾਲੀ ਹੋ ਗਏ ਹਨ ਅਤੇ ਬੱਚਿਆਂ ਦਾ ਭਵਿੱਖ ਦਾਅ ਤੇ ਲੱਗ ਗਿਆ ਹੈ।ਅਧਿਆਪਕ ਜਥੇਬੰਦੀਆਂ ਨੇ ਪ੍ਰਸ਼ਾਸਨ ਤੋਂ ਮੰਗ ਕੀਤੀ ਹੈ ਕਿ ਵਿਦਿਆਰਥੀਆਂ ਦੀ ਪੜ੍ਹਾਈ ਦੇ ਹਿੱਤ ਵਿੱਚ ਸਕੂਲਾਂ ਦੇ ਅੱਧੇ ਸਟਾਫ਼ ਨੂੰ ਤੁਰੰਤ ਡਿਊਟੀ ਤੋਂ ਫਾਰਗ ਕੀਤਾ ਜਾਵੇ।ਡਿਊਟੀਆਂ ਅਧਿਆਪਕਾਂ ਦੀ ਰਿਹਾਇਸ਼ ਜਾਂ ਉਨ੍ਹਾਂ ਦੇ ਮੌਜੂਦਾ ਡਿਊਟੀ ਸਥਾਨ ਤੇ ਲਗਾਈਆਂ ਜਾਣ।ਸਰਕਾਰ ਅਧਿਆਪਕਾਂ ਨੂੰ ਆਪਣੇ ਨਿੱਜੀ ਫ਼ੋਨ ਵਰਤਣ ਲਈ ਮਜਬੂਰ ਨਾ ਕਰੇ, ਸਗੋਂ ਸਰਕਾਰੀ ਟੈਬ ਜਾਂ ਫ਼ੋਨ ਮੁਹੱਈਆ ਕਰਵਾਏ ਜਾਣ।ਕਪਲ ਕੇਸ, ਵਿਧਵਾਵਾਂ ਅਤੇ ਗੰਭੀਰ ਬਿਮਾਰੀਆਂ ਤੋਂ ਪੀੜਤ ਅਧਿਆਪਕਾਂ ਨੂੰ ਡਿਊਟੀ ਤੋਂ ਤੁਰੰਤ ਰਾਹਤ ਦਿੱਤੀ ਜਾਵੇ।ਡਿਊਟੀ ਦੌਰਾਨ ਅਧਿਆਪਕਾਂ ਦੀ ਸੁਰੱਖਿਆ ਲਈ ਬੀਮਾ ਕਵਰ ਯਕੀਨੀ ਬਣਾਇਆ ਜਾਵੇ।ਅਧਿਆਪਕਾਂ ਨੇ ਪ੍ਰਸ਼ਾਸਨ ਵਿਰੁੱਧ ਜ਼ੋਰਦਾਰ ਨਾਅਰੇਬਾਜ਼ੀ ਕਰਦਿਆਂ ਕਿਹਾ ਕਿ ਪਹਿਲਾਂ ਵੀ ਲਿਖਤੀ ਮੰਗ ਪੱਤਰ ਦਿੱਤਾ ਗਿਆ ਸੀ, ਪਰ ਕੋਈ ਸੁਣਵਾਈ ਨਹੀਂ ਹੋਈ।ਜੇਕਰ ਅਗਲੇ ਹਫ਼ਤੇ ਤੱਕ ਇਨ੍ਹਾਂ ਮੰਗਾਂ ਤੇ ਅਮਲ ਨਾ ਹੋਇਆ ਤਾਂ ਜ਼ਿਲ੍ਹਾ ਪੱਧਰੀ ਰੋਸ ਪ੍ਰਦਰਸ਼ਨ ਕੀਤਾ ਜਾਵੇਗਾ ਜਿਸ ਦੀ ਜ਼ਿੰਮੇਵਾਰੀ ਪ੍ਰਸ਼ਾਸਨ ਦੀ ਹੋਵੇਗੀ।ਇਸ ਮੌਕੇ ਬਿਕਵਿੰਦਰ ਕੌਰ, ਅਮਨਜੋਤ, ਸੁਰਿੰਦਰ ਪਾਲ ਕੌਰ, ਪਰਮਜੀਤ ਕੌਰ, ਵਿਕਾਸ ਮਹਾਜਨ, ਸੀਮਾ, ਕੁਲਬੀਰ ਸਿੰਘ, ਸਤਵਿੰਦਰ ਕੌਰ, ਰਜਵੰਤ ਕੌਰ, ਅਮਿਜੋਤ, ਦਲਜਿੰਦਰ ਕੌਰ, ਸਲਵਿੰਦਰ ਕੌਰ, ਨੀਤੀ, ਰਣਜੀਤ ਕੌਰ, ਅੰਜੂ ਬਾਲਾ, ਸ਼ੀਲਾ ਦੇਵੀ, ਸਰਬਦਾ, ਮੀਨੂ ਸੂਦ ਆਦਿ ਹਾਜ਼ਰ ਸਨ।

## ਟੈਕਨੀਕਲ ਸਰਵਿਸਿਜ਼ ਯੂਨੀਅਨ ਪੰਜਾਬ ਅੱਜ ਸਾਥੀ ਐੱਨ. ਕੇ. ਜੀਤ ਦੇ ਸ਼ਰਧਾਂਜਲੀ ਸਮਾਗਮ 'ਚ ਹੋਵੇਗੀ ਸ਼ਾਮਲ



ਚੇਤਨਪੁਰਾ (ਸੁਖਵੰਤ ਚੇਤਨਪੁਰੀ)-ਟੈਕਨੀਕਲ ਸਰਵਿਸਿਜ਼ ਯੂਨੀਅਨ ਰਜਿ. ਸਬ ਅਰਬਨ ਸਰਕਲ ਅੰਮ੍ਰਿਤਸਰ ਦੀ ਮੀਟਿੰਗ ਮਲਕੀਅਤ ਸਿੰਘ ਸੰਸਰਾ ਦੀ ਪ੍ਰਧਾਨਗੀ ਹੇਠ ਕੀਤੀ ਗਈ।ਮੀਟਿੰਗ ਵਿੱਚ 2 ਮਿੰਟ ਦਾ ਮੌਨ ਰੱਖ ਕੇ ਇਨਕਲਾਬੀ ਜਮਹੂਰੀ ਲਹਿਰ ਦੇ ਸਾਥੀ ਐੱਨ. ਕੇ. ਜੀਤ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ।ਇਸ ਮੀਟਿੰਗ ਵਿੱਚ ਫੈਸਲਾ ਕੀਤਾ ਗਿਆ ਕਿ ਸਦੀਵੀ ਵਿਛੋੜਾ ਦੇ ਗਏ ਸਾਥੀ ਦੀ ਜੀਵਨ ਘਾਲਣਾ ਨੂੰ ਯਾਦ ਕਰਨ ਲਈ 29 ਅਪ੍ਰੈਲ 2026 ਨੂੰ ਲਾਭ ਰਾਮਾਂ ਹਾਲ ਬਠਿੰਡਾ ਵਿਖੇ ਕੀਤੇ ਜਾ ਰਹੇ ਸ਼ਰਧਾਂਜਲੀ ਸਮਾਗਮ ਵਿੱਚ ਸ਼ਮੂਲੀਅਤ ਕੀਤੀ ਜਾਵੇਗੀ।ਪ੍ਰੈੱਸ ਨੂੰ ਜਾਣਕਾਰੀ ਦਿੰਦਿਆਂ ਸਕੱਤਰ ਸੁਖਪਾਲ ਸਿੰਘ ਮਜੀਠਾ ਨੇ ਸਾਥੀ ਐੱਨ. ਕੇ. ਜੀਤ ਦੇ ਸਦੀਵੀ ਵਿਛੋੜੇ 'ਤੇ ਡੂੰਘੇ ਦੁੱਖ ਦਾ ਇਜ਼ਹਾਰ ਕਰਦਿਆਂ ਇਸ ਨੂੰ ਇਨਕਲਾਬੀ ਜਮਹੂਰੀ ਲਹਿਰ ਲਈ ਵੱਡਾ ਘਾਟਾ ਦੱਸਿਆ ਹੈ।ਉਨ੍ਹਾਂ ਨੇ ਕਿਹਾ ਕਿ ਸਾਥੀ ਐੱਨ. ਕੇ. ਜੀਤ ਟੈਲੀਫੋਨ ਮਹਿਕਮੇ 'ਚ ਕੰਮ ਕਰਦਿਆਂ ਇਕ ਟਰੇਡ ਯੂਨੀਅਨ ਆਗੂ ਸੀ।ਟਰੇਡ ਯੂਨੀਅਨ ਲਹਿਰ ਤੋਂ ਉਪਰ ਉੱਠ ਕੇ ਉਨ੍ਹਾਂ ਨੇ ਜਮਹੂਰੀ ਹੱਕਾਂ ਦੀ ਲਹਿਰ 'ਚ ਵੀ ਯੋਗਦਾਨ ਪਾਇਆ। ਆਦਿਵਾਸੀਆਂ ਉਪਰ ਹੁੰਦੇ ਜ਼ੁਲਮਾਂ ਖਿਲਾਫ ਵੀ ਆਵਾਜ਼ ਬੁਲੰਦ ਕੀਤੀ।1984 ਤੋਂ ਬਾਅਦ ਫਿਰਕੂ ਫਾਸ਼ੀਵਾਦ ਅਤੇ ਸਰਕਾਰੀ ਜਬਰ ਦੇ ਖਿਲਾਫ ਆਵਾਜ਼ ਬੁਲੰਦ ਕਰਦਿਆਂ ਫਿਰਕੂ ਅਨਸਰਾਂ ਦੀਆਂ ਧਮਕੀਆਂ ਤੋਂ ਬੇਪਰਵਾਹ ਹੋ ਕੇ ਜਬਰ ਤੇ ਫਿਰਕਾਪ੍ਰਸਤੀ ਵਿਰੋਧੀ ਫਰੰਟ ਵਿੱਚ ਕੰਮ ਕਰਦੇ ਰਹੇ।ਲੋਕ ਲਹਿਰਾਂ ਦੇ ਹੱਕਾਂ ਲਈ ਆਵਾਜ਼ ਉਠਾਉਣ ਵਾਲੇ ਬੁਧੀਜੀਵੀਆਂ ਨੂੰ ਹਕੂਮਤ ਵੱਲੋਂ ਗਿਰਫ਼ਤਾਰ ਕਰਨ, ਬਿਨਾਂ ਮੁਕੱਦਮੇ ਚਲਾਏ ਜੇਲਾਂ 'ਚ ਢੱਕਣ ਵਿਰੁੱਧ ਆਵਾਜ਼ ਉਠਾਉਂਦੇ ਰਹੇ।ਕਿਸਾਨਾਂ, ਮਜ਼ਦੂਰਾਂ, ਮੁਲਾਜ਼ਮਾਂ ਤੇ ਹੋਰਨਾਂ ਮਿਹਨਤਕਸ਼ ਲੋਕਾਂ ਦੇ ਸੰਘਰਸ਼ਾਂ ਦੀ ਹਰ ਤਰ੍ਹਾਂ ਨਾਲ ਮੱਦਦ ਕਰਦੇ ਰਹੇ।ਆਗੂਆਂ ਨੇ ਕਿਹਾ ਕਿ ਸਾਥੀ ਐੱਨ. ਕੇ. ਜੀਤ ਦੀ ਇਨਕਲਾਬੀ ਜ਼ਿੰਦਗੀ ਸ਼ਾਨਾਂਮੱਤੀ ਅਤੇ ਮਾਣ ਕਰਨ ਯੋਗ ਹੈ।ਉਨ੍ਹਾਂ ਦੇ ਜਾਣ ਨਾਲ ਪਏ ਖੱਪੇ ਦੀ ਪੂਰਤੀ ਕਰਨੀ ਇਨਕਲਾਬੀ ਲਹਿਰ ਅੱਗੇ ਵੱਡਾ ਕਾਰਜ ਹੈ ਜਿਸ ਨੂੰ ਪੂਰਾ ਕਰਨ ਲਈ ਸਾਨੂੰ ਸਾਰਿਆਂ ਨੂੰ ਤਾਣ ਲਾਉਣਾ ਚਾਹੀਦਾ ਹੈ।ਮੀਟਿੰਗ ਵਿੱਚ ਸੂਬਾ ਪ੍ਰਧਾਨ ਕ੍ਰਿਸ਼ਨ ਸਿੰਘ ਔਲਖ, ਕੁੰਦਨ ਲਾਲ ਹਰੀਆਂ, ਬਲਜੀਤ ਸਿੰਘ ਚਿਤੌੜਗੜ੍ਹ, ਰਘਬੀਰ ਸਿੰਘ ਮਜੀਠਾ, ਗੁਰਪ੍ਰੀਤ ਸਿੰਘ ਸੋਹੀਆਂ, ਜੁਗਰਾਜ ਸਿੰਘ ਛੀਨਾ, ਦਵਿੰਦਰ ਪਾਲ ਸਿੰਘ ਅਤੇ ਬਹੁਤ ਸਾਰੇ ਆਗੂ ਹਾਜ਼ਰ ਸਨ।

## 'ਆਪ' ਨੂੰ ਛੱਡ ਕੇ ਰਾਜ ਸਭਾ ਮੈਂਬਰਾਂ ਨੇ ਪੰਜਾਬ ਨਾਲ ਗੱਦਾਰੀ ਕੀਤੀ : ਗੁਰਪ੍ਰੀਤ ਸਿੰਘ

**ਚਵਿੰਡਾ ਦੇਵੀ (ਖੁਸ਼ਹਾਲ ਸੁੰਦਰ)**-ਹਲਕਾ ਮਜੀਠਾ ਦੇ ਯੂਥ ਪ੍ਰਧਾਨ ਗੁਰਪ੍ਰੀਤ ਸਿੰਘ ਅਤੇ ਉਨ੍ਹਾਂ ਦੇ ਸਾਥੀਆਂ ਵਿੱਚ ਕਾਫੀ ਭਾਰੀ ਰੋਸ ਦੇਖਣ ਨੂੰ ਮਿਲਿਆ। ਉਨ੍ਹਾਂ ਯੂਥ ਨਾਲ ਮੀਟਿੰਗ ਕੀਤੀ ਅਤੇ ਪੱਤਰਕਾਰ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਇਨ੍ਹਾਂ ਰਾਜ ਸਭਾ ਮੈਂਬਰਾਂ ਨੇ ਆਪਣੀ ਮਾਂ ਪਾਰਟੀ ਛੱਡ ਕੇ ਭਾਰਤੀ ਜਨਤਾ ਪਾਰਟੀ ਵਿਚ ਜਾ ਕੇ ਪੰਜਾਬ ਅਤੇ ਪੰਜਾਬੀਆਂ ਨਾਲ ਬਹੁਤ ਵੱਡੀ ਗੱਦਾਰੀ ਕੀਤੀ ਹੈ ਅਤੇ ਪਾਰਟੀ ਨਾਲ ਧ੍ਰੋਹ ਕਮਾਇਆ ਹੈ।ਇਨ੍ਹਾਂ ਵਿਅਕਤੀਆਂ ਨੂੰ ਪਾਰਟੀ ਨੇ ਇੰਨੇ ਵੱਡੇ ਅਹੁਦਿਆਂ 'ਤੇ ਬਿਠਾ ਕੇ ਪੂਰਾ ਮਾਣ ਸਤਿਕਾਰ ਦਿੱਤਾ ਸੀ ਪਰ ਇਹ ਵਿਅਕਤੀ ਪਾਰਟੀ ਵੱਲੋਂ ਦਿੱਤੇ ਮਾਣ ਸਨਮਾਨ ਨੂੰ ਹਜ਼ਮ ਨਹੀਂ ਕਰ ਸਕੇ।ਬਲਾਕ ਪ੍ਰਧਾਨ ਜਗਦੀਸ਼ ਸਿੰਘ ਸ਼ਹਿਜ਼ਾਦਾ, ਦਲੇਰ ਸਿੰਘ, ਲਵਪ੍ਰੀਤ ਸਿੰਘ, ਗੁਰਪਿੰਦਰ ਸਿੰਘ, ਨਵੀਨ ਮਹਾਜਨ ਅਤੇ ਸਿਕੰਦਰ ਸਿੰਘ ਆਦਿ ਹਾਜ਼ਰ ਸਨ।



## ਬੇਅਦਬੀ ਖਿਲਾਫ ਕਾਨੂੰਨ ਬਣਨ 'ਤੇ ਸਿੱਖ ਭਾਈਚਾਰੇ 'ਚ ਖੁਸ਼ੀ ਦੀ ਲਹਿਰ: ਸ਼ਹਿਜ਼ਾਦਾ



ਚਵਿੰਡਾ ਦੇਵੀ (ਖੁਸ਼ਹਾਲ ਸੁੰਦਰ)-ਹਲਕਾ ਮਜੀਠਾ ਦੇ ਬਲਾਕ ਪ੍ਰਧਾਨ ਜਗਦੀਸ਼ ਸਿੰਘ ਸ਼ਹਿਜ਼ਾਦਾ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਸਿੱਖ ਕੌਮ ਦੇ ਭੈਣ-ਭਰਾਵਾਂ ਨੂੰ ਬਹੁਤ ਬਹੁਤ ਵਧਾਈਆਂ ਦਿੱਤੀਆਂ ਅਤੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਧੰਨ-ਧੰਨ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਦੀਆਂ ਵੱਖ-ਵੱਖ ਥਾਵਾਂ 'ਤੇ ਹੋ ਰਹੀਆਂ ਬੇਅਦਬੀਆਂ 'ਤੇ ਸਖਤ ਐਕਸ਼ਨ ਲੈਂਦਿਆਂ ਇੱਕ ਬਹੁਤ ਸਖਤ ਕਾਨੂੰਨ ਬਣਾਇਆ ਹੈ ਅਤੇ ਬਹੁਤ ਮਿਹਨਤ ਕਰਕੇ ਇਸ ਕਾਨੂੰਨ ਨੂੰ ਅਮਲ ਵਿੱਚ ਵੀ ਲਿਆਂਦਾ ਹੈ।ਪ੍ਰਧਾਨ ਨੇ ਕਿਹਾ ਕਿ ਆਪ ਸਰਕਾਰ ਤੋਂ ਪਹਿਲਾਂ ਵੀ ਕਈ ਸਰਕਾਰਾਂ ਆਈਆਂ ਪਰ ਇਹ ਉਪਰਾਲਾ ਕਿਸੇ ਨੇ ਵੀ ਨਹੀਂ ਕਰਕੇ ਦਿਖਾਇਆ। ਹਲਕਾ ਇੰਚਾਰਜ ਸ. ਤਲਬੀਰ ਸਿੰਘ ਗਿੱਲ ਅਤੇ ਹਲਕਾ ਮਜੀਠਾ ਦੇ ਲੋਕਾਂ ਨੇ ਇਸ ਕਾਨੂੰਨ ਦੀ ਸ਼ਲਾਘਾ ਕੀਤੀ ਹੈ।

## ਜੂਨ ਦਾ ਪਹਿਲਾ ਹਫਤਾ ਘੱਲੂਘਾਰੇ ਦੇ ਰੂਪ 'ਚ ਮਨਾਉਣ ਦਾ ਫੈਸਲਾ



**ਫਤਿਹਗੜ੍ਹ ਚੂੜੀਆਂ (ਜਸਦੇਵ ਮਾਨ)**-1984 'ਚ ਕਾਂਗਰਸ ਦੀ ਕੇਂਦਰ ਸਰਕਾਰ ਵੱਲੋਂ ਜੋ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਵਿਖੇ ਹਮਲਾ ਕੀਤਾ ਗਿਆ ਸੀ ਜਿਸ ਵਿੱਚ ਅਨੇਕਾਂ ਹੀ ਔਰਤਾਂ ਅਤੇ ਬੱਚਿਆਂ ਸਮੇਤ ਸਿੱਖ ਸ਼ਹੀਦ ਹੋਏ ਸਨ ਉਨ੍ਹਾਂ ਦੀ ਯਾਦ 'ਚ ਜੂਨ 2026 ਦਾ ਪਹਿਲਾ ਹਫਤਾ ਘੱਲੂਘਾਰੇ ਦੇ ਰੂਪ ਵਿਚ ਮਨਾਇਆ ਜਾਵੇਗਾ।ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਅਕਾਲੀ ਦਲ ਅੰਮ੍ਰਿਤਸਰ ਦੇ ਆਗੂ ਜਸਕਰਨ ਸਿੰਘ ਵੱਲੋਂ ਇੱਕ ਪ੍ਰੈੱਸ ਬਿਆਨ ਰਾਹੀਂ ਕੀਤਾ ਗਿਆ।ਜਸਕਰਨ ਸਿੰਘ ਨੇ ਕਿਹਾ ਕਿ ਉਨ੍ਹਾਂ ਸਮੂਹ ਸਿੰਘ ਸਿੰਘਣੀਆਂ ਅਤੇ ਬੱਚਿਆਂ ਨੂੰ ਸ਼ਰਧਾਂਜਲੀਆਂ ਦਿੱਤੀਆਂ ਜਾਣਗੀਆਂ ਜੋ ਪੂਰੇ ਪੰਜਾਬ 'ਚ 37 ਗੁਰਦੁਆਰਿਆਂ 'ਚ ਭਾਰਤੀ ਫੌਜ ਦੇ ਜ਼ੁਲਮ ਦਾ ਸ਼ਿਕਾਰ ਹੋਏ ਸਨ।

## ਮਾਤਾ ਵੈਸ਼ਨੋ ਦੇਵੀ ਵਿਖੇ ਨਤਮਸਤਕ ਹੋਏ ਤਰੁਣ ਚੁੱਘ



ਛੇਹਰਟਾ, (ਮਨੋਜ ਕੁਮਾਰ) : ਭਾਜਪਾ ਦੇ ਕੌਮੀ ਜਨਰਲ ਸਕੱਤਰ ਤੇ ਜੰਮੂ-ਕਸ਼ਮੀਰ ਭਾਜਪਾ ਇੰਚਾਰਜ ਤਰੁਣ ਚੁੱਘ ਨੇ ਆਪਣੀ ਮਾਤਾ ਕਵਿਤਾ ਚੁੱਘ ਤੇ ਪਤਨੀ ਰਾਧਿਕਾ ਚੁੱਘ ਨਾਲ ਜੰਮੂ ਸਥਿਤ ਮਾਤਾ ਵੈਸ਼ਨੋ ਦੇਵੀ ਦੇ ਪਵਿੱਤਰ ਦਰਬਾਰ ਦੇ ਦਰਸ਼ਨ ਕੀਤੇ ਅਤੇ ਅਸ਼ੀਰਵਾਦ ਮੰਗਿਆ। ਉਨ੍ਹਾਂ ਨੇ ਦੇਸ਼ ਵਿਚ ਸ਼ਾਂਤੀ, ਖੁਸ਼ਹਾਲੀ ਤੇ ਨਿਰੰਤਰ ਵਿਕਾਸ ਲਈ ਪ੍ਰਾਰਥਨਾ ਕੀਤੀ। ਇਸ ਮੌਕੇ ਚੁੱਘ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਹੇਠ ਜੰਮੂ-ਕਸ਼ਮੀਰ ਸ਼ਾਂਤੀ, ਸਥਿਰਤਾ ਤੇ ਵਿਕਾਸ ਦੇ ਰਾਹ 'ਤੇ ਤੇਜ਼ੀ ਨਾਲ ਅੱਗੇ ਵਧ ਰਿਹਾ ਹੈ। ਉਨ੍ਹਾਂ ਅੱਗੇ ਕਿਹਾ ਕਿ ਅਜਿਹੇ ਪਵਿੱਤਰ ਸਥਾਨਾਂ ਦੀ ਅਧਿਆਤਮਿਕ ਊਰਜਾ ਸਮਾਜ ਵਿਚ ਸਕਾਰਾਤਮਕ ਬਦਲਾਅ ਲਿਆਉਣ ਤੇ ਮਜ਼ਬੂਤ ਭਾਰਤ ਬਣਾਉਣ ਦੇ ਸੰਕਲਪ ਨੂੰ ਮਜ਼ਬੂਤ ਕਰਦੀ ਹੈ। ਚੁੱਘ ਨੇ ਉੱਥੇ ਮੌਜੂਦ ਸ਼ਰਧਾਲੂਆਂ ਨਾਲ ਵੀ ਗੱਲਬਾਤ ਕੀਤੀ ਤੇ ਕੀਤੇ ਗਏ ਪ੍ਰਬੰਧਾਂ ਦੀ ਸ਼ਲਾਘਾ ਕੀਤੀ। ਉਨ੍ਹਾਂ ਨੇ ਬਿਹਤਰ ਸਹੂਲਤਾਂ ਤੇ ਸੁਚਾਰੂ ਪ੍ਰਬੰਧਾਂ ਦੀ ਪ੍ਰਸ਼ੰਸਾ ਕਰਦੇ ਹੋਏ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਦੂਰਦਰਸ਼ੀ ਅਗਵਾਈ ਹੇਠ ਅਜਿਹੇ ਯਤਨ ਸ਼ਰਧਾਲੂਆਂ ਦੇ ਅਨੁਭਵਾਂ ਨੂੰ ਬਿਹਤਰ ਬਣਾ ਰਹੇ ਹਨ ਤੇ ਵਿਕਸਤ ਭਾਰਤ ਦੇ ਸੰਕਲਪ ਨੂੰ ਸਾਕਾਰ ਕਰ ਰਹੇ ਹਨ।

## ਅਕਸ਼ੈ ਸ਼ਰਮਾ ਨੇ ਲਗਵਾਇਆ ਮੁਫ਼ਤ ਸਿਹਤ ਜਾਂਚ ਕੈਂਪ



ਛੇਹਰਟਾ, (ਮਨੋਜ ਕੁਮਾਰ) : ਹਲਕਾ ਉੱਤਰੀ ਤੋਂ ਭਾਜਪਾ ਆਗੂ ਅਕਸ਼ੈ ਸ਼ਰਮਾ ਵੱਲੋਂ ਵਾਰਡ ਨੰਬਰ 62 ਵਿਚ ਮੁਫ਼ਤ ਸਿਹਤ ਜਾਂਚ ਕੈਂਪ ਲਗਾਇਆ ਗਿਆ। ਇਸ ਮੌਕੇ ਵੱਡੀ ਗਿਣਤੀ ਵਿਚ ਇਲਾਕੇ ਦੇ ਲੋਕਾਂ ਨੇ ਸਿਹਤ ਸੇਵਾਵਾਂ ਦਾ ਲਾਭ ਪ੍ਰਾਪਤ ਕੀਤਾ। ਅਕਸ਼ੈ ਸ਼ਰਮਾ ਨੇ ਦੱਸਿਆ ਕਿ ਕੈਂਪ ਦੌਰਾਨ ਲੋਕਾਂ ਦੀ ਸਿਹਤ ਜਾਂਚ ਕੀਤੀ ਗਈ, ਜ਼ਰੂਰੀ ਸਲਾਹ ਦਿੱਤੀ ਗਈ ਤੇ ਮੁਫ਼ਤ ਦਵਾਈਆਂ ਵੀ ਵੰਡੀਆਂ ਗਈਆਂ। ਉਨ੍ਹਾਂ ਦੱਸਿਆ ਕਿ ਨੇਹਾ, ਰੀਤਾ, ਸੰਤੋਸ਼, ਰਾਜ ਕੁਮਾਰ, ਕਾਂਤਾ, ਸ਼ਾਲੂ, ਸੁਧਾ, ਸ਼ਾਹੀ ਤੇ ਸੋਨੂੰ ਨੇ ਕੈਂਪ ਨੂੰ ਕਾਮਯਾਬ ਬਣਾਉਣ ਵਿਚ ਅਹਿਮ ਭੂਮਿਕਾ ਨਿਭਾਈ। ਅਕਸ਼ੈ ਸ਼ਰਮਾ ਨੇ ਸਾਰੇ ਵਰਕਰਾਂ ਦੀ ਸਮਰਪਣ ਭਾਵਨਾ ਤੇ ਮਿਹਨਤ ਦੀ ਪ੍ਰਸ਼ੰਸਾ ਕਰਦਿਆਂ ਕਿਹਾ ਕਿ ਟੀਮ ਵਰਕ ਤੇ ਸੇਵਾ ਭਾਵਨਾ ਨਾਲ ਹੀ ਅਜਿਹੇ ਸਮਾਜਿਕ ਉਪਰਾਲੇ ਸਫ਼ਲ ਹੁੰਦੇ ਹਨ।

## ਸਰਹੱਦੀ ਜ਼ਿਲਿਆਂ ਦੀ ਛੋਟੀ ਸਨਅਤ ਨੂੰ ਚਲਦਾ ਰੱਖਣ ਲਈ ਸਰਕਾਰਾਂ ਸਬਸਿਡੀਆਂ ਜਾਰੀ ਕਰਨ: ਏਕਟੂ



ਬਟਾਲਾ (ਤਰਲੋਕ ਬੱਗਾ)-ਦੁਨੀਆ ਪੱਧਰ 'ਤੇ ਮਜ਼ਦੂਰ ਦਿਵਸ ਦੇ ਤੌਰ 'ਤੇ ਜਾਣੇ ਜਾਂਦੇ 1 ਮਈ ਦੇ ਦਿਨ ਨੂੰ ਮਨਾਉਣ ਲਈ ਬਟਾਲੇ ਦੀਆਂ ਫਾਊਂਡਰੀਆਂ ਵਿੱਚ ਆਲ ਇੰਡੀਆ ਸੈਂਟਰਲ ਕੌਂਸਲ ਆਫ ਟ੍ਰੇਡ ਯੂਨੀਅਨ (ਏਕਟੂ) ਵੱਲੋਂ ਦਰਜਨ ਭਰ ਕੀਤੀਆਂ ਗਈਆਂ ਰੈਲੀਆਂ ਵਿੱਚ ਬੋਲਦਿਆਂ ਏਕਟੂ ਦੇ ਸੂਬਾ ਸਕੱਤਰ ਗੁਲਜ਼ਾਰ ਸਿੰਘ ਭੁੰਬਲੀ, ਜ਼ਿਲ੍ਹਾ ਆਗੂ ਪ੍ਰੇਮ ਮਸੀਹ ਸੋਨਾ ਅਤੇ ਲਿਬਰੇਸ਼ਨ ਦੇ ਸੂਬਾ ਸਕੱਤਰ ਕਾਮਰੇਡ ਗੁਰਮੀਤ ਸਿੰਘ ਬਖਤਪੁਰਾ ਨੇ ਕਿਹਾ ਕਿ ਪਹਿਲੀ ਮਈ 2026 ਉਸ ਸਮੇਂ ਮਨਾਈ ਜਾ ਰਹੀ ਹੈ ਜਦੋਂ ਭਾਰਤ ਦੀ ਮੋਦੀ ਸਰਕਾਰ ਨੇ 44 ਕਿਰਤ ਕਾਨੂੰਨਾਂ ਨੂੰ ਖਤਮ ਕਰਕੇ ਚਾਰ ਕੋਡਾਂ ਵਿੱਚ ਬਦਲ ਦਿੱਤਾ ਹੈ, ਜਿਨ੍ਹਾਂ ਕੋਡਾਂ ਵਿੱਚ ਇਹ ਵੀ ਦਰਜ ਹੈ ਕਿ ਹੁਣ ਅੱਠ ਘੰਟੇ ਦੀ ਬਜਾਏ ਦਿਹਾੜੀ 12 ਘੰਟੇ ਦੀ ਹੋਵੇਗੀ ਅਤੇ ਇਹ ਕਾਨੂੰਨ ਪਹਿਲੀ ਅਪ੍ਰੈਲ ਤੋਂ ਲਾਗੂ ਵੀ ਕਰ ਦਿੱਤਾ ਗਿਆ ਹੈ ਪਰ ਇਸ ਕਾਨੂੰਨ ਦੇ ਵਿਰੁੱਧ ਦੇਸ਼ ਪੱਧਰ 'ਤੇ ਮਜ਼ਦੂਰ ਵਰਗ ਸੰਘਰਸ਼ ਕਰਨ ਦੀ ਲੜਾਈ ਲੜਨ ਲਈ ਸੜਕਾਂ 'ਤੇ ਆ ਗਿਆ ਹੈ, ਜਿਸ ਦੀ ਸ਼ੁਰੂਆਤ ਹਰਿਆਣਾ ਅਤੇ ਨੋਇਡਾ ਸਮੇਤ ਜਗ੍ਹਾ-ਜਗ੍ਹਾ ਦੇਸ਼ ਦੇ ਮਜ਼ਦੂਰਾਂ ਨੇ ਸਖਤ ਵਿਰੋਧ ਪ੍ਰਗਟ ਕਰਦਿਆਂ ਦਰਜ ਕਰਾ ਦਿੱਤੀ ਹੈ।ਆਗੂਆਂ ਕਿਹਾ ਕਿ ਪਹਿਲੀ ਮਈ ਨੂੰ ਇਹ ਅਹਿਦ ਲਿਆ ਜਾਵੇਗਾ ਕਿ ਭਾਰਤ ਅਤੇ ਪੰਜਾਬ ਸਰਕਾਰ ਕਿਰਤ ਕਾਨੂੰਨਾਂ ਵਿੱਚ ਕੀਤੀਆ ਤਬਦੀਲੀਆਂ ਸਮੇਤ 12 ਘੰਟੇ ਦੀ ਦਿਹਾੜੀ ਦਾ ਕਾਨੂੰਨ ਵਾਪਸ ਲਵੇ, ਕਿਰਤ ਕਾਨੂੰਨਾਂ ਅਨੁਸਾਰ ਪ੍ਰੋਵੀਡੈਂਟ ਫੰਡ, ਈਐੱਸਆਈ, ਸਰਵਿਸ ਅਤੇ ਹੋਰ ਕਿਰਤ ਕਾਨੂੰਨਾਂ ਨੂੰ ਲੇਬਰ ਦਫਤਰ ਲਾਗੂ ਕਰਨ ਲਈ ਹਰਕਤ ਵਿੱਚ ਆਉਣ।ਆਗੂਆਂ ਨੇ ਕਿਰਤ ਦਫਤਰ ਬਟਾਲਾ ਅਤੇ ਗੁਰਦਾਸਪੁਰ ਦੇ ਅਮਲੇ ਫੈਲੇ ਉਪਰ ਕਿਰਤੀਆਂ ਅਤੇ ਮਾਲਕਾਂ ਦੇ ਝਗੜੇ ਵਿੱਚ ਮਾਲਕਾਂ ਦਾ ਪੱਖ ਪੂਰਨ ਦੇ ਦੋਸ਼ ਲਾਉਂਦਿਆਂ ਕਿਹਾ ਕਿ ਕਿਰਤ ਵਿਭਾਗ ਪੰਜਾਬ ਨੂੰ ਆਪਣੇ ਕਿਰਤ ਦਫਤਰਾਂ ਦੇ ਅਮਲੇ ਫੈਲੇ ਨੂੰ ਕਾਨੂੰਨ ਅਨੁਸਾਰ ਡਿਊਟੀ ਕਰਨ ਦੀਆਂ ਸਖਤ ਹਦਾਇਤਾਂ ਕਰਨ ਦੀ ਲੋੜ ਹੈ ਕਿਉਂਕਿ ਇਨ੍ਹਾਂ ਦਫਤਰਾਂ ਵਿੱਚ ਵਰਕਰਾਂ ਅਤੇ ਵਰਕਰ ਆਗੂਆਂ ਨੂੰ ਕੋਈ ਸਹਿਯੋਗ ਨਹੀਂ ਕੀਤਾ ਜਾਂਦਾ।ਇਹ ਵੀ ਕਿਹਾ ਗਿਆ ਕਿ ਪੰਜਾਬ ਅਤੇ ਕੇਂਦਰ ਸਰਕਾਰ ਪੰਜਾਬ ਦੀ ਛੋਟੀ ਸਨਅਤ ਖਾਸ ਕਰ ਬਾਰਡਰ ਜ਼ਿਲਿਆਂ ਦੀ ਸਨਅਤ ਨੂੰ ਆਰਥਿਕ ਅਤੇ ਰੋਜ਼ਗਾਰ ਪੱਖੋਂ ਵਿਕਸਿਤ ਕਰਨ ਲਈ ਪਹਾੜੀ ਰਾਜਾਂ ਦੇ ਆਧਾਰ 'ਤੇ ਸਬਸਿਡੀਆਂ ਮੁਹੱਈਆ ਕੀਤੀਆਂ ਜਾਣ ਤਾਂ ਜੋ ਬਾਰਡਰ ਦੇ ਲੋਕਾਂ ਨੂੰ ਬਕਾਇਦਾ ਰੋਜ਼ਗਾਰ ਮਿਲ ਸਕੇ।ਇਸ ਸਮੇਂ ਫੂਲ ਚੰਦ ਘਣੀਏ ਕੇ ਬੇਟ, ਬਚਨ ਸਿੰਘ ਬੋਪਾਰਾਏ, ਜੋਗਿੰਦਰ ਪਾਲ ਲੇਹਲ, ਰਾਜੂ ਬਟਾਲਾ ਅਤੇ ਸੁਖਦੇਵ ਬਿੱਟਾ ਹਾਜ਼ਰ ਸਨ।

## ਕਾਮਰੇਡ ਦੀਪਕ ਧਵਨ ਦੀ ਤਰਨਤਾਰਨ ਵਿਖੇ ਸਾਲਾਨਾ ਬਰਸੀ 19 ਨੂੰ : ਦਰਾਜਕੇ



ਪੱਟੀ, (ਬਲਦੇਵ ਸਿੰਘ ਸੰਧੂ)-ਆਰ. ਐੱਮ. ਪੀ. ਆਈ. ਦੀ ਤਹਿਸੀਲ ਕਮੇਟੀ ਪੱਟੀ ਦੀ ਮੀਟਿੰਗ ਧਰਮ ਸਿੰਘ ਪੱਟੀ ਦੀ ਪ੍ਰਧਾਨਗੀ ਹੇਠ ਪੱਟੀ ਵਿਖੇ ਹੋਈ। ਮੀਟਿੰਗ ਵਿੱਚ ਪਾਰਟੀ ਦੇ ਕਾਰਕੁਨਾਂ ਨੇ ਹਿੱਸਾ ਲਿਆ।

ਮੀਟਿੰਗ ਨੂੰ ਸੰਬੋਧਨ ਕਰਦਿਆਂ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਚਮਨ ਲਾਲ ਦਰਾਜਕੇ ਤੇ ਸਕੱਤਰ ਮੁਖਤਿਆਰ ਸਿੰਘ ਮੱਲਾ ਨੇ ਕਿਹਾ ਕਿ ਦਹਿਸ਼ਤਗਰਦਾਂ ਹੱਥੋਂ ਸ਼ਹੀਦ ਹੋਏ ਕਾਮਰੇਡ ਦੀਪਕ ਧਵਨ ਦੀ ਸਾਲਾਨਾ ਬਰਸੀ 19 ਮਈ ਨੂੰ ਤਰਨਤਾਰਨ ਵਿਖੇ ਮਨਾਈ ਜਾ ਰਹੀ ਹੈ। ਉਨ੍ਹਾਂ ਪਾਰਟੀ ਦੇ ਮੈਂਬਰਾਂ ਅਤੇ ਹਮਦਰਦਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਹੋ ਰਹੇ ਸ਼ਹੀਦੀ ਸਮਾਗਮ ਨੂੰ ਤਨ ਮਨ ਧਨ ਨਾਲ ਸਫ਼ਲ ਬਣਾਇਆ ਜਾਵੇ। ਸ਼ਹੀਦੀ ਸਮਾਗਮ ਨੂੰ ਪਾਰਟੀ ਦੇ ਕੁੱਲ ਹਿੰਦ ਜਨਰਲ ਸਕੱਤਰ ਕਾਮਰੇਡ ਮੰਗਤ ਰਾਮ ਪਾਸਲਾ, ਸੂਬਾ ਸਕੱਤਰ ਪ੍ਰਗਟ ਸਿੰਘ ਜਾਮਾਰਾਏ ਤੋਂ ਇਲਾਵਾ ਪਾਰਟੀ ਦੇ ਜ਼ਿਲ੍ਹਾ ਆਗੂ ਸ਼ਹੀਦ ਹੋਏ ਸਾਥੀ ਨੂੰ ਸ਼ਰਧਾ ਦੇ ਫੁੱਲ ਭੇਟ ਕਰਨਗੇ। ਇਸ ਮੌਕੇ ਪਾਰਟੀ ਦੇ ਸੀਨੀਅਰ ਆਗੂ ਦਲਜੀਤ ਸਿੰਘ ਦਿਆਲਪੁਰਾ, ਜਗੀਰ ਸਿੰਘ ਗੰਡੀਵਿੰਡ, ਦਿਆਲ ਸਿੰਘ ਲਹੋਕਾ, ਸਤਪਾਲ ਸ਼ਰਮਾ ਪੱਟੀ, ਹਰਜਿੰਦਰ ਸਿੰਘ ਚੂੰਘ, ਸਵਿੰਦਰ ਸਿੰਘ ਚੱਕ, ਜਸਵੰਤ ਸਿੰਘ ਭਿੱਖੀਵਿੰਡ, ਸੰਤੋਖ ਸਿੰਘ ਮੱਖੀ ਕਲਾਂ, ਲਾਜ਼ਰ ਲਾਖਣਾ ਆਦਿ ਆਗੂ ਹਾਜ਼ਰ ਸਨ।

## ਬੇਬੇ ਨਾਨਕੀ ਖਾਲਸਾ ਕਾਲਜ ਫਾਰ ਵੂਮੈਨ ਵਿਖੇ ਵਿਦਾਇਗੀ ਸਮਾਰੋਹ ਕਰਵਾਇਆ



ਧਾਰੀਵਾਲ (ਮਨਦੀਪ ਵਿੱਕੀ)-ਬੇਬੇ ਨਾਨਕੀ ਖ਼ਾਲਸਾ ਕਾਲਜ ਫਾਰ ਵੂਮੈਨ ਧਾਰੀਵਾਲ ਵੱਲੋਂ ਫਾਈਨਲ ਸਾਲ ਦੀਆਂ ਵਿਦਿਆਰਥਣਾਂ ਲਈ ਵਿਦਾਇਗੀ ਸਮਾਰੋਹ ਬੜੀ ਧੂਮਧਾਮ ਨਾਲ ਆਯੋਜਿਤ ਕੀਤਾ ਗਿਆ।ਸਮਾਗਮ ਖੁਸ਼ੀਆਂ, ਭਾਵਨਾਵਾਂ ਅਤੇ ਰੰਗਾਰੰਗ ਪ੍ਰਸਤੁਤੀਆਂ ਨਾਲ ਭਰਪੂਰ ਰਿਹਾ, ਜਿਸ ਨੇ ਸਭ ਲਈ ਇਸਨੂੰ ਯਾਦਗਾਰ ਬਣਾ ਦਿੱਤਾ।ਸਮਾਰੋਹ ਦੀ ਸ਼ੁਰੂਆਤ ਗਰਮਜੋਸ਼ੀ ਨਾਲ ਸੁਆਗਤ ਨਾਲ ਹੋਈ।ਉਪਰੰਤ ਵਿਦਿਆਰਥਣਾਂ ਵੱਲੋਂ ਸੱਭਿਆਚਾਰਕ ਪ੍ਰੋਗਰਾਮ ਦੌਰਾਨ ਰੰਗੀਲੇ ਨਾਚ, ਸੁਰੀਲੇ ਗੀਤ ਅਤੇ ਮਨੋਰੰਜਕ ਪੇਸ਼ਕਾਰੀਆਂ ਦੁਆਰਾ ਸਭ ਦੇ ਦਿਲ ਨੂੰ ਮੋਹ ਲਿਆ।ਅਧਿਆਪਕਾਂ ਅਤੇ ਸਟਾਫ ਵੱਲੋਂ ਵਿਦਿਆਰਥਣਾਂ ਦੀ ਪ੍ਰਤਿਭਾ ਅਤੇ ਵਿਅਕਤੀਤਵ ਨੂੰ ਮਾਨਤਾ ਦੇਣ ਲਈ ਖਾਸ ਟਾਈਟਲ ਵੰਡ ਸਮਾਰੋਹ ਕਰਵਾਇਆ ਗਿਆ।ਮਿਸ ਫੇਅਰਵੈੱਲ, ਮਿਸ ਚਾਰਮਿੰਗ ਅਤੇ ਆਲ ਰਾਊਂਡਰ ਵਰਗੇ ਖਿਤਾਬਾਂ ਨਾਲ ਵਿਦਿਆਰਥਣਾਂ ਨੂੰ ਸਨਮਾਨਿਤ ਕੀਤਾ ਗਿਆ ਅਤੇ ਉਨ੍ਹਾਂ ਨੂੰ ਪਿਆਰ ਦੇ ਤੌਰ 'ਤੇ ਤੋਹਫੇ ਵੀ ਭੇਟ ਕੀਤੇ ਗਏ।ਇਸ ਮੌਕੇ ਕਾਲਜ ਦੇ ਪ੍ਰਿੰਸੀਪਲ ਡਾ. ਬਲਬੀਰ ਕੌਰ, ਪ੍ਰਬੰਧਕ ਕਮੇਟੀ, ਰੀਤੂ ਬਾਲਾ, ਦਲਜੀਤ ਕੌਰ, ਸੁਮਨ ਸੈਣੀ ਸਮੇਤ ਸਮੂਹ ਸਟਾਫ ਨੇ ਵਿਦਿਆਰਥਣਾਂ ਨੂੰ ਉਨ੍ਹਾਂ ਦੇ ਭਵਿੱਖ ਲਈ ਦਿਲੋਂ ਸ਼ੁਭਕਾਮਨਾਵਾਂ ਦਿੱਤੀਆਂ।

ਉਨ੍ਹਾਂ ਨੇ ਵਿਦਿਆਰਥਣਾਂ ਨੂੰ ਜੀਵਨ ਵਿੱਚ ਉੱਚੀਆਂ ਉਡਾਣਾਂ ਭਰਨ ਅਤੇ ਸਿੱਖਿਆ ਦੌਰਾਨ ਮਿਲੀਆਂ ਵੱਡਮੁੱਲੇ ਗੁਣਾਂ ਨੂੰ ਅੱਗੇ ਲੈ ਕੇ ਜਾਣ ਲਈ ਪ੍ਰੇਰਿਤ ਕੀਤਾ।ਸਮਾਰੋਹ ਅੰਤ ਵਿੱਚ ਭਾਵੁਕ ਮਾਹੌਲ ਵਿੱਚ ਸਮਾਪਤ ਹੋਇਆ, ਜਿੱਥੇ ਵਿਦਿਆਰਥਣਾਂ ਨੇ ਆਪਣੇ ਅਧਿਆਪਕਾਂ ਦਾ ਧੰਨਵਾਦ ਕੀਤਾ ਅਤੇ ਕਾਲਜ ਜੀਵਨ ਦੀਆਂ ਅਮੋਲਕ ਯਾਦਾਂ ਨੂੰ ਯਾਦ ਕੀਤਾ।

## ਚੰਡੀਗੜ੍ਹ ਰੈਲੀ 'ਚ ਵੱਡੀ ਗਿਣਤੀ 'ਚ ਸਾਥੀ ਹੋਣਗੇ ਸ਼ਾਮਲ : ਅਜਨਾਲਾ



ਛੇਹਰਟਾ/ਖਾਸਾ, ਮਨੋਜ ਕੁਮਾਰ/ਸ਼ਸ਼ਪਾਲ ਸਿੰਘ) : ਆਸ਼ਾ ਵਰਕਰ ਤੇ ਫਸਿਲੀਟੇਟਰ ਯੂਨੀਅਨ ਪੰਜਾਬ ਸੀਟੂ ਦੀ ਅੰਮ੍ਰਿਤਸਰ ਇਕਾਈ ਦੀ ਮੀਟਿੰਗ ਜ਼ਿਲ੍ਹਾ ਪ੍ਰਧਾਨ ਰਘਬੀਰ ਕੌਰ ਦੀ ਪ੍ਰਧਾਨਗੀ ਹੇਠ ਸੀਟੂ ਦਫ਼ਤਰ ਪੁਤਲੀਘਰ ਵਿਚ ਹੋਈ। ਮੀਟਿੰਗ ਨੂੰ ਸੰਬੋਧਨ ਕਰਦਿਆਂ ਜੱਥੇਬੰਦੀ ਦੀ ਸੂਬਾਈ ਪ੍ਰਧਾਨ ਸਰੋਜ ਬਾਲਾ ਤੇ ਸੀਟੂ ਦੇ ਸੂਬਾਈ ਮੀਤ ਪ੍ਰਧਾਨ ਕਾਮਰੇਡ ਸੁੱਚਾ ਸਿੰਘ ਅਜਨਾਲਾ ਨੇ ਆਸ਼ਾ ਵਰਕਰਾਂ ਦੀ ਸੂਬਾਈ ਮੀਟਿੰਗ, ਜੋ ਕਿ ਨਵਾਂ ਸ਼ਹਿਰ ਵਿਖੇ ਹੋਈ ਸੀ, ਦੇ ਫ਼ੈਸਲੇ ਦੀ ਰਿਪੋਰਟ ਪੇਸ਼ ਕੀਤੀ। ਉਨ੍ਹਾਂ ਕਿਹਾ ਕਿ ਪਹਿਲੀ ਮਈ ਨੂੰ ਕੌਮਾਂਤਰੀ ਮਜ਼ਦੂਰ ਦਿਵਸ ਸਥਾਨਕ ਨਾਈਆਂ ਵਾਲਾ ਮੋੜ, ਢੱਪਈ ਰੋਡ ਸਬਜ਼ੀ ਮੰਡੀ ਵਿਚ ਮਨਾਇਆ ਜਾ ਰਿਹਾ ਹੈ। ਇਸ ਮੌਕੇ ਸੀਟੂ ਨਾਲ ਸਬੰਧਤ ਸਮੁੱਚੀਆਂ ਜਥੇਬੰਦੀਆਂ ਦੇ ਵਰਕਰ ਸ਼ਾਮਿਲ ਹੋਣਗੇ। ਉਨ੍ਹਾਂ ਦੱਸਿਆ ਕਿ 5 ਮਈ ਨੂੰ ਚੰਡੀਗੜ੍ਹ ਵਿਚ ਹੋ ਰਹੀ ਰੈਲੀ ਵਿੱਚ ਸੈਂਕੜੇ ਵਰਕਰ ਸ਼ਾਮਿਲ ਹੋਣਗੇ। ਇਸ ਮੌਕੇ ਕਾਮਰੇਡ ਚਰਨਜੀਤ ਸਿੰਘ ਮਜੀਠਾ, ਸ਼ਰਨਜੀਤ ਕੌਰ, ਅਮਨਦੀਪ, ਪੂਜਾ, ਬਲਵੀਰ ਕੌਰ, ਰੇਨੂੰ, ਉਰਮਿਲਾ, ਪਰਮਜੀਤ ਆਦਿ ਭੈਣਾਂ ਹਾਜ਼ਰ ਸਨ।

## ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਦੀਨਾਨਗਰ ਤੋਂ ਬੱਸ ਰਵਾਨਾ



ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)-ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਸ਼ਮਸ਼ੇਰ ਸਿੰਘ ਵੱਲੋਂ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਦੀਨਾਨਗਰ ਤੋਂ ਸ਼੍ਰੀ ਆਨੰਦਪੁਰ ਸਾਹਿਬ, ਮਾਤਾ ਨੈਣਾ ਦੇਵੀ ਅਤੇ ਹੋਰ ਧਾਰਮਿਕ ਸਥਾਨਾਂ ਦੀ ਤਿੰਨ ਦਿਨਾ ਯਾਤਰਾ ਲਈ ਬੱਸ ਨੂੰ ਹਰੀ ਝੰਡੀ ਵਿਖਾ ਕੇ ਰਵਾਨਾ ਕੀਤਾ ਗਿਆ।

ਬੱਸ ਨੂੰ ਰਵਾਨਾ ਕਰਨ ਮੌਕੇ ਗੱਲਬਾਤ ਕਰਦਿਆਂ ਹਲਕਾ ਇੰਚਾਰਜ ਸ਼ਮਸ਼ੇਰ ਸਿੰਘ ਨੇ ਕਿਹਾ ਕਿ ਦੀਨਾਨਗਰ ਹਲਕੇ ਤੋਂ 15ਵੀਂ ਬੱਸ ਨੂੰ ਰਵਾਨਾ ਕੀਤਾ ਗਿਆ ਹੈ ਜਿਸ ਰਾਹੀਂ ਸ਼ਰਧਾਲੂ ਜੋ ਵੀ ਮਨੋਕਾਮਨਾ ਲੈ ਕੇ ਇਸ ਤੀਰਥ ਯਾਤਰਾ ਤੇ ਜਾ ਰਹੇ ਹਨ, ਮੈਂ ਪਰਮਾਤਮਾ ਅੱਗੇ ਅਰਦਾਸ ਕਰਦਾ ਹਾਂ ਕਿ ਇਨ੍ਹਾਂ ਸ਼ਰਧਾਲੂਆਂ ਦੀ ਹਰ ਮਨੋਕਾਮਨਾ ਪੂਰੀ ਹੋਵੇ।

ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਵਲੋਂ ਇਹ ਵਿਸ਼ੇਸ਼ ਉਪਰਾਲਾ ਕੀਤਾ ਗਿਆ ਹੈ, ਜਿਸ ਰਾਹੀਂ ਹੁਣ ਤੱਕ ਹਜ਼ਾਰਾਂ ਸ਼ਰਧਾਲੂ ਧਾਰਮਿਕ ਸਥਾਨਾਂ ਦੇ ਦਰਸ਼ਨ ਕਰ ਚੁੱਕੇ ਹਨ।ਉਨ੍ਹਾਂ ਕਿਹਾ ਕਿ ਇਹ ਸਿਰਫ ਧਾਰਮਿਕ ਯਾਤਰਾ ਹੀ ਨਹੀਂ ਸਗੋਂ ਲੋਕਾਂ ਅੰਦਰ ਆਪਸੀ ਭਾਈਚਾਰਕ ਸਾਂਝ ਨੂੰ ਵੀ ਵਧਾ ਰਹੀ ਹੈ ਕਿਉਂਕਿ ਤਿੰਨ ਦਿਨ ਲੋਕ ਲੋਕ ਇਕੱਠੇ ਯਾਤਰਾ ਤੇ ਹੁੰਦੇ ਹਨ ਅਤੇ ਇਸ ਦੌਰਾਨ ਇਕ ਪਰਿਵਾਰ ਵਾਲਾ ਮਹੌਲ ਹੁੰਦਾ ਹੈ, ਜੋ ਕਿ ਸਮਾਜ ਲਈ ਚੰਗੀ ਗੱਲ ਹੈ।

ਸ਼ਮਸ਼ੇਰ ਸਿੰਘ ਨੇ ਕਿਹਾ ਕਿ ਇਸ ਯਾਤਰਾ ਦੌਰਾਨ ਸਾਰਾ ਖਰਚਾ ਪੰਜਾਬ ਸਰਕਾਰ ਕਰ ਰਹੀ ਹੈ, ਜਿਸ ਦੌਰਾਨ ਸ਼ਰਧਾਲੂਆਂ ਦੇ ਰਹਿਣ ਅਤੇ ਖਾਣ ਪੀਣ ਦੇ ਪ੍ਰਬੰਧ ਸ਼ਾਮਲ ਹਨ। ਸ਼ਮਸ਼ੇਰ ਸਿੰਘ ਨੇ ਕਿਹਾ ਕਿ ਇਹ ਮਾਨ ਸਰਕਾਰ ਦਾ ਇਕ ਚੰਗਾ ਉਪਰਾਲਾ ਹੈ ਅਤੇ ਲੋਕ ਇਸਦੀ ਭਰਪੂਰ ਸ਼ਲਾਘਾ ਕਰ ਰਹੇ ਹਨ।

## 'ਘਰ ਦਾ ਭੇਤੀ ਲੰਕਾ ਢਾਹੇ' ਕਹਾਵਤ ਸੱਚ ਹੋਈ : ਜਿਜੈਆਣੀ



ਮਜੀਠਾ (ਸੋਇਮ ਆਨੰਦ)-ਆਮ ਆਦਮੀ ਪਾਰਟੀ ਦੇ 7 ਸੰਸਦ ਮੈਂਬਰਾਂ ਰਾਘਵ ਚੱਢਾ, ਅਸ਼ੋਕ ਮਿੱਤਲ, ਸੰਦੀਪ ਪਾਠਕ, ਹਰਭਜਨ ਸਿੰਘ, ਸਵਾਤੀ ਮਾਲੀਵਾਲ, ਵਿਕਰਮ ਸਾਹਨੀ ਅਤੇ ਰਾਜਿੰਦਰ ਗੁਪਤਾ ਦੇ ਭਾਜਪਾ ਵਿਚ ਜਾਣ ਤੇ ਆਪਣੀ ਪ੍ਰਤੀਕਿਰਿਆ ਜ਼ਾਹਿਰ ਕਰਦਿਆਂ ਸਮਾਜ ਸੇਵੀ ਇੰਜੀ. ਅਮਰਜੀਤ ਸਿੰਘ ਜਿਜੈਆਣੀ ਹਲਕਾ ਮਜੀਠਾ ਨੇ ਕਿਹਾ ਕਿ ਇੱਕ ਬਹੁਤ ਹੀ ਪੁਰਾਣੀ ਕਹਾਵਤ ਹੈ ਕਿ ਘਰ ਦਾ ਭੇਤੀ ਲੰਕਾ ਢਾਹੇ। ਇਸ ਕਹਾਵਤ ਨੂੰ ਸੱਚਮੁੱਚ ਸੱਚ ਕਰ ਦਿੱਤਾ ਗਿਆ ਹੈ। ਇਹ ਸ਼ਾਇਦ ਸਿਆਸਤ ਵਿਚ ਪਹਿਲੀ ਵਾਰੀ ਹੋਇਆ ਹੈ ਕਿ ਇੱਕੋ ਸਮੇਂ ਸੱਤ ਰਾਜ ਸਭਾ ਮੈਂਬਰ ਪਾਰਟੀ ਨੂੰ ਛੱਡ ਕੇ ਦੂਜੀ ਪਾਰਟੀ ਵਿਚ ਚਲੇ ਜਾਣ।ਪ੍ਰੈੱਸ ਨਾਲ ਗੱਲਬਾਤ ਕਰਦਿਆਂ ਇੰਜੀ. ਅਮਰਜੀਤ ਸਿੰਘ ਜਿਜੈਆਣੀ ਹਲਕਾ ਮਜੀਠਾ ਨੇ ਕਿਹਾ ਕਿ ਜਿਸ ਪਾਰਟੀ ਦੇ ਰਾਜ ਸਭਾ ਮੈਂਬਰ ਅਤੇ ਸੀਨੀਅਰ ਆਗੂ ਹੀ ਪਾਰਟੀ ਨੂੰ ਛੱਡ ਜਾਣ ਤਾਂ ਉਥੇ ਸਮਝ ਲੈਣਾ ਚਾਹੀਦਾ ਹੈ ਆਮ ਆਦਮੀ ਪਾਰਟੀ ਵਿਚ ਸਭ ਕੁਝ ਠੀਕ ਨਹੀਂ ਹੈ ਅਤੇ ਅਜੇ ਵੀ ਮੌਕਾ ਹੈ ਕਿ ਪਾਰਟੀ ਸੁਪਰੀਮੋ ਅਰਵਿੰਦ ਕੇਜਰੀਵਾਲ ਅਤੇ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਅਤੇ ਸਮੁੱਚੀ ਆਮ ਆਦਮੀ ਪਾਰਟੀ ਹਾਈਕਮਾਂਡ ਆਤਮ ਮੰਥਨ ਕਰੇ ਅਤੇ ਆਪਣੇ ਪਾਰਟੀ ਦੇ ਪੁਰਾਣੇ ਵਰਕਰਾਂ ਅਤੇ ਆਗੂਆਂ ਨੂੰ ਸੰਭਾਲ ਲੈਣ ਅਤੇ ਉਨ੍ਹਾਂ ਦੇ ਬਣਦੇ ਹੱਕ ਦੇ ਕੇ ਪਾਰਟੀ ਵਰਕਰਾਂ ਦਾ ਮਾਣ ਸਨਮਾਨ ਬਹਾਲ ਕਰਨ।

## ਹੈਲਥ ਐਂਡ ਸੇਫਟੀ ਡੇ ਮਨਾਉਂਦਿਆਂ ਬੱਚਿਆਂ ਨੂੰ ਸਿਹਤ ਸੰਬੰਧੀ ਕੀਤਾ ਜਾਗਰੂਕ



ਝਬਾਲ (ਹਰਜਿੰਦਰ ਸਿੰਘ ਸੋਨੀ)-ਚੀਫ ਖਾਲਸਾ ਦੀਵਾਨ ਦੇ ਪ੍ਰਧਾਨ ਸ. ਇੰਦਰਬੀਰ ਸਿੰਘ ਜੀ ਨਿੱਜਰ ਦੀ ਯੋਗ ਰਹਿਨੁਮਾਈ ਹੇਠ ਚੱਲ ਰਹੀ ਇਲਾਕੇ ਦੀ ਨਾਮਵਰ ਵਿੱਦਿਅਕ ਸੰਸਥਾ ਸ੍ਰੀ ਗੁਰੂ ਹਰਿਕ੍ਰਿਸ਼ਨ ਸੀਨੀਅਰ ਸੈਕੰਡਰੀ ਪਬਲਿਕ ਸਕੂਲ, ਝਬਾਲ ਵਿਖੇ ਹੈਲਥ ਐਂਡ ਸੇਫਟੀ ਡੇ ਮਨਾਉਂਦਿਆਂ ਬੱਚਿਆਂ ਨੂੰ ਸਿਹਤ ਸੰਬੰਧੀ ਜਾਗਰੂਕ ਕੀਤਾ ਗਿਆ।

ਮੈਡਮ ਸੰਗੀਤਾ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਹੋਇਆਂ ਕਿਹਾ ਕਿ ਸਿਹਤ ਇੱਕ ਵਡਮੁੱਲਾ ਖਜ਼ਾਨਾ ਹੈ।ਜਾਨ ਹੈ ਤਾਂ ਜਹਾਨ ਹੈ।ਇਸ ਲਈ ਹਰ ਇੱਕ ਬੱਚੇ ਨੂੰ ਆਪਣੀ ਸਿਹਤ ਵੱਲ ਧਿਆਨ ਦੇਣਾ ਚਾਹੀਦਾ ਹੈ।ਉਨ੍ਹਾਂ ਨੇ ਬੱਚਿਆਂ ਨੂੰ ਸੰਤੁਲਿਤ ਭੋਜਨ ਖਾਣ, ਵੱਧ ਤੋਂ ਵੱਧ ਕਸਰਤ ਕਰਨ, ਖੇਡਾਂ ਵਿੱਚ ਭਾਗ ਲੈਣ, ਟਰੈਫਿਕ ਨਿਯਮਾਂ ਦੀ ਪਾਲਣਾ ਕਰਨ ਅਤੇ ਆਪਣੇ ਆਲੇ-ਦੁਆਲੇ ਦੇ ਲੋਕਾਂ ਨੂੰ ਸਿਹਤ ਸੰਬੰਧੀ ਜਾਗਰੂਕ ਕਰਨ ਲਈ ਉਤਸ਼ਾਹਿਤ ਕੀਤਾ।ਇਸੇ ਸੰਬੰਧ ਵਿੱਚ ਛੇਵੀਂ ਜਮਾਤ ਦੇ ਵਿਦਿਆਰਥੀਆਂ ਨੂੰ ਇੱਕ ਵੀਡੀਓ ਰਾਹੀਂ ਆਪਣੇ ਆਲੇ- ਦੁਆਲੇ ਸਾਵਧਾਨੀ ਵਰਤਣ ਲਈ ਸੁਚੇਤ ਕੀਤਾ ਗਿਆ।

ਸਕੂਲ ਦੇ ਮੈਂਬਰ ਇੰਚਾਰਜ ਮਨਜੀਤ ਸਿੰਘ ਢਿੱਲੋਂ, ਆਦਰਸ਼ਪਿੰਦਰ ਸਿੰਘ ਮਾਨ, ਅਜੀਤਪਾਲ ਸਿੰਘ ਅਨੇਜਾ ਅਤੇ ਸਕੂਲ ਦੇ ਪ੍ਰਿੰਸੀਪਲ ਅਨੁਰੀਤ ਬਾਵਾ ਨੇ ਵਿਦਿਆਰਥੀਆਂ ਨੂੰ ਸੰਤੁਲਿਤ ਭੋਜਨ ਖਾਣ ਅਤੇ ਖੇਡਾਂ ਦੁਆਰਾ ਆਪਣੇ ਸਰੀਰ ਨੂੰ ਤੰਦਰੁਸਤ ਰੱਖਣ ਦੇ ਲਈ ਪ੍ਰੇਰਿਤ ਕੀਤਾ।ਇਸ ਸਮੇਂ ਸਕੂਲ ਦਾ ਸਮੂਹ ਸਟਾਫ਼ ਹਾਜ਼ਰ ਸੀ।

## ਮਿੱਡ ਡੇਅ ਮੀਲ ਵਰਕਰਜ਼ ਯੂਨੀਅਨ ਨੇ ਮੁੱਖ ਮੰਤਰੀ ਦੇ ਨਾਂਅ ਮੰਗ ਪੱਤਰ ਭੇਜਿਆ



ਬਟਾਲਾ (ਤਰਲੋਕ ਬੱਗਾ)-ਪੰਜਾਬ ਦੇ ਸਰਕਾਰੀ ਸਕੂਲਾਂ ਵਿੱਚ ਨਿਗੂਣੇ ਜਿਹੇ ਮਾਣਭੱਤੇ ਉਤੇ ਖਾਣਾ ਬਣਾਉਣ ਵਾਲੇ ਵਰਕਰਾਂ ਦੀ ਮਿਡ ਡੇਅ ਮੀਲ ਵਰਕਰਜ਼ ਯੂਨੀਅਨ ਬਟਾਲਾ ਦੇ ਅਹੁਦੇਦਾਰਾਂ ਭੈਣ ਨੀਲਮ ਅਤੇ ਭੈਣ ਹਰਭਜਨ ਕੌਰ ਦੀ ਅਗਵਾਈ ਵਿੱਚ ਵਿਧਾਇਕ ਹਲਕਾ ਬਟਾਲਾ ਅਮਨਸ਼ੇਰ ਸਿੰਘ ਕਲਸੀ ਰਾਹੀਂ ਮੁੱਖ ਮੰਤਰੀ ਪੰਜਾਬ ਨੂੰ ਮਾਣਭੱਤੇ ਵਿੱਚ ਵਾਧਾ ਕਰਨ ਲਈ ਮੰਗ ਪੱਤਰ ਭੇਜਿਆ ਗਿਆ ।ਮੰਗ ਪੱਤਰ ਪ੍ਰਾਪਤ ਕਰਦਿਆਂ ਪੀ. ਏ. ਨੀਤੂ ਬਾਲਾ ਨੇ ਵਿਧਾਇਕ ਬਟਾਲਾ ਵੱਲੋਂ ਮੰਗ ਪੱਤਰ ਭੇਜਣ ਅਤੇ ਮਾਣਭੱਤੇ ਵਿੱਚ ਵਾਧੇ ਲਈ ਸਿਫਾਰਿਸ਼ ਕਰਨ ਦਾ ਭਰੋਸਾ ਦਿੱਤਾ ।ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ ਦੇ ਆਗੂਆਂ ਰਮੇਸ਼ ਤਾਲੋਤਰਾ, ਗੁਰਪ੍ਰੀਤ ਸਿੰਘ ਰੰਗੀਲਪੁਰ, ਸੁਖਵਿੰਦਰ ਸਿੰਘ ਅਤੇ ਪਤਵਿੰਦਰ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਨੂੰ ਇਨ੍ਹਾਂ ਗਰੀਬ ਪਰਿਵਾਰ ਦੇ ਵਰਕਰਾਂ ਦੇ ਨਿਗੂਣੇ ਮਾਣਭੱਤੇ ਵਿੱਚ ਵਾਧਾ ਕਰਕੇ ਇਨ੍ਹਾਂ ਦੀ ਬਾਂਹ ਫੜਨੀ ਚਾਹੀਦੀ ਹੈ।ਹੁਣ ਤੱਕ ਕਿਸੇ ਸਰਕਾਰ ਨੇ ਵੀ ਇਨ੍ਹਾਂ ਗਰੀਬ ਵਰਕਰਾਂ ਦੀ ਸਾਰ ਨਹੀਂ ਲਈ ।ਇਹ ਵਰਗ ਮਾਣਭੱਤੇ ਵਿੱਚ ਵਾਧੇ ਦਾ ਹੱਕਦਾਰ ਹੈ ਕਿਉਂਕਿ ਇਨ੍ਹਾਂ ਮਿੱਡ ਡੇਅ ਮੀਲ ਵਰਕਰਾਂ ਦਾ ਕੰਮ ਅਤੇ ਜ਼ਿੰਮੇਵਾਰੀ ਬਹੁਤ ਵੱਡੀ ਹੈ ।ਇਸ ਮੌਕੇ ਉਰਮਿਲਾ, ਰਾਜ ਰਾਣੀ, ਮਨਜੀਤ ਕੌਰ, ਪ੍ਰਵੀਨ, ਪੁਸ਼ਪਾ, ਗੀਤਾ, ਕਮਲਾ, ਗੁਰਮੀਤ ਕੌਰ, ਨਿਰਮਲ ਕੌਰ ਆਦਿ ਹਾਜ਼ਰ ਸਨ ।

## ਕਾਸੋ ਆਪਰੇਸ਼ਨ ਤਹਿਤ ਬੱਸ ਸਟੈਂਡ 'ਤੇ ਚੈਕਿੰਗ ਅਭਿਆਨ ਚਲਾਇਆ



ਧਾਰੀਵਾਲ (ਮਨਦੀਪ ਵਿੱਕੀ)-ਮਾਨਯੋਗ ਐੱਸਐੱਸਪੀ ਗੁਰਦਾਸਪੁਰ ਅਦਿੱਤਿਆ ਦੇ ਆਦੇਸ਼ਾਂ ਤਹਿਤ ਐੱਸਪੀ ਮਨਿੰਦਰ ਪਾਲ ਸਿੰਘ ਅਤੇ ਡੀ. ਐੱਸ. ਪੀ. (ਦਿਹਾਤੀ ਗੁਰਦਾਸਪੁਰ) ਕੁਲਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਥਾਣਾ ਧਾਰੀਵਾਲ ਦੇ ਐੱਸਐੱਚਓ ਸਬ ਇੰਸਪੈਕਟਰ ਪਰਮਿੰਦਰ ਸਿੰਘ ਸਿੱਧੂ ਅਤੇ ਥਾਣਾ ਕਾਹਨੂੰਵਾਨ ਦੇ ਐੱਸ ਐੱਚ ਓ ਇੰਸਪੈਕਟਰ ਮੈਡਮ ਦੀਪਿਕਾ ਸਮੇਤ ਪੁਲਸ ਫੋਰਸ ਵੱਲੋਂ ਧਾਰੀਵਾਲ ਦੇ ਬੱਸ ਸਟੈਂਡ ਸਮੇਤ ਹੋਰ ਸੰਵੇਦਨਸ਼ੀਲ ਇਲਾਕਿਆਂ ਵਿੱਚ ਕਾਸੋ ਆਪਰੇਸ਼ਨ ਤਹਿਤ ਤਲਾਸ਼ੀ ਅਭਿਆਨ ਚਲਾਇਆ ਗਿਆ।ਇਸ ਵਿਸ਼ੇਸ਼ ਮੁਹਿੰਮ ਦਾ ਮੁੱਖ ਮਕਸਦ ਇਲਾਕੇ ਵਿੱਚ ਕਾਨੂੰਨ ਵਿਵਸਥਾ ਨੂੰ ਹੋਰ ਮਜ਼ਬੂਤ ਕਰਨਾ, ਸ਼ਰਾਰਤੀ ਅਨਸਰਾਂ 'ਤੇ ਨਕੇਲ ਪਾਉਣਾ ਅਤੇ ਲੋਕਾਂ ਵਿੱਚ ਸੁਰੱਖਿਆ ਦੀ ਭਾਵਨਾ ਪੈਦਾ ਕਰਨਾ ਹੈ ।

ਪੁਲਸ ਟੀਮਾਂ ਵੱਲੋਂ ਸ਼ੱਕੀ ਵਿਅਕਤੀਆਂ ਦੀ ਜਾਂਚ ਕੀਤੀ ਗਈ ਅਤੇ ਅਧੂਰੇ ਦਸਤਾਵੇਜ਼ ਵਾਲੇ ਵਾਹਨਾਂ ਖ਼ਿਲਾਫ਼ ਕਾਰਵਾਈ ਕਰਦਿਆਂ ਕਈ ਚਲਾਨ ਕੱਟੇ ਗਏ।ਇਸ ਤੋਂ ਇਲਾਵਾ ਮੋਟਰਸਾਈਕਲਾਂ ਤੇ ਪਟਾਕੇ ਪਾ ਕੇ ਹੁੱਲੜਬਾਜ਼ੀ ਕਰਨ ਵਾਲੇ ਨੌਜਵਾਨਾਂ ਨੂੰ ਵੀ ਕਾਬੂ ਕਰਕੇ ਅਜਿਹੀਆਂ ਹਰਕਤਾਂ ਨਾ ਕਰਨ ਲਈ ਸਖ਼ਤ ਚੇਤਾਵਨੀ ਦਿੱਤੀ ਗਈ।ਡੀ. ਐੱਸ. ਪੀ. ਕੁਲਵੰਤ ਸਿੰਘ ਮਾਨ ਨੇ ਕਿਹਾ ਕਿ ਟ੍ਰੈਫਿਕ ਨਿਯਮਾਂ ਦੀ ਉਲੰਘਣਾ ਅਤੇ ਅਮਨ-ਕਾਨੂੰਨ ਭੰਗ ਕਰਨ ਵਾਲਿਆਂ ਨਾਲ ਕਿਸੇ ਵੀ ਤਰ੍ਹਾਂ ਦੀ ਢਿੱਲ ਨਹੀਂ ਵਰਤੀ ਜਾਵੇਗੀ।ਕਾਸੋ ਆਪਰੇਸ਼ਨ ਦੌਰਾਨ ਸਬ ਇੰਸਪੈਕਟਰ ਗੁਰਪ੍ਰੀਤ ਕੌਰ, ਏਐੱਸਆਈ ਹਰਜਿੰਦਰ ਸਿੰਘ, ਏਐੱਸਆਈ ਰਮੇਸ਼ ਪਾਲ, ਏਐੱਸਆਈ ਰਣਜੀਤ ਸਿੰਘ, ਏਐੱਸਆਈ ਸੁਖਦੇਵ ਸਿੰਘ, ਜੇਪੀ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਪੁਲਿਸ ਜਵਾਨ ਮੌਜੂਦ ਸਨ।

ਅਧਿਕਾਰੀਆਂ ਨੇ ਕਿਹਾ ਕਿ ਅਜਿਹੇ ਕਾਸੋ ਆਪਰੇਸ਼ਨ ਅਤੇ ਚੈਕਿੰਗ ਮੁਹਿੰਮਾਂ ਅੱਗੇ ਵੀ ਜਾਰੀ ਰਹਿਣਗੀਆਂ ਤਾਂ ਜੋ ਸਮਾਜ ਵਿਰੋਧੀ ਅਨਸਰਾਂ ਤੇ ਨਜ਼ਰ ਰੱਖੀ ਜਾ ਸਕੇ ਅਤੇ ਲੋਕਾਂ ਨੂੰ ਸੁਰੱਖਿਅਤ ਮਾਹੌਲ ਮੁਹੱਈਆ ਕਰਵਾਇਆ ਜਾ ਸਕੇ।ਇਲਾਕਾ ਨਿਵਾਸੀਆਂ ਨੇ ਪੁਲਸ ਦੀ ਇਸ ਕਾਰਵਾਈ ਦੀ ਸ਼ਲਾਘਾ ਕੀਤੀ।

## 'ਆਪ' ਨੇ ਕੁੰਵਰ ਵਿਜੇ ਪ੍ਰਤਾਪ ਦੀ ਕਦਰ ਨਹੀਂ ਪਾਈ : ਖੇਮਕਾ



ਛੇਹਰਟਾ, (ਮਨੋਜ ਕੁਮਾਰ) : ਸਮਾਜ ਸੇਵਕ ਅਨੁਜ ਖੇਮਕਾ ਨੇ ਕਿਹਾ ਹੈ ਕਿ ਜੇਕਰ ਆਮ ਆਦਮੀ ਪਾਰਟੀ ਨੇ ਵਿਧਾਇਕ ਕੁੰਵਰ ਵਿਜੇ ਪ੍ਰਤਾਪ ਸਿੰਘ ਦੀ ਕਦਰ ਪਾਈ ਹੁੰਦੀ ਤੇ ਸਰਕਾਰ ਵਿਚ ਉਨ੍ਹਾਂ ਨੂੰ ਕੋਈ ਅਹਿਮ ਅਹੁਦਾ ਸੌਂਪਿਆ ਹੁੰਦਾ ਤਾਂ ਪਾਰਟੀ ਦੀ ਅੱਜ ਇਹ ਦੁਰਗਤੀ ਨਾ ਹੁੰਦੀ। ਜਾਰੀ ਬਿਆਨ ਵਿਚ ਉਨ੍ਹਾਂ ਕਿਹਾ ਕਿ ਵਰਤਮਾਨ ਵਿਚ ਹਾਲਾਤ ਇਹ ਬਣ ਗਏ ਹਨ ਕਿ ਪਾਰਟੀ ਬਣਾਉਣ ਵਾਲੇ ਵੱਡੇ ਆਗੂ 'ਆਪ' ਨੂੰ ਅਲਵਿਦਾ ਕਹਿ ਕੇ ਜਾ ਰਹੇ ਹਨ ਅਤੇ ਆਉਣ ਵਾਲੇ ਸਮੇਂ ਵਿਚ ਕਿੰਨੇ ਹੋਰ ਪਾਰਟੀ ਛੱਡ ਜਾਣ, ਕੋਈ ਨਹੀਂ ਜਾਣਦਾ। ਉਨ੍ਹਾਂ ਕਿਹਾ ਕਿ ਜੇਕਰ ਸੂਬੇ ਦਾ ਗ੍ਰਹਿ ਮੰਤਰਾਲਾ ਕੁੰਵਰ ਵਿਜੇ ਪ੍ਰਤਾਪ ਸਿੰਘ ਨੂੰ ਸੌਂਪਿਆ ਹੁੰਦਾ ਤਾਂ ਸੂਬੇ ਵਿਚ ਅਮਨ-ਸ਼ਾਂਤੀ ਵਾਲਾ ਮਾਹੌਲ ਹੋਣਾ ਸੀ, ਜਦੋਂ ਕਿ ਅੱਜ ਸੂਬੇ ਵਿਚ ਕੋਈ ਵੀ ਵਿਅਕਤੀ ਖ਼ੁਦ ਨੂੰ ਸੁਰੱਖਿਅਤ ਮਹਿਸੂਸ ਨਹੀਂ ਕਰਦਾ। ਉਨ੍ਹਾਂ ਕਿਹਾ ਕਿ ਵਿਧਾਇਕ ਕੁੰਵਰ ਵਿਜੇ ਪ੍ਰਤਾਪ ਸਿੰਘ ਦੀ ਅਣਦੇਖੀ ਕੀਤੇ ਜਾਣ ਕਾਰਨ ਆਮ ਲੋਕਾਂ ਦਾ ਆਮ ਆਦਮੀ ਪਾਰਟੀ ਤੋਂ ਮੋਹ ਭੰਗ ਹੋ ਚੁੱਕਾ ਹੈ। ਉਨ੍ਹਾਂ ਉਮੀਦ ਪ੍ਰਗਟਾਈ ਕਿ ਆਉਣ ਵਾਲੇ ਸਮੇਂ ਵਿਚ ਪੰਜਾਬ ਦੀ ਜਨਤਾ ਅਜਿਹੇ ਇਮਾਨਦਾਰ ਆਗੂਆਂ ਨੂੰ ਉਹ ਉਚਿਤ ਮਾਣ ਸਨਮਾਨ ਤੇ ਸਥਾਨ ਜ਼ਰੂਰੀ ਦੁਆਵੇਗੀ, ਜੋ ਉਨ੍ਹਾਂ ਨੂੰ ਵਰਤਮਾਨ ਵਿਚ ਨਹੀਂ ਮਿਲ ਰਿਹਾ।

## ਹਿੰਦੂ ਕੰਨਿਆ ਮਹਾਂਵਿਦਿਆਲਾ ਧਾਰੀਵਾਲ ਵਿਖੇ ਵਿਦਾਇਗੀ ਸਮਾਗਮ



**ਧਾਰੀਵਾਲ (ਮਨਦੀਪ ਵਿੱਕੀ)**-ਸਥਾਨਕ ਹਿੰਦੂ ਕੰਨਿਆ ਮਹਾਂਵਿਦਿਆਲਿਆ, ਧਾਰੀਵਾਲ ਵਿਖੇ ਕਾਲਜ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐੱਨਡੀ ਅਨੰਦ, ਸਕੱਤਰ ਰਮੇਸ਼ ਕੋਹਲੀ ਅਤੇ ਪ੍ਰਿੰਸੀਪਲ ਡਾ. ਰਜਵਿੰਦਰ ਕੌਰ ਦੀ ਅਗਵਾਈ ਹੇਠ ਕਾਲਜ ਵਿੱਚ ਬੀਏ/ਬੀਐੱਸਸੀ/ਬੀਸੀਏ/ਬੀਕਾਮ. ਛੇਵੇਂ ਸਮੈਸਟਰ ਦੇ ਵਿਦਿਆਰਥੀਆਂ ਨੂੰ ਜੂਨੀਅਰ ਵਿਦਿਆਰਥੀਆਂ ਨੇ ਵਿਦਾਇਗੀ ਪਾਰਟੀ ਦਿੱਤੀ।ਇਸ ਮੌਕੇ ਮੁੱਖ ਮਹਿਮਾਨ ਅਸ਼ਵਨੀ ਦੁੱਗਲ ਪ੍ਰਧਾਨ, ਨਗਰ ਕੌਂਸਲ ਧਾਰੀਵਾਲ ਅਤੇ ਉਨ੍ਹਾਂ ਦੇ ਸਾਥੀਆਂ ਨੇ ਵਿਸ਼ੇਸ਼ ਤੌਰ ਤੇ ਸ਼ਿਰਕਤ ਕੀਤੀ।ਇਸ ਦੌਰਾਨ ਵਿਦਿਆਰਥਣਾਂ ਵੱਲੋਂ ਗਿੱਧਾ, ਭੰਗੜਾ ਅਤੇ ਕਵਿਤਾਵਾਂ ਆਦਿ ਪੇਸ਼ ਕਰਕੇ ਰੰਗਾ ਰੰਗ ਪ੍ਰੋਗਰਾਮ ਪੇਸ਼ ਕੀਤਾ ਗਿਆ।

ਵਿਦਿਆਰਥਣਾਂ ਵੱਲੋਂ ਮਾਡਲਿੰਗ ਵੀ ਕੀਤੀ ਗਈ ਜਿਸ ਵਿੱਚ 'ਚ ਵਿਦਿਆਰਥਣ ਪਲਵੀ ਨੂੰ ਮਿਸ ਫੇਅਰਵੈੱਲ, ਪ੍ਰੀਆ ਨੂੰ ਮਿਸ ਚਾਰਮਿੰਗ ਅਤੇ ਸਿਮਰਨਜੀਤ ਕੌਰ ਨੂੰ ਸਟੂਡੈਂਟ ਆਫ ਦਿ ਯੀਅਰ ਦਾ ਖਿਤਾਬ ਦੇ ਕੇ ਸਨਮਾਨਿਤ ਕੀਤਾ ਗਿਆ।

ਇਸ ਦੌਰਾਨ ਪ੍ਰਿੰਸੀਪਲ ਡਾ. ਰਜਵਿੰਦਰ ਕੌਰ ਵੱਲੋਂ ਵਿਦਿਆਰਥਣਾਂ ਨੂੰ ਵਿਦਾਇਗੀ ਪਾਰਟੀ ਦੀ ਵਧਾਈ ਦਿੱਤੀ ਤੇ ਨਾਲ ਹੀ ਉਨ੍ਹਾਂ ਦੇ ਕਾਲਜ ਛੱਡਣ ਦਾ ਭਾਵੁਕ ਪਲ ਵੀ ਸਾਂਝਾ ਕੀਤਾ ਅਤੇ ਉਨ੍ਹਾਂ ਦੇ ਸੁਨਹਿਰੇ ਭਵਿੱਖ ਲਈ ਅਰਦਾਸ ਕੀਤੀ।ਅੰਤ ਵਿੱਚ ਕਾਲਜ ਪ੍ਰਬੰਧਕਾਂ, ਕਾਲਜ ਪ੍ਰਿੰਸੀਪਲ ਅਤੇ ਮੁੱਖ ਮਹਿਮਾਨ ਵੱਲੋਂ ਵਿਦਿਆਰਥਣਾਂ ਨੂੰ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ।ਨਗਰ ਕੌਂਸਲ ਦੇ ਪ੍ਰਧਾਨ ਅਸ਼ਵਨੀ ਦੁੱਗਲ ਵੱਲੋਂ ਵਿਦਿਆਰਥਣਾਂ ਦੀ ਵਧੀਆ ਕਾਰਗੁਜ਼ਾਰੀ ਨੂੰ ਦੇਖਦੇ ਹੋਏ ਚਾਰ ਵਿਦਿਆਰਥੀਣਾਂ ਨੂੰ ਆਪਣੇ ਵੱਲੋਂ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਤੇ ਵਿਦਿਆਰਥਣਾਂ ਨੂੰ ਅਸ਼ੀਰਵਾਦ ਦਿੰਦਿਆਂ ਕਿਹਾ ਕਿ ਤੁਸੀਂ ਆਪਣੇ ਮਾਪਿਆਂ, ਅਧਿਆਪਕਾਂ ਤੇ ਧਾਰੀਵਾਲ ਸ਼ਹਿਰ ਤੇ ਦੇਸ਼ ਦਾ ਇਸੇ ਤਰ੍ਹਾਂ ਹੀ ਨਾਮ ਰੌਸ਼ਨ ਕਰਦੇ ਰਹਿਣਾ।ਇਸ ਮੌਕੇ ਰਾਜਨ ਗੋਇਲ, ਸੁਖਜੀਤ ਸਿੰਘ ਬਾਜਵਾ, ਜਗੀਰ ਸਿੰਘ, ਮਨਮੋਹਰਜੀਤ ਸਿੰਘ ਅਤੇ ਕਾਲਜ ਦਾ ਸਮੂਹ ਸਟਾਫ ਹਾਜ਼ਰ ਸੀ।

## ਲੋਕ ਮੁੜ ਆਮ ਆਦਮੀ ਪਾਰਟੀ ਦੀ ਸਰਕਾਰ ਬਣਾਉਣ ਲਈ ਉਤਾਵਲੇ: ਤਲਬੀਰ ਗਿੱਲ



ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)-ਆਮ ਆਦਮੀ ਪਾਰਟੀ ਪੂਰੀ ਤਰਾਂ ਨਾਲ ਇੱਕਜੁਟ ਹੈ ਤੇ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਅਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿਚ ਮਜ਼ਬੂਤ ਹੈ ਤੇ 2027 ਦੀਆਂ ਚੋਣਾਂ ਵਿਚ ਇੱਕਜੁਟਤਾ ਨਾਲ ਪੰਜਾਬ ਵਿਚ ਦੁਬਾਰਾ ਸਰਕਾਰ ਬਣਾਵੇਗੀ।ਇਹ ਪਗਟਾਵਾ ਮਜੀਠਾ ਹਲਕੇ ਦੇ ਆਪ ਦੇ ਇੰਚਾਰਜ ਤਲਬੀਰ ਸਿੰਘ ਗਿੱਲ ਨੇ ਆਪਣੇ ਗ੍ਰਹਿ ਵਿਖੇ ਹਲਕੇ ਦੇ ਲੋਕਾਂ ਦੀਆਂ ਦੁੱਖ ਤਕਲੀਫਾਂ ਸੁਣਨ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਕੀਤਾ।ਉਨ੍ਹਾਂ ਕਿਹਾ ਕਿ ਪੰਜਾਬ ਵਿਚਲੀ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਆਪ ਸਰਕਾਰ ਦੇ ਆਪਣੇ ਹੁਣ ਤੱਕ ਦੇ ਰਾਜ ਦੌਰਾਨ ਕਰਵਾਏ ਵਿਕਾਸ ਕਾਰਜਾਂ ਤੇ ਲੋਕਾਂ ਨੂੰ ਦਿੱਤੀਆਂ ਗਈਆਂ ਸਹੂਲਤਾਂ ਸੂਬੇ 'ਚ ਮੁੜ 2027 'ਚ ਹੋਣ ਵਾਲੀ ਵਿਧਾਨ ਸਭਾ ਚੋਣਾਂ 'ਚ ਆਪ ਦੀ ਸਰਕਾਰ ਹੋਵੇਗੀ।ਤਲਬੀਰ ਸਿੰਘ ਗਿੱਲ ਨੇ ਕਿਹਾ ਕਿ ਆਪ ਸਰਕਾਰ ਵਲੋਂ ਪਿਛਲੇ ਚਾਰ ਸਾਲਾਂ ਦੌਰਾਨ ਚਲਾਈਆਂ ਗਈਆਂ ਲੋਕ-ਭਲਾਈ ਯੋਜਨਾਵਾਂ ਨੇ ਸੂਬੇ ਦੇ ਵਿਕਾਸ ਨੂੰ ਨਵੀਂ ਦਿਸ਼ਾ ਦਿੱਤੀ ਹੈ ਅਤੇ ਆਮ ਲੋਕਾਂ ਦੇ ਦੇ ਜੀਵਨ ਪੱਧਰ ਵਿਚ ਮਹੱਤਵਪੂਰਨ ਸੁਧਾਰ ਆਇਆ ਹੈ ਅਤੇ ਸਰਕਾਰ ਨੇ ਹਰੇਕ ਵਰਗ ਨੂੰ ਧਿਆਨ ਵਿਚ ਰੱਖਦਿਆਂ ਯੋਜਨਾਵਾਂ ਬਣਾਈਆਂ ਹਨ, ਜਿਸ ਨਾਲ ਕਿਸਾਨਾਂ, ਮਜ਼ਦੂਰਾਂ, ਨੌਜਵਾਨਾਂ ਅਤੇ ਗਰੀਬ ਪਰਿਵਾਰਾਂ ਨੂੰ ਸਿੱਧਾ ਲਾਭ ਮਿਲ ਰਿਹਾ ਹੈ।ਸਿੱਖਿਆ ਦੇ ਖੇਤਰ ਵਿਚ ਸਰਕਾਰੀ ਸਕੂਲਾਂ ਨੂੰ ਨਵੀਂ ਦਿਸ਼ਾ ਦਿੱਤੀ ਹੈ, ਆਧੁਨਿਕ ਕਲਾਸ ਰੂਮ ਬਣਾਏ ਗਏ ਹਨ ਅਤੇ ਬੱਚਿਆਂ ਨੂੰ ਵਧੀਆ ਸਹੂਲਤਾਂ ਪ੍ਰਦਾਨ ਕੀਤੀਆਂ ਜਾ ਰਹੀਆਂ ਹਨ।ਉਨ੍ਹਾਂ ਅੱਗੇ ਕਿਹਾ ਕਿ ਸਿਹਤ ਸੇਵਾਵਾਂ ਵਿਚ ਵੀ ਵੱਡੇ ਪੱਧਰ ਤੇ ਸੁਧਾਰ ਕੀਤੇ ਗਏ ਹਨ।ਮੁਫ਼ਤ ਬਿਜਲੀ ਯੋਜਨਾ ਨਾਲ ਲੋਕਾਂ ਦੇ ਘਰੇਲੂ ਖ਼ਰਚੇ ਘਟੇ ਹਨ ਅਤੇ ਲੋਕਾਂ ਨੂੰ ਆਰਥਿਕ ਰਾਹਤ ਮਿਲੀ ਹੈ।ਉਨ੍ਹਾਂ ਕਿਹਾ ਕਿ ਮਜੀਠਾ ਹਲਕੇ ਵਿੱਚ ਵਿਕਾਸ ਦੇ ਕੰਮ ਜੰਗੀ ਪੱਧਰ 'ਤੇ ਜਾਰੀ ਹਨ।ਇਸ ਮੌਕੇ ਹੋਰਨਾਂ ਤੋ ਇਲਾਵਾ ਬਲਜਿੰਦਰ ਸਿੰਘ ਛੀਨਾ ਸਿਆਸੀ ਸਲਾਹਕਾਰ ਤਲਬੀਰ ਸਿੰਘ ਗਿੱਲ, ਆਮ ਆਦਮੀ ਪਾਰਟੀ ਕਿਸਾਨ ਵਿੰਗ ਜ਼ਿਲ੍ਹਾ ਪ੍ਰਧਾਨ ਸਰਪੰਚ ਬਲਬੀਰ ਸਿੰਘ ਬੋਪਾਰਾਏ, ਸਰਪੰਚ ਜਤਿੰਦਰ ਸਿੰਘ ਤਲਵੰਡੀ ਦਸੌਂਧਾ ਸਿੰਘ, ਸਰਪੰਚ ਪਰੇਮ ਸਿੰਘ ਤਰਫਾਨ, ਸਰਪੰਚ ਸਰਬਜੀਤ ਸਿੰਘ ਸਾਧਪੁਰ, ਬਲਾਕ ਪ੍ਰਧਾਨ ਤਰਵਿੰਦਰ ਸਿੰਘ ਸਾਧਪੁਰ, ਸ਼ਿਵਰਾਜ ਸਿੰਘ ਭੀਲੋਵਾਲ, ਚੇਅਰਮੈਨ ਸਿਕੰਦਰ ਸਿੰਘ ਖਿੱਦੋਵਾਲੀ, ਪਰਮਜੀਤ ਸਿੰਘ ਮੱਤੇਵਾਲ ਮੈਂਬਰ ਜ਼ਿਲ੍ਹਾ ਪਰੀਸ਼ਦ, ਸੰਮਤੀ ਮੈਂਬਰ ਗੁਰਬੀਰ ਸਿੰਘ ਮੱਤੇਵਾਲ ਆਦਿ ਆਗੂ ਵੀ ਹਾਜ਼ਰ ਸਨ।

# ਨਿਤਿਨ ਕੋਹਲੀ ਦੀ ਅਗਵਾਈ ਹੇਠ ਵੱਖ-ਵੱਖ ਪਾਰਟੀਆਂ ਦੇ ਆਗੂ 'ਆਪ' 'ਚ ਸ਼ਾਮਲ

**ਜਲੰਧਰ :** ਆਮ ਆਦਮੀ ਪਾਰਟੀ ਦੇ ਜਲੰਧਰ ਸੈਂਟਰਲ ਹਲਕੇ ਦੇ ਇੰਚਾਰਜ ਨਿਤਿਨ ਕੋਹਲੀ ਦੀ ਅਗਵਾਈ ਹੇਠ ਵਾਰਡ ਨੰਬਰ 6 ਵਿੱਚ ਇੱਕ ਪ੍ਰਭਾਵਸ਼ਾਲੀ ਸਮਾਗਮ ਆਯੋਜਿਤ ਕੀਤਾ ਗਿਆ, ਇਸ ਦੌਰਾਨ ਭਾਜਪਾ ਤੋਂ ਰਾਜਵਿੰਦਰ ਸਿੰਘ (ਐੱਸ ਸੀ ਮੋਰਚਾ, ਜਨਰਲ ਸਕੱਤਰ), ਨਿਰਮਲ ਸਿੰਘ (ਸੀਨੀਅਰ ਲੀਡਰ), ਵਿਜੇ ਕੁਮਾਰ (ਬੂਥ ਪ੍ਰਧਾਨ), ਕਾਂਗਰਸ ਤੋਂ ਦਲਬੀਰ ਸਿੰਘ (ਵਾਈਸ ਪ੍ਰਧਾਨ), ਪ੍ਰਭਜੋਤ ਸਿੰਘ (ਵਾਈਸ ਪ੍ਰਧਾਨ, ਜਲੰਧਰ), ਬਸਪਾ ਤੋਂ ਸਰਬਜੀਤ ਸਿੰਘ ਝਮੱਟ, ਮੋਹਨ ਸਿੰਘ (ਵਾਰਡ ਪ੍ਰਧਾਨ), ਰਾਜਵੀਰ ਸਿੰਘ, ਸੰਦੀਪ ਕੁਮਾਰ, ਅਸ਼ੋਕ ਕੁਮਾਰ, ਕਰਨਪ੍ਰੀਤ, ਅਰਸ਼ਪ੍ਰੀਤ, ਕੁਲਦੀਪ ਸਿੰਘ, ਕ੍ਰਿਸ਼ਨ ਪ੍ਰਕਾਸ਼ (ਸਾਰੇ ਮੈਂਬਰ) ਸਮੇਤ ਹੋਰ ਪ੍ਰਮੁੱਖ ਚਿਹਰੇ ਚਰਨਜੀਤ ਸਿੰਘ ਮਿਨਹਾਸ (ਸਮਾਜ ਸੇਵੀ), ਗੁਰਮੁਖ ਸਿੰਘ, ਰਜਿੰਦਰ ਸਿੰਘ, ਗੁਰਬਚਨ ਸਿੰਘ, ਜਗਦੀਸ਼ ਕੁਮਾਰ, ਹੈਪੀ, ਕਮਲ ਕਮਲ ਅਤੇ ਯੂਥ ਵਰਗ ਤੋਂ ਹਰਮਨਦੀਪ ਸਿੰਘ, ਹਰਸ਼ ਸਿੰਘ, ਗੁਰਜੀਤ ਸਿੰਘ, ਗੁਰਪ੍ਰੀਤ ਸਿੰਘ ਢੋਗਲ, ਜਤਿੰਦਰ ਕੁਮਾਰ, ਗੁਰਪ੍ਰੀਤ ਸਿੰਘ, ਦਮਨ ਨੇ ਆਪਣੇ ਸਾਥੀਆਂ ਅਤੇ ਪਰਵਾਰਾਂ ਸਮੇਤ ਵੱਡੀ ਗਿਣਤੀ 'ਚ ਆਮ ਆਦਮੀ ਪਾਰਟੀ 'ਚ ਸ਼ਾਮਲ ਹੋ ਕੇ ਨਿਤਿਨ ਕੋਹਲੀ ਪ੍ਰਤੀ ਆਪਣਾ ਭਰੋਸਾ ਪ੍ਰਗਟਾਇਆ।ਇਸ ਜੁਆਇਨਿੰਗ ਸਮਾਗਮ 'ਚ ਵਾਰਡ ਇੰਚਾਰਜ ਤ੍ਰਿਲੋਕ ਸਿੰਘ ਸਰਾਂ ਵੀ ਮੌਜੂਦ ਰਹੇ। ਇਸ ਮੌਕੇ ਨਿਤਿਨ ਕੋਹਲੀ ਨੇ ਆਪ



'ਚ ਸ਼ਾਮਲ ਕਰਨ ਵਾਲੇ ਪਰਵਾਰਾਂ ਨਾਲ ਨਿੱਜੀ ਤੌਰ 'ਤੇ ਮੁਲਾਕਾਤ ਕਰਦਿਆਂ ਇਲਾਕੇ ਦੀਆਂ ਮੁਸ਼ਕਲਾਂ, ਵਿਕਾਸ ਕਾਰਜਾਂ ਅਤੇ ਬੁਨਿਆਦੀ ਸਹੂਲਤਾਂ ਬਾਰੇ ਵਿਸਥਾਰ ਨਾਲ ਗੱਲਬਾਤ ਕੀਤੀ।ਉਨ੍ਹਾਂ ਕਿਹਾ ਕਿ ਲੋਕਾਂ ਦੀ ਸੇਵਾ ਕਰਨਾ ਹੀ ਉਨ੍ਹਾਂ ਦੀ ਰਾਜਨੀਤੀ ਦਾ ਪਹਿਲਾ ਮਕਸਦ ਹੈ ਅਤੇ ਉਹ ਬਿਨਾਂ ਕਿਸੇ ਭੇਦਭਾਵ ਦੇ ਹਰ ਵਰਗ ਦੇ ਲੋਕਾਂ ਦੇ ਕੰਮ ਪਹਿਲ ਦੇ ਅਧਾਰ 'ਤੇ ਕਰਦੇ ਆਏ ਹਨ। ਜੋ ਆਗੂ ਵੱਖ-ਵੱਖ ਪਾਰਟੀਆਂ ਨੂੰ ਛੱਡ ਕੇ ਆਮ ਆਦਮੀ ਪਾਰਟੀ 'ਚ ਸ਼ਾਮਲ ਹੋਏ, ਉਨ੍ਹਾਂ ਨੇ ਕਿਹਾ ਕਿ ਜਦੋਂ ਵੀ ਉਹ ਆਪਣੇ ਇਲਾਕੇ ਦੇ ਕੰਮਾਂ ਲਈ ਨਿਤਿਨ ਕੋਹਲੀ ਕੋਲ ਗਏ, ਉਨ੍ਹਾਂ ਨੇ ਕਦੇ ਵੀ ਸਿਆਸੀ ਮਤਭੇਦ ਨੂੰ ਵਿਚਕਾਰ ਨਹੀਂ ਆਉਣ ਦਿੱਤਾ ਅਤੇ ਹਮੇਸ਼ਾ ਲੋਕ ਹਿੱਤ ਨੂੰ ਪਹਿਲ ਦਿੱਤੀ।ਇਹੀ ਕਾਰਨ ਹੈ ਕਿ ਉਹ ਉਨ੍ਹਾਂ ਦੀ ਕਾਰਗੁਜ਼ਾਰੀ ਅਤੇ ਸੋਚ ਤੋਂ ਪ੍ਰਭਾਵਿਤ ਹੋ ਕੇ ਪਾਰਟੀ ਨਾਲ ਜੁੜੇ ਹਨ।ਨਿਤਿਨ ਕੋਹਲੀ ਨੇ ਆਪਣੇ ਸੰਬੋਧਨ ਦੌਰਾਨ ਜਲੰਧਰ ਸੈਂਟਰਲ ਵਿੱਚ ਹੋ ਰਹੇ ਵਿਕਾਸ ਕਾਰਜਾਂ ਬਾਰੇ ਵੀ ਜਾਣਕਾਰੀ ਦਿੱਤੀ। ਉਨ੍ਹਾਂ ਕਿਹਾ ਕਿ ਸੜਕਾਂ ਦੀ ਮੁਰੰਮਤ, ਸਫਾਈ ਪ੍ਰਬੰਧਾਂ ਵਿੱਚ ਸੁਧਾਰ, ਸਟ੍ਰੀਟ ਲਾਈਟਾਂ ਦੀ ਸਥਾਪਨਾ ਅਤੇ ਨਿਕਾਸੀ ਪ੍ਰਣਾਲੀ ਨੂੰ ਮਜ਼ਬੂਤ ਕਰਨ ਲਈ ਲਗਾਤਾਰ ਕੰਮ ਕੀਤਾ ਜਾ ਰਿਹਾ ਹੈ।ਨਿਤਿਨ ਕੋਹਲੀ ਦੀ ਅਗਵਾਈ ਹੇਠ ਆਮ ਆਦਮੀ ਪਾਰਟੀ ਵਿੱਚ ਲਗਾਤਾਰ ਵੱਖ-ਵੱਖ ਪਾਰਟੀਆਂ ਦੇ ਆਗੂਆਂ ਦੀ ਸ਼ਮੂਲੀਅਤ ਵਧ ਰਹੀ ਹੈ।ਕਾਂਗਰਸ, ਬਸਪਾ ਅਤੇ ਭਾਜਪਾ ਦੇ ਕਈ ਆਗੂ ਪਹਿਲਾਂ ਹੀ ਪਾਰਟੀ 'ਚ ਸ਼ਾਮਲ ਹੋ ਚੁੱਕੇ ਹਨ ਅਤੇ ਇਹ ਸਿਲਸਿਲਾ ਲਗਾਤਾਰ ਜਾਰੀ ਹੈ। ਉਨ੍ਹਾਂ ਨੇ ਭਰੋਸਾ ਜਤਾਇਆ ਕਿ ਪਾਰਟੀ ਦੀਆਂ ਨੀਤੀਆਂ ਅਤੇ ਲੋਕ ਭਲਾਈ ਕੰਮਾਂ ਦੇ ਆਧਾਰ 'ਤੇ ਆਉਣ ਵਾਲੇ ਸਮੇਂ 'ਚ ਆਮ ਆਦਮੀ ਪਾਰਟੀ ਜਲੰਧਰ ਸੈਂਟਰਲ 'ਚ ਹੋਰ ਵੀ ਮਜ਼ਬੂਤ ਹੋਵੇਗੀ।

# ਡਰੇਨ ਨੂੰ ਠੀਕ ਕਰਨ ਲਈ ਪਾਈਪ ਲਾਈਨ ਪਾਈ ਜਾਵੇਗੀ : ਵਿਧਾਇਕ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਵਿਧਾਇਕ ਬ੍ਰਮ ਸ਼ੰਕਰ ਜਿੰਪਾ ਨੇ ਸ਼ਹਿਰ ਦੇ ਵਾਰਡ ਨੰਬਰ 45, ਟਾਂਡਾ ਰੋਡ ਸਥਿਤ ਸੁਚ ਹਸਪਤਾਲ ਦੇ ਨੇੜੇ ਲੰਬੇ ਸਮੇਂ ਤੋਂ ਚੱਲ ਰਹੀ ਪਾਣੀ ਦੀ ਨਿਕਾਸ ਦੀ ਸਮੱਸਿਆ ਦੇ ਹੱਲ ਲਈ ਮਹੱਤਵਪੂਰਨ ਕਦਮ ਚੁੱਕਿਆ ਹੈ। ਉਨ੍ਹਾਂ ਦੱਸਿਆ ਕਿ



ਇਸ ਖੇਤਰ ਵਿੱਚ ਡ੍ਰੇਨ ਨੂੰ ਠੀਕ ਕਰਨ ਲਈ ਕਰੀਬ 12 ਲੱਖ ਰੁਪਏ ਦੀ ਲਾਗਤ ਨਾਲ 220 ਮੀਟਰ ਲੰਬੀ ਪਾਈਪਲਾਈਨ ਪਾਈ ਜਾਵੇਗੀ। ਵਿਧਾਇਕ ਜਿੰਪਾ ਨੇ ਕਿਹਾ ਕਿ ਇਸ ਪ੍ਰੋਜੈਕਟ ਦੇ ਪੂਰਾ ਹੋਣ ਤੋਂ ਬਾਅਦ ਇਲਾਕੇ ਵਿੱਚ ਪਾਣੀ ਨਿਕਾਸ ਪ੍ਰਣਾਲੀ ਵਿੱਚ ਵੱਡਾ ਸੁਧਾਰ ਆਵੇਗਾ ਅਤੇ ਲੋਕਾਂ ਨੂੰ ਪਾਣੀ ਖੜ੍ਹੇ ਹੋਣ ਦੀ ਸਮੱਸਿਆ ਤੋਂ ਰਾਹਤ ਮਿਲੇਗੀ। ਉਨ੍ਹਾਂ ਦੱਸਿਆ ਕਿ ਮੀਂਹ ਦੇ ਮੌਸਮ ਦੌਰਾਨ ਇੱਥੇ ਪਾਣੀ ਇਕੱਠਾ ਹੋ ਜਾਣ ਕਰਕੇ ਲੋਕਾਂ ਨੂੰ ਕਾਫ਼ੀ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈਂਦਾ ਸੀ, ਜਿਸ ਨੂੰ ਧਿਆਨ ਵਿੱਚ ਰੱਖਦੇ ਹੋਏ ਇਸ ਕੰਮ ਨੂੰ ਤਰਜੀਹ ਦਿੱਤੀ ਗਈ ਹੈ।ਵਿਧਾਇਕ ਨੇ ਕਿਹਾ ਕਿ ਇਹ ਕੰਮ ਸਿਰਫ਼ ਅਸਥਾਈ ਹੱਲ ਨਹੀਂ, ਸਗੋਂ ਪੱਕੀ ਪ੍ਰਣਾਲੀ ਨੂੰ ਯਕੀਨੀ ਬਣਾਉਣ ਵੱਲ ਇੱਕ ਮਹੱਤਵਪੂਰਨ ਕਦਮ ਹੈ। ਉਨ੍ਹਾਂ ਅਧਿਕਾਰੀਆਂ ਨੂੰ ਹਦਾਇਤ ਦਿੱਤੀ ਕਿ ਕੰਮ ਨੂੰ ਸਮੇਂ ਸਿਰ ਅਤੇ ਵਧੀਆ ਗੁਣਵੱਤਾ ਨਾਲ ਪੂਰਾ ਕੀਤਾ ਜਾਵੇ ਤਾਂ ਜੋ ਲੋਕਾਂ ਨੂੰ ਜਲਦੀ ਤੋਂ ਜਲਦੀ ਇਸਦਾ ਲਾਭ ਮਿਲ ਸਕੇ। ਵਿਧਾਇਕ ਜਿੰਪਾ ਨੇ ਦੁਹਰਾਇਆ ਕਿ ਸ਼ਹਿਰ ਦੇ ਹਰ ਵਾਰਡ ਵਿੱਚ ਬੁਨਿਆਦੀ ਸਹੂਲਤਾਂ ਨੂੰ ਮਜ਼ਬੂਤ ਕਰਨਾ ਉਨ੍ਹਾਂ ਦੀ ਪ੍ਰਾਥਮਿਕਤਾ ਹੈ ਅਤੇ ਇਸ ਲਈ ਉਹ ਲਗਾਤਾਰ ਯਤਨਸ਼ੀਲ ਹਨ। ਇਸ ਮੌਕੇ ਮੇਅਰ ਸੁਰਿੰਦਰ ਕੁਮਾਰ ਸ਼ਿੰਦਾ, ਭੂਪਿੰਦਰ ਸਿੰਘ, ਸੰਜੇ ਸ਼ਰਮਾ, ਮੁਕੇਸ਼ ਕੁਮਾਰ ਮੱਲ ਅਤੇ ਤੀਰਥ ਰਾਮ ਵੀ ਹਾਜ਼ਰ ਸਨ। ਸਥਾਨਕ ਨਿਵਾਸੀਆਂ ਨੇ ਇਸ ਪਹਿਲ ਲਈ ਵਿਧਾਇਕ ਜਿੰਪਾ ਦਾ ਧੰਨਵਾਦ ਕੀਤਾ ਅਤੇ ਉਮੀਦ ਜਤਾਈ ਕਿ ਆਉਣ ਵਾਲੇ ਸਮੇਂ ਵਿੱਚ ਵੀ ਇਸੇ ਤਰ੍ਹਾਂ ਵਿਕਾਸ ਕੰਮ ਜਾਰੀ ਰਹਿਣਗੇ।

# ਜ਼ਿਲ੍ਹਾ ਮੈਜਿਸਟ੍ਰੇਟ ਵੱਲੋਂ ਹਥਿਆਰਾਂ ਦੇ ਜਨਤਕ ਪ੍ਰਦਰਸ਼ਨ 'ਤੇ ਪਾਬੰਦੀ

**ਮੁਹਾਲੀ (ਗੁਰਜੀਤ ਬਿੱਲਾ)**- ਜ਼ਿਲ੍ਹੇ 'ਚ ਅਮਨ ਅਤੇ ਕਾਨੂੰਨ ਦੀ ਸਥਿਤੀ ਨੂੰ ਕਾਇਮ ਰੱਖਣ ਲਈ ਜ਼ਿਲ੍ਹਾ ਮੈਜਿਸਟ੍ਰੇਟ ਸ੍ਰੀਮਤੀ ਕੋਮਲ ਮਿੱਤਲ ਨੇ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ, 2023 (46 ਆਫ 2023) ਦੇ ਚੈਪਟਰ 11 (ਅਧੀਨ ਧਾਰਾ 163), ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦਿਆਂ ਜ਼ਿਲ੍ਹਾ ਸਾਹਿਬਜ਼ਾਦਾ ਅਜੀਤ ਸਿੰਘ ਨਗਰ ਵਿੱਚ ਹਥਿਆਰਾਂ ਦੇ ਜਨਤਕ ਪ੍ਰਦਰਸ਼ਨ 'ਤੇ ਪੂਰਨ ਪਾਬੰਦੀ ਲਗਾਈ ਹੈ।

ਇਸ ਦੇ ਨਾਲ-ਨਾਲ ਹਥਿਆਰਾਂ ਜਾਂ ਹਿੰਸਾ ਦੀ ਵਡਿਆਈ ਕਰਨ ਵਾਲੇ ਗੀਤਾਂ 'ਤੇ ਵੀ ਮੁਕੰਮਲ ਪਾਬੰਦੀ ਰਹੇਗੀ। ਇਸ ਤੋਂ ਇਲਾਵਾ ਜਨਤਕ ਇਕੱਠਾਂ, ਧਾਰਮਿਕ ਸਥਾਨਾਂ, ਵਿਆਹ ਪਾਰਟੀਆਂ ਜਾਂ ਹੋਰ ਸਮਾਗਮਾਂ ਵਿੱਚ ਹਥਿਆਰ ਲਿਜਾਣ ਅਤੇ ਪ੍ਰਦਰਸ਼ਨ ਕਰਨ ਦੀ ਪੂਰਨ ਮਨਾਹੀ ਹੋਵੇਗੀ ਅਤੇ ਕਿਸੇ ਭਾਈਚਾਰੇ ਵਿਰੁੱਧ ਨਫ਼ਰਤ ਭੜਕਾਊ ਭਾਸ਼ਣ ਦੇਣ 'ਤੇ ਵੀ ਪਾਬੰਦੀ ਲਾਗੂ ਰਹੇਗੀ।ਜ਼ਿਲ੍ਹਾ ਮੈਜਿਸਟ੍ਰੇਟ ਨੇ ਕਿਹਾ ਕਿ ਜੇਕਰ ਕੋਈ ਵੀ ਆਮ ਅਤੇ ਖਾਸ, ਇਨ੍ਹਾਂ ਹੁਕਮਾਂ ਦੀ ਉਲੰਘਣਾ ਕਰਦਾ ਪਾਇਆ ਜਾਂਦਾ ਹੈ ਤਾਂ ਉਸ ਵਿਰੁੱਧ ਬਣਦੀ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।ਇਹ ਹੁਕਮ ਹੁਕਮ 28.04.2026 ਤੋਂ 10.06.2026 ਤੱਕ ਲਾਗੂ ਰਹਿਣਗੇ।

# ਆਰਤੀ ਸੋਬਤੀ ਸਹੋਦਯਾ ਸਕੂਲ ਦੀ ਚੇਅਰਪਰਸਨ ਨਿਯੁਕਤ



**ਗੁਰਾਇਆ (ਬਿੰਦਰ ਸੁਮਨ)**- ਸ੍ਰੀ ਹਨੁਮਤ ਇੰਟਰਨੈਸ਼ਨਲ ਪਬਲਿਕ ਸਕੂਲ, ਗੋਰਾਇਆ ਦੀ ਪ੍ਰਿੰਸੀਪਲ ਆਰਤੀ ਸੋਬਤੀ ਨੂੰ ਸਹੋਦਯਾ ਸਕੂਲ ਸੰਕੁਲ, ਜਲੰਧਰ ਦੀ ਚੇਅਰਪਰਸਨ ਨਿਯੁਕਤ ਕੀਤਾ ਗਿਆ ਹੈ। ਇਸ ਤੋਂ ਪਹਿਲਾਂ ਵੀ ਉਹ ਸਹੋਦਯਾ ਸੰਕੁਲ ਵਿੱਚ ਸੈਕਟਰੀ ਦੇ ਤੌਰ 'ਤੇ ਆਪਣੀਆਂ ਸੇਵਾਵਾਂ ਦੇ ਚੁੱਕੀਆਂ ਹਨ ਤੇ ਆਪਣੇ ਉੱਤਮ ਨੇਤ੍ਰਿਤਵ, ਦੂਰਦਰਸ਼ਤਾ ਅਤੇ ਸਮਰਪਣ ਨਾਲ ਸਭ ਨੂੰ ਪ੍ਰਭਾਵਿਤ ਕੀਤਾ ਹੈ। ਸਕੂਲ ਪ੍ਰਬੰਧਕ ਕਮੇਟੀ, ਸਟਾਫ ਅਤੇ ਵਿਦਿਆਰਥੀਆਂ ਵੱਲੋਂ ਆਰਤੀ ਸੋਬਤੀ ਨੂੰ ਇਸ ਮਹੱਤਵਪੂਰਨ ਉਪਲਬਧੀ 'ਤੇ ਦਿਲੋਂ ਵਧਾਈਆਂ ਅਤੇ ਸ਼ੁਭਕਾਮਨਾਵਾਂ ਦਿੱਤੀਆਂ ਗਈਆਂ। ਇਹ ਉਪਲਬਧੀ ਨਾ ਸਿਰਫ਼ ਉਨ੍ਹਾਂ ਦੀ ਵਿਅਕਤੀਗਤ ਮਿਹਨਤ ਅਤੇ ਨੇਤ੍ਰਿਤਵ ਸਮਰਥਾ ਦਾ ਸਬੂਤ ਹੈ, ਸਗੋਂ ਸਕੂਲ ਲਈ ਵੀ ਮਾਣ, ਸਨਮਾਨ ਅਤੇ ਪ੍ਰੇਰਣਾ ਦਾ ਵਿਸ਼ਾ ਹੈ।ਸਕੂਲ ਪਰਿਵਾਰ ਨੂੰ ਪੂਰਾ ਵਿਸ਼ਵਾਸ ਹੈ ਕਿ ਉਨ੍ਹਾਂ ਦੇ ਕੁਸ਼ਲ ਨੇਤ੍ਰਿਤਵ, ਅਨੁਭਵ ਅਤੇ ਸਮਰਪਣ ਨਾਲ ਸਹੋਦਯਾ ਸੰਕੁਲ, ਜਲੰਧਰ ਸਿੱਖਿਆ ਦੇ ਖੇਤਰ ਵਿੱਚ ਉੱਤਮਤਾ ਦੇ ਨਵੇਂ ਮਾਪਦੰਡ ਸਥਾਪਿਤ ਕਰੇਗਾ ਅਤੇ ਵਿਦਿਆਰਥੀਆਂ ਦੇ ਸਰਵਾਂਗੀਣ ਵਿਕਾਸ ਲਈ ਪ੍ਰਭਾਵਸ਼ਾਲੀ ਪਹਲਾਂ ਕੀਤੀਆਂ ਜਾਣਗੀਆਂ।ਇਸ ਦੇ ਨਾਲ ਹੀ ਮਮਤਾ ਬਹਿਲ ਨੂੰ ਵਾਈਸ ਚੇਅਰਪਰਸਨ, ਪ੍ਰਭਜੋਤ ਗਿੱਲ ਨੂੰ ਸੈਕਟਰੀ ਅਤੇ ਸੋਨਾਲੀ ਕੌਰ ਨੂੰ ਜੋਆਇੰਟ ਸੈਕਟਰੀ ਚੁਣਿਆ ਗਿਆ।

# ਮੁਫਤ ਡਾਈਟੀਸ਼ੀਅਨ ਕੈਂਪ ਲਗਾਇਆ

**ਬੰਗਾ (ਅਵਤਾਰ ਕਲੇਰ)** ਗੁਰੂ ਨਾਨਕ ਮਿਸ਼ਨ ਹਸਪਤਾਲ ਢਾਹਾਂ ਕਲੇਰਾਂ ਦੀ 42ਵੀਂ ਵਰ੍ਹੇਗੰਢ ਨੂੰ ਸਮਰਪਿਤ ਵਿਸ਼ੇਸ਼ ਮੁਫਤ ਡਾਈਟੀਸ਼ੀਅਨ ਕੈਂਪ (ਮੁਫਤ ਪੋਸ਼ਣ ਕੈਂਪ) ਹਸਪਤਾਲ ਦੇ ਡਾਈਟੀਸ਼ੀਅਨ ਵਿਭਾਗ ਵਿਚ ਸੀਨੀਅਰ ਡਾਈਟੀਸ਼ੀਅਨ ਡਾ. ਕਨਵ ਸ਼ਰਮਾ ਦੀ ਅਗਵਾਈ ਵਿਚ ਲਗਾਇਆ ਗਿਆ। ਡਾ. ਕਨਵ ਸ਼ਰਮਾ ਨੇ ਮਰੀਜ਼ਾਂ ਨੂੰ ਜਾਗਰੁਕ ਕਰਦੇ ਕਿਹਾ ਕਿ ਸਿਹਤਮੰਦ ਰਹਿਣ ਲਈ ਸਹੀ ਅਤੇ ਸੁੰਤਲਤ ਖੁਰਾਕ ਖਾਣੀ ਜ਼ਰੂਰੀ ਹੈ। ਉਹਨਾਂ ਕਿਹਾ ਕਿ ਅੱਜ ਦੀ ਲੋੜ ਇਹ ਹੈ ਕਿ ਅਸੀਂ ਆਪਣੇ ਰਵਾਇਤੀ ਖੁਰਾਕੀ ਪਦਾਰਥਾਂ ਨੂੰ ਰੋਜ਼ਾਨਾ ਜ਼ਿੰਦਗੀ ਵਿੱਚ ਸ਼ਾਮਿਲ ਕਰੀਏ ਤਾਂ ਜੋ ਸਰੀਰਕ ਤੇ ਮਾਨਸਿਕ ਤੌਰ 'ਤੇ ਸਿਹਤਮੰਦ ਰਹੀਏ। ਹਸਪਤਾਲ ਪ੍ਰਬੰਧਕ ਗੁਰੂ ਨਾਨਕ ਮਿਸ਼ਨ ਮੈਡੀਕਲ ਐਂਡ ਐਜੂਕੇਸ਼ਨਲ ਟਰੱਸਟ ਢਾਹਾਂ ਕਲੇਰਾਂ ਦੇ ਪ੍ਰਧਾਨ ਕੁਲਵਿੰਦਰ ਸਿੰਘ ਢਾਹਾਂ ਨੇ ਦੱਸਿਆ ਇਹ ਵਿਸ਼ੇਸ਼ ਮੁਫਤ ਡਾਈਟੀਸ਼ੀਅਨ ਕੈਂਪ ਵੱਖ-ਵੱਖ ਬਿਮਾਰੀਆਂ ਦੇ ਮਰੀਜ਼ਾਂ ਦੀ ਮਦਦ ਕਰਨ ਲਈ ਲਗਾਇਆ ਗਿਆ ਹੈ। ਉਹਨਾਂ ਕਿਹਾ ਕਿ ਮੌਜੂਦਾ ਸਮੇਂ ਅੰਦਰ ਚੰਗੀ ਸਿਹਤ ਤੇ ਪੌਸ਼ਟਿਕ ਖ਼ੁਰਾਕ ਦਾ ਤਾਲਮੇਲ ਰੱਖ ਕੇ ਤੰਦਰੁਸਤ ਰਹਿਣ ਲਈ ਸਹੀ ਖੁਰਾਕ ਸਬੰਧੀ ਸਲਾਹ ਪ੍ਰਾਪਤ ਕਰਨ ਲਈ ਡਾਇਟੀਸ਼ੀਅਨ ਦੀ ਸਲਾਹ ਲੈਣੀ ਬਹੁਤ ਜ਼ਰੂਰੀ ਹੁੰਦੀ ਹੈ। ਕਾਬਲੇ ਗੌਰ ਹੈ ਕਿ ਇਸ ਮੁਫਤ ਡਾਈਟੀਸ਼ੀਅਨ ਕੈਂਪ ਵਿਚ ਸ਼ੂਗਰ, ਬਲੱਡ ਪ੍ਰੈਸ਼ਰ, ਦਿਲ ਦੇ ਰੋਗਾਂ, ਗਰਭਵਤੀ ਔਰਤਾਂ, ਮਾਨਸਿਕ ਤਣਾਅ, ਮੋਟਾਪੇ ਦੇ ਸ਼ਿਕਾਰ ਤੇ ਹੋਰ ਸਰੀਰਕ ਬਿਮਾਰੀਆਂ ਦੇ 117 ਤੋਂ ਵੱਧ ਮਰੀਜ਼ਾਂ ਨੇ ਵਿਸ਼ੇਸ਼



ਜਾਂਚ ਬੀ ਸੀ ਏ ਮਸ਼ੀਨ 'ਤੇ ਐੱਸ ਐੱਮ ਐੱਮ. ਟੈਸਟ ਤੋਂ ਇਲਾਵਾ ਬੀ ਐੱਮ ਆਰ ਟੈਸਟ, ਬੀ ਐੱਮ ਆਈ ਟੈਸਟ ਮੁਫਤ ਕਰਵਾਏ ਅਤੇ ਮੁਫਤ ਸਲਾਹ ਪ੍ਰਾਪਤ ਕਰਕੇ ਇਸ ਕੈਂਪ ਦਾ ਲਾਭ ਪ੍ਰਾਪਤ ਕੀਤਾ । ਇਸ ਮੌਕੇ ਡਾ. ਜਸਦੀਪ ਸਿੰਘ ਸੈਣੀ, ਡਾ. ਬਲਵਿੰਦਰ ਸਿੰਘ, ਦਵਿੰਦਰ ਕੌਰ, ਜੋਤੀ ਭਾਟੀਆ ਅਤੇ ਨਵਨੀਤ ਕੌਰ ਨਰਸ ਵੀ ਹਾਜ਼ਰ ਸਨ।

# ਅਧਿਆਪਕਾਂ ਦੀ ਜਨਗਣਨਾ ਸੰਬੰਧੀ ਡਿਊਟੀ ਲੱਗਣ 'ਤੇ ਸਕੂਲਾਂ 'ਚ ਪੜ੍ਹਾਈ ਠੱਪ ਹੋਈ

**ਮੋਰਿੰਡਾ (ਨਿਹਾਲ ਸਿੰਘ ਕਲਸੀ)**- ਨਵਾਂ ਵਿੱਦਿਅਕ ਸੈਸ਼ਨ ਸ਼ੁਰੂ ਹੋਣ ਸਾਰ ਅਧਿਆਪਕਾਂ ਦੀਆਂ ਵੱਡੇ ਪੱਧਰ ਤੇ ਲੱਗੀਆਂ ਜਨਗਣਨਾ ਤੇ ਬੀ ਐੱਲ ਓ ਡਿਊਟੀਆਂ ਕਾਰਨ ਸਕੂਲਾਂ ਵਿੱਚ ਪੜ੍ਹਾਈ ਠੱਪ ਹੋ ਕੇ ਰਹਿ ਗਈ ਹੈ ਤੇ ਇਹ ਸਰਕਾਰ ਦੇ ਸਿੱਖਿਆ ਸੁਧਾਰਾਂ ਦੇ ਦਾਅਵਿਆਂ ਤੇ ਵੀ ਪ੍ਰਸ਼ਨ ਚਿੰਨ ਹਨ । ਇਸ ਸੰਬੰਧੀ ਹੋਰ ਜਾਣਕਾਰੀ ਦਿੰਦਿਆ ਮੋਰਿੰਡਾ ਦੇ ਅਧਿਆਪਕ ਆਗੂਆਂ ਸੁਸ਼ੀਲ ਕੁਮਾਰ, ਦਵਿੰਦਰ ਸਿੰਘ ਸਮਾਣਾ, ਗੁਰਪ੍ਰੀਤ ਸਿੰਘ, ਗੁਰਜੰਟ ਸਿੰਘ, ਕਰਮਜੀਤ ਸਿੰਘ ਨੇ ਦੱਸਿਆ ਕੇ ਅਧਿਆਪਕਾ ਨੂੰ ਗੈਰ ਵਿੱਦਿਅਕ ਡਿਊਟੀਆਂ ਤੇ ਲਗਾ ਕੇ ਮਾਨਸਿਕ ਤੌਰ 'ਤੇ ਪਰੇਸ਼ਾਨ ਕੀਤਾ ਜਾ ਰਿਹਾ ਹੈ ਉਥੇ ਹੀ ਸਕੂਲਾਂ ਵਿੱਚ ਪੜਦੇ ਬੱਚਿਆਂ ਦੇ ਭਵਿੱਖ ਨਾਲ ਖਿਲਵਾੜ ਕੀਤਾ ਜਾ ਰਿਹਾ ਹੈ ।

# ਟੀ ਬੀ ਸੰਬੰਧੀ ਮੈਡੀਕਲ ਅਫ਼ਸਰਾਂ ਦੀ ਮੀਟਿੰਗ



**ਮੇਹਟੀਆਣਾ (ਜਗਤਾਰ ਭੁੰਗਰਨੀ)** ਸਿਵਲ ਸਰਜਨ ਡਾ. ਮਨਦੀਪ ਕਮਲ ਦੀ ਰਹਿਨੁਮਾਈ ਹੇਠ ਵਿਸ਼ਵ ਸਿਹਤ ਭਾਗੀਦਾਰ ਵੱਲੋਂ ਆਰ ਬੀ ਐੱਸ ਕੇ ਟੀਮ ਲਈ ਬਚਿਆ ਦੀ ਟੀ ਬੀ ਸੰਬੰਧੀ ਫਾਲੋਅੱਪ ਮੀਟਿੰਗ ਆਯੋਜਿਤ ਕੀਤੀ ਗਈ। ਇਸ ਮੀਟਿੰਗ ਵਿੱਚ ਡਾ. ਮਨਦੀਪ ਕਮਲ, ਸਿਵਲ ਸਰਜਨ , ਡਾ. ਸੀਮਾ ਗਰਗ, ਡਾ. ਸ਼ਕਤੀ ਸ਼ਰਮਾ, ਡਾ. ਸਤੀਸ਼ ਪੁੰਧੀਰ , ਸੂਬਾ ਟੈਕਨੀਕਲ ਮੈਨੇਜਰ ਦੀ ਖਾਸ ਹਾਜ਼ਰੀ ਰਹੀ। ਸਿਵਲ ਸਰਜਨ ਮਨਦੀਪ ਕਮਲ ਵੱਲੋਂ ਸਾਰੀਆਂ ਟੀਮਾਂ ਨੂੰ ਪ੍ਰੋਗਰਾਮ ਦੀ ਪ੍ਰਭਾਵਸ਼ਾਲੀ ਲਾਗੂ ਕਰਨ ਲਈ ਜ਼ਰੂਰੀ ਹਦਾਇਤਾਂ ਦਿੱਤੀਆਂ ਗਈਆਂ। ਉਨ੍ਹਾਂ ਨੇ ਕਿਹਾ ਕਿ ਹਰ ਟੀਮ ਆਪਣੇ ਖੇਤਰ ਵਿੱਚ ਸਕ੍ਰੀਨਿੰਗ ਅਤੇ ਰਿਪੋਰਟਿੰਗ ਨੂੰ ਹੋਰ ਮਜ਼ਬੂਤ ਬਣਾਏ ਅਤੇ ਬੱਚਿਆਂ ਵਿੱਚ ਟੀ ਬੀ ਦੇ ਮਾਮਲਿਆਂ ਦੀ ਸਮੇਂ-ਸਿਰ ਪਛਾਣ ਅਤੇ ਇਲਾਜ ਨੂੰ ਯਕੀਨੀ ਬਣਾਏ। ਡਾ. ਸੀਮਾ ਗਰਗ ਵੱਲੋਂ ਇਸ ਗਤੀਵਿਧੀ ਦੀ ਪ੍ਰਸ਼ੰਸਾ ਕੀਤੀ ਗਈ ਅਤੇ ਉਨ੍ਹਾਂ ਨੇ ਪੀਡੀਐਟ੍ਰਿਕ ਟੀ ਬੀ ਤੇ ਟੀ.ਬੀ. ਪ੍ਰੋਗਰਾਮ ਦੇ ਤਹਿਤ ਕੀਤੇ ਜਾ ਰਹੇ ਯਤਨਾਂ ਦੀ ਸਰਾਹਨਾ ਕੀਤੀ। ਉਨ੍ਹਾਂ ਨੇ ਕਿਹਾ ਕਿ ਇਸ ਤਰ੍ਹਾਂ ਦੀਆਂ ਮੀਟਿੰਗਾਂ ਨਾਲ ਫੀਲਡ ਸਟਾਫ ਦੀ ਸਮਰੱਥਾ ਵਿੱਚ ਵਾਧਾ ਹੁੰਦਾ ਹੈ ਅਤੇ ਪ੍ਰੋਗਰਾਮ ਦੀ ਕਾਰਗੁਜ਼ਾਰੀ ਹੋਰ ਬਿਹਤਰ ਬਣਦੀ ਹੈ। ਮੀਟਿੰਗ ਦੌਰਾਨ ਡਾ. ਸ਼ਕਤੀ ਸ਼ਰਮਾ ਵੱਲੋਂ ਆਰ ਬੀ ਐੱਸ ਕੇ ਦੇ ਸਾਰੇ ਮੈਡੀਕਲ ਅਧਿਕਾਰੀਆਂ ਨੂੰ ਟੀ ਬੀ ਸਕ੍ਰੀਨਿੰਗ ਦੇ ਮਾਪਦੰਡਾਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ ਗਈ। ਉਨ੍ਹਾਂ ਨੇ ਬੱਚਿਆਂ ਵਿੱਚ ਟੀ ਬੀ ਦੀ ਸਮੇਂ-ਸਿਰ ਪਛਾਣ ਅਤੇ ਉਚਿਤ ਰੈਫਰਲ ਦੀ ਮਹੱਤਤਾ 'ਤੇ ਜ਼ੋਰ ਦਿੱਤਾ।

# ਮਹਿਲਾਵਾਂ ਦਾ ਸ਼੍ਰੋਮਣੀ ਅਕਾਲੀ ਦਲ 'ਚ ਵਧ ਰਿਹਾ ਵਿਸ਼ਵਾਸ ਉੱਜਵਲ ਭਵਿੱਖ ਦਾ ਸੰਕੇਤ : ਤਲਵਾੜ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਸ਼੍ਰੋਮਣੀ ਅਕਾਲੀ ਦਲ ਦੀ ਮਹਿਲਾ ਨੇਤਰੀ ਨੀਤੀ ਤਲਵਾੜ ਨੇ ਵਾਰਡ ਨੰਬਰ 49 ਵਿਖੇ ਮਹਿਲਾਵਾਂ ਦੇ ਇੱਕ ਵਿਸ਼ਾਲ ਇਕੱਠ ਨੂੰ ਸੰਬੋਧਨ ਕਰਦਿਆਂ ਪਾਰਟੀ ਦੀਆਂ ਨੀਤੀਆਂ ਅਤੇ ਮਹਿਲਾ



ਸ਼ਕਤੀ ਦੀ ਮਜ਼ਬੂਤੀ 'ਤੇ ਜ਼ੋਰ ਦਿੱਤਾ। ਇਸ ਮੌਕੇ ਉਨ੍ਹਾਂ ਨੇ ਵੀਨਾ ਆਦੀਆ ਨੂੰ ਵਾਰਡ ਨੰਬਰ 49 ਦੀ ਕਮਾਨ ਸੌਂਪਦਿਆਂ ਉਨ੍ਹਾਂ ਨੂੰ ਵਾਰਡ ਪ੍ਰਧਾਨ ਦੀ ਅਹਿਮ ਜ਼ਿੰਮੇਵਾਰੀ ਦਿੱਤੀ।ਇਕੱਠ ਨੂੰ ਸੰਬੋਧਨ ਕਰਦਿਆਂ ਨੀਤੀ ਤਲਵਾੜ ਨੇ ਕਿਹਾ ਕਿ ਪੰਜਾਬ ਦੀਆਂ ਮਹਿਲਾਵਾਂ ਹੁਣ ਸੂਬੇ ਦੀ ਰਾਜਨੀਤੀ ਵਿੱਚ ਬਦਲਾਅ ਲਿਆਉਣ ਲਈ ਤਿਆਰ ਹਨ। ਉਨ੍ਹਾਂ ਕਿਹਾ ਕਿਸਮਹਿਲਾਵਾਂ ਦਾ ਸ਼੍ਰੋਮਣੀ ਅਕਾਲੀ ਦਲ ਵਿੱਚ ਵਧ ਰਿਹਾ ਇਹ ਅਥਾਹ ਵਿਸ਼ਵਾਸ ਇਸ ਗੱਲ ਦਾ ਪ੍ਰਤੀਕ ਹੈ ਕਿ ਪੰਜਾਬ ਦਾ ਭਵਿੱਖ ਉੱਜਵਲ ਹੈ। ਜਦੋਂ ਮਹਿਲਾਵਾਂ ਕਿਸੇ ਲਹਿਰ ਦਾ ਹਿੱਸਾ ਬਣਦੀਆਂ ਹਨ, ਤਾਂ ਉਹ ਯਕੀਨੀ ਤੌਰ 'ਤੇ ਉਨਤੀ ਅਤੇ ਵਿਕਾਸ ਲੈ ਕੇ ਆਉਂਦੀਆਂ ਹਨ।ਇਸ ਮੌਕੇ ਵਾਰਡ ਨੰਬਰ 49 ਦੀਆਂ ਮਹਿਲਾਵਾਂ ਵਿੱਚ ਭਾਰੀ ਉਤਸ਼ਾਹ ਦੇਖਣ ਨੂੰ ਮਿਲਿਆ। ਹਾਜ਼ਰ ਮਹਿਲਾਵਾਂ ਨੇ ਇੱਕ ਸੁਰ ਵਿੱਚ ਪਾਰਟੀ ਹਾਈਕਮਾਂਡ ਅੱਗੇ ਆਪਣੀ ਮੰਗ ਰੱਖਦਿਆਂ ਕਿਹਾ ਕਿ ਜੇਕਰ ਆਉਣ ਵਾਲੀਆਂ ਨਗਰ ਨਿਗਮ ਚੋਣਾਂ ਵਿੱਚ ਪਾਰਟੀ ਵੱਲੋਂ ਵੀਨਾ ਆਦੀਆ ਨੂੰ ਉਮੀਦਵਾਰ ਬਣਾਇਆ ਜਾਂਦਾ ਹੈ, ਤਾਂ ਉਹ ਉਨ੍ਹਾਂ ਨੂੰ ਵੱਡੀ ਲੀਡ ਨਾਲ ਜਿਤਾ ਕੇ ਨਗਰ ਨਿਗਮ ਦੇ ਦਫ਼ਤਰ ਭੇਜਣਗੀਆਂ। ਵੀਨਾ ਆਦੀਆ ਨੇ ਇਸ ਮੌਕੇ ਪਾਰਟੀ ਲੀਡਰਸ਼ਿਪ ਦਾ ਧੰਨਵਾਦ ਕਰਦਿਆਂ ਵਿਸ਼ਵਾਸ ਦਿਵਾਇਆ ਕਿ ਉਹ ਵਾਰਡ ਦੀਆਂ ਸਮੱਸਿਆਵਾਂ ਨੂੰ ਹੱਲ ਕਰਨ ਅਤੇ ਪਾਰਟੀ ਦੀ ਮਜ਼ਬੂਤੀ ਲਈ ਦਿਨ-ਰਾਤ ਕੰਮ ਕਰਨਗੇ। ਇਸ ਮੌਕੇ ਇਲਾਕੇ ਦੀਆਂ ਕਈ ਪ੍ਰਮੁੱਖ ਮਹਿਲਾਵਾਂ ਅਤੇ ਵਰਕਰ ਮੌਜੂਦ ਸਨ।

# ਪਿੰਡ ਕੋਟ ਕਲਾਂ ਵਿਖੇ ਮੈਗਾ ਕੈਂਪ ਲਗਾਇਆ



**ਜਲੰਧਰ ( ਲਖਵਿੰਦਰ ਸਿੰਘ ਆਧੀ)** ਸਮਾਜ ਸੇਵੀ ਸੰਸਥਾ ਡਿਜੀਟਲ ਪੀਪਲ ਐਸੋਸੀਏਸ਼ਨ ਰਜਿ ਅਤੇ ਜਲੰਧਰ ਪ੍ਰਸ਼ਾਸਨ ਦੇ ਸਾਂਝੇ ਯਤਨਾਂ ਸਦਕਾ ਪਿੰਡ ਕੋਟ ਕਲਾਂ ਵਿਖੇ 58ਵਾ ਇੱਕ ਵਿਸ਼ੇਸ਼ 'ਮੈਗਾ ਕੈਂਪ' ਲਗਾਇਆ ਗਿਆ। ਇਸ ਕੈਂਪ ਦਾ ਮੁੱਖ ਮਕਸਦ ਸਰਕਾਰੀ ਸਹੂਲਤਾਂ ਨੂੰ ਲੋਕਾਂ ਦੀਆਂ ਬਰੂਹਾਂ ਤੱਕ ਪਹੁੰਚਾਉਣਾ ਸੀ।

ਇਸ ਕੈਂਪ ਦੌਰਾਨ ਵਿਸ਼ੇਸ਼ ਤੌਰ 'ਤੇ '! ਮੁੱਖ ਮੰਤਰੀ ਸਿਹਤ ਯੋਜਨਾ ਪੰਜਾਬ' ਤਹਿਤ ਲਾਭਪਾਤਰੀਆਂ ਦੇ ਰਜਿਸਟ੍ਰੇਸ਼ਨ ਕੀਤੀ ਗਈ। ਮੌਕੇ 'ਤੇ ਹੀ ਯੋਗ ਪਰਿਵਾਰਾਂ ਦੇ 10 ਲੱਖ ਰੁਪਏ ਤੱਕ ਦੇ ਮੁਫ਼ਤ ਇਲਾਜ ਵਾਲੇ ਸਿਹਤ ਕਾਰਡ ਬਣਾਏ ਗਏ। ਸਿਹਤ ਕਾਰਡਾਂ ਤੋਂ ਇਲਾਵਾ ਪ੍ਰਸ਼ਾਸਨ ਵੱਲੋਂ ਹੋਰ ਲੋਕ ਭਲਾਈ ਸਕੀਮਾਂ ਦੀ ਜਾਣਕਾਰੀ ਅਤੇ ਫਾਰਮ ਭਰਨ ਦੀ ਪ੍ਰਕਿਰਿਆ ਵੀ ਮੁਕੰਮਲ ਕੀਤੀ ਗਈ। ਡਿਜੀਟਲ ਪੀਪਲ ਐਸੋਸੀਏਸ਼ਨ ਦੀ ਟੀਮ ਨੇ ਲੋਕਾਂ ਨੂੰ ਤਕਨੀਕੀ ਸਹਾਇਤਾ ਪ੍ਰਦਾਨ ਕੀਤੀ ਤਾਂ ਜੋ ਦਸਤਾਵੇਜ਼ੀ ਕੰਮ ਵਿੱਚ ਕੋਈ ਮੁਸ਼ਕਲ ਨਾ ਆਵੇ। ਕੈਂਪ ਵਿੱਚ ਪਿੰਡ ਕੋਟ ਕਲਾਂ ਅਤੇ ਆਲੇ-ਦੁਆਲੇ ਦੇ ਖੇਤਰਾਂ ਤੋਂ ਵੱਡੀ ਗਿਣਤੀ ਵਿੱਚ ਲੋਕਾਂ ਨੇ ਸ਼ਮੂਲੀਅਤ ਕੀਤੀ।

# ਚਾਈਨਾ ਡੋਰ ਬਣਾਉਣ, ਵਿਕਰੀ ਤੇ ਵਰਤੋਂ 'ਤੇ ਮੁਕੰਮਲ ਪਾਬੰਦੀ

**ਬਲਾਚੌਰ (ਜਸਵਿੰਦਰ ਬੈਂਸ)**- ਜ਼ਿਲ੍ਹਾ ਮੈਜਿਸਟ੍ਰੇਟ ਗੁਰਪ੍ਰੀਤ ਸਿੰਘ ਔਲਖ ਨੇ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ, 2023 ਦੀ ਧਾਰਾ 163 ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਜ਼ਿਲ੍ਹੇ ਦੇ ਸ਼ਹਿਰੀ ਅਤੇ ਦਿਹਾਤੀ ਖੇਤਰ ਵਿਚ ਪੈਂਦੇ ਥਾਣਿਆਂ ਦੇ ਇਲਾਕਿਆਂ ਅੰਦਰ ਪਤੰਗ/ਗੁੱਡੀਆਂ ਉਡਾਉਣ ਲਈ ਨਾਈਲੋਨ/ ਸਿੰਥੈਟਿਕ/ਪਲਾਸਟਿਕ ਦੀ ਬਣੀ ਡੋਰ (ਚਾਈਨਾ ਡੋਰ/ ਮਾਝਾ) ਨੂੰ ਬਣਾਉਣ, ਵੇਚਣ, ਸਟੋਰ ਕਰਨ, ਖ਼ਰੀਦਣ, ਸਪਲਾਈ ਕਰਨ, ਬਾਹਰੋਂ ਆਯਾਤ ਕਰਨ ਅਤੇ ਇਸ ਦੀ ਵਰਤੋਂ ਕਰਨ 'ਤੇ ਮੁਕੰਮਲ ਤੌਰ 'ਤੇ ਪਾਬੰਦੀ ਲਾਈ ਹੈ। ਜਾਰੀ ਹੁਕਮਾਂ ਅਨੁਸਾਰ ਪਤੰਗ/ ਗੁਡੀਆਂ ਉਡਾਉਣ ਲਈ ਵਰਤੀ ਜਾਂਦੀ ਨਾਈਲੋਨ/ ਸਿੰਥੈਟਿਕ/ਪਲਾਸਟਿਕ ਦੀ ਬਣੀ ਚਾਈਨਾ ਡੋਰ ਬਹੁਤ ਮਜ਼ਬੂਤ, ਨਾ-ਗਲਣਯੋਗ, ਨਾ-ਟੁੱਟਣਯੋਗ ਹੋਣ ਕਰਕੇ ਪਤੰਗ ਉਡਾਉਣ ਵਾਲਿਆਂ ਦੀਆਂ ਉਂਗਲਾਂ ਲਈ ਬੇਹੱਦ ਖਤਰਨਾਕ ਹੈ ਤੇ ਸਾਈਕਲ, ਸਕੂਟਰ ਤੇ ਮੋਟਰ ਸਾਈਕਲ ਚਾਲਕਾਂ ਦੇ ਗਲੇ ਅਤੇ ਕੰਨ 'ਤੇ ਫਿਰ ਜਾਣ ਨਾਲ ਉਨ੍ਹਾਂ ਦਾ ਨੁਕਸਾਨ ਕਰਦੀ ਹੈ। ਇਸ ਤੋ ਇਲਾਵਾ ਇਸ ਡੋਰ ਵਿੱਚ ਉੱਡਦੇ ਪੰਛੀ ਫਸ ਜਾਣ 'ਤੇ ਉਨ੍ਹਾਂ ਦੇ ਮਰਨ ਬਾਰੇ ਵੀ ਕਾਫੀ ਘਟਨਾਵਾਂ ਵਾਪਰਦੀਆਂ ਹਨ। ਇਨ੍ਹਾਂ ਤੱਥਾਂ ਦੇ ਮੱਦੇਨਜ਼ਰ ਇਸ ਡੋਰ ਦੀ ਵਰਤੋ ਆਦਿ 'ਤੇ ਪੂਰਨ ਪਾਬੰਦੀ ਲਾਈ ਜਾਂਦੀ ਹੈ। ਜ਼ਿਲ੍ਹਾ ਪੁਲਿਸ, ਸ਼ਹਿਰੀ ਖੇਤਰਾਂ ਵਿੱਚ ਨਗਰ ਕੌਂਸਲਾਂ ਦੇ ਕਾਰਜਸਾਧਕ ਅਫ਼ਸਰ ਅਤੇ ਦਿਹਾਤੀ ਇਲਾਕਿਆਂ ਵਿੱਚ ਸਮੂਹ ਬਲਾਕ ਵਿਕਾਸ ਤੇ ਪੰਚਾਇਤ ਅਫ਼ਸਰ ਇਨ੍ਹਾਂ ਹੁਕਮਾਂ ਨੂੰ ਲਾਗੂ ਕਰਵਾਉਣਗੇ। ਇਹ ਹੁਕਮ 23 ਅਕਤੂਬਰ 2026 ਤੱਕ ਲਾਗੂ ਰਹੇਗਾ।

# ਮਹਾਂਦੇਵ ਸੇਵਾ ਦਲ ਵੱਲੋਂ ਅਮਰਨਾਥ ਯਾਤਰਾ ਲਈ ਤਿਆਰੀਆਂ ਸ਼ੁਰੂ



**ਲੋਹੀਆਂ ਖਾਸ (ਰੀਨਾ ਸ਼ਰਮਾ)**- ਬ੍ਰਹਮਲੀਨ ਮਹੰਤ ਸ੍ਰੀ ਸ਼ਾਂਤੀ ਗਿਰੀ ਮਹਾਰਾਜ ਤੇ ਬ੍ਰਹਮਲੀਨ ਮਹੰਤ ਸ੍ਰੀ ਰਵਿੰਦਰਾ ਗਿਰੀ ਮਹਾਰਾਜ ਦੀ ਅਪਾਰ ਕਿਰਪਾ ਨਾਲ ਤੇ ਪ੍ਰਾਚੀਨ ਸ਼ਿਵ ਮੰਦਿਰ ਲੋਹੀਆਂ ਖਾਸ ਦੇ ਗੱਦੀਨਸ਼ੀਨ ਸ੍ਰੀ ਸ੍ਰੀ 1008 ਮਹਾਂ ਮੰਡਲੇਸ਼ਵਰ ਮਹੰਤ ਸ੍ਰੀ ਸ਼ਿਪਰਾ ਗਿਰੀ ਮਹਾਰਾਜ ਦੇ ਆਸ਼ਿਰਵਾਦ ਤੇ ਪ੍ਰੇਰਣਾ ਸਦਕਾ ਤੇ ਮਹੰਤ ਸ੍ਰੀ ਜੈ ਰਾਮ ਗਿਰੀ ਜੀ ਮਹਾਰਾਜ ਦੀ ਅਗਵਾਈ ਹੇਠ 30ਵੀਂ ਸ੍ਰੀ ਅਮਰਨਾਥ ਯਾਤਰਾ ਵੱਲੋਂ ਮਹਾਂਦੇਵ ਸੇਵਾ ਦਲ ਵੱਲੋਂ ਬੜੀ ਸ਼ਰਧਾ ਭਾਵਨਾ ਦੇ ਨਾਲ ਲੈ ਕੇ ਜਾ ਰਹੀ ਹੈ। ਇਸ ਮੌਕੇ ਮਹਾਂਦੇਵ ਸੇਵਾ ਦਲ ਵੱਲੋਂ ਜਾਣਕਾਰੀ ਦਿੰਦਿਆਂ ਦੱਸਿਆ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ 30ਵੀਂ ਸ੍ਰੀ ਅਮਰਨਾਥ ਬੱਸ ਯਾਤਰਾ 5 ਜੁਲਾਈ ਨੂੰ ਲੈ ਕੇ ਜਾ ਹਨ। ਇਸ ਤੋਂ ਪਹਿਲਾਂ ਪ੍ਰਾਚੀਨ ਸ਼ਿਵ ਮੰਦਿਰ ਲੋਹੀਆਂ ਖਾਸ ਵਿਖੇ ਸ਼ਿਵ ਪੂਜਾ ਹੋਵੇਗੀ ਤੇ ਉਸ ਤੋਂ ਬਾਅਦ ਉਸੇ ਹੀ ਦਿਨ ਸ੍ਰੀ ਅਮਰਨਾਥ ਯਾਤਰਾ ਪ੍ਰਾਚੀਨ ਸ਼ਿਵ ਮੰਦਿਰ ਲੋਹੀਆਂ ਖਾਸ ਤੋਂ ਰਵਾਨਾ ਹੋਵੇਗੀ। ਇਸ ਮੌਕੇ ਰੁਪੇਸ਼ ਕੁਮਾਰ ਸੱਦੀ, ਸ਼ਾਲੂ ਸੱਦੀ, ਆਰਜੂ ਅਰੋੜਾ, ਸਮੀਰ ਖੇੜਾ, ਨਰਿੰਦਰ ਕਾਲੀਆ, ਯੋਗੇਸ਼ਵਰ, ਹਨੀ ਸ਼ਰਮਾ, ਦਕਸ਼, ਨਵੀਨ ਸ਼ਰਮਾ, ਕ੍ਰਿਸ਼, ਸਜਨ ਸ਼ਰਮਾ, ਰੋਹਿਤ ਸ਼ਰਮਾ ਸਮੇਤ ਹੋਰ ਹਾਜ਼ਰ ਸਨ।

# ਨਾਰਥ ਇੰਡੀਆ ਕਰਾਟੇ ਚੈਂਪੀਅਨਸ਼ਿਪ ਕਰਵਾਈ



**ਲੋਹੀਆਂ ਖਾਸ, (ਯੋਗੇਸ਼ਵਰ, ਰੀਨਾ ਸ਼ਰਮਾ)** : ਅਕਾਲ ਗਲੈਕਸੀ ਕਾਨਵੈਂਟ ਸਕੂਲ, ਸਿੱਧੂਪੁਰ ਲੋਹੀਆਂ ਖਾਸ ਦੇ ਪ੍ਰਿੰਸੀਪਲ ਮੈਡਮ ਅਮਨਪ੍ਰੀਤ ਕੌਰ ਜੀ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਲੁਧਿਆਣਾ ਵਿਖੇ ਸ੍ਰੀ ਰਾਮ ਗਲੋਬਲ ਸਕੂਲ ਵਿੱਚ ਆਯੋਜਿਤ ਨਾਰਥ ਇੰਡੀਆ ਕਰਾਟੇ ਚੈਂਪੀਅਨਸ਼ਿਪ 2026 ਵਿੱਚ ਜ਼ਿਲ੍ਹੇ ਅਤੇ ਇਲਾਕੇ ਦੇ 8 ਸਕੂਲਾਂ ਨੇ ਭਾਗ ਲਿਆ। ਇਸ ਮੁਕਾਬਲੇ ਵਿੱਚ ਸਾਡੇ ਸਕੂਲ ਦੇ 12 ਵਿਦਿਆਰਥੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਟੀਮ ਟ੍ਰਾਫੀ ਹਾਸਲ ਕਰਕੇ ਸਕੂਲ ਦਾ ਨਾਮ ਰੌਸ਼ਨ ਕੀਤਾ। ਇਸ ਚੈਂਪੀਅਨਸ਼ਿਪ ਵਿੱਚ ਸਾਡੇ ਵਿਦਿਆਰਥੀਆਂ ਨੇ ਕੁੱਲ 12 ਮੈਡਲ ਜਿੱਤੇ, ਜਿਸ ਵਿੱਚ 3 ਗੋਲਡ ਮੈਡਲ, 6 ਸਿਲਵਰ ਮੈਡਲ, 3 ਬਰਾਂਜ ਮੈਡਲ ਸ਼ਾਮਲ ਹਨ। ਇਹ ਉਪਲਬਧੀ ਵਿਦਿਆਰਥੀਆਂ ਦੀ ਮਿਹਨਤ, ਅਨੁਸ਼ਾਸਨ ਅਤੇ ਜਜ਼ਬੇ ਦਾ ਪ੍ਰਤੀਕ ਹੈ। ਪ੍ਰਿੰਸੀਪਲ ਮੈਡਮ ਅਮਨਪ੍ਰੀਤ ਕੌਰ ਨੇ ਸਾਰੇ ਜੇਤੂ ਵਿਦਿਆਰਥੀਆਂ, ਉਹਨਾਂ ਦੇ ਮਾਪਿਆਂ ਅਤੇ ਅਧਿਆਪਕਾਂ ਨੂੰ ਦਿਲੋਂ ਵਧਾਈ ਦਿੱਤੀ ਅਤੇ ਵਿਦਿਆਰਥੀਆਂ ਨੂੰ ਭਵਿੱਖ ਵਿੱਚ ਹੋਰ ਵੱਡੀਆਂ ਉਪਲਬਧੀਆਂ ਹਾਸਲ ਕਰਨ ਲਈ ਪ੍ਰੇਰਿਤ ਕੀਤਾ।

# ਸਰਬੱਤ ਦਾ ਭਲਾ ਮੰਗਣ ਵਾਲੇ ਵਿਰਲੇ ਲੋਕ : ਜਸਵਿੰਦਰ ਸਿੰਘ

**ਮੋਰਿੰਡਾ (ਨਿਹਾਲ ਸਿੰਘ ਕਲਸੀ)**- ਅੱਜ ਦੇ ਜ਼ਮਾਨੇ ਵਿੱਚ ਸਰਬੱਤ ਦਾ ਭਲਾ ਮੰਗਣ ਵਾਲੇ ਵਿਰਲੇ ਲੋਕ ਹੁੰਦੇ ਹਨ ਜੋ ਨਿੱਜ ਸਵਾਰਥ ਤੋਂ ਉਪਰ ਉਠ ਕੇ ਸਰਬੱਤ ਦੇ ਭਲੇ ਲਈ ਕਾਰਜ ਕਰਦੇ ਹਨ। ਇਹ ਵਿਚਾਰ ਸ੍ਰੀ ਹਰਿਮੰਦਰ ਸਾਹਿਬ ਸ੍ਰੀ ਅੰਮ੍ਰਿਤਸਰ ਦੇ ਸਾਬਕਾ ਹੈਡ ਗ੍ਰੰਥੀ ਗਿਆਨੀ ਜਸਵਿੰਦਰ ਸਿੰਘ ਨੇ ਇਥੇ ਗੁਰਦੁਆਰਾ ਸ਼ਹੀਦ ਗੰਜ ਸਾਹਿਬ ਵਿਖੇ ਮਹਾਂਪੁਰਖ ਬਾਬਾ ਹਰਪ੍ਰੀਤ ਸਿੰਘ ਬੱਲ ਵਲੋਂ ਸਰਬੱਤ ਦੇ ਭਲੇ ਲਗਾਏ ਸਹਿਜ ਪਾਠ ਦੇ ਭੋਗ ਵਿਚ ਸ਼ਾਮਲ ਹੋਣ ਉਪਰੰਤ ਪਤਰਕਾਰਾਂ ਨਾਲ ਗਲਬਾਤ ਕਰਦਿਆਂ ਪ੍ਰਗਟ ਕੀਤੇ। ਉਹਨਾਂ ਬਾਬਾ ਹਰਪ੍ਰੀਤ ਸਿੰਘ ਬੱਲ ਵਲੋਂ ਕੀਤੇ ਕਾਰਜ ਦੀ ਸ਼ਲਾਘਾ ਕਰਦਿਆਂ ਆਖਿਆ ਕਿ ਬਾਬਾ ਜੀ ਵਲੋ ਸਰਬੱਤ ਦੇ ਭਲੇ ਲਈ ਪਿਛਲੇ 8 ਸਾਲ ,ਕੋਰੋਨਾ ਕਾਲ ਤੋਂ ਗੁਰਦੁਆਰਾ ਸ੍ਰੀ ਕੋਤਵਾਲੀ ਸਾਹਿਬ ਅਤੇ ਗੁਰਦੁਆਰਾ ਸ਼ਹੀਦ ਗੰਜ ਮੋਰਿੰਡਾ ਵਿਖੇ ਸਹਿਜ ਪਾਠ ਦੀ ਲੜੀ ਆਰੰਭ ਕੀਤੀ ਹੋਈ ਹੈ। ਇਸ ਤੋਂ ਇਲਾਵਾ ਜਿਥੇ ਬਾਬਾ ਹਰਪ੍ਰੀਤ ਸਿੰਘ ਬੱਲ ਰੋਜ਼ਾਨਾ ਮਰੀਜ਼ਾਂ ਦੀ ਸੇਵਾ ਵਿੱਚ ਹਾਜ਼ਰ ਰਹਿੰਦੇ ਹਨ ਉਥੇ ਉਹ ਗੁਰਦੁਆਰਾ ਸ੍ਰੀ ਫ਼ਤਹਿਗੜ੍ਹ ਸਾਹਿਬ ਅਤੇ ਗੁਰਦੁਆਰਾ ਸ੍ਰੀ ਜੋਤੀ ਸਰੂਪ ਸਾਹਿਬ ਵਿਖੇ ਗੁੰਮਦ ਤੇ ਸੋਨੇ ਦੀ ਸੇਵਾ ਵੀ ਕਰਦੇ ਆ ਰਹੇ ਹਨ। ਉਹਨਾਂ ਆਖਿਆ ਕਿ ਸਿੱਖ ਇਤਿਹਾਸ ਕੁਰਬਾਨੀਆਂ ਭਰਿਆ ਹੈ ਜੋ ਸਰਬੱਤ ਦੇ ਭਲੇ ਲਈ ਕੰਮ ਕਰਦੇ ਹੋਏ ਬਣਿਆ ਹੈ। ਸਿੰਘ ਸਾਹਿਬ ਨੇ ਸਮੂਹ ਮਾਨਵ ਜਾਤੀ ਨੂੰ ਸਮਾਜ ਦੀ ਸੇਵਾ ਲਈ ਸਮਰਪਿਤ ਹੋਣ ਦੀ ਅਪੀਲ ਕੀਤੀ। ਇਸ ਮੌਕੇ ਪ੍ਰਬੰਧਕਾਂ ਵਲੋਂ ਸਿੰਘ ਸਾਹਿਬ ਜਸਵਿੰਦਰ ਸਿੰਘ




ਅਤੇ ਪਤਵੰਤੇ ਸੱਜਣਾਂ ਨੂੰ ਗੁਰੂ ਘਰ ਦੀ ਬਖਸ਼ਿਸ਼ ਸਿਰੋਪਾਓ ਦੇ ਕੇ ਸਨਮਾਨਤ ਕੀਤਾ ਗਿਆ। ਇਸ ਸਮੇਂ ਬਾਬਾ ਹਰਪ੍ਰੀਤ ਸਿੰਘ ਬੱਲ, ਮਨਦੀਪ ਸਿੰਘ ਮੱਲ ਮਾਜਰਾ, ਭਗਤ ਸਿੰਘ ਮੌਲੀ, ਹਰਜਿੰਦਰ ਸਿੰਘ ਪ੍ਰਧਾਨ ਗੁਰਦੁਆਰਾ ਸਿੰਘ ਸਭਾ ਸੁਹਾਣਾ, ਬਾਬਾ ਗੁਰਦੀਪ ਸਿੰਘ ਮੌੜ ਬਠਿੰਡਾ, ਹਰਮਿੰਦਰ ਸਿੰਘ, ਮੈਨੇਜਰ ਦਵਿੰਦਰ ਸਿੰਘ ਦੇਵਗਨ, ਗੁਰਮੁੱਖ ਸਿੰਘ, ਅਰਵਿੰਦਰ ਸਿੰਘ ਲਾਲਾ, ਬਿਕਰਮਜੀਤ ਸਿੰਘ, ਹਰਨੇਕ ਸਿੰਘ ਆਦਿ ਪਤਵੰਤੇ ਸੱਜਣ ਹਾਜ਼ਰ ਸਨ।

# ਪਿੰਡ ਮੀਰਪੁਰ ਮਾੜੀ ਦੀ ਸੜਕ ਬਣਨੀ ਸ਼ੁਰੂ

**ਜਲੰਧਰ (ਲਖਵਿੰਦਰ ਸਿੰਘ ਆਧੀ)**- ਦੋਨਾ ਇਲਾਕੇ ਦੇ ਪ੍ਰਸਿੱਧ ਪਿੰਡ ਮੀਰਪੁਰ ਮਾੜੀ ਵਿਖੇ ਪੰਤਾਲੀ ਸਾਲ ਪਹਿਲਾ ਇੱਕ ਕੱਚੇ ਰਸਤੇ ਉੱਪਰ ਸੜਕ ਬਣਾਉਣ ਲਈ ਸਰਕਾਰ ਪਾਸੋ ਮਨਜ਼ੂਰੀ ਮਿਲੀ ਸੀ ਵੱਟੇ ਪਾਉਣ ਉਪਰੰਤ ਕੰਮ ਵਿੱਚ ਵਿਚਾਲੇ ਹੀ ਲਟਕ ਗਿਆ ਪੰਤਾਲੀਆ ਸਾਲਾ ਦੇ ਮੁੱਖ ਮੰਤਰੀ,ਮੈਂਬਰ ਪਾਰਲੀਮੈਂਟ ਅਤੇ ਐੱਮ ਐਲ ਏ ਨੂੰ ਕਈ ਵਾਰ ਮੰਗ ਪੱਤਰ ਦਿੱਤੇ ਗਏ ਕਿਸੇ ਨੇ ਮੇਰੀ ਗੱਲ ਨਾ ਸੁਣੀ ਇਹ ਗੱਲ ਸੜਕ ਦਾ ਦੁਬਾਰਾ ਕੰਮ ਚਾਲੂ ਹੋਣ ਉਪਰੰਤ ਪਿੰਡ ਦੇ ਸਾਬਕਾ ਸਰਪੰਚ ਜਰਨੈਲ ਸਿੰਘ ਘੋੜਿਆਂ ਵਾਲੇ ਨੇ ਆਖੀ।ਉਨਾ ਹੋਰ ਆਖਿਆ ਕਿ 1980 ਦੇ ਕਰੀਬ ਸਵ:ਸਰਪੰਚ ਬੱਗਾ ਸਿੰਘ ਸਮੇ ਸੜਕ ਅਰੰਭ ਹੋਈ ਸੀ ਹੁਣ ਉਨਾ ਦੇ ਭਰਾ ਮੌਜੂਦਾ ਸਰਪੰਚ ਸਮੇ ਬਣਨੀ ਸ਼ੁਰੂ ਹੋਈ ਇਹ ਸੜਕ ਇਸ ਉੱਪਰ ਕਾਫੀ ਲਾਂਘਾ ਹੈ ਪਿੰਡ ਮੀਰਪੁਰ ਮਾੜੀ ਤੋ ਨਕੋਦਰ-ਕਪੂਰਥਲਾ ਮੁੱਖ ਮਾਰਗ ਪਿੰਡ ਤਲਵੰਡੀ ਸਲੇਮ ਵੱਲ ਸੜਕ ਨਿਕਲਦੀ ਹੈ। ਇਸ ਸੜਕ ਦੀ ਫਾਈਲ ਅੱਠ ਸਰਕਾਰਾਂ ਨੇ ਸਰਕਾਰੀ ਦਫਤਰਾ ਵਿੱਚ ਨੱਪੀ ਰੱਖੀ ਅਤੇ ਉਕਤ ਸੜਕ ਨੂੰ ਅਣਗੌਲਿਆ ਕਰੀ ਰੱਖਿਆ ਇਹ ਸੜਕ ਬਣਨ ਨਾਲ ਪਿੰਡ ਤੇ ਇਲਾਕੇ ਦੇ ਲੋਕਾ ਨੂੰ ਲਾਭ ਹੋਵੇਗਾ। 44-45 ਸਾਲਾ ਦੇ ਕਰੀਬ ਸਮਾ ਬੀਤਣ ਦੇ ਬਾਵਜੂਦ ਹੁਣ ਸੜਕ ਬਣਨੀ ਚਾਲੂ ਹੋਈ। ਇਸ ਸੜਕ ਬਾਰੇ ਮੰਡੀ ਬੋਰਡ ਪੰਜਾਬ ਦੇ ਜੇ ਈ ਅਸ਼ੋਕ ਕੁਮਾਰ ਨੇ ਦੱਸਿਆ ਕਿ ਇਸ ਸੜਕ ਦੀ 155ਕਿਲੋਮੀਟਰ ਦੀ ਲੰਬਾਈ ਹੈ ਜੋ ਕਿ ਲੱਗਭਗ 47 ਕੁ ਲੱਖ ਰੁਪਏ ਦੀ ਲਾਗਤ ਨਾਲ ਬਣ ਕੇ ਤਿਆਰ ਹੋਵੇਗੀ ਇਸ ਤਰਾ ਦੇ ਹੋਰ ਪੁਰਾਣੇ



ਰਸਤਿਆਂ ਉੱਪਰ ਪੱਕੀਆਂ ਸੜਕਾ ਬਣਾਈਆ ਜਾ ਰਹੀਆ ਹਨ। ਇਸ ਮੌਕੇ ਸਰਪੰਚ ਹਰਵਿੰਦਰ ਸਿੰਘ, ਪਰਮਜੀਤ ਸਿੰਘ ਪ੍ਰਸਿੱਧ ਕਬੱਡੀ ਖਿਡਾਰੀ ਤੇ ਰਿਟਾਇਰਡ ਪੰਜਾਬ ਪੁਲਸ, ਸੁਰਜੀਤ ਸਿੰਘ ਰਿਟਾਇਰਡ ਲੈਕਚਰਾਰ, ਸਰਪੰਚ ਹਰਵਿੰਦਰ ਸਿੰਘ ਉਰਫ ਹਨੀ,ਬਲਵੀਰ ਸਿੰਘ, ਰਘਬੀਰ ਸਿੰਘ ਉਰਫ ਰਾਣਾ ਪੰਚ, ਹਰਵਿੰਦਰ ਸਿੰਘ ਹਿੰਦਾ,ਸਕਿੰਦਰ ਸਿੰਘ ਕਬੱਡੀ ਖਿਡਾਰੀ,ਗੁਰਦੇਵ ਸਿੰਘ ਸਾਬਕਾ ਸਰਪੰਚ ਅਤੇ ਹੋਰ ਵੀ ਬਹੁਤ ਸਾਰੇ ਲੋਕ ਹਾਜ਼ਰ ਸਨ।

# ਪੰਜਾਬ ਬਾਸਕਟਬਾਲ ਐਸੋਸੀਏਸ਼ਨ ਵੱਲੋਂ ਏ ਜੀ ਆਈ ਇੰਫਰਾ ਲਿਮਟਿਡ ਦੇ ਯਤਨਾਂ ਦੀ ਸ਼ਲਾਘਾ

**ਜਲੰਧਰ (ਰਾਜੇਸ਼ ਥਾਪਾ)**- ਪੰਜਾਬ ਵਿੱਚ ਬਾਸਕਟਬਾਲ ਦੇ ਵਿਕਾਸ ਲਈ ਏ ਜੀ ਆਈ ਇੰਫਰਾ ਲਿਮਟਿਡ ਦੇ ਯਤਨਾਂ ਦੀ ਖੇਡ ਜਗਤ ਦੀਆਂ ਮਾਣਯੋਗ ਹਸਤੀਆਂ ਵੱਲੋਂ ਪ੍ਰਸ਼ੰਸਾ ਕੀਤੀ ਗਈ ਹੈ।ਪੰਜਾਬ ਬਾਸਕਟਬਾਲ ਐਸੋਸੀਏਸ਼ਨ ਦੇ ਮਾਣਯੋਗ ਸਕੱਤਰ ਸਰਦਾਰ ਤੇਜਾ ਸਿੰਘ ਧਾਲੀਵਾਲ ਤੇ ਜਲੰਧਰ (ਰੂਰਲ) ਦੇ ਸਾਬਕਾ ਪੁਲਿਸ ਕਮਿਸ਼ਨਰ ਤੇ ਪੰਜਾਬ ਬਾਸਕਟਬਾਲ ਅਕੈਡਮੀ ਦੇ ਵਾਈਸ ਪ੍ਰੈਜ਼ੀਡੈਂਟ



ਸਰਦਾਰ ਮੁਖਵਿੰਦਰ ਸਿੰਘ ਭੁੱਲਰ ਨੇ ਜਲੰਧਰ ਹਾਈਟਸ-1, 66 ਫੁੱਟ ਰੋਡ 'ਤੇ ਬਣੇ ਨਵੇਂ ਮਾਡਰਨ ਸਿੰਥੈਟਿਕ ਬਾਸਕਟਬਾਲ ਕੋਰਟ ਦੀ ਖ਼ੂਬ ਤਾਰੀਫ਼ ਕੀਤੀ। ਇਹ ਕੋਰਟ ਏ ਜੀ ਆਈ ਇੰਫਰਾ ਲਿਮਿਟਡ ਵੱਲੋਂ ਏ ਜੀ ਆਈ ਸਪੋਰਟਸ ਇੰਸਟੀਚਿਊਟ ਆਫ ਇੰਡੀਆ ਦੇ ਤਹਿਤ ਤਿਆਰ ਕੀਤਾ ਗਿਆ ਹੈ। ਸਰਦਾਰ ਤੇਜਾ ਸਿੰਘ ਨੇ ਏ ਜੀ ਆਈ ਇੰਫਰਾ ਨੂੰ ਵਧਾਈ ਦਿੰਦਿਆਂ ਕਿਹਾ ਕਿ ਉਹਨਾਂ ਨੇ ਆਪਣੇ 60 ਸਾਲਾਂ ਦੇ ਤਜਰਬੇ ਵਿੱਚ ਪਹਿਲੀ ਵਾਰ ਕਿਸੇ ਕੰਪਨੀ ਨੂੰ ਇਸ ਤਰ੍ਹਾਂ ਖੇਡ ਦੇ ਵਿਕਾਸ ਲਈ ਅੱਗੇ ਆਉਂਦੇ ਦੇਖਿਆ ਹੈ। ਉਹਨਾਂ ਕਿਹਾ ਕਿ ਰਿਹਾਇਸ਼ੀ ਇਲਾਕਿਆਂ ਵਿੱਚ ਵਿਸ਼ਵ-ਪੱਧਰੀ ਸਹੂਲਤਾਂ ਬਣਾਉਣਾ ਬਹੁਤ ਵਧੀਆ ਕਦਮ ਹੈ। ਉਹਨਾਂ ਕਿਹਾ ਕਿ ਇਸ ਤਰ੍ਹਾਂ ਦੇ ਯਤਨਾਂ ਨਾਲ ਪੰਜਾਬ ਵਿੱਚ ਬਾਸਕਟਬਾਲ ਦਾ ਸਤਰ ਅਤੇ ਲੋਕਪ੍ਰਿਯਤਾ ਵਧੇਗੀ। ਨੌਜਵਾਨਾਂ ਨੂੰ ਆਪਣੇ ਘਰ ਦੇ ਨੇੜੇ ਹੀ ਚੰਗੀਆਂ ਸਹੂਲਤਾਂ ਮਿਲਣਗੀਆਂ ਅਤੇ ਨਵੀਆਂ ਪ੍ਰਤਿਭਾਵਾਂ ਨੂੰ ਅੱਗੇ ਆਉਣ ਦਾ ਮੌਕਾ ਮਿਲੇਗਾ।

# ਸ਼੍ਰੋਮਣੀ ਅਕਾਲੀ ਦਲ ਬਾਦਲ ਦੀ ਮੀਟਿੰਗ

**ਆਦਮਪੁਰ (ਪਰਮਜੀਤ ਸਿੰਘ)**- ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਆਦਮਪੁਰ ਦੇ ਸੀਨੀਅਰ ਆਗੂਆਂ ਤੇ ਵਰਕਰਾਂ ਦੀ ਵਿਸ਼ੇਸ਼ ਮੀਟਿੰਗ ਤਰਨਵੀਰ ਸਿੰਘ ਪ੍ਰਧਾਨ ਆਈ ਟੀ ਵਿੰਗ ਦਿਹਾਤੀ ਵੱਲੋ ਪਿੰਡ ਜੇਤੈਵਾਲੀ



ਜ਼ਿਲ੍ਹਾ ਜਲੰਧਰ ਵਿਖੇ ਪਿੰਡ ਦੇ ਜੰਝਘਰ ਵਿਖੇ ਕਰਵਾਈ ਗਈ, ਜਿਸ ਵਿਚ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਜਥੇਦਾਰ ਗੁਰਦਿਆਲ ਸਿੰਘ ਕਾਲਰਾ ਉਚੇਚੇ ਤੌਰ 'ਤੇ ਸ਼ਾਮਲ ਹੋਏ। ਮੀਟਿੰਗ ਵਿਚ ਸ਼੍ਰੋਮਣੀ ਅਕਾਲੀ ਦਲ ਦੇ ਵੱਖ-ਵੱਖ ਆਗੂਆਂ ਵੱਲੋਂ ਆ ਰਹੀਆਂ ਚੋਣਾਂ ਸਬੰਧੀ ਜਿਥੇ ਵਿਚਾਰ-ਵਟਾਂਦਰਾ ਕੀਤਾ ਗਿਆ, ਉੱਥੇ ਜਥੇਦਾਰ ਗੁਰਦਿਆਲ ਸਿੰਘ ਕਾਲਰਾ ਨੇ ਅਕਾਲੀ ਦਲ ਦੀ ਮਜ਼ਬੂਤੀ ਲਈ ਸਾਰੇ ਹੀ ਆਗੂਆਂ ਨੂੰ ਮਿਲ ਕੇ ਕੰਮ ਕਰਨ ਦਾ ਸੱਦਾ ਦਿੱਤਾ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੀ ਅਗਵਾਈ ਹੇਠਾਂ ਪਾਰਟੀ ਲਗਾਤਾਰ ਮਜ਼ਬੂਤ ਹੋ ਰਹੀ ਹੈ। ਆਗੂਆਂ ਨੇ ਐਲਾਨ ਵੀ ਕੀਤਾ ਕਿ ਆਉਣ ਵਾਲੀਆਂ ਚੋਣਾਂ ਵਿਚ ਉਨ੍ਹਾਂ ਦੀ ਪਾਰਟੀ ਆਦਮਪੁਰ ਦੀਆਂ ਸਮੂਹ ਸੀਟਾਂ 'ਤੇ ਚੋਣ ਲੜੇਗੀ ਅਤੇ ਜਿੱਤ ਪ੍ਰਾਪਤ ਕਰੇਗੀ। ਇਸ ਮੌਕੇ ਹੋਰਨਾਂ ਤੋਂ ਇਲਾਵਾ ਅਮਿਤ ਕੁਮਾਰ ਭਗਤ ਸਕੱਤਰ, ਰਾਜੇਸ਼ ਭਗਤ ਸਕੱਤਰ, ਗੌਰਵ ਕੁਮਾਰ ਭਗਤ ਮੀਤ ਪ੍ਰਧਾਨ ਸ਼ਹਿਰੀ ਵੈਸਟ, ਕਰਨੈਲ ਸਿੰਘ ਸਾਬਕਾ ਸਰਪੰਚ, ਦਲਜੀਤ ਸਿੰਘ ਲੰਬੜਦਾਰ, ਗੁਰਦੀਪ ਸਿੰਘ ਭਾਟੀਆ, ਸੁਰਜੀਤ ਸਿੰਘ, ਜਸਵੰਤ ਸਿੰਘ, ਸੁਖਵਿੰਦਰ ਸਿੰਘ, ਬਿੱਟੂ ਪੰਚ, ਸਤਨਾਮ ਸਿੰਘ, ਮੀਨਾ ਕੁਮਾਰੀ ਪੰਚ, ਸੁਰਿੰਦਰ ਕੌਰ, ਸੁਖਵਿੰਦਰ ਕੌਰ ਗੁਰਨਾਮ ਸਿੰਘ, ਸਤਵੀਰ ਸਿੰਘ, ਜਸਵੰਤ ਸਿੰਘ ਅਤੇ ਹੋਰ ਪਿੰਡ ਵਾਸੀ ਹਾਜ਼ਰ ਸਨ।

# 'ਸਾਂਝੀ ਰਸੋਈ' 'ਚ ਲੋੜਵੰਦ ਵਿਅਕਤੀ ਲਾਭ ਪ੍ਰਾਪਤ ਕਰ ਰਹੇ : ਆਸ਼ਿਕਾ ਜੈਨ

**ਹੁਸ਼ਿਆਰਪੁਰ (ਓ ਪੀ ਰਾਣਾ)**- ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਵੱਲੋਂ ਮੁਹੱਲਾ ਈਸ਼ ਨਗਰ, ਹੁਸ਼ਿਆਰਪੁਰ ਵਿਖੇ ਚਲਾਇਆ ਜਾ ਰਿਹਾ 'ਸਾਂਝੀ ਰਸੋਈ' ਪ੍ਰੋਜੈਕਟ ਡਿਪਟੀ



ਕਮਿਸ਼ਨਰ ਆਸ਼ਿਕਾ ਜੈਨ ਦੀ ਅਗਵਾਈ ਹੇਠ ਬਹੁਤ ਹੀ ਸਫਲਤਾ ਪੂਰਵਕ ਚੱਲ ਰਿਹਾ ਹੈ, ਜਿਸ ਦਾ ਰੋਜ਼ਾਨਾ 450 ਤੋਂ 500 ਗ਼ਰੀਬ ਅਤੇ ਲੋੜਵੰਦ ਵਿਅਕਤੀ ਲਾਭ ਪ੍ਰਾਪਤ ਕਰ ਰਹੇ ਹਨ।ਇਸ ਸਬੰਧੀ ਜਾਣਕਾਰੀ ਦਿੰਦਿਆਂ ਸਕੱਤਰ, ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਮੰਗੇਸ਼ ਸੂਦ ਨੇ ਦੱਸਿਆ ਕਿ ਇਸ ਪ੍ਰੋਜੈਕਟ ਦੀ ਸਫਲਤਾ ਲਈ ਰਾਕੇਸ਼ ਮੇਅਰ ਦੁਆਰਾ ਆਪਣੇ ਜਵਾਈ ਰਿਤੇਸ਼ ਸੂਦ ਦੇ ਜਨਮਦਿਨ ਵਿੱਚ ਰਕਮ 10,000/- ਰੁਪਏ ਦੀ ਰਾਸ਼ੀ ਸਾਂਝੀ ਰਸੋਈ ਵਿਖੇ ਦਿੱਤੀ ਗਈ ਹੈ। ਇਸ ਮੌਕੇ ਤੇ ਆਰ ਕੇ ਦੇਵ ਠਾਕੁਰ, ਰਾਕੇਸ਼ ਮਲਹੋਤਰਾ, ਗੁਰਬਚਨ ਸੈਣੀ, ਰਵਿੰਦਰ ਸਿੰਘ, ਅਨੁਰਾਗ ਮਹਿੰਦਰ ਤੋਂ ਇਲਾਵਾ ਰੈੱਡ ਕਰਾਸ ਹਸਪਤਾਲ ਭਲਾਈ ਸੈਕਸ਼ਨ ਦੇ ਵਾਈਸ ਚੈਅਰਮੈਨ ਰਾਜੀਵ ਬਜਾਜ, ਰੈੱਡ ਕਰਾਸ ਮੈਂਬਰ ਤਿਲਕ ਰਾਜ ਧੀਮਾਨ ਵੀ ਮੌਜੂਦ ਰਹੇ। ਇਸ ਮੌਕੇ ਤੇ ਮੰਗੇਸ਼ ਸੂਦ ਵੱਲੋਂ ਇਹ ਵੀ ਦੱਸਿਆ ਗਿਆ ਕਿ ਜ਼ਿਲ੍ਹਾ ਰੈੱਡ ਕਰਾਸ ਵੱਲੋਂ ਚਲਾਇਆ ਜਾ ਰਿਹਾ ਇਹ ਪ੍ਰੋਜੈਕਟ ਜ਼ਿਲ੍ਹੇ ਦੇ ਦਾਨੀ ਸੱਜਣਾਂ/ਸਮਾਜ ਸੇਵਕਾਂ ਵੱਲੋਂ ਦਾਨ ਵਜੋਂ ਮੁਹੱਈਆ ਕੀਤੇ ਜਾ ਰਹੇ ਫੰਡਾਂ ਦੁਆਰਾ ਹੀ ਚਲਾਇਆ ਜਾ ਰਿਹਾ ਹੈ। ਜਿਨ੍ਹਾਂ ਵੱਲੋਂ ਜਿੱਥੇ ਬੁੱਕ-ਏ-ਡੇਅ ਸਕੀਮ ਅਧੀਨ ਆਪਣੇ ਪਰਵਾਰਕ ਮੈਂਬਰਾਂ ਦੇ ਜਨਮ ਦਿਨ, ਵਿਆਹ/ਸ਼ਾਦੀ ਵਰ੍ਹੇਗੰਢ ਅਤੇ ਯਾਦਾਂ ਨਾਲ ਸਬੰਧਤ ਦਿਨ ਸਾਂਝੀ ਰਸੋਈ ਵਿਖੇ ਮਨਾਉਣ ਸਬੰਧੀ ਲਗਾਤਾਰ ਵਿੱਤੀ ਸਹਾਇਤਾ ਮੁਹੱਈਆ ਕਰਨ ਦੇ ਨਾਲ-ਨਾਲ ਰਾਸ਼ਨ ਸਮੱਗਰੀ ਦੀ ਸਹਾਇਤਾ ਵੀ ਮੁਹੱਈਆ ਕਰਵਾਈ ਜਾਂਦੀ ਹੈ।

# ਆਸ਼ਾ ਵਰਕਰ ਸਿਹਤ ਸੰਭਾਲ ਢਾਂਚੇ ਦੀ ਮਜ਼ਬੂਤ ਕੜੀ : ਡਾ. ਸਿਮਰਦੀਪ ਕੌਰ



**ਫਗਵਾੜਾ (ਡਾ ਰਮਨ)**- ਸਿਵਲ ਹਸਪਤਾਲ ਫਗਵਾੜਾ ਵਿਖੇ ਸੀਨੀਅਰ ਮੈਡੀਕਲ ਅਫ਼ਸਰ ਡਾ. ਸਿਮਰਦੀਪ ਕੌਰ ਦੀ ਯੋਗ ਅਗਵਾਈ ਹੇਠ ਆਸ਼ਾ ਦਿਵਸ ਮਨਾਇਆ ਗਿਆ, ਜਿਸ ਦੌਰਾਨ ਆਸ਼ਾ ਵਰਕਰਾਂ ਦਾ ਸਨਮਾਨ ਕੀਤਾ ਗਿਆ। ਸਿਵਲ ਹਸਪਤਾਲ ਫਗਵਾੜਾ ਦੇ ਸੀਨੀਅਰ ਮੈਡੀਕਲ ਅਫ਼ਸਰ ਡਾ. ਸਿਮਰਦੀਪ ਕੌਰ ਨੇ ਕਿਹਾ ਕਿ ਆਸ਼ਾ ਵਰਕਰਾਂ ਅਤੇ ਆਸ਼ਾ ਫ਼ੈਸੀਲੀਟੇਟਰਾਂ ਦੁਆਰਾ ਲੋਕਾਂ ਨੂੰ ਮਿਆਰੀ ਸਿਹਤ ਸੇਵਾਵਾਂ ਦੇਣ ਵਿੱਚ ਪਾਏ ਗਏ ਵੱਡਮੁੱਲੇ ਯੋਗਦਾਨ ਸਦਕਾ ਉਨ੍ਹਾਂ ਦਾ ਸਨਮਾਨ ਕਰਨ ਲਈ ਇਹ ਦਿਨ ਮਨਾਇਆ ਗਿਆ। ਉਨ੍ਹਾਂ ਕਿਹਾ ਕਿ ਆਸ਼ਾ ਮਾਨਤਾ ਪ੍ਰਾਪਤ ਸਮਾਜਕ ਕਾਰਕੁਨ ਹੈ, ਜਿਹੜੀ ਘਰ-ਘਰ ਜਾ ਕੇ ਲੋਕਾਂ ਨੂੰ ਸਿਹਤ ਸਬੰਧੀ ਜਾਗਰੂਕ ਕਰਦੀ ਹੈ ਅਤੇ ਸਰਕਾਰੀ ਸਿਹਤ ਸੇਵਾਵਾਂ ਦਾ ਵੱਧ ਤੋਂ ਵੱਧ ਲਾਭ ਲੈਣ ਲਈ ਲੋਕਾਂ ਨੂੰ ਪ੍ਰੇਰਿਤ ਕਰਦੀ ਹੈ ਉਨ੍ਹਾਂ ਕਿਹਾ ਕਿ ਆਸ਼ਾ ਵਰਕਰ ਸਿਹਤ ਸੰਭਾਲ ਢਾਂਚ ਨੂੰ ਮਜ਼ਬੂਤ ਕਰਨ ਵਿੱਚ ਅਹਿਮ ਭੂਮਿਕਾ ਨਿਭਾਉਂਦੀ ਹੈ ਅਤੇ ਕਈ ਵਾਰ ਚੁਣੌਤੀਪੂਰਨ ਹਾਲਾਤ ਵਿੱਚ ਵੀ ਕੰਮ ਕਰਦੀ ਹੈ । ਉਨ੍ਹਾਂ ਦੱਸਿਆ ਕਿ ਆਸ਼ਾ ਦੇ ਸਮਰਪਣ ਅਤੇ ਅਣਥੱਕ ਯਤਨਾਂ ਨੂੰ ਮਾਨਤਾ ਦੇਣ ਲਈ ਪੰਜਾਬ ਸਰਕਾਰ ਵਲੋਂ ਹਰ ਸਾਲ 27 ਅਪ੍ਰੈਲ ਨੂੰ ਆਸ਼ਾ ਦਿਵਸ ਮਨਾਉਣ ਦਾ ਫ਼ੈਸਲਾ ਕੀਤਾ ਗਿਆ ਹੈ ਜਿਸ ਤਹਿਤ ਵਧੀਆ ਸਿਹਤ ਸੇਵਾਵਾਂ ਦੇਣ ਲਈ ਵਿੱਤੀ ਸਾਲ ਵਿੱਚ ਸਭ ਤੋਂ ਵੱਧ ਇਨਸੈਂਟਿਵ ਲੈਣ ਵਾਲੀਆਂ ਪਹਿਲੀਆਂ ਤਿੰਨ ਆਸ਼ਾ ਵਰਕਰਾਂ ਨੂੰ ਸਨਮਾਨਤ ਕੀਤਾ ਗਿਆ। ਇਸ ਮੌਕੇ ਡਾ. ਨਰੇਸ਼ ਕੁੰਦਰਾ, ਡਾ. ਅਸ਼ੋਕ ਕੁਮਾਰ, ਏ ਐਨ ਐਮ ਮੋਨਿਕਾ, ਸੋਨਾ, ਊਸ਼ਾ ਰਾਣੀ , ਦਲਵੀਰ ਕੌਰ, ਏਕਤਾ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਆਸ਼ਾ ਵਰਕਰਾਂ ਮੌਜੂਦ ਸਨ।